20-MAY-PAGE-1.qxd 5/19/2025 10:21 PM Page 1

ਮੰਗਲਵਾਰ, 20 ਮਈ, 2025
7 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 349

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 20 MAY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਮਗਰਮੱਛ ਦੇ ਹੰਝੂ ਜਾਂ ਫਿਰ ਕਾਨੂੰਨ ਤੋਂ ਬਚਣ ਦਾ ਯਤਨ

### ਸੁਪਰੀਮ ਕੋਰਟ ਵੱਲੋਂ ਮੱਧ ਪ੍ਰਦੇਸ਼ ਦੇ ਮੰਤਰੀ ਦੀ ਖਿਚਾਈ



**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਕਰਨਲ ਸੋਫੀਆ ਕੁਰੈਸ਼ੀ ਬਾਰੇ 'ਅਪਮਾਨਜਨਕ' ਟਿੱਪਣੀਆਂ ਲਈ ਸੋਮਵਾਰ ਮੱਧ ਪ੍ਰਦੇਸ਼ ਦੇ ਮੰਤਰੀ ਵਿਜੈ ਸ਼ਾਹ ਦੀ ਜੰਮ ਕੇ ਖਿਚਾਈ ਕਰਨ ਦੇ ਨਾਲ ਹੀ ਉਸ ਖਿਲਾਫ ਦਰਜ ਐੱਫ ਆਈ ਆਰ ਦੀ ਜਾਂਚ ਲਈ ਤਿੰਨ ਮੈਂਬਰੀ ਵਿਸ਼ੇਸ਼ ਜਾਂਚ ਟੀਮ (ਸਿਟ) ਕਾਇਮ ਕਰਨ ਦੇ ਨਿਰਦੇਸ਼ ਦਿੱਤੇ।

ਜਸਟਿਸ ਸੂਰੀਆ ਕਾਂਤ ਤੇ ਜਸਟਿਸ ਐੱਨ ਕੋਟਿਸ਼ਵਰ ਸਿੰਘ ਦੀ ਬੈਂਚ ਨੇ ਮੰਤਰੀ ਨੂੰ ਕਿਹਾ ਕਿ ਉਨ੍ਹਾਂ ਉਸ ਦੀਆਂ ਉਹ ਵੀਡੀਓਜ਼ ਦੇਖੀਆਂ ਹਨ, ਜਿਸ ਵਿੱਚ ਉਸ ਨੇ ਟਿੱਪਣੀਆਂ ਕੀਤੀਆਂ ਤੇ ਮਗਰੋਂ ਮੁਆਫੀ ਵੀ ਮੰਗੀ। ਬੈਂਚ ਨੇ ਹੈਰਾਨੀ ਜਤਾਈ ਕਿ 'ਕੀ ਇਹ ਮਗਰਮੱਛ ਦੇ ਹੰਝੂ ਸਨ ਜਾਂ ਫਿਰ ਕਾਨੂੰਨੀ ਕਾਰਵਾਈ ਤੋਂ ਬਚਣ ਦਾ ਜਤਨ ਸੀ।' ਜਸਟਿਸ ਸੂਰੀਆ ਕਾਂਤ ਨੇ ਕਿਹਾ, 'ਇਨ੍ਹਾਂ ਟਿੱਪਣੀਆਂ ਕਰਕੇ ਪੂਰਾ ਦੇਸ਼ ਸ਼ਰਮਸਾਰ ਸੀ। ਅਸੀਂ ਤੁਹਾਡੇ ਵੀਡੀਓਜ਼ ਦੇਖੀਆਂ ਹਨ, ਤੁਸੀਂ ਬਹੁਤ ਹੀ ਮੰਦੀ ਭਾਸ਼ਾ ਵਰਤਣ ਦੇ ਕੰਢੇ ਸੀ। ਤੁਹਾਨੂੰ ਸ਼ਰਮ ਆਉਣੀ ਚਾਹੀਦੀ ਹੈ। ਪੂਰਾ ਦੇਸ਼ ਸਾਡੀ ਫੌਜ 'ਤੇ ਮਾਣ ਕਰਦਾ ਹੈ ਅਤੇ ਤੁਸੀਂ ਇਹ ਬਿਆਨ ਦਿੱਤਾ ਹੈ।' ਬੈਂਚ ਨੇ ਮੰਤਰੀ ਨੂੰ ਕਿਹਾ, 'ਇਹ ਕਿਸ ਤਰ੍ਹਾਂ ਦੀ ਮੁਆਫੀ ਸੀ? ਤੁਹਾਨੂੰ ਆਪਣੀ ਗਲਤੀ ਮੰਨ ਕੇ ਮੁਆਫੀ ਮੰਗਣੀ ਚਾਹੀਦੀ ਸੀ, ਪਰ ਤੁਸੀਂ ਕਹਿੰਦੇ ਹੋ ਕਿ ਜੇ ਮੈਂ ਇਹ ਅਤੇ ਉਹ ਕਿਹਾ ਹੈ ਤਾਂ ਮੈਂ ਮੁਆਫੀ ਮੰਗਦਾ ਹਾਂ। ਇਹ ਮੁਆਫੀ ਮੰਗਣ ਦਾ ਤਰੀਕਾ ਨਹੀਂ। ਤੁਸੀਂ ਜਿਸ ਤਰ੍ਹਾਂ ਦੀਆਂ ਘਟੀਆ ਟਿੱਪਣੀਆਂ ਕੀਤੀਆਂ ਹਨ, ਤੁਹਾਨੂੰ ਸ਼ਰਮ ਆਉਣੀ ਚਾਹੀਦੀ ਹੈ।' ਸ਼ਾਹ ਵੱਲੋਂ ਸੀਨੀਅਰ ਵਕੀਲ ਮਨਿੰਦਰ ਸਿੰਘ ਤੇ ਵਿਭਾ ਦੱਤਾ ਮੁਖੀਜਾ ਪੇਸ਼ ਹੋਏ ਸਨ।

ਸੁਪਰੀਮ ਕੋਰਟ ਨੇ ਮੱਧ ਪ੍ਰਦੇਸ਼ ਦੇ ਡੀ ਜੀ ਪੀ ਨੂੰ ਮੰਗਲਵਾਰ ਸਵੇਰੇ 10 ਵਜੇ ਤੱਕ ਆਈ ਜੀ ਰੈਂਕ ਦੇ ਅਧਿਕਾਰੀ ਦੀ ਅਗਵਾਈ ਵਿੱਚ ਤਿੰਨ ਮੈਂਬਰੀ ਵਿਸ਼ੇਸ਼ ਜਾਂਚ ਟੀਮ (ਸਿਟ) ਬਣਾਉਣ ਦੇ ਨਿਰਦੇਸ਼ ਦਿੱਤੇ। ਹੁਕਮਾਂ ਮੁਤਾਬਕ 'ਸਿਟ' ਵਿੱਚ ਇਕ ਮਹਿਲਾ ਅਧਿਕਾਰੀ ਨੂੰ ਵੀ ਸ਼ਾਮਲ ਕਰਨਾ ਹੋਵੇਗਾ। ਇਹ ਟੀਮ ਮੱਧ ਪ੍ਰਦੇਸ਼ ਹਾਈ ਕੋਰਟ ਦੇ ਹੁਕਮਾਂ 'ਤੇ ਦਰਜ ਐੱਫ ਆਈ ਆਰ ਦੀ ਜਾਂਚ ਕਰੇਗੀ। ਬੈਂਚ ਨੇ 'ਸਿਟ' ਨੂੰ ਆਪਣੀ ਪਹਿਲੀ ਰਿਪੋਰਟ 28 ਮਈ ਤੱਕ ਦਾਖਲ ਕਰਨ ਲਈ ਕਿਹਾ ਹੈ। ਕੋਰਟ ਨੇ ਕਿਹਾ ਕਿ ਮੰਤਰੀ ਨੂੰ ਲੋਕ ਨੁਮਾਇੰਦਾ ਹੋਣ ਦੇ ਨਾਤੇ ਮਿਸਾਲ ਪੇਸ਼ ਕਰਨੀ ਚਾਹੀਦੀ ਹੈ ਤੇ 'ਕੱਲਾ-'ਕੱਲਾ ਸ਼ਬਦ ਸੋਚ-ਸਮਝ ਕੇ ਵਰਤਣਾ ਚਾਹੀਦਾ ਹੈ।

ਮੰਤਰੀ ਨੇ ਮਹੂ ਵਿੱਚ ਇੱਕ ਪ੍ਰੋਗਰਾਮ ਵਿੱਚ ਕਿਹਾ ਸੀ ਕਿ ਜਿਨ੍ਹਾਂ ਨੇ ਪਹਿਲਗਾਮ ਵਿੱਚ ਸਾਡੀਆਂ ਭੈਣਾਂ ਦੇ ਸਿੰਧੂਰ ਉਜਾੜੇ, ਪ੍ਰਧਾਨ ਮੰਤਰੀ ਨੇ ਉਨ੍ਹਾਂ ਦੀ ਭੈਣ (ਕਰਨਲ ਸੋਫੀਆ ਕੁਰੈਸ਼ੀ) ਨੂੰ ਭੇਜ ਕੇ ਉਨ੍ਹਾਂ ਦੀ ਐਸੀ ਕੀ ਤੈਸੀ ਕਰਵਾਈ। ਸੋਫੀਆ ਦੀ ਤੁਲਨਾ ਦਹਿਸ਼ਤਗਰਦਾਂ ਦੀ ਭੈਣ ਨਾਲ ਕਰਨ 'ਤੇ ਕਾਫੀ ਹੰਗਾਮਾ ਮਚਿਆ।

## ਸ੍ਰੀ ਹਰਿਮੰਦਰ ਸਾਹਿਬ ਪਾਕਿਸਤਾਨੀ ਫੌਜ ਦੇ ਨਿਸ਼ਾਨੇ 'ਤੇ ਸੀ, ਪਰ ਐੱਸ ਜੀ ਪੀ ਸੀ ਨੂੰ ਯਕੀਨ ਨਹੀਂ

**ਅੰਮ੍ਰਿਤਸਰ** : ਭਾਰਤੀ ਫੌਜ ਨੇ 'ਅਪ੍ਰੇਸ਼ਨ ਸਿੰਧੂਰ' ਦੌਰਾਨ ਪਾਕਿਸਤਾਨ ਵੱਲੋਂ ਅੰਮ੍ਰਿਤਸਰ 'ਚ ਹਰਿਮੰਦਰ ਸਾਹਿਬ ਸਣੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਕੀਤੇ ਜਾਣ ਵਾਲੇ ਸੰਭਾਵੀ ਮਿਜ਼ਾਇਲ ਤੇ ਡਰੋਨ ਹਮਲਿਆਂ ਨੂੰ ਭਾਰਤੀ ਹਵਾਈ ਸੈਨਾ ਦੀ ਮਜ਼ਬੂਤ ਰੱਖਿਆ ਪ੍ਰਣਾਲੀ ਦੀ ਮਦਦ ਨਾਲ ਨਾਕਾਮ ਬਣਾਉਣ ਦਾ ਦਾਅਵਾ ਕੀਤਾ ਹੈ। ਫੌਜ ਨੇ ਮੀਡੀਆ ਨੂੰ ਪਾਕਿਸਤਾਨੀ ਮਿਜ਼ਾਇਲਾਂ ਤੇ ਡਰੋਨ ਦੇ ਮਲਬੇ ਦਿਖਾਏ, ਜਿਸ ਨੂੰ ਭਾਰਤੀ ਹਵਾਈ ਸੈਨਾ ਨੇ ਹਵਾ ਵਿੱਚ ਹੀ ਫੁੰਡ ਕੇ ਤਬਾਹ ਕਰ ਦਿੱਤਾ ਸੀ।

15 ਇਨਫੈਂਟਰੀ ਡਵੀਜ਼ਨ ਦੇ ਜਨਰਲ ਆਫੀਸਰ ਕਮਾਂਡਿੰਗ (ਜੀ ਏ ਸੀ) ਮੇਜਰ ਜਨਰਲ ਕਾਰਤਿਕ ਸੀ ਸ਼ੇਸ਼ਾਧਰੀ ਨੇ ਕਿਹਾ ਕਿ 22 ਅਪਰੈਲ ਨੂੰ ਪਾਕਿਸਤਾਨ ਦੀ ਫੌਜ ਨੇ ਆਪਣੇ ਤਰਬੀਅਤਯਾਫਤਾ ਦਹਿਸ਼ਤਗਰਦਾਂ ਜ਼ਰੀਏ ਪਹਿਲਗਾਮ ਵਿੱਚ ਨਿਹੱਥੇ ਸੈਲਾਨੀਆਂ 'ਤੇ ਹਮਲਾ ਕਰਵਾਇਆ, ਜਿਸ ਬਾਰੇ ਕੁੱਲ ਆਲਮ ਜਾਣਦਾ ਹੈ। ਇਸ ਮਗਰੋਂ ਪੂਰੇ ਦੇਸ਼ ਵਿਚ ਫੁੱਟੇ ਗੁੱਸੇ ਦਰਮਿਆਨ ਭਾਰਤ ਨੇ ਮਜ਼ਬੂਤ ਅਗਵਾਈ ਵਿੱਚ ਅਪ੍ਰੇਸ਼ਨ ਸਿੰਧੂਰ ਦੀ ਸ਼ੁਰੂਆਤ ਕੀਤੀ। ਉਨ੍ਹਾ ਦੱਸਿਆ ਕਿ ਅਪ੍ਰੇਸ਼ਨ ਸਿੰਧੂਰ ਤਹਿਤ ਭਾਰਤੀ ਫੌਜ ਨੇ ਸਿਰਫ ਦਹਿਸ਼ਤੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਤੇ ਇਸ ਦੌਰਾਨ ਕਿਸੇ ਆਮ ਨਾਗਰਿਕ ਜਾਂ ਫੌਜੀ ਟਿਕਾਣੇ ਨੂੰ ਨੁਕਸਾਨ ਨਹੀਂ ਪਹੁੰਚਾਇਆ, ਪਰ ਪਾਕਿਸਤਾਨ ਵੱਲੋਂ 7 ਮਈ ਦੀ ਰਾਤ ਨੂੰ ਜਾਣਕਾਰੀ ਮਿਲੀ ਕਿ ਉਥੋਂ ਦੀ ਫੌਜ ਧਾਰਮਕ ਅਸਥਾਨਾਂ, ਖਾਸ ਤੌਰ 'ਤੇ ਅੰਮ੍ਰਿਤਸਰ ਸਥਿਤ ਹਰਿਮੰਦਰ ਸਾਹਿਬ ਨੂੰ ਨਿਸ਼ਾਨਾ ਬਣਾਉਣ ਦੀ ਯੋਜਨਾ ਬਣਾ ਰਹੀ ਹੈ। ਮੇਜਰ ਜਨਰਲ ਸ਼ੇਸ਼ਾਧਰੀ ਨੇ ਕਿਹਾ, 'ਪਾਕਿਸਤਾਨ ਦਾ ਇਰਾਦਾ ਹਰਿਮੰਦਰ ਸਾਹਿਬ 'ਤੇ ਮਿਜ਼ਾਇਲਾਂ ਤੇ ਡਰੋਨਾਂ ਨਾਲ ਹਮਲਾ ਕਰਨ ਦਾ ਸੀ। ਸਾਨੂੰ ਜਿਵੇਂ ਹੀ ਪੁਖਤਾ ਜਾਣਕਾਰੀ ਮਿਲੀ, ਅਸੀਂ ਫੌਰੀ ਹਰਕਤ ਵਿੱਚ ਆਉਂਦਿਆਂ ਆਧੁਨਿਕ ਹਵਾਈ ਰੱਖਿਆ ਪ੍ਰਣਾਲੀਆਂ ਜਿਵੇਂ ਆਕਾਸ਼ ਮਿਜ਼ਾਇਲ ਸਿਸਟਮ ਤੇ ਐੱਲ-70 ਏਅਰ ਡਿਫੈਂਸ ਗੰਨ ਤਾਇਨਾਤ ਕੀਤੀ। ਅਸੀਂ ਹਰਿਮੰਦਰ ਸਾਹਿਬ ਵੱਲ ਇੱਕ ਮਿਜ਼ਾਇਲ ਜਾਂ ਡਰੋਨ ਨਹੀਂ ਆਉਣ ਦਿੱਤਾ।' ਉਨ੍ਹਾ ਚੇਤਾਵਨੀ ਦਿੱਤੀ, 'ਜੇ ਪਾਕਿਸਤਾਨ ਨੇ ਮੁੜ ਦਹਿਸ਼ਤਗਰਦਾਂ ਦਾ ਸਹਾਰਾ ਲਿਆ ਤਾਂ ਉਸ ਨੂੰ ਗੰਭੀਰ ਸਿੱਟੇ ਭੁਗਤਣੇ ਹੋਣਗੇ। ਅਪ੍ਰੇਸ਼ਨ ਸਿੰਧੂਰ ਸਿਰਫ ਮੁਲਤਵੀ ਕੀਤਾ ਹੈ, ਸਮਾਪਤ ਨਹੀਂ ਹੋਇਆ। ਇਸ ਦਾ ਅਗਲਾ ਪੜਾਅ ਵਧੇਰੇ ਫੈਸਲਾਕੁੰਨ ਤੇ ਵਿਆਪਕ ਹੋਵੇਗਾ।'



ਫੌਜ ਦੇ ਅਧਿਕਾਰੀ ਪਾਕਿਸਤਾਨ ਦੀਆਂ ਫੁੰਡੀਆਂ ਮਿਜ਼ਾਈਲਾਂ ਤੇ ਡਰੋਨਾਂ ਦਾ ਮਲਬਾ ਦਿਖਾਉਂਦੇ ਹੋਏ।

ਇਸ ਦੌਰਾਨ ਭਾਰਤੀ ਫੌਜ ਦੇ ਇਕ ਜਵਾਨ ਨੇ ਕਿਹਾ, 'ਇਸ ਵੇਲੇ ਅਸੀਂ ਅਪ੍ਰੇਸ਼ਨ ਸਿੰਧੂਰ ਦਾ ਹਿੱਸਾ ਹਾਂ। 8-9 ਮਈ ਦੀ ਰਾਤ ਨੂੰ ਦੁਸ਼ਮਣ ਨੇ ਸਾਡੇ 'ਤੇ ਅਚਾਨਕ ਫਾਇਰਿੰਗ ਕੀਤੀ ਤੇ ਘੁਸਪੈਠ ਦੀ ਕੋਸ਼ਿਸ਼ ਕੀਤੀ। ਅਸੀਂ ਦੁਸ਼ਮਣ 'ਤੇ ਸਟੀਕ ਫਾਇਰਿੰਗ ਕੀਤੀ ਤੇ ਉਸ ਦੀ ਘੁਸਪੈਠ ਦੀ ਕੋਸ਼ਿਸ਼ ਨਾਕਾਮ ਕਰ ਦਿੱਤੀ। ਸਾਡੇ ਵੱਲੋਂ ਕੀਤੀ ਫਾਇਰਿੰਗ ਦਾ ਹੀ ਨਤੀਜਾ ਸੀ ਕਿ ਸਵੇਰ ਤੱਕ ਦੁਸ਼ਮਣ ਗੋਡਿਆਂ 'ਤੇ ਆ ਗਿਆ ਤੇ ਆਪਣੀ ਪੋਸਟ 'ਤੇ ਸਫੈਦ ਝੰਡਾ ਲਹਿਰਾ ਦਿੱਤਾ। ਅਸੀਂ ਆਪਣੇ ਦੇਸ਼ ਵਾਸੀਆਂ ਨੂੰ ਯਕੀਨ ਦਿਵਾਉਂਦੇ ਹਾਂ ਕਿ ਜਦੋਂ ਤੱਕ ਦੇਸ਼ ਦੀਆਂ ਸਰਹੱਦਾਂ 'ਤੇ ਭਾਰਤੀ ਫੌਜ ਤਾਇਨਾਤ ਹੈ, ਉਦੋਂ ਤੱਕ ਕੋਈ ਵੀ ਦੇਸ਼ ਸਾਡੇ ਵੱਲ ਅੱਖ ਚੁੱਕ ਕੇ ਨਹੀਂ ਦੇਖ ਸਕਦਾ।'

ਪਾਕਿਸਤਾਨ ਵੱਲੋਂ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲਾ ਕੀਤੇ ਜਾਣ ਸੰਬੰਧੀ ਭਾਰਤੀ ਫੌਜ ਵੱਲੋਂ ਕੀਤੇ ਖੁਲਾਸੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਉਹ ਅਜਿਹੇ ਕਿਸੇ ਵੀ ਬਿਆਨ 'ਤੇ ਵਿਸ਼ਵਾਸ ਨਹੀਂ ਕਰਦੇ। ਉਨ੍ਹਾ ਕਿਹਾ ਕਿ ਚਾਹੇ ਭਾਰਤੀ ਫੌਜ ਹੋਵੇ ਜਾਂ ਪਾਕਿਸਤਾਨੀ ਫੌਜ ਗੁਰੂ ਘਰ 'ਤੇ ਹਮਲੇ ਬਾਰੇ ਸੋਚ ਨਹੀਂ ਸਕਦੀ। ਇਹ ਅਜਿਹਾ ਸਥਾਨ ਹੈ, ਜਿੱਥੋਂ ਲੋਕਾਂ ਨੂੰ ਜੀਵਨ ਮਿਲਦਾ ਹੈ, ਖੁਸ਼ੀਆਂ ਅਤੇ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਭਾਰਤੀ ਫੌਜ ਦੇ ਇਸ ਦਾਅਵੇ ਨੂੰ ਖਾਰਜ ਕਰਦਿਆਂ ਉਨ੍ਹਾ ਕਿਹਾ ਕਿ ਉਹ ਇਸ 'ਤੇ ਵਿਸ਼ਵਾਸ ਹੀ ਨਹੀਂ ਕਰਦੇ। ਮੁੱਖ ਸਕੱਤਰ ਨੇ ਕਿਹਾ ਕਿ ਇਸ ਮਾਮਲੇ ਬਾਰੇ ਸੰਗਤ ਦੇ ਮਨ ਵਿੱਚ ਨਾ ਕੋਈ ਦੁਬਿਧਾ ਹੈ ਅਤੇ ਨਾ ਹੀ ਕੋਈ ਤੌਖਲਾ ਹੈ। ਸੰਗਤ ਪਹਿਲਾਂ ਵਾਂਗ ਹੀ ਵੱਡੀ ਗਿਣਤੀ ਵਿੱਚ ਗੁਰੂ ਘਰ ਵਿਖੇ ਨਤਮਸਤਕ ਹੋਣ ਲਈ ਪੁੱਜ ਰਹੀ ਹੈ।

## ਰਾਹੁਲ ਦਾ ਵਿਦੇਸ਼ ਮੰਤਰੀ 'ਤੇ ਫਿਰ ਹਮਲਾ

**ਨਵੀਂ ਦਿੱਲੀ** : ਕਾਂਗਰਸ ਆਗੂ ਰਾਹੁਲ ਗਾਂਧੀ ਨੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ 'ਤੇ ਸੋਮਵਾਰ ਨਵੇਂ ਸਿਰਿਓਂ ਹੱਲਾ ਬੋਲਦਿਆਂ ਕਿਹਾ ਕਿ ਅਪ੍ਰੇਸ਼ਨ ਸਿੰਧੂਰ ਤਹਿਤ ਫੌਜੀ ਕਾਰਵਾਈ ਬਾਰੇ ਪਾਕਿਸਤਾਨ ਨੂੰ ਅਗਾਊਂ ਦੱਸਣ ਮਗਰੋਂ ਇਸ ਫੌਜੀ ਟਕਰਾਅ ਦੌਰਾਨ ਭਾਰਤ ਦੇ ਨੁਕਸਾਨੇ ਗਏ ਜਹਾਜ਼ਾਂ ਦੀ ਗਿਣਤੀ ਬਾਰੇ ਜੈਸ਼ੰਕਰ ਦੀ ਚੁੱਪੀ ਨਿੰਦਣਯੋਗ ਹੈ। ਰਾਹੁਲ ਨੇ ਇਸ ਤੋਂ ਪਹਿਲਾਂ ਦਾਅਵਾ ਕੀਤਾ ਸੀ ਕਿ ਭਾਰਤ ਨੇ ਪਾਕਿਸਤਾਨ ਅਤੇ ਮਕਬੂਜ਼ਾ ਕਸ਼ਮੀਰ ਵਿੱਚ ਦਹਿਸ਼ਤੀ ਟਿਕਾਣਿਆਂ 'ਤੇ ਫੌਜੀ ਹਮਲਿਆਂ ਤੋਂ ਪਹਿਲਾਂ ਪਾਕਿਸਤਾਨ ਨੂੰ ਸੂਚਤ ਕੀਤਾ ਸੀ। ਉਨ੍ਹਾ ਐੱਕਸ 'ਤੇ ਇਕ ਪੋਸਟ ਵਿੱਚ ਕਿਹਾ, 'ਵਿਦੇਸ਼ ਮੰਤਰੀ ਦੀ ਚੁੱਪੀ ਸਿਰਫ ਦੱਸ ਹੀ ਨਹੀਂ ਰਹੀ, ਬਲਕਿ ਇਹ ਨਿੰਦਣਯੋਗ ਹੈ। ਲਿਹਾਜ਼ਾ ਮੈਂ ਇਕ ਵਾਰ ਫਿਰ ਪੁੱਛਦਾ ਹਾਂ : ਸਾਡੇ ਕਿੰਨੇ ਭਾਰਤੀ ਜਹਾਜ਼ ਨੁਕਸਾਨੇ ਗਏ, ਕਿਉਂਕਿ ਪਾਕਿਸਤਾਨ ਨੂੰ (ਇਨ੍ਹਾਂ ਹਮਲਿਆਂ ਬਾਰੇ) ਪਹਿਲਾਂ ਹੀ ਪਤਾ ਸੀ?' ਰਾਹੁਲ ਨੇ ਕਿਹਾ, 'ਇਹ ਕੋਈ ਭੁੱਲ ਨਹੀਂ ਸੀ। ਇਹ ਇੱਕ ਅਪਰਾਧ ਸੀ ਅਤੇ ਦੇਸ਼ ਸੱਚਾਈ ਦਾ ਹੱਕਦਾਰ ਹੈ।'

ਰਾਹੁਲ ਗਾਂਧੀ ਨੇ ਜੈਸ਼ੰਕਰ ਦੀ ਬਿਨਾਂ ਤਰੀਕ ਵਾਲੀ ਵੀਡੀਓ ਕਲਿੱਪ ਸਾਂਝੀ ਕੀਤੀ ਸੀ ਅਤੇ ਲਿਖਿਆ ਸੀ, 'ਸਾਡੇ ਹਮਲੇ ਦੀ ਸ਼ੁਰੂਆਤ ਤੋਂ ਪਹਿਲਾਂ ਪਾਕਿਸਤਾਨ ਨੂੰ ਇਸ ਬਾਰੇ ਸੂਚਿਤ ਕਰਨਾ ਅਪਰਾਧ ਸੀ। ਵਿਦੇਸ਼ ਮੰਤਰੀ ਨੇ ਜਨਤਕ ਤੌਰ 'ਤੇ ਮੰਨਿਆ ਹੈ ਕਿ ਭਾਰਤ ਸਰਕਾਰ ਨੇ ਇਹ ਕੀਤਾ ਸੀ।' ਵਿਦੇਸ਼ ਮੰਤਰਾਲੇ ਨੇ ਰਾਹੁਲ ਦੇ ਦਾਅਵਿਆਂ ਨੂੰ 'ਪੂਰੀ ਤਰ੍ਹਾਂ ਗਲਤ ਪੇਸ਼ਕਾਰੀ' ਦੱਸਿਆ ਸੀ।


## ਬੀ ਸੀ ਸੀ ਆਈ ਦਾ ਖੰਡਨ

**ਨਵੀਂ ਦਿੱਲੀ** : ਬੀ ਸੀ ਸੀ ਆਈ ਦੇ ਸਕੱਤਰ ਦੇਵਜੀਤ ਸੈਕੀਆ ਨੇ ਸੋਮਵਾਰ ਉਨ੍ਹਾਂ ਮੀਡੀਆ ਰਿਪੋਰਟਾਂ ਨੂੰ ਖਾਰਜ ਕਰ ਦਿੱਤਾ, ਜਿਨ੍ਹਾਂ ਵਿੱਚ ਕਿਹਾ ਗਿਆ ਸੀ ਕਿ ਭਾਰਤੀ ਕ੍ਰਿਕਟ ਕੰਟਰੋਲ ਬੋਰਡ (ਬੀ ਸੀ ਸੀ ਆਈ) ਨੇ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਦੇ ਮੱਦੇਨਜ਼ਰ ਅਗਲੇ ਮਹੀਨੇ ਸ੍ਰੀਲੰਕਾ ਵਿੱਚ ਹੋਣ ਵਾਲੇ ਮਹਿਲਾ ਅਮਰਜਿੰਗ ਟੀਮ ਏਸ਼ੀਆ ਕੱਪ ਅਤੇ ਸਤੰਬਰ ਵਿੱਚ ਹੋਣ ਵਾਲੇ ਪੁਰਸ਼ ਏਸ਼ੀਆ ਕੱਪ ਤੋਂ ਹਟਣ ਬਾਰੇ ਏਸ਼ੀਅਨ ਕ੍ਰਿਕਟ ਕੌਂਸਲ (ਏ ਸੀ ਸੀ) ਨੂੰ ਸੂਚਿਤ ਕਰ ਦਿੱਤਾ ਹੈ।

## ਸੋਨਾ 580 ਰੁਪਏ ਚੜ੍ਹਿਆ

**ਨਵੀਂ ਦਿੱਲੀ** : ਕੌਮੀ ਰਾਜਧਾਨੀ 'ਚ ਸੋਨਾ 580 ਰੁਪਏ ਚੜ੍ਹ ਕੇ 97,030 ਰੁਪਏ ਪ੍ਰਤੀ 10 ਗ੍ਰਾਮ 'ਤੇ ਪਹੁੰਚ ਗਿਆ। ਸ਼ੁੱਕਰਵਾਰ 99.9 ਫੀਸਦੀ ਸ਼ੁੱਧਤਾ ਵਾਲਾ ਸੋਨਾ 96,450 ਰੁਪਏ ਸੀ। ਚਾਂਦੀ 500 ਰੁਪਏ ਵਧ ਕੇ 98,500 ਰੁਪਏ ਪ੍ਰਤੀ ਕਿੱਲੋ (ਸਾਰੇ ਟੈਕਸਾਂ ਸਮੇਤ) ਹੋ ਗਈ। ਸ਼ੁੱਕਰਵਾਰ 98,000 ਰੁਪਏ ਸੀ।

## ਸੁਪਰੀਮ ਕੋਰਟ ਡਾ. ਮਹਿਮੂਦਾਬਾਦ ਦੀ ਪਟੀਸ਼ਨ 'ਤੇ ਸੁਣਵਾਈ ਕਰੇਗੀ



**ਨਵੀਂ ਦਿੱਲੀ** : ਸੁਪਰੀਮ ਕੋਰਟ ਸੋਮਵਾਰ ਅਸ਼ੋਕਾ ਯੂਨੀਵਰਸਿਟੀ ਦੇ ਰਾਜਨੀਤੀ ਸ਼ਾਸਤਰ ਵਿਭਾਗ ਦੇ ਮੁਖੀ ਡਾ. ਅਲੀ ਖਾਨ ਮਹਿਮੂਦਾਬਾਦ ਦੀ ਉਸ ਪਟੀਸ਼ਨ 'ਤੇ ਸੁਣਵਾਈ ਕਰਨ ਲਈ ਸਹਿਮਤ ਹੋ ਗਈ ਹੈ, ਜਿਸ ਵਿੱਚ ਅਪ੍ਰੇਸ਼ਨ ਸਿੰਧੂਰ ਨਾਲ ਸੰਬੰਧਤ ਸੋਸ਼ਲ ਮੀਡੀਆ ਪੋਸਟਾਂ ਲਈ ਉਸ ਦੀ ਗ੍ਰਿਫਤਾਰੀ ਨੂੰ ਚੁਣੌਤੀ ਦਿੱਤੀ ਗਈ ਸੀ। ਚੀਫ ਜਸਟਿਸ ਬੀ ਆਰ ਗਵਈ ਅਤੇ ਜਸਟਿਸ ਔਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਐਸੋਸੀਏਟ ਪ੍ਰੋਫੈਸਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਕਪਿਲ ਸਿੱਬਲ ਦੀਆਂ ਦਲੀਲਾਂ ਦਾ ਨੋਟਿਸ ਲਿਆ ਅਤੇ ਕਿਹਾ ਕਿ ਪਟੀਸ਼ਨਾਂ ਮੰਗਲਵਾਰ ਜਾਂ ਬੁੱਧਵਾਰ ਨੂੰ ਸੁਣਵਾਈ ਲਈ ਸੂਚੀਬੱਧ ਕੀਤੀਆਂ ਜਾਣਗੀਆਂ। ਕਪਿਲ ਸਿੱਬਲ ਨੇ ਦਲੀਲਾਂ ਪੇਸ਼ ਕਰਨ ਮੌਕੇ ਕਿਹਾ, 'ਉਨ੍ਹਾ ਨੂੰ ਦੇਸ਼ ਭਗਤੀ ਵਾਲੇ ਬਿਆਨ ਲਈ ਗ੍ਰਿਫਤਾਰ ਕੀਤਾ ਗਿਆ ਹੈ। ਕਿਰਪਾ ਕਰਕੇ ਇਸ ਨੂੰ ਅੱਜ ਲਈ ਸੂਚੀਬੱਧ ਕੀਤਾ ਜਾਵੇ।'

### ਪੰਡੋਹ ਡੈਮ 'ਚ ਪਾਣੀ ਦਾ ਪੱਧਰ ਵਧਿਆ

**ਸ਼ਿਮਲਾ** : ਮੰਡੀ ਜ਼ਿਲ੍ਹੇ ਵਿੱਚ ਪੰਡੋਹ ਡੈਮ ਦੇ ਅਧਿਕਾਰੀਆਂ ਨੇ ਸੋਮਵਾਰ ਆਮ ਲੋਕਾਂ ਅਤੇ ਸੈਲਾਨੀਆਂ ਨੂੰ ਬਿਆਸ ਦਰਿਆ ਦੇ ਕੰਢੇ ਨਾ ਜਾਣ ਦੀ ਚੇਤਾਵਨੀ ਦਿੱਤੀ, ਕਿਉਂਕਿ ਪਾਣੀ ਦਾ ਪੱਧਰ ਵਧਣ ਕਾਰਨ ਡੈਮ ਦੇ ਗੇਟ ਕਦੇ ਵੀ ਖੋਲ੍ਹੇ ਜਾ ਸਕਦੇ ਹਨ। ਉਨ੍ਹਾ ਕਿਹਾ ਮੌਸਮ ਨੂੰ ਦੇਖਦੇ ਹੋਏ ਡੈਮ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਲਾਹੌਲ ਅਤੇ ਸਪੀਤੀ ਜ਼ਿਲ੍ਹੇ ਦੇ ਉਦੈਪੁਰ ਉਪ ਮੰਡਲ ਵਿੱਚ ਅਚਾਨਕ ਆਏ ਹੜ੍ਹ ਕਾਰਨ ਸੰਸਾਰੀ-ਕਿਲਾੜ-ਟਿੰਡੀ-ਥਿਰੋਟ ਮਾਰਗ ਪ੍ਰਭਾਵਤ ਹੋਣ ਕਾਰਨ ਰੁਕ ਗਿਆ ਹੈ। ਪੁਲਸ ਨੇ ਲੋਕਾਂ ਨੂੰ ਇਸ ਸੜਕ 'ਤੇ ਸਫਰ ਕਰਨ ਤੋਂ ਬਚਣ ਦੀ ਸਲਾਹ ਜਾਰੀ ਕੀਤੀ ਹੈ।

### ਸ਼ਰਾਬ ਕਾਂਡ : ਸੀ ਬੀ ਆਈ ਜਾਂਚ ਦੀ ਮੰਗ

**ਚੰਡੀਗੜ੍ਹ** : ਮਜੀਠਾ ਵਿੱਚ ਪਿਛਲੇ ਦਿਨੀਂ ਜ਼ਹਿਰੀਲੀ ਸ਼ਰਾਬ ਨਾਲ ਹੋਈਆਂ ਮੌਤਾਂ ਦੇ ਮਾਮਲੇ ਵਿੱਚ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਦੀ ਅਗਵਾਈ ਹੇਠ ਪਾਰਟੀ ਵਫਦ ਨੇ ਸੋਮਵਾਰ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਮੰਗ ਪੱਤਰ ਦੇ ਕੇ ਮੌਤਾਂ ਦੀ ਸੀ ਬੀ ਆਈ ਜਾਂਚ ਕਰਵਾਉਣ ਦੀ ਮੰਗ ਕੀਤੀ।

### ਦੋ ਮੁੰਡਿਆਂ ਦੀਆਂ ਲਾਸ਼ਾਂ ਮਿਲੀਆਂ

**ਕੈਥਲ** : ਧਨੌਰੀ ਪਿੰਡ ਨੇੜਿਓਂ ਸੋਮਵਾਰ ਸਵੇਰੇ ਨਾਲੇ ਕੋਲ ਅਰਮਾਨ (16) ਅਤੇ ਪ੍ਰਿੰਸ (14) ਦੀਆਂ ਲਾਸ਼ਾਂ ਮਿਲੀਆਂ। ਦੋਵੇਂ ਬਰੇਟਾ ਪਿੰਡ ਦੇ ਰਹਿਣ ਵਾਲੇ ਸਨ ਤੇ ਐਤਵਾਰ ਸ਼ਾਮੀਂ 5:30 ਵਜੇ ਤੋਂ ਲਾਪਤਾ ਸਨ। ਦੋਵਾਂ ਦੀ ਗਰਦਨ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕੀਤਾ ਗਿਆ, ਜਿਸ ਨਾਲ ਉਨ੍ਹਾਂ ਦੀ ਮੌਤ ਹੋਈ। ਘਟਨਾ ਪਿਛਲੇ ਕਾਰਨਾਂ ਦਾ ਫੌਰੀ ਤੌਰ 'ਤੇ ਖੁਲਾਸਾ ਨਹੀਂ ਹੋਇਆ। ਇੱਕ ਮੁੰਡਾ ਦਸਵੀਂ ਤੇ ਦੂਜਾ ਗਿਆਰ੍ਹਵੀਂ ਵਿੱਚ ਪੜ੍ਹਦਾ ਸੀ।

## ਹਾਈ ਕੋਰਟ ਦੇ ਐਡੀਸ਼ਨਲ ਜੱਜ ਵੀ ਬਰਾਬਰ ਪੈਨਸ਼ਨ ਦੇ ਹੱਕਦਾਰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਇੱਕ ਅਹਿਮ ਫੈਸਲੇ ਵਿੱਚ ਕਿਹਾ ਕਿ ਐਡੀਸ਼ਨਲ ਜੱਜਾਂ ਸਣੇ ਹਾਈ ਕੋਰਟਾਂ ਦੇ ਸਾਰੇ ਜੱਜ ਪੂਰੀ ਪੈਨਸ਼ਨ ਤੇ ਸੇਵਾਮੁਕਤੀ ਲਾਭ ਲੈਣ ਦੇ ਹੱਕਦਾਰ ਹਨ। ਸੁਪਰੀਮ ਕੋਰਟ ਨੇ ਕਿਹਾ ਕਿ ਹਾਈ ਕੋਰਟਾਂ ਦੇ ਸਾਬਕਾ ਚੀਫ ਜਸਟਿਸਾਂ ਨੂੰ ਪੈਨਸ਼ਨ ਵਜੋਂ ਸਾਲਾਨਾ 15 ਲੱਖ ਰੁਪਏ ਮਿਲਣਗੇ। ਚੀਫ ਜਸਟਿਸ ਬੀ ਆਰ ਗਵਈ ਤੇ ਜਸਟਿਸ ਅਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਕਿਹਾ ਕਿ ਪੈਨਸ਼ਨ ਦੇਣ ਤੋਂ ਇਨਕਾਰ ਕਰਨਾ ਸੰਵਿਧਾਨ ਦੀ ਧਾਰਾ 14 ਤਹਿਤ ਬਰਾਬਰੀ ਦੇ ਅਧਿਕਾਰ ਦੀ ਉਲੰਘਣਾ ਹੈ। ਬੈਂਚ ਨੇ ਕਿਹਾ ਕਿ ਸਾਰਿਆਂ ਨੂੰ ਪੂਰੀ ਪੈਨਸ਼ਨ ਦਿੱਤੀ ਜਾਵੇਗੀ, ਭਾਵੇਂ ਉਨ੍ਹਾਂ ਦੀ ਨਿਯੁਕਤੀ ਕਦੋਂ ਵੀ ਹੋਈ ਹੋਵੇ ਤੇ ਉਹ ਐਡੀਸ਼ਨਲ ਜੱਜਾਂ ਵਜੋਂ ਸੇਵਾਮੁਕਤ ਹੋਏ ਹੋਣ ਜਾਂ ਬਾਅਦ ਵਿੱਚ ਸਥਾਈ ਕੀਤੇ ਗਏ ਹੋਣ।

ਬੈਂਚ ਨੇ ਕਿਹਾ ਕਿ ਜੱਜਾਂ ਦੀ ਨਿਯੁਕਤੀ ਦੇ ਸਮੇਂ ਜਾਂ ਉਨ੍ਹਾਂ ਦੇ ਅਹੁਦੇ ਦੇ ਆਧਾਰ 'ਤੇ ਵਿਤਕਰਾ ਕਰਨਾ ਇਸ (ਬਰਾਬਰੀ ਦੇ) ਮੌਲਿਕ ਅਧਿਕਾਰ ਦੀ ਉਲੰਘਣਾ ਹੈ। ਚੀਫ ਜਸਟਿਸ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ ਕਿ ਹਾਈ ਕੋਰਟ ਦੇ ਐਡੀਸ਼ਨਲ ਜੱਜ, ਜਿਨ੍ਹਾਂ ਦੀ ਮੌਤ ਹੋ ਚੁੱਕੀ ਹੈ, ਦੇ ਪਰਵਾਰ ਵੀ ਸਥਾਈ ਜੱਜਾਂ ਦੇ ਪਰਵਾਰਾਂ ਵਾਂਗ ਹੀ ਪੈਨਸ਼ਨ ਅਤੇ ਸੇਵਾਮੁਕਤੀ ਲਾਭ ਦੇ ਹੱਕਦਾਰ ਹਨ। ਬੈਂਚ ਨੇ ਕਿਹਾ ਕਿ ਉਸ ਨੇ ਸੰਵਿਧਾਨ ਦੀ ਧਾਰਾ 200 ਦੀ ਜਾਂਚ ਕੀਤੀ ਹੈ, ਜੋ ਸੇਵਾਮੁਕਤ ਹਾਈ ਕੋਰਟ ਦੇ ਜੱਜਾਂ ਨੂੰ ਅਦਾਇਗੀਯੋਗ ਪੈਨਸ਼ਨ ਨਾਲ ਸੰਬੰਧਤ ਹੈ।

ਬੈਂਚ ਨੇ ਕਿਹਾ, 'ਸਾਡਾ ਮੰਨਣਾ ਹੈ ਕਿ ਰਿਟਾਇਰਮੈਂਟ ਮਗਰੋਂ ਸੇਵਾਮੁਕਤੀ ਲਾਭ ਲਈ (ਹਾਈ ਕੋਰਟ ਦੇ) ਜੱਜਾਂ ਦਰਮਿਆਨ ਕਿਸੇ ਵੀ ਤਰ੍ਹਾਂ ਦੇ ਵਿਤਕਰਾ ਧਾਰਾ 14 ਦਾ ਉਲੰਘਣ ਹੋਵੇਗਾ। ਇਸ ਤਰ੍ਹਾਂ ਅਸੀਂ ਹਾਈ ਕੋਰਟ ਦੇ ਜੱਜਾਂ ਨੂੰ, ਫਿਰ ਚਾਹੇ ਉਹ ਕਿਸੇ ਵੀ ਸਮੇਂ ਸੇਵਾ ਵਿੱਚ ਆਏ ਹੋਣ, ਪੂਰੀ ਪੈਨਸ਼ਨ ਦਾ ਹੱਕਦਾਰ ਮੰਨਦੇ ਹਾਂ।' ਬੈਂਚ ਨੇ ਕਿਹਾ ਕਿ ਬਾਰ 'ਚੋਂ ਤਰੱਕੀ ਲੈ ਕੇ ਆਏ ਜੱਜਾਂ ਤੇ ਜ਼ਿਲ੍ਹਾ ਨਿਆਂ ਪਾਲਿਕਾ 'ਚੋਂ ਆਏ ਜੱਜਾਂ ਵਿਚ ਕੋਈ ਫਰਕ ਨਹੀਂ ਹੋਵੇਗਾ। ਨਵੀਂ ਪੈਨਸ਼ਨ ਯੋਜਨਾ ਅਧੀਨ ਆਉਣ ਵਾਲੇ ਲੋਕਾਂ ਨੂੰ ਬਰਾਬਰ ਪੈਨਸ਼ਨ ਮਿਲੇਗੀ। ਬੈਂਚ ਨੇ ਕਿਹਾ, 'ਅਸੀਂ ਇਹ ਵੀ ਮੰਨਦੇ ਹਾਂ ਕਿ ਐਡੀਸ਼ਨਲ ਜੱਜ ਵਜੋਂ ਸੇਵਾਮੁਕਤ ਹੋਏ ਹਾਈ ਕੋਰਟ ਦੇ ਜੱਜਾਂ ਨੂੰ ਪੂਰੀ ਪੈਨਸ਼ਨ ਮਿਲੇਗੀ ਅਤੇ ਜੱਜਾਂ ਤੇ ਐਡੀਸ਼ਨਲ ਜੱਜਾਂ ਦਰਮਿਆਨ ਕਿਸੇ ਵੀ ਤਰ੍ਹਾਂ ਦਾ ਵਿਤਕਰਾ ਇਸ ਸ਼ਰਤ ਨਾਲ ਅਨਿਆਂ ਹੋਵੇਗਾ।' ਬੈਂਚ ਨੇ ਫੈਸਲੇ ਵਿੱਚ ਕਿਹਾ, 'ਕੇਂਦਰ ਸਰਕਾਰ ਐਡੀਸ਼ਨਲ ਜੱਜਾਂ ਸਣੇ ਹਾਈ ਕੋਰਟਾਂ ਦੇ ਜੱਜਾਂ ਨੂੰ ਸਾਲਾਨਾ 13.50 ਲੱਖ ਰੁਪਏ ਦੀ ਪੂਰੀ ਪੈਨਸ਼ਨ ਦਾ ਭੁਗਤਾਨ ਕਰੇਗੀ।' ਸੁਪਰੀਮ ਕੋਰਟ ਦੇ ਤਫਸੀਲੀ ਫੈਸਲੇ ਦੀ ਅਜੇ ਉਡੀਕ ਹੈ। ਸੁਪਰੀਮ ਕੋਰਟ ਨੇ 28 ਜਨਵਰੀ ਨੂੰ ਉਨ੍ਹਾਂ ਸਾਰੀਆਂ ਪਟੀਸ਼ਨਾਂ 'ਤੇ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ, ਜਿਸ ਵਿੱਚ ਜ਼ਿਲ੍ਹਾ ਨਿਆਂ ਪਾਲਿਕਾ ਅਤੇ ਹਾਈ ਕੋਰਟ ਵਿੱਚ ਸੇਵਾ ਦੀ ਮਿਆਦ ਨੂੰ ਧਿਆਨ ਵਿੱਚ ਰੱਖਦੇ ਹੋਏ ਪੈਨਸ਼ਨ ਦੇ ਮੁੜ ਨਿਰਧਾਰਨ ਸੰਬੰਧੀ ਇੱਕ ਪਟੀਸ਼ਨ ਵੀ ਸ਼ਾਮਲ ਸੀ।

## ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਵਾਂਗੇ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੇ ਮੰਤਰੀ ਮੰਡਲ ਨੇ ਮੰਗਲਵਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਸੂਬਾ ਸਰਕਾਰ ਵੱਲੋਂ ਕਰਵਾਏ ਜਾਣ ਵਾਲੇ ਲੜੀਵਾਰ ਸਮਾਗਮਾਂ ਨੂੰ ਪ੍ਰਵਾਨਗੀ ਦੇ ਦਿੱਤੀ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਗੁਰੂ ਸਾਹਿਬ ਦੇ ਜੀਵਨ ਤੇ ਫ਼ਲਸਫ਼ੇ 'ਤੇ ਖੋਜ ਕਾਰਜਾਂ ਲਈ ਪੰਜਾਬੀ ਯੂਨੀਵਰਸਿਟੀ (ਪਟਿਆਲਾ) ਵਿੱਚ ਚੇਅਰ ਸਥਾਪਤ ਕਰੇਗੀ। ਗੁਰੂ ਸਾਹਿਬ ਦੇ ਇਤਿਹਾਸ ਨੂੰ ਬਿਆਨਦਾ ਕਿਤਾਬਚਾ ਜਾਰੀ ਕਰਨ ਦੇ ਨਾਲ-ਨਾਲ ਗੁਰੂ ਸਾਹਿਬ ਦੀ ਬਾਣੀ 'ਤੇ ਵੀ ਬੁੱਕਲੈੱਟ (ਕਿਤਾਬਚਾ) ਜਾਰੀ ਕੀਤੀ ਜਾਵੇਗੀ।

ਮੰਤਰੀ ਮੰਡਲ ਨੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਅੰਡਰ-17 ਫੁੱਟਬਾਲ ਟੂਰਨਾਮੈਂਟ ਦੇ ਨਾਲ-ਨਾਲ ਰਾਜ ਭਰ ਵਿੱਚ ਵਿਸ਼ਵ ਸ਼ਾਂਤੀ ਸੰਮੇਲਨ ਅਤੇ ਵਿਸ਼ਵ ਅੰਤਰ-ਧਰਮ ਸੰਮੇਲਨ ਕਰਵਾਉਣ ਦੀ ਵੀ ਪ੍ਰਵਾਨਗੀ ਦਿੱਤੀ ਹੈ। ਮਾਨ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬੇਮਿਸਾਲ ਅਤੇ ਵਿਲੱਖਣ ਕੁਰਬਾਨੀ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾਸਰੋਤ ਰਹੇਗੀ, ਨੂੰ ਸਿਜਦਾ ਕਰਨ ਲਈ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸੈਮੀਨਾਰ ਵੀ ਕਰਵਾਏ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਖੇਡ, ਉਚੇਰੀ ਸਿੱਖਿਆ, ਸੈਰ-ਸਪਾਟਾ ਅਤੇ ਸੱਭਿਆਚਾਰ, ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ ਹੋਰਨਾਂ ਵਿਭਾਗਾਂ ਨਾਲ ਤਾਲਮੇਲ ਜ਼ਰੀਏ ਗੁਰੂ ਸਾਹਿਬ ਦੇ ਸ਼ਹੀਦੀ ਦਿਵਸ ਦੀ ਯਾਦ ਵਿੱਚ ਸੈਮੀਨਾਰ, ਕਾਨਫਰੰਸਾਂ, ਕੀਰਤਨ ਦਰਬਾਰ, ਲਾਈਟ ਐਂਡ ਸਾਊਂਡ ਸ਼ੋਅ, ਕਿਤਾਬਾਂ ਪ੍ਰਕਾਸ਼ਤ ਕਰਨ ਅਤੇ ਹੋਰ ਬਹੁਤ ਸਾਰੇ ਪ੍ਰੋਗਰਾਮ ਉਤਸ਼ਾਹ ਨਾਲ ਕਰਵਾਏ ਜਾਣਗੇ। ਮਾਨ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ, ਜੋ ਵਿਸ਼ਵ ਭਰ ਵਿੱਚ ਮਨੁੱਖੀ ਅਧਿਕਾਰਾਂ ਦੇ ਪਹਿਲੇ ਸਮਰਥਕ ਸਨ, ਦੀ ਸ਼ਾਨਾਮੱਤੀ ਵਿਰਾਸਤ ਨੂੰ ਸਦੀਵੀ ਰੱਖਣ ਲਈ ਜੰਮੂ ਤੋਂ ਦਿੱਲੀ ਵਾਇਆ ਬਾਬਾ ਬਕਾਲਾ ਅਤੇ ਸ੍ਰੀ ਅਨੰਦਪੁਰ ਸਾਹਿਬ ਤੱਕ ਯਾਤਰਾ ਕੱਢੀ ਜਾਵੇਗੀ। ਉਨ੍ਹਾ ਕਿਹਾ ਕਿ ਰੂਪਨਗਰ, ਮਾਨਸਾ, ਬਠਿੰਡਾ, ਪਟਿਆਲਾ, ਜਲੰਧਰ, ਸੰਗਰੂਰ, ਐੱਸ ਬੀ ਐੱਸ ਨਗਰ, ਤਰਨ ਤਾਰਨ, ਸ੍ਰੀ ਫਤਿਹਗੜ੍ਹ ਸਾਹਿਬ, ਬਰਨਾਲਾ, ਸ੍ਰੀ ਮੁਕਤਸਰ

• ਬਾਕੀ ਸਫਾ 2 'ਤੇ

## ਦਿੱਲੀ ਨੂੰ ਸਤੰਬਰ ਤੱਕ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਸਾਰੀਆਂ ਅਸਾਮੀਆਂ ਭਰਨ ਦੇ ਹੁਕਮ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਦਿੱਲੀ ਪ੍ਰਦੂਸ਼ਣ ਕੰਟਰੋਲ ਕਮੇਟੀ ਦੀਆਂ ਅਸਾਮੀਆਂ ਨੂੰ ਲੈ ਕੇ ਦਿੱਲੀ ਸਰਕਾਰ ਦੀ ਖਿਚਾਈ ਕਰਦਿਆਂ ਇਸ ਸਾਲ ਸਤੰਬਰ ਤੱਕ ਸਾਰੀਆਂ ਅਸਾਮੀਆਂ ਭਰਨ ਦਾ ਨਿਰਦੇਸ਼ ਦਿੱਤਾ। ਜਸਟਿਸ ਅਭੈ ਐੱਸ ਓਕਾ ਅਤੇ ਜਸਟਿਸ ਉਜਲ ਭੂਈਆਂ ਦੀ ਬੈਂਚ ਨੇ ਕਿਹਾ ਕਿ 204 ਅਸਾਮੀਆਂ ਵਿੱਚੋਂ ਹੁਣ ਤੱਕ ਸਿਰਫ 83 ਹੀ ਭਰੀਆਂ ਗਈਆਂ ਹਨ। ਬੈਂਚ ਨੇ ਕਿਹਾ, 'ਅਸੀਂ ਦਿੱਲੀ ਸਰਕਾਰ ਦੀ ਦਿਖਾਈ ਗਈ ਢਿੱਲ ਨੂੰ ਬਰਦਾਸ਼ਤ ਨਹੀਂ ਕਰਾਂਗੇ, ਖਾਸ ਕਰਕੇ ਜਦੋਂ ਦਿੱਲੀ ਹਵਾ ਪ੍ਰਦੂਸ਼ਣ ਨਾਲ ਸਭ ਤੋਂ ਵੱਧ ਪ੍ਰਭਾਵਤ ਹੈ। ਅਸੀਂ ਉਸ ਨੂੰ ਇਹ ਯਕੀਨੀ ਬਣਾਉਣ ਲਈ ਨਿਰਦੇਸ਼ ਦਿੰਦੇ ਹਾਂ ਕਿ ਸਤੰਬਰ 2025 ਤੱਕ ਸਾਰੀਆਂ 204 ਅਸਾਮੀਆਂ ਨੂੰ ਭਰਿਆ ਜਾਵੇ ਤੇ ਇਸ ਸੰਬੰਧੀ ਹਲਫਨਾਮਾ 15 ਅਕਤੂਬਰ ਤੱਕ ਦਾਇਰ ਕੀਤਾ ਜਾਵੇ। ਜੇਕਰ ਸਾਰੀਆਂ ਅਸਾਮੀਆਂ ਨਹੀਂ ਭਰੀਆਂ ਗਈਆਂ ਤਾਂ ਇਹ ਗੰਭੀਰ ਮਾਣਹਾਨੀ ਦਾ ਮਾਮਲਾ ਹੋਵੇਗਾ।'

ਇਸ ਤੋਂ ਪਹਿਲਾਂ ਸੁਪਰੀਮ ਕੋਰਟ ਨੇ 8 ਮਈ ਨੂੰ ਦਿੱਲੀ ਅਤੇ ਇਸ ਦੇ ਨਾਲ ਲੱਗਦੇ ਸੂਬਿਆਂ ਹਰਿਆਣਾ, ਯੂ ਪੀ ਅਤੇ ਰਾਜਸਥਾਨ ਦੀਆਂ ਸਰਕਾਰਾਂ ਨੂੰ ਪ੍ਰਦੂਸ਼ਣ ਕੰਟਰੋਲ ਬੋਰਡਾਂ ਵਿੱਚ ਖਾਲੀ ਅਸਾਮੀਆਂ ਨਾ ਭਰਨ ਲਈ ਫਟਕਾਰ ਲਗਾਈ ਸੀ।

## ਪਿਛਲੀਆਂ ਸਰਕਾਰਾਂ ਨੇ ਨਸ਼ਾ ਤਸਕਰਾਂ ਦੀ ਪੁਸ਼ਤਪਨਾਹੀ ਕੀਤੀ : ਕੇਜਰੀਵਾਲ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸੋਮਵਾਰ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਹੋਣ ਕਾਰਨ ਨਸ਼ਿਆਂ ਨੇ ਸੂਬੇ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਸੀ।

ਨਸ਼ਾ ਮੁਕਤੀ ਯਾਤਰਾ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨਾ ਸਿਰਫ ਨਸ਼ਾ ਵੇਚਣ ਵਾਲਿਆਂ ਨੂੰ ਸਰਪ੍ਰਸਤੀ ਦਿੱਤੀ, ਸਗੋਂ ਉਨ੍ਹਾਂ ਖੁਦ ਆਪਣੇ ਸਰਕਾਰੀ ਵਾਹਨਾਂ ਵਿੱਚ ਇਹ ਕਾਰੋਬਾਰ ਚਲਾਇਆ। ਉਹਨਾ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨਸ਼ਿਆਂ ਦੇ ਖਤਰੇ ਵਿਰੁੱਧ ਸਖਤੀ ਨਾਲ ਕਾਰਵਾਈ ਕਰ ਰਹੀ ਹੈ। ਨਸ਼ਿਆਂ ਦੀ ਸਪਲਾਈ ਲਾਈਨ ਤੋੜਨ ਉਪਰੰਤ ਸੂਬਾ ਸਰਕਾਰ ਦਾ ਮੁੱਖ ਧਿਆਨ ਹੁਣ ਨਸ਼ਾ ਪੀੜਤਾਂ ਦੇ ਮੁੜ ਵਸੇਬੇ 'ਤੇ ਕੇਂਦਰਤ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਬਿਸਤਰਿਆਂ ਦੀ ਗਿਣਤੀ ਵਧਾਉਣ ਲਈ ਯਤਨਸ਼ੀਲ ਹੈ। ਉਹਨਾ ਕਿ ਨਸ਼ਿਆਂ ਦੇ ਖਾਤਮੇ ਲਈ ਸੂਬਾ ਸਰਕਾਰ ਦੋਹਰੀ ਨੀਤੀ ਅਪਣਾਏਗੀ, ਜਿਸ ਤਹਿਤ ਇੱਕ ਪਾਸੇ ਨਸ਼ਾ ਤਸਕਰੀ ਨੂੰ ਠੱਲ੍ਹ ਪਾਈ ਜਾਵੇਗੀ, ਦੂਜੇ ਪਾਸੇ ਨਸ਼ਿਆਂ ਦੀ ਲਾਹਨਤ ਨਾਲ ਨਜਿੱਠਣ ਲਈ ਨੌਜਵਾਨਾਂ ਦੀ ਸਕਾਰਾਤਮਕ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਾਇਆ ਜਾਵੇਗਾ।

### ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ਼ਹਿਰ **ਚੌਕੀਮਾਨ** ਤੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ 'ਤੇ 24 ਮਈ ਨੂੰ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਇੰਜ. ਬਲਬੀਰ ਸਿੰਘ ਮਾਨ** ਨਾਲ ਮੋਬਾਇਲ 98155-89980, 98147-89980 'ਤੇ ਸੰਪਰਕ ਕਰੋ।

-ਜਨਰਲ ਮੈਨੇਜਰ

## ਅੱਜ-ਨਾਮਾ

ਵਿਹੁ ਵਲਿੱਸੀ ਫਿਰ ਵਗੀ ਕੁਝ ਵਾਅ ਲੱਗੇ,
ਅੰਦਰੂਨੀ ਭੇੜਾਂ ਵਿੱਚ ਪਏ ਪਰਵਾਰ ਬੇਲੀ।
ਜ਼ਮੀਨ ਥੋੜ੍ਹੀ ਤਾਂ ਵੰਡਣ ਲਈ ਖਿਝੀ ਜਾਂਦੇ,
ਹੋਈ ਆ ਝਗੜਿਆਂ ਦੀ ਤਿੱਖੀ ਧਾਰ ਬੇਲੀ।
ਵਗਦਾ ਨਸ਼ੇ ਦਾ ਵਹਿਣ ਵੀ ਜੜ੍ਹੀਂ ਬਹਿੰਦਾ,
ਇਹ ਵੀ ਕਰੇ ਪਿਆ ਖੱਜਲ-ਖੁਆਰ ਬੇਲੀ।
ਆਏ ਦਿਨ ਹੀ ਖਬਰ ਕੋਈ ਆਈ ਰਹਿੰਦੀ,
ਛੱਡਿਆ ਈ ਪੁੱਤਰ ਨੇ ਬਾਪ ਨੂੰ ਮਾਰ ਬੇਲੀ।
ਆਪਣੇ ਬਾਪ ਨੂੰ ਮਾਰਨ ਗਿਆ ਜਦੋਂ ਪੁੱਤਰ,
ਗਏ ਕੁਝ ਯਾਰ ਵੀ ਕਰਨ ਇਮਦਾਦ ਬੇਲੀ।
ਫੜਦੀ ਪੁਲਸ ਨਹੀਂ ਇਨ੍ਹਾਂ ਜੇ ਸਾਰਿਆਂ ਨੂੰ,
ਕਰਦੇ ਯਾਰ ਵੀ ਇਹੋ ਜਿਹਾ ਬਾਅਦ ਬੇਲੀ।

-ਤੀਸ ਮਾਰ ਖਾਂ

## ਪਾਕਿਸਤਾਨ ਲਈ ਜਾਸੂਸੀ ਦੇ ਦੋਸ਼ 'ਚ ਪੰਜਾਬ ਦੇ 6 ਜਣਿਆਂ ਸਣੇ 12 ਗ੍ਰਿਫਤਾਰ

**ਨਵੀਂ ਦਿੱਲੀ** : ਪਿਛਲੇ ਦੋ ਹਫਤਿਆਂ 'ਚ ਪੰਜਾਬ, ਹਰਿਆਣਾ ਤੇ ਯੂ ਪੀ ਤੋਂ ਇੱਕ ਯੂਟਿਊਬਰ ਸਮੇਤ ਘੱਟੋ-ਘੱਟ 12 ਵਿਅਕਤੀਆਂ ਨੂੰ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ਾਂ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ। 6 ਨੂੰ ਪੰਜਾਬ ਤੋਂ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਚਾਰ ਨੂੰ ਗੁਆਂਢੀ ਹਰਿਆਣਾ ਤੋਂ। ਇਨ੍ਹਾਂ ਵਿੱਚੋਂ ਹਰਿਆਣਾ ਦੀ ਯੂਟਿਊਬਰ ਸਮੇਤ ਦੋ ਔਰਤਾਂ ਕਥਿਤ ਤੌਰ 'ਤੇ ਨਵੀਂ ਦਿੱਲੀ ਵਿਖੇ ਪਾਕਿਸਤਾਨ ਹਾਈ ਕਮਿਸ਼ਨ 'ਚ ਤਾਇਨਾਤ ਪਾਕਿਸਤਾਨੀ ਅਧਿਕਾਰੀ ਅਹਿਸਾਨ-ਉਰ-ਰਹੀਮ ਉਰਫ ਦਾਨਿਸ਼ ਦੇ ਸੰਪਰਕ ਵਿੱਚ ਸਨ, ਜਿਸ ਨੂੰ 13 ਮਈ ਨੂੰ ਭਾਰਤ ਵਿਰੁੱਧ ਜਾਸੂਸੀ 'ਚ ਸ਼ਾਮਲ ਹੋਣ ਦੇ ਦੋਸ਼ ਵਿੱਚ ਕੱਢ ਦਿੱਤਾ ਗਿਆ ਸੀ। ਅਧਿਕਾਰੀਆਂ ਨੇ ਕਿਹਾ ਕਿ ਹੁਣ ਤੱਕ ਦੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਮੁਲਜ਼ਮ ਸੰਵੇਦਨਸ਼ੀਲ ਜਾਣਕਾਰੀ ਪਾਕਿਸਤਾਨੀ ਇੰਟੈਲੀਜੈਂਸ ਆਪਰੇਟਿਵਜ਼ (ਪੀ ਆਈ ਓਜ਼) ਨੂੰ ਦੇ ਰਹੇ ਸਨ। ਉਨ੍ਹਾਂ ਦੇ ਵਿੱਤੀ ਲੈਣ-ਦੇਣ ਅਤੇ ਇਲੈਕਟ੍ਰਾਨਿਕ ਡਿਵਾਈਸਾਂ ਦੇ ਫੋਰੈਂਸਿਕ ਵਿਸ਼ਲੇਸ਼ਣ ਦੀ ਜਾਂਚ ਚੱਲ ਰਹੀ ਹੈ।

4 ਮਈ ਨੂੰ ਪੰਜਾਬ ਪੁਲਸ ਨੇ ਫਲਕਸ਼ੇਰ ਮਸੀਹ ਅਤੇ ਸੂਰਜ ਮਸੀਹ ਵਾਸੀ ਅਜਨਾਲਾ ਨੂੰ ਸਰਹੱਦੀ ਜ਼ਿਲ੍ਹੇ ਵਿੱਚ ਫੌਜ ਦੇ ਛਾਉਣੀ ਖੇਤਰਾਂ ਤੇ ਹਵਾਈ ਅੱਡਿਆਂ ਦੀਆਂ ਸੰਵੇਦਨਸ਼ੀਲ ਜਾਣਕਾਰੀਆਂ ਅਤੇ ਤਸਵੀਰਾਂ ਆਈ ਐੱਸ ਆਈ ਨੂੰ ਲੀਕ ਕਰਨ ਵਿੱਚ ਕਥਿਤ ਭੂਮਿਕਾ ਲਈ ਗ੍ਰਿਫਤਾਰ ਕੀਤਾ ਸੀ। 11 ਮਈ ਨੂੰ ਪੰਜਾਬ ਪੁਲਸ ਨੇ ਇੱਕ ਔਰਤ ਸਮੇਤ ਦੋ ਵਿਅਕਤੀਆਂ ਨੂੰ ਦਿੱਲੀ 'ਚ ਪਾਕਿਸਤਾਨੀ ਹਾਈ ਕਮਿਸ਼ਨ 'ਚ ਤਾਇਨਾਤ ਅਧਿਕਾਰੀ ਦਾਨਿਸ਼ ਨਾਲ ਜੁੜੀਆਂ ਜਾਸੂਸੀ ਗਤੀਵਿਧੀਆਂ ਵਿੱਚ ਕਥਿਤ ਸ਼ਮੂਲੀਅਤ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਸੀ। ਇਨ੍ਹਾਂ ਦੀ ਪਛਾਣ ਮਲੇਰਕੋਟਲਾ ਦੀ 31 ਸਾਲਾ ਗੁਜ਼ਾਲਾ ਅਤੇ ਯਾਮੀਨ ਮੁਹੰਮਦ ਵਜੋਂ ਹੋਈ ਹੈ। ਜਾਂਚ ਅਨੁਸਾਰ ਉਹ ਵਰਗੀਕ੍ਰਿਤ ਜਾਣਕਾਰੀ ਸਾਂਝੀ ਕਰਨ ਦੇ ਬਦਲੇ ਆਨਲਾਈਨ ਲੈਣ-ਦੇਣ ਰਾਹੀਂ ਭੁਗਤਾਨ ਪ੍ਰਾਪਤ ਕਰ ਰਹੇ ਸਨ। ਪੁੱਛਗਿੱਛ ਦੌਰਾਨ ਗੁਜ਼ਾਲਾ ਨੇ ਕਥਿਤ ਤੌਰ 'ਤੇ ਮੰਨਿਆ ਕਿ ਉਹ ਇਹ ਪੈਸੇ ਲਈ ਕਰ ਰਹੀ ਸੀ ਅਤੇ ਪਾਕਿਸਤਾਨੀ ਅਧਿਕਾਰੀ ਨੇ ਉਸ ਨੂੰ ਯੂ ਪੀ ਆਈ (ਯੂਨੀਫਾਈਡ ਪੇਮੈਂਟ ਇੰਟਰਫੇਸ) ਰਾਹੀਂ ਦੋ ਲੈਣ-ਦੇਣ (10,000 ਰੁਪਏ ਅਤੇ 20,000 ਰੁਪਏ) ਵਿੱਚ 30,000 ਰੁਪਏ ਭੇਜੇ ਸਨ। ਪੰਜਾਬ ਪੁਲਸ ਨੇ ਗੁਰਦਾਸਪੁਰ ਤੋਂ ਵੀ ਦੋ ਜਣਿਆਂ ਨੂੰ ਗ੍ਰਿਫਤਾਰ ਕੀਤਾ ਹੈ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ 15 ਮਈ ਨੂੰ ਭਰੋਸੇਯੋਗ ਖੁਫੀਆ ਜਾਣਕਾਰੀ ਤੋਂ ਪਤਾ ਲੱਗਿਆ ਕਿ ਸੁਖਪ੍ਰੀਤ ਸਿੰਘ ਅਤੇ ਕਰਨਬੀਰ ਸਿੰਘ 'ਅਪ੍ਰੇਸ਼ਨ ਸਿੰਧੂਰ' ਨਾਲ ਸੰਬੰਧਤ ਵਰਗੀਕ੍ਰਿਤ ਵੇਰਵੇ ਪਾਕਿਸਤਾਨ ਦੀ ਖੁਫੀਆ ਏਜੰਸੀ ਨਾਲ ਸਾਂਝੇ ਕਰਨ ਵਿਚ ਲੱਗੇ ਹੋਏ ਸਨ। ਉਨ੍ਹਾਂ ਦੇ ਮੋਬਾਇਲ ਫੋਨਾਂ ਦੀ ਫੋਰੈਂਸਿਕ ਜਾਂਚ ਨੇ ਖੁਫੀਆ ਜਾਣਕਾਰੀ ਦੀ ਪੁਸ਼ਟੀ ਕੀਤੀ ਹੈ। ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਮੋਬਾਇਲ ਫੋਨ ਅਤੇ ਅੱਠ ਜ਼ਿੰਦਾ ਕਾਰਤੂਸ (.30 ਬੋਰ) ਬਰਾਮਦ ਕੀਤੇ ਗਏ ਹਨ। ਇਨ੍ਹਾਂ ਖਿਲਾਫ ਗੁਰਦਾਸਪੁਰ ਦੇ ਦੋਰਾਂਗਲਾ ਪੁਲਸ ਸਟੇਸ਼ਨ ਵਿੱਚ ਕੇਸ ਦਰਜ ਕੀਤਾ ਗਿਆ ਹੈ। ਹਰਿਆਣਾ ਪੁਲਸ ਨੇ 15 ਮਈ ਨੂੰ ਪਾਣੀਪਤ ਜ਼ਿਲ੍ਹੇ ਤੋਂ 24 ਸਾਲਾ ਨੌਮਾਨ ਇਲਾਹੀ ਨੂੰ ਪਾਕਿਸਤਾਨ ਵਿੱਚ ਕੁਝ ਵਿਅਕਤੀਆਂ ਨੂੰ ਸੰਵੇਦਨਸ਼ੀਲ ਜਾਣਕਾਰੀ ਸਪਲਾਈ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ। ਜਾਂਚ ਦੇ ਅਨੁਸਾਰ ਯੂ ਪੀ ਦੇ ਕੈਰਾਨਾ ਦਾ ਇਲਾਹੀ ਵੀ ਇਕ ਪਾਕਿਸਤਾਨ-ਅਧਾਰਤ ਆਈ ਐੱਸ ਆਈ ਹੈਂਡਲਰ ਦੇ ਸੰਪਰਕ ਵਿੱਚ ਸੀ। ਇਲਾਹੀ ਇੱਕ ਫੈਕਟਰੀ 'ਚ ਸੁਰੱਖਿਆ ਗਾਰਡ ਵਜੋਂ ਕੰਮ ਕਰਦਾ ਸੀ। ਉਹ ਪਾਣੀਪਤ ਦੀ ਹਾਲੀ ਕਲੋਨੀ ਵਿੱਚ ਆਪਣੀ ਭੈਣ ਅਤੇ ਭਰਜਾਈ ਨਾਲ ਰਹਿ ਰਿਹਾ ਸੀ।



ਹਰਿਆਣਾ ਪੁਲਸ ਨੇ 25 ਸਾਲਾ ਪੋਸਟ-ਗ੍ਰੈਜੂਏਟ ਵਿਦਿਆਰਥੀ ਨੂੰ ਪੀ ਆਈ ਓਜ਼ ਨਾਲ ਸੰਬੰਧ ਰੱਖਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ। ਕੈਥਲ ਜ਼ਿਲ੍ਹੇ ਦੇ ਗੂਹਲਾ ਇਲਾਕੇ ਦੇ ਦਵਿੰਦਰ ਸਿੰਘ ਨੂੰ ਕਥਿਤ ਤੌਰ 'ਤੇ ਹਥਿਆਰਾਂ ਨਾਲ ਸੋਸ਼ਲ ਮੀਡੀਆ 'ਤੇ ਫੋਟੋਆਂ ਅਪਲੋਡ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਹੋਰ ਜਾਂਚ ਦੌਰਾਨ ਪਤਾ ਲੱਗਾ ਕਿ ਦਵਿੰਦਰ ਸਿੰਘ, ਜੋ ਕਿ ਪੰਜਾਬ ਦੇ ਇੱਕ ਕਾਲਜ ਤੋਂ ਰਾਜਨੀਤੀ ਸ਼ਾਸਤਰ ਵਿਚ ਮਾਸਟਰ ਦੀ ਡਿਗਰੀ ਕਰ ਰਿਹਾ ਸੀ, ਪਿਛਲੇ ਸਾਲ ਨਵੰਬਰ ਵਿੱਚ ਤੀਰਥ ਯਾਤਰਾ 'ਤੇ ਪਾਕਿਸਤਾਨ ਗਿਆ ਸੀ। ਇਸ ਯਾਤਰਾ ਦੌਰਾਨ ਉਹ ਕਥਿਤ ਤੌਰ 'ਤੇ ਪਾਕਿਸਤਾਨੀ ਖੁਫੀਆ ਏਜੰਸੀ ਦੇ ਸੰਪਰਕ 'ਚ ਆਇਆ ਸੀ ਅਤੇ ਵਾਪਸ ਆਉਣ ਤੋਂ ਬਾਅਦ ਵੀ ਉਨ੍ਹਾਂ ਦੇ ਸੰਪਰਕ ਵਿੱਚ ਰਿਹਾ। ਪੁਲਸ ਨੇ ਕਿਹਾ ਕਿ ਉਸ ਨੇ ਬਾਹਰੋਂ ਤਸਵੀਰਾਂ ਕਲਿੱਕ ਕਰਕੇ ਪਟਿਆਲਾ ਛਾਉਣੀ ਦੀਆਂ ਕੁਝ ਫੋਟੋਆਂ ਭੇਜਣ ਦੀ ਗੱਲ ਕਬੂਲ ਕੀਤੀ ਹੈ।

ਹਰਿਆਣਾ ਪੁਲਸ ਨੇ 16 ਮਈ ਨੂੰ ਹਿਸਾਰ ਸਥਿਤ ਯੂਟਿਊਬਰ ਜਿਓਤੀ ਮਲਹੋਤਰਾ ਨੂੰ ਪੀ ਆਈ ਓਜ਼ ਨੂੰ ਸੰਵੇਦਨਸ਼ੀਲ ਜਾਣਕਾਰੀ ਦੇਣ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਸੀ। ਮਲਹੋਤਰਾ, ਜੋ ਕਿ ਯੂਟਿਊਬ ਚੈਨਲ 'ਟਰੈਵਲ ਵਿਦ ਜੋ' ਚਲਾਉਂਦੀ ਸੀ, ਨੂੰ ਹਿਸਾਰ ਦੇ ਨਿਊ ਅਗਰਸੈਨ ਐਕਸਟੈਂਸ਼ਨ ਤੋਂ ਗ੍ਰਿਫਤਾਰ ਕੀਤਾ ਗਿਆ। ਉਹ ਵੀ ਕਥਿਤ ਤੌਰ 'ਤੇ ਪਾਕਿਸਤਾਨੀ ਸਟਾਫਰ ਦਾਨਿਸ਼ ਦੇ ਸੰਪਰਕ ਵਿੱਚ ਸੀ। ਉਸ ਦਾ ਯੂਟਿਊਬ ਚੈਨਲ ਉਸ ਦੀ ਪਾਕਿਸਤਾਨ ਫੇਰੀ ਬਾਰੇ ਕੁਝ ਵੀਡੀਓ ਦਿਖਾਉਂਦਾ ਹੈ, ਜਿਸ ਵਿਚ 'ਇੰਡੀਅਨ ਗਰਲ ਇਨ ਪਾਕਿਸਤਾਨ',

• ਬਾਕੀ ਸਫਾ 2 'ਤੇ

CMYK

## ਸਕੂਲ ਆਫ ਐਮੀਨੈਂਸ ਦਾ ਨਤੀਜਾ ਸ਼ਾਨਦਾਰ ਰਿਹਾ



**ਜਗਰਾਉਂ (ਅਮਿਤ ਖੰਨਾ)**-ਸਥਾਨਕ ਸਰਕਾਰੀ ਸਕੂਲ ਆਫ ਐਮੀਨੈਂਸ ਦਾ ਦਸਵੀਂ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ।ਪ੍ਰਿੰਸੀਪਲ ਡਾ. ਗੁਰਵਿੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਸਵੀਂ ਜਮਾਤ ਦੇ ਕੁੱਲ 115 ਵਿਦਿਆਰਥੀਆਂ ਨੇ ਬੋਰਡ ਪ੍ਰੀਖਿਆ ਦਿੱਤੀ ਸੀ।ਹੁਣ ਇਨ੍ਹਾਂ ਵਿਦਿਆਰਥੀਆਂ ਦਾ ਬੋਰਡ ਨਤੀਜਾ ਸ਼ਤ-ਪ੍ਰਤੀਸ਼ਤ ਆਇਆ ਹੈ ਤੇ ਇੱਕ ਵਿਦਿਆਰਥੀ ਗੁਰਸ਼ਰਨ ਸਿੰਘ ਬੋਰਡ ਮੈਰਿਟ 'ਚ ਆਇਆ ਹੈ, ਜੋ ਕਿ ਜਗਰਾਉਂ ਸ਼ਹਿਰ ਲਈ ਮਾਣ ਵਾਲੀ ਗੱਲ ਹੈ।ਡਾ. ਗੁਰਵਿੰਦਰਜੀਤ ਸਿੰਘ ਨੇ ਦੱਸਿਆ ਕਿ ਦਸਵੀਂ ਜਮਾਤ 'ਚੋਂ ਗੁਰਸ਼ਰਨ ਸਿੰਘ ਨੇ 96.4%, ਅਸ਼ਵਨੀ ਸਿੰਘ ਨੇ 94% ਤੇ ਅੰਤਰਪ੍ਰੀਤ ਕੌਰ ਨੇ 90.47% ਅੰਕ ਲੈ ਕੇ ਪਹਿਲੇ ਤਿੰਨ ਸਥਾਨ ਮੱਲੇ।ਇਸ ਸਮੇਂ ਸਕੂਲ ਪ੍ਰਿੰਸੀਪਲ ਡਾ. ਗੁਰਵਿੰਦਰਜੀਤ ਸਿੰਘ, ਐੱਸ ਐੱਮ ਸੀ ਕਮੇਟੀ ਚੇਅਰਮੈਨ ਰਵੀ ਕਾਂਤ ਨੇ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਰਾਮ ਕੁਮਾਰ, ਰੰਜੀਵ ਕੁਮਾਰ, ਬਲਕਰਨ ਸਿੰਘ, ਸਪਨਾ ਦੇਵੀ, ਸਿਮਰਨਜੀਤ ਕੌਰ, ਰਵਨੀਤ ਕੌਰ, ਪੂਜਾ ਰਾਣੀ, ਅੰਮ੍ਰਿਤਪਾਲ ਕੌਰ, ਕੰਵਰਪਾਲ ਸਿੰਘ, ਇੰਦੂ ਬਾਲਾ, ਅਰਵਿੰਦਰ ਸਿੰਘ, ਮੀਨਾਕਸ਼ੀ, ਨਵਜੋਤ ਕੌਰ, ਕਮਲਦੀਪ ਸ਼ਰਮਾ, ਮੀਨੂ ਸ਼ਰਮਾ, ਕੰਵਲਜੀਤ ਕੌਰ, ਅਮਨਪ੍ਰੀਤ ਸਿੰਘ, ਮਨਜੋਤ ਕੌਰ, ਮੋਹਿਤ ਗਰਗ, ਅਮਨਦੀਪ ਸਿੰਘ, ਅੰਮ੍ਰਿਤ ਕੌਰ, ਬਲਜੀਤ ਕੌਰ ਤੇ ਸਕੂਲ ਸਟਾਫ ਹਾਜ਼ਰ ਸੀ।

# ਵਿਕਾਸ ਮਿਸ਼ਨ ਵੱਲੋਂ ਗੋਲਡਨ ਜੁਬਲੀ ਡਿਗਰੀ ਹੋਲਡਰ ਸਨਮਾਨ ਸਮਾਰੋਹ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗ਼ੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਰੇਲਵੇ ਰੋਡ ਸਥਿਤ ਸਿਟੀ ਹੋਟਲ ਵਿਖੇ ਗੋਲਡਨ ਜੁਬਲੀ ਡਿਗਰੀ ਹੋਲਡਰ ਸਨਮਾਨ ਸਮਾਰੋਹ ਆਯੋਜਤ ਕੀਤਾ ਗਿਆ।ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਪ੍ਰਧਾਨਗੀ ਹੇਠ ਹੋਏ। ਸਮਾਰੋਹ ਵਿੱਚ ਪੰਜਾਬ ਰਾਈਸ ਸ਼ੈਲਰਜ਼ ਯੂਨੀਅਨ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਤੇ ਪ੍ਰਸਿੱਧ ਸਮਾਜ ਸੇਵਕ ਭਾਰਤ ਭੂਸ਼ਣ ਬਿੰਟਾ ਬਾਂਸਲ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ।ਸਮੱਸਿਆਵਾਂ ਨੂੰ ਸਾਰਥਿਕ ਢੰਗ ਨਾਲ ਹੱਲ ਕਰਾਉਣ ਲਈ ਯਤਨਸ਼ੀਲ ਸਮਾਜ ਸੇਵਕ ਮਿੰਕਲ ਬਜਾਜ, ਜਿਨ੍ਹਾਂ ਨੇ ਸਮਾਰੋਹ ਵਿੱਚ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕਰਨੀ ਸੀ, ਆਪਣੇ ਨਿੱਜੀ ਰੁਝੇਵਿਆਂ ਕਾਰਨ ਸਮਾਰੋਹ ਵਿੱਚ ਸ਼ਾਮਲ ਨਹੀਂ ਹੋ ਸਕੇ ਤੇ ਉਨ੍ਹਾਂ ਨੇ ਫੋਨ ਰਾਹੀਂ ਸਨਮਾਨਤ ਕੀਤੇ ਸਾਰੇ ਵਿਅਕਤੀਆਂ ਵਧਾਈ ਭੇਜੀ ਹੈ।ਸਮਾਰੋਹ ਦੌਰਾਨ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ ਅਤੇ ਚੇਅਰਮੈਨ ਨਿਰੰਜਣ ਸਿੰਘ ਰੱਖਰਾ ਸਮੇਤ ਅਮਰ ਨਾਥ ਸੇਰਸੀਆ, ਬਲਜੀਤ ਸਿੰਘ ਕੋਆਪ੍ਰੇਟਿਵ, ਵਿਜੇ ਸਿਡਾਨਾ, ਵਿਕ੍ਰਾਂਤ ਤੇਰੀਆ, ਡਾ. ਸੁਰਿੰਦਰ ਗਿਰਧਰ, ਡਾ. ਜਸਵਿੰਦਰ ਸਿੰਘ, ਸਾਹਿਲ ਕੁਮਾਰ ਹੈਪੀ, ਡਾ. ਹਰਭਗਵਾਨ ਹੈਰੀ, ਜਗਦੀਸ਼ ਚੰਦਰ ਧਵਾਲ ਤੇ ਨਰਿੰਦਰ ਕਾਕਾ ਆਦਿ ਮੌਜੂਦ ਸਨ।ਇਸ ਤੋਂ ਇਲਾਵਾ ਟਕਸਾਲੀ ਕਾਂਗਰਸੀ ਸੀਨੀਅਰ ਆਗੂ ਗੁਰਦਾਸ ਗਿਰਧਰ, ਕਲਮਾਂ ਦੇ ਰੰਗ ਸਾਹਿਤ ਸਭਾ ਫਰੀਦਕੋਟ ਦੇ ਪ੍ਰਧਾਨ ਅਤੇ ਪੱਤਰਕਾਰ ਸ਼ਿਵ ਨਾਥ ਦਰਦੀ, ਨਰੇਗਾ ਯੂਨੀਅਨ ਫ਼ਰਦੀਕੋਟ ਦੇ ਪ੍ਰਧਾਨ ਵੀਰ ਸਿੰਘ ਕੰਮੇਆਣਾ, ਬਲਕਾਰ ਸਿੰਘ ਸਹੋਤਾ ਜਨਰਲ ਸਕੱਤਰ ਪੰਜਾਬ ਮੰਡੀ ਬੋਰਡ ਫਰੀਦਕੋਟ, ਪਰਮਜੀਤ ਸਿੰਘ ਭੰਡਾਰੀ, ਪਰਨੀਤ ਚਾਹਲ, ਕੈਵਿਨ ਚਾਹਲ, ਬਲਜੀਤ ਕੌਰ ਡੀ.ਈ.ਓ. (ਰ), ਗੁਰਅਸੀਸ ਸਿੰਘ, ਗੁਰਸੇਵਕ ਸਿੰਘ ਮੋਗਾ ਅਤੇ ਸੁਮੀਤ ਕੱਕੜ ਨੇ ਵੀ ਸਮਾਰੋਹ ਦੌਰਾਨ ਉਚੇਚ ਤੌਰ 'ਤੇ ਸ਼ਿਰਕਤ ਕੀਤੀ। ਸਮਾਰੋਹ ਦੇ ਸ਼ੁਰੂ ਵਿੱਚ ਚੇਅਰਮੈਨ ਰੱਖਰਾ ਨੇ ਸਮੂਹ ਮਿਸ਼ਨ ਮੈਂਬਰਾਂ ਦੀ ਜਾਣ-ਪਛਾਣ ਕਰਵਾਈ।ਉਪਰੰਤ ਮਿਸ਼ਨ ਮੈਂਬਰ ਮਨਪ੍ਰੀਤ ਕੌਰ ਚਹਿਲ ਨੇ ਸਮਾਰੋਹ ਵਿੱਚ ਮੌਜੂਦ ਸਭਨਾਂ ਦਾ ਸਵਾਗਤ ਕੀਤਾ ਅਤੇ ਜੀ ਆਇਆ ਕਿਹਾ।

ਸਮਾਰੋਹ ਦੌਰਾਨ 50 ਸਾਲ ਜਾਂ ਇਸ ਤੋਂ ਵੱਧ ਸਮਾਂ ਪਹਿਲਾਂ ਗ੍ਰੇਜੂਏਸ਼ਨ ਕਰ ਚੁੱਕੇ ਜਸਵੰਤ ਸਿੰਘ ਬਰਾੜ, ਜਗਦੀਸ਼ ਰਾਏ ਢੋਸੀਵਾਲ, ਸੰਤੋਖ ਸਿੰਘ ਭੰਡਾਰੀ, ਪ੍ਰਿੰ. ਕਰਤਾਰ ਸਿੰਘ ਬੇਰੀ, ਬਲਦੇਵ ਸਿੰਘ ਬੇਦੀ, ਪ੍ਰੇਮ ਕੁਮਾਰ ਬੇਰੀ, ਮਲਕੀਤ ਸਿੰਘ ਪੈਂਕ, ਦਰਸ਼ਨ ਕੱਕੜ, ਰਾਕੇਸ਼ ਲੂਣਾ, ਅਮਰ ਕਾਂਤਾ, ਚੌ. ਮੂਲ ਚੰਦ, ਕਰਨੈਲ ਸਿੰਘ ਬੇਦੀ, ਗੁਰਟੇਕ ਸਿੰਘ ਬਰਾੜ, ਹਰਚੰਦ ਸਿੰਘ, ਪ੍ਰਤਾਪ ਸਿੰਘ, ਚੌ. ਅਮੀ ਚੰਦ ਤੇ ਪ੍ਰੋ. ਕੁਲਵੰਤ ਸ਼ਰਮਾ ਆਦਿ ਸੁਪਰ ਸੀਨੀਅਰ ਡਿਗਰੀ ਹੋਲਡਰਾਂ ਨੂੰ ਮਿਸ਼ਨ ਵੱਲੋਂ ਮੁੱਖ ਮਹਿਮਾਨ ਦੁਆਰਾ ਸ਼ਾਨਦਾਰ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਸਮਾਰੋਹ ਵਿੱਚ ਸ਼ਾਮਲ ਮਿਸ਼ਨ ਸਹਿਯੋਗੀ ਅਤੇ ਸਮਾਰੋਹ ਵਿੱਚ ਸ਼ਾਮਿਲ ਸਭ ਤੋਂ ਉਮਰ ਦਰਾਜ਼ ਸੁਪਰ ਸੀਨੀਅਰ ਸਿਟੀਜਨ ਚੌ. ਦੌਲਤ ਰਾਮ ਸਿੰਘ ਕਾਨੂੰਨਗੋ, ਪ੍ਰਸਿੱਧ ਵਕੀਲ ਤੇ ਸਮਾਜ ਸੇਵਕ ਅਸ਼ੋਕ ਕੁਮਾਰ ਗਿਰਧਰ ਐਡਵੋਕੇਟ ਅਤੇ ਮਿਸ਼ਨ ਦੇ ਸੀਨੀਅਰ ਮੈਂਬਰ ਇੰਜ. ਅਸ਼ੋਕ ਕੁਮਾਰ ਭਾਰਤੀ ਸਮੇਤ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਨ ਕਰਮਜੀਤ ਸ਼ਰਮਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਪੱਤਰ ਭੇਂਟ ਕਰਕੇ ਸਨਮਾਨਤ ਕੀਤਾ ਗਿਆ।ਸਮਾਰੋਹ ਦੌਰਾਨ ਫਰੀਦਕੋਟ ਤੋਂ ਉਚੇਚੇ ਤੌਰ 'ਤੇ ਸ਼ਾਮਲ ਹੋਏ ਸਾਰੇ ਸੱਜਣਾਂ ਦਾ ਮਿਸ਼ਨ ਵੱਲੋਂ ਮੁੱਖ ਮਹਿਮਾਨ ਦੁਆਰਾ ਗੁਲਦਸਤਾ ਭੇਟ ਕਰਕੇ ਜੀ ਆਇਆਂ ਕਿਹਾ ਗਿਆ।ਮੁੱਖ ਮਹਿਮਾਨ ਬਿੰਟਾ ਬਾਂਸਲ ਨੇ ਆਪਣੇ ਸੰਬੋਧਨ ਦੌਰਾਨ ਮਿਸ਼ਨ ਵੱਲੋਂ ਸਨਮਾਨਤ ਕੀਤੇ ਗਏ ਸਾਰੇ ਗੋਲਡਨ ਜੁਬਲੀ ਡਿਗਰੀ ਹੋਲਟਰਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਲੰਮੀ ਉਮਰ ਅਤੇ ਚੰਗੀ ਸਿਹਤ ਦੀ ਕਾਮਨਾ ਕੀਤੀ।

## ਯੂਥ ਕਲੱਬ ਲੀਡਰਸ਼ਿਪ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰੰਗਲਾ ਪੰਜਾਬ ਬਣਾਉਣ ਦੇ ਉਦੇਸ਼ ਸਦਕਾ 'ਯੂਥ ਕਲੱਬ ਲੀਡਰਸ਼ਿਪ ਟ੍ਰੇਨਿੰਗ' ਪ੍ਰੋਗਰਾਮ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸੁਖਜਿੰਦਰ ਸਿੰਘ ਕਾਉਣੀ ਦੀ ਅਗਵਾਈ ਵਿੱਚ ਕਰਵਾਇਆ ਗਿਆ।ਇਸ ਮੌਕੇ ਹਲਕਾ ਕੋਆਰਡੀਨੇਟਰ ਲੰਬੀ ਖੁਸ਼ਵੀਰ ਸਿੰਘ ਮਾਨ, ਹਲਕਾ ਕੋਆਰਡੀਨੇਟਰ ਮਲੋਟ ਪ੍ਰਭਜੋਤ ਸਿੱਧੂ, ਹਲਕਾ ਕੋਆਰਡੀਨੇਟਰ ਸ੍ਰੀ ਮੁਕਤਸਰ ਸਾਹਿਬ ਰੌਬਿਨ ਵੜਿੰਗ ਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਰਘਵੀਰ ਸਿੰਘ ਮਾਨ ਆਪਣੀਆਂ ਟੀਮਾਂ ਸਮੇਤ ਮੌਜੂਦ ਸਨ।ਟ੍ਰੇਨਿੰਗ ਸੈਸ਼ਨ ਦੌਰਾਨ ਲੈਕਚਰ ਤੇ ਵੀਡੀਓਜ਼ ਰਾਹੀਂ ਪੰਜਾਬ ਨੂੰ ਨਸ਼ਾ ਮੁਕਤ ਤੇ ਭ੍ਰਿਸ਼ਟਾਚਾਰ ਮੁਕਤ ਅਤੇ ਖੇਡਾਂ ਵੱਲ ਉਤਸ਼ਾਹਤ ਕਰਨ ਦਾ ਸੁਨੇਹਾ ਦਿੱਤਾ ਗਿਆ।ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਨੇ ਕਿਹਾ ਕਿ ਰੰਗਲੇ ਪੰਜਾਬ ਦੀ ਸਿਰਜਣਾ ਦੀ ਡੋਰ ਨੌਜਵਾਨਾਂ ਦੇ ਮੋਢਿਆਂ 'ਤੇ ਹੈ ਤੇ ਨੌਜਵਾਨਾਂ ਨੂੰ ਸੂਬੇ ਦੀ ਭਲਾਈ ਪ੍ਰਤੀ ਆਪਣਾ ਰੋਲ ਸਮਝਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਸਾਡਾ ਭਵਿੱਖ ਹੈ ਤੇ ਸਾਡਾ ਭਵਿੱਖ ਮਾੜੀਆਂ ਕੁਰੀਤੀਆਂ ਤੋਂ ਦੂਰ ਰਹਿ ਕੇ ਰੁਸ਼ਨਾਉਂਦਾ ਹੋਵੇ, ਇਹ ਹੀ ਪੰਜਾਬ ਸਰਕਾਰ ਦਾ ਸੁਪਨਾ ਹੈ।ਉਨ੍ਹਾਂ ਕਿਹਾ ਕਿ ਯੂਥ ਕਲੱਬ ਲੋਕਾਂ ਨੂੰ ਨਵੀਂ ਸੇਧ ਦੇਣਗੇ, ਨੌਜਵਾਨ ਪੀੜ੍ਹੀ ਸ਼ਹੀਦ ਭਗਤ ਸਿੰਘ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਲੋਕਾਂ ਨੂੰ ਸਹੀ ਤੇ ਸਕਾਰਾਤਮਕ ਦਿਸ਼ਾ ਵੱਲ ਮੋੜਨ ਲਈ ਆਪਣਾ ਅਹਿਮ ਕਿਰਦਾਰ ਨਿਭਾਉਣਗੇ।ਇਸ ਮੌਕੇ ਸੈਲਫ਼ ਹੈਲਪ ਗਰੁੱਪ ਤੋਂ ਕਿਰਨ ਬਾਲਾ ਨੇ ਲੜਕੀਆਂ ਨੂੰ ਪ੍ਰੇਰਿਤ ਕਰਦਿਆਂ ਸਰਕਾਰ ਵੱਲੋਂ ਚਲਾਏ ਜਾ ਰਹੇ ਸੈਲਫ਼ ਹੈਲਪ ਗਰੁੱਪਾਂ ਵਿੱਚ ਨੌਜਵਾਨ ਲੜਕੀਆਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਕਰਨ ਲਈ ਵਿਭਾਗ ਵੱਲੋਂ ਸਿਲਾਈ, ਕਢਾਈ ਆਦਿ ਕੰਮਾਂ ਨਾਲ ਜੁੜਨ ਲਈ ਕਿਹਾ।

## ਵਿਧਾਇਕ ਸੁਖਾਨੰਦ ਨੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲੜਨ ਦਾ ਦਿੱਤਾ ਹੋਕਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਨਸ਼ਾ ਮੁਕਤੀ ਯਾਤਰਾ ਦੌਰਾਨ ਬਾਘਾ ਪੁਰਾਣਾ ਹਲਕੇ ਦੇ ਪਿੰਡ ਮਾੜੀ ਮੁਸਤਫਾ, ਚੰਨੂਵਾਲਾ ਤੇ ਬੁੱਧ ਸਿੰਘ ਵਾਲਾ ਵਿਖੇ ਨਸ਼ਿਆਂ ਵਿਰੁੱਧ ਹੋਕਾ ਦਿੱਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਦੱਸਿਆ ਕਿ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਤੇ ਨਸ਼ਿਆਂ ਦੀ ਅਲਾਮਤ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖ਼ਿਲਾਫ਼ ਛੇੜੀ ਫ਼ੈਸਲਾਕੁਨ ਜੰਗ ਦੇ ਅਗਲੇ ਪੜਾਅ ਤਹਿਤ ਅਸੀਂ ਪਿੰਡ ਪਿੰਡ ਜਾ ਰਹੇ ਹਾਂ।ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਦਿਆਂ ਸਹੁੰ ਵੀ ਚੁਕਾਈ।ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਕਜੁੱਟ ਹੋ ਕੇ ਲੜਨ ਲਈ ਪ੍ਰੇਰਿਆ।ਵਿਧਾਇਕ ਨੇ ਕਿਹਾ ਕਿ ਇਸ ਯਾਤਰਾ ਨੂੰ ਸ਼ੁਰੂ ਕਰਨ ਦਾ ਮੁੱਖ ਮਕਸਦ ਸੂਬੇ ਦੇ ਹਰੇਕ ਘਰ ਤੱਕ ਪਹੁੰਚ ਬਣਾ ਕੇ ਸੂਬੇ 'ਚੋਂ ਨਸ਼ਿਆਂ ਦੀ ਬੁਰਾਈ ਨੂੰ ਜੜ੍ਹ ਤੋਂ ਖ਼ਤਮ ਕਰਨਾ ਹੈ।ਉਨ੍ਹਾਂ ਦੱਸਿਆ ਕਿ ਨਸ਼ਾ ਮੁਕਤੀ ਯਾਤਰਾ ਦਾ ਆਗਾਜ਼ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਸ਼ਹੀਦ ਭਗਤ ਸਿੰਘ ਨਗਰ ਤੋਂ ਕੀਤਾ ਗਿਆ ਹੈ।ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਛੇੜੀ ਇਸ ਲੜਾਈ 'ਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਜਦ ਇਹ ਲੜਾਈ ਲੋਕ ਲਹਿਰ ਬਣ ਗਈ ਤਾਂ ਸੂਬੇ 'ਚੋਂ ਨਸ਼ਾ ਖ਼ਤਮ ਹੁੰਦਿਆਂ ਦੇਰ ਨਹੀਂ ਲੱਗੇਗੀ।

## ਲਾਹਣ ਤੇ ਨਜਾਇਜ਼ ਸ਼ਰਾਬ ਬਰਾਮਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਚੱਕ ਬਜੀਦਾ ਵਿਖੇ ਛਾਪੇਮਾਰੀ ਕਰਕੇ 400 ਲੀਟਰ ਲਾਹਣ ਤੇ ਸਾਢੇ 16 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕਰਕੇ 2 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਚੈਕਿੰਗ ਸਬੰਧੀ ਥਾਣਾ ਏਰੀਏ ਵਿੱਚ ਮੌਜੂਦ ਸੀ ਤਾਂ ਮੁਖਬਰ ਦੀ ਇਤਲਾਹ 'ਤੇ ਸੁਰੇਸ਼ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਚੱਕ ਬਜੀਦਾ ਦੇ ਘਰ ਰੇਡ ਕਰਕੇ 250 ਲੀਟਰ ਲਾਹਣ ਤੇ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕੀਤੀ, ਜਦੋਂਕਿ ਕਥਿਤ ਦੋਸ਼ੀ ਵਿਅਕਤੀ ਸੁਰੇਸ਼ ਸਿੰਘ ਮੌਕੇ ਤੋਂ ਫਰਾਰ ਹੋ ਗਿਆ। ਉਧਰ, ਇਕ ਹੋਰ ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਤਨਾਮ ਦਾਸ ਨੇ ਦੱਸਿਆ ਕਿ ਉਹ ਗਸ਼ਤ ਦੌਰਾਨ ਥਾਣੇ ਦੇ ਏਰੀਏ ਵਿੱਚ ਮੌਜੂਦ ਸੀ ਤਾਂ ਮੁਖਬਰ ਦੀ ਇਤਲਾਹ 'ਤੇ ਹੰਸਾ ਸਿੰਘ ਪੁੱਤਰ ਫੌਜਾ ਸਿੰਘ ਵਾਸੀ ਚੱਕ ਬਜੀਦਾ ਦੇ ਘਰ ਰੇਡ ਕਰਕੇ 150 ਲੀਟਰ ਲਾਹਣ ਤੇ ਸਵਾ 7 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕੀਤੀ ਗਈ, ਜਦੋਂਕਿ ਹੰਸਾ ਸਿੰਘ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਵੱਲੋਂ ਥਾਣਾ ਸਦਰ ਜਲਾਲਾਬਾਦ ਵਿਖੇ ਵੱਖ ਵੱਖ ਮੁਕੱਦਮਿਆਂ ਵਿੱਚ ਆਬਕਾਰੀ ਐਕਟ ਤਹਿਤ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਮੈਰਿਟ 'ਚ ਆਉਣ ਵਾਲੀ ਵਿਦਿਆਰਥਣ ਨੂੰ 31 ਹਜ਼ਾਰ ਰੁਪਏ ਦੇਣ ਦਾ ਐਲਾਨ



**ਕੋਟਕਪੂਰਾ (ਰਛਪਾਲ ਭੁੱਲਰ)**-ਸਿਹਤ ਤੇ ਸਿੱਖਿਆ ਪ੍ਰਬੰਧਾਂ ਵਿੱਚ ਸੁਧਾਰ ਕਰਕੇ ਵਧੀਆ ਤੇ ਮਿਆਰੀ ਸੇਵਾਵਾਂ ਮੁਫ਼ਤ ਮੁਹੱਈਆ ਕਰਾਉਣੀਆਂ ਪੰਜਾਬ ਸਰਕਾਰ ਦਾ ਪਹਿਲਾ ਟੀਚਾ ਹੈ। ਇਹ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਡਾ. ਹਰੀ ਸਿੰਘ ਸੇਵਕ ਸਕੂਲ ਆਫ਼ ਐਮੀਨੈਂਸ ਵਿਖੇ ਦਸਵੀਂ ਦੇ ਨਤੀਜਿਆਂ ਵਿੱਚ ਪੰਜਾਬ ਦੀ ਮੈਰਿਟ ਸੂਚੀ ਵਿੱਚ ਆਪਣਾ ਨਾਂਅ ਦਰਜ ਕਰਾਉਣ ਵਾਲੀ ਵਿਦਿਆਰਥਣ ਸਿਮਰਨਜੋਤ ਕੌਰ ਨੂੰ ਮੁਬਾਰਕਬਾਦ ਤੇ ਆਸ਼ੀਰਵਾਦ ਦੇਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥਣ ਨੂੰ ਹੌਸਲਾ ਅਫ਼ਜ਼ਾਈ ਲਈ 31 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਜਾਵੇਗੀ। ਉਨ੍ਹਾਂ ਸਿਮਰਨਜੋਤ ਕੌਰ ਨੂੰ ਪੜ੍ਹਾਈ ਸਮੇਤ ਹੋਰ ਵੱਖ-ਵੱਖ ਖੇਤਰਾਂ ਜਿਵੇਂ ਕਿ ਸੱਭਿਆਚਾਰ, ਧਾਰਮਿਕ, ਵਾਤਾਵਰਣ ਤੇ ਖੇਡਾਂ ਵਿੱਚ ਵੀ ਦਿਲਚਸਪੀ ਲੈਣ ਲਈ ਪ੍ਰੇਰਤ ਕੀਤਾ। ਸਪੀਕਰ ਸੰਧਵਾਂ ਨੇ ਕਿਹਾ ਕਿ ਹੁਣ ਸਰਕਾਰੀ ਸਕੂਲਾਂ ਦੀ ਦਸ਼ਾ ਤੇ ਦਿਸ਼ਾ ਬਦਲਣ ਕਾਰਨ ਵੱਡੇ-ਵੱਡੇ ਅਫਸਰਾਂ, ਲੀਡਰਾਂ ਤੇ ਅਧਿਆਪਕਾਂ ਨੇ ਵੀ ਆਪਣੇ ਬੱਚੇ ਸਰਕਾਰੀ ਸਕੂਲਾਂ, ਕਾਲਜਾਂ ਵਿੱਚ ਪੜ੍ਹਾਉਣੇ ਸ਼ੁਰੂ ਕਰ ਦਿੱਤੇ ਹਨ, ਕਿਉਂਕਿ ਹੁਣ ਸਰਕਾਰੀ ਸਕੂਲਾਂ ਤੇ ਕਾਲਜਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਮਿਲਣੀ ਸ਼ੁਰੂ ਹੋ ਗਈ ਹੈ। ਸਪੀਕਰ ਸੰਧਵਾਂ ਵੱਲੋਂ ਕੀਤੇ ਸਵਾਲ ਦੇ ਜਵਾਬ ਵਿੱਚ ਸਿਮਰਨਜੋਤ ਕੌਰ ਨੇ ਆਖਿਆ ਕਿ ਉਹ ਡਾਕਟਰ ਬਣ ਕੇ ਲੋੜਵੰਦ ਲੋਕਾਂ ਦੀ ਸੇਵਾ ਕਰਨ ਦੀ ਇੱਛਾ ਰੱਖਦੀ ਹੈ। ਸਿਮਰਨਜੋਤ ਕੌਰ ਨੇ ਕਿਹਾ ਕਿ ਮੈਂ ਜਾਂ ਮੇਰੇ ਮਾਪਿਆਂ ਨੇ ਕਦੇ ਵੀ ਨਹੀਂ ਸੀ ਸੋਚਿਆ ਕਿ ਮੇਰਾ ਸਨਮਾਨ ਕਰਨ ਲਈ ਪੰਜਾਬ ਵਿਧਾਨ ਸਭਾ ਦੇ ਸਪੀਕਰ ਖੁਦ ਆਉਣਗੇ, ਇਹ ਪਲ ਮੇਰੇ ਲਈ ਬਹੁਤ ਹੀ ਭਾਵੁਕਤਾ ਵਾਲੇ ਹਨ ਤਾਂ ਸਿਮਰਨਜੋਤ ਦੇ ਮਾਪਿਆਂ ਸਮੇਤ ਉੱਥੇ ਹਾਜ਼ਰੀਨ ਪਤਵੰਤੇ ਵੀ ਭਾਵੁਕ ਹੋ ਗਏ। ਗੁੱਡ ਮੌਰਨਿੰਗ ਵੈਲਫੇਅਰ ਕਲੱਬ ਵੱਲੋਂ ਪੁੱਜੇ ਪ੍ਰੋ. ਐੱਚ.ਐੱਸ. ਪਦਮ, ਗੁਰਿੰਦਰ ਸਿੰਘ ਮਹਿੰਦੀਰੱਤਾ, ਕੈਪਟਨ ਰੂਪ ਚੰਦ ਅਰੋੜਾ, ਮੁਖਤਿਆਰ ਸਿੰਘ ਮੱਤਾ, ਸੋਮਇੰਦਰ ਸੁਨਾਮੀ, ਜਸਵਿੰਦਰ ਸਿੰਘ ਬਰਾੜ ਆਦਿ ਨੇ ਪੇਸ਼ਕਸ਼ ਕੀਤੀ ਕਿ ਜੇਕਰ ਸਿਮਰਨਜੋਤ ਕੌਰ ਮਿਲਟਰੀ ਵਿੱਚ ਡਾਕਟਰੀ ਦੀਆਂ ਸੇਵਾਵਾਂ ਨਿਭਾਉਣਾ ਚਾਹੁੰਦੀ ਹੈ ਤਾਂ ਉਸਦਾ ਕਲੱਬ ਵੱਲੋਂ ਸਹਿਯੋਗ ਕੀਤਾ ਜਾ ਸਕਦਾ ਹੈ। ਸਕੂਲ ਦੇ ਪ੍ਰਿੰਸੀਪਲ ਪੰਨਾ ਲਾਲ ਨੇ ਆਪਣੇ ਵੱਲੋਂ 11 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਸੌਂਪਦਿਆਂ ਆਖਿਆ ਕਿ ਸਿਮਰਨਜੋਤ ਕੌਰ ਦੀ 12ਵੀਂ ਤੱਕ ਫ਼ੀਸ ਮਾਫ਼ ਹੋਵੇਗੀ, ਵਰਦੀਆਂ ਤੇ ਕਿਤਾਬਾਂ ਵੀ ਮੁਫ਼ਤ ਮੁਹੱਈਆ ਕਰਾਈਆਂ ਜਾਣਗੀਆਂ। ਦਸਵੀਂ ਦੇ ਇੰਚਾਰਜ ਲੈਕ. ਸੁਧੀਰ ਸੋਹੀ ਨੇ ਵੀ ਉਕਤ ਵਿਦਿਆਰਥਣ ਦੀਆਂ ਚੰਗੀਆਂ ਤੇ ਉਸਾਰੂ ਆਦਤਾਂ ਦਾ ਵਰਨਣ ਕੀਤਾ। ਸਿਮਰਨਜੋਤ ਦੇ ਪਿਤਾ ਗੁਰਚਰਨ ਸਿੰਘ ਤੇ ਮਾਤਾ ਜਸਪ੍ਰੀਤ ਕੌਰ ਨੇ ਦੱਸਿਆ ਕਿ ਇਹ ਬੱਚੀ ਨਰਸਰੀ ਜਮਾਤ ਤੋਂ ਹੀ ਹੁਸ਼ਿਆਰ ਹੈ, ਹਰ ਸਾਲ ਪਹਿਲੀ ਪੁਜੀਸ਼ਨ ਲੈਂਦੀ ਹੈ ਤੇ ਉਨ੍ਹਾਂ ਨੂੰ ਪੂਰਨ ਉਮੀਦ ਹੈ ਕਿ ਇਹ ਬੇਟੀ ਬਹੁਤ ਵੱਡੀ ਅਫ਼ਸਰ ਬਣੇਗੀ।

## ਮਹਿਕਪ੍ਰੀਤ ਕੌਰ ਨੇ 14ਵਾਂ ਰੈਂਕ ਪ੍ਰਾਪਤ ਕੀਤਾ



**ਦੋਰਾਹਾ (ਹਰਮਿੰਦਰ ਸੇਠ)**-ਹਾਈ ਸਕੂਲ ਘੁੰਗਰਾਲੀ ਰਾਜਪੂਤਾਂ ਦੀ ਹੋਣਹਾਰ ਵਿਦਿਆਰਥਣ ਮਹਿਕਪ੍ਰੀਤ ਕੌਰ ਨੇ ਦਸਵੀਂ ਬੋਰਡ ਕਲਾਸ ਵਿੱਚੋਂ ਪੰਜਾਬ ਭਰ ਵਿੱਚੋਂ 14ਵਾਂ ਰੈਂਕ ਹਾਸਲ ਕਰਕੇ ਆਪਣਾ, ਆਪਣੇ ਮਾਤਾ ਪਿਤਾ ਤੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ।ਬਾਬਾ ਸਾਹਿਬ ਸਿੰਘ ਬੇਦੀ ਸੰਸਥਾ ਬਰਮਾਲੀਪੁਰ ਦੇ ਮੈਨੇਜਿੰਗ ਡਾਇਰੈਕਟਰ ਮਨਪ੍ਰੀਤ ਸਿੰਘ ਰਣਦਿਓ ਨੇ ਵਿਦਿਆਰਥਣ ਨੂੰ ਸਨਮਾਨ ਚਿੰਨ੍ਹ ਦੇ ਕੇ ਵਧਾਈ ਦਿੱਤੀ।ਹੈਡ ਮਾਸਟਰ ਗੁਰਦੀਪ ਕੁਮਾਰ ਘਈ, ਸਮੂਹ ਸਟਾਫ਼ ਮੈਂਬਰ ਸਾਹਿਬਾਨ, ਮਾਤਾ ਪਿਤਾ ਤੇ ਵਿਦਿਆਰਥੀ ਹਾਜ਼ਰ ਸਨ।ਰਣਦਿਓ ਨੇ ਮਹਿਕਪ੍ਰੀਤ ਕੌਰ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਤੇ ਸ਼ੁਭਕਾਮਨਾਵਾਂ ਦਿੱਤੀਆਂ।

## ਸੁਖਮੰਦਰ ਕੌਰ ਦੀ ਪਲੇਠੀ ਪੁਸਤਕ 'ਕੂਕ ਸਰਹੱਦੋਂ ਪਾਰ ਦੀ' ਰਿਲੀਜ਼



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਲੋਕ ਸਾਹਿਤ ਅਕੈਡਮੀ ਤੇ ਪ੍ਰਗਤੀਸ਼ੀਲ ਮੰਚ ਮੋਗਾ ਦੇ ਸਹਿਯੋਗ ਨਾਲ ਲੇਖਕ ਸੁਖਮੰਦਰ ਕੌਰ ਮੋਗਾ ਦੀ ਲਿਪੀਅੰਤਰਨ ਪਹਿਲੀ ਕਿਤਾਬ 'ਕੂਕ ਸਰਹੱਦੋਂ ਪਾਰ ਦੀ' ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਰਿਲੀਜ਼ ਕੀਤੀ ਗਈ।ਇਸ ਸਮੇਂ ਸੁਰਜੀਤ ਬਰਾੜ ਘੋਲੀਆ, ਬਲਦੇਵ ਸਿੰਘ ਸੜਕਨਾਮਾ, ਡਾਕਟਰ ਕੁਲਦੀਪ ਸਿੰਘ ਦੀਪ, ਨਿਰੰਜਨ ਬੋਹਾ, ਗੁਰਮੀਤ ਕੜਿਆਲਵੀ, ਡਾ. ਸੁਰਜੀਤ ਜੱਜ, ਮਨਦੀਪ ਕੌਰ ਘਈ, ਬੀਬੀ ਜਰਨੈਲ ਕੌਰ ਬਿਲਾਸਪੁਰ, ਦਿਲਬਾਗ ਸਿੰਘ ਮੋਗਾ, ਜਗਜੀਤ ਸਿੰਘ ਜੌੜਾ, ਗੁਰਨਾਮ ਬਾਵਾ ਅੰਬਾਲਾ, ਚਰਨ ਸਿੰਘ ਭਦੌੜ, ਲੇਖਿਕਾ ਸੁਖਮੰਦਰ ਕੌਰ ਮੋਗਾ, ਅਸ਼ੋਕ ਚੁਟਾਨੀ, ਜਗਦੀਸ਼ ਰਾਣਾ ਆਦਿ ਨੇ ਵਿਚਾਰ ਚਰਚਾ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਸੁਖਮੰਦਰ ਦਾ ਇਹ ਉਪਰਾਲਾ ਸਲਾਹੁਣਯੋਗ ਹੈ। ਇਸ ਕਾਰਜ ਤੋਂ ਨਵੀਂ ਪੀੜ੍ਹੀ ਦੇ ਲੇਖਕ ਬਹੁਤ ਸੇਧ ਲੈਣਗੇ।ਉਨ੍ਹਾਂ ਕਿਹਾ ਕਿ ਸੁਖਮੰਦਰ ਚੜ੍ਹਦੇ ਤੇ ਲਹਿੰਦੇ ਪੰਜਾਬ ਦੇ ਲੇਖਕਾਂ ਦਾ ਪੁਲ਼ ਹੈ।ਇਸ ਪੁਸਤਕ ਰਿਲੀਜ਼ ਸਮਾਗਮ ਦਾ ਸਟੇਜ ਸੰਚਾਲਨ ਚਰਨਜੀਤ ਸਮਾਲਸਰ ਨੇ ਬੜੇ ਪਿਆਰੇ ਸ਼ਬਦਾਂ ਨਾਲ ਕਰਿਆ। ਇਸ ਸਮੇਂ ਪ੍ਰਸਿੱਧ ਸਾਹਿਤਕਾਰ ਗੁਰਮੇਲ ਸਿੰਘ ਬੌਡੇ ਨੂੰ ਮਿਊਜ਼ਿਕ ਕੰਪਨੀ ਵਲੇਜ਼ਰ ਕਿੰਗ ਦੀ ਟੀਮ ਸੁੱਖ ਧਾਲੀਵਾਲ ਕੈਨੇਡਾ, ਰਣਦੀਪ ਸਿੰਘ ਰਾਮਾ, ਰਣਜੀਤ ਸਿੰਘ ਰਾਮਾ ਤੇ ਮਿੰਟੂ ਖੁਰਮੀ ਹਿੰਮਤਪੁਰਾ ਵੱਲੋਂ ਸਨਮਾਨਤ ਕੀਤਾ ਗਿਆ।ਇਸ ਸਮੇਂ ਸੂਖਮ ਲਿਖਣ ਕਲਾ ਕੈਲੇਗ੍ਰਾਫੀ ਦੀ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਪ੍ਰਸਿੱਧ ਆਰਟਿਸਟ ਜਰਨੈਲ ਸਿੰਘ ਮੋਗਾ, ਰੁਪਿੰਦਰ ਕੌਰ ਬਲਾਸੀ, ਸੁਖਮੰਦਰ ਕੌਰ ਮੋਗਾ ਨੇ ਆਪਣੀਆਂ ਲਿਖਤਾਂ ਰਾਹੀਂ ਹਾਜ਼ਰੀ ਭਰੀ।ਸਮਾਗਮ ਦੇ ਅੰਤ ਵਿੱਚ ਹੋਏ ਕਵੀ ਦਰਬਾਰ ਵਿੱਚ ਨਿਰਮਲ ਪੱਤੋਂ, ਅਮਰੀਕ ਸਿੰਘ ਸੈਦੋਕੇ, ਮੰਗਲਮੀਤ ਸਿੰਘ, ਜਸਵੰਤ ਬੋਪਾਰਾਏ, ਹਰਵਿੰਦਰ ਸਿੰਘ ਬਿਲਾਸਪੁਰ, ਜਸਵੰਤ ਸਿੰਘ ਰਾਊਕੇ, ਗੁਰਬਚਨ ਕਮਲ, ਅਜਮੇਰ ਸਿੰਘ ਮੋਗਾ ਆਦਿ ਨੇ ਆਪਣੀਆਂ ਲਿਖਤਾਂ ਰਾਹੀਂ ਮਾਹੌਲ ਨੂੰ ਚਾਰ ਚੰਨ ਲਾਏ।

## ਮੁਫ਼ਤ ਆਰ ਓ ਸਿਸਟਮ ਦਾ ਐੱਮ ਐੱਲ ਏ ਵੱਲੋਂ ਉਦਘਾਟਨ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਬੱਚਿਆਂ ਨੂੰ ਸਾਫ਼ ਪਾਣੀ ਦੇਣ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੋਖਰ ਵਿੱਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮੁਫ਼ਤ ਆਰ ਓ ਸਿਸਟਮ ਲਾਇਆ ਗਿਆ ਸੀ, ਜਿਸ ਦਾ ਉਦਘਾਟਨ ਜਗਦੀਪ ਸਿੰਘ ਬਰਾੜ ਐਮ ਐਲ ਏ ਵੱਲੋਂ ਕੀਤਾ ਗਿਆ। ਭਾਸ਼ਣ ਵਿੱਚ ਉਨ੍ਹਾਂ ਵੱਲੋਂ ਡਾ. ਐਸ ਪੀ ਸਿੰਘ ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਟਰੱਸਟ ਵੱਲੋਂ ਦੁਨੀਆ ਭਰ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ ਗਈ।ਅਰਵਿੰਦਰਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਮਾਲਵਾ ਖੇਤਰ ਦਾ ਪਾਣੀ ਬਹੁਤ ਹੀ ਮਾੜਾ ਹੈ, ਜਿਸ ਕਾਰਨ ਲੋਕ ਵੱਖ-ਵੱਖ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ।ਇਸ ਸਕੂਲ ਵੱਲੋਂ ਡਾ. ਓਬਰਾਏ ਨੂੰ ਸਕੂਲ ਵਿੱਚ ਆਰ ਓ ਸਿਸਟਮ ਲਾਉਣ ਲਈ ਬੇਨਤੀ ਕੀਤੀ ਗਈ ਸੀ, ਤਾਂ ਬੱਚਿਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਡਾਕਟਰ ਓਬਰਾਏ ਵੱਲੋਂ ਤੁਰੰਤ ਆਰ ਓ ਸਿਸਟਮ ਭੇਜਿਆ ਗਿਆ ਸੀ। ਬੱਚਿਆਂ ਦੇ ਮਾਪਿਆਂ ਵੱਲੋਂ ਤੇ ਨਗਰ ਪੰਚਾਇਤ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ।

# ਸ਼ਹੀਦੀ ਪੁਰਬ ਨੂੰ ਸਮਰਪਤ ਜਪੁਜੀ ਸਾਹਿਬ ਕੰਠ ਮੁਕਾਬਲੇ ਕਰਵਾਏ



**ਜਲਾਲਾਬਾਦ (ਜੀਤ ਕੁਮਾਰ)**-ਪੰਚਮ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਪਵਿੱਤਰ ਸ਼ਹੀਦੀ ਦਿਹਾੜੇ ਨੂੰ ਸਮਰਪਤ ਜਪੁਜੀ ਸਾਹਿਬ ਕੰਠ ਮੁਕਾਬਲੇ ਗੁਰਦੁਆਰਾ ਅਰਜਨ ਦੇਵ ਜੀ ਮੁਹੱਲਾ ਗਾਂਧੀ ਨਗਰ ਜਲਾਲਾਬਾਦ ਵਿਖੇ ਗੁਰਬਾਣੀ ਚੇਤਨਾ ਮਿਸ਼ਨ ਵੱਲੋਂ ਕਰਵਾਏ ਗਏ, ਜਿਸ ਵਿੱਚ ਕੁੱਲ 23 ਪ੍ਰੀਖਿਆਰਥਆਂ ਨੇ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਜਸਵਿੰਦਰ ਪਾਲ ਸਿੰਘ ਸਾਬਕਾ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਦੱਸਿਆ ਕਿ ਇਹ ਮੁਕਾਬਲੇ ਪਾਇਮਰੀ, ਮਿਡਲ ਅਤੇ ਸੀਨੀਅਰ ਤੇ ਸੰਗਤ ਗਰੁੱਪ ਵਿੱਚ ਵੰਡ ਕੇ ਕਰਵਾਏ ਗਏ। ਪ੍ਰਾਇਮਰੀ ਗਰੁੱਪ ਦਾ ਜ਼ੁਬਾਨੀ ਤੇ ਬਾਕੀ ਗਰੁੱਪਾਂ ਦੇ ਲਿਖਤੀ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਦੇ ਨਤੀਜੇ ਦਾ ਐਲਾਨ ਬਖਸ਼ੀਸ਼ ਸਿੰਘ ਨੰਬਰਦਾਰ ਵੱਲੋਂ ਕੀਤਾ ਗਿਆ। ਇਸ ਮੁਕਾਬਲੇ 'ਚ ਸਭ ਤੋਂ ਛੋਟੀ ਉਮਰ (ਪੌਣੇ ਤਿੰਨ ਸਾਲ) ਦੀ ਬੱਚੀ ਸੰਪੂਰਨ ਕੌਰ ਸੰਗਤਾਂ ਦੀ ਵਿਸ਼ੇਸ਼ ਖਿੱਚ ਦਾ ਕਰਨ ਬਣੀ ਤੇ ਇਸ ਦਾ ਵਿਸ਼ੇਸ਼ ਸਨਮਾਨ ਚਿੰਨ੍ਹ ਦੇ ਕੇ ਉਤਸ਼ਾਹ ਵਧਾਇਆ ਗਿਆ। ਪਹਿਲੇ, ਦੂਜੇ ਤੇ ਤੀਜੇ ਸਥਾਨ ਹਾਸਲ ਕਰਨ ਵਾਲਿਆਂ ਨੂੰ ਪ੍ਰਬੰਧਕ ਕਮੇਟੀ ਗੁਰਦੁਆਰਾ ਗੁਰੂ ਅਰਜਨ ਦੇਵ ਜੀ ਵੱਲੋਂ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਬਾਕੀ ਭਾਗ ਲੈਣ ਵਾਲਿਆਂ ਨੂੰ ਕਾਪੀ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਇਨ੍ਹਾਂ ਮੁਕਬਾਲਿਆਂ ਨੂੰ ਸਫਲ ਬਣਾਉਣ ਲਈ ਪਰਮਪ੍ਰੀਤ ਸਿੰਘ ਪ੍ਰਿੰਸ, ਸਤਵਿੰਦਰ ਪਾਲ ਸਿੰਘ ਹੈਪੀ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ, ਬਖਸ਼ੀਸ਼ ਸਿੰਘ ਨੰਬਰਦਾਰ, ਜੋਗਿੰਦਰ ਪਾਲ ਸਿੰਘ ਹਾਂਡਾ ਦਾ ਵਿਸ਼ੇਸ਼ ਯੋਗਦਾਨ ਰਿਹਾ।

## ਦਰਬਾਰ ਬਾਬਾ ਨੌਗਜ਼ਾ ਪੀਰ ਦਾ ਸਾਲਾਨਾ ਉਰਸ ਮੇਲਾ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਦਰਬਾਰ ਪੀਰ ਬਾਬਾ ਨੌਗਜਾ ਪਿੰਡ ਦੁੱਲੜ ਵਿਖੇ ਗੱਦੀ ਨਸ਼ੀਨ ਇਮਰਾਨ ਸ਼ਾਹ ਦੀ ਅਗਵਾਈ ਹੇਠ ਸਾਲਾਨਾ ਉਰਸ ਮੇਲਾ ਧੂਮਧਾਮ ਤੇ ਸ਼ਰਧਾਪੂਰਵਕ ਕਰਵਾਇਆ ਗਿਆ।ਇਸ ਮੌਕੇ ਬਾਬਾ ਜੰਟਾ ਜੀ ਦਰਗਾਹ ਬਾਬਾ ਸਯੀਅਦ ਅਲੀ ਰਾਜਲਾ ਤੇ ਰਣਜੀਤ ਸਾਈਂ ਨੇ ਹਾਜ਼ਰੀ ਭਰੀ, ਪੀਰ ਬਾਬਾ ਨੌਗਜਾ ਜੀ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਸੰਗਤਾਂ ਨੂੰ ਇਸ ਮੇਲੇ ਦੀ ਮੁਬਾਰਕਬਾਦ ਦਿੱਤੀ।ਇਸ ਮੌਕੇ ਪੰਜਾਬ ਦੀ ਨਾਮੀ ਗਾਇਕਾ ਜਸਵਿੰਦਰ ਬਰਾੜ ਵੱਲੋਂ ਆਪਣੀ ਗਾਇਕੀ ਨਾਲ ਸੰਗਤਾਂ ਨੂੰ ਮੰਤਰ ਮੁਗਧ ਕੀਤਾ ਗਿਆ।ਇਸ ਦੇ ਨਾਲ ਹੀ ਮੇਲੇ ਵਿੱਚ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਵਿੰਜਨਾਂ ਦਾ ਲੰਗਰ ਲਗਾਇਆ ਗਿਆ।ਦਰਬਾਰ ਗੱਦੀ ਨਸ਼ੀਨ ਇਮਰਾਨ ਸ਼ਾਹ ਜੀ ਨੇ ਦੱਸਿਆ ਕਿ ਇਸ ਮੇਲੇ ਨੂੰ ਪਿੰਡ ਦੀ ਸਮੂਹ ਪੰਚਾਇਤ, ਨੌਜਵਾਨਾਂ ਤੇ ਐੱਨ.ਆਰ.ਆਈ. ਨੌਜਵਾਨਾਂ ਦਾ ਬਹੁਤ ਵੱਡਾ ਸਹਿਯੋਗ ਮਿਲਦਾ ਹੈ ਅਤੇ ਉਹ ਸਭ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ।

## ਨਸ਼ਿਆਂ ਵਿਰੁੱਧ ਮੁਹਿਮ ਦਿਖਾਵੇਗੀ ਰੰਗ : ਡੀ ਐੱਸ ਪੀ



**ਲਹਿਰਾਗਾਗਾ (ਪਵਨ ਸ਼ਰਮਾ)**-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ ਭੁਟਾਲ ਕਲਾਂ ਵਿਖੇ ਅਸਰਦਾਰ ਢੰਗ ਨਾਲ ਕਾਰਵਾਈ ਕਰਦੇ ਹੋਏ ਨਸ਼ਿਆਂ ਦੇ ਕਾਰੋਬਾਰ ਨੂੰ ਠੱਲ੍ਹ ਪਾਈ ਗਈ ਹੈ।ਮੁਹਿੰਮ ਦੌਰਾਨ 13 ਮਾਰਚ ਤੋਂ 12 ਮਈ ਤੱਕ 8 ਕਥਿਤ ਨਸ਼ਾ ਸਮੱਗਲਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਿਆ ਗਿਆ ਹੈ।ਡੀ.ਐਸ.ਪੀ. ਲਹਿਰਾ, ਦੀਪਇੰਦਰ ਸਿੰਘ ਜੇਜੀ ਨੇ ਦੱਸਿਆ ਕਿ ਮੁਲਜ਼ਮਾਂ ਪਾਸੋਂ 25 ਗ੍ਰਾਮ ਹੈਰੋਇਨ, 960 ਨਸ਼ੀਲੀਆਂ ਗੋਲੀਆਂ, 20 ਨਸ਼ੀਲੀਆਂ ਸ਼ੀਸ਼ੀਆਂ ਬ੍ਰਾਮਦ ਕੀਤੀਆਂ ਗਈਆਂ ਹਨ।ਡੀ.ਐੱਸ.ਪੀ. ਨੇ ਦੱਸਿਆ ਕਿ ਨਸ਼ਾ ਕਰਨ ਦੇ ਆਦੀ 20 ਨਸ਼ਾ ਪੀੜਤਾਂ ਦਾ ਨਸ਼ਾ ਛੁਡਾਊ ਕੇਂਦਰ ਰਾਹੀਂ ਇਲਾਜ ਕਰਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਭੁਟਾਲ ਕਲਾਂ ਵਿਖੇ ਸਖਤ ਨਿਗਰਾਨੀ ਜਾਰੀ ਹੈ।ਪਿੰਡ ਭੁਟਾਲ ਕਲਾਂ ਨੂੰ ਹਰ ਹਾਲਤ ਨਸ਼ਾ ਮੁਕਤ ਕੀਤਾ ਜਾਵੇਗਾ ਤੇ ਕਿਸੇ ਵੀ ਨਸ਼ਾ ਵੇਚਣ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ।ਐਨ.ਡੀ.ਪੀ.ਐਸ.ਐਕਟ ਤਹਿਤ ਥਾਣਾ ਲਹਿਰਾ ਵਿਖੇ ਜਿਨ੍ਹਾਂ ਖਿਲਾਫ਼ ਕੇਸ ਦਰਜ ਕਰਕੇ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਵਿੱਚ ਗੁਰਦੀਪ ਸਿੰਘ ਉਰਫ਼ ਦੀਪ, ਸਤਵੀਰ ਸਿੰਘ ਉਰਫ਼ ਸਤਵੀਰ ਪੁਰੀ, ਹਰਜਿੰਦਰ ਸਿੰਘ ਉਰਫ਼ ਕਾਲਾ, ਸੋਹਣ ਸਿੰਘ ਉਰਫ਼ ਸੋਨੂੰ, ਹਰਵਿੰਦਰ ਪੁਰੀ ਉਰਫ਼ ਬਿੰਦਰ, ਸਰਨਪ੍ਰੀਤ ਸਿੰਘ, ਮੋਹਨ ਸਿੰਘ ਉਰਫ਼ ਮੋਨਾ ਤੇ ਗੁਰਦੇਵ ਸਿੰਘ ਉਰਫ਼ ਗੁਰੀਆ ਵਾਸੀਆਨ ਭੁਟਾਲ ਕਲਾਂ ਸ਼ਾਮਲ ਹਨ।

## ਪੰਜਾਬ ਨੈਸ਼ਨਲ ਬੈਂਕ ਦੇ ਸੇਵਾ-ਮੁਕਤ ਅਧਿਕਾਰੀਆਂ ਵੱਲੋਂ ਮਿਲਣੀ ਸਮਾਗਮ



**ਧੂਰੀ (ਸੁਖਦੇਵ ਸ਼ਰਮਾ)**-ਬੀਤੇ ਦਿਨ ਪੰਜਾਬ ਨੈਸ਼ਨਲ ਬੈਂਕ ਦੇ ਸੇਵਾ ਮੁਕਤ ਅਧਿਕਾਰੀਆਂ ਦੀ ਮਿਲਣੀ ਦਾ ਇੱਕ ਪ੍ਰੋਗਰਾਮ ਹੋਟਲ ਰੇਮਸਨਜ਼ ਕਰਾਊਨ ਸੰਗਰੂਰ ਵਿਖੇ ਕੀਤਾ ਗਿਆ।ਇਸ ਮਿਲਣੀ ਵਿੱਚ ਸੰਗਰੂਰ, ਧੂਰੀ, ਬਰਨਾਲਾ, ਬਠਿੰਡਾ, ਬੁਢਲਾਡਾ, ਪਟਿਆਲਾ ਤੇ ਚੰਡੀਗੜ੍ਹ ਤੋਂ ਬੈਂਕ ਦੇ ਰਿਟਾਇਰਡ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ।ਪ੍ਰੋਗਰਾਮ ਦੀ ਖਾਸੀਅਤ ਇਹ ਰਹੀ ਕਿ ਜੋਤਿਸ਼ ਵਿਗਿਆਨ ਦੇ ਗਿਆਤਾ ਵਿਦਵਾਨ ਸ੍ਰ: ਗੁਲਜ਼ਾਰ ਸਿੰਘ ਸੰਧੂ ਨਾਲ ਰੂਬਰੂ ਕਰਵਾਇਆ ਗਿਆ।ਉਨ੍ਹਾ ਗੁਰਬਾਣੀ ਵਿੱਚ ਜੋਤਿਸ਼ ਵਿੱਦਿਆ ਬਾਰੇ ਮਿਲਦੇ ਸੰਖੇਪ ਹਵਾਲਿਆਂ ਬਾਰੇ ਵੀ ਦੱਸਿਆ।ਸ੍ਰੀ ਕੇ ਸੀ ਸ਼ਰਮਾ ਤੇ ਪਟਿਆਲੇ ਤੋਂ ਆਏ ਰਮੇਸ਼ ਇੰਦਰ ਸ਼ਰਮਾ, ਜੋਕਿ ਆਪ ਖੁਦ ਵੀ ਜੋਤਿਸ਼ ਵਿਗਿਆਨ ਬਾਰੇ ਗਿਆਨ ਰੱਖਦੇ ਹਨ, ਨੇ ਸ੍ਰੀ ਸੰਧੂ ਦਾ ਧੰਨਵਾਦ ਕੀਤਾ।ਜਗਦੇਵ ਸ਼ਰਮਾ, ਕੰਵਰਜੀਤ ਸਿੰਘ, ਸ਼ਕਤੀ ਮਿੱਤਲ, ਪਵਨ ਜਿੰਦਲ ਤੇ ਵਿਨੋਦ ਰਿਸ਼ੀ ਨੇ ਆਪਣੇ ਫ਼ਨ ਦਾ ਮੁਜ਼ਾਹਰਾ ਕਰ ਕੇ ਹਾਜ਼ਰੀਨ ਦਾ ਖੂਬ ਮਨੋਰੰਜਨ ਕੀਤਾ।ਉਪਰੋਕਤ ਤੋਂ ਇਲਾਵਾ ਸਰਬਸ੍ਰੀ ਆਰ ਸੀ ਜਿੰਦਲ, ਜਨਕ ਰਾਜ, ਸੁਭਾਸ਼ ਗਰਗ, ਹਰਵਿੰਦਰ ਸਿੰਘ, ਪਵਨ ਗਰਗ, ਐੱਸ ਪੀ ਬਾਂਸਲ, ਰਾਮੇਸ਼ਵਰ ਚੌਧਰੀ, ਹੁਕਮ ਚੰਦ ਨਾਗਪਾਲ, ਸ਼ਾਮ ਲਾਲ ਜਿੰਦਲ, ਅਸ਼ਵਨੀ ਮਹਾਜਨ, ਟੀ ਪੀ ਜਿੰਦਲ ਤੇ ਜਸਵੰਤ ਖੇੜਾ ਮੀਟਿੰਗ ਵਿੱਚ ਹਾਜ਼ਰ ਸਨ।

# ਜ਼ਿਲ੍ਹਾ ਭਾਸ਼ਾ ਦਫਤਰ ਵੱਲੋਂ ਪੁਸਤਕ ਪ੍ਰਦਰਸ਼ਨੀ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਭਾਸ਼ਾ ਦਫਤਰ ਵੱਲੋਂ ਸਥਾਨਕ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਵਿਖੇ ਪੁਸਤਕ ਪ੍ਰਦਰਸ਼ਨੀ ਤੇ ਪੰਜਾਬੀ ਰਾਜ ਭਾਸ਼ਾ ਐਕਟ ਅਤੇ ਸਾਹਿਤ ਦੇ ਮਹੱਤਵ ਵਿਸ਼ੇ 'ਤੇ ਵਿਚਾਰ-ਚਰਚਾ ਪ੍ਰਿੰਸੀਪਲ ਗੁਰਮੇਲ ਸਿੰਘ ਮਾਖਾ ਦੀ ਪ੍ਰਧਾਨਗੀ ਹੇਠ ਕਰਵਾਈ ਗਈ, ਜਿਸ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਨੇ ਸਿਖਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਮਨੁੱਖ ਭਾਸ਼ਾ ਅੰਦਰ ਹੀ ਜਿਉਂਦਾ ਹੈ।ਪੰਜਾਬ ਰਾਜ ਦੀ ਭਾਸ਼ਾ ਪੰਜਾਬੀ ਹੈ ਤੇ ਇਸ ਵਿੱਚ ਹੀ ਕਾਰਜ ਕਰਦਿਆਂ ਅਸੀਂ ਆਪਣੀ ਤਰੱਕੀ ਕਰ ਸਕਦੇ ਹਾਂ।ਜ਼ਿਲ੍ਹਾ ਖੋਜ ਅਫ਼ਸਰ ਕਵੀ ਗੁਰਪ੍ਰੀਤ ਸਿੰਘ ਨੇ ਸਾਹਿਤ ਤੇ ਜ਼ਿੰਦਗੀ ਵਿਸ਼ੇ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਸਾਹਿਤ ਸਾਡੀਆਂ ਰੂਹਾਂ 'ਤੇ ਜੰਮੀ ਧੂੜ ਨੂੰ ਸਾਫ ਕਰਨ ਦਾ ਕੰਮ ਕਰਦਾ ਹੈ।ਜ਼ਿੰਦਗੀ ਨੂੰ ਨੇੜੇ ਤੋਂ ਸਮਝਣ ਲਈ ਸਾਹਿਤ ਪ੍ਰਮੁੱਖ ਭੂਮਿਕਾ ਨਿਭਾਉਂਦਾ ਹੈ।ਇਲੈਕਟ੍ਰੋਨਿਕਸ ਦੇ ਅਧਿਆਪਕ ਜਸਪਾਲ ਸਿੰਘ ਤੇ ਕਰਮਜੀਤ ਕੌਰ ਨੇ ਵੀ ਵਿਚਾਰ ਚਰਚਾ 'ਚ ਭਾਗ ਲਿਆ।ਇਸ ਮੌਕੇ ਵਿਭਾਗ ਵੱਲੋਂ ਸਰਬਜੀਤ ਸਿੰਘ ਨੇ ਓਮ ਪ੍ਰਕਾਸ਼ ਤੇ ਜੁਗਰਾਜ ਸਿੰਘ ਦੇ ਸਹਿਯੋਗ ਨਾਲ਼ ਵੱਡਮੁੱਲੀਆਂ ਕਿਤਾਬਾਂ ਦੀ ਪ੍ਰਦਰਸ਼ਨੀ ਵੀ ਲਗਈ ਗਈ।

## ਹਾਈ ਸਕੂਲ ਬੁਟਰ ਕਲਾਂ ਦਾ ਦਾ ਨਤੀਜਾ ਸ਼ਾਨਦਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਦਸਵੀਂ ਜਮਾਤ ਦੇ ਆਏ ਨਤੀਜਿਆਂ ਦੌਰਾਨ ਭਗਤ ਪੂਰਨ ਸਿੰਘ ਆਦਰਸ਼ ਹਾਈ ਸਕੂਲ ਬੁਟਰ ਕਲਾਂ ਕਾਦੀਆਂ ਦਾ ਨਤੀਜਾ ਵੀ ਸ਼ਾਨਦਾਰ ਰਿਹਾ ਜਿਸ ਵਿੱਚ ਦੀਕਸ਼ਾ ਪੁੱਤਰੀ ਮੋਹਨ ਲਾਲ ਨੇ 97.08% ਮੈਰਿਟ ਵਿੱਚ ਸਥਾਨ ਹਾਸਲ ਕੀਤਾ ਅਤੇ ਇਸੇ ਤਰ੍ਹਾਂ ਹੀ ਮੋਨਿਕਾ ਕੁਮਾਰੀ ਥਾਪਾ ਪੁੱਤਰੀ ਦੀਪਕ ਬਹਾਦਰ ਥਾਪਾ ਨੇ 94% ਨੰਬਰ ਲੈ ਕੇ ਦੂਸਰਾ ਸਥਾਨ ਹਾਸਿਲ ਕੀਤਾ।ਇਸੇ ਤਰ੍ਹਾਂ ਦੀਕਸ਼ਾ ਪੁੱਤਰੀ ਜਸਵਿੰਦਰ ਕੁਮਾਰ ਨੇ 93.37% ਅੰਕ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ ਸਿਮਰਨਜੋਤ ਕੌਰ ਪੁੱਤਰੀ ਕਾਬਲ ਸਿੰਘ ਨੇ 92.6 ਅੰਕ ਲੈ ਕੇ ਚੌਥਾ ਸਥਾਨ ਹਾਸਲ ਕੀਤਾ ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਲਖਵਿੰਦਰ ਕੌਰ ਦੇ ਵੱਲੋਂ ਅਤੇ ਸਮੂਹ ਸਟਾਫ ਦੇ ਵੱਲੋਂ ਬੱਚਿਆਂ ਨੂੰ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਗਈ ਅਤੇ ਨਾਲ ਹੀ ਬੱਚਿਆਂ ਦਾ ਸਕੂਲ ਦੇ ਵੱਲੋਂ ਮਾਨ ਸਨਮਾਨ ਕੀਤਾ ਗਿਆ ।ਸਕੂਲ ਪ੍ਰਿੰਸੀਪਲ ਮੈਡਮ ਲਖਵਿੰਦਰ ਕੌਰ ਨੇ ਕਿਹਾ ਕਿ ਉਨ੍ਹਾਂ ਨੂੰ ਮਾਣ ਹੈ ਕਿ ਬੱਚਿਆਂ ਨੇ ਪੰਜਾਬ ਤੇ ਜ਼ਿਲ੍ਹੇ ਭਰ ਵਿੱਚ ਸਕੂਲ ਦਾ ਨਾਮ ਰੌਸ਼ਨ ਕੀਤਾ। ਉਨ੍ਹਾਂ ਨੇ ਹੋਰਨਾਂ ਬੱਚਿਆਂ ਨੂੰ ਵੀ ਅਪੀਲ ਕੀਤੀ ਕਿ ਵੱਧ ਤੋਂ ਵੱਧ ਪੜ੍ਹਾਈ ਵੱਲ ਧਿਆਨ ਦੇਣ ਅਤੇ ਇਸੇ ਤਰ੍ਹਾਂ ਹੀ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੁੰਦੇ ਰਹਿਣ।ਦੀਕਸ਼ਾ ਪੁੱਤਰੀ ਮੋਹਨ ਲਾਲ ਨੇ ਪੰਜਾਬ ਵਿੱਚੋਂ 19ਵਾਂ ਰੈਂਕ ਹਾਸਿਲ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰ. ਮੈਡਮ ਲਖਵਿੰਦਰ ਕੌਰ, ਵਾਈਸ ਪ੍ਰਿੰ. ਮੈਡਮ ਕੰਵਲਜੀਤ ਕੌਰ, ਪ੍ਰਿਤਪਾਲ ਕੌਰ, ਨੂਤਨ ਕੋਹਲੀ, ਹਰਪ੍ਰੀਤ ਸਿੰਘ, ਮਨਮੋਹਨ ਕੁਮਾਰ ਗੁਪਤਾ, ਨਿਰਮਲਜੀਤ ਸਿੰਘ, ਸੁਖਜਿੰਦਰ ਸਿੰਘ, ਰਾਜੇਸ਼ ਭਾਟੀਆ, ਸਤਿੰਦਰ ਸਿੰਘ, ਚਰਨਜੀਤ ਕੌਰ, ਜਸਬੀਰ ਕੌਰ, ਰਜਨੀ ਤੁਲੀ, ਰੇਖਾ ਮਹਾਜਨ, ਸੁਖਬਿੰਦਰ ਕੌਰ, ਪ੍ਰੋਮਿਲਾ ਕੁਮਾਰੀ, ਸ਼ਵੇਤਾ ਕਾਲੀਆ, ਰਾਜਵਿੰਦਰ ਕੌਰ, ਮਨੀਸ਼ਾ ਮਹਾਜਨ ਹਾਜ਼ਰ ਸਨ।



## ਦਸਵੀਂ ਤੇ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲੋਪੋ ਵਿਖੇ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ, ਜਿਸ ਵਿੱਚ ਦਸਵੀਂ ਜਮਾਤ ਵਿੱਚੋਂ ਨਰਿੰਦਰ ਸਿੰਘ ਸਵੀ ਖਾਨ ਤੇ ਮਹਿਕਪ੍ਰੀਤ ਕੌਰ ਨੇ ਸਕੂਲ ਵਿੱਚੋਂ ਪਹਿਲਾਂ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ਤੇ ਬਾਰ੍ਹਵੀਂ ਜਮਾਤ ਵਿਦਿਆਰਥੀਆਂ ਵਿੱਚੋਂ ਜਸ਼ਦੀਪ ਕੌਰ, ਹਰਪ੍ਰੀਤ ਸਿੰਘ, ਕਮਲਪ੍ਰੀਤ ਸਿੰਘ ਤੇ ਬਾਕੀ ਸਾਰੇ ਵਿਦਿਆਰਥੀਆਂ ਵੱਲੋਂ ਚੰਗੇ ਨੰਬਰ ਪ੍ਰਾਪਤ ਕਰਕੇ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲੋਪੋ ਦਾ ਨਾਂਅ ਰੌਸ਼ਨ ਕੀਤਾ, ਜਿਸ ਦੀ ਖੁਸ਼ੀ ਵਿੱਚ ਸਕੂਲ ਦੇ ਪ੍ਰਿੰਸੀਪਲ ਵੱਲੋਂ ਬੱਚਿਆਂ ਨੂੰ ਚੰਗੇ ਇਨਾਮ ਦੇ ਕੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ ਅਤੇ ਅਗਲੀ ਵਾਰ ਬੱਚਿਆਂ ਨੂੰ ਇਸੇ ਤਰ੍ਹਾਂ ਭਵਿੱਖ ਵਿੱਚ ਮਿਹਨਤ ਕਰਨ ਤੇ ਆਪਣੇ ਮਾਂ-ਬਾਪ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਤ ਕੀਤਾ ਗਿਆ।

## ਕੰਗਾਰੂ ਮਾਈਗ੍ਰੇਸ਼ਨ ਤੇ ਐੱਮ ਕੇ ਟਾਇਰ ਐਂਡ ਵ੍ਹੀਲਜ਼ ਦਾ ਉਦਘਾਟਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਆਸਟ੍ਰੇਲੀਆ ਨਿਵਾਸੀ ਜੋੜੇ ਪ੍ਰਵੀਨ ਸਿੰਘ ਤੇ ਨਵਜੋਤ ਕੌਰ ਨੇ ਆਸਟ੍ਰੇਲੀਆ ਤੋਂ ਵਾਪਸ ਪਿੰਡ ਮਹਿਲ ਕਲਾਂ ਆ ਕੇ ਕਾਰੋਬਾਰ ਸ਼ੁਰੂ ਕੀਤਾ ਹੈ।ਇਹ ਜੋੜਾ ਪਿਛਲੇ ਇਕ ਦਹਾਕੇ ਤੋਂ ਆਸਟ੍ਰੇਲੀਆ 'ਚ ਰਹਿ ਰਿਹਾ ਸੀ।ਅੱਜ ਇਨ੍ਹਾਂ ਵੱਲੋਂ ਸ਼ੁਰੂ ਕੀਤੀ ਕੰਗਾਰੂ ਮਾਈਗ੍ਰੇਸ਼ਨ ਤੇ ਐੱਮ.ਕੇ. ਟਾਇਰ ਐਂਡ ਵ੍ਹੀਲਜ਼ ਦਾ ਸ਼ੁੱਭ ਮਹੂਰਤ ਕੀਤਾ ਗਿਆ।ਇਸ ਸਮੇਂ ਸ੍ਰੀ ਸੁਖਮਣੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਨੇ ਰਸਭਿੰਨਾ ਕੀਰਤਨ ਕਰ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਇਸ ਜੋੜੇ ਨੂੰ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਗੱਲਬਾਤ ਕਰਦਿਆਂ ਪ੍ਰਬੰਧਕ ਪ੍ਰਵੀਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਇੱਥੇ ਐਲੋਏ ਵ੍ਹੀਲਜ਼, ਟਾਇਰਾਂ ਦੇ ਕਾਰੋਬਾਰ ਤੋਂ ਇਲਾਵਾ ਇੰਮੀਗ੍ਰੇਸ਼ਨ ਦਾ ਕੰਮ ਸ਼ੁਰੂ ਕੀਤਾ।ਇਸ ਮੌਕੇ ਡਾ. ਹਰਜਿੰਦਰ ਸਿੰਘ ਕੈਲੇ, ਮਹਿੰਦਰ ਸਿੰਘ ਫ਼ੌਜੀ, ਪ੍ਰਗਟ ਸਿੰਘ, ਬੀ.ਕੇ.ਯੂ. ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ, ਪ੍ਰਧਾਨ ਗਗਨ ਸਰਾਂ ਕੁਰੜ, ਰੂਬਲ ਗਿੱਲ ਕੈਨੇਡਾ, ਸਰਬਜੀਤ ਸਿੰਘ ਆੜ੍ਹਤੀਆ, ਰਿੰਕਾ ਕੁਤਬਾ ਬਾਹਮਣੀਆਂ, ਅਰੁਣ ਕੁਮਾਰ ਬਾਂਸਲ, ਗਾਇਕ ਗੁਰਸੇਵਕ ਢਿੱਲੋਂ, ਲੇਖਕ ਸੋਨੀ ਠੁੱਲੇਵਾਲ, ਭਾਈ ਸ਼ੇਰ ਸਿੰਘ ਖ਼ਾਲਸਾ, ਮਨਪ੍ਰੀਤ ਸਿੰਘ ਪੀਤਾ, ਪੰਨਾ ਮਿੱਤੂ, ਜਗਦੀਪ ਸਿੰਘ ਮਠਾੜੂ, ਗੁਰੀ ਔਲਖ਼, ਹਰਪ੍ਰੀਤ ਸਿੰਘ ਵਜੀਦਕੇ, ਹਰੀ ਸਿੰਘ ਕਟੈਹਰੀਆ, ਰਾਜਿੰਦਰਪਾਲ ਸਿੰਘ ਬਿੱਟੂ, ਬੇਅੰਤ ਸਿੰਘ ਜਗਦੇ ਆਦਿ ਹਾਜ਼ਰ ਸਨ।

## ...ਸ.ਫਾ 1 ਦੇ ਬਾਕੀ

### ਸ੍ਰੀ ਗੁਰੂ ਤੇਗ ਬਹਾਦਰ...

ਸਾਹਿਬ, ਅੰਮ੍ਰਿਤਸਰ, ਐੱਸ ਏ ਐੱਸ ਨਗਰ ਸਮੇਤ ਜ਼ਿਲ੍ਹਿਆਂ ਵਿੱਚ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ 63 ਥਾਵਾਂ 'ਤੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੱਡਾ ਹੁਲਾਰਾ ਦਿੱਤਾ ਜਾਵੇਗਾ।

ਮਾਨ ਨੇ ਕਿਹਾ ਕਿ ਇਸ ਤੋਂ ਇਲਾਵਾ ਸੂਬਾ ਸਰਕਾਰ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੇ ਫਲਸਫੇ 'ਤੇ ਯਾਦਗਾਰੀ ਡਾਕ ਟਿਕਟ ਜਾਰੀ ਕਰਨ ਲਈ ਭਾਰਤ ਸਰਕਾਰ ਨੂੰ ਅਪੀਲ ਵੀ ਕਰੇਗੀ। ਉਨ੍ਹਾ ਕਿਹਾ ਕਿ ਗੁਰੂ ਜੀ, ਜਿਨ੍ਹਾਂ ਨੂੰ 'ਹਿੰਦ ਦੀ ਚਾਦਰ' ਵਜੋਂ ਜਾਣਿਆ ਜਾਂਦਾ ਹੈ, ਧਰਮ ਦੇ ਰਖਵਾਲੇ ਅਤੇ ਧਾਰਮਿਕ ਆਜ਼ਾਦੀ ਦੇ ਯੋਧੇ ਸਨ।

### ਪਾਕਿਸਤਾਨ ਲਈ ਜਾਸੂਸੀ...

'ਇੰਡੀਅਨ ਗਰਲ ਐਕਸਪਲੋਰਿੰਗ ਲਾਹੌਰ', 'ਇੰਡੀਅਨ ਗਰਲ ਐਟ ਕਟਾਸਰਾਜ ਟੈਂਪਲ' ਅਤੇ 'ਇੰਡੀਅਨ ਗਰਲ ਰਾਈਡਜ਼ ਲਗਜ਼ਰੀ ਬੱਸ ਇਨ ਪਾਕਿਸਤਾਨ' ਸ਼ਾਮਲ ਹਨ। ਜਾਂਚ ਮੁਤਾਬਕ 2023 ਵਿੱਚ ਜਿਓਤੀ ਦਾਨਿਸ਼ ਦੇ ਸੰਪਰਕ 'ਚ ਉਦੋਂ ਆਈ, ਜਦੋਂ ਉਹ ਪਾਕਿਸਤਾਨ ਦਾ ਦੌਰਾ ਕਰਨ ਲਈ ਵੀਜ਼ਾ ਲੈਣ ਗਈ ਸੀ।

ਹਿਸਾਰ ਦੇ ਐੱਸ ਪੀ ਸ਼ਸ਼ਾਂਕ ਕੁਮਾਰ ਸਾਵਨ ਮੁਤਾਬਕ ਭਾਰਤ ਅਤੇ ਪਾਕਿਸਤਾਨ ਵਿਚਕਾਰ ਚਾਰ ਦਿਨਾਂ ਦੇ ਫੌਜੀ ਟਕਰਾਅ ਦੌਰਾਨ ਉਹ ਦਾਨਿਸ਼ ਦੇ ਸੰਪਰਕ ਵਿੱਚ ਰਹੀ। ਜਿਓਤੀ ਨੇ ਪਾਕਿਸਤਾਨ ਤੋਂ ਇਲਾਵਾ ਇੱਕ ਵਾਰ ਚੀਨ ਦਾ ਵੀ ਦੌਰਾ ਕੀਤਾ।

ਹਰਿਆਣਾ ਪੁਲਸ ਨੇ ਦੱਸਿਆ ਕਿ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ ਵਿੱਚ ਨੂਹ ਜ਼ਿਲ੍ਹੇ ਦੇ 26 ਸਾਲਾ ਅਰਮਾਨ ਨੂੰ ਪਾਕਿਸਤਾਨ ਦੇ ਹਾਈ ਕਮਿਸ਼ਨ ਵਿੱਚ ਤਾਇਨਾਤ ਇੱਕ ਕਰਮਚਾਰੀ ਰਾਹੀਂ ਭਾਰਤੀ ਫੌਜ ਅਤੇ ਹੋਰ ਫੌਜੀ ਗਤੀਵਿਧੀਆਂ ਨਾਲ ਸੰਬੰਧਤ ਜਾਣਕਾਰੀ ਪਾਕਿਸਤਾਨ ਨਾਲ ਸਾਂਝੀ ਕਰਨ ਲਈ ਗ੍ਰਿਫਤਾਰ ਕੀਤਾ ਗਿਆ। ਯੂ ਪੀ ਦੇ ਰਾਮਪੁਰ ਤੋਂ ਐੱਸ ਟੀ ਐੱਫ ਦੀ ਮੁਰਾਦਾਬਾਦ ਯੂਨਿਟ ਨੇ ਸ਼ਹਿਜ਼ਾਦ ਨੂੰ ਗ੍ਰਿਫਤਾਰ ਕੀਤਾ, ਜਿਹੜਾ ਕਥਿਤ ਤੌਰ 'ਤੇ ਰਾਸ਼ਟਰੀ ਸੁਰੱਖਿਆ ਨਾਲ ਸੰਬੰਧਤ ਸੰਵੇਦਨਸ਼ੀਲ ਜਾਣਕਾਰੀ ਆਪਣੇ ਹੈਂਡਲਰਾਂ ਨੂੰ ਦੇ ਰਿਹਾ ਸੀ। ਉਹ ਕਈ ਵਾਰ ਪਾਕਿਸਤਾਨ ਗਿਆ ਅਤੇ ਸਰਹੱਦ ਪਾਰੋਂ ਕਾਸਮੈਟਿਕਸ, ਕੱਪੜੇ, ਮਸਾਲੇ ਅਤੇ ਹੋਰ ਚੀਜ਼ਾਂ ਦੀ ਤਸਕਰੀ ਕਰ ਰਿਹਾ ਸੀ।

## ਮਾਸਟਰ ਤਾਰਾ ਸਿੰਘ ਕਾਲਜ ਫਾਰ ਵੂਮੈਨ ਦੀਆਂ ਵਿਦਿਆਰਥਣਾਂ ਨੇ ਨਾਮਣਾ ਖੱਟਿਆ



**ਲੁਧਿਆਣਾ (ਰੈਕਟਰ ਕਥੂਰੀਆ)**-ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫ਼ਾਰ ਵਿਮੈਨ ਦੀਆਂ ਬੀ ਸੀ ਏ ਸਮੈਸਟਰ ਪਹਿਲਾ ਦੀਆਂ ਵਿਦਿਆਰਥਣਾਂ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਐਲਾਨੇ ਨਤੀਜੇ 'ਚ ਪਹਿਲਾ, ਦੂਜਾ ਤੇ ਚੌਥਾ ਸਥਾਨ ਹਾਸਲ ਕੀਤਾ।ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫ਼ਾਰ ਵਿਮਨ ਦੀਆਂ ਬੀ ਸੀ ਏ ਸਮੈਸਟਰ ਪਹਿਲਾ ਦੀਆਂ ਵਿਦਿਆਰਥਣਾਂ ਨੇ ਪੰਜਾਬ ਯੂਨਿਵਰਸਿਟੀ,ਚੰਡੀਗੜ੍ਹ ਵੱਲੋਂ ਦਸੰਬਰ 2024 ਦੇ ਐਲਾਨੇ ਨਤੀਜੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲੇ 5 ਸਥਾਨਾਂ ਵਿੱਚੋਂ 3 ਸਥਾਨ ਹਾਸਲ ਕਰਕੇ ਕਾਲਜ ਦਾ ਮਾਣ ਵਧਾਇਆ।ਅਰਚਨਾ ਕੁਮਾਰੀ ਨੇ ਪੰਜਾਬ ਯੂਨਿਵਰਸਿਟੀ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ।ਕੰਚਨ ਨੇ ਦੂਜਾ ਤੇ ਤਨਵੀ ਨੇ ਚੌਥਾ ਸਥਾਨ ਪ੍ਰਾਪਤ ਕੀਤਾ।ਕਾਲਜ ਦੀਆਂ ਕੁੱਲ 6 ਵਿਦਿਆਰਥਣਾਂ ਨੇ ਲੁਧਿਆਣਾ ਦੇ ਪ੍ਰਮੁੱਖ 10 ਸਥਾਨਾਂ ਵਿੱਚੋਂ ਪਹਿਲਾ, ਦੂਜਾ, ਤੀਜਾ, ਸੱਤਵਾਂ, ਅੱਠਵਾਂ ਤੇ ਨੌਵਾਂ ਸਥਾਨ ਹਾਸਲ ਕਰਕੇ ਵਧੀਆ ਕਾਰਗੁਜ਼ਾਰੀ ਪੇਸ਼ ਕੀਤੀ। ਕਾਲਜ ਪ੍ਰਿੰਸੀਪਲ ਡਾ. ਕਿਰਨਦੀਪ ਕੌਰ, ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਵਰਨ ਸਿੰਘ, ਸਕੱਤਰ ਗੁਰਚਰਨ ਸਿੰਘ ਪਾਹਵਾ ਤੇ ਹੋਰ ਮੈਂਬਰ ਸਾਹਿਬਾਨਾਂ ਜਥੇਦਾਰ ਹੀਰਾ ਸਿੰਘ ਗਾਬੜੀਆ, ਬਾਬਾ ਅਜੀਤ ਸਿੰਘ ਤੇ ਕਾਰਜਕਾਰੀ ਪ੍ਰਧਾਨ ਜਗਜੀਤ ਸਿੰਘ ਨੇ ਵਿਭਾਗ ਦੇ ਮੁਖੀ ਸ਼੍ਰੀ ਕਰਨ ਮਦਾਨ ਤੇ ਅਧਿਆਪਕ ਸਾਹਿਬਾਨਾਂ ਦੀ ਅਣਥੱਕ ਮਿਹਨਤ ਦੀ ਸ਼ਲਾਘਾ ਕਰਦਿਆਂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਤੇ ਸੁਨਹਿਰੇ ਭਵਿੱਖ ਲਈ ਸ਼ੁਭ ਇੱਛਾਵਾਂ ਭੇਟ ਕੀਤੀਆਂ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

20-May-PAGE-3.qxd 5/19/2025 10:40 PM Page 1



# ਫਾਇਨਾਂਸਰ ਦੇ ਕਤਲ ਦੀ ਗੁੱਥੀ ਪਠਾਨਕੋਟ ਪੁਲਸ ਨੇ ਇੱਕੋ ਦਿਨ 'ਚ ਸੁਲਝਾਈ

## 2 ਕਾਤਲ ਗ੍ਰਿਫ਼ਤਾਰ; 32 ਬੋਰ ਰਿਵਾਲਵਰ, 4 ਜ਼ਿੰਦਾ ਕਾਰਤੂਸ ਤੇ ਡਬਲ ਬੈਰਲ ਬੰਦੂਕ ਬਰਾਮਦ

**ਪਠਾਨਕੋਟ, (ਦਵਿੰਦਰ ਸਿੰਘ)**

ਸੀਨੀਅਰ ਪੁਲਸ ਸੁਪਰਡੈਂਟ ਪਠਾਨਕੋਟ ਦਲਜਿੰਦਰ ਸਿੰਘ ਢਿੱਲੋਂ, ਪੀਪੀਐੱਸ ਪਠਾਨਕੋਟ ਨੇ ਸੰਗਤ ਦੇ ਰਹਿਣ ਵਾਲੇ ਪ੍ਰਵੀਨ ਕੁਮਾਰ ਦੇ ਪੁੱਤਰ ਮਯੰਕ ਮਹਾਜਨ, ਜੋ ਕਿ ਫਾਇਨਾਂਸਰ ਸੀ, ਜਿਸਨੂੰ ਦੋ ਬਾਈਕ ਸਵਾਰਾਂ ਨੇ ਕਾਰ ਵਿੱਚ ਜਾਂਦੇ ਸਮੇਂ ਗੋਲੀ ਮਾਰ ਕੇ ਕਤਲ ਕਰ ਦਿੱਤਾ ਸੀ, ਦੇ ਮਾਮਲੇ ਬਾਰੇ ਜਾਣਕਾਰੀ ਦਿੰਦੇ ਹੋਏ ਤੁਰੰਤ ਕਾਰਵਾਈ ਕੀਤੀ ਅਤੇ ਅਣਪਛਾਤੇ ਮੁਲਜ਼ਮਾਂ ਦੀ ਪਛਾਣ ਸੰਜੀਵ ਸਿੰਘ ਉਰਫ਼ ਬੰਟੀ ਉਰਫ਼ ਫੌਜੀ ਪੁੱਤਰ ਪ੍ਰੀਤਮ ਸਿੰਘ, ਵਾਸੀ ਪਿੰਡ ਭਟੋਆ, ਥਾਣਾ ਦੀਨਾ ਨਗਰ, ਜ਼ਿਲ੍ਹਾ ਗੁਰਦਾਸਪੁਰ ਅਤੇ ਜਤਿੰਦਰ ਕੁਮਾਰ ਉਰਫ਼ ਲੱਟੂ ਪੁੱਤਰ ਕਰਤਾਰ ਸਿੰਘ, ਵਾਸੀ ਪਿੰਡ ਬਾਣੀ ਲੋਧੀ, ਸੁੰਦਰਚੱਕ ਮੋਡ, ਥਾਣਾ ਸੁਜਾਨਪੁਰ ਵਜੋਂ ਦੱਸੀ।ਮਯੰਕ ਮਹਾਜਨ ਦੀ ਇਲਾਜ ਦੌਰਾਨ ਮੌਤ ਹੋਣ ਤੋਂ ਬਾਅਦ ਮਾਮਲੇ ਵਿੱਚ ਧਾਰਾ 103 (1) ਜੋੜ ਦਿੱਤੀ ਗਈ।ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਸੰਜੀਵ ਸਿੰਘ ਉਰਫ਼ ਬੰਟੀ ਉਰਫ਼ ਫੌਜੀ ਪੁੱਤਰ ਪ੍ਰੀਤਮ ਸਿੰਘ, ਵਾਸੀ ਪਿੰਡ ਭਟੋਆ, ਥਾਣਾ ਦੀਨਾ ਨਗਰ, ਜ਼ਿਲ੍ਹਾ ਗੁਰਦਾਸਪੁਰ ਵਜੋਂ ਹੋਈ ਅਤੇ ਸੰਜੀਵ ਸਿੰਘ ਨੂੰ ਪਨਾਹ ਦੇਣ ਦੇ ਦੋਸ਼ ਵਿੱਚ ਉਸਦੇ ਚਾਚੇ ਦੇ ਪੁੱਤਰ ਵਰੁਣ ਠਾਕੁਰ ਪੁੱਤਰ ਵਿਜੇ ਕੁਮਾਰ, ਵਾਸੀ ਪਿੰਡ ਭਟੋਆ, ਥਾਣਾ ਦੀਨਾ ਨਗਰ, ਜ਼ਿਲ੍ਹਾ ਗੁਰਦਾਸਪੁਰ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਅਤੇ ਮਾਮਲੇ ਵਿੱਚ ਧਾਰਾ 249 ਬੀਐੱਨਐੱਸ ਜੋੜ ਦਿੱਤੀ ਗਈ।ਇਸ ਤੋਂ ਇਲਾਵਾ ਮਾਮਲੇ ਵਿੱਚ ਨਾਮਜ਼ਦ ਮੁਲਜ਼ਮ ਜਤਿੰਦਰ ਕੁਮਾਰ ਉਰਫ਼ ਲੱਟੂ ਪੁੱਤਰ ਕਰਤਾਰ ਸਿੰਘ, ਵਾਸੀ ਪਿੰਡ ਬਾਣੀ ਲੋਧੀ, ਸੁੰਦਰਚੱਕ ਮੋਡ, ਥਾਣਾ ਸੁਜਾਨਪੁਰ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਤੋਂ ਪੁੱਛਗਿੱਛ ਕਰਨ ਅਤੇ ਤਕਨੀਕੀ ਸਬੂਤਾਂ ਦੇ ਆਧਾਰ ਤੇ ਸ਼ਮਸ਼ੇਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਪਨਿਆਰ ਨੂੰ ਵੀ ਮਾਮਲੇ ਵਿੱਚ ਨਾਮਜ਼ਦ ਕੀਤਾ ਗਿਆ ਸੀ ਅਤੇ ਧਾਰਾ 61(2) ਬੀਐੱਨਐੱਸ ਜੋੜ ਦਿੱਤੀ ਗਈ ਸੀ।ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਵੱਲੋਂ ਅਪਰਾਧ ਵਿੱਚ ਵਰਤਿਆ ਗਿਆ 32 ਬੋਰ ਰਿਵਾਲਵਰ ਅਤੇ 04 ਜ਼ਿੰਦਾ ਕਾਰਤੂਸ, ਡਬਲ ਬੈਰਲ ਬੰਦੂਕ ਅਤੇ ਮੋਟਰਸਾਈਕਲ ਬਰਾਮਦ ਕਰ ਲਿਆ ਗਿਆ ਹੈ। ਮੁਲਜ਼ਮ ਨੂੰ ਸਥਾਨਕ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਈ-ਰਿਕਸ਼ਾ ਚਾਲਕ ਸ਼ਰੇਆਮ ਉਡਾ ਰਹੇ ਹਨ ਟਰੈਫਿਕ ਨਿਯਮਾਂ ਦੀਆਂ ਧੱਜੀਆਂ

**ਗੁਰਦਾਸਪੁਰ, (ਜਨਕ ਮਹਾਜਨ)**-ਈ ਰਿਕਸ਼ਾ ਚਾਲਕ ਸ਼ਰੇਆਮ ਟਰੈਫਿਕ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਹਨ ਕਿਉਂ ਜੋ ਇਨ੍ਹਾਂ ਈ ਰਿਕਸ਼ਿਆਂ 'ਤੇ ਕੋਈ ਵੀ ਨੰਬਰ ਪਲੇਟ ਵਗੈਰਾ ਨਹੀਂ ਲੱਗੀ ਹੁੰਦੀ ਜਿਸ ਦੀ ਪਹਿਚਾਣ ਕਰਨਾ ਮੁਸ਼ਕਲ ਹੁੰਦਾ ਹੈ। ਇਸ ਪਾਸੇ ਟਰੈਫਿਕ ਵਿਭਾਗ ਗੁਰਦਾਸਪੁਰ ਦਾ ਧਿਆਨ ਨਾ ਹੋਣ ਕਰਕੇ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਲੋਕਾਂ ਨੇ ਦੱਸਿਆ ਕਿ ਈ ਰਿਕਸ਼ਾ ਚਾਲਕਾਂ ਵੱਲੋਂ ਸ਼ਰੇਆਮ ਹੀ ਸ਼ਹਿਰ ਗੁਰਦਾਸਪੁਰ ਅੰਦਰ ਟਰੈਫਿਕ ਨਿਯਮਾਂ ਨੂੰ ਛਿੱਕੇ ਟੰਗ ਕੇ ਆਪਣੇ ਈ ਰਿਕਸ਼ੇ ਚਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜਿਸ ਈ ਰਿਕਸ਼ੇ 'ਤੇ ਨੰਬਰ ਪਲੇਟ ਨਹੀਂ ਲੱਗੀ ਹੁੰਦੀ ਹੈ, ਉਹ ਵੀ ਬਲੈਕ ਸ਼ੀਸ਼ਿਆਂ 'ਤੇ ਨੰਬਰ ਨਹੀਂ ਦਿਖਦੀ ਹੁੰਦੀ ਹੈ। ਲੋਕਾਂ ਨੇ ਦੱਸਿਆ ਕਿ ਟਰੈਫਿਕ ਵਿਭਾਗ ਵੱਲੋਂ ਦੋਪਹੀਆ ਵਾਹਨ ਚਾਲਕਾਂ ਦੇ ਹੈਲਮਟ ਅਤੇ ਪ੍ਰਦੂਸ਼ਣ ਸਰਟੀਫਿਕੇਟ ਨਾ ਹੋਣ 'ਤੇ ਚਲਾਨ ਕੱਟ ਦਿੱਤਾ ਜਾਂਦਾ ਹੈ ਜਦੋਂ ਕਿ ਇਹ ਈ ਰਿਕਸ਼ਾ ਚਾਲਕ ਸ਼ਰੇਆਮ ਟਰੈਫਿਕ ਨਿਯਮ ਤੋੜਦੇ ਹੋਏ ਸ਼ਹਿਰ ਅੰਦਰ ਆਮ ਫਿਰਦੇ ਰਹਿੰਦੇ ਹਨ। ਲੋਕਾਂ ਨੇ ਟਰੈਫਿਕ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਬਿਨਾਂ ਨੰਬਰ ਪਲੇਟਾਂ ਅਤੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਈ ਰਿਕਸ਼ਾ ਚਾਲਕਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ।

# ਸੇਖਵਾਂ ਨੇ ਡਡਵਾਂ, ਕੰਗ ਤੇ ਬੱਲ 'ਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਕਜੁਟ ਹੋਣ ਦਾ ਸੱਦਾ ਦਿੱਤਾ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਚਲ ਰਹੀ ਨਸ਼ਾ ਮੁਕਤੀ ਯਾਤਰਾ ਤਹਿਤ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕੀਤਾ ਅਤੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਕਜੁਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਕਰਨ ਦੀ ਵਿੱਢੀ ਮੁਹਿੰਮ ਤਹਿਤ ਬੀਤੇ ਕੱਲ੍ਹ ਤੋਂ ਰਾਜ ਭਰ ਦੇ ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਜਾਗਰੂਕਤਾ ਸਭਾਵਾਂ ਦੇ ਰੂਪ ਵਿੱਚ ਕੀਤੀ ਜਾ ਰਹੀ ਇਸ ਯਾਤਰਾ ਰਾਹੀਂ ਘਰ ਘਰ ਤੱਕ ਇਹ ਸੁਨੇਹਾ ਪਹੁੰਚਾਇਆ ਜਾ ਰਿਹਾ ਹੈ ਕਿ ਨਸ਼ਿਆਂ ਦਾ ਖਾਤਮਾ ਕਰਨ ਲਈ ਸਰਕਾਰ ਵਚਨਬੱਧ ਹੈ ਅਤੇ ਇਸ ਵਿੱਚ ਲੋਕਾਂ ਦਾ ਸਰਗਰਮ ਸਹਿਯੋਗ ਵੀ ਬੇਹਦ ਜ਼ਰੂਰੀ ਹੈ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਲੋਕਾਂ ਨੂੰ ਨਸ਼ਾ ਤਸਕਰਾਂ ਖਿਲਾਫ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕੀਤੀ ਜਾ ਰਹੀ ਕਾਰਵਾਈ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਇਆ। ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵੱਲੋਂ ਨਸ਼ਾ ਪੀੜਤਾਂ ਦਾ ਸਹੀ ਇਲਾਜ ਕਰਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਿਲ ਕਰਨ ਲਈ ਸਾਰਥਕ ਯਤਨ ਕੀਤੇ ਜਾ ਰਹੇ ਹਨ ਜਿਸ ਵਿੱਚ ਸਹਿਯੋਗ ਲਈ ਲੋਕਾਂ ਨੂੰ ਵੀ ਵਧ ਚੜ੍ਹ ਕੇ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਹਾਜ਼ਰੀਨ ਨੂੰ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਸਾਥ ਦੇਣ ਦੀ ਸਹੁੰ ਵੀ ਚੁਕਾਈ। ਇਸ ਮੌਕੇ ਧਾਰੀਵਾਲ ਬੀਡੀਪੀਓ ਕੁਲਜਿੰਦਰ ਸਿੰਘ, ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਤੋਂ ਇਲਾਵਾ ਪਿੰਡ ਦੀ ਪੰਚਾਇਤ ਅਤੇ ਹੋਰ ਮੋਹਤਬਰ ਵੀ ਹਾਜ਼ਰ ਸਨ।

# ਪਤਨੀ ਦੀ ਕੁੱਟਮਾਰ ਕਰਨ 'ਤੇ ਪਤੀ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਦੇ ਏਐੱਸਆਈ ਗੁਰਨਾਮ ਸਿੰਘ ਨੇ ਦੱਸਿਆ ਕਿ ਸੰਤੋਸ਼ ਕੁਮਾਰੀ ਪਤਨੀ ਪਵਨ ਸਿੰਘ ਵਾਸੀ ਪੱਖੋਵਾਲ ਕੁੱਲੀਆਂ ਹਾਲ ਪੁਰਾਣਾ ਸ਼ਾਲਾ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਕਿਹਾ ਕਿ ਮੇਰਾ ਵਿਆਹ 2011 ਵਿੱਚ ਪਵਨ ਸਿੰਘ ਨਾਲ ਹੋਇਆ ਸੀ। ਇਨ੍ਹਾਂ ਦੀਆਂ ਤਿੰਨ ਬੇਟੀਆਂ ਹਨ ਜਿਨ੍ਹਾਂ ਨੂੰ ਆਪਣੇ ਪਤੀ ਨਾਲ ਪੁਰਾਣਾ ਸ਼ਾਲਾ ਵਿਖੇ ਮਕਾਨ ਕਿਰਾਏ 'ਤੇ ਲੈ ਕੇ ਰਹਿ ਰਹੇ ਹਨ। 29 ਅਪ੍ਰੈਲ ਨੂੰ ਵਕਤ ਕਰੀਬ ਰਾਤ 9 ਵਜੇ ਮੇਰੇ ਪਤੀ ਨੇ ਮੇਰੀ ਕੁੱਟਮਾਰ ਕਰਕੇ ਮੈਨੂੰ ਜ਼ਖਮੀ ਕਰ ਦਿੱਤਾ ਜੋ ਸਿਵਲ ਹਸਤਪਾਲ ਗੁਰਦਾਸਪੁਰ ਵਿਖੇ ਜ਼ੇਰੇ ਇਲਾਜ ਰਹੀ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਪੀੜਤਾ ਦੇ ਪਤੀ ਖ਼ਿਲਾਫ਼ ਜ਼ੇਰੇ ਧਾਰਾ 115 (2), 117 (2) ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਐੱਚ ਡੀ ਐੱਫ ਸੀ ਬੈਂਕ ਵੱਲੋਂ ਬਿਜ਼ ਕਰੰਟ ਅਕਾਊਂਟਸ ਲਾਂਚ

**ਅੰਮ੍ਰਿਤਸਰ:** ਭਾਰਤ ਦੇ ਪ੍ਰਮੁੱਖ ਨਿੱਜੀ ਖੇਤਰ ਦੇ ਬੈਂਕ, ਐੱਚਡੀਐੱਫਸੀ ਬੈਂਕ ਨੇ ਚਾਲੂ ਖਾਤਾ ਜਮ੍ਹਾਂ ਵਿੱਚ ਆਪਣੇ ਨਵੇਂ ਬਿਜ਼-ਚਾਲੂ ਖਾਤੇ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ।ਇਹ ਭਾਰਤੀ ਕਾਰੋਬਾਰਾਂ ਦੀਆਂ ਉਭਰ ਰਹੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤੇ ਗਏ ਚਾਲੂ ਖਾਤੇ ਦੀਆਂ ਪੇਸ਼ਕਸ਼ਾਂ ਵਿੱਚ ਇੱਕ ਨਵੀਂ ਪਹਿਲ ਹੈ।ਇਸ ਸ਼੍ਰੇਣੀ ਦੇ ਖਾਤਿਆਂ ਦਾ ਉਦੇਸ਼ ਪਹਿਲੇ ਦਿਨ ਤੋਂ ਹੀ ਪੂਰੇ ਬੈਂਕ ਨੂੰ ਗਾਹਕ ਤੱਕ ਪਹੁੰਚਾ ਕੇ ਕਾਰੋਬਾਰਾਂ ਨੂੰ ਸਮਰੱਥ ਬਣਾਉਣਾ ਹੈ।ਇਸ ਮੌਕੇ ਸ੍ਰੀ ਪਰਾਗ ਰਾਓ ਕੰਟਰੀ ਹੈੱਡ ਪੇਮੈਂਟਸ, ਦੇਣਦਾਰੀ ਉਤਪਾਦ, ਖਪਤਕਾਰ ਵਿੱਤ ਅਤੇ ਮਾਰਕੀਟਿੰਗ ਐੱਚਡੀਐੱਫਸੀ ਬੈਂਕ ਨੇ ਕਿਹਾ ਕਿ ਇਹ ਲੈਣ-ਦੇਣ ਤੋਂ ਮੁੱਲ-ਅਧਾਰਤ ਸ਼ਮੂਲੀਅਤ ਦੀ ਪੇਸ਼ਕਸ਼ ਵੱਲ ਇੱਕ ਰਣਨੀਤਕ ਤਬਦੀਲੀ ਹੈ ਅਤੇ ਕਾਰੋਬਾਰ ਅਤੇ ਨਿੱਜੀ ਬੈਂਕਿੰਗ ਦੋਵਾਂ ਜ਼ਰੂਰਤਾਂ ਨੂੰ ਪੂਰਾ ਕਰਦੀ ਹੈ।

# ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ 10ਵੀਂ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਬੋਰਡ ਪ੍ਰੀਖਿਆਵਾਂ ਦੇ ਨਤੀਜੇ ਸ਼ਾਨਦਾਰ ਰਹੇ।10ਵੀਂ ਦੇ ਨਤੀਜਿਆਂ 'ਚ 90% ਵਿਦਿਆਰਥੀਆਂ ਨੇ 85 ਤੋਂ 90 ਪ੍ਰਤੀਸ਼ਤ ਅੰਕ, 15 ਵਿਦਿਆਰਥੀਆਂ ਨੇ 75 ਤੋਂ 85 ਪ੍ਰਤੀਸ਼ਤ ਅਤੇ 5 ਵਿਦਿਆਰਥੀਆਂ ਨੇ 90 ਤੋਂ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਅਕਾਦਮਿਕ ਖੇਤਰ ਵਿਚ ਮਾਅਰਕਾ ਮਾਰਿਆ।ਅਭੀਜੋਤ ਕੌਰ, ਜਸਕਰਨ ਸਿੰਘ, ਅਰਮਾਨਪ੍ਰੀਤ ਕੌਰ, ਦਮਨਪ੍ਰੀਤ ਕੌਰ ਨੇ 91 ਪ੍ਰਤੀਸ਼ੱਤ ਅੰਕ ਪ੍ਰਾਪਤ ਕੀਤੇ।ਜੈਸਮੀਨ ਕੌਰ 90%, ਦਮਨਪ੍ਰੀਤ ਕੌਰ ਅਤੇ ਪ੍ਰਿੰਸਪ੍ਰੀਤ ਸਿੰਘ ਨੇ 88% ਅੰਕ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਂਅ ਉੱਚਾ ਕੀਤਾ ਹੈ।ਇਨਾਂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਆਪਸ ਵਿੱਚ ਮਿਠਾਈਆਂ ਵੰਡ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ।



# ਹੱਕੀ ਮੰਗਾਂ ਨੂੰ ਲੈ ਕੇ ਮਨਰੇਗਾ ਵਰਕਰਾਂ ਵੱਲੋਂ ਭਰਵੀਂ ਇਕੱਤਰਤਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਪਿੰਡ ਭੁੱਲਰ ਚ ਭਰਵੀ ਮੀਟਿੰਗ ਕੀਤੀ ਗਈ।ਇਸ ਮੌਕੇ ਬੋਲਦਿਆਂ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਬਲਦੇਵ ਸਿੰਘ ਪੰਡੋਰੀ ਅਤੇ ਕਰਮ ਸਿੰਘ ਪੰਡੋਰੀ ਨੇ ਕਿਹਾ ਕਿ ਮਨਰੇਗਾ ਵਰਕਰਾਂ ਦੇ ਜੋਬ ਕਾਰਡ ਬਣਾਏ ਜਾਣ ਅਤੇ ਹਾਜ਼ਰੀ ਜੋਬ ਕਾਰਡਾਂ 'ਤੇ ਲਾਈ ਜਾਵੇ।ਮਨਰੇਗਾ ਵਰਕਰਾਂ ਨੂੰ100 ਦਿਨ ਕੰਮ ਯਕੀਨੀ ਬਣਾਇਆ ਜਾਵੇ ਅਤੇ ਪਿੰਡਾਂ ਦੇ ਸਰਪੰਚਾਂ ਦੀ ਦਖਲਅੰਦਾਜ਼ੀ ਬੰਦ ਕੀਤੀ ਜਾਵੇ, ਜਿਹੜੇ ਪਿੰਡਾਂ ਦੇ ਵਿਰੋਧੀ ਸਰਪੰਚ ਮਸਟਰੋਲ ਤੇ ਦਸਤਖਤ ਕਰਕੇ ਨਹੀਂ ਦਿੰਦੇ, ਕਰਵਾ ਕੇ ਦਿੱਤੇ ਜਾਣ, ਪਿਛਲੇ ਰਹਿੰਦੇ ਬਕਾਏ ਅਤੇ ਕੰਮ ਦੇ ਪੈਸੇ ਸਮੇਂ ਸਿਰ ਪਾਏ ਜਾਣ, ਦਿਹਾੜੀ 700 ਰੁਪਏ ਕੀਤੀ ਜਾਵੇ ।ਬਲਾਕਾਂ ਦੇ ਬੀਡੀਪੀਓ ਅਤੇ ਬਲਾਕਾ ਦੇ ਮਨਰੇਗਾ ਅਫਸਰਾਂ ਨਾਲ ਯੂਨੀਅਨ ਨਾਲ ਮੀਟਿੰਗ ਕਰਵਾਈ ਜਾਵੇ ਅਤੇ ਇਸ ਤੋਂ ਇਲਾਵਾ ਹੋਰ ਵੀ ਕਈ ਮੰਗਾਂ ਦਾ ਜ਼ਿਕਰ ਕੀਤਾ ਗਿਆ। ਇਸ ਮੌਕੇ ਸੁਖਦੇਵ ਸਿੰਘ ਮੈਂਬਰ, ਤਰਸੇਮ ਸਿੰਘ ਸਾਬਕਾ ਸਰਪੰਚ, ਹਰਜੀਤ ਸਿੰਘ ਅਮਰਜੀਤ ਸਿੰਘ, ਬਲਕਾਰ ਸਿੰਘ, ਜਗੀਰ ਸਿੰਘ, ਜੋਗਾ ਸਿੰਘ ਕੁਲਜੀਤ ਕੌਰ ਮੈਂਬਰ, ਮਨਜੀਤ ਕੌਰ, ਮਨਜੀਤ ਸਿੰਘ, ਕੁਲਵਿੰਦਰ ਕੌਰ, ਕੁਲਦੀਪ ਸਿੰਘ, ਕੁਲਦੀਪ ਕੌਰ ਆਦਿ ਹਾਜ਼ਰ ਸਨ।



# ਸਿੱਖ ਧਰਮੀ ਫੌਜੀ ਚਾਲੀ ਸਾਲਾਂ ਬਾਅਦ ਵੀ ਇਨਸਾਫ ਲੈਣ ਲਈ ਸ਼੍ਰੋਮਣੀ ਕਮੇਟੀ ਦੇ ਚੱਕਰ ਕੱਟ ਰਹੇ : ਬਲਦੇਵ ਸਿੰਘ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਮਜੀਠਾ ਹਲਕੇ ਵਿੱਚ ਪਿਛਲੇ ਦਿਨੀਂ ਜ਼ਹਿਰੀਲੀ ਸ਼ਰਾਬ ਪੀਣ ਨਾਲ ਕਰੀਬ 27 ਲੋਕਾਂ ਦੀਆਂ ਮੌਤਾਂ ਹੋ ਜਾਣ 'ਤੇ ਪੰਜਾਬ ਸਰਕਾਰ ਵੱਲੋਂ ਜ਼ਹਿਰੀਲੀ ਸ਼ਰਾਬ ਨਾਲ ਮਰੇ ਲੋਕਾਂ ਦੇ ਭੋਗ ਤੋਂ ਪਹਿਲਾਂ ਹੀ ਉਨ੍ਹਾਂ ਦੇ ਪਰਿਵਾਰਾਂ ਨੂੰ 10-10 ਲੱਖ ਰੁਪਏ ਦੇਣ, ਜ਼ੇਰੇ ਇਲਾਜ ਵਿਅਕਤੀਆਂ ਨੂੰ ਦੋ ਦੋ ਲੱਖ ਰੁਪਏ ਦੇਣ ਤੇ ਇਲਾਜ ਮੁਫਤ ਕਰਨ ਅਤੇ ਮ੍ਰਿਤਕ ਦੇ ਪਰਿਵਾਰ ਦੇ ਇਕ ਜੀਅ ਨੂੰ ਸਰਕਾਰੀ ਨੌਕਰੀ ਦੇਣ ਦਾ ਫੈਸਲਾ ਹੈਰਾਨੀਜਨਕ ਹੈ। ਪਰ ਜੂਨ 1984 ਦੇ ਪੀੜਤਾਂ ਦੀ ਜੋ ਦੁਰਦਸ਼ਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਕੀਤੀ ਹੈ ਸਿੱਖ ਇਤਿਹਾਸ ਦੇ ਕਾਲੇ ਅੱਖਰਾਂ ਵਿੱਚ ਲਿਖਿਆ ਜਾਵੇਗਾ। ਧਰਮੀ ਫੌਜੀਆਂ ਨੂੰ 40 ਸਾਲ ਬੀਤ ਜਾਣ 'ਤੇ ਵੀ ਇਨਸਾਫ ਨਹੀਂ ਮਿਲ ਰਿਹਾ। ਪ੍ਰਧਾਨ ਬਲਦੇਵ ਸਿੰਘ ਨੇ ਕਿਹਾ ਸਿੱਖ ਧਰਮ ਤੇ ਕੌਮ ਖਾਤਰ ਕੁਰਬਾਨੀਆਂ ਕਰਨ ਵਾਲਿਆਂ ਨੂੰ ਰਾਜਨੀਤਿਕਾਂ ਨੇ ਰਲ ਕੇ ਅੱਤਵਾਦੀ ਐਲਾਨਿਆਂ, ਜਦਕਿ ਜੂਨ 1984 ਦੌਰਾਨ ਟੈਂਕ ਤੋਪਾਂ ਨਾਲ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲਿਆਂ ਨੂੰ ਰਾਸ਼ਟਰਪਤੀ ਵੱਲੋਂ ਰੈਂਕ ਅਤੇ ਮੈਡਲ ਦੇ ਕੇ ਸਨਮਾਨਿਆ ਗਿਆ ਸੀ। ਸਿੱਖ ਧਰਮ ਅਤੇ ਕੌਮ ਦੀ ਖਾਤਰ ਕਈ ਤਸੀਹੇ ਝੱਲਣ ਅਤੇ ਅੰਗ ਗੁਆ ਚੁੱਕੇ ਧਰਮੀ ਫੌਜੀ ਇਨਸਾਫ ਲੈਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੱਕਰ ਤੇ ਚੱਕਰ ਲਗਾਈ ਜਾਂਦੇ ਹਨ ਅਤੇ ਸ਼ਹੀਦ ਧਰਮੀ ਫੌਜੀਆਂ ਦੇ ਬਿਰਧ ਮਾਤਾ-ਪਿਤਾ ਆਪਣੇ ਸ਼ਹੀਦ ਬੱਚਿਆਂ ਦੀਆਂ ਫੋਟੋਆਂ ਸਿੱਖ ਅਜਾਇਬ ਘਰ ਵਿੱਚ ਦੇਖਣ ਦੀ ਆਸ ਲਗਾਈ ਬੈਠੇ ਹੀ ਕੁਝ ਤਾਂ ਇਸ ਦੁਨੀਆ ਤੋਂ ਰੁਖਸਤ ਹੋ ਗਏ ਹਨ।

# ਇਨਸਾਫ਼ ਲਈ ਅਪਾਹਜ ਨੌਜਵਾਨ ਪੈਟਰੋਲ ਲੈ ਕੇ ਪਾਣੀ ਵਾਲੀ ਟੈਂਕੀ 'ਤੇ ਚੜ੍ਹਿਆ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**



ਥਾਣਾ ਭਿੱਖੀਵਿੰਡ ਅਧੀਨ ਪੈਂਦੇ ਪਿੰਡ ਕਲਸੀਆਂ ਕਲਾਂ ਤੋਂ ਅਪਾਹਜ ਨੌਜਵਾਨ ਇਨਸਾਫ਼ ਲੈਣ ਲਈ ਪੈਟਰੋਲ ਨਾਲ ਭਰੀ ਬੋਤਲ ਲੈ ਕੇ ਪਿੰਡ ਦੀ ਪਾਣੀ ਵਾਲੀ ਟੈਂਕੀ 'ਤੇ ਚੜ੍ਹ ਗਿਆ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਅਪਾਹਜ ਨੌਜਵਾਨ ਲਵਦੀਪ ਸਿੰਘ ਦੇ ਪਿਤਾ ਤਾਰਾ ਸਿੰਘ ਨੇ ਦੱਸਿਆ ਕਿ 15 ਮਈ ਨੂੰ ਸਵੇਰੇ ਅੱਠ ਕੁ ਵਜੇ ਗੁਆਂਢ ਵਿੱਚ ਰਹਿੰਦੇ ਕੁਝ ਵਿਅਕਤੀਆਂ ਨੇ ਘਰ ਅੰਦਰ ਦਾਖ਼ਲ ਹੋ ਕੇ ਉਨ੍ਹਾਂ ਦੇ ਪੂਰੇ ਪਰਿਵਾਰ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ।ਉਨ੍ਹਾਂ ਦੱਸਿਆ ਕਿ ਕੁੱਟਮਾਰ ਦੀ ਸਾਰੀ ਵਾਰਦਾਤ ਉਨ੍ਹਾਂ ਦੇ ਘਰ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋਈ ਹੈ।ਸੂਚਿਤ ਕੀਤੇ ਜਾਣ ਤੇ ਸੀਸੀਟੀਵੀ ਫੁਟੇਜ ਮੁਹੱਈਆ ਕਰਵਾਉਣ ਦੇ ਬਾਵਜੂਦ ਭਿੱਖੀਵਿੰਡ ਪੁਲਸ ਨੇ ਹਮਲਾਵਰਾਂ ਖ਼ਿਲਾਫ਼ ਹੁਣ ਤੱਕ ਕੋਈ ਵੀ ਕਾਰਵਾਈ ਨਹੀਂ ਕੀਤੀ।ਤਾਰਾ ਸਿੰਘ ਨੇ ਦੱਸਿਆ ਕਿ ਪੁਲਸ ਦੀ ਬੇਇਨਸਾਫ਼ੀ ਤੋਂ ਤੰਗ ਆ ਕੇ ਇਨਸਾਫ਼ ਲੈਣ ਖ਼ਾਤਰ ਉਸ ਦੇ ਅਪਾਹਜ ਪੁੱਤਰ ਨੂੰ ਪੈਟਰੋਲ ਵਾਲੀ ਬੋਤਲ ਲੈ ਕੇ ਪਾਣੀ ਵਾਲੀ ਟੈਂਕੀ 'ਤੇ ਚੜ੍ਹਨਾ ਪਿਆ।ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਡੀਜੀਪੀ ਪੰਜਾਬ ਗੌਰਵ ਯਾਦਵ ਤੇ ਐੱਸਐੱਸਪੀ ਤਰਨ ਤਾਰਨ ਅਭਿਮੰਨਿਊ ਰਾਣਾ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੇ ਘਰ ਅੰਦਰ ਦਾਖ਼ਲ ਹੋ ਕੇ ਕੁੱਟਮਾਰ ਕਰਨ ਵਾਲੇ ਹਮਲਾਵਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਉਧਰ ਮਾਮਲੇ ਸੰਬੰਧੀ ਸੂਚਨਾ ਮਿਲਣ ਮਗਰੋਂ ਮੌਕੇ 'ਤੇ ਪਹੁੰਚੇ ਥਾਣਾ ਮੁਖੀ ਭਿੱਖੀਵਿੰਡ ਮਨੋਜ ਕੁਮਾਰ ਵੱਲੋਂ ਹਮਲਾਵਰਾਂ ਖ਼ਿਲਾਫ਼ ਕਾਰਵਾਈ ਕਰਨ ਦੇ ਦਿੱਤੇ ਭਰੋਸੇ ਮਗਰੋਂ ਨੌਜਵਾਨ ਟੈਂਕੀ ਤੋਂ ਥੱਲੇ ਉਤਰ ਆਇਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਭਿੱਖੀਵਿੰਡ ਨੇ ਕਿਹਾ ਕਿ ਪੀੜਤ ਲਵਦੀਪ ਸਿੰਘ ਦੇ ਬਿਆਨਾਂ ਦੇ ਆਧਾਰ ਤੇ ਮਾਮਲਾ ਪੰਜ ਹਮਲਾਵਰਾਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਅਤੇ ਮੁਲਜਮਾਂ ਨੂੰ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

# ਜ਼ਿਲ੍ਹਾ ਪੱਧਰੀ ਭਾਸ਼ਣ ਤੇ ਪੇਂਟਿੰਗ ਮੁਕਾਬਲਿਆਂ 'ਚ ਪੀਐੱਮਸ਼੍ਰੀ ਸਕੂਲ ਦੀ ਝੰਡੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਗੁਰਦਾਸਪੁਰ ਵਿਖੇ ਜ਼ਿਲ੍ਹਾ ਪੱਧਰੀ ਜਿਮਨਾਸਟਿਕ ਖੇਡ, ਭਾਸ਼ਣ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਪੀ. ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੀ ਵਿਦਿਆਰਥਣ ਪ੍ਰਭਲਿਉਨ ਕੌਰ ਨੇ ਭਾਸ਼ਣ ਅਤੇ ਪਰਾਚੀ ਨੇ ਪੇਂਟਿੰਗ ਮੁਕਾਬਲੇ ਵੱਚ ਜ਼ਿਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਵਿਦਿਆਰਥੀਆਂ ਦਾ ਸਕੂਲ ਪਹੁੰਚਣ 'ਤੇ ਸਕੂਲ ਮੁਖੀ ਅਤੇ ਅਧਿਆਪਕਾਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ।ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਕਾਮਯਾਬੀ ਦਾ ਸਿਹਰਾ ਅਧਿਆਪਕਾ ਨੀਰੂ ਭੰਡਾਰੀ ਅਤੇ ਗੁਰਟੇਕ ਸਿੰਘ ਨੂੰ ਜਾਂਦਾ ਹੈ ਜਿਨ੍ਹਾਂ ਦੀ ਗਾਈਡੈਂਸ ਨਾਲ ਵਿਦਿਆਰਥੀਆਂ ਨੇ ਇਹ ਕਾਮਯਾਬੀ ਹਾਸਲ ਕੀਤੀ ਅਤੇ ਜ਼ਿਲੇ 'ਚ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਪ੍ਰਿੰ. ਡਾ. ਕੌਸ਼ਲ ਵੱਲੋਂ ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵ ਬਾਰੇ ਵੀ ਜਾਣੂ ਕਰਵਾਇਆ ਗਿਆ।



# ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ : ਸ਼ੈਰੀ ਕਲਸੀ

**ਬਟਾਲਾ (ਤਰਲੋਕ ਬੱਗਾ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਰੰਭੀ ਨਸ਼ਿਆਂ ਖਿਲਾਫ ਫੈਸਲਾਕੁੰਨ ਲੜਾਈ ਦੇ ਅਗਲੇ ਪੜਾਅ ਵਜੋਂ ਹੁਣ ਸਰਕਾਰ ਵੱਲੋਂ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਪੱਧਰ ਅਤੇ ਵਾਰਡ ਪੱਧਰ ਤੇ ਜਾ ਕੇ ਰੱਖਿਆ ਕਮੇਟੀਆਂ ਨਾਲ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਆਰੰਭਿਆ ਗਿਆ ਹੈ।ਪਿੰਡ ਕੋਟਲੀ ਭਾਨ ਸਿੰਘ ਤੇ ਲੌਂਗੋਵਾਲ ਕਲਾਂ ਦੇ ਪਿੰਡਾਂ ਵਿਚ ਨਸ਼ਾ ਮੁਕਤੀ ਯਾਤਰਾ ਤਹਿਤ ਲੋਕਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵ ਬਾਰੇ ਜਾਣੂੰ ਕਰਵਾਇਆ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਇਨ੍ਹਾਂ ਮੀਟਿੰਗਾਂ ਦਾ ਮੰਤਵ ਪਿੰਡ ਰੱਖਿਆ ਕਮੇਟੀਆਂ ਅਤੇ ਵਾਰਡ ਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੱਕ ਪਹੁੰਚਾਉਣ, ਨਸ਼ਾ ਪੀੜਤਾਂ ਦੇ ਇਲਾਜ ਲਈ ਉਨਾਂ ਨੂੰ ਪ੍ਰੇਰ ਕੇ ਨਸ਼ਾ ਮੁਕਤੀ ਕੇਂਦਰਾਂ ਤੱਕ ਲਿਆਉਣ ਲਈ ਜਾਗਰੂਕ ਕਰਨਾ ਹੈ।ਇਹ ਯਾਤਰਾ ਨਸ਼ਿਆਂ ਦੇ ਖਾਤਮੇ ਵਿੱਚ ਅਹਿਮ ਭੂਮਿਕਾ ਨਿਭਾਏਗੀ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਵੱਡੀ ਗਿਣਤੀ ਨਸ਼ਾ ਤਸਕਰ ਫੜੇ ਜਾ ਚੁੱਕੇ ਹਨ ਅਤੇ ਸਿਵਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਹੁਣ ਤੱਕ ਨਸ਼ਾ ਤਸਕਰਾਂ ਵੱਲੋਂ ਕੀਤੀਆਂ ਕਈ ਨਜਾਇਜ਼ ਉਸਾਰੀਆਂ ਨੂੰ ਵੀ ਢਾਹਿਆ ਜਾ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਦੋਨਾ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਨੌਜਵਾਨਾਂ ਦੇ ਖੇਡਣ ਲਈ ਗਰਾਊਂਡ ਦੇ ਵਿਕਾਸ ਕੰਮ, ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦੀ ਸਫਾਈ ਕਰਵਾਈ ਜਾਵਗੀ, ਥਾਪਰ ਮਾਡਲ ਤਹਿਤ ਸ਼ਹਿਰ ਦਾ ਵਿਕਾਸ ਕੰਮ ਕਰਵਾਇਆ ਜਾਵੇਗਾ, ਪਾਰਕ ਦੀ ਉਸਾਰੀ ਕਰਵਾਈ ਜਾਵੇਗੀ, ਗਲੀਆਂ ਦੇ ਨਿਰਮਾਣ ਕਾਰਜ, ਵਾਟਰ ਕੂਲਰ ਲਗਾਉਣ, ਜਿੰਮ ਦਾ ਸਮਾਨ ਦੇਣ, ਡੇਰਿਆਂ ਦੇ ਖੜਵੰਜੇ ਬਣਾਉਣ ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਜਾਣਗੇ।ਇਨ੍ਹਾਂ ਕੰਮਾਂ ਲਈ ਸਬੰਧਤ ਵਿਭਾਗਾਂ ਵਲੋਂ ਮਨਜ਼ੂਰੀ ਮਿਲ ਗਈ ਹੈ।

# ਗੁ. ਸ਼ਹੀਦ ਗੰਜ ਸਾਹਿਬ ਕਾਦੀਆਂ ਵਿਖੇ ਮਹਾਨ ਅੰਮ੍ਰਿਤ ਸੰਚਾਰ 22 ਨੂੰ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਕਮੇਟੀ ਦੇ ਵਿਸੇਸ ਸਹਿਯੋਗ ਨਾਲ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸਹੀਦੀ ਦਿਹਾੜੇ ਨੂੰ ਸਮਰਪਿਤ 22 ਮਈ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਗੁਰਦੁਆਰਾ ਸਹੀਦ ਗੰਜ ਸਾਹਿਬ ਮਹੱਲਾ ਪ੍ਰਤਾਪ ਨਗਰ ਰੇਲਵੇ ਰੋਡ ਕਾਦੀਆਂ ਵਿਖੇ ਕਰਵਾਇਆ ਜਾ ਰਿਹਾ ਹੈ। ਉਕਤ ਜਾਣਕਾਰੀ ਸ੍ਰੋਮਣੀ ਕਮੇਟੀ ਹਲਕਾ ਬਟਾਲਾ ਤੋਂ ਧਾਰਮਿਕ ਨੁਮਾਇੰਦਗੀ ਕਰ ਰਹੇ ਧਾਰਮਿਕ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੰਦਿਆਂ ਦੱਸਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੰਜ ਪਿਆਰੇ ਸਾਹਿਬਾਨ ਵਿਸੇਸ ਤੌਰ ਤੇ ਪਹੁੰਚ ਕੇ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕਰਕੇ ਅੰਮ੍ਰਿਤ ਅਭਲਾਖੀਆਂ ਨੂੰ ਅੰਮ੍ਰਿਤ ਛਕਾਉਣਗੇ। ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਦੱਸਿਆ ਕਿ ਅੰਮ੍ਰਿਤ ਸੰਚਾਰ ਮੌਕੇ ਧਰਮ ਪ੍ਰਚਾਰ ਕਮੇਟੀ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤ ਛਕਣ ਵਾਲੇ ਅੰਮ੍ਰਿਤ ਅਭਲਾਖੀਆਂ ਨੂੰ ਭੇਟਾਂ ਰਹਿਤ ਮੁਫਤ ਕਕਾਰ ਦਿੱਤੇ ਜਾਣਗੇ। ਜਥੇਦਾਰ ਗੋਰਾ ਨੇ ਸਮੂਹ ਸੰਗਤਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕਨ ਦੀ ਬੇਨਤੀ ਕੀਤੀ। ਇਸ ਮੌਕੇ ਜਤਿੰਦਰ ਸਿੰਘ ਚੀਮਾ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਦਵਿੰਦਰ ਸਿੰਘ ਲਾਲੀ ਬਾਜਵਾ ਮੈਨੇਜਰ, ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ,ਸ੍ਰ ਗੁਰਮੁੱਖ ਸਿੰਘ ਖਾਲਸਾ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਲਾਲ ਸਿੰਘ ਕਵੀਸ਼ਰ ਧਰਮ ਪ੍ਰਚਾਰ ਕਮੇਟੀ, ਮਨਜੀਤ ਸਿੰਘ ਕਵੀਸ਼ਰ ਧਰਮ ਪ੍ਰਚਾਰ ਕਮੇਟੀ, ਸਿਮਰਤਪਾਲ ਸਿੰਘ ਭਾਟੀਆ ਆਦਿ ਹਾਜ਼ਰ ਸਨ।

# ਰੇ-ਵੰਨ ਇੰਟਰਨੈਸ਼ਨਲ ਸਕੂਲ ਵੱਲੋਂ 10ਵੀਂ/12ਵੀਂ ਦੇ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ



**ਮਜੀਠਾ (ਸੋਇਮ ਆਨੰਦ)**-ਰੇਵੰਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਹਰੀਆਂ ਰੋਡ ਮਜੀਠਾ ਦਾ ਨਤੀਜਾ ਬੀਤੇ ਵਰ੍ਹਿਆਂ ਦੀ ਤਰ੍ਹਾਂ ਇਸ ਸਾਲ ਵੀ 100 ਫੀਸਦੀ ਰਿਹਾ।ਡਾਇਰੈਕਟਰ ਅਮਰਪ੍ਰੀਤ ਸਿੰਘ ਨੇ ਦੱਸਿਆ ਕਿ ਦਸਵੀਂ ਦੀ ਨਵਨੀਤ, ਅੰਸ਼ਦੀਪ ਕੌਰ ਤੇ ਖੁਸ਼ਮੇਹਰਪ੍ਰੀਤ ਕੌਰ ਨੇ 96.6 ਫੀਸਦੀ, ਅਸਮੀਤ ਕੌਰ ਨੇ 94 ਫੀਸਦੀ ਅਤੇ ਗੁਰਪਿੰਦਰ ਕੌਰ ਨੇ 93.8 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਦੇ ਨਾਲ-ਨਾਲ ਆਪਣੇ ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਬਾਰ੍ਹਵੀਂ ਕਾਮਰਸ 'ਚ ਪਵਨਪ੍ਰੀਤ ਕੌਰ ਨੇ 93 ਫੀਸਦੀ, ਮਹਿਕਦੀਪ 89 ਫੀਸਦੀ ਅਤੇ ਮੁਸਕਾਨ 87.8 ਫੀਸਦੀ, ਆਰਟਸ ਵਿਚੋਂ ਮੁਸਕਾਨ ਨੇ 87ਫੀਸਦੀ, ਕਰਨਪ੍ਰੀਤ ਕੌਰ ਨੇ 84.8 ਅਤੇ ਗੁਰਨੂਰ ਕੌਰ ਨੇ 84 ਫੀਸਦੀ ਅਤੇ ਸਾਇੰਸ ਗਰੁੱਪ ਵਿਚੋਂ ਸਾਕਸ਼ੀ 94.8, ਅਨਮੋਲਦੀਪ ਕੌਰ 93.6 ਅਤੇ ਹਰਮੀਤ ਕੌਰ ਤੇ ਸੁਮਨਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਬਾਕੀ ਸਾਰੇ ਬੱਚਿਆਂ ਨੇ ਵੀ 75 ਫੀਸਦੀ ਤੋਂ ਉਪਰ ਅੰਕ ਪ੍ਰਾਪਤ ਕਰਕੇ ਸਕੂਲ਼ ਦਾ ਮਾਣ ਵਧਾਇਆ।ਇਸ ਮੌਕੇ ਡਾਇਰੈਕਟਰ ਅਮਰਪ੍ਰੀਤ ਸਿੰਘ, ਪ੍ਰਿੰਸੀਪਲ ਵਰਿੰਦਰ ਕੁਮਾਰ, ਮੈਡਮ ਗੁਰਪ੍ਰੀਤ ਕੌਰ, ਰਮਨਦੀਪ ਕੌਰ, ਮਨਦੀਪ ਕੌਰ, ਕਵਲਜੀਤ ਕੌਰ, ਗੀਤੂ ਸੂਦ, ਜਸ਼ਨਪ੍ਰੀਤ ਕੌਰ, ਮੈਡਮ ਕੋਮਲ, ਪ੍ਰਭਜੀਤ ਕੌਰ, ਸ਼ਰਨਜੀਤ ਕੌਰ, ਪਰਮਪ੍ਰੀਤ ਸਿੰਘ, ਪ੍ਰੀਆ ਜੁਲਕਾ, ਸੰਦੀਪ ਕੌਰ, ਰਾਜਵਿੰਦਰ ਕੌਰ, ਡੋਗਰਾ, ਰਮਨਜੀਤ ਕੌਰ, ਸੋਨਮ ਸ਼ਰਮਾ ਆਦਿ ਹਾਜ਼ਰ ਸਨ।

# ਕਣਕ ਦੀ ਪੈਦਾਵਾਰ 'ਚ ਔਸਤਨ ਦੋ ਕੁਇੰਟਲ ਪ੍ਰਤੀ ਹੈਕਟੇਅਰ ਦਾ ਵਾਧਾ ਦਰਜ ਹੋਇਆ : ਡੀ ਸੀ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਦਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕੀਤੇ ਉਪਰਾਲਿਆਂ ਅਤੇ ਕਿਸਾਨਾਂ ਦੀ ਮਿਹਨਤ ਸਦਕਾ ਕਣਕ ਦੀ ਪੈਦਾਵਾਰ ਵਿਚ ਔਸਤਨ 2 ਕੁਇੰਟਲ ਪ੍ਰਤੀ ਹੈਕ. ਦਾ ਵਾਧਾ ਹੋਇਆ ਹੈ।ਮੁੱਖ ਖੇਤੀਬਾੜੀ ਅਫਸਰ ਡਾਕਟਰ ਅਮਰੀਕ ਸਿੰਘ ਦੀ ਯੋਗ ਅਗਵਾਈ ਵਿਚ ਖੇਤੀਬਾੜੀ ਵਿਭਾਗ, ਗੁਰਦਾਸਪੁਰ ਦੇ ਯਤਨਾਂ ਕਾਰਨ ਸਾਲ 2024 ਦੇ ਮੁਕਾਬਲੇ 2025 ਵਿੱਚ ਕਣਕ ਅਤੇ ਸਰ੍ਹੋਂ ਦੀ ਪੈਦਾਵਾਰ ਵਧਾਉਣ ਵਿੱਚ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ ਹੈ, ਗੁਰਦਾਸਪੁਰ ਜ਼ਿਲ੍ਹੇ ਅੰਦਰ ਕੀਤੇ ਗਏ ਫਸਲ ਕਟਾਈ ਤਜਰਬਿਆਂ ਦੇ ਅਧਾਰ ਤੇ ਕਣਕ ਦਾ ਔਸਤ ਝਾੜ 48.68 ਤੋਂ ਵੱਧ ਕੇ 50.78 ਕੁਇੰਟਲ ਪ੍ਰਤੀ ਹੈਕਟੇਅਰ ਅਤੇ ਸਰ੍ਹੋਂ ਦਾ ਔਸਤ ਝਾੜ 14.13 ਤੋਂ ਵੱਧ ਕੇ 15.89 ਕੁਇੰਟਲ ਪ੍ਰਤੀ ਹੈਕਟੇਅਰ ਦਰਜ ਕੀਤਾ ਗਿਆ।

# ਡਾਕਟਰ ਬਣਨਾ ਹੀ ਮੇਰਾ ਮੁੱਖ ਟੀਚਾ: ਮਨਮੀਤ ਕੌਰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਭਤੀਜੀ, ਗੁਰਚਰਨ ਸਿੰਘ ਨਾਥ ਦੀ ਖੂਹੀ ਦੀ ਸਪੁੱਤਰੀ ਮਨਮੀਤ ਕੌਰ ਸ੍ਰੀ ਗੁਰੂ ਨਾਨਕ ਦੇਵ ਸੀਨੀਅਰ ਸੈਕੰਡਰੀ ਸਕੂਲ ਅੱਡਾ ਨਾਥ ਦੀ ਖੂਹੀ ਚੰਨਣਕੇ ਦੀ ਵਿਦਿਆਰਥਣ ਨੇ ਦਸਵੀਂ ਕਲਾਸ ਦੇ ਨਤੀਜੀਆਂ ਵਿੱਚ ਆਪਣੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਉਸ ਨੇ 650 ਅੰਕਾਂ ਵਿੱਚੋਂ 614 ਅੰਕ ਪ੍ਰਾਪਤ ਕੀਤੇ ਹਨ।ਮਨਮੀਤ ਕੌਰ ਦਾ ਕਹਿਣਾ ਹੈ ਕਿ ਮੈਂ ਪੜ੍ਹ ਕੇ ਡਾਕਟਰ ਬਣਨਾ ਚਾਹੁੰਦੀ ਹਾਂ ਅਤੇ ਸਮਾਜ ਦੀ ਸੇਵਾ ਕਰਨਾ ਮੇਰੇ ਜੀਵਨ ਦਾ ਮੁੱਖ ਟੀਚਾ।ਮੈਰਿਟ ਵਿੱਚ ਆਉਣ 'ਤੇ ਬਾਬਾ ਸੁਖਵੰਤ ਸਿੰਘ ਚੰਨਣ ਕੇ ਨੇ ਆਪਣੀ ਭਤੀਜੀ ਦਾ ਮੂੰਹ ਮਿੱਠਾ ਕਰਵਾਉਂਦਿਆਂ ਅਸ਼ੀਰਵਾਦ ਦਿੱਤਾ।



# ਕਾਮਰੇਡ ਮਲਕੀਤ ਚੰਦ ਮੇਹਲੀ ਦੀ ਸਾਲਾਨਾ ਬਰਸੀ 23 ਨੂੰ

**ਬੰਗਾ (ਅਵਤਾਰ ਕਲੇਰ)** ਭਾਰਤੀ ਕਮਿਊਨਿਸਟ ਪਾਰਟੀ ਦੇ ਮਹਾਨ ਸ਼ਹੀਦ, ਮਜ਼ਦੂਰਾਂ ਅਤੇ ਕਿਸਾਨਾਂ ਹਰਮਨ ਪਿਆਰੇ ਆਗੂ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ ਸਲਾਨਾ ਬਰਸੀ 23 ਮਈ ਨੂੰ ਪਿੰਡ ਮੇਹਲੀ ਵਿਖੇ ਮਨਾਈ ਜਾਵੇਗੀ। ਜ਼ਿਕਰਯੋਗ ਹੈ ਕਿ ਕਾਮਰੇਡ ਮਲਕੀਤ ਚੰਦ ਮੇਹਲੀ ਨੂੰ ਅੱਤਵਾਦੀਆਂ ਨੇ 23 ਮਈ 1988 ਨੂੰ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਸੀ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਨਰੰਜਣ ਦਾਸ ਮੇਹਲੀ ਨੇ ਦੱਸਿਆ ਕਿ ਇਸ ਬਰਸੀ ਸਮਾਗਮ ਚ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਕਾਮਰੇਡ ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ, ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਕੌਮੀ ਜਨਰਲ ਸਕੱਤਰ ਮਜ਼ਦੂਰ ਯੂਨੀਅਨ, ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਸੰਬੋਧਨ ਕਰਨਗੇ। ਸੁਰਿੰਦਰ ਸ਼ਰਮਾ ਦੀ ਅਗਵਾਈ ਹੇਠ ਲੋਕ ਕਲਾ ਮੰਚ (ਰਜਿ) ਮੰਡੀ ਮੁੱਲਾਂਪੁਰ ਦੀ ਟੀਮ ਵੱਲੋਂ ਇਨਕਲਾਬੀ ਨਾਟਕ ਅਤੇ ਕੋਰੀਓਗਰਾਫੀਆਂ ਪੇਸ਼ ਕੀਤੀਆਂ ਜਾਣਗੀਆਂ ਅਤੇ ਪੰਜਾਬ ਗਾਇਕ ਗੁਰਮੇਜ ਮੇਹਲੀ ਵਲੋਂ ਇਨਕਲਾਬੀ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।

# ਮਜ਼ਦੂਰ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਦੀ ਨਿਖੇਧੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੌਜਵਾਨ ਭਾਰਤ ਸਭਾ, ਪੇਂਡੂ ਮਜ਼ਦੂਰ ਯੂਨੀਅਨ,ਵੱਲੋਂ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ,ਸੂਬਾ ਆਗੂ ਹੰਸ ਰਾਜ ਪੱਬਵਾਂ ਅਤੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਦੇ ਘਰ ਛਾਪੇਮਾਰੀ ਕਰਨ ਦੀ ਸਖ਼ਤ ਨਿਖੇਧੀ ਕੀਤੀ ਅਤੇ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ। ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੋਨੂੰ ਲੋਹੀਆਂ ਅਤੇ ਸੁੱਖ ਮੰਡਿਆਲਾ ਅਤੇ ਪੀਐਮਯੂ ਦੇ ਆਗੂ ਗੁਰਚਰਨ ਸਿੰਘ ਨੇ ਕਿਹਾ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ 20 ਮਈ ਨੂੰ ਸੰਗਰੂਰ ਦੀ ਜੀਂਦ ਰਿਆਸਤ ਦੀ 927 ਏਕੜ ਬੇਚਿਰਾਗ ਜ਼ਮੀਨ ਤੇ ਸੰਗਰੂਰ ਚੱਲੋ ਦਾ ਸੱਦਾ ਦਿੱਤਾ ਗਿਆ ਸੀ। ਪਰ ਪੰਜਾਬ ਦੀ ਆਪ ਸਰਕਾਰ ਵਲੋਂ ਤਾਨਾਸ਼ਾਹੀ ਤੇ ਡੰਡੇ ਦੇ ਜ਼ੋਰ ਹਰ ਸੰਘਰਸ਼ ਦਬਾਉਣ ਦੇ ਪੈਂਤੜੇ ਤਹਿਤ ਹੀ ਮਜ਼ਦੂਰ ਆਗੂਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਤਾਂ ਜੋ ਮਜ਼ਦੂਰਾਂ ਚ ਦਹਿਸ਼ਤ ਫੈਲਾਈ ਜਾਵੇ ਅਤੇ ਸੰਘਰਸ਼ ਨੂੰ ਤਾਰਪੀਡੋ ਕੀਤਾ ਜਾ ਸਕੇ।

# ਹਿੰਦ ਤੇ ਪਾਕਿ ਅਮਨ ਦੀ ਮਜ਼ਬੂਤੀ ਲਈ ਜੰਗ ਤੋਂ ਪਹਿਲਾਂ ਵਾਲੀ ਸਥਿਤੀ ਬਹਾਲ ਕਰਨ: ਲਿਬਰੇਸ਼ਨ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**



ਸੀਪੀਆਈ ਐੱਮ ਐੱਲ ਲਿਬਰੇਸ਼ਨ ਨੇ ਹਿੰਦ-ਪਾਕਿ ਦਰਮਿਆਨ ਹੋਈ ਜੰਗਬੰਦੀ ਅਤੇ ਦੋਵਾਂ ਦੇਸ਼ਾਂ ਦਰਮਿਆਨ ਅਮਨ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ 22 ਅਪ੍ਰੈਲ ਤੋਂ ਪਹਿਲਾਂ ਵਾਲੀ ਰਾਜਨੀਤਿਕ ਸਥਿਤੀ ਬਹਾਲ ਕਰਨ ਦੀ ਮੰਗ ਕੀਤੀ। ਇਸੇ ਮੰਗ 'ਤੇ ਅਧਾਰਿਤ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ 4 ਜੂਨ ਨੂੰ ਸੂਬਾ ਪੱਧਰੀ ਕਨਵੈਨਸ਼ਨ ਕਰਨ ਦਾ ਫੈਸਲਾ ਲਿਆ ਹੈ ਜਿਸ ਕਨਵੈਨਸ਼ਨ ਦੇ ਮੁੱਖ ਬੁਲਾਰੇ ਲਿਬਰੇਸ਼ਨ ਦੇ ਜਨਰਲ ਸਕੱਤਰ ਕਾਮਰੇਡ ਦਪਿੰਕਰ ਭੱਟਾਚਾਰੀਆ ਹੋਣਗੇ।ਇਸ ਸਬੰਧੀ ਮਾਝਾ ਜ਼ੋਨ ਦੇ ਪਾਰਟੀ ਆਗੂਆਂ ਦੀ ਮੀਟਿੰਗ ਵਿੱਚ ਬੋਲਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਨੇ ਕਿਹਾ ਕਿ ਦੋਨੋਂ ਦੇਸ਼ਾਂ ਦਰਮਿਆਨ ਹੋਈ ਜੰਗਬੰਦੀ ਪਿੱਛੇ ਇੱਕ ਵੱਡਾ ਕਾਰਨ ਦੋਵਾਂ ਦੇਸ਼ਾਂ ਦੇ ਹਾਕਮਾਂ ਵੱਲੋਂ ਜੰਗੀ ਹਾਲਾਤ ਪੈਦਾ ਕਰਨ ਦੀਆਂ ਨੀਤੀਆਂ ਵਿਰੁੱਧ ਦੋਵਾਂ ਦੇਸ਼ਾਂ ਦੇ ਲੋਕਾਂ ਵੱਲੋਂ ਖੁੱਲ੍ਹਾ ਤੇ ਲੁਕਵਾਂ ਜੰਗ ਦਾ ਵਿਰੋਧ ਸੀ ਪਰ ਮੌਜੂਦਾ ਜੰਗੀ ਤਣਾਅ ਦੇ ਮਾਹੌਲ ਨੂੰ ਤਾਂ ਹੀ ਖਤਮ ਕੀਤਾ ਜਾ ਸਕਦਾ ਹੈ, ਜੇਕਰ 22 ਅਪ੍ਰੈਲ ਤੋਂ ਬਾਅਦ ਦੋਵਾਂ ਦੇਸ਼ਾਂ ਵੱਲੋਂ ਇਕ ਦੂਜੇ ਦੇਸ਼ ਵਿਰੁੱਧ ਲਾਈਆਂ ਗਈਆਂ ਪਾਬੰਦੀਆਂ ਨੂੰ ਖਤਮ ਕੀਤਾ ਜਾਵੇ। ਪਾਬੰਦੀਆਂ ਵਿੱਚ ਭਾਰਤ ਸਰਕਾਰ ਵੱਲੋਂ ਸਿੰਧੂ ਵਾਟਰ ਸੰਧੀ ਮੁਅੱਤਲ ਕਰਨ, ਕਰਤਾਰਪੁਰ ਲਾਂਘਾ ਬੰਦ ਕਰਨ, ਬਾਰਡਰ ਦੀ ਕੰਡਿਆਲੀ ਤਾਰ ਦੇ ਅੰਦਰ ਪੈਂਦੀ ਜ਼ਮੀਨ ਤੋਂ ਖੇਤੀ ਬੰਦ ਕਰਨ, ਪਾਕਿਸਤਾਨ ਵੱਲੋਂ ਸ਼ਿਮਲਾ ਸਮਝੌਤਾ ਰੱਦ ਕਰਨ ਅਤੇ ਦੋਨਾਂ ਦੇਸ਼ਾਂ ਵੱਲੋ ਹਵਾਈ ਖੇਤਰ, ਵਪਾਰ ਤੇ ਪਾਬੰਦੀ ਲਗਾਉਣ, ਦੋਨਾਂ ਦੇਸ਼ਾਂ ਦੀਆਂ ਵਿਆਹੁਤਾ ਔਰਤਾਂ ਨੂੰ ਆਪਣੇ ਆਪਣੇ ਦੇਸ਼ ਭੇਜਣ ਅਤੇ ਵਾਹਗਾ ਬਾਰਡਰ ਸਮੇਤ ਹੋਰ ਬਾਰਡਰਾਂ ਨੂੰ ਬੰਦ ਕਰਨ ਵਰਗੇ ਫੈਸਲੇ ਦੋਨਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਵਾਪਸ ਲੈਣੇ ਚਾਹੀਦੇ ਹਨ। ਰਾਜਨੀਤਿਕ ਸਮੱਸਿਆਵਾਂ ਕਿਸੇ ਤੀਸਰੀ ਧਿਰ ਨੂੰ ਸਾਲਸੀ ਪਾਉਣ ਦੀ ਬਜਾਏ ਆਪਸੀ ਮਿਲ ਬੈਠ ਕੇ ਹੱਲ ਕਰਨੀਆਂ ਚਾਹੀਦੀਆਂ ਹਨ।ਬਖਤਪੁਰ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਜੰਗ ਬਾਬਤ ਦੁਨੀਆ ਨੂੰ ਆਪਣਾ ਪੱਖ ਦੱਸਣ ਲਈ ਵੱਖ-ਵੱਖ ਦੇਸ਼ਾਂ ਵਿੱਚ ਭੇਜੇ ਜਾ ਰਹੇ 7 ਵਫਦ ਜੇਕਰ ਜੰਗ ਤੋਂ ਪਹਿਲਾਂ ਭੇਜੇ ਜਾਂਦੇ ਤਾਂ ਪਾਕਿਸਤਾਨ ਨੂੰ ਕਟਹਿਰੇ ਵਿਚ ਖੜ੍ਹਾ ਕਰਨ ਲਈ ਭਾਰਤ ਦੀ ਹੁਣ ਨਾਲੋਂ ਰਾਜਨੀਤਿਕ ਸਥਿਤੀ ਜ਼ਿਆਦਾ ਮਜ਼ਬੂਤ ਹੋਣੀ ਸੀ।ਉਨ੍ਹਾਂ ਦੋਵਾਂ ਦੇਸ਼ਾਂ ਦੀ ਜਨਤਾ ਨੂੰ ਅਪੀਲ ਕੀਤੀ ਕਿ ਅਮਨ ਲਈ ਆਵਾਜ਼ ਬੁਲੰਦ ਕਰਦਿਆਂ ਜਮਾਤੀ ਸੰਘਰਸ਼ਾਂ ਨੂੰ ਤੇਜ਼ ਕਰਨਾ ਲੋੜੀਂਦਾ ਹੈ।ਮੀਟਿੰਗ ਵਿੱਚ ਬਲਬੀਰ ਮੂਧਲ, ਸ਼ਮਸ਼ੇਰ ਹੇਰ, ਨਿਰਮਲ ਛਜਲਵੱਡੀ, ਮੰਗਲ ਧਰਮ ਕੋਟ, ਦਲਵਿੰਦਰ ਪੰਨੂ, ਦਲਬੀਰ ਮਲਕਵਾਲ ਅਤੇ ਬਚਨ ਸਿੰਘ ਤੇਜਾਕਲਾਂ ਸ਼ਾਮਲ ਸਨ।

# ਸਰਕਾਰੀ ਹਾਈ ਸਕੂਲ ਬਸਰਾਏ ਦੀ ਮਨਪ੍ਰੀਤ ਕੌਰ ਵੱਲੋਂ ਭਾਸ਼ਣ ਮੁਕਾਬਲੇ 'ਚ ਤੀਜਾ ਸਥਾਨ ਹਾਸਲ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਰਕਾਰੀ ਹਾਈ ਸਕੂਲ ਬਸਰਾਏ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਨੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਪੱਧਰੀ ਭਾਸ਼ਣ ਮੁਕਾਬਲਿਆਂ ਵਿੱਚ ਭਾਗ ਲੈਂਦੇ ਹੋਏ ਤੀਸਰਾ ਸਥਾਨ ਹਾਸਿਲ ਕੀਤਾ ।ਬੀਐੱਨਓ-ਕਮ-ਹੈੱਡਮਾਸਟਰ ਵਿਜੈ ਕੁਮਾਰ ਨੇ ਦੱਸਿਆ ਕਿ ਇਸ ਮੁਕਾਬਲੇ ਵਿੱਚ ਜ਼ਿਲੇ ਭਰ ਦੇ 29 ਵਿਦਿਆਰਥੀਆਂ ਨੇ ਭਾਗ ਲਿਆ ਸੀ, ਜਿਸ ਵਿੱਚੋਂ ਮਨਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ ।ਇਸ ਲੜੀ ਤਹਿਤ ਪੋਸਟਰ ਮੇਕਿੰਗ ਅਤੇ ਹੋਰ ਮੁਕਾਬਲਿਆਂ ਲਈ ਇਸ ਸਕੂਲ ਦੇ ਆਰਟ ਐਂਡ ਕਰਾਫਟ ਟੀਚਰ ਜਰਨੈਲ ਸਿੰਘ ਨੇ ਪੋਸਟਰ ਮੇਕਿੰਗ ਮੁਕਾਬਲਿਆਂ ਲਈ ਬਤੌਰ ਜੱਜ ਭੂਮਿਕਾ ਨਿਭਾਈ ।ਉਨ੍ਹਾਂ ਹੋਰ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਚੱਲ ਰਹੇ ਪ੍ਰੋਗਰਾਮਾਂ ਵਿੱਚ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਹਰ ਦਿਸ਼ਾ ਨਿਰਦੇਸ਼ ਦਾ ਪਾਲਣ ਕਰਦੇ ਹੋਏ ਇਸ ਕੁਰੀਤੀ ਨੂੰ ਦੂਰ ਕਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਇਨ੍ਹਾਂ ਮੁਕਾਬਲਿਆਂ ਲਈ ਸਕੂਲ ਦੇ ਅਧਿਆਪਕ ਕਾਫੀ ਮਿਹਨਤ ਕਰ ਰਹੇ ਹਨ ਜਿਸ 'ਤੇ ਸਕੂਲ ਮੁਖੀ ਵੱਲੋਂ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਹੋਰ ਵੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਮੁਕੇਸ਼ ਕੁਮਾਰ ਪ੍ਰਧਾਨ ਜਗਤ ਪੰਜਾਬੀ ਸਭਾ ਨੇ ਵਿਸ਼ੇਸ਼ ਯੋਗਦਾਨ ਪਾਇਆ।



# ਮਾਤਾ ਗੁਜਰੀ ਕਾਨਵੈਂਟ ਸਕੂਲ ਸਰਹਾਲੀ ਕਲਾਂ ਵੱਲੋਂ 12ਵੀਂ ਦੇ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਮਾਤਾ ਗੁਜਰੀ ਕਾਨਵੈਂਟ ਸਕੂਲ ਸਰਹਾਲੀ ਕਲਾਂ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 100% ਰਿਹਾ ਬਾਰ੍ਹਵੀਂ ਜਮਾਤ ਦੇ ਕਾਮਰਸ ਗਰੁੱਪ ਵਿੱਚੋਂ ਬਿਕਰਮਜੀਤ ਸਿੰਘ ਨੇ 93.4% ਨੰਬਰ ਲੈ ਕੇ ਪਹਿਲਾਂ ਸਥਾਨ, ਕੋਮਲਪ੍ਰੀਤ ਕੌਰ ਤੇ ਜਸ਼ਨਪ੍ਰੀਤ ਕੌਰ ਨੇ 88.6% ਨੰਬਰ ਲੈ ਕੇ ਦੂਸਰਾ ਅਤੇ ਜੈਸਮੀਨ ਕੌਰ ਨੇ 87.4% ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਸਾਇੰਸ ਗਰੁੱਪ ਵਿੱਚ ਰਮਨਪ੍ਰੀਤ ਸਿੰਘ ਨੇ 86.8% ਨੰਬਰ ਲੈ ਕੇ ਪਹਿਲਾਂ ਸਥਾਨ, ਖੁਸ਼ਪ੍ਰੀਤ ਕੌਰ ਨੇ 85.8% ਨੰਬਰ ਲੈ ਕੇ ਦੂਸਰਾ ਅਤੇ ਅਰਮਾਨਦੀਪ ਸਿੰਘ ਨੇ 83% ਨੰਬਰ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਆਰਟਸ ਗਰੁੱਪ ਵਿੱਚੋਂ ਜਸਪ੍ਰੀਤ ਕੌਰ ਨੇ 92.6% ਨੰਬਰ ਲੈ ਕੇ ਪਹਿਲਾ ਸਥਾਨ, ਮੁਸਕਾਨ ਸੋਨੀ ਨੇ 91.6% ਨੰਬਰ ਲੈ ਕੇ ਦੂਸਰਾ ਅਤੇ ਗੁਰਪ੍ਰੀਤ ਸਿੰਘ ਨੇ 86.6% ਨੰਬਰ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਦੇ ਨਾਲ ਹੀ ਦਸਵੀਂ ਕਲਾਸ ਦੇ ਵਿਦਿਆਰਥੀ ਸਿਮਰਨਪ੍ਰੀਤ ਕੌਰ ਨੇ 92.4% ਲੈ ਕੇ ਪਹਿਲਾ ਸਥਾਨ, ਨਵਨੀਤ ਕੌਰ ਨੇ 90.6% ਲੈ ਕੇ ਦੂਸਰਾ ਅਤੇ ਜਪਨੀਤ ਕੌਰ ਨੇ 84% ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਤੇ ਬਾਰ੍ਹਵੀਂ ਕਲਾਸ ਦੇ ਸਾਰੇ ਬੱਚੇ ਸਕੂਲ ਵਿੱਚ ਪਹੁੰਚੇ ਅਤੇ ਸਕੂਲ ਮੈਨੇਜਮੈਂਟ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ। ਸਕੂਲ ਦੇ ਐੱਮ ਡੀ ਮਨਜਿੰਦਰ ਸਿੰਘ ਕੁਕਰੇਜਾ ਅਤੇ ਪ੍ਰਿੰ. ਗੀਤਾ ਕੁਕਰੇਜਾ ਨੇ ਸਾਰੇ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਦੇ ਵਧੀਆ ਰਿਜ਼ਲਟ ਤੇ ਵਧਾਈ ਦਿੱਤੀ ਅਤੇ ਚੰਗੇ ਕਾਲਜਾਂ ਵਿੱਚ ਦਾਖਲਾ ਲੈਣ ਲਈ ਪ੍ਰੇਰਿਤ ਕੀਤਾ।



# ਖਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਤੇ ਗਰਲਜ਼ ਸਕੂਲ ਦਾ 10ਵੀਂ ਦਾ ਨਤੀਜਾ ਸ਼ਾਨਦਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਅਤੇ ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 10ਵੀਂ ਜਮਾਤ ਦੇ ਨਤੀਜਿਆਂ 'ਚ ਸ਼ਾਨਦਾਰ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਸਕੂਲ ਪ੍ਰਿੰਸੀਪਲ ਡਾ: ਇੰਦਰਜੀਤ ਸਿੰਘ ਗੋਗੋਆਣੀ ਅਤੇ ਗਰਲਜ਼ ਸਕੂਲ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਕੌਰ ਨਾਗਪਾਲ ਨੂੰ ਵਿਦਿਆਰਥੀਆਂ ਦੁਆਰਾ ਪ੍ਰੀਖਿਆਵਾਂ 'ਚ ਹਾਸਲ ਕੀਤੀ ਗਈ ਉਪਲਬਧੀ 'ਤੇ ਵਧਾਈ ਦਿੰਦਿਆਂ ਸਮੂਹ ਸਟਾਫ਼ ਦੁਆਰਾ ਕਰਵਾਈ ਜਾਂਦੀ ਮਿਹਨਤ ਦੀ ਸ਼ਲਾਘਾ ਕੀਤੀ।ਪ੍ਰਿੰ: ਡਾ. ਗੋਗੋਆਣੀ ਨੇ ਦੱਸਿਆ ਕਿ ਨਿਤਿਸ਼ ਕੁਮਾਰ ਨੇ 95, ਦੀਦਾਰਪ੍ਰੀਤ ਸਿੰਘ ਨੇ 91 ਅਤੇ ਵੰਸ਼ ਸ਼ਰਮਾ ਨੇ 89 ਫੀਸਦੀ ਅੰਕ ਹਾਸਲ ਕਰਦਿਆਂ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਹੈ।ਸਕੂਲ ਦੇ 324 ਵਿਦਿਆਰਥੀਆਂ ਨੇ ਉਕਤ ਪ੍ਰੀਖਿਆ ਦਿੱਤੀ, ਜਿਨ੍ਹਾਂ 'ਚੋਂ 226 ਵਿਦਿਆਰਥੀ ਫਸਟ ਡਵੀਜ਼ਨ ਅਤੇ 98 ਸੈਕਿੰਡ ਡਵੀਜ਼ਨ ਨਾਲ ਪਾਸ ਹੋਏ ਹਨ।ਪ੍ਰਿੰ: ਨਾਗਪਾਲ ਨੇ ਦੱਸਿਆ ਕਿ ਸਕੂਲ 'ਚੋਂ ਹਰਮੀਤ ਕੌਰ, ਜਸਪ੍ਰੀਤ ਕੌਰ ਨੇ 95.6 ਪ੍ਰਤੀਸ਼ਤ ਨਾਲ ਪਹਿਲਾ, ਹਰਮਨਜੀਤ ਕੌਰ ਨੇ 95.3 ਨਾਲ ਦੂਜਾ ਅਤੇ ਹੇਮਾ ਨੇ 95 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ ਹੈ।ਉਨ੍ਹਾਂ ਕਿਹਾ ਕਿ 10ਵੀਂ-ਏ 'ਚੋਂ ਇਸ਼ਲੀਨ ਕੌਰ ਨੇ 94.6 ਨਾਲ ਦੂਜਾ, ਅਮਿਤੋਜ ਕੌਰ ਨੇ 93.2 ਨਾਲ ਤੀਜਾ, 10ਵੀਂ-ਬੀ ਦੀ ਅਕਸ਼ੀਤਾ ਸ਼ਰਮਾ ਨੇ 95 ਫੀਸਦੀ ਨਾਲ ਤੀਜਾ, 10ਵੀਂ ਸੀ ਜਸਮੀਨ ਕੌਰ ਨੇ 91.2 ਨਾਲ ਪਹਿਲਾ, ਅਰਸ਼ਦੀਪ ਕੌਰ ਨੇ 91 ਨਾਲ ਦੂਜਾ ਅਤੇ ਦੀਯਾ ਨੇ 90 ਫੀਸਦੀ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ।ਜਦਕਿ ਦਸਵੀਂ ਡੀ 'ਚੋਂ ਜਸਪ੍ਰੀਤ ਕੌਰ ਨੇ 95 ਪ੍ਰਤੀਸ਼ਤ, ਗੁਰਲੀਨ ਕੌਰ ਨੇ 94.3 ਅਤੇ ਮਨਪ੍ਰੀਤ ਕੌਰ ਨੇ 92.6 ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ।



# ਸ਼ੈਲਿੰਦਰਜੀਤ ਸਿੰਘ ਰਾਜਨ ਦਾ ਕਾਵਿ ਸੰਗ੍ਰਹਿ 'ਮੋਹ ਦੀਆਂ ਤੰਦਾਂ' ਲੋਕ ਅਰਪਿਤ

**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**

ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਸਭਾ ਦੇ ਮੁੱਖ ਸੰਚਾਲਕ ਸ਼ੈਲਿੰਦਰਜੀਤ ਸਿੰਘ ਰਾਜਨ ਦੁਆਰਾ ਸੰਪਾਦਿਤ 13ਵਾਂ ਸਾਂਝਾ ਕਾਵਿ ਸੰਗ੍ਰਹਿ 'ਮੋਹ ਦੀਆਂ ਤੰਦਾਂ' ਦਾ ਲੋਕ ਅਰਪਿਤ ਸਮਾਗਮ ਕਰਵਾਇਆ ਗਿਆ ।ਇਸ ਮੌਕੇ ਇਸ ਮੌਕੇ ਡਾ: ਲਖਵਿੰਦਰ ਜੌਹਲ ਸਾ: ਪ੍ਰਧਾਨ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਬਤੌਰ ਅਤੇ ਦਰਸ਼ਨ ਬੁੱਟਰ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਬਤੌਰ ਮੁੱਖ ਮਹਿਮਾਨ ਵਜੋਂ ਪੁਜੇ, ਜਦਕਿ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਅਤੇ ਮੀਤ ਮੈਨੇਜਰ ਭਾਈ ਸ਼ੇਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ। ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਹਰਬੰਸ ਸਿੰਘ ਘੇਈ ਸਾ: ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਮੀਤ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਸਕੱਤਰ ਸੁਰਿੰਦਰਪ੍ਰੀਤ ਸਿੰਘ ਘਣੀਆਂ, ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰਨੀ ਮੈਂਬਰ ਡਾ: ਸ਼ਿੰਦਰਪਾਲ ਸਿੰਘ, ਗੁਰਮੀਤ ਸਿੰਘ ਬਾਜਵਾ, ਡਾ: ਪਰਮਜੀਤ ਸਿੰਘ ਬਾਠ, ਮਾ: ਮਨਜੀਤ ਸਿੰਘ ਵੱਸੀ, ਗੁਰਪ੍ਰੀਤ ਸਿੰਘ ਰੰਗੀਨਪੁਰ (ਸਾਰੇ ਕਾਰਜਕਾਰੀ ਮੈਂਬਰ), ਡਾ: ਹਰਪ੍ਰੀਤ ਸਿੰਘ ਹੁੰਦਲ, ਮੈਨੇਜਰ ਸੁਖਦੇਵ ਸਿੰਘ ਭੁੱਲਰ, ਐਸ. ਪ੍ਰਸ਼ੋਤਮ, ਪ੍ਰਿੰ: ਰਘਬੀਰ ਸਿੰਘ ਸੋਹਲ ਅਤੇ ਪ੍ਰਧਾਨ ਸੰਤੋਖ ਸਿੰਘ ਗੁਰਾਇਆ ਸ਼ਾਮਿਲ ਹੋਏ ।ਇਸ ਮੌਕੇ ਸਭਾ ਦੇ ਮੁੱਖ ਸੰਚਾਲਕ ਸ਼ੈਲਿੰਦਰਜੀਤ ਸਿੰਘ ਰਾਜਨ ਦੁਆਰਾ ਸੰਪਾਦਿਤ, 'ਮੋਹ ਦੀਆਂ ਤੰਦਾਂ' ਨੂੰ ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ ਅਤੇ ਪੁਸਤਕ ਵਿੱਚ ਸ਼ਾਮਿਲ ਸਾਰੇ ਹੀ ਕਵੀਜਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਡਾ: ਵਿਕਰਮਜੀਤ ਸਿੰਘ ਅਤੇ ਹਰਮੀਤ ਆਰਟਿਸਟ ਦੁਆਰਾ ਸੰਪਾਦਿਤ 'ਅੱਖਰ' ਮੈਗਜ਼ੀਨ ਵੀ ਰਿਲੀਜ਼ ਕੀਤਾ ਗਿਆ ।ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੈਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ ।ਇਸ ਮੌਕੇ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਸੁਰਿੰਦਰ ਖਿਲਚੀਆਂ, ਰਾਜਵਿੰਦਰ ਕੌਰ ਰਾਜ, ਜਤਿੰਦਰਪਾਲ ਕੌਰ ਭਿੰਡਰ, ਸਾਹਿਬਾਂ ਜੀਟਨ ਕੌਰ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਪ੍ਰਵੀਨ ਕੌਰ ਸਿੱਧੂ, ਡਾ: ਹਰਵਿੰਦਰਜੀਤ ਕੌਰ ਬਾਠ, ਅਮਨਦੀਪ ਢਿੱਲੋਂ ਕਸੇਲ, ਸੁਖਵਿੰਦਰ ਕੌਰ ਟੌਂਗ ਤੋਂ ਇਲਾਵਾ ਗਾਇਕ ਮੱਖਣ ਭੈਣੀਵਾਲਾ, ਲਖਵਿੰਦਰ ਕੋਟੀਆ, ਪ੍ਰਸ਼ੋਤਮ ਪੱਤੋ ਮੋਗਾ, ਮੀਤ ਬਠਿੰਡਾ, ਹਰਪਾਲ ਸਿੰਘ ਮਨੇਸ ਮੱਖੂ, ਅਮਰਪਾਲ ਸਿੰਘ ਖਹਿਰਾ ਗੋਇੰਦਵਾਲ, ਸੁਖਦੇਵ ਸਿੰਘ ਭੱਟੀ ਫਿਰੋਜ਼ਪੁਰ, ਜਸਵਿੰਦਰ ਸਿੰਘ ਢਿੱਲੋਂ, ਬਲਬੀਰ ਸਿੰਘ ਬੇਲੀ, ਹਰਭਜਨ ਸਿੰਘ ਭੱਗਰੱਥ, ਵਿਜੈ ਅਗਨੀਹੋਤਰੀ, ਹਰਕੰਵਲਜੀਤ ਸਿੰਘ ਸਾਹਿਲ ਕੈਨੇਡਾ, ਦਿਲਬਾਗ ਸਿੰਘ ਖਹਿਰਾ ਇਟਲੀ, ਨਵਦੀਪ ਸਿੰਘ ਬਦੇਸ਼ਾ, ਸਤਰਾਜ ਜਲਾਲਾਬਾਦੀ, ਜਸਪਾਲ ਸਿੰਘ ਧੂਲਕਾ, ਅਵਤਾਰ ਸਿੰਘ ਗੋਇੰਦਵਾਲੀਆ, ਸੁਖਦੇਵ ਸਿੰਘ ਗੰਡਵਾਂ, ਸਰਬਜੀਤ ਸਿੰਘ ਪੱਡਾ, ਡਾ: ਕੁਲਵੰਤ ਸਿੰਘ ਬਾਠ, ਮਾ: ਧਰਮ ਸਿੰਘ ਧਿਆਨਪੁਰੀ, ਮਾ: ਬਲਬੀਰ ਸਿੰਘ ਬੀਰ ਬੋਲੇਵਾਲੀਆ, ਜਸਮੇਲ ਸਿੰਘ ਜੋਧੇ, ਅਜੀਤ ਸਿੰਘ ਸਠਿਆਲਵੀ, ਬਲਵਿੰਦਰ ਸਿੰਘ ਅਠੌਲਾ, ਅਰਜਿੰਦਰ ਬੁਤਾਲਵੀ, ਕੰਵਲਜੀਤ ਸਿੰਘ ਢਿੱਲੋਂ, ਰਾਜਦਵਿੰਦਰ ਸਿੰਘ ਵੜੈਚ, ਮਾ:ਆਇਆ ਸਿੰਘ, ਦਿਲਰਾਜ ਸਿੰਘ ਦਰਦੀ, ਡਾ: ਸਤਨਾਮ ਸਿੰਘ ਬਾਰੀਆ, ਸੋਢੀ ਸੱਤੋਵਾਲੀਆ, ਲਾਲੀ ਕਰਤਾਰਪੁਰੀ, ਲਖਵਿੰਦਰ ਸਿੰਘ ਉੱਪਲ, ਅਮਰਜੀਤ ਸਿੰਘ ਰਤਨਗੜ੍ਹ, ਬਲਜਿੰਦਰ ਸਿੰਘ ਗਹਿਰੀ, ਸਕੱਤਰ ਸਿੰਘ ਪੁਰੇਵਾਲ, ਗੁਰਜੀਤ ਸਿੰਘ, ਪੰਕਜ ਸਿੰਘ, ਅਭੈਜੋਤ ਸਿੰਘ ਆਦਿ ਕਵੀਆਂ ਵੱਲੋਂ ਮਾਂ ਬੋਲੀ ਨੂੰ ਸਮਰਪਿਤ ਕਵਿਤਾ ਪਾਠ ਕੀਤਾ ਗਿਆ ।



# ਟਰੇਡ ਯੂਨੀਅਨ ਮੋਰਚੇ ਵੱਲੋਂ ਜ਼ਿਲ੍ਹਾ ਹੈੱਡਕੁਆਰਟਰ ਗੁਰਦਾਸਪੁਰ ਵਿਖੇ ਧਰਨਾ ਦੇਣ ਦਾ ਐਲਾਨ



**ਗੁਰਦਾਸਪੁਰ, (ਜਨਕ ਮਹਾਜਨ)**-ਕੇਂਦਰੀ ਟਰੇਡ ਯੂਨੀਅਨਾਂ ਅਤੇ ਫੈਡਰੇਸ਼ਨਾਂ ਦੇ ਸੱਦੇ ਤਹਿਤ ਦੇਸ਼ ਵਿਆਪੀ ਜ਼ਿਲ੍ਹਾ ਹੈਡਕੁਆਰਟਰ ਉਤੇ ਧਰਨਾ ਦੇਣ ਦੇ ਉਲੀਕੇ ਪ੍ਰੋਗਰਾਮ ਅਨੁਸਾਰ ਟਰੇਡ ਯੂਨੀਅਨਾਂ ਦੇ ਸਾਂਝੇ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਏਟਕ, ਸੀਟੂ, ਏਕਟੂ ਅਤੇ ਸੀ. ਟੀ. ਯੂ. ਪੰਜਾਬ ਵਲੋਂ 20 ਜੁਲਾਈ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਟਰੇਡ ਯੂਨੀਅਨਾਂ ਦਾ ਸਾਂਝਾ ਮੋਰਚਾ ਜ਼ਿਲਾ ਗੁਰਦਾਸਪੁਰ ਦੀ ਮੀਟਿੰਗ ਸ਼ਹੀਦ ਕਾਮਰੇਡ ਬਲਜੀਤ ਸਿੰਘ ਫਜਲਾਬਾਦ ਯਾਦਗਾਰ ਟਰਸਟ ਭਵਨ ਰੁਲੀਆ ਰਾਮ ਕਾਲੋਨੀ ਜੇਲ ਰੋਡ ਗੁਰਦਾਸਪੁਰ ਵਿਖੇ ਕਾਮਰੇਡ ਰੂਪ ਸਿੰਘ ਪੱਡਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਰੂਪ ਸਿੰਘ ਪੱਡਾ, ਮੁਰਾਰੀ ਲਾਲ ਦੀਨਾਨਗਰ, ਵਿਜੇ ਕੁਮਾਰ ਸੋਹਲ, ਸੁਭਾਸ਼ ਕੈਰੇ, ਧਿਆਨ ਸਿੰਘ ਠਾਕੁਰ, ਜਸਵੰਤ ਸਿੰਘ ਬੁੱਟਰ, ਬਲਵਿੰਦਰ ਸਿੰਘ ਉਦੀਪੁਰ, ਜੋਗਿੰਦਰ ਸਿੰਘ ਲੇਹਲ, ਸ਼ਿਵ ਕੁਮਾਰ, ਪ੍ਰੇਮ ਮਸੀਹ ਸੋਨਾ, ਸੁਖਦੇਵ ਬਿਟਾ, ਦਰਸ਼ਨ ਸਿੰਘ, ਧੀਰ ਸਿੰਘ ਸਿੱਧੂ, ਕਰਨੈਲ ਸਿੰਘ ਬਾਜਵਾ, ਗੋਪਾਲ ਕ੍ਰਿਸ਼ਨ ਅਤੇ ਹੋਰ ਹਾਜ਼ਰ ਸਾਥੀਆਂ ਨੇ 20 ਮਈ ਦੇ ਧਰਨੇ ਦੀ ਸਫਲਤਾ ਲਈ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ।

20-May-PAGE-4.qxd 5/19/2025 10:29 PM Page 1



# ਦਰਅਸਲ

ਅਸ਼ੋਕਾ ਯੂਨੀਵਰਸਿਟੀ ਦੇ ਰਾਜਨੀਤੀ ਸ਼ਾਸਤਰ ਵਿਭਾਗ ਦੇ ਮੁਖੀ ਡਾ. ਅਲੀ ਖਾਨ ਮਹਿਮੂਦਾਬਾਦ ਵੱਲੋਂ ਭਾਰਤ-ਪਾਕਿਸਤਾਨ ਲੜਾਈ ਦੌਰਾਨ ਦੋ ਮਹਿਲਾ ਫੌਜੀ ਅਫਸਰਾਂ ਕਰਨਲ ਸੋਫੀਆ ਕੁਰੈਸ਼ੀ ਤੇ ਵਿੰਗ ਕਮਾਂਡਰ ਵਯੋਮਿਕਾ ਸਿੰਘ ਵੱਲੋਂ 'ਅਪ੍ਰੇਸ਼ਨ ਸਿੰਧੂਰ' ਤਹਿਤ ਫੌਜ ਵੱਲੋਂ ਕੀਤੀ ਗਈ ਕਾਰਵਾਈ ਸੰਬੰਧੀ ਪ੍ਰੈੱਸ ਬ੍ਰੀਫਿੰਗ ਨੂੰ ਲੈ ਕੇ ਫੇਸਬੁਕ 'ਤੇ ਪਾਈ ਪੋਸਟ ਦੇ ਸੰਦਰਭ ਵਿੱਚ ਹਰਿਆਣਾ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰੇਣੂ ਭਾਟੀਆ ਅਤੇ ਹਰਿਆਣਾ ਵਿੱਚ ਭਾਰਤੀ ਜਨਤਾ ਯੁਵਾ ਮੋਰਚਾ ਦੇ ਜਨਰਲ ਸਕੱਤਰ ਤੇ ਪਿੰਡ ਜਠੇਰੀ ਦੇ ਸਰਪੰਚ ਯੋਗੇਸ਼ ਜਠੇਰੀ ਨੇ ਸ਼ਨੀਵਾਰ ਦੀ ਰਾਤ ਸੋਨੀਪਤ ਦੇ ਰਾਈ ਥਾਣੇ ਵਿੱਚ ਵੱਖ-ਵੱਖ ਐੱਫ ਆਈ ਆਰ ਦਰਜ ਕਰਵਾਈਆਂ ਅਤੇ ਪੁਲਸ ਨੇ ਐਤਵਾਰ ਦਿਨ ਚੜ੍ਹਦਿਆਂ ਹੀ ਡਾ. ਮਹਿਮੂਦਾਬਾਦ ਨੂੰ ਦਿੱਲੀ ਸਥਿਤ ਉਸ ਦੇ ਘਰੋਂ ਗ੍ਰਿਫਤਾਰ ਕਰ ਲਿਆ। ਯੋਗੇਸ਼ ਜਠੇਰੀ ਨੇ ਸ਼ਿਕਾਇਤ ਕੀਤੀ ਸੀ ਕਿ ਡਾ. ਮਹਿਮੂਦਾਬਾਦ ਨੇ ਅਪ੍ਰੇਸ਼ਨ ਸਿੰਧੂਰ ਬਾਰੇ ਜੋ ਲਿਖਿਆ, ਉਸ ਨਾਲ ਉਸ ਨੂੰ ਬਹੁਤ ਦੁੱਖ ਪੁੱਜਾ ਹੈ। ਰੇਣੂ ਭਾਟੀਆ ਨੇ ਆਪਣੀ ਸ਼ਿਕਾਇਤ ਵਿੱਚ ਕਿਹਾ ਕਿ ਡਾ. ਮਹਿਮੂਦਾਬਾਦ ਨੇ ਸੋਫੀਆ ਕੁਰੈਸ਼ੀ ਤੇ ਵਯੋਮਿਕਾ ਸਿੰਘ ਦਾ ਮਹਿਲਾ ਹੋਣ ਕਰਕੇ ਨਿਰਾਦਰ ਕੀਤਾ। ਸੋਨੀਪਤ ਦੀ ਪੁਲਸ ਨੇ ਭਾਜਪਾ ਆਗੂ ਦੇ ਦੁੱਖ ਨੂੰ ਸਮਝਿਆ ਤੇ ਉਸ ਦੀ ਸ਼ਿਕਾਇਤ ਨੂੰ ਜਾਇਜ਼ ਪਾਇਆ। ਉਸ ਨੇ ਡਾ. ਮਹਿਮੂਦਾਬਾਦ 'ਤੇ ਵੱਖ-ਵੱਖ ਭਾਈਚਾਰਿਆਂ ਵਿਚਾਲੇ ਨਫਰਤ ਪੈਦਾ ਕਰਨ, ਕੌਮੀ ਏਕਤਾ ਭੰਗ ਕਰਨ, ਦੇਸ਼ ਦੀ ਪ੍ਰਭੂਸੱਤਾ ਨੂੰ ਖਤਰਾ ਪੈਦਾ ਕਰਨ, ਲੋਕਾਂ ਦੀਆਂ ਭਾਵਨਾਵਾਂ ਭੜਕਾਉਣ ਤੇ ਰਾਜਧ੍ਰੋਹ ਦੇ ਦੋਸ਼ ਜੜ ਦਿੱਤੇ। ਏਨਾ 'ਸੰਗੀਨ ਅਪਰਾਧ' ਕਰਨ ਦੇ ਬਾਅਦ ਡਾ. ਮਹਿਮੂਦਾਬਾਦ ਨੂੰ ਕਿਵੇਂ ਛੱਡਿਆ ਜਾ ਸਕਦਾ ਸੀ ? ਸੋ ਰਾਤ ਬੀਤਦਿਆਂ ਹੀ ਉਸ ਨੂੰ ਦਿੱਲੀ ਤੋਂ ਚੁੱਕਣ ਪੁਲਸ ਪੁੱਜ ਗਈ।

ਡਾ. ਮਹਿਮੂਦਾਬਾਦ ਦੀ ਜਿਹੜੀ ਪੋਸਟ ਨੇ ਭਾਜਪਾ ਆਗੂ ਤੇ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਨੂੰ ਦੁਖੀ ਕੀਤਾ, ਉਹ ਇਹ ਹੈ, 'ਮੈਨੂੰ ਇਹ ਦੇਖ ਕੇ ਬਹੁਤ ਖੁਸ਼ੀ ਹੋਈ ਕਿ ਏਨੇ ਸਾਰੇ ਸੱਜ-ਪਿਛਾਖੜੀ ਟਿੱਪਣੀਕਾਰ ਕਰਨਲ ਸੋਫੀਆ ਕੁਰੈਸ਼ੀ ਦੀ ਸ਼ਲਾਘਾ ਕਰ ਰਹੇ ਹਨ, ਪਰ ਸ਼ਾਇਦ ਉਹ ਓਨੀ ਹੀ ਜ਼ੋਰ ਨਾਲ ਇਹ ਮੰਗ ਕਰ ਸਕਦੇ ਹਨ ਕਿ ਭੀੜ ਵੱਲੋਂ ਹੱਤਿਆ, ਮਨਮਾਨੇ ਢੰਗ ਨਾਲ ਬੁਲਡੋਜ਼ਰ ਚਲਾਉਣ ਤੇ ਭਾਜਪਾ ਦੀ ਨਫਰਤੀ ਮੁਹਿੰਮ ਦੇ ਸ਼ਿਕਾਰ ਲੋਕਾਂ ਨੂੰ ਭਾਰਤੀ ਨਾਗਰਿਕਾਂ ਦੇ ਰੂਪ ਵਿੱਚ ਸੁਰੱਖਿਆ ਦਿੱਤੀ ਜਾਵੇ। ਦੋ ਮਹਿਲਾ ਫੌਜੀਆਂ ਵੱਲੋਂ ਆਪਣਾ ਪੱਖ ਪੇਸ਼ ਕਰਨ ਦਾ ਦ੍ਰਿਸ਼ ਅਹਿਮ ਹੈ, ਪਰ ਉਸ ਦ੍ਰਿਸ਼ ਨੂੰ ਜ਼ਮੀਨ 'ਤੇ ਹਕੀਕਤ ਵਿੱਚ ਬਦਲਣਾ ਚਾਹੀਦਾ ਹੈ, ਨਹੀਂ ਤਾਂ ਇਹ ਸਿਰਫ ਪਖੰਡ ਹੈ।' ਇਸ ਵਿੱਚ ਕੀ ਹੈ, ਜਿਸ ਨਾਲ ਦੋ ਭਾਈਚਾਰਿਆਂ ਵਿਚਾਲੇ ਵੈਰ ਫੈਲੇ ਜਾਂ ਕਿਸੇ ਧਾਰਮਕ ਸਮੂਹ ਦੀਆਂ ਭਾਵਨਾਵਾਂ ਨੂੰ ਸੱਟ ਪੁੱਜੇ ? ਡਾ. ਮਹਿਮੂਦਾਬਾਦ ਨੇ ਇਹ ਵੀ ਲਿਖਿਆ ਸੀ, 'ਮੇਰੇ ਲਈ ਇਹ ਪ੍ਰੈੱਸ ਕਾਨਫਰੰਸ ਇਕ ਝਲਕ ਸੀ, ਸ਼ਾਇਦ ਇੱਕ ਭਰਮ ਤੇ ਸੰਕੇਤ, ਇੱਕ ਅਜਿਹੇ ਭਾਰਤ ਦੀ ਜਿਹੜਾ ਉਸ ਤਰਕ ਨੂੰ ਚੁਣੌਤੀ ਦਿੰਦਾ ਹੈ, ਜਿਸ 'ਤੇ ਪਾਕਿਸਤਾਨ ਦਾ ਨਿਰਮਾਣ ਹੋਇਆ ਸੀ। ਜਿਵੇਂ ਕਿ ਮੈਂ ਕਿਹਾ ਕਿ ਆਮ ਮੁਸਲਮਾਨਾਂ ਦੇ ਸਾਹਮਣੇ ਜੋ ਜ਼ਮੀਨੀ ਹਕੀਕਤ ਹੈ, ਉਹ ਉਸ ਤੋਂ ਅੱਡ ਹੈ, ਜਿਸ ਨੂੰ ਸਰਕਾਰ ਦਿਖਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਨਾਲ ਹੀ ਪ੍ਰੈੱਸ ਕਾਨਫਰੰਸ ਤੋਂ ਪਤਾ ਲੱਗਦਾ ਹੈ ਕਿ ਆਪਣੀ ਵਿਵਿਧਤਾ ਵਿੱਚ ਇੱਕਜੁੱਟ ਭਾਰਤ ਇੱਕ ਵਿਚਾਰ ਦੇ ਰੂਪ ਵਿੱਚ ਪੂਰੀ ਤਰ੍ਹਾਂ ਨਾਲ ਮਰਿਆ ਨਹੀਂ।' ਇਸ ਟਿੱਪਣੀ ਵਿੱਚ ਕੀ ਹੈ, ਜਿਸ ਨਾਲ ਭਾਰਤ ਦੀ ਪ੍ਰਭੂਸੱਤਾ ਨੂੰ ਖਤਰਾ ਪੁੱਜਦਾ ਹੈ ? ਡਾ. ਮਹਿਮੂਦਾਬਾਦ ਰਾਜਧ੍ਰੋਹ 'ਤੇ ਉਤਾਰੂ ਹੈ, ਇਨ੍ਹਾਂ ਟਿੱਪਣੀਆਂ ਨੂੰ ਪੜ੍ਹ ਕੇ ਇਸ ਨਤੀਜੇ 'ਤੇ ਤੁਸੀਂ ਕਿਵੇਂ ਪੁੱਜ ਸਕਦੇ ਹੋ, ਜੇ ਤੁਸੀਂ ਇੱਕ ਵਿਵੇਕਵਾਨ ਵਿਅਕਤੀ ਜਾਂ ਸੰਸਥਾ ਹੋ ? ਪਰ ਜੋ ਲੋਕ ਭਾਰਤੀ ਪੁਲਸ ਨੂੰ ਜਾਣਦੇ ਹਨ, ਉਹ ਤੁਹਾਨੂੰ ਕਹਿਣਗੇ ਕਿ ਵਿਚਾਰੀ ਪੁਲਸ 'ਤੇ ਵਿਵੇਕਵਾਨ ਹੋਣ ਦਾ 'ਦੋਸ਼' ਤੁਸੀਂ ਕਿਵੇਂ ਲਾ ਸਕਦੇ ਹੋ ?

ਦਰਅਸਲ ਡਾ. ਮਹਿਮੂਦਾਬਾਦ ਨੇ ਜੋ ਲਿਖਿਆ, ਉਹ ਪਿਛਲੇ ਦਿਨਾਂ ਵਿੱਚ ਅਣਗਿਣਤ ਲੋਕ ਲਿਖ ਤੇ ਕਹਿ ਚੁੱਕੇ ਹਨ। ਲੋਕਾਂ ਨੇ ਜਦ ਭਾਰਤ ਦਾ ਪੱਖ ਰੱਖਣ ਲਈ ਇੱਕ ਮੁਸਲਮਾਨ ਅਧਿਕਾਰੀ ਨੂੰ ਮੰਚ 'ਤੇ ਦੇਖਿਆ ਤਾਂ ਹੈਰਾਨ ਰਹਿ ਗਏ। ਇਸ ਸ਼ਾਸਨਕਾਲ ਵਿੱਚ ਇੱਕ ਮੁਸਲਮ ਭਾਰਤ ਦੀ ਤਰਜਮਾਨ ਹੋ ਸਕਦੀ ਹੈ, ਇਹ ਏਨੀ ਅਸਾਧਾਰਨ ਗੱਲ ਮੰਨੀ ਗਈ ਕਿ ਸਭ ਨੇ ਸਰਕਾਰ ਦੀ ਪਿੱਠ ਥਪਥਪਾਈ, ਪਰ ਤਾਰੀਫ ਦੇ ਨਾਲ ਬਹੁਤਿਆਂ ਨੇ ਇਹ ਵੀ ਕਿਹਾ ਕਿ ਇਹ ਪ੍ਰਤੀਕਾਤਮਕਤਾ ਤਾਂ ਠੀਕ ਹੈ, ਪਰ ਇਸ ਨੂੰ ਜ਼ਮੀਨੀ ਹਕੀਕਤ ਵਿੱਚ ਵੀ ਤਬਦੀਲ ਹੋਣਾ ਚਾਹੀਦਾ ਹੈ, ਯਾਨੀ ਮੁਸਲਮਾਨਾਂ ਨੂੰ ਇੱਜ਼ਤ ਨਾਲ ਜਿਊਣ ਦਾ ਹੱਕ ਮਿਲਣਾ ਚਾਹੀਦਾ ਹੈ, ਪਰ ਡਾ. ਮਹਿਮੂਦਾਬਾਦ ਦੀ ਗੱਲ ਨੂੰ ਪੁਲਸ ਜੁਰਮ ਠਹਿਰਾ ਰਹੀ ਹੈ। ਇਸ ਦਾ ਇੱਕ ਕਾਰਨ ਹੈ : ਡਾ. ਅਲੀ ਖਾਨ ਮੁਸਲਮਾਨ ਹੈ। ਮੁਸਲਮਾਨ ਹੋਣਾ ਭਾਰਤ ਵਿੱਚ ਅੱਜ ਆਪਣੇ ਆਪ ਵਿੱਚ ਜੁਰਮ ਹੈ। ਦੂਜਾ ਜੁਰਮ ਇਹ ਹੈ ਕਿ ਉਹ ਦਿਮਾਗ ਰੱਖਦਾ ਹੈ, ਖ਼ੁਦ ਸੋਚਦਾ ਹੈ ਤੇ ਉਸ ਨੂੰ ਪ੍ਰਗਟ ਵੀ ਕਰਦਾ ਹੈ। ਜੇ ਤੁਸੀਂ ਮੁਸਲਮਾਨ ਹੋ ਤਾਂ ਤੁਹਾਨੂੰ ਸ਼ਾਇਦ ਆਮ ਤੌਰ 'ਤੇ ਸਾਹ ਲੈਣ ਦੀ ਛੋਟ ਹੈ, ਪਰ ਆਪਣਾ ਵਿਚਾਰ ਪ੍ਰਗਟ ਕਰਨ ਦਾ ਅਧਿਕਾਰ ਤੁਹਾਡੇ ਕੋਲ ਨਹੀਂ। ਉਮਰ ਖਾਲਿਦ, ਸ਼ਰਜੀਲ ਇਮਾਮ, ਖਾਲਿਦ ਸੈਫੀ, ਇਸ਼ਰਤ ਜਹਾਂ, ਗੁਲਫਿਸ਼ਾ ਫਾਤਿਮਾ, ਮੀਰਾਨ ਹੈਦਰ, ਸਿੱਦੀਕ ਕੱਪਨ ਤੇ ਦਰਜਨਾਂ ਮੁਸਲਮ ਬੁੱਧੀਜੀਵੀਆਂ ਦੇ ਨਾਲ ਪਿਛਲੇ 11 ਸਾਲਾਂ ਵਿੱਚ ਜੋ ਕੀਤਾ ਗਿਆ ਹੈ, ਡਾ. ਮਹਿਮੂਦਾਬਾਦ ਦੀ ਗ੍ਰਿਫਤਾਰੀ ਉਸੇ ਸਿਲਸਿਲੇ ਦੀ ਇੱਕ ਕੜੀ ਹੈ। ਡਾ. ਮਹਿਮੂਦਾਬਾਦ ਦੇ ਮਾਮਲੇ ਵਿੱਚ ਇੱਕ ਗੱਲ ਹੋਰ ਹੈ ਕਿ ਉਹ ਮੁਸਲਮਾਨ ਤਾਂ ਹੈ, ਪਰ ਨਵਾਬੀ ਖਾਨਦਾਨ ਦਾ ਵਾਰਸ ਵੀ ਹੈ। ਵਿਦੇਸ਼ ਤੋਂ ਪੜ੍ਹ ਕੇ ਆਇਆ ਹੈ। ਉਸ ਦੀ ਗ੍ਰਿਫਤਾਰੀ ਨਾਲ ਮੁਸਲਮਾਨਾਂ ਨੂੰ ਇਹ ਸੰਕੇਤ ਦਿੱਤਾ ਗਿਆ ਹੈ ਕਿ ਤੁਹਾਡੇ ਕਿਸੇ ਮੋਹਤਬਰ ਦੀ ਸਾਡੇ ਸਾਹਮਣੇ ਕੋਈ ਔਕਾਤ ਨਹੀਂ। ਡਾ. ਮਹਿਮੂਦਾਬਾਦ ਨੂੰ ਮੁਸਲਮਾਨ ਸ਼ਾਨ ਨਾਲ ਆਪਣਾ ਨੁਮਾਇੰਦਾ ਕਹਿ ਸਕਦੇ ਹਨ, ਪਰ ਅੱਜ ਦਾ ਹਿੰਦੂਤਵੀ ਭਾਰਤੀ ਰਾਜਤੰਤਰ ਉਸ ਨੂੰ ਜੇਲ੍ਹ ਵਿੱਚ ਧੱਕ ਸਕਦਾ ਹੈ। ਪਿਛਲੇ ਸਾਲਾਂ ਵਿੱਚ ਦੇਖਿਆ ਗਿਆ ਹੈ ਕਿ ਮੁਸਲਮਾਨਾਂ ਦੇ ਸਥਾਨਕ ਆਗੂਆਂ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਉਨ੍ਹਾਂ ਦੇ ਘਰ ਜ਼ਮੀਨਦੋਜ਼ ਕਰ ਦਿੱਤੇ ਗਏ। ਇਸ ਤਰ੍ਹਾਂ ਮੁਸਲਮਾਨਾਂ ਨੂੰ ਬਿਲਕੁਲ ਖਾਮੋਸ਼ ਕਰ ਦੇਣ ਤੇ ਆਗੂ-ਹੀਣ ਕਰ ਦੇਣ ਦੀ ਨਿਰੰਤਰ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦਾ ਸਭ ਤੋਂ ਤਾਜ਼ਾ ਸ਼ਿਕਾਰ ਡਾ. ਮਹਿਮੂਦਾਬਾਦ ਬਣਿਆ ਹੈ। ਲੋਕ ਕਹਿ ਰਹੇ ਹਨ ਕਿ ਡਾ. ਮਹਿਮੂਦਾਬਾਦ ਦੀਆਂ ਟਿੱਪਣੀਆਂ ਵਿੱਚ ਕੁਝ ਵੀ ਇਤਰਾਜ਼ਯੋਗ ਨਹੀਂ। ਉਹ ਠੀਕ ਕਹਿ ਰਹੇ ਹਨ, ਪਰ ਇਹ ਅਦਾਲਤਾਂ ਨੂੰ ਦੱਸਣਾ ਪਵੇਗਾ ਤੇ ਅਦਾਲਤਾਂ ਨੂੰ ਵੀ ਸਮਝਣਾ ਪਵੇਗਾ। ਅਸਲੀ ਮਸਲਾ ਡਾ. ਮਹਿਮੂਦਾਬਾਦ ਦੀ ਗ੍ਰਿਫਤਾਰੀ ਉਸ ਨੂੰ ਤੇ ਸਾਰੇ ਬੁੱਧੀਜੀਵੀ ਮੁਸਲਮਾਨਾਂ ਨੂੰ ਧਮਕੀ ਹੈ ਕਿ ਉਹ ਕੁਝ ਵੀ ਬੋਲਣ ਦੀ ਜੁਰਅਤ ਕਿਵੇਂ ਕਰ ਸਕਦੇ ਹਨ। ਇਹ ਗ੍ਰਿਫਤਾਰੀ ਮੁਸਲਮਾਨਾਂ 'ਤੇ ਦੋਤਰਫਾ ਹਮਲਾ ਹੈ : ਭਾਜਪਾ ਅਹੁਦੇਦਾਰ ਜਿਹੇ 'ਨਾਗਰਿਕ' ਤੇ ਹਰਿਆਣਾ ਮਹਿਲਾ ਕਮਿਸ਼ਨ ਵਰਗੇ ਸੰਸਥਾਨ, ਦੋਨੋਂ ਹੀ ਘੇਰ ਕੇ ਹਮਲਾ ਕਰਨਗੇ। ਕੀ ਦੇਸ਼ ਵਿੱਚ ਰਹਿਣ ਵਾਲੇ ਵੱਖ-ਵੱਖ ਭਾਈਚਾਰਿਆਂ ਦੇ ਲੋਕ ਇਹ ਸਭ ਦੇਖਦੇ ਰਹਿਣਗੇ ਜਾਂ ਮੁਸਲਮਾਨਾਂ ਨੂੰ ਬੇਜ਼ੁਬਾਨ ਕਰਨ ਦੀ ਇਸ ਸਿਆਸੀ ਮੁਹਿੰਮ ਖਿਲਾਫ ਕੁਝ ਕਰਨਗੇ। ਭਲਕ ਨੂੰ ਹੋਰਨਾਂ ਭਾਈਚਾਰਿਆਂ ਦੇ ਬੁੱਧੀਜੀਵੀਆਂ ਨਾਲ ਵੀ ਡਾ. ਮਹਿਮੂਦਾਬਾਦ ਵਰਗਾ ਸਲੂਕ ਹੋ ਸਕਦਾ ਹੈ।

# ਪਾਣੀਆਂ ਦਾ ਸੀਜ਼ਨਲ ਮੁੱਦਾ



ਗੁਰਪ੍ਰੀਤ

ਪੰਜਾਬ-ਹਰਿਆਣਾ ਵਿੱਚ ਇਸ ਵੇਲੇ ਪਾਣੀਆਂ ਦੇ ਮੁੱਦੇ ਨੂੰ ਲੈ ਕੇ ਕਾਫ਼ੀ ਖਿੱਚੋਤਾਣ ਚੱਲ ਰਹੀ ਹੈ। ਇੱਕ ਪਾਸੇ ਜਿੱਥੇ ਗਰਮੀ ਨੇ ਕਹਿਰ ਆਪਣਾ ਵਿਖਾਇਆ ਹੋਇਆ, ਉੱਥੇ ਹੀ ਦੂਜੇ ਪਾਸੇ ਪਾਣੀਆਂ ਨੂੰ ਲੈ ਕੇ ਸਿਆਸਤ ਪੂਰੇ ਜ਼ੋਰਾਂ 'ਤੇ ਹੈ। ਪੰਜਾਬ ਦੀਆਂ ਤਕਰੀਬਨ ਸਾਰੀਆਂ ਪਾਰਟੀਆਂ, ਚਾਹੇ ਕੋਈ ਵਿਰੋਧੀ ਹੋਵੇ, ਚਾਹੇ ਕੋਈ ਸੱਤਾ ਵਿੱਚ ਹੋਵੇ ਜਾਂ ਫਿਰ ਇਹ ਕਹਿ ਲਓ ਕਿ ਜਿਹੜਾ ਲੀਡਰ ਕਦੇ ਅਖ਼ਬਾਰੀ ਸੁਰਖ਼ੀ ਨਾ ਬਣਿਆ ਹੋਵੇ, ਉਹ ਵੀ ਅੱਜ-ਕੱਲ੍ਹ ਬਿਆਨ ਦੇਣ ਨੂੰ ਕਾਹਲਾ ਹੋਇਆ ਪਿਆ ਹੈ ਕਿ ਪੰਜਾਬ ਦਾ ਪਾਣੀ ਪੰਜਾਬ ਤੋਂ ਬਾਹਰ ਜਾਣ ਨਹੀਂ ਦੇਣਾ। ਭਾਵੇਂ ਕਿ ਉਨ੍ਹਾਂ (ਸੱਤਾ ਤੋਂ ਬਾਹਰ ਬੈਠੇ ਲੀਡਰਾਂ ਦੀ) ਲੋਕਾਂ ਦੀ ਇਸ ਵੇਲੇ ਭੋਰਾ ਵੀ ਵੁਕਤ ਨਹੀਂ, ਪਰ ਉਹ ਵੀ ਪੰਜਾਬ ਦੇ ਪਾਣੀਆਂ ਦੇ ਰਾਖੇ ਬਣੇ ਹੋਏ ਨੇ। ਸੱਤਾ ਧਿਰ ਤੋਂ ਲੈ ਕੇ ਵਿਰੋਧੀ ਧਿਰ ਦੇ ਹਰ ਨਿੱਕੇ-ਵੱਡੇ ਲੀਡਰਾਂ ਨੇ ਇਹ ਕਹਿ ਦਿੱਤਾ ਕਿ ਪੰਜਾਬ ਦੇ ਪਾਣੀਆਂ ਨੂੰ ਅਸੀਂ ਬਾਹਰ ਨਹੀਂ ਜਾਣ ਦੇਣਾ। ਵੈਸੇ, ਪੰਜਾਬ ਦੇ ਪਾਣੀਆਂ ਦਾ ਮਸਲਾ ਕੋਈ ਕੱਲ੍ਹ ਦਾ ਨਹੀਂ, ਇਹ ਪਿਛਲੇ ਕਈ ਸਾਲਾਂ ਤੋਂ ਚਲਦਾ ਆ ਰਿਹਾ। ਜਦੋਂ ਤੋਂ ਪੰਜਾਬ ਦੀ ਵੰਡ ਹੋਈ ਹੈ, ਉਦੋਂ ਤੋਂ ਲੈ ਕੇ ਹੁਣ ਤੱਕ ਪੰਜਾਬ ਦੇ ਪਾਣੀਆਂ ਦਾ ਮੁੱਦਾ ਹਮੇਸ਼ਾ ਹੀ ਗਰਮਾਉਂਦਾ ਰਿਹਾ।

ਪੰਜਾਬ ਦੇ ਟੋਟੇ ਹੋਏ। ਪੰਜਾਬ ਵਿੱਚੋਂ ਹਰਿਆਣਾ ਨਿਕਲਿਆ, ਉਦੋਂ ਤੋਂ ਲੈ ਕੇ ਹੁਣ ਤੱਕ ਪੰਜਾਬ ਦੇ ਪਾਣੀ ਅਤੇ ਪੰਜਾਬ ਦੀ ਥਾਂ ਨੂੰ ਲੈ ਕੇ ਕਾਫ਼ੀ ਵਿਵਾਦ ਚੱਲਦਾ ਰਿਹਾ ਹੈ। ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਨੂੰ ਲੈ ਕੇ ਵੀ ਪੰਜਾਬ ਅਤੇ ਹਰਿਆਣਾ ਆਪਸ ਵਿੱਚ ਲੜਦੇ-ਝਗੜਦੇ ਰਹਿੰਦੇ ਨੇ।

ਵੈਸੇ ਜਦੋਂ ਕੋਈ ਦਾਅ-ਪੇਚ ਨਹੀਂ ਚੱਲਦਾ ਜਾਂ ਫਿਰ ਲੋਕ ਜਿਹਨੂੰ ਨਹੀਂ ਪਸੰਦ ਕਰਦੇ, ਉਹ ਪੰਜਾਬ ਦਾ ਕੋਈ ਅਜਿਹਾ ਮੁੱਦਾ ਛੇੜ ਹੀ ਦਿੰਦਾ, ਜਿਸ ਦੇ ਨਾਲ ਉਹਨੂੰ (ਲੀਡਰਾਂ) ਸੁਰਖ਼ੀ ਤਾਂ ਮਿਲ ਜਾਂਦੀ ਹੈ, ਨਾਲ ਹੀ ਉਹਦੀ (ਸੱਤਾਧਾਰੀ ਧਿਰ) ਬੱਲੇ-ਬੱਲੇ ਵੀ ਹੋ ਜਾਂਦੀ ਹੈ। ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਵਾਸਤੇ 'ਯੁੱਧ ਨਸ਼ਿਆਂ ਵਿਰੁੱਧ' ਚਲਾਇਆ। ਜਿਸ ਤਹਿਤ ਵੱਡੇ ਪੱਧਰ 'ਤੇ ਪੰਜਾਬ ਦੇ ਅੰਦਰੋਂ ਨਿੱਕੀਆਂ-ਮੱਛੀਆਂ ਨੂੰ ਫੜ ਕੇ ਜੇਲ੍ਹਾਂ ਅੰਦਰ ਸੁੱਟ ਦਿੱਤਾ ਗਿਆ, ਕਈਆਂ ਦੇ ਘਰ ਢਾਹ ਦਿੱਤੇ ਗਏ ਅਤੇ ਕਈਆਂ ਦੇ ਘਰ ਢਾਹੇ ਜਾ ਰਹੇ ਨੇ।

ਖ਼ੈਰ ਸਰਕਾਰ ਦਾ ਦਾਅਵਾ ਹੈ ਕਿ ਅਸੀਂ ਪੰਜਾਬ ਵਿੱਚੋਂ ਨਸ਼ਿਆਂ ਨੂੰ ਖ਼ਤਮ ਕਰਕੇ ਹੀ ਸਾਹ ਲੈਣਾ, ਉੱਥੇ ਹੀ ਸਿੱਖਿਆ ਮੰਤਰੀ ਹਰਜੋਤ ਬੈਂਸ ਤਾਂ ਇਹ ਦਾਅਵਾ ਕਰਦੇ ਨਹੀਂ ਥੱਕਦੇ ਕਿ ਉਨ੍ਹਾਂ ਪੰਜਾਬ ਦੇ ਅੰਦਰ ਸਿੱਖਿਆ ਕ੍ਰਾਂਤੀ ਲਿਆ ਕੇ ਛੱਡਣੀ ਹੈ। ਇਸ ਤੋਂ ਇਲਾਵਾ ਉਹ ਕਹਿੰਦੇ ਹਨ ਕਿ ਪੰਜਾਬ ਵਿੱਚ ਅਧਿਆਪਕਾਂ ਦੀਆਂ ਹੋਰ ਪੋਸਟਾਂ ਭਰੀਆਂ ਜਾਣਗੀਆਂ ਤੇ ਵਿਦਿਆਰਥੀਆਂ ਨੂੰ ਸਿੱਖਿਆ ਤੋਂ ਵਾਂਝੇ ਨਹੀਂ ਰਹਿਣ ਦੇਣਾ।



ਪੰਜਾਬ ਦੇ ਪਾਣੀਆਂ ਦਾ ਮਸਲਾ ਅਜਿਹਾ ਮਸਲਾ ਹੈ, ਜਿਸ 'ਤੇ ਹਰ ਪੰਜਾਬੀ ਦਾ ਖ਼ੂਨ ਖੌਲ ਜਾਂਦਾ। ਹਰ ਪੰਜਾਬੀ ਕਹਿੰਦਾ ਕਿ ਪੰਜਾਬ ਦਾ ਪਾਣੀ ਪੰਜਾਬ ਤੋਂ ਬਾਹਰ ਨਹੀਂ ਜਾਣ ਦੇਣਾ। 2 ਮਈ ਨੂੰ ਸਰਬ ਪਾਰਟੀ ਮੀਟਿੰਗ ਪੰਜਾਬ ਦੇ ਮੁੱਖ ਮੰਤਰੀ ਨੇ ਬੁਲਾਈ ਅਤੇ ਮੀਟਿੰਗ ਤੋਂ ਬਾਅਦ ਭਗਵੰਤ ਮਾਨ ਨੇ ਕਿਹਾ ਕਿ ਜੱਟ ਗੰਨਾ ਨਹੀਂ ਦਿੰਦਾ, ਭੇਲੀ ਦੇ ਦਿੰਦਾ। ਮਤਲਬ ਭਗਵੰਤ ਮਾਨ ਦੀ ਗੱਲ ਸਾਫ਼ ਸੀ ਕਿ ਅਸੀਂ ਇੱਦਾਂ ਪਾਣੀ ਨਹੀਂ ਦਿੰਦੇ, ਪਿਆਰ ਨਾਲ ਭਾਵੇਂ ਸਾਡੇ ਕੋਲੋਂ ਜਾਨ ਮੰਗ ਲਓ। ਹਰਿਆਣਾ ਆਪਣਾ ਤਰਕ ਦੇ ਰਿਹਾ। ਹਰਿਆਣਾ ਦੇ ਸਾਰੇ ਵਿਰੋਧੀ ਅਤੇ ਸੱਤਾ ਧਿਰ ਦੇ ਲੀਡਰ ਇਕੱਠੇ ਹੋ ਗਏ ਨੇ। ਹਰਿਆਣੇ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਕਹਿਣਾ ਹੈ ਕਿ ਸਾਨੂੰ ਪੀਣ ਲਈ ਤਾਂ ਪਾਣੀ ਦੇ ਦਿਓ ਪੰਜਾਬ ਵਾਲ਼ਿਓਂ। ਪੰਜਾਬ ਸਾਡਾ ਵੱਡਾ ਭਰਾ, ਵੱਡਾ ਭਰਾ ਕਦੇ ਵੀ ਛੋਟੇ ਭਰਾ ਨੂੰ ਪਿਆਸਾ ਨਹੀਂ ਮਾਰਦਾ ਖ਼ੈਰ ਮਾਮਲਾ ਲੰਮਾ-ਚੌੜਾ ਹੈ। ਭਗਵੰਤ ਮਾਨ ਦੇ ਨਾਲ ਮੀਟਿੰਗ ਵਿੱਚ ਭਾਜਪਾ-ਅਕਾਲੀ ਦਲ ਦੇ ਵੱਡੇ ਲੀਡਰ ਅਤੇ ਹੋਰਨਾਂ ਸਿਆਸੀ ਪਾਰਟੀਆਂ ਦੇ ਆਗੂ ਵੀ ਪਹੁੰਚੇ। ਮੀਟਿੰਗ ਤੋਂ ਬਾਅਦ ਪ੍ਰੈੱਸ ਕਾਨਫ਼ਰੰਸ ਕਰਦਿਆਂ ਭਗਵੰਤ ਮਾਨ ਨੇ ਕਿਹਾ ਪਾਣੀਆਂ ਦਾ ਸੰਕਟ ਸਾਡੇ ਸਿਰ ਅਚਾਨਕ ਨਹੀਂ ਆਇਆ, ਇਹ ਪਿਛਲੇ ਕਈ ਸਮੇਂ ਤੋਂ ਸਾਡੇ 'ਤੇ ਆ ਰਿਹਾ ਹੈ, ਕਿਉਂਕਿ ਪਿਛਲੀਆਂ ਸਰਕਾਰਾਂ ਨੇ ਪਾਣੀਆਂ ਨੂੰ ਬਚਾਉਣ ਲਈ ਕੁਝ ਵੀ ਨਹੀਂ ਕੀਤਾ। ਭਗਵੰਤ ਮਾਨ ਕਾਨਫ਼ਰੰਸ ਦੇ ਦੌਰਾਨ ਇਹ ਵੀ ਕਹਿੰਦੇ ਨਜ਼ਰੀ ਆਏ ਕਿ ਮੈਂ ਪਾਣੀਆਂ ਦਾ ਰਖਵਾਲਾ ਹਾਂ ਅਤੇ ਪਾਣੀਆਂ ਲਈ ਅਸੀਂ ਮਰ-ਮਿਟਣ ਲਈ ਤਿਆਰ ਹਾਂ। ਉਨ੍ਹਾ ਕਿਹਾ ਕਿ ਪੰਜਾਬ ਦਾ ਪਾਣੀ ਪੰਜਾਬ ਦੀ ਲਾਈਫ਼ ਲਾਈਨ ਹੈ। ਉੱਥੇ ਹੀ ਭਗਵੰਤ ਮਾਨ ਦੀ ਹਾਂ ਵਿੱਚ ਹਾਂ ਭਰਦਿਆਂ ਵਿਰੋਧੀ ਪਾਰਟੀਆਂ ਦੇ ਲੀਡਰ ਵੀ ਇਹ ਕਹਿੰਦੇ ਹੋਏ ਭਗਵੰਤ ਮਾਨ ਦੀ ਪਿੱਠ ਥਾਪੜੀ ਗਏ, ਅਸੀਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪੰਜਾਬ ਦੇ ਨਾਲ ਖੜ੍ਹੇ ਹਾਂ, ਤੁਸੀਂ ਅੱਗੇ ਵਧੋ, ਅਸੀਂ ਤੁਹਾਡੇ ਨਾਲ ਹਾਂ। ਵੈਸੇ ਵੇਖਦੇ ਹਾਂ ਕਿ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਇਹ ਸਾਰੀਆਂ ਸਿਆਸੀ ਪਾਰਟੀਆਂ ਕਦੋਂ ਤੱਕ ਇਕੱਠੀਆਂ ਰਹਿੰਦੀਆਂ ਨੇ।

ਪੰਜਾਬ ਦੇ ਲੋਕਾਂ ਨੂੰ ਮੂਰਖ ਬਣਾਉਣ ਦੇ ਵਿੱਚ ਕੋਈ ਵੀ ਪਾਰਟੀ, ਕੋਈ ਵੀ ਮੌਕਾ ਨਹੀਂ ਛੱਡਦੀ, ਉਹ ਹਰ ਮੌਕੇ 'ਤੇ ਕੋਈ ਨਾ ਕੋਈ ਚੌਕਾ-ਛੱਕਾ ਲਾਉਂਦੀ ਰਹਿੰਦੀ ਹੈ, ਜਿਵੇਂ ਕਿ ਪੰਜਾਬ ਦੀ ਇਹ ਸੱਤਾ ਧਿਰ। ਵੈਸੇ ਜਦੋਂ ਕੋਈ ਕਿਸੇ ਦਾ ਪੇਚ ਕਿਸੇ ਪਾਸੇ ਨਹੀਂ ਚੱਲਦਾ ਅਤੇ ਬੈਕ ਫੁੱਟ 'ਤੇ ਸਭ ਕੁੱਝ ਹੁੰਦਾ ਹੈ ਤਾਂ ਉਸ ਵੇਲੇ ਅਜਿਹੇ ਮੁੱਦੇ ਉੱਭਰ ਕੇ ਸਾਹਮਣੇ ਆ ਜਾਂਦੇ ਨੇ, ਜਿਹੜੇ ਲੋਕਾਂ ਦੇ ਦਿਲ-ਦਿਮਾਗ਼ ਅਤੇ ਸੀਨੇ ਦੇ ਨਾਲ ਜੁੜੇ ਹੁੰਦੇ ਨੇ। ਇਸ ਦੇ ਨਾਲ ਵੋਟਾਂ ਵੀ ਮਿਲ ਜਾਂਦੀਆਂ ਨੇ ਅਤੇ ਪਿੱਠ ਵੀ ਚੁੱਪ-ਚੁਪੀਤੇ ਥਾਪੜੀ ਜਾਂਦੀ ਹੈ। ਪੰਜਾਬ ਦੇ ਪਾਣੀ ਦਾ ਪੱਧਰ ਇਸ ਵੇਲੇ ਕਾਫ਼ੀ ਹੇਠਾਂ ਜਾ ਚੁੱਕਿਆ। ਪੰਜਾਬ ਦਾ ਪਾਣੀ ਤਾਂ ਹੀ ਬਚ ਸਕਦਾ ਹੈ, ਜੇਕਰ ਪੰਜਾਬ ਦੇ ਲੋਕ ਹੁਣੇ ਜਾਗ ਪਏ, ਕਿਉਂਕਿ ਪੰਜਾਬ ਦਾ ਪਾਣੀ ਜਿਸ ਤਰੀਕੇ ਦੇ ਨਾਲ ਜਿਸ ਤੇਜ਼ੀ ਨਾਲ ਹੇਠਾਂ ਜਾ ਰਿਹਾ, ਉਸ ਤੋਂ ਸਾਫ਼ ਸਪੱਸ਼ਟ ਇਹ ਹੋ ਚੁੱਕਿਆ ਹੈ ਕਿ ਆਉਂਦੇ ਕੋਈ ਢਾਈ-ਤਿੰਨ ਦਹਾਕਿਆਂ ਤੱਕ ਪੰਜਾਬ ਦੇ ਅੰਦਰ ਪੀਣ ਨੂੰ ਵੀ ਪਾਣੀ ਨਹੀਂ ਮਿਲਣਾ।

ਵੈਸੇ ਸਰਕਾਰ ਨੂੰ ਇਹ ਕਰਨਾ ਚਾਹੀਦਾ ਹੈ ਕਿ ਉਹ ਕਿਸਾਨਾਂ ਤੇ ਹੋਰਨਾਂ ਕਾਰਪੋਰੇਟ ਘਰਾਣਿਆਂ ਤੋਂ ਇਲਾਵਾ ਫ਼ੈਕਟਰੀਆਂ, ਕਾਰਖ਼ਾਨਿਆਂ ਵਾਲਿਆਂ ਨੂੰ ਬਿਠਾ ਕੇ ਦੱਸੇ ਕਿ ਪੰਜਾਬ ਦਾ ਪਾਣੀ ਕਿੱਥੇ ਕੁ ਚਲਾ ਗਿਆ ਹੈ। ਕਿਸਾਨਾਂ ਨੂੰ ਕਣਕ-ਝੋਨੇ ਤੋਂ ਥੋੜ੍ਹਾ ਪਾਸੇ ਹਟਾ ਕੇ ਸਰਕਾਰ ਹੋਰਨਾਂ ਫ਼ਸਲਾਂ 'ਤੇ ਧਿਆਨ ਦਿਵਾਏ । ਹੋਰ ਫ਼ਸਲਾਂ ਬੀਜਣ ਲਈ ਕਿਸਾਨਾਂ ਨੂੰ ਉਤਸ਼ਾਹਤ ਕਰੇ, ਤਾਂ ਜੋ ਪੰਜਾਬ ਦੇ ਪਾਣੀਆਂ ਨੂੰ ਬਚਾਇਆ ਜਾ ਸਕੇ, ਉੱਥੇ ਹੀ ਪੰਜਾਬ ਦੇ ਗੰਧਲੇ ਹੋ ਰਹੇ ਪਾਣੀ ਨੂੰ ਬਚਾਉਣ ਵਾਸਤੇ ਵੀ ਜਿਹੜੀਆਂ ਫ਼ੈਕਟਰੀਆਂ ਤੇ ਕਾਰਖ਼ਾਨਿਆਂ ਵੱਲੋਂ ਧਰਤੀ ਵਿੱਚ ਜ਼ਹਿਰ ਘੋਲਿਆ ਜਾ ਰਿਹਾ, ਉਨ੍ਹਾਂ ਦੇ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕਰਕੇ ਉਨ੍ਹਾਂ ਨੂੰ ਪੱਕੇ ਤੌਰ 'ਤੇ ਤਾਲੇ ਲਗਾਏ ਜਾਣ।

ਜਿਨ੍ਹਾਂ ਫ਼ੈਕਟਰੀਆਂ, ਕਾਰਖ਼ਾਨਿਆਂ ਦੀਆਂ ਰਿਪੋਰਟਾਂ ਪਿਛਲੇ ਦਿਨਾਂ ਵਿੱਚ ਛਪੀਆਂ ਹਨ, ਉਨ੍ਹਾਂ ਖ਼ਿਲਾਫ਼ ਹਕੂਮਤ ਨੇ ਭੋਰਾ ਵੀ ਕਾਰਵਾਈ ਨਹੀਂ ਕੀਤੀ। ਇਹ ਮਾਮਲੇ ਲੰਮੇ-ਚੌੜੇ ਨੇ ਅਤੇ ਏਦਾਂ ਹੀ ਚੱਲਦੇ ਰਹਿਣੇ ਨੇ, ਸਾਡੇ ਪੰਜਾਬੀਆਂ ਦਾ ਕਹਿਣਾ ਹੈ ਕਿ ਪੰਜਾਬ ਦੇ ਜੰਮਿਆਂ ਨੂੰ ਨਿੱਤ ਮੁਹਿੰਮਾਂ। ਮਤਲਬ ਪੰਜਾਬ ਵਿੱਚ ਨਾ ਤਾਂ ਕਦੇ ਮੁੱਦੇ ਖ਼ਤਮ ਹੋ ਸਕਦੇ ਨੇ ਅਤੇ ਨਾ ਹੀ ਲੋਕਾਂ ਦੇ ਮਸਲੇ ਕਦੇ ਹੱਲ ਹੋਣਗੇ। ਪੰਜਾਬ ਦੇ ਲੋਕ ਏਦਾਂ ਹੀ ਸੜਕਾਂ 'ਤੇ ਉੱਤਰਦੇ ਰਹਿਣਗੇ ਅਤੇ ਹਕੂਮਤਾਂ ਖ਼ਿਲਾਫ਼ ਸੰਘਰਸ਼ ਕਰਦੇ ਰਹਿਣਗੇ। ਪੰਜਾਬ ਦੇ ਪਾਣੀਆਂ ਦਾ ਮੁੱਦਾ ਚਾਰ ਦਿਨਾਂ ਦੀ ਅਖ਼ਬਾਰੀ ਸੁਰਖ਼ੀ ਬਣਿਆ ਰਹੇਗਾ।

**# ਸੰਪਰਕ : 95698-20314**

# ਮੀਡੀਆ ਦੀ ਪਰਿਭਾਸ਼ਾ ਤੇ ਫ਼ਰਜ਼

ਜਦੋਂ ਅਸੀਂ ਪੱਤਰਕਾਰਤਾ ਭਾਵ ਸਹਾਫ਼ਤ (Journalism) ਜਿਸ ਨੂੰ ਸਮੁੱਚੇ ਰੂਪ ਵਿੱਚ ਅਜੋਕੇ ਸਮੇਂ ਮੀਡੀਆ ਦਾ ਨਾਂਅ ਦਿੱਤਾ ਜਾਂਦਾ ਹੈ, ਦੀ ਗੱਲ ਕਰਦੇ ਹਾਂ ਤਾਂ ਇਸ ਦੀ ਪਰਿਭਾਸ਼ਾ 'ਚ ਕਿਹਾ ਜਾ ਸਕਦਾ ਹੈ ਕਿ ਕਿਸੇ ਮਾਮਲੇ ਦੇ ਬਾਰੇ ਆਵਾਜ਼, ਦਰਸ਼ਨ ਜਾਂ ਲਿਖਤੀ ਰੂਪ ਵਿੱਚ ਵੱਡੇ ਪੱਧਰ 'ਤੇ ਪਾਠਕਾਂ, ਦਰਸ਼ਕਾਂ ਜਾਂ ਸਰੋਤਿਆਂ ਤੱਕ ਪਹੁੰਚਾਉਣ ਦੇ ਕਾਰਜ ਨੂੰ ਸਹਾਫ਼ਤ ਜਾਂ ਪੱਤਰਕਾਰਤਾ ਦਾ ਨਾਂਅ ਦਿੱਤਾ ਜਾਂਦਾ ਹੈ ਅਤੇ ਇਸ ਦੇ ਕਾਰਜ ਕਰਨ ਵਾਲੇ ਨੂੰ ਪੱਤਰਕਾਰ ਜਾਂ ਸਹਾਫੀ ਆਖਦੇ ਹਨ।

ਦਰਅਸਲ ਮੀਡੀਆ ਜਾਂ ਸੰਚਾਰ ਮਾਧਿਅਮ ਨੂੰ ਸਮਾਜ ਵਿੱਚ ਇੱਕ ਮਹੱਤਵਪੂਰਨ ਅੰਗ ਵਜੋਂ ਵੇਖਿਆ ਜਾਂਦਾ ਹੈ ਅਤੇ ਇਹ ਸਮਾਜ ਨੂੰ ਵਿਕਸਤ ਕਰਨ ਵਿਚ ਇੱਕ ਭੂਮਿਕਾ ਨਿਭਾਉਂਦਾ ਹੈ । ਇਹ ਲੋਕਾਂ ਨੂੰ ਜਾਣਕਾਰੀ ਪ੍ਰਦਾਨ ਕਰਦਾ ਹੈ, ਸਿੱਖਿਆ ਦਿੰਦਾ ਹੈ ਅਤੇ ਮਨੋਰੰਜਨ ਕਰਦਾ ਹੈ। ਮੀਡੀਆ ਦਾ ਪ੍ਰਭਾਵ ਸਮਾਜ 'ਤੇ ਵਿਸ਼ਾਲ ਹੁੰਦਾ ਹੈ ਅਤੇ ਇਹ ਜਨਤਾ ਦੇ ਏਜੰਡੇ ਨੂੰ ਰੂਪ ਦੇਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

ਇਸ ਦੇ ਨਾਲ-ਨਾਲ ਮੀਡੀਆ ਲੋਕਾਂ ਨੂੰ ਵੱਖ-ਵੱਖ ਵਿਸ਼ਿਆਂ ਬਾਰੇ ਜਾਣਕਾਰੀ ਦਿੰਦਾ ਹੈ, ਜਿਵੇਂ ਕਿ ਖ਼ਬਰਾਂ, ਰਾਜਨੀਤਕ ਘਟਨਾਵਾਂ, ਖੇਡਾਂ ਅਤੇ ਵਪਾਰਕ ਜਾਣਕਾਰੀਆਂ।

ਇਸ ਤੋਂ ਇਲਾਵਾ ਮੀਡੀਆ ਲੋਕਾਂ ਨੂੰ ਸਿੱਖਿਆ ਦੇਣ ਵਿੱਚ ਮਦਦ ਕਰਦਾ ਹੈ, ਜਿਵੇਂ ਕਿ ਸਿੱਖਿਆਤਮਕ ਕਾਰਜਕ੍ਰਮ, ਡਾਕੂਮੈਂਟਰੀਆਂ ਅਤੇ ਵਰਕਸ਼ਾਪਾਂ।ਇਸ ਦੇ ਨਾਲ ਨਾਲ ਮੀਡੀਆ ਲੋਕਾਂ ਨੂੰ ਮਨੋਰੰਜਨ ਦਿੰਦਾ ਹੈ, ਜਿਵੇਂ ਕਿ ਫ਼ਿਲਮਾਂ, ਸੰਗੀਤ ਅਤੇ ਟੀ ਵੀ ਸ਼ੋਅਜ਼ ਆਦਿ ।

ਮੀਡੀਆ ਜਨਤਕ ਏਜੰਡੇ ਨੂੰ ਰੂਪ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਂਉਂਦਾ ਹੈ, ਕਿਉਂਕਿ ਇਹ ਲੋਕਾਂ ਨੂੰ ਵੱਖ-ਵੱਖ ਮੁੱਦਿਆਂ ਬਾਰੇ ਸਿਖਾਉਂਦਾ ਹੈ ਅਤੇ ਉਨ੍ਹਾਂ ਨੂੰ ਆਪਣੀ ਰਾਏ ਬਣਾਉਣ ਵਿੱਚ ਮਦਦ ਕਰਦਾ ਹੈ।



ਮੁਹੰਮਦ ਅੱਬਾਸ ਧਾਲੀਵਾਲ

ਮੀਡੀਆ ਜਨਮਤ ਨਿਰਮਾਣ ਵਿੱਚ ਵੀ ਆਪਣੀ ਅਹਿਮ ਭੂਮਿਕਾ ਨਿਭਾਉਂਦਾ ਹੈ, ਕਿਉਂਕਿ ਇਹ ਲੋਕਾਂ ਨੂੰ ਵੱਖ-ਵੱਖ ਮੁੱਦਿਆਂ 'ਤੇ ਆਪਣੀ ਰਾਏ ਪ੍ਰਗਟ ਕਰਨ ਲਈ ਮੰਚ ਪ੍ਰਦਾਨ ਕਰਦਾ ਹੈ।

ਜੇਕਰ ਗੱਲ ਸੱਭਿਆਚਾਰ ਦੀ ਕਰੀਏ ਤਾਂ ਮੀਡੀਆ ਵੱਖ-ਵੱਖ ਸੱਭਿਆਚਾਰਾਂ ਦੇ ਵਿਚਕਾਰ ਅਦਾਨ-ਪ੍ਰਦਾਨ ਨੂੰ ਆਸਾਨ ਬਣਾਉਂਦਾ ਹੈ, ਕਿਉਂਕਿ ਇਹ ਵੱਖ-ਵੱਖ ਦੇਸ਼ਾਂ ਅਤੇ ਸੱਭਿਆਚਾਰਾਂ ਦੇ ਲੋਕਾਂ ਨੂੰ ਆਪਣੇ ਵਿਚਾਰ ਅਤੇ ਕਹਾਣੀਆਂ ਸਾਂਝੀਆਂ ਕਰਨ ਦੀ ਇਜਾਜ਼ਤ ਦਿੰਦਾ ਹੈ।

ਕੁੱਲ ਮਿਲਾ ਕੇ ਮੀਡੀਆ ਸਮਾਜ ਲਈ ਇੱਕ ਮਹੱਤਵਪੂਰਨ ਸਾਧਨ ਹੈ, ਜੋ ਲੋਕਾਂ ਨੂੰ ਸਿੱਖਿਆ ਦੇਣ, ਮਨੋਰੰਜਨ ਕਰਨ ਅਤੇ ਜਾਣਕਾਰੀ ਪ੍ਰਦਾਨ ਕਰਨ ਵਿੱਚ ਮਦਦ ਕਰਦਾ ਹੈ। ਮੀਡੀਆ ਦਾ ਸਮਾਜ 'ਤੇ ਡੂੰਘਾ ਪ੍ਰਭਾਵ ਹੁੰਦਾ ਹੈ ਅਤੇ ਇਹ ਜਨਤਕ ਏਜੰਡੇ ਨੂੰ ਰੂਪ ਦੇਣ ਅਤੇ ਜਨਮਤ ਨਿਰਮਾਣ ਵਿੱਚ ਵੀ ਅਹੰਕਾਰਪੂਰਕ ਭੂਮਿਕਾ ਨਿਭਾਉਂਦਾ ਹੈ ।

ਬੀਤੇ ਕੁਝ ਵਰ੍ਹਿਆਂ ਤੋਂ ਭਾਰਤੀ ਵਿਸ਼ੇਸ਼ ਰੂਪ ਵਿੱਚ ਇਲੈਕਟ੍ਰਾਨਿਕ ਮੀਡੀਆ ਭਾਵ ਨਿਊਜ਼ ਚੈਨਲ ਜਿਨ੍ਹਾਂ 'ਚੋਂ ਵਧੇਰਿਆਂ ਨੂੰ ਅਜੋਕੇ ਸਮੇਂ ਦੇਸ਼ ਵਿਚ 'ਗੋਦੀ ਮੀਡੀਆ' ਦੇ ਨਾਂਅ ਨਾਲ ਜਾਣਿਆ ਜਾਂਦਾ ਹੈ, ਉਹ ਪੱਤਰਕਾਰਤਾ ਦੇ ਮਾਪਦੰਡਾਂ 'ਤੇ ਕਦਾਚਿਤ ਖਰੇ ਨਹੀਂ ਉਤਰਦੇ, ਕਿਉਂਕਿ ਇਹ ਚੈਨਲ ਪਿਛਲੇ ਕਈ ਸਾਲਾਂ ਤੋਂ ਦੇਸ਼ 'ਚ ਧਾਰਮਿਕ ਨਫ਼ਰਤ, ਹਿੰਸਾ, ਫਿਰਕਾਪ੍ਰਸਤੀ ਨੂੰ ਵਧਾਉਣ 'ਚ ਆਪਣੀ ਮੋਹਰੀ ਭੂਮਿਕਾ ਨਿਭਾਉਂਦੇ ਨਜ਼ਰ ਆ ਰਹੇ ਹਨ ।

ਦੁਨੀਆ 'ਚ ਜਦੋਂ ਵੀ ਕਿਸੇ ਵੀ ਦੋ ਦੇਸ਼ਾਂ ਦਰਮਿਆਨ ਜੰਗ ਛਿੜਦੀ ਹੈ ਤਾਂ ਉਸ ਸਮੇਂ ਮੀਡੀਆ ਦੀ ਭੂਮਿਕਾ ਬਹੁਤ ਜ਼ਿਆਦਾ ਅਹਿਮ ਹੋ ਜਾਇਆ ਕਰਦੀ ਹੈ, ਕਿਉਂਕਿ ਮੀਡੀਆ ਦੀ ਜ਼ਿੰਮੇਵਾਰੀ ਲੋਕਾਂ ਨੂੰ ਤਾਜ਼ਾ-ਤਰੀਨ ਸੂਰਤ-ਏ-ਹਾਲ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਸਹੀ-ਸਟੀਕ ਸੂਚਨਾ ਪ੍ਰਦਾਨ ਕਰਨ ਦੀ ਹੁੰਦੀ ਹੈ । ਜੰਗ ਦੌਰਾਨ ਲੋਕਾਂ ਨੂੰ ਸੰਜਮ ਤੇ ਸੰਕੋਚ ਲਈ ਪ੍ਰੇਰਨਾ, ਪ੍ਰਸ਼ਾਸਨ ਅਤੇ ਸਰਕਾਰਾਂ ਦੁਆਰਾ ਦਿੱਤੀਆਂ ਜਾ ਰਹੀਆਂ ਹਦਾਇਤਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਤੇ ਉਤਸ਼ਹਿਤ ਕਰਨਾ ਮੀਡੀਆ ਦੇ ਮੁਢਲੇ ਕਾਰਜਾਂ 'ਚ ਸ਼ਾਮਿਲ ਹੁੰਦਾ ਹੈ।ਇਸ ਤੋਂ ਇਲਾਵਾ ਲੋਕਾਂ ਦੀ ਸੋਚ ਨੂੰ ਪਰਪੱਕ ਬਣਾਉਣ ਦੀ ਹੁੰਦੀ ਹੈ।

ਪਿਛਲੇ ਦਿਨੀਂ ਜਦੋਂ ਭਾਰਤ ਅਤੇ ਪਾਕਿਸਤਾਨ ਦਰਮਿਆਨ ਹਾਲਾਤ ਕਸ਼ੀਦਾ ਹੋਏ ਤਾਂ ਭਾਰਤ ਦੇ ਮੇਨ ਸਟਰੀਮ ਮੀਡੀਆ ਵਿਸ਼ੇਸ਼ ਤੌਰ 'ਤੇ ਇਲੈਕਟ੍ਰਾਨਿਕ ਮੀਡੀਆ ਨੇ ਜਿਸ ਗੈਰ-ਜ਼ਿੰਮੇਵਾਰਾਨਾ ਅੰਦਾਜ਼ 'ਚ ਰਿਪੋਰਟਿੰਗ ਕੀਤੀ, ਉਸ ਦੇ ਚਲਦਿਆਂ ਦੇਸ਼ ਦੀ ਅੰਤਰਰਾਸ਼ਟਰੀ ਪੱਧਰ 'ਤੇ ਕਾਫ਼ੀ ਕਿਰਕਿਰੀ ਹੋਈ।

ਇੱਥੇ ਦੱਸਣਾ ਬਣਦਾ ਹੈ ਕਿ ਭਾਰਤੀ ਮੀਡੀਆ ਵਿਸ਼ੇਸ਼ ਤੌਰ 'ਤੇ ਹਿੰਦੀ ਮੀਡੀਆ ਦੇ ਇੱਕ ਵੱਡੇ ਹਿੱਸੇ ਨੇ ਸੂਤਰਾਂ ਦੇ ਹਵਾਲੇ ਨਾਲ ਬੇਬੁਨਿਆਦ ਖਬਰਾਂ ਪ੍ਰਸਾਰਤ ਕਰ ਜਿਸ ਆਪਹੁਦਰੇਪਨ ਦਾ ਮੁਜ਼ਾਹਰਾ ਕੀਤਾ, ਉਸ ਦੀ ਉਦਾਹਰਣ ਬਹੁਤ ਘੱਟ ਵੇਖਣ ਨੂੰ ਮਿਲਦੀ ਹੈ। ਸੂਤਰਾਂ ਦੇ ਹਵਾਲੇ ਨਾਲ ਖਬਰਾਂ ਦੇ ਬੁਲਿਟਨ ਦਾ ਜਿਸ ਤਰ੍ਹਾਂ ਨਾਲ ਹੁਲੀਆ ਵਿਗਾੜਿਆ ਗਿਆ, ਯਕੀਨਨ ਉਕਤ ਅਤੇ ਫਰਜ਼ੀ ਰਿਪੋਰਟਿੰਗ ਦੇ ਚਲਦਿਆਂ ਸਰਕਾਰ ਨੂੰ ਵੀ ਉਕਤ ਕਵਰੇਜ਼ ਨੂੰ ਵੇਖਦਿਆਂ ਮੀਡੀਆ ਲਈ ਐਡਵਾਈਜ਼ਰੀ ਜਾਰੀ ਕਰ ਕਹਿਣਾ ਪਿਆ ਕਿ ਭਾਰਤ-ਪਾਕਿ ਤਣਾਅ ਦੌਰਾਨ ਰੱਖਿਆ ਕਾਰਜਾਂ ਤੇ ਸੁਰੱਖਿਆ ਬਲਾਂ ਦੀਆਂ ਗਤੀਵਿਧੀਆਂ ਦੀ ਲਾਈਵ ਕਵਰੇਜ਼ ਨਾ ਕੀਤੀ ਜਾਵੇ ।

ਇਸ ਮਾਮਲੇ ਵਿਚ ਗੁਆਂਢੀ ਦੇਸ਼ ਪਾਕਿਸਤਾਨ ਦੇ ਨਿਊਜ਼ ਚੈਨਲ ਵੀ ਘੱਟ ਨਹੀਂ ਸਨ, ਭਾਵ 'ਤਾਏ ਦੀ ਚੱਲੀ ਮੈਂ ਕਿਉਂ ਰਹਾਂ 'ਕੱਲੀ' ਦੇ ਅਖਾਣ ਮੁਤਾਬਕ ਪਾਕਿਸਤਾਨੀ ਚੈਨਲਾਂ ਅਤੇ ਸੋਸ਼ਲ ਮੀਡੀਆ ਵੱਲੋਂ ਵੀ ਲਗਾਤਾਰ ਦੱਬ ਕੇ ਗ਼ਲਤ ਜਾਣਕਾਰੀ ਫੈਲਾਈ ਗਈ ਅਤੇ ਲੋਕਾਂ ਨੂੰ ਗੁੰਮਰਾਹ ਕੀਤਾ ਗਿਆ।

ਉਧਰ ਜੇ ਮੌਜੂਦਾ ਸਮੇਂ ਮੀਡੀਆ ਅੰਤਿਕਾ ਦੀ ਗੱਲ ਕਰੀਏ ਤਾਂ ਇੱਕ ਰਿਪੋਰਟ ਅਨੁਸਾਰ ਪ੍ਰੈਸ ਫਰੀਡਮ ਇੰਡੈਕਸ 2025 ਨੂੰ ਵੇਖੀਏ ਤਾਂ ਇਸ ਵਿੱਚ 180 ਦੇਸ਼ਾਂ ਦੀ ਲਿਸਟ ਵਿੱਚ ਸਾਡਾ ਭਾਰਤ 151 ਵੇਂ ਨੰਬਰ 'ਤੇ ਆਉਂਦਾ ਹੈ ।

ਪੈਰਿਸ ਸਥਿਤ ਇੰਟਰਨੈਸ਼ਨਲ ਐੱਨ ਜੀ ਓ ਰਿਪੋਰਟਸ ਵਿਦਾਊਟ ਬਾਰਡਰਜ਼ ( ਆਰ ਡਬਲਯੂ ਬੀ) ਦੇ ਵਰਲਡ ਪ੍ਰੈਸ ਫਰੀਡਮ ਇੰਡੈਕਸ -2025 ਵਿੱਚ ਭਾਰਤ ਨੇ 180 ਦੇਸ਼ਾਂ 'ਚੋਂ 151 ਵਾਂ ਸਥਾਨ ਹਾਸਲ ਕੀਤਾ ਹੈ, ਜਦੋਂ ਕਿ ਪਾਕਿਸਤਾਨ 158 ਨੰਬਰ 'ਤੇ ਨਜ਼ਰ ਆਉਂਦਾ ਹੈ। ਇਸ ਇੰਡੈਕਸ ਅਨੁਸਾਰ ਨਾਰਵੇ ਪਹਿਲੇ ਨੰਬਰ 'ਤੇ ਬਿਰਾਜਮਾਨ ਹੈ । ਜਦੋਂ ਕਿ ਇਸ ਫਹਿਰਸਤ 'ਚ ਬਰਤਾਨੀਆ 20ਵੇਂ ਅਮਰੀਕਾ 57 ਵੇਂ ਇਜ਼ਰਾਇਲ 112ਵੇਂ ਸਥਾਨ ਤੇ ਹਨ। ਇਸ ਤੋਂ ਇਲਾਵਾ ਰੂਸ 171 ਵੇਂ, ਅਫਗਾਨਿਸਤਾਨ 175 ਵੇਂ, ਚੀਨ 178 ਵੇਂ, ਉਤਰ ਕੋਰੀਆ 179 ਅਤੇ ਇਰਟਰੀਆ 180 ਸਥਾਨ 'ਤੇ ਹਨ ।

ਕੁੱਲ ਮਿਲਾ ਕੇ ਮੀਡੀਆ ਚਾਹੇ ਤਾਂ ਸਮਾਜ ਨੂੰ ਸਹੀ ਸੇਧ ਦੇਣ 'ਚ ਇੱਕ ਅਹਿਮ ਅਤੇ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ ਮੀਡੀਆ ਦਾ ਸਾਧਨ ਲੋਕਾਂ ਨੂੰ ਸਿੱਖਿਆ ਦੇਣ, ਮਨੋਰੰਜਨ ਕਰਨ ਅਤੇ ਜਾਣਕਾਰੀ ਪ੍ਰਦਾਨ ਕਰਨ ਵਿੱਚ ਮਦਦ ਕਰ ਸਕਦਾ ਹੈ, ਕਿਉਂਕਿ ਮੀਡੀਆ ਦਾ ਸਮਾਜ 'ਤੇ ਡੂੰਘਾ ਪ੍ਰਭਾਵ ਹੁੰਦਾ ਹੈ, ਇਸ ਲਈ ਇਹ ਜਨਤਕ ਏਜੰਡੇ ਨੂੰ ਰੂਪ ਦੇਣ ਅਤੇ ਜਨਮਤ ਨਿਰਮਾਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਣ ਦੇ ਸਮਰੱਥ ਹੁੰਦਾ ਹੈ।

**# ਸੰਪਰਕ :9855259650**

# ਕੁਦਰਤ ਆਪਣਾ ਰੂਪ ਨਹੀਂ ਵਿਗਾੜਦੀ

ਗੱਲ-ਬਾਤ ਸ਼ੁਰੂ ਕਰਨ ਤੋਂ ਪਹਿਲਾਂ ਕੁਝ ਸਵਾਲ, ਜਿਨ੍ਹਾਂ ਦੇ ਜਵਾਬ ਲੱਭਣੇ ਬਹੁਤ ਜ਼ਰੂਰੀ ਨੇ। ਪੂਰੀ ਧਰਤੀ 'ਤੇ ਮੌਜੂਦ ਜੀਵ-ਜੰਤੂਆਂ ਚੋਂ ਇਨਸਾਨ ਈ ਇੱਕ ਐਸਾ ਜੀਵ ਏ, ਜੋ ਕਲਮ ਘੜਨ, ਫੜਨ ਤੇ ਚਲਾਉਣ ਦੀ ਜਾਂਚ ਰੱਖਦਾ ਹੈ। ਆਪਣੇ ਦਿਮਾਗ ਦੇ ਜ਼ਰੀਏ ਉਸ ਨੇ ਇਸ ਹੁਨਰ ਦਾ ਬਾਖੂਬੀ ਇਸਤੇਮਾਲ ਕਰਿਆ ਵੀ। ਧਰਤੀ ਦਾ ਚੱਪਾ-ਚੱਪਾ ਵੰਡ ਛੱਡਿਆ ਤੇ ਜ਼ਰੀਫਾਂ ,ਕਰਮਾਂ ,ਫ਼ੀਤੇ ਪਾ ਕੇ ਕਬਜ਼ਾ ਕਰ ਲਿਆ। ਹੁਣ ਸਵਾਲ ਇਹ ਉੱਠਦਾ ਏ ਕਿ ਬਾਕੀ ਜੀਵ-ਜੰਤੂ ਕਿੱਥੇ ਜਾਣ ? ਕੀ ਜ਼ਮੀਨ 'ਤੇ ਇਕੱਲੇ ਮਨੁੱਖ ਦਾ ਈ ਅਧਿਕਾਰ ਏ ਤੇ ਬਾਕੀ ਜਾਨਵਰਾਂ ਤੇ ਜਨੌਰਾਂ ਦਾ ਕੋਈ ਹੱਕ ਨਹੀਂ ? ਕੀ ਕਬਜ਼ੇ ਕਰ ਕੇ ਵੀ ਸਬਰ ਨਹੀਂ ਆਇਆ, ਜੋ ਜਿਉਣ ਦਾ ਅਧਿਕਾਰ ਵੀ ਖੋਹਣ ਤੇ ਤੁਲ ਗਿਆ ਏ ?

ਖੈਰ ਹੁਣ ਦੀ ਗੱਲ ਕਰਦੇ ਹਾਂ। ਕੁਦਰਤ ਵੱਲੋਂ ਮੌਸਮ 'ਚ ਵਾਰ-ਵਾਰ ਆ ਰਹੀ ਖਰਾਬੀ ਦੇ ਬਾਵਜੂਦ ਪੰਜਾਬ 'ਚ ਕਣਕ ਦੀ ਕਟਾਈ ਤੇ ਗਹਾਈ ਦਾ ਕੰਮ-ਕਾਰ ਕਰੀਬ-ਕਰੀਬ ਮੁੱਕ ਗਿਆ ਏ। ਤੂੜੀ ਦੀ ਚੁੱਕ-ਚੁਕਾਈ ਜਾਂ ਢੋਆ-ਢੁਆਈ ਦਾ ਕੰਮ ਵੀ ਤਕਰੀਬਨ ਖਤਮ ਹੋਣ ਦੇ ਕੰਢੇ 'ਤੇ ਏ। ਇਸ ਦੇ ਨਾਲ ਈ ਉਹ ਕੰਮ ਵੀ ਸ਼ੁਰੂ ਹੋ ਗਿਆ ਏ, ਜੋ ਪਿਛਲੇ ਕੁਝ ਸਾਲਾਂ ਤੋਂ ਹੀ ਹੋਂਦ 'ਚ ਆਇਆ ਏ ਤੇ ਉਹ ਕੰਮ ਏ ਕੁਦਰਤ ਨਾਲ ਤੇ ਕੁਦਰਤ ਦੇ ਬਣਾਏ ਜੀਵ-ਜੰਤੂਆਂ ਨਾਲ ਖਿਲਵਾੜ ਦਾ, ਅੱਤਿਆਚਾਰ ਦਾ ਤੇ ਦਰਿੰਦਗੀ ਦਾ। ਯਾਨਿ ਕਿ ਜਾਣ-ਬੁੱਝ ਕੇ ਖੇਤਾਂ 'ਚ ਨਾੜਾਂ ਤੇ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗਾਂ ਲਾਉਣ ਦਾ। ਜੇਕਰ ਅਸੀਂ ਚਾਰ-ਪੰਜ ਸਦੀਆਂ ਪਿੱਛੇ ਜਾਈਏ ਤਾਂ ਓਦੋਂ ਹੁਣ ਜਿਹੇ ਹਾਲਾਤ ਬਿਲਕੁਲ ਨਹੀਂ ਸਨ। ਓਦੋਂ ਹੁਣ ਵਾਂਗ ਅੰਨ੍ਹੇਵਾਹ ਅੱਗਾਂ ਨਹੀਂ ਸਨ ਲੱਗਦੀਆਂ ਤੇ ਨਾ ਹੀ ਲੋਕ ਐਨੇ ਕਾਹਲੇ ਵਗਦੇ ਸਨ। ਹਾਲਾਤ ਵੇਖ ਕੇ ਕਹਿ ਸਕਦੇ ਹਾਂ ਕਿ ਓਦੋਂ ਲੋਕ ਮਿਹਨਤੀ, ਥੋੜ੍ਹੇ ਭੋਲੇ, ਰੱਬ ਯਾਨੀ ਕੁਦਰਤ ਦਾ ਖੌਫ ਖਾਣ ਵਾਲੇ ਤੇ ਪ੍ਰਸ਼ਾਸਨ ਤੋਂ ਡਰਨ ਵਾਲੇ ਸਨ ਤੇ ਹੁਣ ਦੇ ਲੋਕ ਕੰਮ-ਚੋਰ, ਲਾਪਰਵਾਹ ਤੇ ਚਲਾਕ ਹੋ ਗਏ ਨੇ।

ਉਹਨਾਂ ਪੰਛੀਆਂ ਦੀ ਪ੍ਰਜਾਤੀ ਨੂੰ ਖਤਮ ਕਰ ਰਹੇ ਨੇ, ਜੋ ਫਸਲ ਦੇ ਦੁਸ਼ਮਣ ਕੀੜਿਆਂ ਤੇ ਸੁੰਡੀਆਂ ਨੂੰ ਖਾ ਕੇ ਉਹਨਾਂ ਦੀ ਮਦਦ ਕਰਦੇ ਨੇ ਤੇ ਕਿਸਾਨਾਂ ਦੇ ਮਿੱਤਰ ਪੰਛੀ ਕਹਾਉਂਦੇ ਨੇ, ਪਰ ਅੱਜ ਕਿਸਾਨ ਉਨ੍ਹਾਂ ਮਿੱਤਰ ਪੰਛੀਆਂ ਦਾ ਹੀ ਦੁਸ਼ਮਣ ਬਣ ਬਹਿ ਗਿਆ ਏ ਤੇ ਉਨ੍ਹਾਂ ਮਿੱਤਰਾਂ ਦੀ ਬਜਾਏ ਕੀਟ-ਨਾਸ਼ਕਾਂ ਤੇ ਹੋਰ ਮਹਿੰਗੀਆਂ ਦਵਾਈਆਂ, ਰੇਹਾਂ-ਸਪਰੇਆਂ ਵਗੈਰਾ ਨੂੰ ਆਪਣਾ ਸਾਥੀ ਸਮਝਣ ਦੀ ਭੁੱਲ ਤੇ ਵਹਿਮ ਪਾਲ ਬੈਠਾ ਏ। ਮਿੱਤਰ ਕੀੜਿਆਂ ਤੇ ਪੰਛੀਆਂ ਨੂੰ ਮਾਰਨ ਦੇ ਨਾਲ-ਨਾਲ ਉਹ ਪ੍ਰਕ੍ਰਿਤੀ ਤੇ ਵਾਤਾਵਰਨ ਨੂੰ ਵੀ ਨੁਕਸਾਨ ਪਹੁੰਚਾ ਰਿਹਾ ਏ। ਧਰਤੀ ਦਾ ਸੁਹੱਪਣ ਤੇ ਸ਼ਿੰਗਾਰ ਹਰਿਆਲੀ ਖਤਮ ਕਰ ਰਿਹਾ ਏ। ਆਪ ਤਾਂ ਕੀ ਲਗਾਉਣੇ, ਸਗੋਂ ਕੁਦਰਤੀ ਤੌਰ 'ਤੇ ਜੰਮੇ ਰੁੱਖ-ਬੂਟਿਆਂ ਤੇ ਦਰੱਖਤਾਂ ਨੂੰ ਵੀ ਜਲਾ-ਜਲਾ ਕੇ ਖਤਮ ਕਰ ਰਿਹਾ ਏ। ਕਈ ਥਾਵੀਂ ਤਾਂ ਵਰ੍ਹਿਆਂ ਪੁਰਾਣੇ ਰੁੱਖ ਵੀ ਇਸ ਅੱਗ ਦੀ ਭੇਟ ਚੜ੍ਹ ਜਾਂਦੇ ਨੇ ਤੇ ਨਾਲ ਹੀ ਖਤਮ ਹੋ ਜਾਂਦੇ ਨੇ ਆਪਣੇ ਬੋਟਾਂ ਤੇ ਆਂਡਿਆਂ ਸਮੇਤ ਇਹਨਾਂ ਰੁੱਖਾਂ 'ਤੇ ਆਲ੍ਹਣੇ ਬਣਾ ਕੇ ਰਹਿਣ ਵਾਲੇ ਪੰਛੀ ਵੀ। ਸਾਡੇ ਸਾਹ ਲਈ ਜ਼ਰੂਰੀ ਤੇ ਜੀਵਨ ਦੀ ਮੁੱਖ ਲੋੜ ਹਵਾ ਤਾਂ ਧੂੰਏਂ ਦੀ ਬਦੌਲਤ ਇਸ ਕਦਰ ਪਲੀਤ ਹੋ ਰਹੀ ਏ ਕਿ ਲੋਕਾਂ ਨੂੰ ਸਾਹ ਸੰਬੰਧੀ ਕਈ ਨਵੇਂ ਤੋਂ ਨਵੇਂ ਰੋਗ ਲੱਗ ਰਹੇ ਨੇ। ਗਰਮੀ ਤੇ ਪ੍ਰਦੂਸ਼ਣ ਤਾਂ ਪੈਦਾ ਹੁੰਦਾ ਈ ਏ, ਇਹਦੇ ਨਾਲ-ਨਾਲ ਉੱਪਰ ਉੱਠਦੇ ਧੂੰਏਂ ਦੀ ਬਦੌਲਤ ਮੀਂਹ ਵਾਲੇ ਬੱਦਲ ਬਣਨ 'ਚ ਵੀ ਰੁਕਾਵਟ ਪੈਂਦੀ ਏ, ਜਿਸ ਦੇ ਨਤੀਜੇ ਵਜੋਂ ਮੌਸਮ ਚ ਅਨਿਸਚਿਤਤਾ ਤੇ ਗੜਬੜੀ ਪੈਦਾ ਹੁੰਦੀ ਏ ਤੇ ਮੌਸਮ ਦਾ ਸਹੀ ਅਨੁਮਾਨ ਨਹੀਂ ਲਗਦਾ। ਮੌਸਮ ਦੇ ਇਸ ਬਦਲਦੇ ਲਿਹਾਜ਼ ਕਾਰਨ ਕੁਦਰਤ ਦੇ ਸਿਸਟਮ 'ਚ ਵਿਗਾੜ ਪੈਦਾ ਹੁੰਦਾ ਏ, ਜਿਸ ਦੇ ਫਲਸਵਰੂਪ ਤੇਜ਼ ਹਵਾਵਾਂ, ਹਨੇਰੀਆਂ, ਬਾਵੰਡਰ ਜਾਂ ਵਾਵਰੋਲੇ ਤੇ ਝੱਖੜਾਂ ਜਿਹੀਆਂ ਅਲਾਮਤਾਂ ਦਾ ਸਾਹਮਣਾ ਕਰਨਾ ਪੈਂਦਾ ਏ। ਕੁਦਰਤ ਆਪਣਾ ਰੂਪ ਨਹੀਂ ਵਿਗਾੜਦੀ, ਸਗੋਂ ਅਸੀਂ ਕੁਦਰਤ ਨੂੰ ਵਿਗੜਨ ਲਈ ਮਜਬੂਰ ਕਰਦੇ ਹਾਂ ਤੇ ਜਦੋਂ ਕੁਦਰਤ ਵਿਗੜਦੀ ਹੈ, ਓਦੋਂ ਚੀਕਾਂ ਮਾਰਦੇ ਹਾਂ, ਰੋਂਦੇ ਹਾਂ ਤੇ ਪਿੱਟਦੇ ਹਾਂ। ਓਦੋਂ ਫਿਰ ਸਾਡੇ ਕਰਕੇ ਕਈ ਨਿਹੱਕੇ ਤੇ ਬੇਕਸੂਰ ਵੀ ਕੁਦਰਤ ਦੀ ਮਾਰ ਹੇਠ ਆ ਜਾਂਦੇ ਨੇ।

**ਗੁਰਜਿੰਦਰ ਸਿੰਘ ਸਾਹਦੜਾ**

ਇਹੀ ਹਿਸਾਬ ਰਿਹਾ ਤਾਂ ਕੌਣ ਕਹੇਗਾ ਤੁਹਾਨੂੰ ਅੰਨਦਾਤੇ ? ਮੈਂ ਤਾਂ ਨਹੀਂ ਕਹਿੰਦਾ। ਮੈਂ ਵੀ ਕਿਸਾਨ ਹਾਂ, ਮੈਂ ਤਾਂ ਕਦੇ ਲਗਾਈ ਨਹੀਂ ਅੱਗ। ਮੇਰਾ ਬੜਾ ਵਧੀਆ ਗੁਜ਼ਾਰਾ ਹੁੰਦਾ ਏ। ਅੰਨਦਾਤਾ ਉਹ ਹੁੰਦਾ ਏ, ਜੋ ਲੋੜਵੰਦਾ ਨੂੰ ਅੰਨ ਖੁਆਉਂਦਾ ਏ ਤੇ ਢਿੱਡ ਭਰਦਾ ਏ, ਨਾ ਕਿ ਆਪਣੇ ਸਵਾਰਥ ਲਈ ਸਭ ਕੁਝ ਜਿਉਂਦਿਆਂ ਈ ਸਾੜ ਦਿੰਦਾ ਏ। ਇੱਥੇ ਤਾਂ ਕੁਦਰਤ ਦਾ ਦਿੱਤਾ ਵੀ ਨਹੀਂ ਖਾਣ ਦਿੱਤਾ ਜਾ ਰਿਹਾ। ਕਿੱਥੇ ਨੇ ਕਿਸਾਨ ਜਥੇਬੰਦੀਆਂ ਤੇ ਉਹਨਾਂ ਦੇ ਧਾਕੜ ਆਗੂ, ਜੋ ਹੱਕਾਂ ਦਾ ਰੌਲਾ ਪਾਉਂਦੇ ਨੇ ਤੇ ਗੱਲ ਗੱਲ 'ਤੇ ਧਰਨੇ ਲਾਉਂਦੇ ਨੇ ? ਹੁਣ ਇਹਨਾਂ ਬੇਜ਼ਬਾਨਾਂ ਤੇ ਬੇਕਸੂਰਾਂ ਲਈ ਧਰਨੇ 'ਤੇ ਸਮਝਾਉ ਕਿਸਾਨਾਂ ਨੂੰ।

ਹਾਂ, ਸੱਚ ਇੱਕ ਗੱਲ ਤਾਂ ਰਹਿ ਹੀ ਗਈ। ਖੇਤਾਂ 'ਚ ਲਾਈ ਅੱਗ ਦੀ ਗੱਲ ਕਰੀਏ ਤਾਂ ਸਾਡੇ ਕਈ ਭਰਾਵਾਂ ਦਾ ਜਵਾਬ ਹੁੰਦਾ ਏ ਕਿ ਫੈਕਟਰੀਆਂ, ਕਾਰਖਾਨਿਆਂ, ਮਿੱਲਾਂ ਤੇ ਭੱਠਿਆਂ 'ਚੋਂ ਨਿਕਲਦੇ ਧੂੰਏਂ ਨਾਲ ਫੈਲਦਾ ਪ੍ਰਦੂਸ਼ਣ ਨਹੀਂ ਦਿਸਦਾ ਤੁਹਾਨੂੰ ? ਉਹਨਾਂ ਨੂੰ ਕਿਉਂ ਨਹੀਂ ਰੋਕਦੇ ? ਗੱਲ ਤਾਂ ਸਹੀ ਏ। ਫੈਲਦਾ ਏ ਪ੍ਰਦੂਸ਼ਣ, ਪਰ ਇਸ ਦਾ ਜਵਾਬ ਲੱਭੀਏ ਤਾਂ ਸਭ ਤੋਂ ਪਹਿਲਾ ਸਵਾਲ ਉੱਠਦਾ ਏ ਕਿ ਉਨ੍ਹਾਂ ਫੈਕਟਰੀਆਂ ਦੇ ਉਤਪਾਦ ਵਰਤਦਾ ਕੌਣ ਏ ? ਸ਼ਹਿਰੀਆਂ ਦੀ ਗੱਲ ਤਾਂ ਛੱਡੋ ਅੱਜ ਪਿੰਡਾਂ 'ਚ ਬਹੁਤੇ ਘਰਾਂ ਦਾ ਇਹ ਹਾਲ ਏ ਕਿ ਘਰੇ ਦੁੱਧ ਹੋਵੇ, ਨਾ ਹੋਵੇ ਪਰ ਫਰਿੱਜ਼ ਚ ਕੋਕਾ-ਕੋਲਾ ਦੀ ਬੋਤਲ ਜ਼ਰੂਰ ਪਈ ਹੋਵੇਗੀ। ਲੱਸੀ ਪੀ ਕੇ ਤਾਂ ਕੋਈ ਰਾਜ਼ੀ ਨਹੀਂ,ਪਰ ਚਾਹ ਦਾ ਪਤੀਲਾ ਸਾਰਾ ਦਿਨ ਚੁੱਲ੍ਹੇ 'ਤੇ ਪਿਆ ਰਹੂ। ਕੋਈ ਫੰਕਸ਼ਨ ਜਾਂ ਪ੍ਰੋਗਰਾਮ ਦੌਰਾਨ ਧੋਆ-ਧੁਆਈ ਤੇ ਹੋਰ ਖੱਪ-ਖਾਨੇ ਤੋਂ ਬਚਣ ਖਾਤਰ ਰਵਾਇਤੀ ਭਾਂਡੇ ਵਰਤਣ ਦੀ ਥਾਂ ਪਲਾਸਟਿਕ ਦੇ ਡਿਸਪੋਜੇਬਲ ਗਲਾਸ, ਕੌਲੀਆਂ, ਪਲੇਟਾਂ ਤੇ ਚਮਚੇ ਵਰਤਣ ਨੂੰ ਤਰਜੀਹ ਦਿੱਤੀ ਜਾਂਦੀ ਏ। ਕੀ ਕਦੀ ਸੋਚਿਆ ਏ ਕਿ ਜੇ ਇਹਨਾਂ ਦੀ ਵਰਤੋਂ ਨਾ ਕਰੀਏ ਤਾਂ ਇਹਨਾਂ ਨੂੰ ਬਣਾਉਣ ਵਾਲੀਆਂ ਫੈਕਟਰੀਆਂ ਤੇ ਕਾਰਖਾਨੇ ਖੁਦ-ਬ-ਖੁਦ ਬੰਦ ਹੋ ਜਾਣਗੇ, ਪਰ ਨਹੀਂ ਸਾਨੂੰ ਤਾਂ ਹਰ ਕੰਮ 'ਚ ਸੌਖ ਭਾਲਣ ਦੀ ਆਦਤ ਪੈ ਗਈ ਏ। ਖਾਧਾ-ਪੀਤਾ ਤੇ ਇਹ ਪਲਾਸਟਿਕ ਧਰਤੀ 'ਤੇ ਵਗਾਹ ਮਾਰੀ। ਖੇਤ ਜਾਂਦੇ ਆਂ ਤਾਂ ਨੱਕਾ ਮੋੜਨ ਦੀ ਥਾਵੇਂ ਪੂਰੇ ਖੇਤ ਨੂੰ ਖੁੱਲ੍ਹਾ ਪਾਣੀ ਛੱਡ ਦਿੰਦੇ ਹਾਂ ਤੇ ਜਵਾਬ ਹੁੰਦਾ ਏ ਲੋੜ ਈ ਨਹੀਂ, ਕੰਪਿਊਟਰ ਲੈਵਲ ਕਰਾਇਆ ਹੋਇਆ ਏ। ਕਈ ਭਰਾ ਭੱਠਿਆਂ 'ਚੋਂ ਨਿਕਲਦੇ ਧੂੰਏਂ ਦਾ ਹਵਾਲਾ ਦਿੰਦੇ ਨੇ ਤਾਂ ਉਹਨਾਂ ਇੱਟਾਂ ਦੀ ਵਰਤੋਂ ਕਰਦਾ ਕੌਣ ਏ ? ਅਜਿਹੇ ਬਹੁਤ ਸਵਾਲ ਨੇ, ਜਿਹਨਾਂ ਦਾ ਸਵਾਲ ਲੱਭਣ ਤੁਰੀਏ ਤਾਂ ਸੈਂਕੜੇ ਹੋਰ ਸਵਾਲ ਪੈਦਾ ਹੋ ਜਾਂਦੇ ਨੇ।

ਆਖਰ 'ਚ ਜੇ ਅੱਜ 'ਧਰਤੀ ਪੁੱਤਰ' ਦੀ ਦਸ਼ਾ ਮਾੜੀ ਏ ਤਾਂ ਉਹਦੇ ਲਈ ਸਰਕਾਰਾਂ ਦੇ ਨਾਲ-ਨਾਲ ਉਹ ਖੁਦ ਵੀ ਜੁੰਮੇਵਾਰ ਏ। ਬੇਜ਼ੁਬਾਨਾਂ ਤੇ ਬੇਕਸੂਰਾਂ ਦੇ ਪਏ ਸਰਾਪ ਦਾ ਕਿਤੇ ਨਾ ਕਿਤੇ ਤਾਂ ਲੇਖਾ ਦੇਣਾ ਹੀ ਪਵੇਗਾ। ਜੇਕਰ ਅਸੀਂ ਚਾਹੁੰਦੇ ਹਾਂ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਸੌਖੀਆਂ ਰਹਿਣ (ਵੈਸੇ ਸੌਖੀਆਂ ਤਾਂ ਲਿਖਿਆ ਈ ਏ, ਜਿਹੋ ਜਿਹੇ ਹਾਲਾਤ ਨੇ ਪੀੜ੍ਹੀਆਂ ਜੀਵਤ ਰਹਿ ਜਾਣ ਇਹੀ ਬਹੁਤ ਏ) ਤਾਂ ਸਾਰੇ ਰਲ-ਮਿਲ ਕੇ ਇੱਕੋ ਗੱਲ 'ਤੇ ਪਹਿਰਾ ਦੇਈਏ ਕਿ ਧਰਤੀ ਸਭ ਦੀ ਸਾਂਝੀ ਏ ਤੇ ਸਾਰੇ ਹੀ ਇਹਨੂੰ ਸੰਭਾਲਣ ਲਈ ਉੱਦਮ ਕਰੀਏ ਤੇ ਹੰਭਲਾ ਮਾਰੀਏ। ਜੇਕਰ ਕੋਈ ਇੱਕ ਗਲਤੀ ਕਰਦਾ ਏ ਤਾਂ ਉਹਦੀ ਰੀਸ ਨਾ ਕਰੀਏ, ਸਗੋਂ ਉਹਦੀ ਗਲਤੀ ਦੀ ਭਰਪਾਈ ਕਰੀਏ। ਜਿੰਨਾ ਕੁਦਰਤ ਦੇ ਨੇੜੇ ਰਹਾਂਗੇ, ਓਨੇ ਦੀ ਸੌਖੇ ਰਹਾਂਗੇ। ਕੁਦਰਤ ਨੂੰ ਪਿਆਰ ਕਰਾਂਗੇ ਤਾਂ ਬਦਲੇ ਚ ਕੁਦਰਤ ਵੀ ਪਿਆਰ ਹੀ ਦੇਵੇਗੀ, ਪਰ ਜੇਕਰ ਕੁਦਰਤ ਨੂੰ ਨੁਕਸਾਨ ਪਹੁੰਚਾਵਾਂਗੇ ਤਾਂ ਇਸ ਦੇ ਵਿਕਰਾਲ ਰੂਪ ਦਾ ਸਾਹਮਣਾ ਕਰਨਾ ਹੀ ਪਵੇਗਾ।

**# ਸੰਪਰਕ : 98153-02341**

CMYK

# ਲਾਰੈਂਸ ਬਿਸ਼ਨੋਈ ਗੈਂਗ ਦੇ ਨਾਂਅ 'ਤੇ ਫਿਰੌਤੀ ਮੰਗਣ ਵਾਲੇ ਗਰੋਹ ਦੇ 3 ਗੁਰਗੇ ਕਾਬੂ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਡਾ. ਪ੍ਰਗਿਆ ਜੈਨ ਐੱਸ.ਐੱਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਸ ਵੱਲੋਂ ਮਾੜੇ ਅਨਸਰਾਂ ਖਿਲਾਫ ਜ਼ੀਰੋ ਟੌਲਰੈਂਸ ਦੀ ਨੀਤੀ ਅਪਣਾਈ ਹੋਈ ਹੈ, ਜਿਸ ਦੇ ਤਹਿਤ ਮਾੜੇ ਅਨਸਰਾਂ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਇਸੇ ਲੜੀ ਤਹਿਤ ਸੰਦੀਪ ਕੁਮਾਰ ਐੱਸ ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਹੇਠ ਸੀ.ਆਈ.ਏ ਫਰੀਦਕੋਟ ਤੇ ਸੀ.ਆਈ.ਏ. ਜੈਤੋ ਦੀਆਂ ਟੀਮਾਂ ਵੱਲੋਂ 10 ਲੱਖ ਰੁਪਏ ਫਿਰੌਤੀ ਦੀ ਮੰਗ ਕਰਨ ਵਾਲੇ 3 ਆਰੋਪੀਆਂ ਨੂੰ ਮਹਿਜ ਕੁਝ ਘੰਟਿਆਂ ਅੰਦਰ ਹੀ ਗ੍ਰਿਫਤਾਰ ਕੀਤਾ ਗਿਆ ਹੈ।ਬੀਤੇ 18 ਮਈ 2025 ਨੂੰ ਨੰਦ ਕਿਸ਼ੋਰ ਪੁੱਤਰ ਲਾਲ ਸੰਤ ਰਾਮ ਵਾਸੀ ਆਦਰਸ਼ ਨਗਰ, ਜੈਤੋ ਵੱਲੋਂ ਸੂਚਨਾ ਦਿੱਤੀ ਗਈ ਕਿ ਉਨ੍ਹਾਂ ਦੇ ਬੇਟੇ ਲਲਿਤ ਸਿੰਗਲਾ ਨੂੰ ਕਰੀਬ 01 ਮਹੀਨੇ ਤੋਂ ਵੱਖ-ਵੱਖ ਨੰਬਰਾਂ ਤੋਂ ਫਿਰੌਤੀ ਮੰਗਣ ਦੀਆਂ ਕਾਲਾਂ ਆ ਰਹੀਆਂ ਸਨ, ਜਿਨ੍ਹਾਂ 'ਤੇ ਪਹਿਲਾਂ ਉਨ੍ਹਾਂ ਵੱਲੋਂ ਧਿਆਨ ਨਹੀਂ ਦਿੱਤਾ ਗਿਆ, ਪਰ 16 ਮਈ 2025 ਨੂੰ ਰਾਤ ਸਮੇਂ ਉਸ ਨੂੰ ਇੱਕ ਮੋਬਾਇਲ ਨੰਬਰ ਤੋਂ 10 ਲੱਖ ਰੁਪਏ ਦੀ ਮੰਗ ਕੀਤੀ ਗਈ ਅਤੇ ਨਾ ਦੇਣ 'ਤੇ ਪਰਿਵਾਰ ਦਾ ਨੁਕਸਾਨ ਕਰਨ ਦੀ ਧਮਕੀ ਦਿੱਤੀ ਗਈ, ਜਿਸ ਉਪਰੰਤ ਟੈਕਨੀਕਲ ਇੰਨਪੁੱਟ ਤੇ ਹਿਊਮਨ ਇੰਟੈਲੀਜੈਂਸ ਦੇ ਅਧਾਰ 'ਤੇ ਫਰੀਦਕੋਟ ਪੁਲਸ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਤਫਤੀਸ਼ ਸ਼ੁਰੂ ਕੀਤੀ ਗਈ।ਇਸ ਦੌਰਾਨ ਫਰੀਦਕੋਟ ਪੁਲਸ ਵੱਲੋਂ ਸਫਲਤਾ ਹਾਸਲ ਕਰਦਿਆਂ ਮਹਿਜ ਚੰਦ ਘੰਟਿਆਂ ਅੰਦਰ ਹੀ ਇਸ ਵਿੱਚ ਸ਼ਾਮਲ 3 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਮੁਲਜ਼ਮਾਂ ਦੀ ਪਹਿਚਾਣ ਕੇਸ਼ਵ ਕੁਮਾਰ ਉਰਫ ਸੇਠੀ ਪੁੱਤਰ ਰਮਨਚੰਦ ਵਾਸੀ ਚੈਨਾ ਰੋਡ, ਹਰਦਿਆਲ ਨਗਰ, ਜੈਤੋ, ਸੰਦੀਪ ਕੁਮਾਰ ਉਰਫ ਸੋਮਾ ਪੁੱਤਰ ਖੇਮ ਚੰਦ ਵਾਸੀ ਗਲੀ ਨੰਬਰ 04, ਸੁਖਚੈਨਪੁਰਾ ਬਸਤੀ, ਜੈਤੋ ਤੇ ਇੱਕ ਜੁਵੇਨਾਇਲ ਵਜੋਂ ਹੋਈ ਹੈ।

ਸ਼ੁਰੂਆਤੀ ਜਾਂਚ ਦੌਰਾਨ ਸਾਹਮਣੇ ਆਇਆ ਕਿ ਇਨ੍ਹਾਂ ਮੁਲਜ਼ਮਾਂ ਵੱਲੋਂ ਫਿਰੌਤੀ ਦੀ ਮੰਗ ਲਈ ਵਰਤਿਆ ਗਿਆ ਮੋਬਾਇਲ ਨੰਬਰ ਬਠਿੰਡਾ ਵਿਚ ਕਿਸ ਨੌਜਵਾਨ 'ਤੇ ਹਮਲਾ ਕਰਕੇ ਉਸ ਪਾਸੋਂ ਖੋਹ ਕੀਤਾ ਗਿਆ ਸੀ, ਜਿਸ ਦੀ ਵਰਤੋਂ ਬਾਅਦ ਵਿੱਚ ਇਨ੍ਹਾਂ ਵੱਲੋਂ ਫਿਰੌਤੀ ਦੀ ਮੰਗ ਕਰਨ ਲਈ ਕੀਤੀ ਗਈ।ਉਕਤ ਮੁਕੱਦਮੇ ਵਿੱਚ ਫਰੀਦਕੋਟ ਪੁਲਸ ਵੱਲੋਂ ਥਾਣਾ ਜੈਤੋ ਵਿਖੇ ਮੁਕੱਦਮਾ ਦਰਜ ਕੀਤਾ ਜਾ ਚੁੱਕਾ ਹੈ।ਇਸ ਤੋਂ ਇਲਾਵਾ ਇਸ ਮਾਮਲੇ ਦੀ ਹੋਰ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਮੁਲਜ਼ਮਾਂ ਦੇ ਬੈਕਵਰਡ ਤੇ ਫਾਰਵਰਡ ਲਿੰਕਾਂ ਦੀ ਜਾਂਚ ਕੀਤੀ ਜਾ ਸਕੇ।

# ਮਜ਼ਦੂਰ ਦੀ ਕੁੱਟਮਾਰ ਦੇ ਮਾਮਲੇ 'ਚ ਯੂਨੀਅਨ ਦਾ ਵਫਦ ਐੱਸ ਐੱਸ ਪੀ ਨੂੰ ਮਿਲਿਆ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਪਿੰਡ ਖੁਨਣ ਖੁਰਦ ਦੇ ਮਜ਼ਦੂਰ ਸੋਨੀ ਕੁਮਾਰ ਪੁੱਤਰ ਮੁਨਸ਼ੀ ਰਾਮ ਤਰਸੇਮ ਕੁਮਾਰ ਵਗੈਰਾ ਦੀ ਪਿੰਡ ਦੇ ਸਿਆਸੀ ਆਗੂਆਂ ਦੀ ਸ਼ਹਿ 'ਤੇ ਜਗਸੀਰ ਸਿੰਘ ਵਗੈਰਾ ਵੱਲੋਂ ਕੁੱਟਮਾਰ ਕਰਨ ਬਾਅਦ ਉਲਟਾ ਪੀੜਤਾਂ 'ਤੇ ਹੀ ਕਾਰਵਾਈ ਕਰਾਉਣ ਵਿਰੁੱਧ ਅਤੇ ਸੋਨੀ ਕੁਮਾਰ ਵਗੈਰਾ ਦੇ ਸੱਟਾਂ ਵੱਜਣ ਦੇ ਬਾਵਜੂਦ ਦੋਸ਼ੀਆਂ 'ਤੇ ਪਰਚਾ ਦਰਜ ਨਾ ਹੋਣ ਸਬੰਧੀ ਅੱਜ ਪੰਜਾਬ ਖੇਤ ਮਜ਼ਦੂਰ ਯੂਨੀਅਨ ਦਾ ਵਫਦ ਐੱਸਐੱਸਪੀ ਸ੍ਰੀ ਮੁਕਤਸਰ ਸਾਹਿਬ ਨੂੰ ਮਿਲਿਆ। ਉਨ੍ਹਾਂ ਮੰਗ ਕੀਤੀ ਕਿ ਪੀੜਤਾਂ ਨੂੰ ਸਿਆਸੀ ਸ਼ਹਿ ਦੇ ਚਲਦਿਆਂ ਇਨਸਾਫ ਨਹੀਂ ਮਿਲ ਰਿਹਾ।

ਉਨ੍ਹਾਂ ਕਿਹਾ ਕਿ ਪੀੜਤਾਂ ਦੇ ਸੱਟਾਂ ਦੇ ਬਾਵਜੂਦ ਦੋਸ਼ੀਆਂ 'ਤੇ ਕਾਰਵਾਈ ਕਰਨ ਦੀ ਥਾਂ ਪੁਲਸ ਪੀੜਤਾਂ ਨੂੰ ਹੀ ਫੜਨ ਵਾਸਤੇ ਛਾਪੇਮਾਰੀ ਕਰ ਰਹੀ ਹੈ, ਮਜ਼ਦੂਰ ਵਫਦ ਦੀ ਗੱਲਬਾਤ ਸੁਣਨ ਤੋਂ ਬਾਅਦ ਐੱਸ ਐੱਸ ਪੀ ਸਾਹਿਬ ਨੇ ਇਸ ਮਾਮਲੇ ਦੀ ਪੂਰੀ ਜਾਂਚ ਲਈ ਐੱਸਪੀਡੀ ਨਵੀਨ ਕੁਮਾਰ ਦੀ ਡਿਊਟੀ ਲਾਈ ਹੈ ਕਿ ਉਹ ਪੜਤਾਲ ਕਰਕੇ ਮਾਮਲੇ ਦਾ ਹੱਲ ਕਰਨ ਤੇ ਨਾਲ ਹੀ ਖੇਤ ਮਜ਼ਦੂਰ ਜਥੇਬੰਦੀ ਦਾ ਵਫਦ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਨੂੰ ਮਿਲਿਆ। ਉਨ੍ਹਾਂ ਮੰਗ ਕੀਤੀ ਕਿ ਪੀੜਤਾਂ ਦੇ ਸਿਰ ਵਿੱਚ ਸੱਟ ਹੋਣ ਦੇ ਬਾਵਜੂਦ ਐੱਮ ਐੱਲ ਆਰ ਦੀ ਧਾਰਾ ਵਿੱਚ ਸਿਰਫ 23 ਹੀ ਦਰਜ ਕੀਤੀ ਗਈ ਹੈ। ਉਨ੍ਹਾਂ ਸਿਵਲ ਸਰਜਨ ਤੋਂ ਮੰਗ ਕੀਤੀ ਕਿ ਡਾਕਟਰਾਂ ਦੀ ਟੀਮ ਦਾ ਇੱਕ ਪੈਨਲ ਬਣਾ ਕੇ ਪੀੜਤਾਂ ਦੇ ਵੱਜੀਆਂ ਸੱਟਾਂ ਦੀ ਮੁੜ ਤੋਂ ਮੈਡੀਕਲ ਰਿਪੋਰਟ ਤਿਆਰ ਕੀਤੀ ਜਾਵੇ ਤਾਂ ਜੋ ਦੋਸ਼ੀਆਂ ਖਿਲਾਫ ਸਖ਼ਤ ਕਾਨੂੰਨੀ ਧਾਰਾਵਾਂ ਲਾ ਕੇ ਪੀੜਤਾਂ ਨੂੰ ਇਨਸਾਫ ਦਿਵਾਇਆ ਜਾਵੇ। ਇਸ ਵਾਸਤੇ ਜ਼ਿਲ੍ਹਾ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਦੀ ਤਰਫੋਂ ਜ਼ਿਲ੍ਹਾ ਖਜ਼ਾਨਚੀ ਬਾਜ ਸਿੰਘ ਭੁੱਟੀਵਾਲਾ, ਕਾਲਾ ਸਿੰਘ ਤੇ ਰਾਜਾ ਸਿੰਘ ਖੂਨਣ ਖੁਰਦ ਕਾਕਾ ਸਿੰਘ ਖੁੰਡੇ ਹਲਾਲ ਜਸਵਿੰਦਰ ਸਿੰਘ ਸ਼ੇਰੇ ਵਾਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੁਨਣ ਖੁਰਦ ਤੋਂ ਮਰਦ ਔਰਤਾਂ ਸ਼ਾਮਲ ਸਨ। ਵਫਦ ਨੇ ਪ੍ਰਸ਼ਾਸਨ 'ਤੇ ਦੋਸ਼ ਲਾਉਂਦਿਆਂ ਆਖਿਆ ਕਿ ਜੇਕਰ ਮਜ਼ਦੂਰਾਂ ਨੂੰ ਜਲਦੀ ਇਨਸਾਫ ਨਾ ਮਿਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਪੀੜਤਾਂ ਨੂੰ ਇਨਸਾਫ ਦਵਾਉਣ ਲਈ ਯੂਨੀਅਨ ਦੀ ਅਗਵਾਈ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ।

# ਨਸ਼ਿਆਂ ਦੇ ਖਾਤਮੇ 'ਚ ਅਹਿਮ ਭੂਮਿਕਾ ਨਿਭਾਏਗੀ ਯਾਤਰਾ : ਵਿਧਾਇਕ ਰਹਿਮਾਨ

## ਵਿਧਾਇਕ ਵੱਲੋਂ ਫੌਜੇਵਾਲ, ਭੁਰਾਲ ਤੇ ਕਲਿਆਣ ਦਾ ਦੌਰਾ



**ਮਾਲੇਰਕੋਟਲਾ (ਅਸ਼ਰਫ ਪਰਿਹਾਰ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਆਰੰਭੀ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਤਹਿਤ ਹਲਕਾ ਮਾਲੇਰਕੋਟਲਾ ਦੇ ਅਧੀਨ ਆਉਂਦੇ ਪਿੰਡ ਫੌਜੇਵਾਲ, ਕਸਬਾ ਭੁਰਾਲ ਤੇ ਕਲਿਆਣ ਵਿੱਚ ਨਸ਼ਾ ਮੁਕਤੀ ਯਾਤਰਾ ਦਾ ਆਯੋਜਨ ਕੀਤਾ ਗਿਆ।ਇਸ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸਮੂਹ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਣਾ ਤੇ ਉਨ੍ਹਾਂ ਨੂੰ ਸਿਹਤਮੰਦ, ਸਸ਼ਕਤ ਤੇ ਉੱਜਵਲ ਭਵਿੱਖ ਵੱਲ ਅਗਰਸਰ ਕਰਨਾ ਹੈ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਦੱਸਿਆ ਕਿ ਇਨ੍ਹਾਂ ਮੀਟਿੰਗਾਂ ਦਾ ਮੰਤਵ ਪਿੰਡ ਰੱਖਿਆ ਕਮੇਟੀਆਂ ਤੇ ਵਾਰਡ ਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਬਾਰੇ ਪੁਲਸ ਤੇ ਜ਼ਿਲ੍ਹਾ ਪ੍ਰਸ਼ਾਸਨ ਤੱਕ ਪਹੁੰਚਾਉਣ, ਨਸ਼ਾ ਪੀੜਤਾਂ ਦੇ ਇਲਾਜ ਲਈ ਉਨ੍ਹਾਂ ਨੂੰ ਪ੍ਰੇਰ ਕੇ ਨਸ਼ਾ ਮੁਕਤੀ ਕੇਂਦਰਾਂ ਤੱਕ ਲਿਆਉਣ ਲਈ ਜਾਗਰੂਕ ਕਰਨਾ ਹੈ। ਉਹਨਾਂ ਕਿਹਾ ਕਿ ਇਹ ਯਾਤਰਾ ਨਸ਼ਿਆਂ ਦੇ ਖਾਤਮੇ ਵਿੱਚ ਅਹਿਮ ਭੂਮਿਕਾ ਨਿਭਾਏਗੀ ਤੇ ਇਹ ਯਾਤਰਾ ਆਉਂਦੇ ਦਿਨਾਂ ਵਿੱਚ ਹੋਰ ਪਿੰਡਾਂ ਵਿੱਚ ਵੀ ਕੀਤੀ ਜਾਵੇਗੀ, ਤਾਂ ਜੋ ਪੂਰੇ ਖੇਤਰ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਿਆ ਜਾ ਸਕੇ।ਇਸ ਮੌਕੇ ਕੁਆਰਡੀਨੇਟਰ ਨਸ਼ਾ ਛੁਡਾਓ ਕਮੇਟੀ ਸ਼ਿੰਗਾਰਾ ਸਿੰਘ (ਸਰਪੰਚ ਪਿੰਡ ਰੁੜਕਾ), ਸਰਪੰਚ ਪਿੰਡ ਫੌਜੇਵਾਲ ਬੀਬਾ ਗੁਰਮੀਤ ਕੌਰ, ਸਰਪੰਚ ਪਿੰਡ ਕਲਿਆਣ ਬੀਬਾ ਕੁਲਵੰਤ ਕੌਰ, ਸਰਪੰਚ ਪਿੰਡ ਕਸਬਾ ਭੁਰਾਲ ਬਲਬੀਰ ਸਿੰਘ, ਬੀ.ਡੀ.ਪੀ.ਓ ਗੁਰਰਾਜ ਸਿੰਘ, ਬਲਾਕ ਹਰੀਪਾਲ ਸਿੰਘ ਕਸਬਾ ਭਰਾਲ, ਆਪ ਆਗੂ ਜਗਮੋਹਨ ਸਿੰਘ ਤੋਂ ਇਲਾਵਾ ਸਮੂਹ ਪੰਚਾਇਤ ਮੈਂਬਰ ਹਾਜ਼ਰ ਸਨ।

## ਕਾਤਰਾਂ

### ਅਰੁਣ ਗਿੱਲ ਨੂੰ ਸਦਮਾ, ਪਿਤਾ ਦਾ ਹੋਇਆ ਦਿਹਾਂਤ



**ਜਗਰਾਉਂ (ਅਮਿਤ ਖੰਨਾ)**-ਸਫ਼ਾਈ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ ਦੇ ਪਿਤਾ ਸ਼੍ਰੀ ਓਮ ਪ੍ਰਕਾਸ਼ ਇਸ ਫਾਨੀ ਸੰਸਾਰ ਨੂੰ ਅਲਵਿਦਾ ਆ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ।ਉਹ ਕੈਂਸਰ ਦੀ ਬਿਮਾਰੀ ਤੋਂ ਪੀੜਤ ਸਨ।ਉਨ੍ਹਾਂ ਨੇ ਇਸ ਮਾਤ ਲੋਕ ਉੱਪਰ ਕਰੀਬ 85 ਸਾਲ ਦੀ ਉਮਰ ਭੋਗੀ।ਉਨ੍ਹਾਂ ਦੀ ਗ੍ਰਹਿਸਥੀ ਫੁੱਲਵਾੜੀ ਵਿੱਚੋਂ ਦੋ ਪੁੱਤਰਾਂ, ਚਾਰ ਧੀਆਂ ਨੇ ਜਨਮ ਲਿਆ।ਉਨ੍ਹਾਂ ਦੇ ਧੀਆਂ ਪੁੱਤਰ ਆਪਣੇ ਆਪਣੇ ਖੇਤਰ ਵਿੱਚ ਵਧੀਆ ਸੇਵਾਵਾਂ ਨਿਭਾਅ ਰਹੇ ਹਨ।ਉਨਾਂ ਦੇ ਜਾਣ ਨਾਲ ਪਰਵਾਰ ਨੂੰ ਗਹਿਰਾ ਸਦਮਾ ਲੱਗਾ।ਉਨ੍ਹਾਂ ਦੇ ਅੰਗੀਠਾ ਸਾਹਿਬ ਨੂੰ ਸੰਭਾਲਣ ਉਪਰੰਤ ਸਹਿਜ ਪਾਠ ਆਰੰਭ ਕੀਤਾ ਗਿਆ।ਸਹਿਜ ਪਾਠ ਦੇ ਭੋਗ 25 ਮਈ ਨੂੰ ਅਤੇ ਸ੍ਰੀ ਉਮ ਪ੍ਰਕਾਸ਼ ਨਮਿਤ ਅੰਤਮ ਅਰਦਾਸ ਸਨਮਤੀ ਵਿਮਲ ਜੈਨ ਮਾਤਰੀ ਸੇਵਾ ਸੰਗ ਦੇ ਹਾਲ ਰਾਏਕੋਟ ਰੋਡ ਸਾਹਮਣੇ ਕਲਿਆਣੀ ਹਸਪਤਾਲ ਵਿਖੇ 1:00 ਤੋਂ 2:00 ਦਰਮਿਆਨ ਹੋਵੇਗੀ।

### ਹੈਰੋਇਨ ਸਣੇ 2 ਵਿਰੁੱਧ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ 8 ਗ੍ਰਾਮ ਹੈਰੋਇਨ ਸਣੇ 2 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਚੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਢਾਬ ਖੁਸ਼ਹਾਲ ਜੋਈਆਂ ਕੋਲ ਪੁੱਜੇ ਤਾਂ ਪੁਲਸ ਪਾਰਟੀ ਦੀ ਗੱਡੀ ਵੇਖ ਕੇ ਤੂੜੀ ਵਾਲੇ ਪੱਲੇ ਦੇ ਕੋਲੋਂ 2 ਨੌਜਵਾਨ ਉੱਠ ਕੇ ਤੇਜ਼ ਕਦਮੀ ਤੁਰੇ ਆਉਂਦੇ ਦਿਖਾਈ ਦਿੱਤੇ, ਜਿਨ੍ਹਾਂ ਨੂੰ ਪੁਲਸ ਵੱਲੋਂ ਕਾਬੂ ਕਰਕੇ ਚੈਕਿੰਗ ਕੀਤੀ ਗਈ ਤਾਂ ਇਨ੍ਹਾਂ ਕੋਲੋਂ 8 ਗ੍ਰਾਮ ਹੈਰੋਇਨ ਬਰਾਮਦ ਹੋਈ, ਜਿਸ 'ਤੇ ਥਾਣਾ ਵੈਰੋਕੇ ਵਿਖੇ ਬਲਵਿੰਦਰ ਸਿੰਘ ਉਰਫ ਮਾਗਾ ਪੁੱਤਰ ਸੰਤਾ ਸਿੰਘ ਵਾਸੀ ਭੜੋਲੀਵਾਲਾ ਤੇ ਸੁਖਜੇਵ ਸਿੰਘ ਪੁੱਤਰ ਸ਼ਿੰਦਰ ਸਿੰਘ ਵਾਸੀ ਚੱਕ ਅਰਨੀਵਾਲਾ ਉਰਫ ਕੱਟੀਆਂਵਾਲਾ ਵਿਰੁੱਧ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

### ਠੰਢੇ-ਮਿੱਠੇ ਜਲ ਦੀ ਛਬੀਲ ਲਾਈ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕੋਟਕਪੂਰਾ ਰੋਡ ਸਥਿਤ ਫੱਤਣਵਾਲਾ ਨਿਵਾਸ ਵਿਖੇ ਸ਼ੂਗਰ ਮਿੱਲ ਦੇ ਸਾਬਕਾ ਚੇਅਰਮੈਨ ਮਨਜੀਤ ਸਿੰਘ ਫੱਤਣਵਾਲਾ ਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਤੇ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਵੱਲੋਂ ਅੱਤ ਦੀ ਪੈ ਰਹੀ ਗ਼ਰਮੀ ਦੇ ਚੱਲਦਿਆਂ ਆਪਣੇ ਪਿਤਾ ਗੁਰਰਾਜ ਸਿੰਘ ਫੱਤਣਵਾਲਾ ਦੀ ਯਾਦ ਵਿੱਚ ਠੰਡੇ ਮਿੱਠੇ ਜਲ ਦੀ ਛਬੀਲ ਲਾਈ ਗਈ।ਸਵੇਰ ਤੋਂ ਸ਼ੁਰੂ ਹੋ ਕੇ ਸ਼ਾਮ 4 ਵਜੇ ਤੱਕ ਚੱਲੀ ਇਸ ਛਬੀਲ ਦੌਰਾਨ ਆਉਂਦੇ ਜਾਂਦੇ ਰਾਹਗੀਰਾਂ ਨੇ ਠੰਡਾ ਮਿੱਠਾ ਜਲ ਛਕਿਆ ਤੇ ਗ਼ਰਮੀ ਤੋਂ ਰਾਹਤ ਮਹਿਸੂਸ ਕੀਤੀ।ਮਨਜੀਤ ਸਿੰਘ ਫੱਤਣਵਾਲਾ ਤੇ ਹਨੀ ਫੱਤਣਵਾਲਾ ਨੇ ਕਿਹਾ ਕਿ ਸਾਨੂੰ ਆਪਣੇ ਵੱਡਿਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਤੇ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਨੇਕੀ ਦੇ ਕੰਮ ਕਰਦੇ ਰਹਿਣਾ ਚਾਹੀਦਾ ਹੈ।

# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਕੱਢੀ ਗਈ ਰਾਸ਼ਟਰ ਪ੍ਰਥਮ ਜਾਗਰੂਕਤਾ ਰੈਲੀ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਐਨਐਸਐਸ ਸੈੱਲ ਵੱਲੋਂ 'ਰਾਸ਼ਟਰ ਪ੍ਰਥਮ' ਵਿਸ਼ੇ 'ਤੇ ਪ੍ਰਭਾਵਸ਼ਾਲੀ ਜਾਗਰੂਕਤਾ ਰੈਲੀ ਕੱਢੀ ਗਈ, ਜਿਸਦਾ ਉਦੇਸ਼ ਨੌਜਵਾਨਾਂ ਵਿੱਚ, ਖਾਸ ਕਰਕੇ ਦੇਸ਼ਭਗਤੀ ਤੇ ਰਾਸ਼ਟਰੀ ਏਕਤਾ ਦੀ ਡੂੰਘੀ ਭਾਵਨਾ ਪੈਦਾ ਕਰਨਾ ਸੀ।ਇਹ ਰੈਲੀ ਯੂਨੀਵਰਸਿਟੀ ਕੈਂਪਸ ਤੋਂ ਸ਼ੁਰੂ ਹੋ ਕੇ 7 ਕਿਲੋਮੀਟਰ ਦਾ ਰਸਤਾ ਤੈਅ ਕਰਦੀ ਹੋਈ ਨੇੜਲੇ ਪਿੰਡ ਸ਼ੌਟੀ ਵਿਖੇ ਸਮਾਪਤ ਹੋਈ।ਰੈਲੀ ਵਿੱਚ ਵੱਡੀ ਗਿਣਤੀ 'ਚ ਵਿਦਿਆਰਥੀਆਂ, ਫੈਕਲਟੀ, ਸਟਾਫ਼ ਤੇ ਸਥਾਨਕ ਨਿਵਾਸੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

'ਭਾਰਤ ਮਾਤਾ ਕੀ ਜੈ' ਵਰਗੇ ਦੇਸ਼ ਭਗਤੀ ਦੇ ਨਾਅਰੇ ਲਾਏ ਤੇ ਰਾਸ਼ਟਰੀ ਮਾਣ, ਏਕਤਾ ਤੇ ਨਾਗਰਿਕ ਜ਼ਿੰਮੇਵਾਰੀ ਨੂੰ ਉਤਸ਼ਾਹਤ ਕਰਨ ਵਾਲੀਆਂ ਤਖ਼ਤੀਆਂ ਫੜੀਆਂ ਹੋਈਆਂ ਸਨ।ਰੈਲੀ ਨੂੰ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ, ਜਿਨ੍ਹਾਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਤੇ ਰਾਸ਼ਟਰ ਨੂੰ ਨਿੱਜੀ ਜਾਂ ਖੇਤਰੀ ਹਿੱਤਾਂ ਤੋਂ ਉੱਪਰ ਰੱਖਦੇ ਹੋਏ ਸਾਰਿਆਂ ਨੂੰ 'ਰਾਸ਼ਟਰ ਪ੍ਰਥਮ' ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਉਤਸ਼ਾਹਤ ਕੀਤਾ ।ਇਸ ਤੋਂ ਇਲਾਵਾ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ, ਪ੍ਰੋ ਵਾਈਸ ਚਾਂਸਲਰ, ਚਾਂਸਲਰ ਦੇ ਸਲਾਹਕਾਰ ਡਾ. ਵਰਿੰਦਰ ਸਿੰਘ, ਡਾ. ਸੁਰਜੀਤ ਪਥੇਜਾ, ਡਾਇਰੈਕਟਰ ਮੀਡੀਆ ਤੇ ਫੈਕਲਟੀ ਮੈਂਬਰ ਵੀ ਮੌਜੂਦ ਸਨ, ਜਿਨ੍ਹਾਂ ਨੇ ਇਸ ਉਦੇਸ਼ ਲਈ ਮਜ਼ਬੂਤ ਸੰਸਥਾਗਤ ਸਮਰਥਨ ਦਿਖਾਇਆ।




# ਮਾਸਟਰ 'ਤੇ ਕਾਤਲਾਨਾ ਹਮਲਾ ਕਰਨ ਵਾਲੇ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਝੰਡਾ ਮਾਰਚ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕਿਸਾਨ ਜਥੇਬੰਦੀਆਂ ਤੇ ਮੁਲਾਜ਼ਮ ਜਥੇਬੰਦੀਆਂ ਦੀ ਅਗਵਾਈ ਹੇਠ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਮਾਸਟਰ ਨਿਰਭੈ ਸਿੰਘ ਖਾਈ 'ਤੇ ਕਾਤਲਾਨਾ ਹਮਲਾ ਕਰਨ ਵਾਲੇ ਦੋਸ਼ੀਆਂ ਦੀ ਗ੍ਰਿਫਤਾਰੀ ਤੇ ਦੋਸ਼ੀਆਂ ਨੂੰ ਸ਼ਹਿ ਦੇਣ ਵਾਲੇ ਕੈਬਨਿਟ ਮੰਤਰੀ ਖਿਲਾਫ ਹਲਕਾ ਲਹਿਰਾ ਦੇ ਪਿੰਡਾਂ ਵਿੱਚ ਝੰਡਾ ਮਾਰਚ ਕੀਤਾ ਗਿਆ।

ਜਾਣਕਾਰੀ ਦਿੰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾ ਆਗੂ ਮੇਘ ਰਾਜ ਚੋਟੀਆਂ ਨੇ ਦੱਸਿਆ ਕਿ 25 ਅਪ੍ਰੈਲ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਨਿਰਭੈ ਸਿੰਘ ਖਾਈ ਨੂੰ ਡਿਊਟੀ 'ਤੇ ਜਾਂਦਿਆਂ ਨੂੰ ਰਸਤੇ ਵਿੱਚ ਘੇਰ ਕੇ ਇਲਾਕੇ ਵਿੱਚ ਸਰਗਰਮ ਭੂ-ਮਾਫੀਆ ਗੁੰਡਾ ਗਿਰੋਹ, ਜਿਸ ਨੂੰ ਕੈਬਨਿਟ ਮੰਤਰੀ ਦੀ ਸ਼ਹਿ ਪ੍ਰਾਪਤ ਹੈ, ਨੇ ਉਨ੍ਹਾਂ ਦੀਆਂ ਲੱਤਾਂ ਤੇ ਬਾਹਾਂ ਤੋੜ ਦਿੱਤੀਆਂ ਸਨ।ਮੁਕੱਦਮਾ ਦਰਜ ਹੋਣ ਦੇ ਬਾਵਜੂਦ ਅਜੇ ਤੱਕ ਪੁਲਸ ਵੱਲੋਂ ਇੱਕ ਵੀ ਦੋਸ਼ੀ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ।ਪੁਲਸ ਦੋਸ਼ੀਆਂ ਦੀ ਪੁਸ਼ਤ ਪਨਾਹੀ ਕਰ ਰਹੀ ਹੈ, ਜਿਸ ਕਾਰਨ ਇਲਾਕਾ ਨਿਵਾਸੀਆਂ ਵਿੱਚ ਭਾਰੀ ਰੋਸ ਹੈ।ਅੱਜ ਪਿੰਡ ਖਾਈ ਤੋਂ ਸ਼ੁਰੂ ਕਰਕੇ ਰਾਮਗੜ੍ਹ ਸੰਧੂਆਂ, ਸੇਖੂਵਾਸ ਘੋੜੇਨਾਬ, ਕਾਲਵੰਜਾਰਾ, ਜਲੂਰ, ਢੀਂਡਸਾ, ਭੁਟਾਲ ਕਲਾਂ, ਲਹਿਲ ਕਲਾਂ, ਬਖੌਰਾ ਕਲਾਂ, ਬਖੌਰਾ ਖੁਰਦ, ਰਾਮਪੁਰਾ ਜਵਾਹਰ ਵਾਲਾ, ਲਹਿਲ ਖੁਰਦ ਪਿੰਡਾਂ ਵਿੱਚ ਝੰਡਾ ਮਾਰਚ ਕੱਢਦਿਆਂ ਸ਼ਹਿਰ ਵਿੱਚੋਂ ਵੀ ਰੋਸ ਮੁਜ਼ਾਹਰਾ ਕੀਤਾ ਗਿਆ ਤੇ ਕੈਬਨਿਟ ਮੰਤਰੀ ਦੇ ਦਫਤਰ ਅੱਗੇ ਮੰਡੀ ਵਿੱਚ ਮੰਤਰੀ ਦੀ ਅਰਥੀ ਫੂਕ ਕੇ ਰੋਸ ਪ੍ਰਗਟ ਕੀਤਾ ਗਿਆ ਅਤੇ ਦੋਸ਼ ਲਾਇਆ ਕਿ ਕਥਿਤ ਤੌਰ 'ਤੇ ਮੰਤਰੀ ਦੇ ਦਬਾਅ ਕਾਰਨ ਪੁਲਸ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕਰ ਰਹੀ।ਇਸ ਮੌਕੇ ਆਗੂਆਂ ਨੇ ਬੋਲਦਿਆਂ ਸੁਨੇਹਾ ਦਿੱਤਾ ਕਿ ਦੋਸ਼ੀਆਂ ਦੀ ਗ੍ਰਿਫਤਾਰੀ ਲਈ 26 ਮਈ ਨੂੰ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਸੰਗਰੂਰ ਵਿੱਚ ਵੱਡਾ ਰੋਸ਼ ਮੁਜ਼ਾਹਰਾ ਕੀਤਾ ਜਾਵੇਗਾ। ਅੱਜ ਦੇ ਝੰਡਾ ਮਾਰਚ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਮੀਤ ਪ੍ਰਧਾਨ ਭਜਨ ਸਿੰਘ ਢੱਡਰੀਆਂ, ਕਰਮਜੀਤ ਸਿੰਘ ਸਤੀਪੁਰਾ, ਦਰਸ਼ਨ ਸਿੰਘ ਖਾਈ, ਦਰਸ਼ਨ ਸਿੰਘ ਕੁੰਨਰਾਂ, ਮੁਲਾਜ਼ਮ ਆਗੂ ਪੂਰਨ ਸਿੰਘ ਖਾਈ, ਡੈਮੋਕ੍ਰੇਟਿਕ ਟੀਚਰ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਗਿਰ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਆਗੂ ਦਲਜੀਤ ਸਿੰਘ ਸਫੀਪੁਰ, ਕਿਰਤੀ ਦਲ ਦੇ ਆਗੂ ਬੱਬੀ ਲਹਿਰਾ, ਜੇ. ਬੀ. ਖੰਡੇਵਾਦ ਤੋਂ ਇਲਾਵਾ ਵੱਡੀ ਗਿਣਤੀ ਆਗੂ, ਵਰਕਰ ਤੇ ਬੀਬੀਆਂ ਹਾਜ਼ਰ ਸਨ।ਪਿੰਡਾਂ ਵਿੱਚ ਦੋਸ਼ੀਆਂ ਦੀ ਗ੍ਰਿਫਤਾਰੀ ਤੇ ਕੈਬਨਿਟ ਮੰਤਰੀ ਖਿਲਾਫ ਨਾਅਰੇਬਾਜ਼ੀ ਕੀਤੀ ਗਈ।

# ਜਸਵੀਰ ਲਾਡੀ ਸ਼ਹੀਦ ਭਗਤ ਸਿੰਘ ਪ੍ਰੈੱਸ ਕਲੱਬ ਦੇ ਮੁੜ ਪ੍ਰਧਾਨ ਬਣੇ



**ਫ਼ਾਜ਼ਲੀ (ਪੱਤਰ ਪ੍ਰੇਰਕ) :** ਸ਼ਹੀਦ ਭਗਤ ਸਿੰਘ ਪ੍ਰੈੱਸ ਕਲੱਬ ਫ਼ਾਜ਼ਲੀ ਦੀ ਸਰਬਸੰਮਤੀ ਨਾਲ ਹੋਈ ਸਾਲਾਨਾ ਚੋਣ ਵਿੱਚ ਜਸਵੀਰ ਲਾਡੀ ਨੂੰ ਮੁੜ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਪ੍ਰੈੱਸ ਬਾਡੀ ਦੇ ਹੋਰ ਅਹੁਦਿਆਂ ਦੀ ਵੀ ਚੋਣ ਸਰਬਸੰਮਤੀ ਨਾਲ ਹੋਈ, ਜਿਸ ਵਿੱਚ ਕੁਲਦੀਪ ਸ਼ਰਮਾ ਨੂੰ ਪ੍ਰੈੱਸ ਕਲੱਬ ਦਾ ਸਰਪ੍ਰਸਤ, ਅਜਾਇਬ ਸਿੰਘ ਨੀਲੋਵਾਲ ਨੂੰ ਜਨਰਲ ਸਕੱਤਰ, ਹਰਿੰਦਰ ਸਿੰਘ ਧੋਥੜ ਨੂੰ ਮੀਤ ਪ੍ਰਧਾਨ ਚੁਣਿਆ ਗਿਆ, ਜਦੋਂਕਿ ਕੁਲਵਿੰਦਰ ਸਿੰਘ ਰਿੰਕਾ ਨੂੰ ਪ੍ਰੈੱਸ ਸਕੱਤਰ, ਗੁਲਜ਼ਾਰ ਸਿੰਘ ਧਾਲੀਵਾਲ ਤੇ ਮਨਪ੍ਰੀਤ ਸਿੰਘ ਢਿੱਲੋਂ ਨੂੰ ਸਲਾਹਕਾਰ ਨਿਯੁਕਤ ਕੀਤਾ ਗਿਆ। ਇਸ ਮੌਕੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਨਵ-ਨਿਯੁਕਤ ਪ੍ਰਧਾਨ ਸ੍ਰ. ਲਾਡੀ ਨੇ ਪੱਤਰਕਾਰ ਭਾਈਚਾਰੇ ਨੂੰ ਵਧਾਈ ਦਿੱਤੀ।

ਚੋਣ ਉਪਰੰਤ ਹੋਈ ਵਿਸ਼ੇਸ਼ ਇਕੱਤਰਤਾ ਵਿੱਚ ਪੱਤਰਕਾਰ ਭਾਈਚਾਰੇ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਵਿਚਾਰਿਆ ਗਿਆ ਅਤੇ ਬੀਤੇ ਦਿਨੀਂ ਮੁੱਖ ਮੰਤਰੀ ਦੀ ਫ਼ਾਜ਼ਲੀ ਆਮਦ 'ਤੇ ਲੋਕਲ ਪੱਤਰਕਾਰ ਭਾਈਚਾਰੇ ਨੂੰ ਅਣਗੌਲਿਆ ਕਰਨ 'ਤੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਦੀ ਸਖਤ ਆਲੋਚਨਾ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਦੇ ਹੋਰ ਮੈਂਬਰ ਮੌਜੂਦ ਸਨ।

# ਸਰਕਾਰ ਸਕੂਲਾਂ ਦੇ ਬੁਨਿਆਦੀ ਢਾਂਚੇ ਤੇ ਮਿਆਰੀ ਸਿੱਖਿਆ ਨੂੰ ਲੈ ਕੇ ਯਤਨਸ਼ੀਲ : ਬੁੱਧ ਰਾਮ



**ਬਰੇਟਾ (ਰੀਤਵਾਲ, ਗੋਬਿੰਦ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਚੱਲ ਰਹੀ ਸਿੱਖਿਆ ਕ੍ਰਾਂਤੀ ਰਾਹੀਂ ਸਕੂਲਾਂ ਦੇ ਨਵੀਨੀਕਰਨ ਤੇ ਮਿਆਰੀ ਸਿੱਖਿਆ ਦੇ ਉਦੇਸ਼ ਨੂੰ ਲੈ ਕੇ ਪੰਜਾਬ ਸਰਕਾਰ ਨਿਰੰਤਰ ਯਤਨਸ਼ੀਲ ਹੈ ਅਤੇ ਇਹ ਸਿਲਸਿਲਾ ਲਗਾਤਾਰ ਜਾਰੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਹਲਕੇ ਦੇ ਚਾਰ ਸਰਕਾਰੀ ਸਕੂਲਾਂ 'ਚ 01 ਕਰੋੜ 12 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰੇਕ ਸਰਕਾਰੀ ਸਕੂਲ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਪੰਜਾਬ ਸਰਕਾਰ ਨਾ ਸਿਰਫ਼ ਮਿਆਰੀ ਸਿੱਖਿਆ ਪ੍ਰਦਾਨ ਕਰ ਰਹੀ ਹੈ ਬਲਕਿ ਸਰਕਾਰੀ ਸਕੂਲਾਂ ਵਿੱਚ ਸਿੱਖਣ ਦੇ ਸਾਜ਼ਗਾਰ ਮਾਹੌਲ ਨੂੰ ਵੀ ਉਤਸ਼ਾਹਤ ਕਰ ਰਹੀ ਹੈ।ਵਿਧਾਇਕ ਬੁੱਧ ਰਾਮ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਬਰੇਟਾ ਵਿਖੇ 46.26 ਲੱਖ ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ (ਲੜਕੀਆਂ) ਬਰੇਟਾ ਵਿਖੇ 3.33 ਲੱਖ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਬਰੇਟਾ ਵਿਖੇ 52.70 ਲੱਖ, ਸਰਕਾਰੀ ਮਿਡਲ ਸਕੂਲ ਬਰੇਟਾ ਪਿੰਡ ਵਿਖੇ 10.37 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕਲਾਸਰੂਮ, ਲਾਇਬ੍ਰੇਰੀਆਂ, ਸਾਇੰਸ ਲੈਬਜ਼, ਪਲੇਅਗਰਾਊਂਡ, ਚਾਰਦੀਵਾਰੀਆਂ ਆਦਿ ਦਾ ਉਦਘਾਟਨ ਕੀਤਾ।ਵਿਧਾਇਕ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜਾਂ ਤੋਂ ਇਲਾਵਾ ਸਪੋਰਟਸ ਤੇ ਟੂਰ ਗਰਾਂਟਾਂ ਵੀ ਮੁਹੱਈਆ ਕਰਵਾਈਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਸਕੂਲਾਂ ਵਿੱਚ ਬੱਚਿਆਂ ਤੇ ਸਕੂਲ ਦੀ ਸੁਰੱਖਿਆ ਲਈ ਚਾਰਦੀਵਾਰੀਆਂ ਦੀ ਉਸਾਰੀ ਕੀਤੀ ਜਾਣੀ ਲਾਜ਼ਮੀ ਹੈ।ਇਸ ਲਈ ਜਿਹੜੇ ਸਕੂਲਾਂ ਵਿਚ ਚਾਰਦੀਵਾਰੀਆਂ ਨਹੀਂ ਬਣੀਆਂ ਹੋਈਆਂ ਸਨ, ਉਨ੍ਹਾਂ ਸਾਰੇ ਸਕੂਲਾਂ ਵਿਚ ਚਾਰਦੀਵਾਰੀਆਂ ਦੀ ਉਸਾਰੀ ਕੀਤੀ ਜਾ ਰਹੀ ਹੈ।ਵਿਧਾਇਕ ਨੇ ਕਿਹਾ ਕਿ ਸਿੱਖਿਆ ਨੂੰ ਪ੍ਰਫੁਲਤ ਕਰਨ ਵਿੱਚ ਅਧਿਆਪਕਾਂ ਦਾ ਵੱਡਾ ਯੋਗਦਾਨ ਹੁੰਦਾ ਹੈ।ਉਨ੍ਹਾਂ ਕਿਹਾ ਕਿ ਉਹ ਖੁਦ ਵੀ ਅਧਿਆਪਨ ਤੋਂ ਹੀ ਰਾਜਨੀਤੀ ਵੱਲ ਆਏ ਹਨ ਤੇ ਅਧਿਆਪਕਾਂ 'ਤੇ ਹਮੇਸ਼ਾ ਮਾਣ ਕਰਦੇ ਹਨ।ਇਸ ਮੌਕੇ ਹਲਕਾ ਸਿੱਖਿਆ ਕੋਆਰਡੀਨੇਟਰ ਸੁਭਾਸ਼ ਨਾਗਪਾਲ, ਸਕੂਲ ਮੁਖੀ ਮੋਨਿਕਾ, ਸ਼ਮੀਨਾ, ਗੁਰਜੰਟ ਸਿੰਘ ਤੇ ਸ਼ਿਖਾ, ਚੇਅਰਮੈਨ ਐੱਸ.ਐੱਮ.ਸੀ. ਬਲਵਿੰਦਰ ਖਾਨ, ਬਲਵਿੰਦਰ ਸਿੰਘ, ਜਗਦੀਸ਼ ਸਿੰਘ ਤੋਂ ਇਲਾਵਾ ਅਧਿਆਪਕ, ਬੱਚੇ, ਮਾਪੇ ਤੇ ਹੋਰ ਪਤਵੰਤੇ ਹਾਜ਼ਰ ਸਨ।

# ਰਕੇਸ਼ ਟਿਕੈਤ ਦੇ ਕਤਲ ਦੀ ਧਮਕੀ ਦੇਣ ਵਾਲੇ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ : ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਹੋਈ ਆਗੂਆਂ ਦੀ ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਸਿਰਫ਼ਿਰੇ ਆਗੂ, ਜੋ ਬਿਲਕੁਲ ਬੇਲਗਾਮ ਹੋ ਚੁੱਕੇ ਹਨ, ਉਨ੍ਹਾਂ ਵਿੱਚੋਂ ਇੱਕ ਨੇ ਰਾਸ਼ਟਰੀ ਕਿਸਾਨ ਆਗੂ ਰਕੇਸ਼ ਟਕੈਤ ਨੂੰ ਸਿਰ ਕਲਮ ਕਰਕੇ ਜਾਨੋਂ ਮਾਰਨ ਵਾਲੇ ਲਈ ਇਨਾਮ ਰੱਖਿਆ ਹੈ, ਜੋ ਅਤੀ ਮੰਦਭਾਗਾ ਤੇ ਨਿੰਦਣਯੋਗ ਹੈ। ਜੇ ਭਾਰਤ ਸਰਕਾਰ ਨੇ ਕਿਸਾਨ ਆਗੂ ਨੂੰ ਧਮਕੀ ਦੇਣ ਵਾਲੇ ਉੱਪਰ ਜਲਦ ਤੋਂ ਜਲਦ ਕਾਰਵਾਈ ਨਾ ਕੀਤੀ ਤਾਂ ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਵੱਡਾ ਸੰਘਰਸ਼ ਵਿਢਾਂਗੇ, ਪੂਰੇ ਦੇਸ਼ ਦੇ ਕਿਸਾਨ ਚੌਧਰੀ ਰਕੇਸ਼ ਟਕੈਤ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ। ਇਸ ਸਮੇਂ ਜ਼ਿਲ੍ਹਾ ਮੀਤ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ, ਸੀਨੀਅਰ ਜ਼ਿਲਾ ਮੀਤ ਪ੍ਰਧਾਨ ਜਗਤਾਰ ਸਿੰਘ ਚੋਟੀਆਂ, ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਹਰਜੀਤ ਸਿੰਘ ਸੋਢੀ, ਜ਼ਿਲ੍ਹਾ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ, ਬਲਾਕ ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਲਖਬੀਰ ਸਿੰਘ ਸਾਬਕਾ ਸਰਪੰਚ ਸੰਧੂ ਵਾਲਾ, ਬੰਤ ਸਿੰਘ ਬਲਾਕ ਜਰਨਲ ਸਕੱਤਰ ਨਿਧਾਂਵਾਲਾ, ਦਫਤਰ ਇੰਚਾਰਜ ਪ੍ਰਕਾਸ਼ ਸਿੰਘ ਦੁਨੇਕੇ, ਕੁਲਦੀਪ ਸਿੰਘ, ਪਰਗਟ ਸਿੰਘ ਚੋਟੀਆਂ ਕਲਾਂ, ਅੰਗਰੇਜ਼ ਸਿੰਘ ਦੌਲਤਪੁਰਾ, ਬਲਵੀਰ ਸਿੰਘ ਦੌਲਤਪੁਰਾ, ਬਲਵੀਰ ਸਿੰਘ ਨਿਧਾਂਵਾਲਾ ਆਦਿ ਆਗੂ ਹਾਜ਼ਰ ਸਨ।

# ਤਕਨਾਲੋਜੀ ਕ੍ਰਾਂਤੀ ਨੇ ਜ਼ਿੰਦਗੀ 'ਚ ਵੱਡੇ ਬਦਲਾਅ ਲਿਆਂਦੇ : ਡਾ. ਬਾਜਵਾ

## ਸਹਾਇਤਾ ਗਰੁੱਪ ਦੀਆਂ ਵਿਦਿਆਰਥਣਾਂ ਦੇ ਰੁਬਰੂ ਹੋਏ



**ਦਿੜ੍ਹਬਾ ਮੰਡੀ (ਜਸਵੀਰ ਸਿੰਘ ਲਾਡੀ)**-ਦਿੜ੍ਹਬਾ ਪੁਲਸ ਦੀ ਉੱਪ-ਕਪਤਾਨ ਡਾਕਟਰ ਰੁਪਿੰਦਰ ਕੌਰ ਬਾਜਵਾ ਨੇ ਸਮਾਜ ਸੇਵੀ ਰਣਜੀਤ ਸਿੰਘ ਸ਼ੀਤਲ ਦੀ ਅਗਵਾਈ ਹੇਠ ਸਹਾਇਤਾ ਗਰੁੱਪ ਦੀਆਂ ਸਿਖਿਆਰਥਣਾਂ ਦੇ ਰੂਬਰੂ ਹੋ ਕੇ ਵੱਖ ਵੱਖ ਪਹਿਲੂਆਂ ਬਾਰੇ ਵਿਚਾਰ ਸਾਂਝੇ ਕੀਤੇ ਤੇ ਉਨ੍ਹਾਂ ਵਿਦਿਆਰਥਣਾਂ ਨੂੰ ਪੜ੍ਹ ਕੇ ਕਿਸੇ ਮੁਕਾਮ ਤੱਕ ਦੇ ਸਫ਼ਰ ਬਾਰੇ ਆਉਣ ਵਾਲੀਆਂ ਮੁਸ਼ਕਲਾਂ ਤੇ ਕਠਿਨਾਈਆਂ ਸਬੰਧੀ ਗੱਲਾਂ ਕੀਤੀਆਂ।ਇਸ ਮੌਕੇ ਬੋਲਦਿਆਂ ਪੁਲਸ ਉੱਪ-ਕਪਤਾਨ ਨੇ ਸਿਖਿਆਰਥਣਾਂ ਨੂੰ ਉਸਾਰੂ ਦਿਸ਼ਾ ਵੱਲ ਧਿਆਨ ਦੇਣ ਤੇ ਸਵੈਮਾਣ ਭਰਪੂਰ ਜੀਵਨ ਜਿਓਣ ਲਈ ਸਖ਼ਤ ਮਿਹਨਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਉਨ੍ਹਾਂ ਇਲਾਕੇ ਵਿੱਚ ਸਹਾਇਤਾ ਗਰੁੱਪ ਸੰਸਥਾ ਚਲਾ ਰਹੇ ਰਣਜੀਤ ਸਿੰਘ ਸ਼ੀਤਲ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੋਕ ਭਲਾਈ ਦੇ ਕਾਰਜ ਕਰਨਾ ਤੇ ਭਰੋਸੇਯੋਗਤਾ ਪ੍ਰਾਪਤ ਕਰਨਾ ਵੱਡੀ ਗੱਲ ਹੈ।ਉੱਪ ਕਪਤਾਨ ਨੇ ਸਿਖਿਆਰਥਣਾਂ ਨੂੰ ਸੰਬੋਧਤ ਹੁੰਦਿਆਂ ਕਿਹਾ ਕਿ ਤਕਨਾਲੋਜੀ ਦੇ ਖੇਤਰ ਵਿੱਚ ਆਈ ਕ੍ਰਾਂਤੀ ਨੇ ਜ਼ਿੰਦਗੀ ਜਿਉਣ ਵਿੱਚ ਵੱਡੇ ਬਦਲਾਅ ਲਿਆਂਦੇ ਹਨ। ਅੱਜ ਹਰ ਵਿਅਕਤੀ ਦੇ ਹੱਥ ਵਿਚਲਾ ਫ਼ੋਨ ਸੂਚਨਾ ਦਾ ਵੱਡਾ ਸਰੋਤ ਹੈ, ਅਜਿਹੇ ਮੌਕੇ ਤਕਨਾਲੋਜੀ ਨਾਲ ਜੁੜਨਾ ਹੀ ਵੱਡੀ ਗੱਲ ਹੈ। ਉਨ੍ਹਾਂ ਸਿਖਿਆਰਥਣਾਂ ਨੂੰ ਅਪੀਲ ਕੀਤੀ ਕਿ ਪੜ੍ਹਾਈ ਦੇ ਨਾਲ ਆਲੇ ਦੁਆਲੇ ਦੀ ਕਾਰਗੁਜ਼ਾਰੀ ਤੇ ਹਰ ਤਰ੍ਹਾਂ ਦੀ ਜਾਣਕਾਰੀ ਤੋਂ ਇਲਾਵਾ ਚੰਗਾ ਸਾਹਿਤ ਪੜ੍ਹਨ।

ਇਸ ਤੋਂ ਪਹਿਲਾਂ ਹੋਏ ਸਿਖਿਆਰਥਣਾਂ ਦੇ ਇੱਕ ਸਮਾਗਮ ਦੌਰਾਨ ਸਿਲਵਰ ਫ਼ਰਨ ਐਜੂਕੇਸ਼ਨ ਕੰਸਲਟੈਂਟ ਸੰਗਰੂਰ ਦੀ ਸੀਨੀਅਰ ਕੌਂਸਲਰ ਬੀਬਾ ਤਨਵੀਰ ਕੌਰ ਬਰਨਾਲਾ ਨੇ ਕਿਹਾ ਕਿ ਸਿਲਵਰ ਫ਼ਰਨ ਗਲੋਬਲਾਈਜੇਸ਼ਨ ਦੀ ਨੀਤੀ ਤਹਿਤ ਵਿਦਿਆਰਥੀਆਂ ਨੂੰ ਚੰਗੀਆਂ ਯੂਨੀਵਰਸਿਟੀਆਂ ਵਿੱਚ ਦਾਖਲ ਕਰਵਾ ਕੇ ਚੰਗਾ ਰੁਜ਼ਗਾਰ ਪ੍ਰਾਪਤ ਕਰਨ ਦਾ ਜਜ਼ਬਾ ਪੈਦਾ ਕਰਨ ਲਈ ਯਤਨਸ਼ੀਲ ਹੈ, ਇਸ ਉਦੇਸ਼ ਸਦਕਾ ਸਿਲਵਰ ਫ਼ਰਨ 26500 ਦਾਖਲੇ ਦਿਵਾਉਣ ਵਿੱਚ ਸਫ਼ਲ ਹੋਈ ਹੈ।ਇਸ ਮੌਕੇ ਰਣਜੀਤ ਸਿੰਘ ਸ਼ੀਤਲ ਨੇ ਡਾਕਟਰ ਰੁਪਿੰਦਰ ਕੌਰ ਬਾਜਵਾ ਵੱਲੋਂ ਆਪਣੀ ਡਿਊਟੀ ਪ੍ਰਤੀ ਇਮਾਨਦਾਰੀ ਨਾਲ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।ਇਸ ਤੋਂ ਪਹਿਲਾਂ ਵਿਦਿਆਰਥਣ ਗੁਰਿੰਦਰਪਾਲ ਕੌਰ ਖੇਤਲਾ, ਜਸ਼ਨਦੀਪ ਕੌਰ ਸਫੀਪੁਰ ਕਲਾਂ ਨੇ ਵੀ ਸੰਬੋਧਨ ਕਰਦਿਆਂ ਸਹਾਇਤਾ ਸੰਸਥਾ ਵੱਲੋਂ ਮਨੁੱਖਤਾ ਦੀ ਸੇਵਾ ਲਈ ਕੀਤੇ ਜਾ ਰਹੇ ਕੰਮਾਂ ਬਾਰੇ ਦੱਸਿਆ।ਇਸ ਦੌਰਾਨ ਬਾਰਵੀਂ ਜਮਾਤ ਵਿੱਚੋਂ ਚੰਗੇ ਅੰਕ ਲੈਣ ਵਾਲੀਆਂ ਪੰਜ ਵਿਦਿਆਰਥਣਾਂ ਰਮਨਦੀਪ ਕੌਰ ਸਫੀਪੁਰ ਖੁਰਦ, ਜਸ਼ਨਦੀਪ ਕੌਰ ਸਫੀਪੁਰ ਕਲਾਂ, ਸ਼ਰਮਨ ਕੌਰ, ਸਿਮਰਨਜੋਤ ਕੌਰ ਤੇ ਪਵਨਦੀਪ ਕੌਰ ਨੂੰ ਡੀਐੱਸਪੀ ਰੁਪਿੰਦਰ ਕੌਰ, ਰਣਜੀਤ ਸਿੰਘ ਸ਼ੀਤਲ ਤੇ ਗੁਰਮੀਤ ਸਿੰਘ ਜੌਹਲ ਵੱਲੋਂ ਸਨਮਾਨਤ ਕੀਤਾ ਗਿਆ।

# ਆਈ ਪੀ ਪੀ ਐੱਨ ਡਬਲਯੂ ਵੱਲੋਂ ਖੇਤਰ 'ਚ ਟਿਕਾਊ ਸ਼ਾਂਤੀ ਨੂੰ ਯਕੀਨੀ ਬਣਾਉਣ ਦੀ ਅਪੀਲ

**ਲੁਧਿਆਣਾ (ਐੱਮ ਐੱਸ ਭਾਟੀਆ)**-ਅਸੀਂ, ਭਾਰਤ ਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਹੋਣ 'ਤੇ ਰਾਹਤ ਮਹਿਸੂਸ ਕਰ ਰਹੇ ਹਾਂ।ਸਾਨੂੰ ਇਸ ਗੱਲ ਤੋਂ ਵੀ ਸੰਤੋਖ ਹੈ ਕਿ ਅੰਤਰਰਾਸ਼ਟਰੀ ਪ੍ਰਮਾਣੂ ਊਰਜਾ ਏਜੰਸੀ (ਆਈ ਏ ਈ ਏ) ਦੀਆਂ ਰਿਪੋਰਟਾਂ ਮੁਤਾਬਕ ਪਾਕਿਸਤਾਨ ਦੇ ਕਿਸੇ ਵੀ ਪ੍ਰਮਾਣੂ ਪਲਾਂਟ ਤੋਂ ਕੋਈ ਰੇਡੀਏਸ਼ਨ ਲੀਕੇਜ ਨਹੀਂ ਹੋਈ ਹੈ।ਹਾਲਾਂਕਿ, ਅਸੀਂ ਮਹਿਸੂਸ ਕਰਦੇ ਹਾਂ ਕਿ ਖੇਤਰ ਵਿੱਚ ਟਿਕਾਊ ਸ਼ਾਂਤੀ ਨੂੰ ਯਕੀਨੀ ਬਣਾਉਣ ਲਈ ਤੁਰੰਤ ਕਦਮ ਚੁੱਕਣ ਦੀ ਲੋੜ ਹੈ।ਭਵਿੱਖ ਵਿੱਚ ਜੇਕਰ ਤਣਾਅ ਵਧਦਾ ਹੈ ਤਾਂ ਪ੍ਰਮਾਣੂ ਹਥਿਆਰਾਂ ਦੇ ਵਰਤੋਂ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।ਪ੍ਰਮਾਣੂ ਹਥਿਆਰਾਂ ਦੀ ਮੌਜੂਦਗੀ ਆਪਣੇ ਆਪ ਵਿੱਚ ਹੀ ਉਨ੍ਹਾਂ ਦੇ ਵਰਤੇ ਜਾਣ ਦੇ ਖਤਰੇ ਨਾਲ ਭਰੀ ਹੋਈ ਹੈ।

ਇਹ ਧਾਰਨਾ ਕਿ ਪ੍ਰਮਾਣੂ ਹਥਿਆਰ ਡਰਾਉਣ ਵਾਲਾ ਹਥਿਆਰ ਹਨ, ਪੂਰੀ ਤਰ੍ਹਾਂ ਗਲਤ ਹੈ।ਇਸ ਲਈ ਲੋੜ ਇਹ ਹੈ ਕਿ ਇਕਠੇ ਹੋ ਕੇ ਟਿਕਾਊ ਸ਼ਾਂਤੀ ਵੱਲ ਕਦਮ ਚੁੱਕੇ ਜਾਣ।ਇਹ ਬਿਆਨ ਇੰਟਰਨੈਸ਼ਨਲ ਫਜੀਸ਼ੀਅਨਸ ਫਾਰ ਦਾ ਪ੍ਰੀਵੈਂਸ਼ਨ ਆਫ ਨਿਊਕਲੀਅਰ ਵਾਰ (ਆਈ.ਪੀ.ਪੀ.ਐੱਨ.ਡਬਲਯੂ.) ਜੋ ਕਿ ਨੋਬਲ ਸ਼ਾਂਤੀ ਇਨਾਮ ਜੇਤੂ ਸੰਸਥਾ ਹੈ, ਦੇ ਦੱਖਣੀ ਏਸ਼ੀਆਈ ਸਾਥੀਆਂ ਨੇ ਜਾਰੀ ਕੀਤਾ।ਉਨ੍ਹਾਂ ਸ਼ਾਂਤੀ ਲਈ ਕਦਮ ਚੁੱਕਣ ਦੇ ਸੁਝਾਅ ਵੀ ਦਿੱਤੇ। ਬਿਆਨ ਜਾਰੀ ਕਰਨ ਵਾਲਿਆਂ ਵਿੱਚ ਡਾ. ਅਰੁਣ ਮਿੱਤਰਾ, ਪ੍ਰਧਾਨ, ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ, ਡਾ. ਟੀਪੂ ਸਲਤਾਨ, ਪ੍ਰਧਾਨ, ਪਾਕਿਸਤਾਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ, ਡਾ. ਕਾਮਰੁਲ ਐਚ. ਖਾਨ ਪ੍ਰਧਾਨ ਫਿਜ਼ੀਅਨਜ਼ ਫਾਰ ਸੋਸ਼ਲ ਰਿਸਪਾਂਸਿਬਿਲਿਟੀ ਬੰਗਲਾਦੇਸ਼, ਡਾ. ਅਰੁਣ ਦੀਕਸ਼ਿਤ, ਸੀਨੀਅਰ ਵਾਈਸ ਪ੍ਰੈਜ਼ੀਡੈਂਟ, ਫਿਜ਼ੀਸ਼ੀਅਨਜ਼ ਫਾਰ ਸੋਸ਼ਲ ਰਿਸਪਾਂਸਿਬਿਲਿਟੀ ਨੇਪਾਲ ਤੇ ਡਾ. ਅਸ਼ੋਕਾ ਹੇਟਿਆਰਾਚੀ, ਪ੍ਰਧਾਨ, ਸ੍ਰੀਲੰਕਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ ਸ਼ਾਮਲ ਸਨ।

# ਪੰਜਾਬੀ ਸਹਿਤ ਅਕਾਦਮੀ ਲੁਧਿਆਣਾ ਵੱਲੋਂ ਮਿੰਨੀ ਕਹਾਣੀ ਪਾਠ

**ਲੁਧਿਆਣਾ (ਕਥੂਰੀਆ)**

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਮਿੰਨੀ ਕਹਾਣੀ ਪਾਠ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਸ੍ਰ. ਭੋਲਾ ਸਿੰਘ ਸੰਘੇੜਾ ਨੇ ਕੀਤੀ। ਪ੍ਰਧਾਨਗੀ ਮੰਡਲ ਵਿੱਚ ਡਾ. ਨਾਇਬ ਸਿੰਘ ਮੰਡੇਰ, ਡਾ. ਹਰਪ੍ਰੀਤ ਸਿੰਘ ਰਾਣਾ, ਸ੍ਰੀ ਜਸਪਾਲ ਸਿੰਘ ਮਾਨਖੇੜਾ, ਸੁਰਿੰਦਰ ਕੈਲੇ ਸ਼ਾਮਲ ਸਨ। ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਹਾਜ਼ਰੀਨ ਦਾ ਸਵਾਗਤ ਕਰਦੇ ਹੋਏ ਅਕਾਦਮੀ ਦੀਆਂ ਗਤੀਵਿਧੀਆਂ ਬਾਰੇ ਸੰਖੇਪ ਜਾਣਕਾਰੀ ਦਿੱਤੀ। ਲੇਖਕਾਂ ਦੇ ਸਹਿਯੋਗ ਨਾਲ ਹੁੰਦੇ ਰਹਿਣਗੇ ਓਨਾ ਸਾਡਾ ਹੌਸਲਾ ਵਧੇਗਾ। ਮਿੰਨੀ ਕਹਾਣੀ ਪਾਠ ਮੌਕੇ ਪੰਜਾਬ ਭਰ ਤੋਂ 43 ਮਿੰਨੀ ਕਹਾਣੀਕਾਰਾਂ ਵੱਲੋਂ ਆਪਣੀਆਂ ਮਿੰਨੀ ਕਹਾਣੀਆਂ ਪੇਸ਼ ਕੀਤੀਆਂ ਗਈਆਂ। ਇਨ੍ਹਾਂ ਕਹਾਣੀਆਂ 'ਤੇ ਸਮੀਖਿਆ ਕਰਦੇ ਹੋਏ ਡਾ. ਅਰਵਿੰਦਰ ਕੌਰ ਕਾਕੜਾ ਨੇ ਕਿਹਾ ਕਿ ਇਹ ਮਿੰਨੀ ਕਹਾਣੀ ਉਤਸਵ ਹੀ ਹੈ। ਆਮ ਪਾਠਕ ਸਮੇਂ ਦੀ ਘਾਟ ਕਾਰਨ ਛੇਤੀ ਫ਼ੈਸਲੇ 'ਤੇ ਪੁੱਜਣ ਲਈ ਮਿੰਨੀ ਕਹਾਣੀ ਵੱਲ ਰੁਚਿਤ ਹੁੰਦਾ ਹੈ। ਮਿੰਨੀ ਕਹਾਣੀ ਵਿੱਚ ਸਮੁੰਦਰ ਨੂੰ ਕੁੱਜੇ 'ਚ ਪਾਉਣਾ ਹੁੰਦਾ ਹੈ। ਮਿੰਨੀ ਕਹਾਣੀ ਦਾ ਭਵਿੱਖ ਰੌਸ਼ਨ ਹੈ। ਉਨ੍ਹਾਂ ਹਾਜ਼ਰ ਕਹਾਣੀਕਾਰਾਂ ਨੂੰ ਕੁਝ ਤਕਨੀਕੀ ਪੱਖਾਂ ਤੋਂ ਜਾਣੂ ਵੀ ਕਰਵਾਇਆ। ਡਾ. ਗੁਰਪ੍ਰੀਤ ਸਿੰਘ ਸੰਗਰਾਣਾ ਨੇ ਕਿਹਾ ਕਿ ਕਹਾਣੀ ਵਿਚ, ਬੌਧਿਕ, ਤਜਰਬਾ ਤੇ ਜਜ਼ਬਾਤ ਤਿੰਨ ਪ੍ਰਮੁੱਖ ਕੇਂਦਰ ਬਿੰਦੂ ਹੁੰਦੇ ਹਨ। ਲੇਖਕਾਂ ਨੂੰ ਪੰਜਾਬੀ ਸ਼ਬਦਾਵਲੀ ਵਰਤਣ ਲਈ ਪ੍ਰਮੁੱਖਤਾ ਦੇਣੀ ਚਾਹੀਦੀ ਹੈ। ਨੇੜਲੇ ਤਜਰਬਿਆਂ ਤੋਂ



ਉੱਪਰ ਉੱਠ ਕੇ ਕੌਮੀ, ਕੌਮਾਂਤਰੀ ਮੁੱਦੇ ਵੀ ਛੋਹੇ ਜਾਣੇ ਚਾਹੀਦੇ ਹਨ। ਮਿੰਨੀ ਕਹਾਣੀ ਇਸ ਤਰ੍ਹਾਂ ਦੀ ਨਾ ਹੋਵੇ ਕਿ ਚੁਟਕਲਾ ਬਣ ਕੇ ਰਹਿ ਜਾਵੇ। ਡਾ. ਹਰਪ੍ਰੀਤ ਸਿੰਘ ਰਾਣਾ ਨੇ ਕਿਹਾ ਕਿ ਸਾਹਿਤ ਸਮਾਜ ਦਾ ਸ਼ੀਸ਼ਾ ਹੁੰਦਾ ਹੈ। ਅੱਜ ਪੜ੍ਹੀਆਂ ਗਈਆਂ ਕਹਾਣੀਆਂ ਦੇ ਵਿਸ਼ੇ ਲਗਭਗ ਰਿਵਾਇਤੀ ਹੀ ਰਹੇ ਹਨ। ਘੱਟ ਸ਼ਬਦਾਂ ਵਿੱਚ ਵੱਡਾ ਲਿਖਣ ਲਈ ਲੇਖਕ ਨੂੰ ਸਰਬਾਂਗੀ ਪਾਠਕ ਬਣਨਾ ਬਹੁਤ ਜ਼ਰੂਰੀ ਹੈ। ਡਾ. ਨਾਇਬ ਸਿੰਘ ਮੰਡੇਰ ਨੇ ਕਿਹਾ ਕਿ ਭਾਵੇਂ ਅੱਜ ਪੜ੍ਹੀਆਂ ਗਈਆਂ ਕਹਾਣੀਆਂ ਦੇ ਵਿਸ਼ੇ ਘਰ, ਪਰਵਾਰ ਤੇ ਆਲੇ ਦੁਆਲੇ ਨਾਲ ਸੰਬੰਧਤ ਆਮ ਹੀ ਸਨ, ਕਿਉਂਕਿ ਅਸੀਂ ਵੀ ਆਮ ਹੀ ਹਾਂ। ਪੜ੍ਹੀਆਂ ਗਈਆਂ ਸਾਰੀਆਂ ਕਹਾਣੀਆਂ ਵਿੱਚ ਕਾਲ ਦੋਸ਼ ਨਹੀਂ ਹੈ। ਮਿੰਨੀ ਕਹਾਣੀ ਬਲਵਾਨ ਹੋਈ ਹੈ। ਰਚਨਾ ਦਾ ਆਕਾਰ ਕੈਨਵਸ ਹੀ ਤੈਅ ਕਰਦਾ ਹੈ। ਮਿੰਨੀ ਕਹਾਣੀ ਵਿੱਚ ਇਕ ਘਟਨਾ ਤੇ ਘੱਟ ਪਾਤਰ ਹੁੰਦੇ ਹਨ। ਸ੍ਰੀ ਜਸਪਾਲ ਮਾਨਖੇੜਾ ਨੇ ਕਿਹਾ ਕਿ ਅੱਜ ਦੇ ਕਹਾਣੀਕਾਰਾਂ ਦੀ ਸਿਫ਼ਤ ਕਰਨੀ ਬਣਦੀ ਹੈ ਕਿ ਉਹ ਘੱਟ ਸ਼ਬਦਾਂ 'ਚ ਗੱਲ ਕਰਨ ਲਈ ਵੱਡੇ ਤਜਰਬੇ ਤੇ ਸਾਧਨਾਂ ਦੀ ਲੋੜ ਹੈ। ਅੱਜ ਸੁਣਾਈਆਂ ਕਹਾਣੀਆਂ ਬਹੁਤ ਵਧੀਆ ਸਨ ਤੇ ਲੇਖਕਾਂ ਦੀ ਪੇਸ਼ਕਾਰੀ ਵੀ ਵਧੀਆ ਸੀ। ਸ. ਭੋਲਾ ਸਿੰਘ ਸੰਘੇੜਾ ਨੇ ਪ੍ਰਧਾਨਗੀ ਭਾਸ਼ਣ ਦਿੰਦਿਆਂ ਕਿਹਾ ਕਿ ਸਾਹਿਤ ਨੂੰ ਪਿੰਡਾਂ ਵਿੱਚ ਲੈ ਜਾਣ ਦੀ ਲੋੜ ਹੈ ਹਰ ਖੇਤਰ ਦੇ ਖਿੱਤੇ ਵਿੱਚ ਤਬਦੀਲੀਆਂ ਹੁੰਦੀਆਂ ਰਹਿੰਦੀਆਂ ਹਨ। ਲੰਮੇ ਸੰਘਰਸ਼ ਬਾਅਦ ਮਿੰਨੀ ਕਹਾਣੀ ਦੀ ਵਿਧਾ ਸਾਹਿਤ ਵਿਚ ਸਥਾਪਤ ਹੋ ਗਈ ਹੈ, ਪਰ ਮਿੰਨੀ ਕਹਾਣੀ ਦਾ ਵੀ ਇਕ ਵਿਧੀ ਵਿਧਾਨ ਹੈ। ਹਰ ਛੋਟੀ ਕਹਾਣੀ ਮਿੰਨੀ ਨਹੀਂ ਹੁੰਦੀ। ਇਸ ਵਿਚ ਵਿਸਥਾਰ ਔਖਰਦਾ ਹੈ। ਉਨ੍ਹਾਂ ਅਕਾਡਮੀ ਦੇ ਇਸ ਉਪਰਾਲੇ ਲਈ ਅਹੁਦੇਦਾਰਾਂ ਤੇ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਸਮਾਗਮ ਦੇ ਅਖ਼ੀਰ ਵਿੱਚ ਅਕਾਦਮੀ ਦੇ ਸਕੱਤਰ ਜਸਵੀਰ ਝੱਜ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਹਿਤ ਦੀ ਹਰ ਵਿਧਾ ਸਾਹਿਤ ਨੂੰ ਸੁਚੱਜੀ ਸੇਧ ਦੇ ਕੇ ਚੰਗਾ ਬਣਾਉਣ ਦੇ ਫ਼ਿਕਰਮੰਦੀ ਪਾਲਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਕਾਦਮੀ ਦੇ ਸਾਬਕਾ ਪ੍ਰਧਾਨ ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਗੁਰਚਰਨ ਕੌਰ ਕੋਚਰ, ਤ੍ਰੈਲੋਚਨ ਲੋਚੀ, ਡਾ. ਗੁਰਇਕਬਾਲ ਸਿੰਘ, ਜਨਮੇਜਾ ਸਿੰਘ ਜੌਹਲ, ਦੀਪ ਜਗਦੀਪ ਸਿੰਘ, ਡਾ. ਸੁਰਿੰਦਰ ਭੱਠਲ, ਇੰਦਰਜੀਤਪਾਲ ਕੌਰ, ਸੁਰਿੰਦਰ ਦੀਪ, ਮਨਦੀਪ ਕੌਰ ਭੰਮਰਾ, ਤਰਲੋਚਨ ਝਾਂਡੇ, ਮੀਤ ਅਨਮੋਲ, ਵਿਜੇ ਕੁਮਾਰ, ਅਮਰਜੀਤ ਸ਼ੇਰਪੁਰੀ, ਰਮੇਸ਼ ਕੁਮਾਰ ਰਤਨ, ਸਿਮਰਨਦੀਪ ਸਮੇਤ ਕਾਫ਼ੀ ਗਿਣਤੀ ਵਿੱਚ ਲੇਖਕ ਤੇ ਪਾਠਕ ਹਾਜ਼ਰ ਸਨ। ਇਸ ਮੌਕੇ ਪੰਜਾਬ ਭਰ ਤੋਂ ਸ਼ਾਮਲ ਹੋਏ ਮਿੰਨੀ ਕਹਾਣੀਕਾਰਾਂ ਵਿੱਚ ਤ੍ਰਿਪਤਾ ਬਰਮੌਤਾ, ਸੀਮਾ ਭਾਟੀਆ, ਮਨਜੀਤ ਕੌਰ ਧੀਮਾਨ, ਗੁਰਪ੍ਰੀਤ ਕੌਰ, ਸੰਦੀਪ ਸੋਖਲ ਬਾਦਸ਼ਾਹਪੁਰੀ, ਪਰਮਜੀਤ ਕੌਰ ਸ਼ੇਖਪੁਰਾ, ਰਾਜਿੰਦਰ ਰਵੀ, ਡਾ. ਪੂਨਮ ਗੁਪਤ, ਸੁਰਿੰਦਰ ਸ਼ਰਮਾ ਨਾਗਰਾ, ਪਰਗਟ ਸਿੰਘ ਜੰਬਰ, ਬੀਰਇੰਦਰ ਬਨਭੌਰੀ, ਕੁਲਵਿੰਦਰ ਕੌਸ਼ਲ, ਸੁਰਿੰਦਰ ਦੀਪ, ਗੁਰਸੇਵਕ ਸਿੰਘ ਰੋੜਕੀ, ਜਗਦੀਸ਼ ਰਾਏ ਕੁਲਰੀਆ, ਡਾ. ਦਵਿੰਦਰ ਕੌਰ ਖੁਸ਼, ਸੀਮਾ ਵਰਮਾ, ਬਲਰਾਜ ਕੁਹਾੜਾ, ਰਘਬੀਰ ਸਿੰਘ ਮਹਿਮੀ, ਡਾ. ਹਰਪ੍ਰੀਤ ਰਾਣਾ, ਸੁਖਦਰਸ਼ਨ ਗਰਗ, ਸਾਧੂ ਰਾਮ ਲੰਗੇਆਣਾ, ਸਰਵਣ ਸਿੰਘ ਪਤੰਗ, ਸੋਮਾ ਕਲਸੀਆ, ਕੰਵਲਜੀਤ ਭੋਲਾ ਲੰਡੇ, ਡੀ.ਐੱਮ. ਸਿੰਘ, ਗੁਰਮੀਤ ਸਿੰਘ ਮਠਾੜੂ, ਸੁਖਦੇਵ ਸਿੰਘ ਔਲਖ, ਤ੍ਰਿਲੋਕ ਢਿੱਲੋਂ, ਮਨਿੰਦਰ ਸਿੰਘ ਭਾਟੀਆ, ਸ਼ਿਖਾ ਗਰਗ ਮੋਗਾ, ਦਵਿੰਦਰ ਪਟਿਆਲਵੀ, ਦਰਸ਼ਨ ਸਿੰਘ ਬਰੇਟਾ, ਸੁਰਿੰਦਰ ਕੈਲੇ, ਕੁਲਵਿੰਦਰ ਕੁਮਾਰ ਬਹਾਦਰਗੜ੍ਹ, ਰਾਜ ਬਧੌਛੀ, ਲਖਬੀਰ ਸਿੰਘ ਭੱਟੀ, ਜਗਦੀਸ਼ ਪ੍ਰੀਤਮ, ਡਾ. ਗੁਰਵਿੰਦਰ ਅਮਨ ਰਾਜਪੁਰਾ ਸ਼ਾਮਲ ਸਨ। ਮਿੰਨੀ ਕਹਾਣੀ ਪਾਠ ਦੇ ਕਨਵੀਨਰ ਸੁਰਿੰਦਰ ਕੈਲੇ ਨੇ ਬਾਖ਼ੂਬੀ ਮੰਚ ਸੰਚਾਲਨ ਕੀਤਾ।

# ਜ਼ਮੀਨ ਇਕੁਆਇਰ ਸਮੇਂ ਮਾਲਕਾਂ ਨੂੰ ਬਣਦੇ ਹੱਕਾਂ ਤੋਂ ਵਿਰਵੇ ਕਰਨ ਦੀ ਸਾਜ਼ਿਸ਼ : ਸੇਖੋਂ

**ਬਠਿੰਡਾ (ਬਖਤੌਰ ਢਿੱਲੋਂ)**-ਸਰਕਾਰਾਂ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀਆਂ, ਪਹਿਲਾਂ ਬਣੇ ਲੋਕ ਪੱਖੀ ਕਾਨੂੰਨਾਂ ਨੂੰ ਅੱਖੋਂ ਪਰੋਖੇ ਕਰਕੇ ਵੀ ਵੱਡੇ ਘਰਾਣਿਆਂ ਦੀ ਪੁਸ਼ਤ ਪਨਾਹੀ ਕਰ ਰਹੀਆਂ ਹਨ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੀ ਜ਼ਮੀਨ ਇਕੁਆਇਰ ਕਰਨ ਸਮੇਂ ਵੀ ਜ਼ਮੀਨ ਮਾਲਕਾਂ ਨੂੰ ਬਣਦੇ ਹੱਕਾਂ ਤੋਂ ਵਿਰਵੇ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।

ਪੰਜਾਬ ਵਿੱਚ ਨਿੱਜੀ ਉਦਯੋਗ ਸਥਾਪਤ ਕਰਨ ਜਾਂ ਵੱਡੀਆਂ ਵੱਡੀਆਂ ਕਲੋਨੀਆਂ ਉਸਾਰਨ ਲਈ ਹਜ਼ਾਰਾਂ ਏਕੜ ਜ਼ਮੀਨ ਇਕੁਆਇਰ ਕੀਤੀ ਜਾਂਦੀ ਹੈ, ਜਿਸ ਲਈ ਸੰਵਿਧਾਨ ਅਨੁਸਾਰ ਜ਼ਮੀਨ ਮਾਲਕਾਂ ਨੂੰ ਆਮ ਸ਼ਹਿਰੀ ਕੀਮਤ ਨਾਲੋਂ ਚਾਰ ਗੁਣਾਂ ਕੀਮਤ ਦੇਣ ਦੀ ਵਿਵਸਥਾ ਹੈ ਅਤੇ ਇਹ ਵੀ ਸਪੱਸ਼ਟ ਹੈ ਕਿ ਮਾਲਕ ਦੀ ਸਹਿਮਤੀ ਤੋਂ ਬਗੈਰ ਤੇ ਮੁਆਵਜ਼ਾ ਦੇਣ ਤੋਂ ਬਿਨਾਂ ਸਰਕਾਰ ਜਬਰੀ ਜ਼ਮੀਨ ਹਾਸਲ ਨਹੀਂ ਕਰ ਸਕਦੀ। ਜ਼ਮੀਨ ਇਕੁਆਇਰ ਕਰਨ ਸਬੰਧੀ ਕਾਨੂੰਨ ਤਾਂ ਭਾਵੇਂ ਅੰਗਰੇਜ਼ ਸਰਕਾਰ ਸਮੇਂ ਹੀ ਹੋਂਦ ਵਿੱਚ ਆ ਗਿਆ ਸੀ, ਪਰ 2013 ਵਿੱਚ ਵੀ ਇਸ ਵਿੱਚ ਸੋਧ ਕੀਤੀ ਗਈ ਸੀ, ਜਿਸ ਵਿੱਚ ਜ਼ਮੀਨ ਮਾਲਕ ਨੂੰ ਮੁਆਵਜ਼ਾ ਦੇਣ ਤੇ ਉਸ ਦੇ ਪੁਨਰਵਾਸ ਦਾ ਪ੍ਰਬੰਧ ਕਰਨ 'ਤੇ ਜ਼ੋਰ ਦਿੱਤਾ ਗਿਆ ਸੀ। ਪੰਜਾਬ ਵਿੱਚ ਹੁਣ ਵੱਡੇ ਘਰਾਣੇ ਤੇ ਸਰਕਾਰੀ ਅਦਾਰੇ ਵੱਡੀਆਂ ਕਲੋਨੀਆਂ ਉਸਾਰ ਰਹੇ ਹਨ, ਜਿਨ੍ਹਾਂ ਲਈ ਜ਼ਮੀਨ ਇਕੁਆਇਰ ਕੀਤੀ ਜਾਂਦੀ ਹੈ। ਜ਼ਮੀਨ ਮਾਲਕਾਂ ਵਿੱਚ ਇਹ ਚਰਚਾ ਚੱਲ ਰਹੀ ਹੈ ਕਿ ਮੁਆਵਜ਼ਾ ਦੇਣ ਦੀ ਬਜਾਏ ਉਨ੍ਹਾਂ ਨੂੰ ਕਲੋਨੀਆਂ ਵਿੱਚ ਪਲਾਟ ਦਿੱਤੇ ਜਾਣਗੇ। ਇਹ ਸਕੀਮ ਇਸ ਤੋਂ ਪਹਿਲਾਂ ਦਿੱਲੀ ਤੇ ਮੁਹਾਲੀ ਵਿੱਚ ਫੇਲ੍ਹ ਸਾਬਿਤ ਹੋ ਚੁੱਕੀ ਹੈ। ਕਿਸਾਨ ਇਸ ਸਾਜ਼ਿਸ਼ ਦਾ ਡੱਟ ਕੇ ਵਿਰੋਧ ਕਰਨ ਲਈ ਤਿਆਰ ਹਨ। ਕਾ: ਸੇਖੋਂ ਨੇ ਕਿਹਾ ਕਿ ਪੰਜਾਬ ਦੇ ਲੋਕ ਜਾਗਰੂਕ ਹਨ, ਉਹ ਅਜਿਹੀ ਕਿਸੇ ਸਾਜ਼ਿਸ਼ ਨੂੰ ਸਫ਼ਲ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਲੋਕਾਂ ਦੇ ਹੱਕ ਖੋਹਣ ਦੀ ਕੋਸ਼ਿਸ਼ ਕੀਤੀ ਤਾਂ ਵੱਡੇ ਪੱਧਰ 'ਤੇ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਜ਼ਮੀਨ ਖੋਹਣ ਵਾਲੇ ਤਿੰਨ ਕਾਲੇ ਕਾਨੂੰਨਾਂ ਨੂੰ ਰੱਦ ਕਰਨ ਲਈ ਪੰਜਾਬ ਦੇ ਲੋਕਾਂ ਨੇ ਦਿੱਲੀ ਦੀਆਂ ਬਰੂਹਾਂ 'ਤੇ ਚੱਲੇ ਸੰਘਰਸ਼ ਦੀ ਅਗਵਾਈ ਕੀਤੀ ਸੀ। ਜ਼ਮੀਨ ਸਬੰਧੀ ਪੰਜਾਬੀ ਕਿਸੇ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕਰਨਗੇ।

**ਪੰਜਾਬ ਦੇ ਲੋਕ ਜ਼ਮੀਨਾਂ ਸੰਬੰਧੀ ਡਟਵਾਂ ਸੰਘਰਸ਼ ਕਰਨ ਲਈ ਤਿਆਰ**

20- May - Page - 6.qxd 5/19/2025 10:35 PM Page 1



# ਐਚ ਪੀ ਮਾਡਲ ਸਕੂਲ ਸੰਗੋਵਾਲ ਦਾ ਦਸਵੀਂ ਦਾ ਨਤੀਜਾ ਰਿਹਾ 100 ਫ਼ੀਸਦੀ



ਮਹਿਤਪੁਰ (ਰਾਜਾ) ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵਲੋਂ ਐਲਾਨੇ ਗਏ ਦਸਵੀ ਕਲਾਸ ਦੇ ਨਤੀਜਿਆਂ ਵਿੱਚ ਐਚ. ਪੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਸੰਗੋਵਾਲ ਦਾ ਨਤੀਜਾ ਹੋ ਫੀਸਦੀ ਰਿਹਾ। ਸਕੂਲ ਪ੍ਰੈਜੀਡੈਂਟ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸਾਰੇ ਬੱਚੇ ਪਹਿਲੀ ਪੁਜੀਸ਼ਨ ਵਿੱਚ ਪਾਸ ਹੋਏ ਹਨ। ਭੁਪਿੰਦਰ ਵਾਲੀਆ ਨੇ 93% ਨੰਬਰ ਲੈ ਕੇ ਪਹਿਲੀ ਪੁਜੀਸ਼ਨ ਹਾਸਲ ਕੀਤੀ, ਮਨਮੀਤ ਕੌਰ ਨੇ 90% ਨੰਬਰ ਲੈ ਕੇ ਦੂਜੀ ਪੁਜੀਸ਼ਨ ਅਤੇ ਨਵਦੀਪ ਕੌਰ ਨੇ 86.5% ਨੰਬਰ ਲੈ ਕੇ ਤੀਜੀ ਪੁਜੀਸਨ ਹਾਸਲ ਕੀਤੀ। ਇਸੇ ਤਰ੍ਹਾਂ ਗੁਰਤੇਜ ਵੀਰ ਸਿੰਘ 80 %, ਪਰਮਿੰਦਰ ਕੌਰ 78.2 % ਅਤੇ ਜਸਨਪਾਲ ਸਿੰਘ ਨੇ 78.5 % ਸਰਨਜੀਤ ਕੌਰ ਨੇ 77.8% ਅੰਕ ਪ੍ਰਾਪਤ ਕੀਤੇ। ਉਹਨਾਂ ਅੱਗੇ ਦੱਸਿਆ ਕਿ ਸਾਇੰਸ ਵਿਸ਼ੇ ਵਿਚੋਂ ਭੁਪਿੰਦਰ ਵਾਲੀਆ ਨੇ 100 ਵਿੱਚੋਂ 99 ਅਤੇ ਨਵਦੀਪ ਕੌਰ ਨੇ 98 ਅੰਕ ਪ੍ਰਾਪਤ ਕੀਤੇ। ਸਮਾਜਿਕ ਸਿੱਖਿਆ ਵਿਚੋਂ ਮਨਮੀਤ ਕੌਰ ਨੇ 100 ਵਿੱਚੋਂ 96 ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਭੁਪਿੰਦਰ ਵਾਲੀਆ ਨੇ ਹਿੰਦੀ ਵਿੱਚੋਂ 96 ਅਤੇ ਵਿੱਚੋਂ 94 ਅੰਕ ਪ੍ਰਾਪਤ ਕੀਤੇ। ਇਸ ਮੌਕੇ ਪ੍ਰਿੰਸੀਪਲ ਮੈਡਮ ਸੰਦੀਪ ਕੌਰ ਨੇ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਮਿਹਨਤੀ ਅਧਿਆਪਕਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸਕੂਲ ਮੈਨੇਜਮੈਂਟ ਅਤੇ ਅਧਿਆਪਕਾਂ ਵਿੱਚੋਂ ਅਮਨਦੀਪ ਸਿੰਘ, ਸਰਬਜੀਤ ਸਿੰਘ, ਹਨੀ ਸੌਂਧੀ, ਅਮਰਜੀਤ ਸਿੰਘ, ਸਤਿੰਦਰ ਕੌਰ, ਮਨਜੋਤ ਕੌਰ, ਰਮਨਦੀਪ ਕੌਰ, ਪ੍ਰਿਆ, ਸੁਮਨ, ਸੰਦੀਪ ਕੌਰ ਆਦਿ ਹਾਜਰ ਸਨ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਮਨਦੀਪ ਸਿੰਘ,
ਨਾਇਬ ਤਹਿਸੀਲਦਾਰ ਗੁਰਾਇਆ

ਉਪਰੋਕਤ ਦਫਤਰ ਵਿਚ ਇਕ ਹਲਫੀਆ ਬਿਆਨ ਅੱਜ ਮਿਤੀ 14.05.2025, ਜੋ ਕਿ ਤਰਸੇਮ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਕਾਹਲਵਾਂ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਮੁਖਤਾਰ ਆਮ ਵੱਲੋਂ ਸਚਲੀਨ ਸਿੰਘ ਪੁੱਤਰ ਤਰਸੇਮ ਸਿੰਘ ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਵੱਲੋਂ ਪੇਸ਼ ਕੀਤਾ ਗਿਆ ਹੈ, ਜਿਸ ਮੁਤਾਬਿਕ ਵਾਕਿਆ ਰਕਬਾ ਪਿੰਡ ਪਾਸਲਾ, ਤਹਿਸੀਲ ਫਿਲੌਰ ਮੁਤਾਬਿਕ ਜਮ੍ਹਾਂਬੰਦੀ ਸਾਲ 2022-2023 ਦੀ ਖੇਵਟ ਨੰਬਰ 24, 26, 29, 41, 46, 107, 108, 109, 110, 111, 141, 170 ਵਿਚ ਉਸ ਦੇ ਬੇਟੇ ਦਾ ਨਾਂਅ ਸਚਲੀਨ ਪੁੱਤਰ ਪੁੱਤਰ ਗੁਰਬਖਸ਼ ਕੌਰ ਪੁੱਤਰੀ ਨਰੰਜਣ ਸਿੰਘ ਚਲਿਆ ਆ ਰਿਹਾ ਹੈ, ਜਦਕਿ ਉਸ ਦਾ ਅਸਲ ਨਾਂਅ ਸਚਲੀਨ ਸਿੰਘ ਪੁੱਤਰ ਗੁਰਬਖਸ਼ ਕੌਰ ਪੁੱਤਰੀ ਨਰੰਜਣ ਸਿੰਘ ਹੈ।ਇਹ ਕਿ ਸਚਲੀਨ ਪੁੱਤਰ ਗੁਰਬਖਸ਼ ਕੌਰ ਪੁੱਤਰੀ ਨਰੰਜਣ ਸਿੰਘ ਅਤੇ ਸਚਲੀਨ ਸਿੰਘ ਪੁੱਤਰ ਗੁਰਬਖਸ਼ ਕੌਰ ਪੁੱਤਰੀ ਨਰੰਜਣ ਸਿੰਘ ਇਕ ਨਾਂਅ ਦੇ ਵਿਅਕਤੀ ਹਨ। ਇਹ ਕਿ ਹੁਣ ਉਕਤ ਜਮ੍ਹਾਂਬੰਦੀ ਵਿਚ ਸਚਲੀਨ ਪੁੱਤਰ ਗੁਰਬਖਸ਼ ਕੌਰ ਪੁੱਤਰੀ ਨਰੰਜਣ ਸਿੰਘ ਦੀ ਥਾਂ ਸਚਲੀਨ ਉਰਫ ਸਚਲੀਨ ਸਿੰਘ ਪੁੱਤਰ ਗੁਰਬਖਸ਼ ਕੌਰ ਪੁੱਤਰੀ ਨਰੰਜਣ ਸਿੰਘ ਦਰਜ ਕਰਨ ਦੀ ਤਜਵੀਜ਼ ਹੈ।

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਾਲ ਰਿਕਾਰਡ ਵਿਚ ਵਿਅਕਤੀ ਦਾ ਨਾਂਅ ਬਦਲਣ ਲਈ ਜੇਕਰ ਕਿਸ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿਚ ਆਪਣਾ ਪੱਖ/ਇਤਰਾਜ਼ ਪੇਸ਼ ਕਰ ਸਕਦਾ ਹੈ। ਇਹ ਨੋਟਿਸ ਸਰਕਾਰ ਦੇ ਪੱਤਰ ਨੰਬਰ ਮੀਮੋ ਨੰਬਰ 25/78/2012-ਭ.ਮ-2/12445-71 ਚੰਡੀਗੜ੍ਹ ਮਿਤੀ 26.7.13 ਵਿਚ ਦਰਜ ਹਦਾਇਤਾਂ ਅਨੁਸਾਰ ਜਾਰੀ ਕੀਤਾ ਜਾਂਦਾ ਹੈ।ਇਸ ਤੋਂ ਬਾਅਦ ਕਿਸੇ ਪੱਖ/ਇਤਰਾਜ਼ 'ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ ਅਤੇ ਰਿਕਾਰਡ ਮਾਲ ਵਿਚ ਬਿਨੈਕਾਰ ਦਾ ਨਾਂਅ ਦਰਜ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਜਾਣਗੇ।

ਸਹੀ/-ਨਾਇਬ ਤਹਿਸੀਲਦਾਰ, ਗੁਰਾਇਆ
ਨੰਬਰ 260 /ਰੀਡਰ/ਮਿਤੀ : 19.05.2025

## ਪਬਲਿਕ ਨੋਟਿਸ

ਮੈਂ ਜਤਿੰਦਰ ਥਾਪਰ ਪੁੱਤਰ ਲੇਟ ਸ੍ਰੀ ਚਮਨ ਲਾਲ ਵਾਸੀ 22- ਬੀ, 88 ਫੁੱਟ ਰੋਡ, ਲਕਛਮੀ ਵਿਹਾਰ, ਗ੍ਰੀਨ ਫੀਲਡ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੀ ਮਾਤਾ ਸਵ. ਸ੍ਰੀਮਤੀ ਮਨਜੀਤ ਕੌਰ ਪਤਨੀ ਸਵ. ਸ੍ਰੀ ਚਮਨ ਲਾਲ ਦੀ ਜਾਇਦਾਦ ਮਕਾਨ ਨੰ : 22 ਬੀ 88 ਫੁੱਟ ਰੋਡ ਲਕਛਮੀ ਵਿਹਾਰ, ਗ੍ਰੀਨ ਫੀਲਡ ਅੰਮ੍ਰਿਤਸਰ ਵਿਖੇ ਹੈ ਜਿਸਦੇ ਉਹ ਮਾਲਕ ਸਨ, ਅਤੇ ਉਹਨਾ ਨੇ ਮੈਨੂੰ (ਜਤਿੰਦਰ ਥਾਪਰ) ਨੂੰ ਵਾਰਸ ਘੋਸ਼ਿਤ ਕੀਤਾ ਹੋਇਆ ਹੈ। ਮੇਰੇ ਤੇ ਇਲਾਵਾ ਹੋਰ ਕੋਈ ਵਾਰਸ ਨਹੀ ਹੈ ਅਗਰ ਕੋਈ ਹੇ ਤਾਂ ਉਹ ਨੋਟਿਸ ਛਪਣ ਤੇ 15 ਦਿਨਾ ਦੇ ਅੰਦਰ ਅੰਦਰ ਆਪਣਾ ਦਾਅਵਾ ਪੇਸ਼ ਕਰੇ।

## ਪਬਲਿਕ ਨੋਟਿਸ

ਮੈਂ ਜਸਕਰਨ ਸਿੰਘ ਸਪੁੱਤਰ ਸ. ਸਰਬਜੀਤ ਸਿੰਘ ਨਿਵਾਸੀ ਪਿੰਡ ਤੇ ਡਾਕਖਾਨਾ ਮਾਨਕਰਾਈ ਜ਼ਿਲ੍ਹਾ ਜਲੰਧਰ (ਪੰਜਾਬ) ਬਿਆਨ ਕਰਕੇ ਸਭ ਆਮ ਤੇ ਖਾਸ ਨੂੰ ਸੂਚਿਤ ਕਰਦਾ ਹਾਂ ਕਿ ਮੇਰੇ ਦਫਤਰ ਜੇ ਆਰ ਇੰਟਰਪ੍ਰਾਈਜਰ ਨਜਦੀਕ ਅੰਬੀਕਾ ਟਾਵਰ ਜਲੰਧਰ ਡੱਬ ਕੰਪਲੈਕਸ ਵਿੱਚ ਹੈ। ਜਿੱਥੇ ਮੇਰੇ ਕੋਲ ਇੱਕ ਵਿਅਕਤੀ ਰੋਹਿਤ ਬਾਵਾ ਪੁੱਤਰ ਸ਼੍ਰੀ ਹਰਜੀਤ ਬਾਵਾ ਨਿਵਾਸੀ ਪਾਰਕ ਐਵਨਿਊ ਲੱਧੇਵਾਲੀ ਜਲੰਧਰ ਜੋ ਕਿ ਬਤੌਰ ਮੈਨੇਜਰ ਕੰਮ ਕਰਦਾ ਸੀ। ਕੁਝ ਕਾਰਨਾ ਕਰਕੇ ਮੈਂ ਉਸਦੀਆਂ ਸੇਵਾਵਾਂ 30 ਅਪ੍ਰੈਲ 2025 ਨੂੰ ਆਪਣੇ ਦਫਤਰ ਵਿੱਚੋਂ ਖਤਮ ਕਰ ਦਿੱਤੀਆਂ ਸਨ। ਭਵਿੱਖ ਵਿੱਚ ਅਗਰ ਉਕਤ ਵਿਅਕਤੀ ਮੇਰੇ ਦਫਤਰ ਦਾ ਨਾਮ ਵਰਤ ਕੇ ਕਿਸੇ ਨਾਲ ਪੈਸਿਆਂ ਦਾ ਜਾਂ ਕੋਈ ਪੇਪਰ ਵਰਕ ਸੰਬਧੀ ਲੈਣ ਦੇਣ ਕਰਦਾ ਹੈ। ਉਸ ਦਾ ਉਹ ਖੁਦ ਜਿੰਮੇਵਾਰ ਹੋਵੇਗਾ। ਹੁਣ ਇਸ ਵਿਅਕਤੀ ਦਾ ਮੇਰੇ ਦਫਤਰ ਨਾਲ ਤੇ ਮੇਰੇ ਨਾਲ ਕੋਈ ਵਾਹ ਵਾਸਤਾ ਨਹੀਂ ਹੈ।

## ਪਬਲਿਕ ਨੋਟਿਸ

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀਮਤੀ ਕਮਲਾ ਕੋਠਾਰੀ ਪਤਨੀ ਸ਼ੇਖਰ ਚੰਦਰ ਕੋਠਾਰੀ ਵਾਸੀ ਪਿੰਡ ਬਛੀ ਧਰਮਾ ਡਾਕਖਾਨਾ ਹੁਲਦੁਚੌ (ਲਾਲਕੁਵਾ) ਜ਼ਿਲਾ ਨੈਨੀਤਾਲ, ਉੱਤਰਾਖੰਡ ਹਾਲ ਵਾਸੀ ਮਕਾਨ ਨੰਬਰ 4, ਨੇੜੇ 28NL ਟਾਵਰ, ਮੇਜਰ ਬਿੰਦਰਾ ਇੰਨਕਲੇਵ ਕਲੋਨੀ ਪਿੰਡ ਧੀਣਾ ਥਾਣਾ ਸਦਰ ਜਲੰਧਰ ਪੰਜਾਬ ਮੌਜੂਦਾ ਮਾਲਕ/ ਵਿਕਰੇਤਾ ਕਮਲਾ ਦੇਵੀ ਪਤਨੀ ਕਰਮਜੀਤ ਸਿੰਘ ਵਾਸੀ ਪਿੰਡ ਮੋਰਾਂਵਾਲੀ ਤਹਿਸੀਲ ਗੜਸ਼ੰਕਰ ਜਿਲਾ ਹੁਸ਼ਿਆਰਪੁਰ ਕੋਲੋਂ ਉਸਦੀ ਜਾਇਦਾਦ ਨੂੰ TRUHOME FINANCE LTD, Jalandhar ਰਾਹੀਂ ਖਰੀਦਣਾ ਚਾਹੁੰਦੀ ਹੈ। ਇਸ ਜਾਇਦਾਦ ਦੇ ਪਹਿਲੇ ਵਿਕਰੀ ਦਸਤਾਵੇਜ ਜਿਨਾਂ ਦਾ ਰਜਿਸਟਰ ਨੰਬਰ 10734 ਮਿਤੀ 24.02.1993 ਜੋ ਕਿ ਸਬ ਰਜਿਸਟਰਾਰ ਹੁਸ਼ਿਆਰਪੁਰ ਰਾਹੀ ਰਜਿਸਟਰ ਹਨ ਜੋ ਗੁਆਚ ਗਏ ਹਨ। ਜਿਨਾਂ ਦੀ ਰਿਪੋਰਟ FIR/DDR HCB/JAL, ਮਿਤੀ 17.5. 2025 ਪੁਲਿਸ ਸਟੇਸ਼ਨ ਸਦਰ ਜਲੰਧਰ ਵਿਖੇ ਦਰਜ ਹੋ ਚੁੱਕੀ ਹੈ! ਕਿਸੇ ਵਿਅਕਤੀ ਨੂੰ ਜੇਕਰ ਉਪਰੋਕਤ ਦਸਤਾਵੇਜ ਤੇ ਕੋਈ ਇਤਰਾਜ/ ਦਿਲਚਸਪੀ ਹੋਵੇ ਜਾਂ ਉਪਰੋਕਤ ਦਸਤਾਵੇਜ ਦੇ ਆਧਾਰ ਤੇ ਕਿਸੇ ਵਿਅਕਤੀ /ਬੈਂਕ /ਕਾਰਪੋਰੇਸ਼ਨ/ ਵਿੱਤੀ ਸੰਸਥਾ ਤੋਂ ਕਰਜ਼ਾ ਲਿਆ ਹੋਵੇ ਤਾਂ ਉਹ ਆਪਣਾ ਇਤਰਾਜ ਨਿਮਨ ਸ਼ਾਖਰ ਜਾਂ ਚੰਡੀਗੜ੍ਹ ਸੈਕਟਰ ਵਿਖੇ ਪਬਲਿਕ ਨੋਟਿਸ ਛਪਣ ਤੋਂ 15 ਦਿਨ ਦੇ ਅੰਦਰ ਅੰਦਰ ਦੇ ਸਕਦਾ ਹੈ। ਇਸ ਨੋਟਿਸ ਦਾ ਸਮਾਂ ਖਤਮ ਹੋਣ ਤੋਂ ਬਾਅਦ ਸਮਝ ਲਿਆ ਜਾਵੇਗਾ ਕੀ ਉਪਰੋਕਤ ਜਾਇਦਾਦ ਤੇ ਕਿਸੇ ਦਾ ਕੋਈ ਕਲੇਮ ਨਹੀਂ ਹੈ ਅਤੇ ਅੱਗੇ ਕੋਈ ਵੀ ਕਲੇਮ ਸੁਣਿਆ ਨਹੀਂ ਜਾਵੇਗਾ। ਅਜਿਹਾ ਕਲੇਮ ਝੂਠਾ, ਫਰਜੀ, ਧੋਖਾਧੜੀ ਤੇ ਗੈਰ ਕਾਨੂੰਨੀ ਹੋਵੇਗਾ। ਇਹ ਵੀ ਸਮਝਿਆ ਜਾਵੇਗਾ ਕਿ ਉਪਰੋਕਤ ਜਾਇਦਾਦ TRUHOME FINANCE LTD. ਐਡਵੋਕੇਟ ਵਿਕਾਸ ਸੂਦ ਕੋਲ ਗਿਰਵੀ ਰੱਖਣ ਤੇ ਕਿਸੇ ਨੂੰ ਇਤਰਾਜ ਨਹੀਂ ਹੈ। ਦਫਤਰ ਨੰਬਰ 68, ਨੇੜੇ ਕਾਂਗਰਸ ਭਵਨ, ਨਿਊ ਰਜਿੰਦਰ ਨਗਰ, ਜਲੰਧਰ, ਮੋਬਾਈਲ: 098140-94356

## ਸੇਲਜ਼ਮੈਨ ਦੀ ਭਰਤੀ ਸੰਬੰਧੀ ਨੋਟਿਸ

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਦੀ ਭਗਵਾਨਪੁਰ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸੇਵਾ ਸਭਾ ਲਿਮ:, ਪਿੰਡ ਭਗਵਾਨਪੁਰ, ਜ਼ਿਲ੍ਹਾ ਕਪੂਰਥਲਾ, ਦੀ ਅਸਾਮੀ 'ਤੇ ਸੇਲਜ਼ਮੈਨ ਦੀ ਭਰਤੀ ਕੀਤੀ ਜਾਣੀ ਹੈ। ਭਰਤੀ ਦੀ ਪ੍ਰਕਿਰਿਆ ਮਿਤੀ 26/05/2025 ਨੂੰ ਸਵੇਰੇ 10 ਵਜੇ ਸਭਾ ਦੇ ਦਫਤਰ ਪਿੰਡ ਭਗਵਾਨਪੁਰ, ਜ਼ਿਲ੍ਹਾ ਕਪੂਰਥਲਾ ਵਿਖੇ ਕੀਤੀ ਜਾਵੇਗੀ। ਭਰਤੀ ਸਬੰਧੀ ਯੋਗਤਾ ਅਤੇ ਸ਼ਰਤਾਂ ਹੇਠ ਅਨੁਸਾਰ ਹਨ:- 1) ਉਮੀਦਵਾਰ ਦੀ ਉਮਰ 18 ਤੋਂ 37 ਸਾਲ, 2) ਮਾਨਤਾ ਪ੍ਰਾਪਤ ਯੂਨੀਵਰਸਿਟੀ ਜਾਂ ਸੰਸਥਾ ਤੋਂ ਗ੍ਰੈਜੂਏਸ਼ਨ ਯੋਗਤਾ ਦੇ ਡਿਗਰੀ ਅਤੇ ਦਸਵੀਂ ਪੱਧਰ ਦੀ ਪੰਜਾਬੀ ਦੀ ਵਿੱਦਿਅਕ ਯੋਗਤਾ, 3) ਉਮੀਦਵਾਰ ਨੇ ਭਾਰਤ ਸਰਕਾਰ ਦੇ ਇਲੈਕਟ੍ਰੋਨਿਕਸ ਵਿਭਾਗ ਦੇ 'ਓ' ਲੈਵਲ ਦੇ ਸਰਟੀਫਿਕੇਟ ਦਾ ਕੋਰਸ ਪਾਸ ਕੀਤਾ ਹੋਵੇ ਜਾਂ ਉਮੀਦਵਾਰ ਨੇ ਸਰਕਾਰ ਵੱਲੋਂ ਪ੍ਰਵਾਨਿਤ ਕਿਸੇ ਸੰਸਥਾ ਜਾਂ ਮਸ਼ਹੂਰ ਸੰਸਥਾ ਜੋ ISO 9001 ਅਨੁਸਾਰ ਤਸਦੀਕਸ਼ੁਦਾ ਹੋਵੇ, ਤੋਂ ਘੱਟੋ-ਘੱਟ 120 ਘੰਟੇ ਦਾ ਹੇਠ ਲਿਖਿਆ ਕੋਰਸ ਪਾਸ ਕੀਤਾ ਹੋਵੇ: (ੳ) ਪਰਸਨਲ ਕੰਪਿਊਟਰ ਦਾ ਕੋਰਸ, ਜਾਂ (ਅ) ਇਨਫੋਰਮੇਸ਼ਨ ਟੈਕਨੋਲੋਜੀ ਵਿੱਚ ਆਫਿਸ ਪ੍ਰੋਡਕਟੀਵਿਟੀ ਐਪਲੀਕੇਸ਼ਨ ਦਾ ਕੋਰਸ ਜਾਂ (ੲ) ਡੈਸਕਟਾਪ ਪਬਲਿਸ਼ਿੰਗ ਦਾ ਕੋਰਸ, (4) ਉਮੀਦਵਾਰ ਦਾ ਪਿਛੋਕੜ ਪੇਂਡੂ ਹੋਣਾ ਚਾਹੀਦਾ ਹੈ (5) ਨਿਯੁਕਤ ਕੀਤੇ ਜਾਣ ਵਾਲੇ ਕਰਮਚਾਰੀ ਨੂੰ ਆਪਣੀ ਨਿਯੁਕਤੀ ਦੇ ਸਮੇਂ ਪ੍ਰਬੰਧਕ ਕਮੇਟੀ ਵੱਲੋਂ ਦਰਸਾਈ ਗਈ ਜ਼ਮਾਨਤ ਉਮੀਦਵਾਰ ਕੋਲੋਂ ਗਰੰਟੀ ਦੇ ਤੌਰ 'ਤੇ ਦੇਣੀ ਪਵੇਗੀ। ਉਮੀਦਵਾਰ ਆਪਣੀ ਅਰਜ਼ੀ ਦੇ ਨਾਲ-ਨਾਲ ਆਪਣੀ ਯੋਗਤਾ ਸਬੰਧੀ ਸਰਟੀਫਿਕੇਟ ਦੀਆਂ ਤਸਦੀਕਸ਼ੁਦਾ ਕਾਪੀਆ, ਪਾਸਪੋਰਟ ਸਾਈਜ਼ ਫੋਟੋ ਅਤੇ ਹਲਫੀਆ ਬਿਆਨ ਸਭਾ ਦੇ ਦਫਤਰ ਵਿਖੇ ਮਿਤੀ 09/05/2025 ਤੋਂ 24/05/2025 ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ 1000/-ਰੁਪਏ ਦੀ ਡੀ.ਡੀ. ਫੀਸ ਸਮੇਤ ਦਸਤੀ ਜਾਂ ਡਾਕ ਰਾਹੀਂ ਕਿਸੇ ਵੀ ਕੰਮ-ਕਾਜ ਦੇ ਦਿਨ ਜਮ੍ਹਾਂ ਕਰਵਾ ਸਕਦੇ ਹਨ। ਮਿਤੀ 24/05/2025 ਨੂੰ ਸ਼ਾਮ 4 ਵਜੇ ਤੋਂ ਬਾਅਦ ਕੋਈ ਵੀ ਅਰਜ਼ੀ ਪ੍ਰਾਪਤ ਨਹੀਂ ਕੀਤੀ ਜਾਵੇਗੀ। ਭਰਤੀ ਪ੍ਰਕਿਰਿਆ ਤੇ ਇੰਟਰਵਿਊ ਸੰਬੰਧੀ ਕੋਈ ਵੀ ਜਾਣਕਾਰੀ ਕਿਸੇ ਵੀ ਕੰਮ ਕਾਜ ਦੇ ਦਿਨ ਸਭਾ ਦੇ ਦਫਤਰ ਵਿੱਚ ਹਾਜ਼ਰ ਹੋ ਕੇ ਜਾਂ +91-8727032345 'ਤੇ ਸੰਪਰਕ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ। ਉਮੀਦਵਾਰ ਦੀ ਭਰਤੀ ਕਰਨ ਜਾਂ ਨਾ ਕਰਨ ਸਬੰਧੀ ਹੱਕ ਸਿਲੈਕਸ਼ਨ ਕਮੇਟੀ ਕੋਲ ਰਾਖਵੇਂ ਰੱਖੇ ਜਾਣਗੇ।

ਸਹੀ/-ਪ੍ਰਧਾਨ, ਦੀ ਭਗਵਾਨਪੁਰ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸੇਵਾ ਸਭਾ ਲਿਮ: ਪਿੰਡ ਭਗਵਾਨਪੁਰ (ਕਪੂਰਥਲਾ)

## ਜਲੰਧਰ ਵਿਕਾਸ ਅਥਾਰਿਟੀ, ਜਲੰਧਰ
### ਐੱਸ.ਸੀ.ਓ. ਨੰ: 41, ਸਾਹਮਣੇ ਤਹਿਸੀਲ ਕੰਪਲੈਕਸ, ਜਲੰਧਰ।

PUDA

### ਪਬਲਿਕ ਨੋਟਿਸ

ਆਮ ਪਬਲਿਕ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਪਿੰਡ ਵਡਾਲਾ ਕਲਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਵਿਖੇ ਸਮਰੱਥ ਅਧਿਕਾਰੀ ਡਾਇਰੈਕਟਰ ਟਾਊਨ ਐਂਡ ਕੰਟਰੀ ਪਲੈਨਿੰਗ, ਪੁੱਡਾ ਭਵਨ, ਐ.ਏ.ਐਸ. ਨਗਰ ਵੱਲੋਂ ਅਫੋਰਡੇਬਲ ਰਿਹਾਇਸ਼ੀ ਕਾਲੋਨੀ, ਰਕਬਾ 5.44 ਏਕੜ ਦਾ ਲਾਈਸੰਸ ਨੰ: LDC/CTP(Pb.)/2024/206 Dated 30.06.2021, M/s Saffron Infra Projects India Ltd., ਨੂੰ ਜਾਰੀ ਕੀਤਾ ਹੋਇਆ ਹੈ, ਜੋ ਮਿਤੀ 29.06.2026 ਤੱਕ ਵੈਲਿਡ ਹੈ। ਪ੍ਰੋਮੋਟਰ ਵੱਲੋਂ ਪਾਪਰਾ ਐਕਟ/ਲਾਈਸੰਸ ਦੀਆਂ ਸ਼ਰਤਾਂ ਅਨੁਸਾਰ ਕਾਲੋਨੀ ਦੇ ਅੰਦਰੂਨੀ ਵਿਕਾਸ ਕਾਰਜ ਮੁਕੰਮਲ ਕਰਕੇ ਮਿਤੀ 22.04.2025 ਨੂੰ ਕੰਪਲੀਸ਼ਨ ਸਰਟੀਫਿਕੇਟ ਜਾਰੀ ਕਰਨ ਲਈ ਬੇਨਤੀ ਕੀਤੀ ਗਈ ਹੈ। ਕਾਲੋਨੀ ਦਾ ਰਿਵਾਈਜ਼ਡ ਕੰਪੋਜ਼ਿਟ ਲੇਆਊਟ ਪਲੈਨ ਡਰਾਇੰਗ ਨੰ: D/W/03C Dated 10/03/2022 ਸੀਨੀਅਰ ਨਗਰ ਯੋਜਨਾਕਾਰ, ਜਲੰਧਰ ਵੱਲੋਂ ਜਾਰੀ ਕੀਤਾ ਹੋਇਆ ਹੈ, ਜੋ ਦਫਤਰ ਮੁੱਖ ਪ੍ਰਸ਼ਾਸਕ, ਜੇਡੀਏ ਐਸ.ਸੀ.ਓ. ਨੰ: 41, ਦੂਜੀ ਮੰਜ਼ਿਲ, ਪੁੱਡਾ ਕੰਪਲੈਕਸ, ਲਾਡੋਵਾਲੀ ਰੋਡ, ਜਲੰਧਰ ਵਿਖੇ ਵੇਖਿਆ ਜਾ ਸਕਦਾ ਹੈ। ਜੇਕਰ ਕਾਲੋਨੀ ਦੇ ਕਿਸੇ ਵੀ ਪਲਾਟ ਹੋਲਡਰ/ਅਲਾਟੀ ਨੂੰ ਪ੍ਰੋਮੋਟਰ ਵੱਲੋਂ ਕਰਵਾਏ ਗਏ ਕਾਲੋਨੀ ਦੇ ਵਿਕਾਸ ਕਾਰਜਾਂ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ 07 ਦਿਨਾਂ ਵਿਚ ਨਿਮਨਹਸਤਾਖਰ ਪਾਸ ਆਪਣਾ ਇਤਰਾਜ਼ ਦਾਖਲ ਕਰ ਸਕਦਾ ਹੈ। ਨਿਰਧਾਰਤ ਸਮੇਂ ਤੋਂ ਬਾਅਦ ਪ੍ਰਾਪਤ ਹੋਏ ਇਤਰਾਜ਼ਾਂ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ ਅਤੇ ਕਾਲੋਨੀ ਦਾ ਕੰਪਲੀਸ਼ਨ ਸਰਟੀਫਿਕੇਟ ਜਾਰੀ ਕਰ ਦਿੱਤਾ ਜਾਵੇਗਾ।

ਸਹੀ/- ਸਮਰੱਥ ਅਧਿਕਾਰੀ- ਕਮ-ਮੁੱਖ ਪ੍ਰਸ਼ਾਸਕ, ਜੇਡੀਏ, ਜਲੰਧਰ।

## ਦੀ ਗੁਰੂ ਤੇਗ ਬਹਾਦਰ ਕੋਆਪਰੇਟਿਵ ਹਾਊਸ ਬਿਲਡਿੰਗ ਸਭਾ ਲਿਮ: ਜਲੰਧਰ ਦਾ ਸਪੈਸ਼ਲ ਆਮ ਅਜਲਾਸ

ਦੀ ਗੁਰੂ ਤੇਗ ਬਹਾਦਰ ਕੋਆਪਰੇਟਿਵ ਹਾਊਸ ਬਿਲਡਿੰਗ ਸਭਾ ਲਿਮ: ਜਲੰਧਰ ਦੇ ਮੈਂਬਰਾਂ ਦੀ ਫਾਈਨਲ ਵੋਟਰ ਲਿਸਟ ਤਿਆਰ ਕਰਨ ਲਈ ਪੰਜਾਬ ਸਹਿਕਾਰੀ ਸਭਾਵਾਂ ਐਕਟ, 1961 ਦੀ ਧਾਰਾ 25 ਤਹਿਤ ਮਿਤੀ 27.05.2025 ਨੂੰ ਸਪੈਸ਼ਲ ਆਮ ਅਜਲਾਸ ਹੇਠ ਲਿਖੇ ਪਤੇ 'ਤੇ ਸਵੇਰੇ 11:00 ਵਜੇ ਕਰਾਇਆ ਜਾ ਰਿਹਾ ਹੈ:-

ਸ੍ਰੀ ਸੁਸ਼ੀਲ ਸ਼ੂਰ, 106,
ਗੁਰੂ ਤੇਗ ਬਹਾਦਰ ਕੋਆਪਰੇਟਿਵ
ਐਚ ਬੀ ਸੁਸਾਇਟੀ, ਜੀ. ਟੀ. ਰੋਡ, ਜਲੰਧਰ।
ਮੋਬਾਈਲ ਨੰ : 99886-79966, 98880-81808

ਸਮੂਹ ਮੈਂਬਰ ਇਸ ਸਪੈਸ਼ਲ ਆਮ ਅਜਲਾਸ ਵਿੱਚ ਆਪਣੀ ਮੈਂਬਰਸ਼ਿਪ ਦਾ ਪ੍ਰਮਾਣ ਪੱਤਰ ਅਤੇ ਹੋਰ ਦਸਤਾਵੇਜ਼ ਲੈ ਕੇ ਹਾਜ਼ਰ ਹੋਣ।ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

-ਬਾ ਹੁਕਮ-
ਸਕੱਤਰ, ਦੀ ਗੁਰੂ ਤੇਗ ਬਹਾਦਰ ਕੋਆਪਰੇਟਿਵ ਹਾਊਸ ਬਿਲਡਿੰਗ ਸਭਾ ਲਿਮ: ਜਲੰਧਰ।

## AXIS BANK

**Retail Asset Center:** "2nd and 3rd Floor, Property No. 7-E, Malhar Road, Saraabha Nagar, Ludhiana- 141001.
**Corporate Office:** "Axis House", C-2, Wadia International Centre, Pandurang Budhkar Marg, Worli, Mumbai- 400025
**Registered Office:** "Trishul", 3rd Floor Opp. Samartheshwar Temple Law Garden, Ellisbridge Ahmedabad- 380006

### ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ, ਸਕਿਉਰਡ ਕ੍ਰੈਡਿਟ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਉਸ ਦੀ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ (1) ਮੈਸ. ਗਿੱਲ ਐਂਡ ਕੰਪਨੀ, ਰਾਹੀਂ ਇਸ ਦੇ ਮਾਲਕ (2) ਸ੍ਰੀ ਪਰਮਿੰਦਰ ਸਿੰਘ ਗਿੱਲ ਪੁੱਤਰ ਗੁਰਦਿਆਲ ਸਿੰਘ (3) ਸ੍ਰੀਮਤੀ ਹਰਦੀਪ ਕੌਰ ਗਿੱਲ ਪਤਨੀ ਪਰਮਿੰਦਰ ਸਿੰਘ ਤੋਂ 7 ਫਰਵਰੀ 2022 ਨੂੰ ਬਕਾਇਆ ਰਕਮ ਰੁਪਏ 4854092/- (ਅਠਤਾਲੀ ਲੱਖ ਚਿਰੰਜਾ ਹਜ਼ਾਰ ਬਾਨਵੇਂ ਰੁਪਏ ਕੇਵਲ) ਦੀ ਵਸੂਲੀ ਲਈ ਵਿਕਰੀ 24 ਜੂਨ 2025 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 30,00,000/- (ਤੀਹ ਲੱਖ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 3,00,000/- (ਤਿੰਨ ਲੱਖ ਰੁਪਏ ਕੇਵਲ)<br>ਡੀ ਡੀ ਪੀ/ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਹੱਕ 'ਚ, ਲੁਧਿਆਣਾ ਵਿਖੇ ਅਦਾਇਗੀ ਯੋਗ |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | 23 ਜੂਨ 2025 ਸ਼ਾਮ 05.00 ਵਜੇ ਤੱਕ, ਐਕਸਿਸ ਬੈਂਕ ਲਿਮਟਿਡ, ਰਿਟੇਲ ਐੱਸਟ ਸੈਂਟਰ ਦੂਜੀ ਅਤੇ ਤੀਜੀ ਮੰਜ਼ਿਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਹਰਪ੍ਰੀਤ ਨਾਥ ਦੇ ਨਾਂਅ 'ਤੇ |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 24 ਜੂਨ 2025 ਸਵੇਰੇ 11.00 ਵਜੇ ਤੋਂ ਦੁਪਹਿਰ 12 ਵਜੇ ਦਰਮਿਆਨ ਹਰੇਕ 5 ਮਿੰਟ ਦੇ ਅਸੀਮਤ ਵਾਧੇ ਨਾਲ। ਈ-ਨਿਲਾਮੀ ਟੈਂਡਰ ਦਸਤਾਵੇਜ਼, ਜਿਨ੍ਹਾਂ 'ਚ ਈ-ਨਿਲਾਮੀ ਬੋਲੀ ਫਾਰਮ, ਡੈਕਲੇਰੇਸ਼ਨ ਆਦਿ ਸ਼ਾਮਲ ਹਨ,ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

### ਸਾਰਣੀ-ਜਾਇਦਾਦ ਦਾ ਵੇਰਵਾ

ਜ਼ਮੀਨ ਰਕਬਾ 0ਬੀ-13ਬੀ-7ਬੀ, ਜ਼ਮੀਨ ਰਕਬਾ 6ਬੀ-8ਬੀ 'ਚੋਂ, ਖੇਵਟ ਨੰ. 357, ਖਤੌਨੀ ਨੰ. 370, ਖਸਰਾ ਨੰ. 187 (4-3), 186(2-5) ਜਮ੍ਹਾਂਬੰਦੀ ਸਾਲ 2009-10, ਪਿੰਡ ਸਿਹੋੜਾ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ ਜਗਜੀਤ ਸਿੰਘ ਦਾ ਮਕਾਨ 109'-21/2", ਪੱਛਮ : ਰਸਤਾ 109'-21/2", ਉੱਤਰ ; ਮਾਲਕ 55'-0", ਦੱਖਣ : ਗੁਰਦਿਆਲ ਸਿੰਘ ਦਾ ਮਕਾਨ 55'-0"

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਈ-ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਹਰਪ੍ਰੀਤ ਨਾਥ (ਮੋਬਾਈਲ ਨੰ. 99156-15220) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫ਼ਤਰੀ ਸਮੇਂ ਸਵੇਰੇ 10.00 ਵਜੇ ਤੋਂ ਸ਼ਾਮ ਦੇ 4.00 ਵਜੇ ਤੱਕ ਸੰਪਰਕ ਕਰ ਸਕਦੇ ਹਨ।

ਮਿਤੀ : 20-05-2025,
ਸਥਾਨ : ਲੁਧਿਆਣਾ

ਤੁਹਾਡਾ ਸ਼ੁੱਭਚਿੰਤਕ, ਵਾਸਤੇ ਐਕਸਿਸ ਬੈਂਕ ਲਿਮਟਿਡ
(ਅਧਿਕਾਰਤ ਅਫਸਰ)

## ਨਿਲਾਮੀ ਨੋਟਿਸ

ਦੀ ਭੁੱਲਰ ਵੱਡੇ ਬਹੁਮੰਤਵੀ ਸਹਿਕਾਰੀ ਸਭਾ ਲਿ: ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਖੇਤੀਬਾੜੀ ਸੰਦਾਂ ਦੀ ਨਿਲਾਮੀ ਮਿਤੀ 22/05/2025 ਨੂੰ ਸਭਾ ਦੇ ਦਫਤਰ ਵਿਖੇ ਸਵੇਰੇ 11 ਵਜੇ ਹੋਵੇਗੀ। ਜਿਸ ਵਿਚ ਹੇਠ ਲਿਖੇ ਸੰਦ ਨਿਲਾਮ ਕੀਤੇ ਜਾਣਗੇ :-
ਮਲਚਰ, ਪਲਾਉ ਤੇ ਰੋਟਾਵੇਟਰ।

ਪ੍ਰਧਾਨ | ਮੀਤ ਪ੍ਰਧਾਨ | ਸਕੱਤਰ
7009100340 | 9815576856 | 8283 921588

## ਨਿਲਾਮੀ ਨੋਟਿਸ

ਦੀ ਚਵਿੰਡਾ ਦੇਵੀ ਬਹੁਮੰਤਵੀ ਸਹਿਕਾਰੀ ਸਭਾ। ਲਿਮਟਿਡ ਤਹਿਸੀਲ ਮਜੀਠਾ। ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਖੇਤੀ ਬਾੜੀ ਸੰਦਾਂ ਦੀ ਨਿਲਾਮੀ ਮਿਤੀ 24-05-25 ਨੂੰ ਸਭਾ ਦੇ ਦਫਤਰ ਵਿਖੇ ਸਵੇਰੇ 11 ਵਜੇ ਹੋਵੇਗੀ। ਸੰਦਾਂ ਦਾ ਵੇਰਵਾ :- ਮਲਚਰ ਅਤੇ ਪਲੌਉ
ਪ੍ਰਧਾਨ ਦਾ ਸੰਪਰਕ :- 99144-17580
ਸਕੱਤਰ ਸਭਾ :- 98788-93411

## ਨਿਲਾਮੀ ਨੋਟਿਸ

ਦੀ ਅਬਦਾਲ ਬਹੁਮੰਤਵੀ ਸਹਿਕਾਰੀ ਸਭਾ ਲਿਮਟਿਡ ਤਹਿਸੀਲ ਮਜੀਠਾ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਖੇਤੀ ਬਾੜੀ ਸੰਦਾਂ ਦੀ ਨਿਲਾਮੀ ਮਿਤੀ 23.05.25 ਨੂੰ ਸਭਾ ਦੇ ਦਫਤਰ ਵਿਖੇ ਸਵੇਰੇ 11 ਵਜੇ ਹੋਵੇਗੀ। ਸੰਦਾਂ ਦਾ ਵੇਰਵਾ :- ਜੋਹਨ ਡੀਅਰ ਟਰੈਕਟਰ, ਲੇਜਰ ਲੇਵਲ, ਰੀਪਰ, ਟਰਾਲੀ, ਸੁਹਾਗਾ।

ਪ੍ਰਧਾਨ | ਸਕੱਤਰ
84374-47877 | 96464-08049

## ਨਿਲਾਮੀ ਨੋਟਿਸ

ਦੀ ਫੱਤੂਭੀਲਾ ਬਹੁਮੰਤਵੀ ਸਹਿਕਾਰੀ ਸਭਾ ਰਜਿ. ਲਿਮਟਿਡ ਤਹਿਸੀਲ ਮਜੀਠਾ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਖੇਤੀ ਬਾੜੀ ਸੰਦਾ ਦੀ ਨਿਲਾਮੀ ਮਿਤੀ 27-05-25 ਨੂੰ ਸਭਾ ਦੇ ਦਫਤਰ ਵਿਖੇ ਸਵੇਰੇ 11ਵਜੇ ਹੋਵੇਗੀ।
ਸੰਦਾਂ ਦਾ ਵੇਰਵਾ :- ਮਲਚਰ, ਪਲਾਓ, ਰੋਟਾਵੇਟਰ।

ਪ੍ਰਧਾਨ | ਸੈਕਟਰੀ
98552-95117 | 99149-02492.

ਕੋਰਟ ਨੋਟਿਸ
ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ
V/S ਆਮ ਜਨਤਾ
ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।



ਬਿਨੈਕਾਰ ਦਾ ਨਾਮ: ਮੋਹਨ ਸਿੰਘ, ਪਿਤਾ /ਪਤੀ ਦਾ ਨਾਮ: ਬਚਨ ਸਿੰਘ, ਪਤਾ: Rahal Chahal, Village - Rahal Chahal / Tehsil - Khadur Sahib/District-Tarn Taran, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤ ਗਏ ਹਨ:- ਨਾਮ: ਗੁਰਬੇਜ ਸਿੰਘ, ਪੱਕਾ ਪਤਾ: Rahal Chahal, Rahal Chahal Khadur Sahib, Tarn Taran, Punjab, ਵਿਦੇਸ਼ੀ ਪਤਾ: KARLIKOWSKA STREET HOME NUMBER 6 FLAT NUMBER 3 81-732 CITY CODE SOPOT CITY POMORSKIE DISTRICT POLAND COUNTRY/ਕਾਰਲੀਕੋਵਸਕਾ ਗਲੀ ਘਰ ਨੰਬਰ 6 ਫਲੈਟ ਨੰਬਰ 3 81-732 ਸ਼ਹਿਰ ਕੋਡ ਸੋਪੋਟ ਸ਼ਹਿਰ ਪੋਮੋਰਸਕੀ ਜ਼ਿਲ੍ਹਾ ਪੋਲੈਂਡ ਦੇਸ਼, ਉਮਰ/ਜਨਮ ਮਿਤੀ: 31-(27/01/1994)
ਬਿਨੈਕਾਰ ਨੇ ਕਿਹਾ ਹੈ ਕਿ ਉਸ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ। ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ ਨਹੀਂ ਮੰਨਿਆ ਜਾਵੇਗਾ।
ਇਹ ਇਸਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 19/05/2025 ਨੂੰ ਜਾਰੀ ਹੋਇਆ।
ਸਹੀ ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਤਹਿਸੀਲਦਾਰ, ਮਾਨਸਾ

ਵਿਸ਼ਾ - ਦਰਖਾਸਤ ਵੱਲੋਂ ਗੁਰਮੀਤ ਕੌਰ ਉਰਫ ਗੁਰਪ੍ਰੀਤ ਕੌਰ ਵਿਧਵਾ ਮੱਖਣ ਸਿੰਘ ਪਿੰਡ ਮਲਕਪੁਰ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਬਾਬਤ ਮਾਲ ਰਿਕਾਰਡ ਵਿੱਚ ਨਾਂਅ ਦਰੁਸਤ ਕਰਵਾਉਣ ਬਾਰੇ।

ਨੋਟਿਸ ਬਨਾਮ - ਆਮ ਜਨਤਾ

ਇਸ ਨੋਟਿਸ ਰਾਹੀਂ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਗੁਰਮੀਤ ਕੌਰ ਉਰਫ ਗੁਰਪ੍ਰੀਤ ਕੌਰ ਵਿਧਵਾ ਮੱਖਣ ਸਿੰਘ ਪਿੰਡ ਮਲਕਪੁਰ, ਤਹਿਸੀਲ ਦਾ ਜ਼ਿਲ੍ਹਾ ਮਾਨਸਾ ਵੱਲੋਂ ਇਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਗਈ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਵਿੱਚ ਗੁਰਪ੍ਰੀਤ ਕੌਰ ਹੈ ਅਤੇ ਬਾਕੀ ਦਸਤਾਵੇਜ਼ ਆਧਾਰ ਕਾਰਡ, ਵੋਟਰ ਕਾਰਡ, ਪੈਨ ਕਾਰਡ ਆਦਿ ਵਿੱਚ ਗੁਰਮੀਤ ਕੌਰ ਹੈ। ਇਸ ਲਈ ਉਹ ਆਪਣਾ ਨਾਂਅ ਮਾਲ ਰਿਕਾਰਡ ਵਿੱਚ ਗੁਰਪ੍ਰੀਤ ਕੌਰ ਉਰਫ ਗੁਰਮੀਤ ਕੌਰ ਕਰਵਾਉਣਾ ਚਾਹੁੰਦੀ ਹੈ।

ਉਕਤ ਮੇਰੇ ਨਾਂਅ ਨੂੰ ਦਰੁਸਤ ਕਰਨ ਵਿੱਚ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਆਪਣਾ ਉਜ਼ਰ ਇਸ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ।ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਿਯਮਾਂ ਅਨੁਸਾਰ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਅੱਜ ਮਿਤੀ 19/5/25 ਨੂੰ ਇਹ ਮੇਰੀ ਮੋਹਰ ਅਦਾਲਤ ਅਤੇ ਦਸਤਖ਼ਤਾਂ ਹੇਠ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ, ਤਹਿਸੀਲਦਾਰ, ਮਾਨਸਾ।

## COURT NOTICE

(U/o 5 Rule 20 CPC)
In The Court of Supreet Kaur
Additional Civil Judge (Senior Division), Amritsar
ICICI BANK LIMITED
Vs. Bito Kumari
CS-250/2024
CNR No. PBAS02-000416-2024
Next Date:- 22-07-2025

CS RECOVERY
Publication Issued To:
Bito Kumari
Father: Bidhi Chand, H.No. 147, Gali No.4, Gurlal Bazar, New Partap Nagar, Tehsil & District Amritsar- 2nd address SCO 8, Aneja Towers, 3rd Floor, B-Block Market, Ranjit Avenue, Amritsar. 3rd Address Village Guryah, Tehsil Nadaun, P.O. Galore, Hamirpura, H P-17726.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 22-07-2025 at 10:00 a.m.

For details logon to https://highcourtchd.gov.in/?trs=distric_notice&district=Amritsar

Additional Civil Judge (Senior Division) Amritsar
Dated, this day of 07-05-2025

## COURT NOTICE

(U/o 5 Rule 20 CPC)
In The Court of
Ms. Ekta Sahota
Additional Civil Judge Senior Division - 1, Patiala
CNR No. PBPT02-000706-2025
Next Date: 03-07-2025
Daya Ram Singh
Vs
General Public
Publication Issued To:
1. General Public.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 03-07-2025 at 10:00 a.m.

For details logon to https://highcourtchd.gov.in/?mod=district_notice&district=patiala

Additional Civil Judge Senior Division - 1, Patiala
Dated this day of 16-05-2025





## Change of Name

I Harjinder Kumar S/o Surjit Ram Residence V+PO Mehli Tehsil Banga District SBS Nagar.I have changed my minor Daughter name Banita to Banita Rani. All concerned note.

I, Chander Vir S/o Sh. Ram Lubhaiya R/o Vill. Lallian Khurd, PO. Lambra, Distt. Jalandhar have changed my name Chander Vir to Chander Vir Karir. I Ram Lubhaya S/o Ram Parkash R/o Vill. Lallian Khurd, PO. Lambra, Distt. Jalandhar have changed my name as Ram Luhbaya to Ram Lubhaiya.

I, Subansh Paswan S/o. Bhola Pasavan, VPO. & Tehsil Baba Bakala (Amritsar) have changed my name from Subansh Paswan to Subash Paswan. Concerned Note.

I Lakhwinder Singh S/o SantParkash Singh R/o 132-L , Model Town, Jalandhar, Punjab have changed name to Lakhwinder Singh Bharara. Please note.

I, Simmi Sandhu W/O Manbir Singh R/O D7/2248, Main Road,Kot Khalsa, Amritsar, Punjab have changed my name from Simmi Sandhu to Simmi Randhawa. Concerned note.

I, Gurdip Kaur W/O Balbir Singh R/O Bharariwal, Gate Hakima, Amritsar, Punjab have changed my name from Gurdip Kaur to Gurdeep Kaur.Concerned note.

I, Avhinish Kumar S/o Sudesh Kumar R/o H.No. B-20, 275/3 Guru Nanak Nagar, Distt. Hoshiarpur Punjab declare that my name is Avhinish Kumar. Kumar is my surname and my given name is Avhinish. Concerned note.

I hitherto known as KARANDEEP SINGH S/o Makhan Singh R/o House No.1882, Bibi Deep Kaur, Talwan, Jalandhar, Punjab-144039 have changed my name and shall hereafterbe known as KARENDEEP SINGH.

I, SARBHJEET KAUR W/O SUKHDEV SINGH resident of VILL RULIANA PO BARILA KALAN Tehsil Kalanaur Distt. Gurdaspur State Punjab Pin code 143512,I HAVE Change my SARABJIT KAUR To SARBHJEET KAUR BOTH NAMES ARE OF ONE AND SAME PERSON IE MINE.

I Raman Sharma Son of Ajit Kumar R/Oo H.No.5-3425 Tung Pai Road Opp Tarun Enclave Batala Road Amritsar have changed my name to Raman Kumar.

I, Harveen Kaur @ Harveen Sabharwal W/o Jaspreet Singh Sabharwal R/o 353, Maqbool Road, Amritsar have changed my name from Harveen Kaur @ Harveen Sabharwal to Harveen Kaur Sabharwal.

I, Ramesh Rani W/o Vinod Prashar R/o H.No.82, Gali No.3, Tagore Avenue, Majitha Road, Tehsil and District Amritsar have changed my name from Ramesh Rani to Rani Prashar,.

I, Shemsher Singh S/o Dhir Singh R/o VPO Majitha District Amritsr have changed my name from Shemsher Singh to Shamsher Singh.

I, hitherto Known as Sukhwindersingh Fatehsingh Hayier son of Fateh Singh Hayier residing at Shinbhatti, PO Ghorewah District Gurdaspur-143517 Punjab have changed my name and Shall hereafter be known as Sukhwinder Singh.

I, Ashok Kumar S/o Chaman Lal R/o Kothi No.11, Near Ekam Dhaba Hari Paradise Palm Grove Amritsar have changed my name from Ashok Kumar to Ashok Kumar Sharma.

I, Harranbir Singh S/o Baljit Singh R/o Vpo Muchhal, Tehsil Baba Bakala, Distt Amritsar have declare that Harranbir is my Given name and Singh is my Surname.

I, Geetu Mehta W/o Akash Wadhawan R/o H.No.D-810/7, Bazar Chur Beri, Near Chintpurni Mandir, I/s Bhagtan Wala, Amritsar-143001(Pb) have changed my name from Geetu Mehta to Geetu Wadhawan. Plz note.

I Anil Kumar Thakur Son of Kanhiya Lal R/o F20-766A Rana PCO Wali Gali Nehru Colony Majitha Road Amritsar Punjab. have changed my name to Anil Kumar.

I Sunita wife of Anil Kumar R/o F20-766A Rana PCO Wali Gali Nehru Colony Majitha Road Amritsar Punjab have changed my name to Sunita Rani.

I Satwinder Kour W/o Prem Singh R/o D-14/217, Guru Arjan Dev Nagar, Putlighar Amritsar have changed my name from Satwinder Kour To Satwinder Kaur. All Please Note.

I, Neelam Kumari W/o Sandeep Pal R/o H.No.43/13, Albert Road, Ahata Maya Ram Amritsar have changed my name from Neelam to Neelam Kumari

I, Jujhar Singh S/o Hardev Singh R/o Vill Theh Tikha PO Kot Santokh Rai District Gurdaspur have declare that Jujhar is my Given name and Singh is My Surname

I, Anmohankaran Singh S/o Gupreet Singh R/o Village Kalas District Tarn Taran have changed my name from Anmohankaran Singh to Anmoldeep Singh

I, Joginder Paul Bhatia S/o Harbans Lal Bhatia R/o 124, Lane No. 4, Model Town, Near Rani Ka Bagh Amritsar have changed my name to Joginder Pal Bhatia. All Concerned Please Note.

I Gurleen Kaur D/o Gian Singh R/o H.No.97 Bharat Nagar Batala Road Amritsar have changed my name from Gurleen Kaur to given name Gurleen Surname Kaur

I Hemanya A S/o Anish Bajaj Resident of H.No. 1454, Gali Jarau, Marwari Mandir, Katra Ahluwalia, Amritsar have declare that Bajaj is my Surname and Hemanya A is my given name.

I, Chain S/o Mahianga Singh R/o V.P.O. Khanpur Dhadda, Tehsil Nakodar, Jalandhar Rural, Punjab, 144701 changed my name to Chain Singh.

I, Mahakdeep Kaur D/o Bhupinder Singh R/o Shaheed Baba Deep Singh Nagar, old Cant Kapurthala, Distt. Kapurthala, Punjab have changed my name to Mehakdeep Kaur. All Concerned Please Note.

I, hitherto known as MONOARA BIBI W/O AHEJ ALI, Residing at Village Khurdpur, Jalandhar, Punjab 144102, have changed my name and shall hereafter be known as MANOWARA BIBI.

## Change of Name

I, hitherto known as Shanti Devi W/o Gurdip Singh R/o Vill. Mansurpur, Po. Salala, Distt. Jalandhar-144102, Punjab have changed my name and shall hereafter be known as Shant Kaur.

I, Avtar s/o Jagtar Mattu r/o Vill.Metla, Po.Bholtah, Distt. Kapurthala, Punjab have changed my name to Avtar Mattu (Surname as Mattu) All Please Note.

I, Sanjeev Kumar s/o Harbans Lal r/o 3614/79, Sant Nagar, Basti Sheikh, Jalandhar have changed my name to Sanjiv Kumar. All Please Note.

I, Rajesh Kumar s/o Late. Kesho Ram r/o 15, Nakodar Road, Eldeco Green, Vill. Malko, Po. Malko Tarar, Distt. Jalandhar have changed my name from Rajesh Kumar to Rajesh Kumar Verma. All Please Note.

I, Charanpreet Singh Arora s/o Harjinder Singh r/o VPO. Apra, Tehsil Phillaur, Distt. Jalandhar have changed my name to Charanpreet Singh. All Please Note.

I, Sarabjit Kaur W/o Sandeep Singh R/o Village Dhaliwal Dona, Po. Mansurwal Dona, Kapurthala have changed my name from Sarabjit Kaur to Sarbjit Kaur. All Please Note.

I, Sonia D/o Dev Raj R/o Village Nangal Salempur, Po. Industrial Town, Distt. Jalandhar have changed my name from Sonia to Sonia Rani. All Please Note.

I, Rajvinder singh S/o Sucha singh R/o Manan, Po. Sandhu Chatha, Distt. Kapurthala, Punjab have changed my name from Rajvinder Singh to Rajwinder Singh. All Please Note.

I, Kaushal S/o Sat Paul R/o H.No. 1052-C, Bootan Mandi, Jalandhar have changed my name from Kaushal to Kaushal Jassi. All Please Note.

I, Balwinder Kaur W/o Jaswinder Singh R/o VPO. Rurkee Patti Khera, Tehsil Phillaur, Distt. Jalandhar, Punjab have changed my name from Balwinder Kaur to Kaur Balwinder (Kaur as Surname). All Please Note.

I, Ashwani Kumar S/o Mohan Lal R/o Mohalla Talab Wala, VPO. Mehatpur, Distt. Jalandhar, Punjab have changed my name from Ashwani Kumar to Kumar Ashwani (Surname as Kumar) All Please Note.

I, hitherto known as AHED ALI S/O ABDUL KADER, Residing at Village Khurdpur, Jalandhar, Punjab 144102, have changed my name and shall hereafter be known as AHEJ ALI.

## PUBLIC NOTICE

I , Deepak Kumar S/o Om Prakash R/o VPO Bhainai Mian Khan, Tehsil & Distt. Gurdaspur, Punjab Pin- 143517. Declare that my given name as Deepak and my surname as Kumar.

We Rajinder Sharma S/o Heera Lal Sharma and Sunita Devi W/o Rajinder Sharma both R/O Swami Bagh,Guru Ram Dass Nagar,Basti Bawa Khel,Jalandhar declare that my son Rajesh Sharma and his wife Rinki Sharma are out of our control. So we disown them from our moveable and immoveable properties. Anybody deals with them at their own risk and responsibility.All concerned may note.

I, Sanju Devi W/o Virendra Ram R/o H.No. 261, Gali No. 1, Anoop Nagar, Basti Bawa Khel, Jalandhar, Punjab declare that my son Mithilesh Kumar is out of my control. I disinherit him from my movable and immovable properties. I and my family shall not be held responsible for any of his acts deeds and things. All please note.

## ਆਮ ਸੂਚਨਾ

ਮੈਂ, ਜਸਬੀਰ ਕੌਰ ਪਤਨੀ ਬਰਿੰਦਰਬੀਰ ਸਿੰਘ ਵਾਸੀ ਪਿੰਡ ਢੰਡ, ਤਹਿਸੀਲ/ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਬਰਿੰਦਰਬੀਰ ਸਿੰਘ ਜੋ ਕਿ ਮਾੜੀ ਸੰਗਤ ਵਿਚ ਪੈ ਗਿਆ ਹੈ। ਮੈਂ ਇਸ ਨਾਲੋਂ ਹਰ ਤਰ੍ਹਾਂ ਦੇ ਸੰਬੰਧ ਖਤਮ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਹਾਕਮ ਸਿੰਘ ਉਰਫ ਸ਼ੈਂਟੀ ਪੁੱਤਰ ਲੇਖੂ ਸਿੰਘ ਵਾਸੀ ਪਿੰਡ ਕਾਉਂਕੇ ਕਲਾਂ, ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ ਬਿਆਨ ਕਰਦਾ ਹਾਂ ਕਿ ਮੈਨੂੰ ਦੋ ਨਾਵਾਂ ਹਾਕਮ ਸਿੰਘ ਅਤੇ ਸ਼ੈਂਟੀ ਨਾਲ ਜਾਣਿਆ ਜਾਂਦਾ ਹੈ। ਹਾਕਮ ਸਿੰਘ ਅਤੇ ਸ਼ੈਂਟੀ ਦੋਵਾਂ ਨਾਂਵਾਂ ਵਾਲਾ ਇਕ ਵਿਅਕਤੀ ਹੈ।

ਮੈਂ, ਮਨਦੀਪ ਕੌਰ ਉਰਫ ਕਰਮਜੀਤ ਕੌਰ ਪਤਨੀ ਹਾਕਮ ਸਿੰਘ ਉਰਫ ਸ਼ੈਂਟੀ ਪੁੱਤਰ ਲੇਖੂ ਸਿੰਘ ਵਾਸੀ ਪਿੰਡ ਕਾਉਂਕੇ ਕਲਾਂ, ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ ਬਿਆਨ ਕਰਦੀ ਹਾਂ ਕਿ ਮੈਨੂੰ ਦੋ ਨਾਵਾਂ ਮਨਦੀਪ ਕੌਰ ਅਤੇ ਕਰਮਜੀਤ ਕੌਰ ਨਾਲ ਜਾਣਿਆ ਜਾਂਦਾ ਹੈ। ਮਨਦੀਪ ਕੌਰ ਮੇਰੇ ਪੇਕੇ ਘਰ ਦਾ ਨਾਂਅ ਹੈ ਅਤੇ ਕਰਮਜੀਤ ਕੌਰ ਮੇਰੇ ਸਹੁਰੇ ਪਰਵਾਰ ਦਾ ਨਾਂਅ ਹੈ। ਇਹ ਦੋਵੇਂ ਨਾਂਅ ਇਕ ਵਿਅਕਤੀ ਦੇ ਹਨ।

ਖਾਤਾ ਨੰ-ਏ.ਪੀ 12/8166 (3005205470) ਟਿਊਬਵੈੱਲ ਕੁਨੈਕਸ਼ਨ ਜੋ ਕਿ ਗੁਰਮੇਜ ਸਿੰਘ ਚੱਠਾ ਪੁੱਤਰ ਸੱਜਣ ਸਿੰਘ ਦੇ ਨਾਂਅ ਉਪਰ ਰਕਬਾ ਢੰਡੋਵਾਲ ਅਧੀਨ PSPCL ਉੱਪ ਮੰਡਲ ਸ਼ਾਹਕੋਟ ਵਿਖੇ ਚੱਲ ਰਿਹਾ ਹੈ। ਇਹ ਕੁਨੈਕਸ਼ਨ ਗੁਰਮੇਜ ਸਿੰਘ ਵੱਲੋਂ ਸਮੇਤ ਜ਼ਮੀਨ ਜੋਗਿੰਦਰ ਚੱਠਾ ਪੁੱਤਰ ਕਰਨੈਲ ਸਿੰਘ ਵਾਸੀ ਢੰਡੋਵਾਲ ਨੂੰ ਵੇਚ ਦਿੱਤਾ ਗਿਆ ਹੈ। ਹੁਣ ਇਹ ਕੁਨੈਕਸ਼ਨ ਜੋਗਿੰਦਰ ਚੱਠਾ ਪੁੱਤਰ ਕਰਨੈਲ ਸਿੰਘ ਦੇ ਨਾਂਅ ਤਬਦੀਲ ਕੀਤਾ ਜਾਣਾ ਹੈ, ਜੇ ਕਿਸੇ ਨੂੰ ਇਤਰਾਜ਼ ਹੋਵੇ ਤਾਂ ਲਿਖਤੀ ਰੂਪ ਵਿੱਚ PSPCL ਸ਼ਾਹਕੋਟ ਉੱਪ ਮੰਡਲ ਵਿਖੇ 15 ਦਿਨਾਂ ਦੇ ਵਿੱਚ ਪੇਸ਼ ਕਰ ਸਕਦਾ ਹੈ । ਉਪਰੰਤ CON ਕਰ ਦਿੱਤਾ ਜਾਵੇਗਾ।

ਟਿਊਬਵੈਲ ਕੁਨੈਕਸਨ ਖਾਤਾ ਨੰ: 3003057308 ਜੋ ਸ੍ਰੀ ਮਾਧੋ ਸਿੰਘ ਪੁੱਤਰ ਹਾਕੋ ਰਾਮ, ਪਿੰਡ: ਪੱਟੀ (ਹਰਮੋਇਆ), ਜਿਲ੍ਹਾ ਹੁਸ਼ਿਆਰਪੁਰ ਦੇ ਨਾਂ 'ਤੇ ਚੱਲ ਰਿਹਾ ਹੈ, ਹੁਣ ਇਹ ਕੁਨੈਕਸਨ ਸ੍ਰੀ ਇੰਦਰਜੀਤ ਕੌਰ ਪਤਨੀ ਸ੍ਰੀ ਅਵਤਾਰ ਸਿੰਘ ਵਾਸੀ ਪਿੰਡ ਨੌਰੰਗਪੁਰ, ਜਿਲ੍ਹਾ ਕਪੂਰਥਲਾ ਆਪਣੇ ਨਾਂ ਕਰਵਾਉਣਾ ਚਾਹੁੰਦੀ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ ਹੋਵੇ ਤਾ ਉਹ 30 ਦਿਨਾਂ ਦੇ ਅੰਦਰ-ਅੰਦਰ ਐਸ.ਡੀ.ਓ., ਉਪ ਮੰਡਲ ਮਰਨਾਈਆਂ ਖੁਰਦ, ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸੰਪਰਕ ਕਰ ਸਕਦਾ ਹੈ।

ਗੁਰਦਿਆਲ ਸਿੰਘ ਪੁੱਤਰ ਸਤਪਾਲ ਸਿੰਘ ਦੇ ਨਾਮ ਇੰਦਰਾਂਵਾਲ ਵਿੱਚ ਚੱਲ ਰਿਹਾ ਟਿਊਬਵੈੱਲ ਕੁਨੈਕਸ਼ਨ ਖਾਤਾ AP30/1423 ਅਰਜਨ ਸਿੰਘ ਪੁੱਤਰ ਸੁਰਜੀਤ ਸਿੰਘ ਆਪਣੇ ਨਾਮ ਕਰਵਾ ਰਿਹਾ ਹੈ । ਇਤਰਾਜਕਰਤਾ 15 ਦਿਨਾਂ ਅੰਦਰ ਆਪਣਾ ਇਤਰਾਜ ਉਪ ਮੰਡਲ ਅਫਸਰ ਜੌੜਾ ਛੱਤਰਾਂ ਨੂੰ ਪੇਸ਼ ਕਰ ਸਕਦਾ ।

ਵਿਰਸਾ ਸਿੰਘ ਪੁੱਤਰ ਵਧਾਵਾ ਸਿੰਘ ਦੇ ਨਾਮ ਚੱਕ ਅਰਾਈਆਂ ਵਿੱਚ ਚੱਲ ਰਿਹਾ ਟਿਊਬਵੈੱਲ ਕੁਨੈਕਸ਼ਨ ਖਾਤਾ AP17/0798M ਉਹਨਾਂ ਦਾ ਵਾਰਿਸ ਰੋਬਿਨਜੀਤ ਸਿੰਘ ਪੁੱਤਰ ਗੁਰਦੀਪ ਸਿੰਘ ਆਪਣੇ ਨਾਮ ਕਰਵਾ ਰਿਹਾ ਹੈ । ਇਤਰਾਜਕਰਤਾ 15 ਦਿਨਾਂ ਅੰਦਰ ਆਪਣਾ ਇਤਰਾਜ ਉਪ ਮੰਡਲ ਅਫਸਰ ਜੌੜਾ ਛੱਤਰਾਂ ਨੂੰ ਪੇਸ਼ ਕਰ ਸਕਦਾ।

## ਬੇਦਖਲੀ ਨੋਟਿਸ

ਮੈਂ, ਕੁਲਵੰਤ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਭੀਲੋਵਾਲ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਜਸਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਦਾ ਖੁਦ ਜ਼ਿੰਮੇਵਾਰ ਨਹੀਂ ਹੋਵੇਗਾ।

## ਨਾਂਅ ਦੀ ਬਦਲੀ

ਮੈਂ ਦਲਬੀਰ ਸਿੰਘ ਪੁੱਤਰ ਨਾਜਰ ਸਿੰਘ ਸਿੱਧੂ 18-ਏ ਨਿਊ ਆਫੀਸਰਜ ਕਲੋਨੀ ਥਾਨਾ ਸਿਵਲ ਲਾਈਨ ਪਟਿਆਲਾ (ਪੰਜਾਬ) ਨੇ ਆਪਣਾ ਨਾਮ ਬਦਲ ਕੇ ਦਲਬੀਰ ਸਿੰਘ ਸਿੱਧੂ ਰੱਖ ਲਿਆ ਹੈ।

ਮੈਂ ਸਤਿੰਦਰ ਕੌਰ ਪਤਨੀ ਰਣਜੀਤ ਸਿੰਘ, ਪਿੰਡ ਘਨੌਰ ਕਲਾਂ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਸਿੰਦਰਪਾਲ ਕੌਰ ਰੱਖ ਲਿਆ ਹੈ।

ਬਿਕਰਮਜੀਤ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਮੁਹਾਰ, ਰਾਜਾ ਸਾਂਸੀ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹੈ ਕੀ ਮੇਰਾ ਦਾਦਾ ਕੁੰਦਨ ਸਿੰਘ ਤੇ ਮਹਿੰਦਰ ਸਿੰਘ ਦੋਵਾਂ ਨਾਵਾਂ ਨਾਲ ਜਾਣਿਆ ਜਾਣਿਆ ਜਾਂਦਾ ਸੀ। ਉਕਤ ਲਿਖੇ ਦੋਨੋਂ ਨਾਮ ਇੱਕੋ ਵਿਅਕਤੀ ਦੇ ਹਨ।

## ਬੇਦਖਲੀ ਨੋਟਿਸ

ਅਸੀਂ ਨਰਿੰਦਰਜੀਤ ਸਿੰਘ ਪੁੱਤਰ ਸੁਰਜਨ ਸਿੰਘ ਅਤੇ ਜਸਬੀਰ ਕੌਰ ਪਤਨੀ ਨਰਿੰਦਰਜੀਤ ਸਿੰਘ ਵਾਸੀ ਪਿੰਡ ਭਵਾਨੀਪੁਰ, ਤਹਿ. ਵਾ ਜ਼ਿਲ੍ਹਾ ਕਪੂਰਥਲਾ ਆਪਣੇ ਲੜਕੇ ਗੁਰਪ੍ਰੀਤ ਸਿੰਘ ਅਤੇ ਨੂੰਹ ਰਮਨਦੀਪ ਕੌਰ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀ ਸਵਿੰਦਰ ਸਿੰਘ ਪੁੱਤਰ ਬਲਬੀਰ ਸਿੰਘ ਅਤੇ ਬਲਜੀਤ ਕੌਰ ਪਤਨੀ ਸਵਿੰਦਰ ਸਿੰਘ ਵਾਸੀ ਅੱਡਾ ਡੱਡੂਆਣਾ, ਰਸੂਲਪੁਰ ਕਲਾਂ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਨਾਨਕ ਸਿੰਘ ਅਤੇ ਉਸਦੀ ਪਤਨੀ ਜਸ਼ਨਪ੍ਰੀਤ ਕੌਰ ਦੋਵੇਂ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਸਾਡੇ ਨਾਲ ਉਨ੍ਹਾਂ ਦਾ ਵਤੀਰਾ ਬਹੁਤ ਹੀ ਬੁਰਾ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਅਸੀ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਸਾਡਾ ਅਤੇ ਸਾਡੇ ਸਾਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਬਲਵਿੰਦਰ ਕੌਰ ਪਤਨੀ ਜਸਪਾਲ ਸਿੰਘ ਪਿੰਡ ਭਲਿਆਣ ਤਹਿਸੀਲ ਚਮਕੌਰ ਸਿੰਘ ਜ਼ਿਲ੍ਹਾ ਰੂਪਨਗਰ ਨੇ ਆਪਣੇ ਲੜਕੇ ਬੀਰਇੰਦਰ ਸਿੰਘ ਅਤੇ ਉਸ ਦੀ ਪਤਨੀ ਰਮਨਦੀਪ ਕੌਰ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ, ਕਿਉਂਕਿ ਇਹ ਮੇਰੇ ਕਹਿਣੇ ਤੋਂ ਬਾਹਰ ਹਨ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ, ਪੂਜਾ ਪਤਨੀ ਸ੍ਰੀ ਧਰਮਪਾਲ ਪੁੱਤਰ ਸ੍ਰੀ ਚੂਨੀ ਲਾਲ ਵਾਸੀ ਧੀਰ ਕਾਲੋਨੀ, ਪਿੰਡ ਬੁਲੰਦਪੁਰ ਨੂਰਪੁਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਬੌਵੀ, ਉਸ ਦੀ ਪਤਨੀ ਆਸ਼ਾ ਰਾਣੀ ਅਤੇ ਬੱਚੇ ਨਕਸ਼ ਵਾ ਪੀਹੂ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ। (11988)

ਮੈਂ ਗੁਰਦਿਆਲ ਸਿੰਘ ਪੁੱਤਰ ਸ੍ਰੀ ਜਰਨੈਲ ਸਿੰਘ ਅਤੇ ਦਵਿੰਦਰ ਕੌਰ ਪਤਨੀ ਗੁਰਦਿਆਲ ਸਿੰਘ ਵਾਸੀ ਪਿੰਡ ਲੁਟੇਰਾ ਕਲਾਂ, ਕਾਲਰਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਸਾਡਾ ਲੜਕਾ ਹਰਮਿੰਦਰ ਪਾਲ ਸਿੰਘ, ਨੂੰਹ ਗੁਰਪ੍ਰੀਤ ਕੌਰ ਅਤੇ ਉਨ੍ਹਾਂ ਦਾ ਬੇਟਾ ਬਲਤੇਜਵੀਰ ਸਿੰਘ ਪਰਹਾਰ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ। (11987)

ਮੈਂ, ਪਿਸ਼ੌਰਾ ਸਿੰਘ ਪੁੱਤਰ ਅਜੀਤ ਸਿੰਘ ਵਾਸੀਆਨ ਪਿੰਡ ਕੋਟਲਾ ਦਲ ਸਿੰਘ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਿਸ ਦਾ ਨਾਂਅ ਸਰਮੁੱਖ ਸਿੰਘ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਅਤੇ ਮੇਰੇ ਪਰਵਾਰ ਦਾ ਕੋਈ ਵੀ ਮੈਂਬਰ ਇਸ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਕੇਵਲ ਸਿੰਘ ਪੁੱਤਰ ਕਰਮ ਸਿੰਘ 64 ਸਾਲ ਵਾਸੀ ਪਿੰਡ ਛੋਹਰ, ਡਾਕ. ਪੱਤੜ ਕਲਾਂ, ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ-144806, ਮੇਰਾ ਲੜਕਾ ਬਲਵੀਰ ਸਿੰਘ ਉਰਫ ਮੋਨੂੰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰ ਦਿੱਤਾ ਹੈ। ਅਗਾਂਹ ਤੋਂ ਇਸ ਨਾਲ ਲੈਣ-ਦੇਣ ਰੱਖਣ ਵਾਲਾ ਅਤੇ ਲੜਾਈ-ਝਗੜਾ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸਿਮਰਨਜੀਤ ਕੌਰ ਪਤਨੀ ਜੀਤ ਸਿੰਘ ਵਾਸੀ ਮਕਾਨ ਨੰਬਰ 53, ਵਾਰਡ ਨੰ: 13 ਦਸਮੇਸ਼ ਨਗਰ ਫਰੀਦਕੋਟ, ਤਹਿਸੀਲ ਤੇ ਜ਼ਿਲ੍ਹਾ ਫਰੀਦਕੋਟ ਸੂਚਿਤ ਕਰਦੀ ਹਾਂ ਕਿ ਮੇਰੀ ਲੜਕੀ ਮਹਿਕ (ਕੁਆਰੀ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਜੋਗਿੰਦਰ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਪੱਤੀ ਫੂਲਿਆਂ ਦੀ,ਪਿੰਡ ਸ਼ੀਤਾਕਲਾਂ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਮੀਤ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ, ਮੇਰੇ ਨਾਲ ਬਦਸਲੂਕੀ ਕਰਦਾ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਧਰਮਪਾਲ ਧੁਪੜ ਪੁੱਤਰ ਲੇਟ ਸ਼੍ਰੀ ਓਮ ਪ੍ਰਕਾਸ਼ , ਵਾਸੀ ਮਕਾਨ ਨੰਬਰ 788/15, ਰਾਜਾ ਗਾਰਡਨ ,ਬਸਤੀ ਬਾਵਾ ਖੇਲ ,ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰੋਹਿਤ ਕੁਮਾਰ ਅਤੇ ਉਸ ਦੀ ਪਤਨੀ ਭਾਰਤੀ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਉਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਕਸ਼ਮੀਰ ਸਿੰਘ ਪੁੱਤਰ ਜੀਤ ਸਿੰਘ ਵਾਸੀ ਪਿੰਡ ਚਚਰਾੜੀ, ਤਹਿ. ਫਿਲੌਰ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ੇਖਰ (ਕੁਆਰਾ) ਅਤੇ ਲੜਕੀਆਂ ਕੁਲਵਿੰਦਰ ਕੌਰ, ਕਰਨਜੀਤ ਕੌਰ (ਸ਼ਾਦੀਸ਼ੁਦਾ) ਅਤੇ ਸਿਮਰਨ ਕੌਰ, ਰਾਜਵਿੰਦਰ ਕੌਰ (ਕੁਵਾਰੀਆਂ) ਅਤੇ ਮੇਰੀ ਪਤਨੀ ਦਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਇਸ ਲਈ ਮੈਂ ਉਪਰੋਕਤ ਇਨ੍ਹਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਧਰਮਪਾਲ ਪੁੱਤਰ ਲੇਟ ਬਿਹਾਰੀ ਲਾਲ ਅਤੇ ਸੁਦੇਸ਼ ਪਤਨੀ ਸ੍ਰੀ ਧਰਮਪਾਲ ਵਾਸੀਆਨ ਬੀ-2/184, ਗਾਂਧੀ ਕੈਂਪ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਸ਼ਾਲ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰ ਨਹੀਂ ਹੋਵੇਗੀ।

ਮੈਂ ਨਰਿੰਦਰ ਕੁਮਾਰ ਪੁੱਤਰ ਲੇਟ ਸਰਦਾਰੀ ਲਾਲ ਵਾਸੀ ਮਕਾਨ ਨੰ. 23-ਸੀ, ਗਲੀ ਨੰ.11, ਨਿਊ ਕਾਂਗੜਾ ਕਲੋਨੀ ਨੇੜੇ ਦਮੂਹੀ ਮੰਦਿਰ ਅੰਮ੍ਰਿਤਸਰ ਬਿਆਣ ਕਰਦਾ ਹੈ ਕਿ ਮੇਰਾ ਲੜਕਾ ਰਾਜਨ ਅਬਰੋਲ ਅਤੇ ਉਸਦੀ ਪਤਨੀ ਬੇਨੀ ਉਰਫ ਪ੍ਰਿਆ ਅਤੇ ਉਨ੍ਹਾਂ ਦੇ ਬੱਚੇ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ

ਮੈਂ ਜਸਵਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਪਿੰਡ ਪੱਖੋਕੇ, ਖਡੂਰ ਸਾਹਿਬ ਜਿਲਾ ਤਰਨਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜਿੰਦਰ ਸਿੰਘ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈ ਜੀਆ ਲਾਲ ਪੁੱਤਰ ਬਿਲੌਂ ਮਲ ਵਾਸੀ 88/6, ਰਾਮ ਗਲੀ, ਤੁੰਡਾ ਤਲਾਬ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਵਿਕਾਲ ਕਾਪ ਉਸਦੀ ਪਤਨੀ ਮਨਪ੍ਰੀਤ ਕੌਰ ਅਤੇ ਮੇਰੀ ਵੱਡੀ ਨੂੰਹ ਕਾਮੀਨੀ ਪਤਨੀ ਸੁਧੀਰ ਕੁਮਾਰ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ ਤੇ ਮੇਰੀ ਕਿਸੇ ਵੀ ਗੱਲ ਨੂੰ ਨਹੀ ਮੰਨਦੇ ਹਨ ਮੈ ਉਹਨਾਂ ਨੂੰ ਆਪਣੀ ਚਲ-ਅਚਲ ਜਾਇਦਾਦ ਤੋ ਬੇਦਖਲ ਕਰਦਾ ਹਾਂ ਉਹਨਾਂ ਦੇ ਕਿਸੇ ਵੀ ਮਾੜੇ ਚੰਗੇ ਕੰਮ ਜਾਂ ਲੈਣ ਦੇਣ ਦਾ ਮੈ ਜਾਂ ਮੇਰੇ ਪਰਿਵਾਰ ਦਾ ਕੋਈ ਮੈਂਬਰ ਜਿੰਮੇਵਾਰ ਨਹੀ ਹੋਵੇਗਾ. ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ।

ਮੈਂ, ਜਸਬੀਰ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਮਕਾਨ ਨੰ: 40, ਗਲੀ ਨੰ: 7, ਸੰਗਤ ਸਿੰਘ ਨਗਰ, ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਇੰਦਰਜੀਤ ਸਿੰਘ ਉਰਫ ਰਾਜਾ ਅਤੇ ਉਸਦੀ ਪਤਨੀ ਪ੍ਰਿਤਪਾਲ ਕੌਰ ਉਰਫ ਰੇਖਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਗਗਨ ਭਲੂਰੀਆ, ਅਵਤਾਰ ਚੜਿੱਕ ਤੇ ਸਾਥੀ ਭਲੂਰ ਦੀ ਸੱਥ 'ਚ ਲਾਉਣਗੇ ਰੌਣਕਾਂ





ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਅਦਾਰਾ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਨੂੰ ਜਾਣਕਾਰੀ ਦਿੰਦਿਆਂ ਨੌਜਵਾਨ ਬੇਅੰਤ ਗਿੱਲ ਨੇ ਦੱਸਿਆ ਕਿ 24 ਮਈ 2025 ਦਿਨ ਸ਼ਨੀਵਾਰ ਨੂੰ ਸ਼ਾਮ 3 ਵਜੇ ਕਿਸਾਨ ਸੰਘਰਸ਼ ਦੇ ਯੋਧੇ, ਭੰਡ ਕਲਾ ਨੂੰ ਪ੍ਰਨਾਏ ਨਾਮਵਰ ਨੌਜਵਾਨ ਅਵਤਾਰ ਚੜਿੱਕ ਤੇ ਨੌਜਵਾਨ ਇਕਬਾਲ ਇਕ ਨਿਵੇਕਲੀ ਭੰਡ ਕਲਾ ਨਾਲ ਸਭ ਦੇ ਰੂ-ਬ-ਰੂ ਹੋਣਗੇ।ਇਸਦੇ ਨਾਲ ਹੀ ਭਲੂਰ ਦੀ ਮਿੱਟੀ ਦਾ ਪੁੱਤ ਗਗਨ ਭਲੂਰੀਆ ਆਪਣੀ ਟੀਮ ਸਮੇਤ ਆਪਣੇ ਪਿੰਡ ਦੇ ਨੌਜਵਾਨਾਂ, ਬਜ਼ੁਰਗਾਂ, ਭੈਣਾਂ-ਬੀਬੀਆਂ ਤੇ ਬੱਚਿਆਂ ਨਾਲ ਆਪਣੀ ਵਿਰਾਸਤੀ ਗਾਇਕੀ ਦੀ ਖੂਬਸੂਰਤ ਸਾਂਝ ਪਾਉਣਗੇ।ਕਵੀ ਬੇਅੰਤ ਗਿੱਲ ਨੇ ਆਖਿਆ ਕਿ ਨੌਜਵਾਨ ਗਗਨ ਭਲੂਰੀਆ ਕਿਸੇ ਜਾਣ ਪਛਾਣ ਦਾ ਮੁਥਾਜ ਨਹੀਂ ਹੈ, ਉਹ ਬੜੇ ਲੰਬੇ ਸਮੇਂ ਤੋਂ ਕਲਾ ਖੇਤਰ ਨਾਲ ਜੁੜਿਆ ਹੋਇਆ ਹੈ ਪਰ ਵਿਰਾਸਤੀ ਗਾਇਕੀ ਵੱਲ ਉਸਨੇ ਨਵੇਂ ਨਵੇਂ ਪੈਰ ਪੁੱਟੇ ਹਨ।ਇਹ ਗਾਇਕੀ ਅਨਮੁੱਲੀ ਤੇ ਪੰਜਾਬ ਦੀ ਅਸਲ ਤਸਵੀਰ ਹੈ।ਉਨ੍ਹਾਂ ਨੇ ਕਿਹਾ ਕਿ ਨੌਜਵਾਨ ਅਵਤਾਰ ਚੜਿੱਕ ਤੇ ਸਾਥੀ ਇਕਬਾਲ ਦੀ ਭੰਡ ਕਲਾ ਨੂੰ ਲੋਕ ਬੇਹੱਦ ਪਸੰਦ ਕਰ ਰਹੇ ਹਨ ।ਉਹ ਹਰ ਪਾਸੇ ਹਾਸੇ ਤੇ ਖੁਸ਼ੀਆਂ ਵੰਡ ਰਹੇ ਹਨ। ਦੱਸ ਦੇਈਏ ਕਿ ਪਿੰਡ ਭਲੂਰ ਦੀ ਸੱਥ ਵਿੱਚ 24 ਮਈ 2025 ਦਿਨ ਸ਼ਨੀਵਾਰ ਨੂੰ ਲੱਗਣ ਵਾਲਾ ਖੁੱਲ੍ਹਾ ਵਿਰਾਸਤੀ ਅਖਾੜਾ ਗ੍ਰਾਮ ਪੰਚਾਇਤ ਭਲੂਰ, ਸਮੂਹ ਨਗਰ ਭਲੂਰ ਅਤੇ ਸਮੂਹ ਸੰਸਥਾਵਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।ਸੋ ਸ਼ਾਮ 3 ਵਜੇ ਪਿੰਡ ਭਲੂਰ ਵਿਖੇ ਪਹੁੰਚ ਕੇ ਇਸ ਅਖਾੜੇ ਦਾ ਆਨੰਦ ਮਾਣਿਆ ਜਾ ਸਕਦਾ ਹੈ।

# ਡਾ. ਅੰਬੇਡਕਰ ਨੇ ਸਭ ਨੂੰ ਬਰਾਬਰ ਦੇ ਹੱਕ ਲੈ ਕੇ ਦਿੱਤੇ : ਬੇਗਮਪੁਰਾ ਟਾਈਗਰ ਫੋਰਸ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਟਾਉਨ ਹੁਸ਼ਿਆਰਪੁਰ ਵਿਖੇ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਦੇ ਫੋਰਸ ਦੇ ਧਾਕੜ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਦੋਆਬਾ ਪ੍ਰਧਾਨ ਨੇਕੂ ਅਜਨੋਹਾ ਅਤੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਭਾਰਤੀ ਸੰਵਿਧਾਨ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਭਾਰਤ ਦੇ ਹਰ ਧਰਮ ਹਰ ਮਜ਼੍ਹਬ ਨੂੰ ਸੰਵਿਧਾਨ ਰਾਹੀਂ ਬਰਾਬਰ ਦੇ ਹੱਕ ਲੈ ਕੇ ਦਿੱਤੇ ਹਨ। ਉਨ੍ਹਾਂ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਪੂਰੇ ਪੰਜਾਬ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਲਗਨ ਤੇ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ।ਆਗੂਆਂ ਨੇ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਵਲੋਂ ਪਿੰਡਾਂ ਵਿੱਚ ਜਾਕੇ ਹਰੇਕ ਵਰਗ ਦੇ ਲੋਕਾਂ ਨੂੰ ਸੰਵਿਧਾਨ ਬਾਰੇ ਜਾਗਰੂਕ ਕੀਤਾ ਜਾਵੇਗਾ ਅਤੇ ਸੰਵਿਧਾਨ ਵਿਚ ਦਰਜ ਉਨ੍ਹਾਂ ਦੇ ਹੱਕਾਂ ਅਤੇ ਫਰਜ਼ਾਂ ਵਾਰੇ ਜਾਣੂ ਕਰਵਾਇਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਵੀ ਸੁੰਦਰ ਨਗਰ, ਸੋਨੂੰ ਸੁੰਦਰ ਨਗਰ, ਬਾਲੀ ਫਤਿਹਗੜ੍ਹ, ਸੁੱਖੀ ਫਤਿਹਗੜ੍ਹ, ਅਮਨ, ਮਨੀਸ਼, ਹਰਪ੍ਰੀਤ ਹੈਪੀ, ਆਦਿ ਹਾਜ਼ਰ ਸਨ।

## ਬੇਦਖਲੀ ਨੋਟਿਸ

ਮੈਂ, ਪੂਜਾ ਪਤਨੀ ਲੇਟ ਸ੍ਰੀ ਪਵਨ ਸ਼ਰਮਾ ਵਾਸੀ ਮਕਾਨ ਨੰ: ਐਨ.ਐਚ-158, ਨੀਲਾ ਮਹਿਲ, ਨੇੜੇ ਸੀਤਲਾ ਮੰਦਿਰ, ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਮਾਨਵ ਅਤੇ ਨੂੰਹ ਗੁੰਜਨ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਤਰਸੇਮ ਮਸੀਹ ਪੁੱਤਰ ਸ੍ਰੀ ਸੈਮੂਅਲ ਮਸੀਹ ਵਾਸੀ ਪਿੰਡ ਕਾਸ਼ਤੀਵਾਲ, ਡਾਕਖਾਨਾ ਅਲੀਵਾਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੇ ਦੋਵੇਂ ਲੜਕੇ ਫਿਲਪਸ ਮਸੀਹ ਤੇ ਥੌਮਸ ਮਸੀਹ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਪਰਮਜੀਤ ਕੌਰ ਪਤਨੀ ਤਰਲੋਕ ਸਿੰਘ ਵਾਸੀ ਮਕਾਨ ਨੰ. 22, ਗਦਾਈਪੁਰ, ਇੰਡਸਟਰੀਅਲ ਟਾਊਨ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਪਾਲ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਅਮੈਨੁਅਲ ਪੁੱਤਰ ਬਾਬੂ ਲਾਲ ਵਾਸੀ ਮਕਾਨ ਨੰ. 256/3 ਬੀ ਆਈ ਬਜ਼ਾਰ, ਜਲੰਧਰ ਕੈਂਟ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੈਨੀ ਅਤੇ ਉਸਦੀ ਪਤਨੀ ਸੋਨੀਆਂ ਉਰਫ ਨਰਗਿਸ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਜਸਵਿੰਦਰ ਕੌਰ ਪਤਨੀ ਜਰਨੈਲ ਸਿੰਘ ਵਾਸੀ ਤਾਰਪੁਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਮਾਹਿਲਪ੍ਰੀਤ ਕੌਰ ਸਰ ਕਹਿਣੇਕਾਰ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਤੇਜਬੀਰ ਸਿੰਘ ਪੁੱਤਰ ਬਾਵਾ ਸਿੰਘ ਵਾਸੀ ਪਿੰਡ ਢੰਡ, ਤਹਿ. ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਰਿੰਦਰਬੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਅਤੇ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਾਜਵਿੰਦਰ ਸਿੰਘ ਪੁੱਤਰ ਜ਼ਿੰਦਾ ਸਿੰਘ ਵਾਸੀ ਪਿੰਡ ਢੰਡ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ਰਨਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪ੍ਰੇਮ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਭੁੱਚਰ ਖੁਰਦ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਰਮਨਜੀਤ ਸਿੰਘ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।


ਮੈਂ, ਲਖਵਿੰਦਰ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਪਿੰਡ ਸੋਹਲ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸ਼ਨਪ੍ਰੀਤ ਸਿੰਘ ਮੇਰੇ ਕਹਿਣੇਕਾਰ ਨਹੀਂ ਹੈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਰਿਸ਼ਤਾ ਨਹੀਂ ਹੈ।

ਅਸੀਂ, ਬਲਬੀਰ ਕੁਮਾਰ ਪੁੱਤਰ ਨਾਨਕ ਚੰਦ ਅਤੇ ਨੱਥੀ ਪਤਨੀ ਬਲਬੀਰ ਕੁਮਾਰ ਵਾਸੀ ਮਕਾਨ ਨੰ: 2319, ਸਰਕੂਲਰ ਰੋਡ, ਗੇਟ ਹਕੀਮਾਂ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਵਿਕਰਮ ਕੁਮਾਰ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਅਸੀਂ ਅਤੇ ਸਾਡਾ ਪਰਵਾਰ ਇਸ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਨੀਲਮ ਕੁਮਾਰੀ ਪਤਨੀ ਸੁਰਿੰਦਰ ਕੁਮਾਰ ਵਾਸੀ 31-ਬੀ, ਮੂਨ ਐਵੀਨਿਊ, ਮਜੀਠਾ ਰੋਡ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਸੌਰਵ ਖੰਨਾ ਅਤੇ ਮੇਰੀ ਨੂੰਹ ਨੇਹਾ ਖੰਨਾ ਉਰਫ ਪਲਕਿਨ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੈਂ ਅਤੇ ਮੇਰਾ ਪਰਵਾਰ ਇਨ੍ਹਾਂ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।


ਮੈਂ, ਸ਼ਰਨਜੀਤ ਕੌਰ ਪਤਨੀ ਪੂਰਨ ਸਿੰਘ ਵਾਸੀ ਮਕਾਨ ਨੰ. 27-ਏ, ਗਲੀ ਨੰ: 16, ਨਿਊ ਗੁਰਨਾਮ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਬਲਜੀਤ ਸਿੰਘ ਅਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੈਂ ਅਤੇ ਮੇਰਾ ਪਰਵਾਰ ਇਨ੍ਹਾਂ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

# ਸਮੇਂ ਸਿਰ ਪਤਾ ਲੱਗ ਜਾਣ 'ਤੇ ਬਿਮਾਰੀ ਦਾ ਇਲਾਜ ਸੰਭਵ- ਡਾ. ਸ੍ਰਿਸ਼ਟੀ ਅਰੋੜਾ



ਫਿਲੌਰ, (ਨਿਰਮਲ)- ਇਥੇ ਪ੍ਰੈਸ ਕਾਨਫਰੰਸ ਦੌਰਾਨੇ ਯੂਨੀਵਰਸ ਸੀ.ਟੀ.ਸਕੈਨ ਅਤੇ ਡਾਇਗਨੋਸਟਿਕ ਸੈਂਟਰ ਫਿਲੌਰ ਦੇ ਮੁਖੀ ਰੇਡੀਆਲੋਜਿਸਟ ਡਾ.ਸ੍ਰਿਸ਼ਟੀ ਅਰੋੜਾ ਨੇ ਕਿਹਾ ਕਿ ਜੇ ਸਾਨੂੰ ਸਮੇਂ ਸਿਰ ਪਤਾ ਲੱਗ ਜਾਵੇ ਕਿ ਮਨੁੱਖ ਨੂੰ ਕੀ ਬਿਮਾਰੀ ਹੈ ਤਾਂ ਉਸ ਦਾ ਇਲਾਜ਼ ਹੋਰ ਵੀ ਬਿਹਤਰ ਢੰਗ ਨਾਲ ਹੋ ਸਕਦਾ ਹੈ। ਡਾ. ਅਰੋੜਾ ਨੇ ਕਿਹਾ ਕਿ ਅੰਦਰੂਨੀ ਬਿਮਾਰੀਆਂ ਬਾਰੇ ਜਾਨਣ ਲਈ ਸਾਨੂੰ ਆਧੁਨਿਕ ਤਕਨੀਕ ਜ਼ਿਆਦਾ ਮਦਦਗਾਰ ਸਿੱਧ ਹੁੰਦੀ ਹੈ। ਉਨ੍ਹਾਂ ਕਿਹਾ ਕਿ ਹੋਰਨਾਂ ਕੰਮਾਂ ਵਾਂਗ ਮੈਡੀਕਲ ਪ੍ਰੋਫੈਸ਼ਨ ਵਿੱਚ ਵੀ ਕੰਪਿਊਟਰ ਅਤੇ ਡਿਜ਼ੀਟਲ ਤਕਨੀਕ ਨੇ ਕ੍ਰਾਂਤੀ ਲਿਆ ਦਿੱਤੀ ਹੈ। ਇਸ ਲਈ ਸਾਨੂੰ ਚਾਹੀਦਾ ਹੈ ਕਿ ਅਸੀਂ ਵੀ ਨਵੀਆਂ ਤਕਨੀਕਾਂ ਦਾ ਲਾਭ ਲਈਏ ਅਤੇ ਸਹੀ ਇਲਾਜ਼ ਕਰਵਾਈਏ। ਇਸ ਮੌਕੇ ਸੀਨੀਅਰ ਐਡਵੋਕੇਟ ਸੱਤਿਆਨੰਦ ਅੱਗਰਵਾਲ, ਮੈਡਮ ਰੋਮੀ ਅੱਗਰਵਾਲ, ਅਰੋੜਾ ਨਰਸਿੰਗ ਹੋਮ ਦੇ ਮੁਖੀ ਡਾ.ਸਤੀਸ਼ ਅਰੋੜਾ, ਪ੍ਰੋ. ਸੁਧਾ ਅਰੋੜਾ, ਐਡਵੋਕੇਟ ਚੇਤਨ ਅੱਗਰਵਾਲ, ਡਾ. ਇਸ਼ਪਤਾ, ਡਾ.ਰਾਕੇਸ਼ ਸ਼ਰਮਾ, ਕੌਂਸਲਰ ਡਾ.ਵੈਭਵ ਸ਼ਰਮਾ, ਕੌਂਸਲਰ ਰਾਜ ਕੁਮਾਰ ਸੰਧੂ, ਮੁਕੇਸ਼ ਗਾਬਾ, ਸੁਰਿੰਦਰ ਡਾਬਰ, ਅਮਿਤ ਸ਼ਰਮਾ, ਲਖਵਿੰਦਰ ਜੌਹਲ ਤੋਂ ਇਲਾਵਾ ਸਟਾਫ਼ ਮੈਂਬਰਜ਼ ਪਲਕ ਸ਼ਰਮਾ, ਰੇਨੂਕਾ ਠਾਕੁਰ ਆਦਿ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਡੇਂਗੂ ਤੇ ਨਸ਼ਿਆਂ ਵਿਰੁੱਧ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਡਾਕਟਰ ਜੰਗਜੀਤ ਸਿੰਘ ਸੀਨੀਅਰ ਮੈਡੀਕਲ ਅਫਸਰ ਦੀ ਅਗਵਾਈ 'ਚ ਡੇਂਗੂ ਅਤੇ ਨਸ਼ਿਆਂ ਵਿਰੁੱਧ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ। ਸਰਕਾਰੀ ਹਾਈ ਸਕੂਲ ਕੋਟਲਾ ਵਿਖੇ ਨੌਵੀਂ ਅਤੇ ਦਸਵੀਂ ਜਮਾਤ ਦੇ ਬੱਚਿਆਂ ਨੂੰ ਯੁੱਧ ਨਸ਼ਿਆਂ ਵਿਰੁੱਧ ਬਾਰੇ ਬਹੁਤ ਹੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਰਵਿੰਦਰ ਸਿੰਘ ਹੈਲਥ ਵਰਕਰ ਵੱਲੋਂ ਬੱਚਿਆਂ ਨੂੰ ਦੱਸਿਆ ਗਿਆ ਕਿ ਨਸ਼ਾ ਸਿਹਤ ਲਈ ਹਾਨੀਕਾਰਕ ਹੈ, ਇਸ ਤੋਂ ਬਚਣ ਲਈ ਸਵੇਰੇ ਸ਼ਾਮ ਕਸਰਤ ਕਰੋ। ਮਲੇਰੀਆ ਡੇਂਗੂ ਚਿਕਨ ਗੁਨੀਆ ਅਤੇ ਦਸਤ ਰੋਗ ਬਾਰੇ ਵੀ ਦੱਸਿਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਡੇਂਗੂ ਤੋਂ ਬਚਣ ਲਈ ਆਪਣੇ ਆਲੇ ਦੁਆਲੇ ਪਾਣੀ ਨਾ ਖੜ੍ਹਾ ਹੋਣ ਦਿਓ ਕੂਲਰ ਫਰਿਜ ਪੁਰਾਣੇ ਟਾਇਰ ਗਮਲੇ ਹੋਰ ਕਬਾੜ ਆਦੀ ਪਾਣੀ ਨਾ ਖੜਨ ਦਿਓ, ਇਸ ਲਈ ਸਾਨੂੰ ਸਭ ਨੂੰ ਹਰ ਸ਼ੁੱਕਰਵਾਰ ਨੂੰ ਡਰਾਈ ਡੇ ਵਜੋਂ ਮਨਾਉਣਾ ਚਾਹੀਦਾ ਹੈ, ਤਾਂ ਕਿ ਅਸੀਂ ਸਭ ਡੇਂਗੂ ਦੇ ਵਾਰ ਤੋਂ ਬਚ ਸਕੀਏ। ਡੇਂਗੂ ਦਾ ਇਲਾਜ ਅਤੇ ਟੈਸਟ ਸਰਕਾਰੀ ਹਸਪਤਾਲ ਬਿਲਕੁਲ ਮੁਫਤ ਹੁੰਦੇ ਹਨ। ਇਸ ਮੌਕੇ ਹੈਡ ਮਾਸਟਰ ਕੁਲਵੀਰ ਸਿੰਘ, ਭਰਪੂਰ ਕੌਰ ਆਸ਼ਾ ਵਰਕਰ ਆਦਿ ਹਾਜ਼ਰ ਸਨ।

20-MAY-PAGE-7.qxd 5/19/2025 10:27 PM Page 1



## ਟ੍ਰੈਫਿਕ ਪੁਲਸ ਨੇ ਵੱਖ-ਵੱਖ ਸਕੂਲੀ ਵਾਹਨਾਂ ਦੇ ਕੀਤੇ ਚਲਾਨ



**ਰਾਜਪੁਰਾ (ਰਮੇਸ਼ ਕਟਾਰੀਆ)**-ਮਾਨਯੋਗ ਐੱਸ ਐੱਸ ਪੀ ਪਟਿਆਲਾ ਸ੍ਰੀ ਵਰੁਣ ਕੁਮਾਰ ਸ਼ਰਮਾ ਆਈ ਪੀ ਐੱਸ ਦੇ ਦਿਸ਼ਾ ਨਿਰਦੇਸ਼ ਤੇ ਐੱਸ ਪੀ ਟ੍ਰੈਫਿਕ ਪਟਿਆਲਾ ਸ੍ਰੀ ਕ੍ਰਿਸ਼ਨ ਕੁਮਾਰ ਪੈਂਥੇ ਅਤੇ ਡੀ ਐੱਸ ਪੀ ਅੱਛਰੂ ਰਾਮ ਟ੍ਰੈਫਿਕ ਪਟਿਆਲਾ ਦੀ ਅਗਵਾਈ ਹੇਠ ਵੱਖ ਵੱਖ ਸਕੂਲਾਂ ਵਿੱਚ ਜਾ ਕੇ ਇੰਚਾਰਜ ਟ੍ਰੈਫਿਕ ਪੁਲਸ ਰਾਜਪੁਰਾ ਏ ਐੱਸ ਆਈ ਗੁਰਬਚਨ ਸਿੰਘ ਸਮੇਤ ਏ ਐੱਸ ਆਈ ਗੁਰਨਾਮ ਸਿੰਘ, ਹੌਲਦਾਰ ਨਰਿੰਦਰ ਸਿੰਘ ਨੇ ਸਕੂਲ ਬੱਸ ਓਵਰ ਲੋਡ ਸਕੂਲੀ ਬੱਚੇ (4), ਟਾਟਾ ਮੈਜਿਕ ਸਕੂਲੀ ਬੱਚੇ ਓਵਰ ਲੋਡ (5), ਗਲਤ ਪਾਰਕਿੰਗ (5), ਥਰੀ ਵ੍ਹੀਲਰ ਬਿਨਾਂ ਫਿਟਨੈੱਸ (1), ਬੁਲੇਟ ਮੋਟਰਸਾਈਕਲ ਸਲੰਸਰ (2) ਤਿੰਨ ਸਵਾਰੀਆਂ ਕੁੱਲ 20 ਚਲਾਨ ਕੀਤੇ ਗਏ ਅਤੇ ਲੋਕਾਂ ਨੂੰ ਕਿਹਾ ਕਿ ਉਹ ਟ੍ਰੈਫਿਕ ਨਿਯਮਾਂ ਦਾ ਪਾਲਣ ਕਰਦੇ ਰਹਿਣ।

## ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਦਾ ਨਤੀਜਾ ਸ਼ਾਨਦਾਰ



**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਦਾ ਸੀ.ਬੀ.ਐੱਸ.ਈ. ਬੋਰਡ ਵੱਲੋਂ ਜਾਰੀ ਦਸਵੀਂ ਤੇ ਬਾਰਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਵਿੱਚ ਬਾਰਵੀਂ ਕਾਮਰਸ ਗਰੁੱਪ 'ਚ ਕਮਲ ਵੀਰ ਕੌਰ ਧਾਲੀਵਾਲ ਨੇ 97.8% ਤੇ ਵੰਸ਼ਿਕਾ ਜੈਨ ਨੇ 97.8% ਅੰਕਾਂ ਨਾਲ ਪਹਿਲਾ ਸਥਾਨ, ਦਿਲਜਾਨ ਸਿੰਘ ਧਾਲੀਵਾਲ ਨੇ 94.8% ਅੰਕਾਂ ਨਾਲ ਦੂਸਰਾ ਤੇ ਜਸ਼ਨਦੀਪ ਕੌਰ ਢਿੱਲੋਂ ਨੇ 91% ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ।ਸਾਇੰਸ ਗਰੁੱਪ ਵਿੱਚ ਜਸ਼ਨਦੀਪ ਕੌਰ ਧਾਲੀਵਾਲ ਨੇ 96.8% ਅੰਕਾਂ ਨਾਲ ਪਹਿਲਾ, ਸੁਖਪ੍ਰੀਤ ਕੌਰ ਨੇ 95.2% ਅੰਕਾਂ ਨਾਲ ਦੂਸਰਾ ਤੇ ਸੁਖਵੀਰ ਕੌਰ ਮਾਨ ਨੇ 94.2% ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਦਸਵੀਂ ਕਲਾਸ ਦਾ ਨਤੀਜਾ ਵੀ ਸ਼ਾਨਦਾਰ ਰਿਹਾ, ਜਿਸ ਵਿੱਚ ਮਹਿਕ ਪ੍ਰੀਤ ਕੌਰ ਸਿੱਧੂ ਨੇ 91.4 ਅੰਕਾਂ ਨਾਲ ਪਹਿਲਾ, ਕਮਲਦੀਪ ਕੌਰ ਨੇ 90% ਅੰਕਾਂ ਦੇ ਨਾਲ ਦੂਸਰਾ ਤੇ ਦਵਿੰਦਰ ਸਿੰਘ ਨੇ 89.8 ਅੰਕਾਂ ਦੇ ਨਾਲ ਤੀਸਰਾ ਸਥਾਨ ਹਾਸਲ ਕੀਤਾ।ਸਕੂਲ ਪ੍ਰਧਾਨ ਚਰਨ ਸਿੰਘ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਸ਼ਾਨਦਾਰ ਨਤੀਜਿਆਂ ਲਈ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਏ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਵਿਦਿਆਰਥੀਆਂ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ।

## ਸ਼ਕਤੀ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਸਕੂਲ ਦੀ ਵਿਦਿਆਰਥਣ ਆਰਜੂ ਨੇ 650 ਵਿੱਚੋਂ 582 ਅੰਕ ਪ੍ਰਾਪਤ ਕਰਕੇ ਪਹਿਲਾ, ਰਮਨਪ੍ਰੀਤ ਕੌਰ ਨੇ 545 ਅੰਕ ਲੈ ਕੇ ਦੂਸਰਾ ਤੇ ਨਿਖਲ ਕੁਮਾਰ ਨੇ 519 ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਇਸ ਸਮੇਂ ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਨੀਰਜ ਸ਼ਰਮਾ, ਸੁਮਨ ਸ਼ਰਮਾ ਤੇ ਸਮੂਹ ਸਟਾਫ, ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਪੁਜ਼ੀਸ਼ਨਾਂ ਲੈਣ ਵਾਲੇ ਬੱਚਿਆਂ ਦਾ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਇੰਦਰਪਾਲ ਕੌਰ, ਰਾਜੀਵ ਵੈਦ, ਸੀਮਾ ਕਪੂਰ, ਕਮਲੇਸ਼ ਸ਼ਰਮਾ ਆਦਿ ਹਾਜ਼ਰ ਸਨ।

## ਹਰਦੀਪ ਦੌਲਤਪੁਰ ਵੱਲੋਂ ਜੋਬਨਪ੍ਰੀਤ ਤੇ ਮਹਿਕਪ੍ਰੀਤ ਦਾ ਸਨਮਾਨ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਹਾਲ ਹੀ ਦੌਰਾਨ ਐਲਾਨੇ ਗਏ ਬਾਰਵੀਂ ਤੇ ਦਸਵੀਂ ਦੇ ਨਤੀਜਿਆਂ ਵਿੱਚੋਂ ਜ਼ਿਲ੍ਹੇ 'ਚੋਂ ਅੱਵਲ ਆਈਆਂ ਧੂਰੀ ਹਲਕੇ ਦੀਆਂ ਵਿਦਿਆਰਥਣਾਂ ਦਾ ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾਈ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ ਨੇ ਉਨ੍ਹਾਂ ਦੇ ਘਰ ਜਾ ਕੇ ਜਿੱਥੇ ਸਨਮਾਨ ਕੀਤਾ, ਉਥੇ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰਵਾ ਕੇ ਪਰਵਾਰ ਨੂੰ ਮੁਬਾਰਕਬਾਦਦ ਦਿੱਤੀ।ਦੱਸਣਯੋਗ ਹੈ ਕਿ ਸਥਾਨਕ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦੀ ਜੋਬਨਪ੍ਰੀਤ ਕੌਰ ਨੇ ਨਾਨ-ਮੈਡੀਕਲ ਵਿੱਚੋਂ 489/500 ਅੰਕ ਲੈ ਕੇ ਜਿੱਥੇ ਜ਼ਿਲ੍ਹੇ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ, ਉਥੇ ਪੰਜਾਬ ਰਾਜ ਵਿੱਚੋਂ 11ਵਾਂ ਸਥਾਨ ਪ੍ਰਾਪਤ ਕੀਤਾ ਹੈ।ਇਸੇ ਤਰ੍ਹਾਂ ਪਿੰਡ ਕੌਲਸੇੜੀ ਦੀ ਮਹਿਕਪ੍ਰੀਤ ਕੌਰ ਨੇ ਦਸਵੀਂ ਕਲਾਸ ਦੀ ਪ੍ਰੀਖਿਆ ਵਿੱਚੋਂ 640/650 ਅੰਕ ਲੈ ਕੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਉਨ੍ਹਾਂ ਵਿਦਿਆਰਥਣਾਂ ਨੂੰ ਹੋਰ ਵੱਡੀਆਂ ਮੱਲਾਂ ਮਾਰਨ ਦੀ ਅਪੀਲ ਕਰਦਿਆਂ ਆਪਣੇ ਮਾਪਿਆਂ, ਇਲਾਕੇ ਦਾ ਨਾਮ ਫ਼ਖਰ ਨਾਲ ਉੱਚਾ ਕਰਨ ਦੀ ਅਪੀਲ ਵੀ ਕੀਤੀ।

## ਵਿਧਾਇਕ ਡਿੰਪੀ ਢਿੱਲੋਂ ਨੇ ਨਸ਼ਿਆਂ ਵਿਰੁੱਧ ਇਕਜੁਟ ਹੋਣ ਦਾ ਦਿੱਤਾ ਸੱਦਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਨਸ਼ਾ ਮੁਕਤੀ ਯਾਤਰਾ ਤਹਿਤ ਹਲਕਾ ਗਿੱਦੜਬਾਹਾ ਦੇ ਪਿੰਡ ਹਰੀਕੇ ਕਲਾਂ, ਭੁੱਟੀਵਾਲਾ ਤੇ ਸਮਾਘ ਮੌੜ ਵਿਖੇ ਰੱਖਿਆ ਕਮੇਟੀਆਂ ਨਾਲ ਕੀਤੀਆਂ ਮੀਟਿੰਗਾਂ ਦੌਰਾਨ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ, ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਕਰਨ ਦੀ ਵਿੱਢੀ ਮੁਹਿੰਮ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਇਹ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜੋ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਹਾਈ ਸਿੱਧ ਹੋਣਗੀਆਂ।ਹਲਕਾ ਵਿਧਾਇਕ ਨੇ ਕਿਹਾ ਕਿ ਨਸ਼ਿਆਂ ਖਿਲਾਫ ਫੈਸਲਾਕੁਨ ਲੜਾਈ ਤਹਿਤ ਨਸ਼ਾ ਮੁਕਤੀ ਯਾਤਰਾ ਸ਼ੁਰੂ ਕੀਤੀ ਗਈ ਹੈ ਤਾਂ ਕਿ ਪਿੰਡ ਪੱਧਰ 'ਤੇ ਜਾ ਕੇ ਡਿਫੈਂਸ ਕਮੇਟੀਆਂ ਦੇ ਸਹਿਯੋਗ ਨਾਲ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਨਾਗਰਿਕਾਂ ਨੂੰ ਜਾਣੂ ਕਰਵਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਪੰਚਾਇਤ ਵਿਭਾਗ, ਪੁਲਸ ਤੇ ਸਿਹਤ ਵਿਭਾਗ ਦੇ ਅਧਿਕਾਰੀ ਵੀ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਸਰਗਰਮ ਹਨ ਅਤੇ ਹਰੇਕ ਪੱਖ ਤੋਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਹਲਕਾ ਗਿੱਦੜਬਾਹਾ ਦੇ ਇੰਚਾਰਜ ਮਾਧੋ ਦਾਸ ਸਿੰਘ ਖ਼ਾਲਸਾ ਸਮੇਤ ਹੋਰ ਆਗੂ ਤੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਵੱਡੀ ਗਿਣਤੀ ਆਮ ਲੋਕ ਹਾਜ਼ਰ ਸਨ।

## ਜੀ ਹੋਲੀ ਹਾਰਟ ਪਬਲਿਕ ਸਕੂਲ 'ਚ ਇਨਵੇਸਟਿਚਰ ਸਮਾਰੋਹ




**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਜੀ ਹੋਲੀ ਹਾਰਟ ਸਕੂਲ ਮਹਿਲ ਕਲਾਂ ਵਿਖੇ ਇਨਵੇਸਟਿਚਰ ਸਮਾਰੋਹ ਮਨਾਇਆ ਗਿਆ, ਜਿਸ ਦੌਰਾਨ ਨਵ-ਚੁਣੇ ਵਿਦਿਆਰਥੀ ਕੌਂਸਲ ਮੈਂਬਰਾਂ ਨੂੰ ਅਧਿਕਾਰਿਕ ਤੌਰ 'ਤੇ ਨਿਯੁਕਤ ਕੀਤਾ ਗਿਆ।ਇਸ ਸਮੇਂ ਵਿਸ਼ੇਸ਼ ਤੌਰ 'ਤੇ ਪੁੱਜੇ ਪ੍ਰਬੰਧਕ ਡਾਇਰੈਕਟਰ ਸੁਸ਼ੀਲ ਗੋਇਲ ਨੇ ਸੰਬੋਧਨ ਕਰਦੇ ਹੋਏ ਵਿਦਿਆਰਥੀ ਨੇਤਾਵਾਂ ਨੂੰ ਅਨੁਸ਼ਾਸਨ ਤੇ ਸੇਵਾ ਦੇ ਮੂਲ ਮੰਤਰਾਂ ਨੂੰ ਨਿਭਾਉਣ ਲਈ ਉਤਸ਼ਾਹਤ ਕੀਤਾ।ਉਨ੍ਹਾਂ ਕਿਹਾ ਕਿ ਇਹ ਸਮਾਰੋਹ ਵਿਦਿਆਰਥੀਆਂ ਵਿੱਚ ਨੇਤ੍ਰਿਤਵ, ਜ਼ਿੰਮੇਵਾਰੀ ਤੇ ਸਮਰਪਣ ਦੀ ਭਾਵਨਾ ਨੂੰ ਉਤਸ਼ਾਹਤ ਕਰਨ ਲਈ ਇਕ ਪਲੇਟਫਾਰਮ ਹੈ।ਪ੍ਰੋਗਰਾਮ ਦੀ ਸ਼ੁਰੂਆਤ ਇੱਕ ਭਾਵਪੂਰਣ ਅਰਦਾਸ ਤੇ ਸੁਆਗਤ ਗੀਤ ਨਾਲ ਹੋਈ, ਜਿਸ ਤੋਂ ਬਾਅਦ ਨਵ-ਚੁਣੇ ਕੌਂਸਲ ਮੈਂਬਰਾਂ ਵੱਲੋਂ ਸੰਯੁਕਤ ਮਾਰਚ ਪਾਸਟ ਕੀਤਾ ਗਿਆ।ਕਲਾਸ 12 ਕਾਮਰਸ ਦੇ ਕਰਮਦੀਪ ਸਿੰਘ ਨੂੰ ਸੀਨੀਅਰ ਵਿੰਗ ਲਈ ਹੈੱਡ ਬੁਆਏ ਤੇ ਕਲਾਸ 12 ਸਾਇੰਸ ਦੀ ਅਮਨਜੋਤ ਕੌਰ ਨੂੰ ਸੀਨੀਅਰ ਵਿੰਗ ਲਈ ਹੈੱਡ ਗਰਲ ਵਜੋਂ ਸਹੁੰ ਚੁਕਾਈ ਗਈ।ਲਿਟਲ ਗਿਗਲਸ ਲਈ, ਕਲਾਸ ਦੂਜੀ ਦੇ ਫਤਿਹਦੀਪ ਸਿੰਘ ਬੁੱਟਰ ਨੂੰ ਜੂਨੀਅਰ ਵਿੰਗ ਦਾ ਹੈੱਡ ਬੁਆਏ ਤੇ ਕਲਾਸ ਦੂਜੀ ਦੀ ਹਰਮੀਤ ਕੌਰ ਢਿੱਲੋਂ ਨੂੰ ਹੈੱਡ ਗਰਲ ਵਜੋਂ ਚੁਣਿਆ ਗਿਆ।ਕਰੇਜ, ਵਿਜ਼ਡਮ, ਪੀਸ ਤੇ ਚੈਰਿਟੀ ਹਾਊਸਾਂ ਦੇ ਹਾਊਸ ਕੈਪਟਨ, ਵਾਈਸ ਕੈਪਟਨ, ਖੇਡ ਕੈਪਟਨ ਤੇ ਡਿਸਪਲਿਨ ਇੰਚਾਰਜਾਂ ਨੂੰ ਵੀ ਬੈਜ਼ ਲਗਾਏ ਗਏ।ਇਸ ਸਮੇਂ ਡਾਇਰੈਕਟਰ ਰਾਕੇਸ਼ ਬਾਂਸਲ, ਵਾਈਸ ਪ੍ਰਿੰਸੀਪਲ ਪੂਜਾ ਸ਼ਰਮਾ ਤੇ ਕੋਆਰਡੀਨੇਟਰ ਪ੍ਰਦੀਪ ਕੌਰ ਗਰੇਵਾਲ ਚੁਣੇ ਗਏ ਵਿਦਿਆਰਥੀ ਨੇਤਾਵਾਂ ਨੂੰ ਇਮਾਨਦਾਰੀ, ਸਹਿਣਸ਼ੀਲਤਾ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।

## ਸੋਨੇ ਦੀ ਚੇਨ ਚੋਰੀ ਕਰਨ ਦੇ ਦੋਸ਼ ਹੇਠ ਦੋ ਔਰਤਾਂ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਖਮਾਣੋਂ ਦੇ ਇੱਕ ਸੁਨਿਆਰ ਨੂੰ ਹਾਰ ਵੇਚਣ ਦੇ ਬਹਾਨੇ ਗੱਲਾਂ 'ਚ ਲਾ ਕੇ ਉਸ ਦੀ ਦੁਕਾਨ 'ਚੋਂ ਸੋਨੇ ਦੀ ਚੇਨ ਚੋਰੀ ਕਰ ਲੈ ਜਾਣ ਦੇ ਕਥਿਤ ਮਾਮਲੇ 'ਚ ਖਮਾਣੋਂ ਪੁਲਸ ਵੱਲੋਂ ਇੱਕੋ ਪਿੰਡ ਦੀਆਂ ਦੋ ਔਰਤਾਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਸ਼ਿਕਾਇਤ ਵਿੱਚ ਵਰਿੰਦਰ ਕੁਮਾਰ ਨੇ ਦੱਸਿਆ ਕਿ ਉਸਦੀ ਟੈਕਸੀ ਯੂਨੀਅਨ ਖਮਾਣੋਂ ਨਜ਼ਦੀਕ ਗੋਲਡਨ ਜਿਊਲਰਜ਼ ਨਾਮੀ ਦੁਕਾਨ ਹੈ, ਜਿੱਥੇ ਆਈਆਂ ਦੋ ਔਰਤਾਂ ਨੇ ਇੱਕ ਨਕਲੀ ਹਾਰ ਵੇਚਣ ਦੇ ਬਹਾਨੇ ਉਸ ਨੂੰ ਗੱਲਾਂ 'ਚ ਲਾ ਕੇ ਉਸਦੀ ਦੁਕਾਨ 'ਚੋਂ ਇੱਕ ਸੋਨੇ ਦੀ ਚੇਨ ਚੋਰੀ ਕਰ ਲਈ ਤੇ ਦੁਕਾਨ ਚੋਂ ਖਿਸਕ ਗਈਆਂ।ਵਰਿੰਦਰ ਕੁਮਾਰ ਦੇ ਬਿਆਨਾਂ 'ਤੇ ਅ/ਧ 305,331(3) ਬੀ.ਐਨ.ਐਸ. ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਸਰਬਜੀਤ ਕੌਰ ਤੇ ਬਲਵਿੰਦਰ ਕੌਰ ਨੂੰ ਨਾਮਜ਼ਦ ਕਰਕੇ ਥਾਣਾ ਖਮਾਣੋਂ ਦੀ ਪੁਲਿਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਔਰਤਾਂ ਦੀ ਸੁਰੱਖਿਆ ਤੇ ਅਧਿਕਾਰਾਂ ਦੀ ਰਾਖੀ ਲਈ ਵਚਨਬੱਧ ਹਾਂ : ਰਾਜ ਲਾਲੀ ਗਿੱਲ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਨੇ ਖੇੜਾ ਬਲਾਕ ਅਧੀਨ ਆਉਂਦੇ ਦੋ ਪਿੰਡਾਂ ਬੀਬੀਪੁਰ ਤੇ ਡੰਘੇੜੀਆਂ ਵਿੱਚ ਦੌਰਾ ਕਰਕੇ ਪਿੰਡਾਂ ਦੀਆਂ ਔਰਤਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਔਰਤਾਂ ਦੀ ਸੁਰੱਖਿਆ ਤੇ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ ਤੇ ਇਸ ਕਾਰਜ ਦੀ ਪੂਰਤੀ ਹਿੱਤ ਉਹ ਸਮੇਂ-ਸਮੇਂ ਤੇ ਵੱਖ-ਵੱਖ ਜ਼ਿਲ੍ਹਿਆਂ ਦਾ ਦੌਰਾ ਕਰਕੇ ਜਾਇਜ਼ਾ ਲੈਂਦੇ ਰਹਿੰਦੇ ਹਨ।ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਨੇ ਪਿੰਡਾਂ ਦੀਆਂ ਮਹਿਲਾ ਸਰਪੰਚਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਪਿੰਡਾਂ ਵਿੱਚ ਰਹਿੰਦੀਆਂ ਔਰਤਾਂ ਨਾਲ ਨਿਯਮਤ ਤੌਰ 'ਤੇ ਤਾਲਮੇਲ ਰੱਖਣ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਅਤੇ ਸਮੱਸਿਆਵਾਂ ਦਾ ਸਮੇਂ ਸਿਰ ਢੁਕਵਾਂ ਹੱਲ ਕਰਨ ਲਈ ਉਪਰਾਲੇ ਕਰਨ। ਸ਼੍ਰੀਮਤੀ ਗਿੱਲ ਨੇ ਕਿਹਾ ਕਿ ਲਗਾਤਾਰ ਤਾਲਮੇਲ ਰੱਖਣ ਨਾਲ ਬਹੁਤੇ ਮਸਲੇ ਪਿੰਡਾਂ ਵਿੱਚ ਹੀ ਸੁਲਝਾਏ ਜਾ ਸਕਦੇ ਹਨ।ਉਨ੍ਹਾਂ ਜ਼ੋਰ ਦਿੱਤਾ ਕਿ ਜਿਹੜੀਆਂ ਔਰਤਾਂ ਪਰਵਾਰਕ ਮਜਬੂਰੀਆਂ ਕਾਰਨ ਵਿੱਤੀ ਤੌਰ 'ਤੇ ਮੰਦਹਾਲੀ ਦਾ ਸ਼ਿਕਾਰ ਹਨ। ਉਨ੍ਹਾਂ ਦਾ ਆਰਥਿਕ ਪੱਧਰ ਉਚਾ ਚੁੱਕਣ ਲਈ ਸਰਗਰਮ ਯਤਨ ਕੀਤੇ ਜਾਣ, ਜਿਸ ਤਹਿਤ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸਵੈ ਸਹਾਇਤਾ ਗਰੁੱਪਾਂ ਦਾ ਗਠਨ ਕੀਤਾ ਜਾਵੇ ਅਤੇ ਬੈਂਕਾਂ ਰਾਹੀਂ ਕਰਜ਼ੇ ਮੁਹੱਈਆ ਕਰਾਏ ਜਾਣ।

ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਨੇ ਕਿਹਾ ਕਿ ਪਿੰਡਾਂ ਦੇ ਸਰਪੰਚਾਂ ਨੂੰ ਪਿੰਡਾਂ ਦੀ ਅਸਲ ਨਬਜ਼ ਪਤਾ ਹੁੰਦੀ ਹੈ ਤੇ ਆਪਣਾ ਦਾਇਰਾ ਵਧਾਏ ਜਾਣ ਨਾਲ ਲੋੜਵੰਦਾਂ ਦੀ ਸਮੇਂ ਸਿਰ ਮਦਦ ਹੋ ਜਾਂਦੀ ਹੈ।ਆਪਣੇ ਦੌਰੇ ਦੌਰਾਨ ਚੇਅਰਪਰਸਨ ਨੇ ਪਿੰਡ ਬੀਬੀਪੁਰ ਤੇ ਡੰਘੇੜੀਆਂ ਵਿਖੇ ਜਨਤਕ ਸਥਾਨਾਂ 'ਤੇ ਹੋਏ ਪਿੰਡਾਂ ਦੀਆਂ ਔਰਤਾਂ ਦੇ ਇਕੱਠ ਦੌਰਾਨ ਪੰਜਾਬ ਸਰਕਾਰ ਵੱਲੋਂ ਮਹਿਲਾ ਸਸ਼ਕਤੀਕਰਨ ਲਈ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਲਾਭ ਉਠਾਉਣ ਬਾਰੇ ਵੀ ਪ੍ਰੇਰਿਤ ਕੀਤਾ।ਉਨ੍ਹਾਂ ਔਰਤਾਂ ਨੂੰ ਕਿਹਾ ਕਿ ਜਾਗਰੂਕਤਾ ਨੂੰ ਵਧਾਏ ਜਾਣ ਦੀ ਲੋੜ ਹੈ।

ਉਨ੍ਹਾਂ ਮਹਿਲਾ ਸਰਪੰਚਾਂ ਨੂੰ ਕਿਹਾ ਕਿ ਕੇਵਲ ਪਿੰਡਾਂ ਦੇ ਝਗੜੇ ਨਿਪਟਾਉਣ ਤੱਕ ਸੀਮਤ ਨਾ ਹੋ ਕੇ ਪਿੰਡਾਂ ਦੇ ਸਰਵਪੱਖੀ ਵਿਕਾਸ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਜਾਵੇ, ਜਿਸ ਨਾਲ ਪਿੰਡਾਂ ਵਿੱਚ ਵਸਦੇ ਨਾਗਰਿਕਾਂ ਦੀਆਂ ਸੁਵਿਧਾਵਾਂ ਵਿੱਚ ਵਾਧਾ ਹੋ ਸਕੇ।ਉਨ੍ਹਾਂ ਕਿਹਾ ਕਿ ਪੁਲਸ ਥਾਣਿਆਂ ਵਿੱਚ ਮਹਿਲਾਵਾਂ ਦੀ ਖੱਜਲ ਖੁਆਰੀ ਨੂੰ ਰੋਕਣ ਤੇ ਪ੍ਰਸ਼ਾਸਨ ਤੇ ਪੁਲਸ ਵਿਭਾਗ ਵਿੱਚ ਲੋੜੀਂਦਾ ਸਹਿਯੋਗ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਕਮਿਸ਼ਨ ਨਿਰੰਤਰ ਸਾਰਥਕ ਕਦਮ ਚੁੱਕ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਲੜਕੀਆਂ ਦੀ ਉਚੇਰੀ ਸਿੱਖਿਆ ਨੂੰ ਯਕੀਨੀ ਬਣਾਉਣ, ਘਰੇਲੂ ਸੁਆਣੀਆਂ ਲਈ ਸਵੈ ਰੁਜ਼ਗਾਰ ਨੂੰ ਉਤਸ਼ਾਹਿਤ ਕਰਨ ਤੇ ਹਰ ਖੇਤਰ ਵਿੱਚ ਮਹਿਲਾਵਾਂ ਦੀ ਮਜਬੂਤ ਭਾਗੀਦਾਰੀ ਨੂੰ ਯਕੀਨੀ ਬਣਾਉਣ ਸਬੰਧੀ ਵੀ ਮਹੱਤਵਪੂਰਨ ਨੁਕਤੇ ਸਾਂਝੇ ਕੀਤੇ।ਇਸ ਮੌਕੇ ਔਰਤਾਂ ਨੇ ਬੱਚੀਆਂ ਦੀ ਪੜ੍ਹਾਈ, ਮਗਨਰੇਗਾ ਸਕੀਮ, ਪਰਵਾਰਕ ਹਿੰਸਾ ਆਦਿ ਮਸਲੇ ਚੇਅਰਪਰਸਨ ਦੇ ਧਿਆਨ ਵਿੱਚ ਲਿਆਂਦੇ, ਜਿਸ ਉੱਤੇ ਫੌਰੀ ਕਾਰਵਾਈ ਕਰਨ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ।

## ਸਪੇਅਰ ਪਾਰਟਸ ਐਸੋਸੀਏਸ਼ਨ ਵੱਲੋਂ ਇੱਕ ਸਾਲ ਪੂਰਾ ਹੋਣ 'ਤੇ ਪ੍ਰਮਾਤਮਾ ਦਾ ਸ਼ੁਕਰਾਨਾ



**ਬੁਢਲਾਡਾ (ਅਸ਼ੋਕ ਲਾਕੜਾ)**-ਸਪੇਅਰ ਪਾਰਟਸ ਐਸੋਸੀਏਸ਼ਨ ਵੱਲੋਂ ਕ੍ਰਿਸ਼ਨ ਰੈਸਟੋਰੈਂਟ ਵਿਖੇ ਐਸੋਸੀਏਸ਼ਨ ਵੱਲੋਂ ਆਪਣਾ ਇੱਕ ਸਾਲ ਪੂਰਾ ਹੋਣ 'ਤੇ ਮੀਟਿੰਗ ਕੀਤੀ ਗਈ। ਇਸ ਦੌਰਾਨ ਐਸੋਸੀਏਸ਼ਨ ਦੇ ਇੱਕ ਸਾਲ ਪੂਰੇ ਹੋ ਜਾਣ 'ਤੇ ਨਵੇਂ ਸਾਲ ਵਿੱਚ ਪ੍ਰਵੇਸ਼ ਹੋਣ 'ਤੇ ਸਮੂਹ ਸਪੇਅਰ ਪਾਰਟਸ ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਇੱਕ-ਦੂਜੇ ਨੂੰ ਵਧਾਈਆਂ ਦਿੱਤੀਆਂ ਗਈਆਂ।ਮੀਟਿੰਗ ਦੌਰਾਨ ਵੱਖ-ਵੱਖ ਮੁੱਦਿਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਐਸੋਸੀਏਸ਼ਨ ਦੇ ਆਪਸੀ ਭਾਈਚਾਰੇ ਨੂੰ ਬਰਕਰਾਰ ਰੱਖਦੇ ਹੋਏ ਕਮੇਟੀ ਵੱਲੋਂ ਮੈਂਬਰਾਂ ਦੇ ਸਹਿਯੋਗ ਨਾਲ ਇਹ ਵਿਚਾਰ ਪੇਸ਼ ਕੀਤਾ ਕਿ ਜੇਕਰ ਕੋਈ ਵੀ ਮੈਂਬਰ ਨੂੰ ਕਿਸੇ ਵੀ ਸਮੇਂ ਪਰੇਸ਼ਾਨੀ ਜਾਂ ਦਿੱਕਤ ਆਉਂਦੀ ਹੈ ਤਾਂ ਐਸੋਸੀਏਸ਼ਨ ਵੱਲੋਂ ਉਸ ਵਿਅਕਤੀ ਦਾ ਨਿਰਪੱਖ ਤੌਰ 'ਤੇ ਸਾਥ ਦਿੱਤਾ ਜਾਵੇਗਾ।ਜੇਕਰ ਕਿਸੇ ਵੀ ਦੁਕਾਨਦਾਰ ਨੂੰ ਕੋਈ ਤੰਗ-ਪ੍ਰੇਸ਼ਾਨ ਕਰਦਾ ਹੈ ਜਾਂ ਕੋਈ ਵੀ ਸ਼ਰਾਰਤੀ ਅਨਸਰ ਉਨ੍ਹਾਂ ਨੂੰ ਧਮਕੀ ਦਿੰਦਾ ਹੈ ਜਾਂ ਕਿਸੇ ਦੀ ਭਾਵਨਾ ਨੂੰ ਠੇਸ ਪੁਚਾਉਂਦਾ ਹੈ ਤਾਂ ਯੂਨੀਅਨ ਹਮੇਸ਼ਾ ਹਰ ਪਲ ਤਿਆਰ ਰਹੇਗੀ ਤੇ ਮਾਮਲੇ ਦੀ ਨਿਰਪੱਖ ਤੌਰ 'ਤੇ ਜਾਂਚ ਕਰੇਗੀ ਤੇ ਦੋਸ਼ੀ ਵਿਰੁੱਧ ਕਾਨੂੰਨੀ ਕਾਰਵਾਈ ਕਰੇਗੀ।

## ਜਾਸੂਸੀ ਦੇ ਕੇਸ 'ਚ ਦੋ ਨੌਜਵਾਨ ਗ੍ਰਿਫਤਾਰ

**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਪੁਲਸ ਜਾਸੂਸੀ ਦੇ ਕੇਸ ਵਿੱਚ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕਰਨ ਵਿਚ ਸਫ਼ਲਤਾ ਹਾਸਲ ਕੀਤੀ ਹੈ। ਫੜੇ ਗਏ ਨੌਜਵਾਨਾਂ ਪਾਸੋਂ ਹੋਰ ਕਈ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ। ਪਹਿਲਗਾਮ ਦੇ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਮਿਸ਼ਨ ਸਿੰਦੂਰ ਤੋਂ ਬਾਅਦ ਕਈ ਅਜਿਹੇ ਜਾਸੂਸ ਸਾਹਮਣੇ ਆ ਰਹੇ ਹਨ, ਜੋ ਭਾਰਤ ਦੀ ਅਹਿਮ ਜਾਣਕਾਰੀ ਪਾਕਿਸਤਾਨ ਤੱਕ ਪਹੁੰਚਾ ਰਹੇ ਸੀ।

ਪੁਲਸ ਅਧਿਕਾਰੀ ਨੇ ਪ੍ਰੈੱਸ ਕਾਨਫ਼ਰੰਸ ਦੌਰਾਨ ਦੱਸਿਆ ਕਿ ਪਾਕਿਸਤਾਨ ਵਿਚ ਬੈਠੇ ਗਲਤ ਅਨਸਰ ਭਾਰਤ ਵਿਚ ਨੌਜਵਾਨਾਂ ਨੂੰ ਪੈਸੇ ਦਾ ਲਾਲਚ ਦੇ ਕੇ ਆਪਣੇ ਜਾਲ ਵਿਚ ਫਸਾ ਲੈਂਦੇ ਹਨ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਗੁਰਦਾਸਪੁਰ ਤੋਂ ਵੀ ਦੋ ਨੌਜਵਾਨਾਂ ਨੂੰ ਜਾਸੂਸੀ ਕਰਨ ਦੇ ਕੇਸ ਵਿਚ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਇਨ੍ਹਾਂ ਨੌਜਵਾਨਾਂ ਨੇ ਭਾਰਤ ਦੀ ਸੁਰੱਖਿਆ ਨੂੰ ਲੈ ਕੇ ਕਈ ਜਾਣਕਾਰੀ ਪਾਕਿਸਤਾਨ ਵਿਚ ਬੈਠੇ ਸ਼ਰਾਰਤੀ ਅਨਸਰਾਂ ਨਾਲ ਸਾਂਝੀਆਂ ਕੀਤੀਆ ਹਨ।

# ਡਾ. ਅੰਬੇਡਕਰ ਦੁਆਰਾ ਦਿੱਤੀ ਗਈ ਵਿਭਿੰਨਤਾ 'ਚ ਏਕਤਾ ਦੀ ਧਾਰਨਾ ਬਰਕਰਾਰ : ਚੇਅਰਮੈਨ ਗੜ੍ਹੀ



**ਦੋਰਾਹਾ (ਹਰਮਿੰਦਰ ਸੇਠ)**

ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਨ ਨੂੰ ਸਮਰਪਤ ਸੰਵਿਧਾਨ ਬਾਰੇ ਜਾਗ੍ਰਿਤੀ ਸਮਾਗਮ ਮਹਿਬੂਬ ਪੈਲੇਸ, ਪਾਇਲ ਵਿਖੇ ਕਰਾਇਆ ਗਿਆ।ਸਮਾਗਮ ਵਿਚ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਨਾਲ ਚੇਅਰਮੈਨ ਪੰਜਾਬ ਜੈਨਕੋ ਬੋਰਡ ਨਵਜੋਤ ਸਿੰਘ ਜਰਗ, ਡਾ. ਜਸਪ੍ਰੀਤ ਸਿੰਘ ਬੀਜਾ ਅਤੇ ਡਾ. ਕਰਨੈਲ ਸਿੰਘ ਕਾਲੀਆ ਵੀ ਮੌਜੂਦ ਸਨ।

ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਜਦੋਂ ਤੋਂ ਪੰਜਾਬ ਦੀ ਸੱਤਾ ਸੰਭਾਲੀ ਗਈ ਹੈ, ਉਦੋਂ ਤੋਂ ਹੀ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਲਗਨ ਤੇ ਸੁਹਿਰਦਤਾ ਨਾਲ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਨੇ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੁਆਰਾ ਕੀਤੀਆਂ ਗਈਆਂ ਨਿਰਸਵਾਰਥ ਸੇਵਾਵਾਂ ਨੂੰ ਯਾਦ ਕੀਤਾ, ਜਿਨ੍ਹਾਂ ਨੂੰ ਭਾਰਤ ਦੇ ਸੰਵਿਧਾਨ ਦੇ ਪਿਤਾ ਤੇ ਦੱਬੇ-ਕੁਚਲੇ ਲੋਕਾਂ ਲਈ ਲੜਨ ਵਾਲੇ ਮਹਾਨ ਵਿਅਕਤੀ ਵਜੋਂ ਵੀ ਯਾਦ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੁਆਰਾ ਦਿੱਤੀ ਗਈ ਅਨੇਕਤਾ ਵਿੱਚ ਏਕਤਾ ਦੀ ਧਾਰਨਾ ਦਾ ਮੂਲ ਸਿਧਾਂਤ ਕਈ ਚੁਣੌਤੀਆਂ ਦੇ ਬਾਵਜੂਦ ਬਰਕਰਾਰ ਹੈ।

ਭਾਰਤੀ ਸੰਵਿਧਾਨ ਨੂੰ ਦੁਨੀਆ ਦੇ ਸਭ ਤੋਂ ਵਧੀਆ ਸੰਵਿਧਾਨਾਂ ਵਿੱਚੋਂ ਇੱਕ ਦੱਸਦੇ ਹੋਏ ਚੇਅਰਮੈਨ ਗੜ੍ਹੀ ਨੇ ਕਿਹਾ ਕਿ ਇਹ ਸਮਾਜ ਦੇ ਹਾਸ਼ੀਏ ਤੇ ਧੱਕੇ ਗਏ ਵਰਗਾਂ ਲਈ ਨਿਆਂ ਦੀ ਆਖਰੀ ਉਮੀਦ ਹੈ। ਬਾਬਾ ਸਾਹਿਬ ਅੰਬੇਡਕਰ ਦੀ ਦੂਰਅੰਦੇਸ਼ੀ ਅਤੇ ਸੂਝਵਾਨ ਅਗਵਾਈ ਲਈ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਸਾਡੇ ਸੰਵਿਧਾਨ ਨੇ ਹਰ ਨਾਗਰਿਕ, ਖਾਸ ਕਰਕੇ ਦੱਬੇ-ਕੁਚਲੇ ਲੋਕਾਂ ਦੇ ਅਧਿਕਾਰਾਂ ਦੀ ਲਗਾਤਾਰ ਰੱਖਿਆ ਦਾ ਉਪਬੰਧ ਕੀਤਾ ਹੈ।

ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸੰਵਿਧਾਨ ਦੀ ਪਵਿੱਤਰ ਕਿਤਾਬ ਵਿੱਚ ਦੱਬੇ-ਕੁਚਲੇ ਵਰਗਾਂ ਦੇ ਹਿੱਤਾਂ ਦੀ ਰਾਖੀ ਦਾ ਕਾਨੂੰਨੀ ਉਪਬੰਧ ਕਰਨ ਕਰਕੇ ਡਾਕਟਰ ਅੰਬੇਡਕਰ ਨੂੰ ਮਸੀਹਾ ਦੱਸਦਿਆਂ ਕਿਹਾ ਕਿ ਸਿੱਖਿਆ ਸਾਰੇ ਭੇਦਭਾਵ ਤੇ ਅਸਮਾਨਤਾਵਾਂ ਨੂੰ ਖਤਮ ਕਰਨ ਦੀ ਕੁੰਜੀ ਹੈ ਤੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਗਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਸਿੱਖਿਆ ਕ੍ਰਾਂਤੀ ਰਾਹੀ ਬੁਨਿਆਦੀ ਢਾਂਚੇ ਤੇ ਸਿੱਖਿਆ ਦੇ ਪੱਧਰ ਨੂੰ ਨਿੱਜੀ ਸਕੂਲਾਂ ਦੇ ਬਰਾਬਰ ਅਪਗ੍ਰੇਡ ਕਰਕੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਤੁਰ ਰਹੀ ਹੈ।

## ਸੰਵਿਧਾਨ ਬਚਾਓ ਰੈਲੀ ਨੂੰ ਲੈ ਕੇ ਰੱਤਾ ਥੇੜ ਵਿਖੇ ਕਾਂਗਰਸੀ ਵਰਕਰਾਂ ਨਾਲ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਬਲਤੇਜ ਸਿੰਘ ਬਰਾੜ ਵੱਲੋਂ ਪਿੰਡ ਰੱਤਾ ਥੇੜ ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਅਮ੍ਰਿਤਪਾਲ ਸਿੰਘ ਨੀਲਾ ਮਦਾਨ ਮੌਜੂਦ ਸੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਲਤੇਜ ਸਿੰਘ ਬਰਾੜ ਨੇ ਦੱਸਿਆ ਕਿ ਪੰਜਾਬ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਫਿਰੋਜ਼ਪੁਰ ਲੋਕ ਸਭਾ ਹਲਕੇ ਦੇ ਸਾਂਸਦ ਸ੍ਰ. ਸ਼ੇਰ ਸਿੰਘ ਘੁਬਾਇਆ, ਸਾਬਕਾ ਵਿਧਾਇਕ ਤੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਪਾਰਟੀ ਦਵਿੰਦਰ ਸਿੰਘ ਘੁਬਾਇਆ ਦੀ ਅਗਵਾਈ ਵਿੱਚ ਜੁੜੇਗਾ ਬੂਥ, ਕਾਂਗਰਸ ਹੋਵੇਗੀ ਮਜ਼ਬੂਤ ਤਹਿਤ ਹਲਕਾ ਜਲਾਲਾਬਾਦ ਦੇ ਪਿੰਡ ਰੱਤਾ ਥੇੜ ਵਿਖੇ ਵਰਕਰਾਂ ਤੇ ਆਮ ਲੋਕਾਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਹੋ ਰਹੀ ਸੰਵਿਧਾਨ ਬਚਾਓ ਰੈਲੀ ਬਾਰੇ ਜਾਣਕਾਰੀ ਦਿੱਤੀ ਤੇ ਲੋਕਾਂ ਨੂੰ ਵੱਧ ਚੜ੍ਹ ਕੇ ਪੁੱਜਣ ਦਾ ਸੱਦਾ ਦਿੱਤਾ ਗਿਆ। ਇਸ ਮੀਟਿੰਗ ਵਿੱਚ ਲੋਕਾਂ ਦਾ ਇਕੱਠ ਦੱਸ ਰਿਹਾ ਸੀ ਕਿ ਉਹ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਆਪਣਾ ਪੂਰਾ ਯੋਗਦਾਨ ਪਾਉਣਗੇ। ਉਨ੍ਹਾਂ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਤੋਂ ਹਰੇਕ ਵਰਗ ਦੁਖੀ ਅਤੇ ਤੰਗ ਪ੍ਰੇਸ਼ਾਨ ਹੋ ਚੁੱਕਾ ਹੈ। ਲੋਕਾਂ ਨੂੰ ਆਪਣੇ ਹੱਕ ਲੈਣ ਲਈ ਸੰਘਰਸ਼ ਕਰਨੇ ਪੈ ਰਹੇ ਹਨ, ਪਰ ਸਰਕਾਰ ਦੇ ਨੁਮਾਇੰਦੇ ਲੋਕਾਂ ਦੀਆਂ ਮੰਗਾਂ-ਮਸਲਿਆਂ ਦਾ ਹੱਲ ਕਰਨ ਦੀ ਬਜਾਏ ਤਸ਼ੱਦਦ ਕਰਕੇ ਲੋਕਾਂ ਦੀ ਅਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨਾ ਚਾਹੀਦਾ ਹੈ।

# ਸਰਕਾਰ ਨੇ ਸਿੱਖਿਆ 'ਚ ਸੁਧਾਰ ਲਈ ਇਤਿਹਾਸਕ ਕਦਮ ਚੁੱਕੇ : ਸਰਾਰੀ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**

ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕਿਲੀ, ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪੀਰ ਕੇ ਖਾਨਗੜ੍ਹ ਤੇ ਸਰਕਾਰੀ ਹਾਈ ਸਕੂਲ ਭੂਰੇ ਖੁਰਦ 'ਚ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿਚ ਸਿੱਖਿਆ ਦੇ ਖੇਤਰ ਵਿਚ ਸੁਧਾਰਾਂ ਲਈ ਇਤਿਹਾਸਕ ਕਦਮ ਚੁੱਕੇ ਹਨ। ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਭਰ ਦੇ ਸਕੂਲਾਂ ਦੀ ਕਾਇਆ ਕਲਪ ਹੋਈ ਹੈ, ਜਿਸ ਨਾਲ ਸਕੂਲਾਂ ਦਾ ਬੁਨਿਆਦੀ ਢਾਂਚਾ ਪਹਿਲਾਂ ਨਾਲੋਂ ਕਿਤੇ ਬਿਹਤਰ ਤੇ ਸ਼ਾਨਦਾਰ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ 400 ਤੋਂ ਵੱਧ ਅਧਿਆਪਕਾਂ, ਲੈਕਚਰਾਰਾਂ ਤੇ ਪ੍ਰਿੰਸੀਪਲਾਂ ਨੂੰ ਵਿਦੇਸ਼ਾਂ ਵਿੱਚ ਟਰੇਨਿੰਗ ਦੁਆ ਕੇ ਅਧਿਆਪਨ ਦੇ ਖੇਤਰ ਵਿਚ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਹੈ, ਜੋ ਮੌਜੂਦਾ ਮੁਕਾਬਲੇਬਾਜ਼ੀ ਦੇ ਦੌਰ 'ਚ ਵਿਦਿਆਰਥੀਆਂ ਲਈ ਕਾਫ਼ੀ ਲਾਹੇਵੰਦ ਰਹੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਵੱਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮੁਫ਼ਤ ਵਿੱਦਿਅਕ ਟੂਰ ਕਰਾਇਆ ਗਿਆ, ਜੋ ਉਨ੍ਹਾਂ ਦੇ ਸਰਬਪੱਖੀ ਵਿਕਾਸ ਵਿੱਚ ਮੱਦਦਗਾਰ ਸਾਬਤ ਹੋਵੇਗਾ। ਉਨ੍ਹਾਂ ਹਲਕਾ ਗੁਰੂਹਰਸਹਾਏ ਦੇ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਬਾਰੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਭਰਤੀਆਂ ਨਾਲ ਹਲਕੇ ਅੰਦਰ ਕੋਈ ਵੀ ਸਕੂਲ ਅਧਿਆਪਕਾਂ ਤੋਂ ਸੱਖਣਾ ਨਹੀਂ ਰਹੇਗਾ। ਉਨ੍ਹਾਂ ਕਿਹਾ ਕਿ ਸਕੂਲਾਂ ਦੇ ਵਿਕਾਸ ਤੇ ਬੁਨਿਆਦੀ ਢਾਂਚੇ ਦੀ ਹੋਰ ਮਜ਼ਬੂਤੀ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਮਨੀਲਾ ਅਰੋੜਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਨੇ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਲਈ ਕੀਤੇ ਜਾ ਰਹੇ ਉਪਰਾਲੇ ਦੀ ਸਲਾਘਾ ਕਰਦੇ ਹੋਏ ਸਰਕਾਰ ਦੀਆਂ ਪ੍ਰਾਪਤੀਆਂ ਮਾਪਿਆਂ ਦੇ ਸਾਹਮਣੇ ਰੱਖੀਆਂ।

### ਵਿਧਾਇਕ ਨੇ ਹਲਕੇ ਦੇ ਸਕੂਲਾਂ 'ਚ ਕੀਤੇ ਉਦਘਾਟਨ



## ਜਿਮਨਾਸਟਿਕ, ਭਾਸ਼ਣ ਤੇ ਪੇਂਟਿੰਗ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ

**ਬਟਾਲਾ (ਤਰਲੋਕ ਬੱਗਾ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਯੁੱਧ ਮੁਹਿੰਮ ਦੇ ਤਹਿਤ ਜ਼ਿਲਾ ਪੱਧਰੀ ਜਿਮਨਾਸਟਿਕ, ਭਾਸ਼ਣ ਅਤੇ ਪੇਂਟਿੰਗ ਮੁਕਾਬਲਿਆਂ ਦਾ ਆਯੋਜਨ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਬਥਵਾਲਾ (ਗੁਰਦਾਸਪੁਰ) ਵਿਖੇ ਕਰਵਾਇਆ ਗਿਆ।ਇਨਾਂ ਮੁਕਾਬਲਿਆਂ ਵਿੱਚ ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ। ਚਿੱਤਰਕਾਰੀ ਮੁਕਾਬਲੇ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਪਵਨੀਤ ਕੌਰ ਪਹਿਲੇ ਸਥਾਨ 'ਤੇ ਰਹੀ ਤੇ ਪ੍ਰਭਲੀਨ ਕੌਰ ਅੱਠਵੀਂ ਜਮਾਤ ਨੂੰ ਪ੍ਰੋਤਸਾਹਨ ਪੁਰਸਕਾਰ ਮਿਲਿਆ।ਭਾਸ਼ਣ ਮੁਕਾਬਲੇ ਵਿੱਚ ਗਿਆਰਵੀਂ ਜਮਾਤ ਦੀ ਮਨਮੀਤ ਕੌਰ ਦੂਜੇ ਸਥਾਨ 'ਤੇ ਰਹੀ ਤੇ ਜਿਮਨਾਸਟਿਕ ਵਿੱਚ ਐਸ਼ਮੀਨ ਕੌਰ, ਜਮਾਤ ਛੇਵੀਂ ਮਨਰੀਤ ਕੌਰ, ਜਮਾਤ ਛੇਵੀਂ ਤੇ ਰਾਜਵੀਰ ਕੌਰ ਜਮਾਤ ਸੱਤਵੀਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪ੍ਰਿੰ. ਬਿੰਦੂ ਭੱਲਾ, ਸਕੂਲ ਚੇਅਰਮੈਨ ਅਰਵਿੰਦ ਖੋਸਲਾ ਤੇ ਪ੍ਰੈਜ਼ੀਡੈਂਟ ਅਜੇ ਖੋਸਲਾ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਵਿਦਿਆਰਥੀਆਂ ਨੂੰ ਇਹੋ ਜਿਹੇ ਖੇਡ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ।

# ਵਿਧਾਇਕ ਦੀ ਅਗਵਾਈ 'ਚ ਪਿੰਡਾਂ 'ਚ ਜਾਗਰੂਕਤਾ ਰੈਲੀ ਕੱਢੀ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬ ਵਿੱਚ ਨਸ਼ਿਆਂ ਵਿਰੁੱਧ ਸਰਕਾਰ ਵੱਲੋਂ ਵਿੱਢੀ ਜੰਗ ਲਗਾਤਾਰ ਜਾਰੀ ਹੈ।ਇਸੀ ਮੁਹਿੰਮ ਦੇ ਤਹਿਤ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੀ ਅਗਵਾਈ ਹੇਠ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨਾਂ ਤੋਂ ਆਗਾਹ ਕਰਨ ਲਈ ਪਿੰਡ ਬੌਂਦਲੀ, ਸਰਵਰਪੁਰ, ਕੋਟਲਾ ਭੜੀ ਸਮੇਤ ਹੋਰ ਕਈ ਪਿੰਡਾਂ ਵਿੱਚ ਰੈਲੀਆਂ ਕੱਢੀਆਂ ਗਈਆਂ।ਇਨ੍ਹਾਂ ਰੈਲੀਆਂ ਵਿੱਚ ਵੱਡੀ ਗਿਣਤੀ ਵਿੱਚ ਬਜ਼ੁਰਗਾਂ, ਔਰਤਾਂ, ਨੌਜਵਾਨਾਂ ਤੇ ਬੱਚਿਆਂ ਨੇ ਭਾਗ ਲਿਆ।ਨੌਜਵਾਨਾਂ ਨੇ ਨਸ਼ਿਆਂ ਵਿਰੁੱਧ ਨਾਰੇ ਲਿਖੀਆਂ ਟੀ-ਸ਼ਰਟਾਂ ਪਾਈਆਂ ਹੋਈਆਂ ਸਨ।ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਲੋਕਾਂ ਨੂੰ ਨਸ਼ਿਆਂ ਦੀ ਭਿਆਨਕਤਾ ਬਾਰੇ ਦੱਸਦੇ ਹੋਏ ਸਾਰਿਆਂ ਨੂੰ ਨਸ਼ਿਆਂ ਵਿਰੁੱਧ ਲੜਾਈ ਵਿੱਚ ਯੋਗਦਾਨ ਪਾਉਣ, ਨਸ਼ਿਆਂ ਨੂੰ ਤਿਆਗਣ ਤੇ ਜੀਵਨ ਨੂੰ ਸੰਵਾਰਣ ਦੀ ਸਹੁੰ ਚੁਕਾਈ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਇਸ ਦਿਸ਼ਾ ਵਿੱਚ ਕੋਈ ਢੁੱਕਵਾਂ ਕਦਮ ਨਹੀਂ ਚੁੱਕਿਆ, ਜਿਸ ਕਰਕੇ ਪੰਜਾਬ ਨੂੰ ਭਿਆਨਕ ਨਤੀਜੇ ਭੁਗਤਣੇ ਪੈ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਨਸ਼ਿਆਂ ਤੋਂ ਏਨੇ ਤੰਗ ਆ ਚੁੱਕੇ ਹਨ ਕਿ ਹੁਣ ਉਹ ਆਪ ਮੁਹਾਰੇ ਹੀ ਨਸ਼ਿਆਂ ਵਿਰੁੱਧ ਖੜ੍ਹੇ ਹੋ ਗਏ ਹਨ। ਉਨ੍ਹਾਂ ਕਿਹਾ ਕਿ ਔਰਤਾਂ ਵੀ ਨਸ਼ਾ ਵਿਰੋਧੀ ਜੰਗ ਵਿੱਚ ਅੱਗੇ ਆ ਰਹੀਆਂ ਹਨ।ਲੋਕ ਨਸ਼ਾ ਤਸਕਰਾਂ ਦੀ ਜਾਣਕਾਰੀ ਪੁਲਸ ਨੂੰ ਦੇਣ ਲੱਗ ਪਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਨੇ ਲੋਕਾਂ ਦੇ ਸਹਿਯੋਗ ਨਾਲ ਅੱਤਵਾਦ 'ਤੇ ਜਿੱਤ ਹਾਸਲ ਕੀਤੀ ਸੀ।ਇਹੋ ਜਿਹੇ ਤਰੀਕੇ ਨਾਲ ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾਵੇਗਾ।ਵਿਧਾਇਕ ਦਿਆਲਪੁਰਾ ਨੇ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਉਹ ਇਸ ਭੁਲਾਵੇਂ ਵਿੱਚ ਨਾ ਰਹਿਣ ਕਿ ਉਹ ਨੌਜਵਾਨਾਂ ਦੀ ਜ਼ਿੰਦਗੀ ਬਰਬਾਦ ਕਰਕੇ ਸੁਖੀ ਜ਼ਿੰਦਗੀ ਜੀਅ ਲੈਣਗੇ। ਕੋਆਰਡੀਨੇਟਰ ਜਸਪ੍ਰੀਤ ਸਿੰਘ ਘਲਾਲ ਨੇ ਦੱਸਿਆ ਕਿ ਨਸ਼ਾ ਮੁਕਤੀ ਯਾਤਰਾ ਵਿੱਚ ਸੈਂਕੜੇ ਲੋਕਾਂ ਨੇ ਸਹੁੰ ਚੁੱਕੀ ਅਤੇ ਕਿਹਾ ਕਿ ਉਹ ਆਪਣੇ ਪਿੰਡਾਂ ਵਿੱਚ ਨਸ਼ਾ ਵੇਚਣ ਤੇ ਵਰਤਣ ਵਾਲਿਆਂ ਉੱਤੇ ਸਖਤ ਕਾਨੂੰਨੀ ਕਾਰਵਾਈ ਕਰਾਉਣਗੇ।

# ਸਹਾਰਾ ਮੁਸਲਿਮ ਵੈੱਲਫੇਅਰ ਸੁਸਾਇਟੀ ਨੇ ਬੱਚਿਆਂ ਨੂੰ ਸਟੇਸ਼ਨਰੀ ਵੰਡੀ




**ਮਾਲੇਰਕੋਟਲਾ (ਅਸਗਰ ਪਰਿਹਾਰ)**-ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਮਾਲੇਰਕੋਟਲਾ ਇਲਾਕੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਸਹਾਰਾ ਮੁਸਲਿਮ ਵੈੱਲਫੇਅਰ ਸੁਸਾਇਟੀ ਜਿੱਥੇ ਲੋੜਵੰਦ ਮਰੀਜ਼ਾਂ ਦੀ ਮਦਦ ਲਈ ਹਮੇਸ਼ਾ ਤਤਪਰ ਰਹਿੰਦੀ ਹੈ, ਉਥੇ ਹੀ ਸਕੂਲਾਂ 'ਚ ਪੜ੍ਹਨ ਵਾਲੇ ਹੋਣਹਾਰ ਤੇ ਲੋੜਵੰਦ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਲਈ ਵੀ ਗਾਹੇ ਬਗਾਹੇ ਕਦਮ ਚੁੱਕਦੀ ਰਹਿੰਦੀ ਹੈ।ਇਸੇ ਕੜੀ ਤਹਿਤ ਅੱਜ ਪੰਜਾਬ ਵਕਫ ਬੋਰਡ ਦੇ ਪ੍ਰਬੰਧਾਂ ਅਧੀਨ ਚੱਲਣ ਵਾਲੇ ਸਥਾਨਕ ਇਸਲਾਮੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੱਕ ਸਾਦੇ ਸਮਾਗਮ ਦੌਰਾਨ ਆਰਥਿਕ ਤੌਰ 'ਤੇ ਕਮਜ਼ੋਰ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ, ਵਰਦੀਆਂ ਤੇ ਬੂਟ ਵੰਡੇ ਗਏ ਤਾਂ ਜੋ ਉਹ ਆਪਣੀ ਪੜ੍ਹਾਈ ਨੂੰ ਨਿਰੰਤਰ ਜਾਰੀ ਰੱਖ ਸਕਣ। ਪ੍ਰਧਾਨ ਅਜ਼ਹਰ ਮੁਨੀਮ ਨੇ ਦੱਸਿਆ ਕਿ ਸਾਡੀ ਸੰਸਥਾ ਵੱਲੋਂ ਸਮਾਜ ਭਲਾਈ ਦੇ ਵੱਖ ਵੱਖ ਖੇਤਰਾਂ 'ਚ ਕੰਮ ਜਾਰੀ ਹਨ।ਅੱਜ ਸਹਾਰਾ ਮੁਸਲਿਮ ਵੈੱਲਫੇਅਰ ਸੁਸਾਇਟੀ ਵੱਲੋਂ 250 ਤੋਂ ਵੱਧ ਸਕੂਲੀ ਬੱਚਿਆਂ ਨੂੰ ਆਪਣੀ ਪੜ੍ਹਾਈ ਸਬੰਧੀ ਆ ਰਹੀ ਪ੍ਰੇਸ਼ਾਨੀ ਨੂੰ ਦੂਰ ਕਰਦੇ ਹੋਏ ਕਿਤਾਬਾਂ, ਕਾਪੀਆਂ, ਵਰਦੀਆਂ, ਸਕੂਲ ਬੈਗ ਤੇ ਬੂਟ ਦਿੱਤੇ ਗਏ। ਅਜ਼ਹਰ ਮੁਨੀਮ ਨੇ ਕਿਹਾ ਕਿ ਲੋੜਵੰਦਾਂ ਦੀ ਮਦਦ ਕਰਨਾ ਹੀ ਮਨੁੱਖਤਾ ਦੀ ਸੱਚੀ ਸੇਵਾ ਹੈ।ਸਮਾਗਮ 'ਚ ਪਹੁੰਚੇ ਪੰਜਾਬ ਵਕਫ ਬੋਰਡ ਦੇ ਸੀ.ਈ.ਓ ਲਤੀਫ ਅਹਿਮਦ ਥਿੰਦ, ਮੁਫ਼ਤੀ ਇਰਤਕਾ ਉਲ ਹਸਨ ਕਾਂਧਲਵੀ (ਮੁਫ਼ਤੀ ਏ ਆਜ਼ਮ ਪੰਜਾਬ), ਸੇਵਾ ਮੁਕਤ ਤਹਿਸੀਲਦਾਰ ਐਡਵੋਕੇਟ ਸਿਰਾਜ ਅਹਿਮਦ, ਮੁਹੰਮਦ ਖਲੀਲ ਰਿਟਾਇਰਡ ਜ਼ਿਲ੍ਹਾ ਸਿੱਖਿਆ ਅਫਸਰ, ਡਾ.ਪ੍ਰਭਲੀਨ ਕੌਰ (ਟੀ.ਬੀ ਸਪੈਸ਼ਲਿਸਟ ਕਰਨਵੀਰ ਹਸਪਤਾਲ), ਉੱਘੇ ਕਵੀ ਜ਼ਮੀਰ ਅਲੀ ਜ਼ਮੀਰ, ਸਮਾਜ ਸੇਵੀ ਜ਼ਹੂਰ ਅਹਿਮਦ ਚੌਹਾਨ, ਹਾਜੀ ਮੁਹੰਮਦ ਰਮਜ਼ਾਨ ਆੜ੍ਹਤੀਆ ਸਬਜ਼ੀ ਮੰਡੀ, ਅਰਸ਼ਦ ਅਲੀ ਐੱਨ.ਆਰ.ਆਈ ਐਮ.ਡੀ ਅਲੀ ਪਬਲਿਕ ਸਕੂਲ ਬਿੰਜੋਕੀ, ਮੁਹੰਮਦ ਇਮਰਾਨ ਸੋਸ਼ਲ ਵਰਕਰ, ਸਰਪ੍ਰਸਤ ਇਲਮਦੀਨ ਮੁਨੀਮ ਤੇ ਹਾਜੀ ਅਬਦੁੱਲ ਗ਼ੱਫਾਰ ਨੇ ਇਸ ਨੇਕ ਉਦਮ ਦੀ ਸ਼ਲਾਘਾ ਕੀਤੀ।ਪ੍ਰੋਗਰਾਮ ਦੇ ਅੰਤ 'ਚ ਸੋਸਾਇਟੀ ਦੇ ਸਰਪ੍ਰਸਤ ਹਾਜੀ ਅਬਦੁਲ ਗੱਫਾਰ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਅਨੀਸ ਕੁਰੈਸ਼ੀ ਵੱਲੋਂ ਬਾਖੂਬੀ ਨਿਭਾਈ ਗਈ।

# ਮ੍ਰਿਤਕ ਫਾਇਰਮੈਨ ਦੇ ਪਿੰਡ ਪਹੁੰਚ ਕੇ ਕੈਬਨਿਟ ਮੰਤਰੀ ਨੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

### ਮ੍ਰਿਤਕ ਫਾਇਰਮੈਨ ਦੇ ਪਰਵਾਰ ਨੂੰ ਸੰਭਵ ਸਹਾਇਤਾ ਦੇਣ ਦਾ ਦਿੱਤਾ ਭਰੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਦੇ ਪਿੰਡ ਮਹਿਮੇਵਾਲਾ 'ਚ ਖੇਤਾਂ ਵਿੱਚ ਲੱਗੀ ਅੱਗ ਨੂੰ ਬੁਝਾਉਣ ਵੇਲੇ ਡਿਊਟੀ ਦੌਰਾਨ ਆਪਣੀ ਜ਼ਿੰਦਗੀ ਗੁਆ ਬੈਠੇ ਫਾਇਰਮੈਨ ਗਗਨਦੀਪ ਸਿੰਘ ਦੇ ਪਿੰਡ ਖੋਟੇ ਪਹੁੰਚੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਮ੍ਰਿਤਕ ਦੇ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਆਏ ਹਲਕਾ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ, ਹਲਕਾ ਵਿਧਾਇਕ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ, ਡਾਇਰੈਕਟਰ ਸਥਾਨਕ ਸਰਕਾਰਾਂ ਵਿਭਾਗ (ਪੰਜਾਬ) ਗੁਰਪ੍ਰੀਤ ਸਿੰਘ ਖਹਿਰਾ, ਮੇਅਰ ਨਗਰ ਨਿਗਮ ਮੋਗਾ ਬਲਜੀਤ ਸਿੰਘ ਚਾਨੀ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀਮਤੀ ਚਾਰੂਮਿਤਾ, ਚੇਅਰਮੈਨ ਮਾਰਕੀਟ ਕਮੇਟੀ ਹਰਜਿੰਦਰ ਸਿੰਘ ਰੋਡੇ ਨੇ ਵੀ ਮ੍ਰਿਤਕ ਦੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮ੍ਰਿਤਕ ਗਗਨਦੀਪ ਦੀ ਮੌਤ ਨਾਲ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਅਤੇ ਇਸ ਦੀ ਭਰਪਾਈ ਤਾਂ ਕਿਸੇ ਵੀ ਕੀਮਤ 'ਤੇ ਨੀਂ ਕੀਤੀ ਜਾ ਸਕਦੀ। ਉਨ੍ਹਾਂ ਪਰਵਾਰ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਮ੍ਰਿਤਕ ਦੇ ਪਰਵਾਰ ਨਾਲ ਖੜ੍ਹੀ ਹੈ ਤੇ ਪਰਵਾਰ ਦੀ ਸੰਭਵ ਸਹਾਇਤਾ ਕਰਵਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

## ਬ੍ਰਹਮਪੁਰਾ ਵੱਲੋਂ ਪੱਤਰਕਾਰ ਭਗਤ ਸਿੰਘ ਰੂੜੀਵਾਲਾ ਨਾਲ ਦੁੱਖ ਦਾ ਪ੍ਰਗਟਾਵਾ

**ਚੋਹਲਾ ਸਾਹਿਬ (ਰਮਨ ਚੱਢਾ)**-ਕਸਬਾ ਚੋਹਲਾ ਸਾਹਿਬ ਤੋਂ ਪੱਤਰਕਾਰ ਭਗਤ ਸਿੰਘ ਰੂੜੀਵਾਲਾ ਦੇ ਚਾਚਾ ਅਤੇ ਸਵ. ਕੈਪਟਨ ਸਵਰਨ ਸਿੰਘ ਦੇ ਛੋਟੇ ਭਰਾਤਾ ਕਰਮ ਸਿੰਘ ਜੋ ਪਿਛਲੇ ਦਿਨੀਂ ਗੁਰੂ ਚਰਨਾਂ ਦੇ ਵਿੱਚ ਜਾ ਬਿਰਾਜੇ ਹਨ।ਇਸ ਦੁੱਖ ਦੀ ਘੜੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਉਨ੍ਹਾਂ ਦੇ ਗ੍ਰਹਿ ਪਿੰਡ ਰੂੜੀਵਾਲਾ ਵਿਖੇ ਪੁੱਜ ਕੇ ਪੱਤਰਕਾਰ ਭਗਤ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਉਨ੍ਹਾਂ ਨੇ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਦੇ ਵਿੱਚ ਨਿਵਾਸ ਬਖਸ਼ਣ ਅਤੇ ਪਿਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਇਸ ਮੌਕੇ ਉਨ੍ਹਾਂ ਨਾਲ ਅਮਰੀਕ ਸਿੰਘ ਸਾਬਕਾ ਸਰਪੰਚ ਚੋਹਲਾ ਸਾਹਿਬ, ਹਰਜਿੰਦਰ ਸਿੰਘ ਜਿੰਦਾ ਆੜ੍ਹਤੀ, ਕਿਸਾਨ ਆਗੂ ਗੁਰਦੇਵ ਸਿੰਘ, ਕਵੀਸ਼ਰ ਰਣਜੀਤ ਸਿੰਘ, ਅਵਤਾਰ ਸਿੰਘ ਸੰਧੂ ਰੇਮੰਡ ਵਾਲੇ, ਸੂਬੇਦਾਰ ਹਰਬੰਸ ਸਿੰਘ, ਮਨਜਿੰਦਰ ਸਿੰਘ ਲਾਟੀ ਅਤੇ ਡਾ.ਜਤਿੰਦਰ ਸਿੰਘ ਆਦਿ ਹਾਜ਼ਰ ਸਨ।


**UMMEED HOUSING FINANCE PVT. LTD**
Registered office at: Unit 2009-14, 20th Floor, Tower –2,Magnum Global Park, Golf Course Extension Road, Sect-58, Gurugram (Haryana)-122011") CIN:U65922HR2016PTC057984.

**ਸਰਫੇਸੀ ਐਕਟ ਸੈਕਸ਼ਨ (13) 2 ਤਹਿਤ ਡਿਮਾਂਡ ਨੋਟਿਸ**

ਜਦੋਂਕਿ ਕਰਜ਼ਾ ਖਾਤਾ ਐੱਨ ਪੀ ਏ ਹੋ ਗਿਆ ਹੈ, ਇਸ ਲਈ ਅਧਿਕਾਰਤ ਅਫਸਰ ਨੇ ਹੇਠਾਂ ਸਾਰਣੀ 'ਚ ਦਰਸਾਏ ਕਰਜ਼ਦਾਰ/ਬਿਨੈਕਾਰ/ਗਰੰਟਰ/ਰਹਿਣਕਾਰ ਨੂੰ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ ਜਾਰੀ ਕੀਤਾ ਹੈ। ਨੋਟਿਸ ਅਨੁਸਾਰ ਜੇਕਰ ਕਰਜ਼ਦਾਰ 60 ਦਿਨਾਂ ਦੇ ਅੰਦਰ ਸਾਰੀ ਰਕਮ ਜਮ੍ਹਾਂ ਨਹੀਂ ਕਰਵਾਉਂਦੇ ਤਾਂ ਰਕਮ ਹੇਠਾਂ ਦਰਸਾਈ ਰਹਿਣ ਕੀਤੀ ਜਾਇਦਾਦ/ਸਕਿਉਰਡ ਐੱਸਟਸ ਦੀ ਨਿਲਾਮੀ ਰਾਹੀਂ ਵਸੂਲ ਕੀਤੀ ਜਾਵੇਗੀ। ਇਸ ਲਈ ਕਰਜ਼ਦਾਰਾਂ ਨੂੰ ਸਾਰੀ ਰਕਮ ਸਮੇਤ ਭਵਿੱਖੀ ਵਿਆਜ ਅਤੇ ਖਰਚਿਆਂ ਦੇ ਡਿਮਾਂਡ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਸੂਚਨਾ ਦਿੱਤੀ ਗਈ ਹੈ, ਨਹੀਂ ਤਾਂ ਉਕਤ ਐਕਟ ਦੇ ਸੈਕਸ਼ਨ 13 [4] ਅਤੇ 14 ਦੀਆਂ ਵਿਵਸਥਾਵਾਂ ਤਹਿਤ, ਅਧਿਕਾਰਤ ਅਫਸਰ ਹੇਠਾਂ ਦਰਸਾਈ ਰਹਿਣ ਜਾਇਦਾਦ/ਸਕਿਉਰਡ ਐੱਸਟਸ ਦੀ ਵਿਕਰੀ ਲਈ ਕਬਜ਼ਾ ਹਾਸਲ ਕਰ ਰਿਹਾ ਹੈ।

ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ ਕਰਜ਼ਦਾਰ ਧਿਆਨ ਦੇਣ ਕਿ ਐਕਟ 2002 ਦੀਆਂ 13[13] ਸ਼ਰਤਾਂ ਅਨੁਸਾਰ ਤੁਹਾਡੇ 'ਤੇ ਸਕਿਉਰਡ ਕ੍ਰੈਡਿਟਰ ਦੀ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਕਿਸੇ ਵੀ ਸਕਿਉਰਡ ਐੱਸਟਸ ਦੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲੀ ਕਰਨ 'ਤੇ ਰੋਕ ਅਤੇ ਪਾਬੰਦੀ ਹੈ। ਕਰਜ਼ਦਾਰ ਦਾ ਧਿਆਨ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 3 (5) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (8) ਵੱਲ ਦਿਵਾਇਆ ਜਾਂਦਾ ਹੈ ਕਿ ਕਰਜ਼ਦਾਰ ਨਿਲਾਮੀ ਨੋਟਿਸ ਦੀ ਪ੍ਰਕਾਸ਼ਨਾ ਤੋਂ ਪਹਿਲਾਂ ਹੇਠਾਂ ਦਰਸਾਏ ਸਾਰੇ ਬਕਾਏ ਮੁਕੰਮਲ ਤੌਰ 'ਤੇ ਅਦਾ ਕਰਕੇ ਸਕਿਉਰਡ ਐੱਸਟਸ ਦਾ ਪੁਨਰਗ੍ਰਹਿਣ ਕਰ ਸਕਦੇ ਹਨ, ਜਿਸ ਦੀ ਬਾਅਦ 'ਚ ਹੋਂਦ ਖਤਮ ਹੋ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਬਿਨੈਕਾਰ/ਗਰੰਟਰ/ ਰਹਿਣਕਾਰ ਦਾ ਨਾਂਅ | 13[2] ਸੈਕਸ਼ਨ ਅਧੀਨ ਡਿਮਾਂਡ ਨੋਟਿਸ 'ਚ ਰਕਮ ਅਤੇ ਮਿਤੀ |
|---|---|---|
| 1. | (1) ਊਸ਼ਾ ਦੇਵੀ ਪਤਨੀ ਰਾਮ ਸ਼ੰਕਰ ਪਾਂਡੇ (ਕਰਜ਼ਦਾਰ) (2) ਰਾਮ ਸ਼ੰਕਰ ਪਾਂਡੇ ਪੁੱਤਰ ਰਾਮ ਨਰਾਇਣ ਪਾਂਡੇ (ਸਹਿ-ਕਰਜ਼ਦਾਰ) (3) ਅੰਜਨੀ ਪਾਂਡੇ ਪੁੱਤਰ ਰਾਮ ਸ਼ੰਕਰ ਪਾਂਡੇ (ਸਹਿ-ਕਰਜ਼ਦਾਰ) (4) ਅਸ਼ਵਨੀ ਕੁਮਾਰ ਪਾਂਡੇ ਪੁੱਤਰ ਰਾਮ ਸ਼ੰਕਰ ਪਾਂਡੇ (ਸਹਿ-ਕਰਜ਼ਦਾਰ), ਉਪਰੋਕਤ ਸਾਰੇ ਵਾਸੀ ਮਕਾਨ ਨੰ. 18, ਪਹਿਲੀ ਮੰਜ਼ਲ, ਗੁਰੂ ਨਾਨਕ ਕਾਲੋਨੀ, ਬਾਦ ਮਾਜਰਾ, ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ-160055 ਕਰਜ਼ਾ ਨੰ. ਐੱਲ ਐੱਕਸ ਸੀ ਐੱਚ ਡੀ -02917-180001323, ਕਰਜ਼ਾ ਇਕਰਾਰਨਾਮਾ ਮਿਤੀ : 28 ਫਰਵਰੀ 2018, ਕਰਜ਼ਾ ਰਕਮ : ਰੁਪਏ 819720/- | 09 ਮਈ 2025 ਨੂੰ ਰੁਪਏ 6,31,257/- (ਛੇ ਲੱਖ ਇਕੱਤੀ ਹਜ਼ਾਰ ਦੋ ਸੌ ਸਤਵੰਜਾ ਰੁਪਏ ਕੇਵਲ) ਜਮ੍ਹਾਂ 10 ਮਈ 2025 ਤੋਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਜਾਇਦਾਦ ਰਕਬਾ 2-1/3 ਮਰਲੇ, ਖੇਵਟ/ਖਤੌਨੀ ਨੰ. 338/353, ਖਸਰਾ ਨੰ. 34//16/2/1 (1-5), 16/2/2 (1-17), 25/1/2 (3-8), 25/2/1 (2-19) ਕਿੱਤੇ 4, ਰਕਬਾ 9 ਕਨਾਲ 9 ਮਰਲੇ ਅਤੇ ਉਸ ਦਾ 7/567 ਹਿੱਸਾ, ਰਕਬਾ 2-1/3 ਮਰਲੇ, ਪਿੰਡ ਬਾਗੋਮਾਜਰਾ, ਹਦਬਸਤ ਨੰ. 75, ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਹੋਰ ਮਾਲਕ 48 ਫੁੱਟ 3 ਇੰਚ, ਪੱਛਮ : ਹੋਰ ਮਾਲਕ 48 ਫੁੱਟ, ਉੱਤਰ : ਹੋਰ ਮਾਲਕ ਅਤੇ ਰਸਤਾ, ਦੱਖਣ : ਹੋਰ ਮਾਲਕ 13 ਫੁੱਟ, ਵਸੀਕਾ ਨੰ. 7662 ਮਿਤੀ 17.11.2017 ਅਨੁਸਾਰ

ਮਿਤੀ : 20 ਮਈ 2025
ਸਥਾਨ : ਗੁਰੂਗ੍ਰਾਮ
ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬਾਇਲ -96500-55701
ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ



**AXIS BANK** Axis Bank Ltd., Retail Asset Centre,: 2nd Floor, Property # 7-E, Municipal 3903/1142/16, Malhar Road, Sarabha Nagar, Ludhiana- 141001

**[ਰੂਲ-8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ ਗਰੰਟਰਾਂ/ਰਹਿਣਕਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਰੂਲ ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ ਗਰੰਟਰਾਂ/ਰਹਿਣਕਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਕਰਨ 'ਤੇ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|
| 1. | ਮੈਸ: ਅਰੋੜਾ ਸੇਲਜ਼ ਕਾਰਪੋਰੇਸ਼ਨ ਰਾਹੀਂ ਇਸ ਦੇ ਮਾਲਕ ਸ੍ਰੀ ਕਮਲ ਅਰੋੜਾ | 7 ਫਰਵਰੀ 2025 / 14 ਮਈ 2025 / ਰੁਪਏ 11,44,026/- (ਗਿਆਰਾਂ ਲੱਖ ਚੁਤਾਲੀ ਹਜ਼ਾਰ ਛੱਬੀ ਰੁਪਏ ਕੇਵਲ) |

ਅਚੱਲ ਜਾਇਦਾਦ ਦਾ ਵੇਰਵਾ : ਬੈਨਾਮਾ ਨੰ. 2022-23/186/1/12963 ਮਿਤੀ 2-3-2023 ਅਨੁਸਾਰ ਸ੍ਰੀ ਕਮਲ ਅਰੋੜਾ ਦੇ ਨਾਂਅ 'ਤੇ ਰਜਿਸਟਰਡ ਵਪਾਰਕ ਜਾਇਦਾਦ ਈ ਆਰ 145-146, ਦੁਕਾਨ ਨੰ. 33 ਐੱਲ ਜੀ ਐੱਫ (ਬੇਸਮੈਂਟ), ਰਕਬਾ 150.71 ਵਰਗ ਫੁੱਟ, ਮੋਨਿਕਾ ਟਾਵਰ, ਪੱਕਾ ਬਾਗ, ਨਯਾ ਬਜ਼ਾਰ, ਜਲੰਧਰ ਦੇ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਆਮ ਰਸਤਾ 11'-4.5", ਉੱਤਰ : ਦੁਕਾਨ ਨੰ. 32 13'-3", ਪੱਛਮ : ਦੁਕਾਨ ਨੰ. 8/3 11'-4.5", ਦੱਖਣ : ਰਸਤਾ 2'-4.5" 13'-3"

ਉਕਤ ਦਰਜ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ/ਰਹਿਣਕਾਰ (ਰਹਿਣਕਾਰਾਂ) ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 20.05.2025
ਸਥਾਨ : ਜਲੰਧਰ
ਸਹੀ/- ਅਧਿਕਾਰਤ ਅਫਸਰ
ਐਕਸਿਸ ਬੈਂਕ ਲਿਮਟਿਡ

## 21 ਪਿੰਡਾਂ 'ਚ ਕੱਢੀ ਗਈ ਨਸ਼ਾ ਮੁਕਤੀ ਯਾਤਰਾ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਸੂਬਾ ਪੱਧਰੀ ਮੁਹਿੰਮ ਤਹਿਤ ਐਤਵਾਰ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਾਰੇ ਵਿਧਾਨ ਸਭਾ ਹਲਕਿਆਂ ਵਿਚ ਨਸ਼ਾ ਮੁਕਤੀ ਯਾਤਰਾਵਾਂ ਕੱਢੀਆਂ ਗਈਆਂ। ਇਹ ਯਾਤਰਾਵਾਂ ਜ਼ਿਲ੍ਹੇ ਦੇ 21 ਪਿੰਡਾਂ ਵਿਚ ਕੱਢੀਆਂ ਗਈਆ, ਜਿਨ੍ਹਾਂ ਵਿਚ ਸਥਾਨਕ ਵਿਧਾਇਕਾਂ, ਪ੍ਰਸ਼ਾਸਨਿਕ ਅਧਿਕਾਰੀਆਂ, ਸਮਾਜਿਕ ਸੰਗਠਨਾਂ, ਨੌਜਵਾਨਾਂ ਅਤੇ ਨਾਗਰਿਕਾਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ।ਸ਼ਾਮਚੁਰਾਸੀ ਵਿਧਾਨ ਸਭਾ ਹਲਕੇ ਵਿਚ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਵਿਚ ਬੁੱਲੋਵਾਲ, ਫਤੋਵਾਲ ਅਤੇ ਪਥਿਆਲੀਆਂ ਪਿੰਡਾਂ ਵਿਚ ਨਸ਼ਾ ਵਿਰੋਧੀ ਜਾਗਰੂਕਤਾ ਰੈਲੀਆਂ ਕੱਢੀਆਂ ਗਈਆਂ।ਚੱਬੇਵਾਲੇ ਹਲਕੇ ਵਿਚ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਭੂੰਗਰਨੀ, ਹੇੜੀਆਂ ਅਤੇ ਪੰਡੋਰੀ ਕੱਦ ਪਿੰਡਾਂ ਵਿਚ ਯਾਤਰਾਵਾਂ ਦੀ ਅਗਵਾਈ ਕੀਤੀ।ਗੜ੍ਹਸ਼ੰਕਰ ਵਿਚ ਡਿਪਟੀ ਸਪੀਕਰ ਜੈ ਕਿਸ਼ਨ ਸਿੰਘ ਰੌੜੀ ਨੇ ਡਗਾਮ, ਦੇਨੋਵਾਲ ਕਲਾਂ ਅਤੇ ਫਤਹਿਪੁਰ ਕਲਾਂ ਪਿੰਡਾਂ ਵਿਚ ਲੋਕਾਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕ ਕੀਤਾ।ਹੁਸ਼ਿਆਰਪੁਰ ਵਿਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਅਗਵਾਈ ਵਿਚ ਬਸੀ ਦੌਲਤ ਖਾਂ, ਨਾਰੂ ਨੰਗਲ ਅਤੇ ਕੌਂਡਲਾ ਪਿੰਡਾਂ ਵਿਚ ਰੈਲੀਆਂ ਆਯੋਜਿਤ ਕੀਤੀਆਂ ਗਈਆਂ।ਟਾਂਡਾ ਹਲਕੇ ਵਿਚ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਪੱਟੀ ਤਲਵੰਡੀ ਸੱਲਾ, ਤਲਵੰਡੀ ਡੰਡੀਆਂ ਅਤੇ ਸ਼ਹਿਬਾਜਪੁਰ ਪਿੰਡਾਂ ਵਿਚ ਮੁਹਿੰਮ ਚਲਾਈ।ਦਸੂਹਾ ਵਿਚ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਚੰਡੀਦਾਸ, ਕੋਲੋਵਾਲ ਅਤੇ ਜਲੋਟਾ ਪਿੰਡਾਂ ਵਿਚ ਨਸ਼ਾ ਮੁਕਤੀ ਯਾਤਰਾ ਕੱਢੀ । ਮੁਕੇਰੀਆਂ ਹਲਕੇ ਵਿਚ ਵਿਧਾਨ ਸਭਾ ਹਲਕਾ ਇੰਚਾਰਜ ਪ੍ਰੋ: ਜੀ.ਐਸ. ਮੁਲਤਾਨੀ ਨੇ ਦੋਲੋਵਾਲ, ਜਮਾਲਪੁਰ ਅਤੇ ਕਮਾਲਪੁਰ ਪਿੰਡਾਂ ਵਿਚ ਰੈਲੀ ਦਾ ਸੰਚਾਲਨ ਕੀਤਾ। ਸਾਰੇ ਜਨ ਪ੍ਰਤੀਨਿੱਧੀਆਂ ਨੇ ਇਕ ਸੁਰ ਵਿਚ ਕਿਹਾ ਕਿ ਨਸ਼ਾ ਪੰਜਾਬ ਦੀਆਂ ਜੜ੍ਹਾਂ ਨੂੰ ਖੋਖਲਾ ਕਰ ਰਿਹਾ ਹੈ ਅਤੇ ਇਸ ਨਾਲ ਲੜਾਈ ਕੇਵਲ ਸਰਕਾਰ ਨਹੀਂ, ਬਲਕਿ ਪੂਰੇ ਸਮਾਜ ਨੂੰ ਮਿਲ ਕੇ ਲੜਨੀ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕਰ ਰਹੀ ਹੈ ਅਤੇ ਪੁਨਰਵਾਸ ਕੇਂਦਰਾਂ ਰਾਹੀਂ ਪੀੜ੍ਹਤ ਨੌਜਵਾਨਾਂ ਨੂੰ ਮੁਖਧਾਰਾ ਵਿਚ ਲਿਆਉਣ ਦਾ ਯਤਨ ਕਰ ਰਹੀ ਹੈ।ਸਰਕਾਰ ਦਾ ਉਦੇਸ਼ ਹੈ ਕਿ ਇਸ ਤਰ੍ਹਾਂ ਦੀਆਂ ਨਿਰੰਤਰ ਜਾਗਰੂਕਤਾ ਗਤੀਵਿਧੀਆਂ ਰਾਹੀਂ ਪੰਜਾਬ ਨੂੰ ਨਸ਼ਾ ਮੁਕਤ ਅਤੇ ਸਿਹਤਮੰਦ ਸਮਾਜ ਦੀ ਦਿਸ਼ਾ ਵਿਚ ਲਿਜਾਣਾ ਹੈ।

## ਆਗੂਆਂ ਨੂੰ ਗ੍ਰਿਫ਼ਤਾਰ ਕਰਨ ਦੀ ਲੋਕ ਇਨਸਾਫ਼ ਮੰਚ ਵੱਲੋਂ ਸਖ਼ਤ ਸ਼ਬਦਾਂ 'ਚ ਨਿੰਦਾ

ਫਿਲੌਰ, (ਨਿਰਮਲ)
ਜ਼ਿਲ੍ਹਾ ਸੰਗਰੂਰ ਦੇ ਪਿੰਡ ਬੀੜ ਐਸਵਾਨ ਵਿੱਚ ਬੇਗਮਪੁਰਾ ਵਸਾਉਣ ਜਾ ਰਹੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂਆਂ ਜ਼ੋਨਲ ਪ੍ਰਧਾਨ ਮੁਕੇਸ਼ ਮਲੌਦ, ਉਨ੍ਹਾਂ ਦੀ ਪਤਨੀ ਅਨੀਤਾ ਦਿਓਲ, ਸਕੱਤਰ ਬਿੱਕਰ ਸਿੰਘ, ਧਰਮਵੀਰ , ਗੁਰਵਿੰਦਰ ਸਿੰਘ, ਗੁਰਮੁੱਖ ਸਿੰਘ ਮਾਨ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾਈ ਪ੍ਰੈਸ ਸਕੱਤਰ ਕਸ਼ਮੀਰ ਸਿੰਘ ਘੁਗਸ਼ੋਰ, ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਹੰਸਰਾਜ ਪੱਬਮਾ ਆਦਿ ਨੂੰ ਗਿਰਫ਼ਤਾਰ ਕਰਕੇ ਜੇਲ੍ਹੀਂ ਡੱਕਣ ਦੀ ਲੋਕ ਇਨਸਾਫ਼ ਮੰਚ ਦੇ ਆਗੂਆਂ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਲੋਕ ਇਨਸਾਫ਼ ਮੰਚ ਦੇ ਆਗੂਆਂ ਪ੍ਰਧਾਨ ਜਰਨੈਲ ਫਿਲੌਰ, ਸਕੱਤਰ ਪਰਸ਼ੋਤਮ ਫਿਲੌਰ, ਮੁੱਖ ਬੁਲਾਰੇ ਐਡਵੋਕੇਟ ਸੰਜੀਵ ਭੌਰਾ, ਪ੍ਰੈਸ ਸਕੱਤਰ ਜਸਵੰਤ ਬੋਧ, ਕੈਸ਼ੀਅਰ ਡਾਕਟਰ ਸੰਦੀਪ ਕੁਮਾਰ, ਸੀਨੀਅਰ ਮੀਤ ਪ੍ਰਧਾਨ ਹੰਸ ਰਾਜ, ਕੋਰ ਕਮੇਟੀ ਮੈਂਬਰ ਡਾਕਟਰ ਅਸ਼ੋਕ ਕੁਮਾਰ, ਅਮਰਜੀਤ ਲਾਡੀ, ਹਨੀ ਸੰਤੋਖਪੁਰਾ, ਰਾਮਜੀ ਦਾਸ ਗੰਨਾ ਪਿੰਡ, ਤਹਿਸੀਲ ਕਮੇਟੀ ਆਗੂ ਸੁਨੀਲ ਗੰਨਾ ਪਿੰਡ, ਦੀਪਕ ਰਵਿਦਾਸਪੁਰਾ, ਸੰਦੀਪ ਗੰਨਾ ਪਿੰਡ, ਰਾਜਵਿੰਦਰ ਮੁਠੱਡਾ, ਡਾਕਟਰ ਬਲਜੀਤ ਦਾਰਾਪੁਰ, ਸੋਮ ਨਾਥ ਸ਼ੇਖੂਪੁਰ, ਸੁਰਿੰਦਰ ਮਹਲਾ ਆਦਿ



ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਪੁਲਸ ਰਾਜ ਸ਼ੁਰੂ ਕਰਕੇ ਲੋਕਤੰਤਰ ਦਾ ਗਲਾ ਘੁੱਟਿਆ ਜਾ ਰਿਹਾ ਹੈ। ਲੋਕਾਂ ਵੱਲੋਂ ਮੋਰਚੇ ਦੀ ਸਫਲਤਾ ਲਈ ਸਹਿਯੋਗ ਦਿੱਤਾ ਜਾ ਰਿਹਾ ਸੀ, ਜਿਸ ਵਿੱਚ ਰਸੋਈ ਸਮੱਗਰੀ, ਪਾਣੀ ਅਤੇ ਰਹਿਣ-ਸਹਿਣ ਦੀਆਂ ਸਹੂਲਤਾਂ ਸ਼ਾਮਲ ਹਨ।ਕਮੇਟੀ ਨੇ ਸਰਕਾਰ ਨੂੰ ਜ਼ਮੀਨ ਸੁਧਾਰਾਂ ਨੂੰ ਲਾਗੂ ਕਰਨ ਅਤੇ ਮਜ਼ਦੂਰਾਂ ਦੇ ਹੱਕਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਦੀ ਮੰਗ ਕੀਤੀ ਹੈ। ਉਨ੍ਹਾਂ ਸਮੂਹ ਮਜ਼ਦੂਰਾਂ, ਕਿਸਾਨਾਂ ਅਤੇ ਸਮਾਜਿਕ ਸੰਗਠਨਾਂ ਨੂੰ 20 ਮਈ ਨੂੰ ਬੀੜ ਐਸਵਾਨ ਵਿਖੇ ਇਕੱਠੇ ਹੋਣ ਦਾ ਸੱਦਾ ਦਿੱਤਾ ਸੀ।

## ਤਿੰਨ ਵਿਅਕਤੀ ਹੈਰੋਇਨ ਤੇ ਚਾਰ ਗੈਰ-ਕਾਨੂੰਨੀ ਹਥਿਆਰ ਸਮੇਤ ਗ੍ਰਿਫ਼ਤਾਰ



ਜਲੰਧਰ, (ਸ਼ੈਲੀ ਐਲਬਰਟ)
ਯੁੱਧ ਨਸ਼ਿਆਂ ਵਿਰੁੱਧ ਚੱਲ ਰਹੀ ਪਹਿਲਕਦਮੀ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਵਿੱਚ ਕਮਿਸ਼ਨਰੇਟ ਜਲੰਧਰ ਦੇ ਸੀ ਆਈ ਏ ਸਟਾਫ ਨੇ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਚਾਰ ਗੈਰ-ਕਾਨੂੰਨੀ ਪਿਸਤੌਲ (.32 ਬੋਰ), ਅੱਠ ਜ਼ਿੰਦਾ ਕਾਰਤੂਸ ਅਤੇ 150 ਗ੍ਰਾਮ ਹੈਰੋਇਨ ਜ਼ਬਤ ਕੀਤੀ। ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ 17 ਮਈ ਨੂੰ ਸੀ ਆਈ ਏ ਟੀਮ ਮਕਸੂਦਾਂ ਚੌਂਕ ਤੋਂ ਬਿਧੀਪੁਰ, ਜਲੰਧਰ ਤੱਕ ਦੇ ਖੇਤਰ ਵਿੱਚ ਰੁਟੀਨ ਗਸ਼ਤ ਕਰ ਰਹੀ ਸੀ। ਇਸ ਕਾਰਵਾਈ ਦੌਰਾਨ ਫਾਟਕ ਸੂਰਾਨੁੱਸੀ ਨੇੜੇ ਟੀਮ ਨੇ ਦੋ ਸ਼ੱਕੀ ਵਿਅਕਤੀਆਂ ਨੂੰ ਦੇਖਿਆ ਅਤੇ ਉਨ੍ਹਾਂ ਦੀ ਤਲਾਸ਼ੀ ਲਈ ਗਈ। ਪਹਿਲੇ ਸ਼ੱਕੀ ਦੀ ਪਛਾਣ ਹਰਜਿੰਦਰ ਸਿੰਘ ਉਰਫ਼ ਮਨੀ ਵਾਲੀਆ ਪੁੱਤਰ ਪਿਆਰਾ ਸਿੰਘ ਵਾਸੀ ਮਕਾਨ ਨੰਬਰ 8, ਸ਼ਹੀਦ ਊਧਮ ਸਿੰਘ ਨਗਰ, ਜਲੰਧਰ ਵਜੋਂ ਹੋਈ ਹੈ, ਜਿਸ ਕੋਲੋਂ 100 ਗ੍ਰਾਮ ਹੈਰੋਇਨ, ਇੱਕ .32 ਬੋਰ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਬਰਾਮਦ ਹੋਏ। ਦੂਜੇ ਮੋਹਿਤ ਉਰਫ਼ ਲਵਲੀ ਪੁੱਤਰ ਇਕਬਾਲ ਸਿੰਘ ਵਾਸੀ ਮਕਾਨ ਨੰਬਰ 21, ਸ਼ਿਵ ਨਗਰ ਸੋਡਲ ਰੋਡ ਜਲੰਧਰ ਕੋਲੋਂ 50 ਗ੍ਰਾਮ ਹੈਰੋਇਨ, ਇੱਕ .32 ਬੋਰ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਬਰਾਮਦ ਹੋਏ। ਇੱਕ ਵੱਖਰੀ ਕਾਰਵਾਈ ਵਿੱਚ ਸੀ ਆਈ ਏ ਦੀ ਇੱਕ ਹੋਰ ਟੀਮ ਨੂੰ ਚੁਗਿੱਟੀ ਨੇੜੇ ਗਸ਼ਤ ਦੌਰਾਨ ਯੂਨੀਅਨ ਬੈਂਕ ਦੇ ਪਿੱਛੇ ਇੱਕ ਬਾਗ਼ ਵਿੱਚ ਇੱਕ ਵਿਅਕਤੀ ਦੇ ਕਥਿਤ ਤੌਰ 'ਤੇ ਗੈਰ-ਕਾਨੂੰਨੀ ਹਥਿਆਰ ਲੈ ਕੇ ਜਾਣ ਬਾਰੇ ਸੂਚਨਾ ਮਿਲੀ। ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਆਕਾਸ਼ਦੀਪ ਉਰਫ਼ ਕਾਲੂ ਪੁੱਤਰ ਜੁਨਸ ਵਾਸੀ ਮਕਾਨ ਨੰਬਰ 2X 1262, ਲੰਬਾ ਪਿੰਡ ਚੌਂਕ, ਜਲੰਧਰ ਨੂੰ ਗ੍ਰਿਫ਼ਤਾਰ ਕਰ ਲਿਆ। ਉਸ ਦੀ ਤਲਾਸ਼ੀ ਲੈਣ 'ਤੇ ਦੋ .32 ਬੋਰ ਪਿਸਤੌਲ ਅਤੇ ਚਾਰ ਜ਼ਿੰਦਾ ਕਾਰਤੂਸ ਬਰਾਮਦ ਹੋਏ। ਕਾਰਵਾਈ ਕਰਦਿਆਂ ਐਫ ਆਈ ਆਰ ਥਾਣਾ ਰਾਮਾ ਮੰਡੀ, ਜਲੰਧਰ ਵਿਖੇ ਦਰਜ ਕੀਤੀ ਗਈ।ਉਹਨਾਂ ਦੱਸਿਆ ਕਿ ਤਿੰਨੋਂ ਦੋਸ਼ੀ ਅਪਰਾਧਕ ਗਤੀਵਿਧੀਆਂ ਦੇ ਇਤਿਹਾਸ ਵਾਲੇ ਆਦਤਨ ਅਪਰਾਧੀ ਹਨ। ਉਨ੍ਹਾਂ ਵਿਰੁੱਧ ਅਸਲਾ ਐਕਟ ਅਤੇ ਹੋਰ ਕਈ ਅਪਰਾਧਕ ਧਾਰਾਵਾਂ ਤਹਿਤ ਕੁੱਲ ਸੱਤ ਐਫ ਆਈ ਆਰ ਦਰਜ ਹਨ।ਸੀ ਪੀ ਜਲੰਧਰ ਨੇ ਕਿਹਾ ਕਿ ਜਲੰਧਰ ਪੁਲਸ ਅਪਰਾਧ ਪ੍ਰਤੀ ਆਪਣੀ ਜ਼ੀਰੋ-ਟੌਲਰੈਂਸ ਨੀਤੀ ਨੂੰ ਦੁਹਰਾਉਂਦੀ ਹੈ ਅਤੇ ਜਨਤਾ ਨੂੰ ਭਰੋਸਾ ਦਿਵਾਉਂਦੀ ਹੈ ਕਿ ਸ਼ਹਿਰ ਵਿੱਚ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਮਜ਼ਬੂਤ ਅਤੇ ਨਿਰੰਤਰ ਯਤਨ ਜਾਰੀ ਰਹਿਣਗੇ।

## ਨਸ਼ਾ ਮੁਕਤੀ ਯਾਤਰਾ ਦੇ ਦੂਜੇ ਦਿਨ ਵਿਧਾਇਕ ਰੰਧਾਵਾ ਕਾਰਕੋਰ, ਬਰੌਲੀ ਤੇ ਅਮਲਾਲਾ ਪੁੱਜੇ



ਡੇਰਾਬੱਸੀ (ਵਿਨੈ ਕੁਮਾਰ ਜੈਨ)
ਪੰਜਾਬ ਭਰ ਵਿੱਚ ਕੱਲ੍ਹ ਤੋਂ ਸ਼ੁਰੂ ਹੋਈਆਂ ਨਸ਼ਾ ਮੁਕਤੀ ਯਾਤਰਾਵਾਂ ਦੀ ਲੜੀ ਵਿੱਚ ਅੱਜ ਦੂਸਰੇ ਦਿਨ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਕਾਰਕੋਰ, ਬਰੌਲੀ ਤੇ ਅਮਲਾਲਾ ਪਿੰਡ ਦੇ ਸਰਪੰਚਾਂ-ਪੰਚਾਂ ਅਤੇ ਵਸਨੀਕਾਂ ਨਾਲ ਮੁਲਾਕਾਤ ਕਰਕੇ ਉਹਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਆਪਣੇ ਆਲੇ ਦੁਆਲੇ ਨਸ਼ਿਆਂ ਦੀ ਦਲ-ਦਲ 'ਚ ਫਸੇ ਨੌਜਵਾਨਾਂ ਦਾ ਇਲਾਜ ਕਰਵਾਉਣ ਤੇ ਨਸ਼ਾ ਵੇਚਣ ਵਾਲਿਆਂ ਦੀ ਸੂਚਨਾ ਪੁਲਸ ਜਾਂ ਪ੍ਰਸ਼ਾਸਨ ਨੂੰ ਦੇਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਬੀਤੀ 24 ਫਰਵਰੀ ਤੋਂ ਪੰਜਾਬ ਭਰ ਵਿੱਚ ਆਰੰਭ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਲੋਕਾਂ ਦਾ ਚੰਗਾ ਹੁੰਗਾਰਾ ਮਿਲਿਆ ਹੈ ਅਤੇ ਹੁਣ ਤੱਕ 11 ਹਜ਼ਾਰ ਤੋਂ ਵਧੇਰੇ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹਾਂ ਵਿਚ ਭੇਜਿਆ ਗਿਆ ਹੈ।ਐਮ ਐਲ ਏ ਰੰਧਾਵਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਕੋਈ ਵੀ ਮੁਹਿੰਮ ਉਦੋਂ ਹੀ ਸਫ਼ਲ ਹੋ ਸਕਦੀ ਹੈ, ਜਦੋਂ ਲੋਕ ਇਸ ਦਾ ਸੱਚੇ ਮਨ ਨਾਲ ਸਾਥ ਦੇਣ। ਉਹਨਾਂ ਕਿਹਾ ਕਿ ਜੇਕਰ ਅਸੀਂ ਪੰਜਾਬ ਨੂੰ ਸੱਚ-ਮੁੱਚ ਰੰਗਲਾ ਪੰਜਾਬ ਅਤੇ ਨਸ਼ੇ ਤੋਂ ਮੁਕਤ ਬਣਾਉਣਾ ਹੈ ਤਾਂ ਸਾਨੂੰ ਨਸ਼ਿਆਂ ਦੇ ਕੋਹੜ ਨੂੰ ਸਮਾਜ ਵਿੱਚੋਂ ਖਤਮ ਕਰਨ ਲਈ ਪੁਲਸ ਅਤੇ ਪ੍ਰਸ਼ਾਸਨ ਦਾ ਸਾਥ ਦੇਣਾ ਪਵੇਗਾ। ਪਿੰਡ ਕਾਰਕੋਰ ਵਿਖੇ ਨਸ਼ਾ ਮੁਕਤੀ ਯਾਤਰਾ ਸਮਾਗਮ ਦੌਰਾਨ ਜਿੱਥੇ ਪਿੰਡ ਵਾਸੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਸਮੂਹਿਕ ਸਹੁੰ ਚੁਕਵਾਈ ਗਈ ਉਥੇ ਪਿੰਡ ਦੇ ਨੌਜਵਾਨਾਂ ਨੂੰ ਕ੍ਰਿਕਟ ਅਤੇ ਵਾਲੀਬਾਲ ਦੀਆਂ ਖੇਡ ਕਿੱਟਾਂ ਵੀ ਭੇਟ ਕੀਤੀਆਂ ਗਈਆਂ। ਇਸ ਮੌਕੇ ਡੇਰਾਬੱਸੀ ਦੇ ਡੀ ਐਸ ਪੀ ਬਿਕਰਮਜੀਤ ਸਿੰਘ ਬਰਾੜ ਦਾ ਜਨਮ ਦਿਨ ਵੀ ਨਸ਼ਿਆਂ ਤੋਂ ਦੂਰ ਰਹਿਣ ਦੇ ਸੰਦੇਸ਼ ਨਾਲ ਮਨਾਇਆ ਗਿਆ। ਪਿੰਡ ਬਰੌਲੀ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਲੋਕਾਂ ਨੂੰ ਜਾਗਰੂਕ ਕਰਨ ਤੋਂ ਇਲਾਵਾ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਕਰਵਾਇਆ ਗਿਆ। ਜਦੋਂ ਇਹ ਯਾਤਰਾ ਆਪਣੇ ਅੱਜ ਦੇ ਅਖੀਰਲੇ ਪੜਾਅ ਪਿੰਡ ਅਮਲਾਲਾ ਵਿਖੇ ਪੁੱਜੀ ਤਾਂ ਪਿੰਡ ਦੇ ਲੋਕਾਂ ਖਾਸ ਕਰ ਮਹਿਲਾਵਾਂ ਵੱਲੋਂ 28 ਅਪ੍ਰੈਲ ਨੂੰ ਨਸ਼ਾ ਤਸਕਰਾਂ ਨਾਲ ਜੁੜੀਆਂ ਨਜਾਇਜ਼ ਉਸਰੀਆਂ ਨੂੰ ਢਾਹੇ ਜਾਣ ਦੀ ਮਿਸਾਲੀ ਕਾਰਵਾਈ ਵਾਸਤੇ ਪੰਜਾਬ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਵਿਧਾਇਕ ਰੰਧਾਵਾ ਨੇ ਪਿੰਡ ਦੇ ਖੇਡ ਮੈਦਾਨ ਦਾ ਵੀ ਦੌਰਾ ਕੀਤਾ ਅਤੇ ਉਥੇ ਮੌਜੂਦ ਖਿਡਾਰੀਆਂ ਨਾਲ ਗੱਲਬਾਤ ਕਰਕੇ ਉਹਨਾਂ ਦਾ ਫੀਡਬੈਕ ਲਿਆ।

## ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਨੇ ਮਾਰੀਆਂ ਮੱਲਾਂ




ਭੋਗਪੁਰ (ਕੁਲਵੀਰ ਸਿੰਘ ਕਾਹਲੋਂ)
ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਭੋਗਪੁਰ ਨੇ ਬੀ ਐਸੀ ਈ ਵੱਲੋਂ ਐਲਾਨੇ ਗਏ ਦਸਵੀਂ ਅਤੇ 12ਵੀਂ ਜਮਾਤ ਦੇ ਨਤੀਜੇ ਵਿੱਚ ਫਿਰ ਤੋਂ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ ਹਨ। ਪ੍ਰਿੰਸੀਪਲ: ਅਮਰੀਕ ਸਿੰਘ ਮਿਨਹਾਸ ਨੇ ਦੱਸਿਆ ਕਿ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ ਪਹਿਲਾ ਸਥਾਨ ਦਿਵਿਆ ਨੇ 94.2% ਅੰਕ ਲੈ ਕੇ , ਦੂਜਾ ਸਥਾਨ ਗੁਰਕਿਰਨ ਕੌਰ ਨੇ 93,8%, ਕਿਰਨਲੀਨ ਕੌਰ ਨੇ 92% ਲੈ ਕੇ ਤੀਜਾ ਸਥਾਨ ਹਾਸਿਲ ਕੀਤਾ ਹੈ।ਇਸੇ ਤਰ੍ਹਾਂ ਪੁਨੀਤ ਕੌਰ 91,6%, ਨਦੀਪ ਕੌਰ ਨ%, ਗੁਰਵਿੰਦਰ ਸਿੰਘ ਨੇ ਅਤੇ ਦਿਵਿਆ ਆਨੰਦ ਨੇ 90% ਅਅਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਜਸਲੀਨ ਕੌਰ, ਦਮਨਵੀਰ ਸੰਧੂ, ਜੈਸੀਕਾ ਅਰੋੜਾ, ਸਿੰਘ ਕਰਨਜੋਤ, ਸਿਮਰਨਪ੍ਰੀਤ ਕੌਰ, ਦਮਨਪ੍ਰੀਤ ਕੌਰ, ਰਵਜੀਤ ਕੌਰ, ਰਣਵੀਰ ਨਿੱਜਰ, ਜਸਲੀਨ ਕੌਰ, ਦੀਆ, ਮਨਵੀਰ ਸਿੰਘ, ਸਿਮਰਪ੍ਰੀਤ ਸਿੰਘ, ਅਵਨੀਤ ਸਿੰਘ, ਸਹਿਜਪ੍ਰੀਤ ਸਿੰਘ, ਸੁਖਮਨਪ੍ਰੀਤ ਸਿੰਘ, ਮਨਪ੍ਰੀਤ ਕੌਰ, ਨਿਮਰਤ ਕੌਰ, ਪ੍ਰਤੀਕ, ਰੋਹਿਤਪ੍ਰੀਤ ਸਿੰਘ, ਹਨੀਸ਼ ਕੁਮਾਰ, ਜਪਲੀਨ ਕੌਰ ਅਤੇ ਚਾਹਤ ਸੈਣੀ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਹੀ ਸਕੂਲ ਦੇ ਬਾਰਵੀਂ ਜਮਾਤ ਦੇ ਤਿੰਨੋਂ ਗਰੁੱਪ ਆਰਟਸ, ਕਮਰਸ ਅਤੇ ਸਾਇੰਸ ਦੇ ਵਿਦਿਆਰਥੀਆਂ ਨੇ ਉੱਤਮ ਪ੍ਰਦਰਸ਼ਨ ਕੀਤਾ। ਅੰਮ੍ਰਿਤਪਾਲ ਸਿੰਘ 94.4% (ਕਮਰਸ) ਨੇ ਪਹਿਲਾ ਸਥਾਨ, ਅੰਮ੍ਰਿਤਪਾਲ ਸਿੰਘ 91.4% (ਕਮਰਸ) ਨੇ ਦੂਜਾ ਸਥਾਨ, ਕਰਨਵੀਰ ਸਿੰਘ ਨੇ 91.2% (ਕਮਰਸ) ਨੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਤਰ੍ਹਾਂ ਹੀ ਨਵਨੀਤ 91% (ਯਟਪਟਦਜ਼ਥੁਪਟ।) ਹਰਲੀਨ ਕੌਰ 90% (ਕਮਰਸ) ਅੰਕ ਪ੍ਰਾਪਤ ਕੀਤੇ ਹਨ। ਗੁਰਲੀਨ ਕੌਰ, ਯਸ਼ਿਕਾ ਬੇਦੀ, ਯੁਵਰਾਜ ਸੰਧੂ, ਪਰਮੀਤ ਕੌਰ, ਈਸ਼ਵਰ ਸਿੰਘ, ਅਰਸ਼ਪ੍ਰੀਤ ਕੌਰ, ਹਰਸ਼ਾਨ ਸਿੰਘ, ਪਰਮਵੀਰ ਸਿੰਘ, ਸਹਿਜਪਾਲ,ਸਿਮਰਨ, ਜਸ਼ਨਦੀਪ ਕੌਰ, ਪਲਵੀ, ਰਾਜਦੀਪ ਸਿੰਘ, ਹਰਵਰਿੰਦਰ ਸਿੰਘ, ਅਨੋਲ ਪ੍ਰੀਤ ਕੌਰ, ਇੰਦਰਪ੍ਰੀਤ ਕੌਰ, ਕਿਰਨਪ੍ਰੀਤ ਕੌਰ, ਗੁਰਮੀਨ ਕੌਰ, ਨਵਜੋਤ, ਕੋਮਲਪ੍ਰੀਤ ਕੌਰ, ਵਰਿੰਦਰ ਸਿੰਘ, ਅਰਮਾਨ, ਤਰਨਪ੍ਰੀਤ ਸਿੰਘ, ਇਨਵੀਰ ਕੌਰ, ਸੁਖਮਨਪ੍ਰੀਤ ਸਿੰਘ,ਮਨਰਾਜਵੀਰ ਕੌਰ, ਰਮਨਜੋਤ, ਪਵਨਪ੍ਰੀਤ ਸਿੰਘ ਅਤੇ ਅਸ਼ਮੀਤ ਸਿੰਘ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕੀਤੇ ਹਨ।

## ਭਨੂਪਲੀ ਦੇ ਸਰਪੰਚ ਤੇ ਪੰਚਾਇਤ ਮੈਂਬਰਾਂ ਨੇ 'ਆਪ' ਦਾ ਫੜਿਆ ਪੱਲਾ

ਨੰਗਲ (ਸੁਰਜੀਤ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਲੋਕ ਪੱਖੀ ਫੈਸਲਿਆਂ ਅਤੇ ਲੋਕ ਭਲਾਈ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਅਧੀਨ ਭਨੂੰਪਲੀ ਪਿੰਡ ਦੀ ਪੰਚਾਇਤ ਦੇ ਸਰਪੰਚ ਮਮਤਾ ਦੇਵੀ, ਪੰਚ ਸੁਰਿੰਦਰ ਕੌਰ, ਪੰਚ ਭੋਲੀ ਦੇਵੀ ਨੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਹੈ। ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਦੀ ਮਜੂਦਗੀ ਵਿੱਚ ਆਮ ਆਦਮੀ ਪਾਰਟੀ ਦਾ ਪੱਲਾ ਫੜਨ ਵਾਲੇ ਆਗੂਆਂ ਨੇ ਕਿਹਾ ਕਿ ਜਿਸ ਤਰ੍ਹਾਂ ਮਾਨ ਸਰਕਾਰ ਨੇ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਵਿਆਪਕ ਅਭਿਆਨ ਚਲਾ ਕੇ ਸਾਡੇ ਸੂਬੇ ਦੀ ਜੀਵਨ ਧਾਰਾ ਦੀ ਰਾਖੀ ਕੀਤੀ ਹੈ ਉਸ ਤੋਂ ਪ੍ਰਭਾਵਿਤ ਹੋ ਕੇ ਅਸੀਂ ਇਹ ਫੈਸਲਾ ਲਿਆ ਹੈ। ਇਸ ਤੋਂ ਪਹਿਲਾ ਭਨੂੰਪਲੀ ਪੰਚਾਇਤ ਮੈਂਬਰ ਮਨੂ ਪੁਰੀ, ਬਲਾਕ ਪ੍ਰਧਾਨ ਭਨੂਪੱਲੀ ਦੀਪਕ ਸੋਨੀ, ਬਲਾਕ ਪ੍ਰਧਾਨ ਜਿੰਦਵੜੀ ਜਸਪਾਲ ਸਿੰਘ ਢਾਹੇ, ਪਰਮਜੀਤ ਪੰਮੀ, ਬਲਾਕ ਪ੍ਰਧਾਨ ਬ੍ਰਹਮਪੁਰ ਪੰਮੂ ਢਿਲੋਂ, ਕੁਲਵੀਰ ਸਿੰਘ ਭਨੂੰਪਲੀ ਨੇ ਕਿਹਾ ਕਿ ਭਨੂੰਪਲੀ ਦਾ ਵਿਕਾਸ ਹੁਣ ਹੋਰ ਤੇਜ਼ੀ ਨਾਲ ਹੋਵੇਗਾ।

## ਵਿਸ਼ਵ ਵਾਤਾਵਰਣ ਦਿਵਸ ਮੌਕੇ ਜਾਗਰੂਕਤਾ ਸਮਾਗਮ

ਜਲੰਧਰ (ਇਕਬਾਲ ਸਿੰਘ ਉਭੀ)-ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ.ਪੀ.ਸੀ.ਬੀ.), ਖੇਤਰੀ ਦਫ਼ਤਰ-1, ਜਲੰਧਰ ਵੱਲੋਂ ਵਿਸ਼ਵ ਵਾਤਾਵਰਣ ਦਿਵਸ-2025 ਮੌਕੇ ਸਥਾਨਕ ਲਾਰੇਂਸ ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ੇਸ਼ ਜਾਗਰੂਕਤਾ ਸਮਾਗਮ ਕਰਵਾਇਆ ਗਿਆ । ਇਸ ਮੌਕੇ ਮੁੱਖ ਮਹਿਮਾਨ ਸੰਦੀਪ ਕੁਮਾਰ ਨੇ ਦੱਸਿਆ ਕਿ ਇਸ ਸਾਲ ਦਾ ਵਿਸ਼ਾ ਨੌਜਵਾਨ ਪੀੜ੍ਹੀ ਨੂੰ ਪਲਾਸਟਿਕ ਦੇ ਨੁਕਸਾਨਦੇਹ ਪ੍ਰਭਾਵਾਂ



ਅਤੇ ਇਸ ਦੀ ਵਰਤੋਂ ਨੂੰ ਘਟਾਉਣ ਦੇ ਤਰੀਕਿਆਂ ਬਾਰੇ ਜਾਗਰੂਕ ਕਰਨ 'ਤੇ ਕੇਂਦਰਿਤ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ-ਯੋਧੇ ਬਣਨ ਦੀ ਅਪੀਲ ਕਰਦਿਆਂ ਪਲਾਸਟਿਕ ਪ੍ਰਦੂਸ਼ਣ ਨੂੰ ਰੋਕਣ ਲਈ ਚੁੱਕੇ ਜਾ ਰਹੇ ਉਪਰਾਲਿਆਂ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ।ਪ੍ਰੋਗਰਾਮ ਦੀ ਸ਼ੁਰੂਆਤ ਐਸ.ਡੀ.ਓ. ਮਨਪ੍ਰੀਤ ਸਿੰਘ ਜੌੜਾ ਦੇ ਭਾਸ਼ਣ ਨਾਲ ਹੋਈ। ਉਪਰੰਤ ਜੇ.ਈ. ਹਰਪ੍ਰੀਤ ਸਿੰਘ ਬੱਲ ਅਤੇ ਐਸ.ਡੀ.ਓ. ਮਨਰਾਜ ਸਿੰਘ ਰੰਧਾਵਾ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਕਾਰਜਾਂ ਅਤੇ ਵਾਤਾਵਰਣ ਦੀ ਰੱਖਿਆ ਵਿੱਚ ਇਸ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ। ਐਸ.ਡੀ.ਓ. ਮਨਵਿੰਦਰ ਸਿੰਘ ਹੁੰਦਲ ਨੇ ਵਿਦਿਆਰਥੀਆਂ ਵੱਲੋਂ ਪਲਾਸਟਿਕ ਪ੍ਰਦੂਸ਼ਣ ਨੂੰ ਰੋਕਣ ਲਈ ਚੁੱਕੇ ਜਾ ਸਕਣ ਵਾਲੇ ਵਿਹਾਰਕ ਕਦਮਾਂ 'ਤੇ ਜ਼ੋਰ ਦਿੱਤਾ।ਇਸ ਦੌਰਾਨ ਇਸ ਸਾਲ ਦੇ ਵਿਸ਼ੇ 'ਕੌਂਬੈਟ ਪਲਾਸਟਿਕ ਪਲਿਊਸ਼ਨ' 'ਤੇ ਡਰਾਇੰਗ ਮੁਕਾਬਲਾ ਵੀ ਕਰਵਾਇਆ ਗਿਆ। ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ।

## ਮੁੱਖ ਮੰਤਰੀ ਤੇ ਪੁਲਸ ਦਾ ਪੁਤਲਾ ਫੂਕਿਆ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)
ਨੌਜਵਾਨ ਭਾਰਤ ਸਭਾ, ਪੇਂਡੂ ਮਜ਼ਦੂਰ ਯੂਨੀਅਨ, ਕਿਰਤੀ ਕਿਸਾਨ ਯੂਨੀਅਨ, ਇਸਤਰੀ ਜਾਗ੍ਰਿਤੀ ਮੰਚ, ਪੰਜਾਬ ਸਟੂਡੈਂਟਸ ਯੂਨੀਅਨ,ਵੱਲੋਂ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ,ਸੂਬਾ ਆਗੂ ਹੰਸ ਰਾਜ ਪੱਬਵਾਂ ਅਤੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਦੇ ਘਰ ਛਾਪੇਮਾਰੀ ਕਰਨ ਦੀ ਸਖ਼ਤ ਨਿਖੇਧੀ ਕਰਦਿਆਂ ਮਹਿਤਪੁਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਮਹਿਤਪੁਰ ਅਤੇ ਨੂਰਮਹਿਲ ਪੁਲਸ ਦਾ ਪੁਤਲਾ ਸਾੜਿਆ ਗਿਆ ਅਤੇ ਆਗੂਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਆਗੂਆਂ ਕਿਹਾ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ 20 ਮਈ ਨੂੰ ਸੰਗਰੂਰ ਦੀ ਜੀਂਦ ਰਿਆਸਤ ਦੀ 927 ਏਕੜ ਬੇਚਿਰਾਗ ਜ਼ਮੀਨ 'ਤੇ ਸੰਗਰੂਰ ਚੱਲੋ ਦਾ ਸੱਦਾ ਦਿੱਤਾ ਗਿਆ ਸੀ। ਪਰ ਪੰਜਾਬ ਦੀ ਆਪ ਸਰਕਾਰ ਵਲੋਂ ਤਾਨਾਸ਼ਾਹੀ ਤੇ ਡੰਡੇ ਦੇ ਜ਼ੋਰ ਹਰ ਸੰਘਰਸ਼ ਦਬਾਉਣ ਦੇ ਪੈਂਤੜੇ ਤਹਿਤ ਹੀ ਮਜ਼ਦੂਰ ਆਗੂਆਂ ਨੂੰ ਗਿਰਫ਼ਤਾਰ ਕੀਤਾ ਗਿਆ ਹੈ ਤਾਂ ਜੋ ਮਜ਼ਦੂਰਾਂ 'ਚ ਦਹਿਸ਼ਤ ਫੈਲਾਈ ਜਾਵੇ ਅਤੇ ਸੰਘਰਸ਼ ਨੂੰ ਤਾਰਪੀਡੋ ਕੀਤਾ ਜਾ ਸਕੇ। ਉਨ੍ਹਾਂ ਗ੍ਰਿਫ਼ਤਾਰ ਕੀਤੇ ਆਗੂਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ।।ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਜ਼ਿਲ੍ਹਾ ਆਗੂ ਕਸ਼ਮੀਰ ਮੰਡਿਆਲਾ, ਵਿਜੇ ਬਾਠ, ਗੁਰਬਖਸ਼ ਕੌਰ, ਡੈਨੀਅਲ ਮਸੀਹ, ਇਸਤਰੀ ਜਾਗਰਤੀ ਮੰਚ ਦੇ ਆਗੂ ਅਨੀਤਾ ਸੰਧੂ ,ਕਿਰਤੀ ਕਿਸਾਨ ਯੂਨੀਅਨ ਆਗੂ ਰਜਿੰਦਰ ਮੰਡ, ਰਤਨ ਸਿੰਘ, ਬਚਨ ਸਿੰਘ, ਬੂਟਾ ਸਿੰਘ ,ਤਾਰ ਪ੍ਰੀਤ ਤਾਰੀ, ਲੱਖੀ, ਨੌਜਵਾਨ ਭਾਰਤ ਸਭਾ ਦੇ ਸੁੱਖ ਮੰਡਿਆਲਾ, ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਤਮੰਨਾ ਕੋਮਲ,ਕਿਰਤੀ ਕਿਸਾਨ ਯੂਨੀਅਨ ਔਰਤ ਵਿੰਗ ਦੇ ਆਗੂ ਬੀਬੀ ਸੁਰਜੀਤ ਕੌਰ ਆਦਿ ਨੇ ਸੰਬੋਧਨ ਕੀਤਾ।

## 550 ਪੇਟੀਆਂ ਗੈਰ-ਕਾਨੂੰਨੀ ਸ਼ਰਾਬ ਨਾਲ ਭਰਿਆ ਟਰੱਕ ਕਾਬੂ



ਡੇਰਾਬੱਸੀ (ਵਿਨੈ ਕੁਮਾਰ ਜੈਨ)—ਐਸ ਐਸ ਪੀ ਐਸ ਏ ਐਸ ਨਗਰ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਸਬ-ਡਵੀਜ਼ਨ ਡੇਰਾਬੱਸੀ ਦੀ ਇੱਕ ਟੀਮ ਨੇ ਹੰਡੇਸਰਾ ਦੇ ਨਗਲਾ ਟੀ ਪੁਆਇੰਟ 'ਤੇ ਲਗਾਏ ਗਏ ਅੰਤਰ-ਰਾਜੀ ਨਾਕੇ 'ਤੇ ਇੱਕ ਟਰੱਕ ਨੂੰ ਰੋਕਿਆ ਅਤੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਨ੍ਹਾਂ ਪਾਸੋਂ 550 ਪੇਟੀਆਂ ਅੰਗਰੇਜ਼ੀ ਸ਼ਰਾਬ ਬਰਾਮਦ ਹੋਈਆਂ, ਜੋ ਕਿ ਸਿਰਫ਼ ਚੰਡੀਗੜ੍ਹ ਵਿੱਚ ਵਿਕਰੀ ਲਈ ਲੇਬਲ ਕੀਤੀ ਗਈ ਗ੍ਰਿਫ਼ਤਾਰ ਕੀਤੇ ਗਏ ਦੋਵਾਂ ਵਿਅਕਤੀਆਂ ਦੀ ਪਛਾਣ ਦੇਦਾ ਰਾਮ ਪੁੱਤਰ ਕੁੰਭਾ ਰਾਮ, ਵਾਸੀ ਭੂਨੀਆ, ਤਹਿਸੀਲ ਸੇਦਵਾ, ਜ਼ਿਲ੍ਹਾ ਬਾੜਮੇਰ, ਰਾਜਸਥਾਨ ਅਤੇ ਭੂਪਾ ਰਾਮ ਪੁੱਤਰ ਜੁਜਾ ਰਾਮ, ਵਾਸੀ ਗੁੜਾ ਮਲਾਨੀ, ਤਹਿਸੀਲ ਗੁੱਡਾ, ਜ਼ਿਲ੍ਹਾ ਬਾੜਮੇਰ, ਰਾਜਸਥਾਨ ਵਜੋਂ ਹੋਈ ਹੈ। ਇਸ ਸਬੰਧ ਵਿੱਚ ਆਬਕਾਰੀ ਐਕਟ ਦੀ ਧਾਰਾ 61 ਤਹਿਤ ਥਾਣਾ ਹੰਡੇਸਰਾ, ਡੇਰਾਬੱਸੀ ਵਿਖੇ ਐਫ ਆਈ ਆਰ ਨੰਬਰ 23, ਮਿਤੀ 18-05-2025 ਦਰਜ ਕੀਤੀ ਗਈ ਹੈ।

## ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਨਵੇਂ ਕੋਰਟ ਕੰਪਲੈਕਸ ਵਿਖੇ ਐਂਟਰੈਂਸ ਗੇਟ ਤੇ ਹੈਲਪ ਡੈਸਕ ਦਾ ਉਦਘਾਟਨ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)
ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਨੇ ਨਵੇਂ ਕੋਰਟ ਕੰਪਲੈਕਸ ਵਿਚ ਆਮ ਜਨਤਾ ਦੇ ਐਂਟਰੈਂਸ ਗੇਟ '' ਇਕ ਹੈਲਪ ਡੈਸਕ ਦਾ ਉਦਘਾਟਨ ਕੀਤਾ। ਉਨ੍ਹਾਂ ਦੱਸਿਆ ਕਿ ਇਸ ਹੈਲਪ ਡੈਸਕ ਦਾ ਕਚਹਿਰੀਆਂ ਵਿਚ ਆਉਣ ਵਾਲੀ ਆਮ ਜਨਤਾ ਨੂੰ ਬਹੁਤ ਲਾਭ ਹੋਵੇਗਾ, ਕਿਉਂਕਿ ਲੋਕ ਇਸ ਹੈਲਪ ਡੈਸਕ ਤੋਂ ਇਸ ਕੋਰਟ ਕੰਪਲੈਕਸ ਵਿਚ ਕਿਸੇ ਵੀ ਦਫ਼ਤਰ ਜਾਂ ਅਦਾਲਤ ਦੀ ਲੋਕੇਸ਼ਨ ਬਾਰੇ ਜਾਣਕਾਰੀ ਲੈ ਸਕਦੇ ਹਨ। ਇਸ ਤੋ ਇਲਾਵਾ ਲੋਕ ਵਕੀਲਂ ਦੇ ਚੈਂਬਰਾਂ ਬਾਰੇ ਵੀ ਜਾਣਕਾਰੀ ਲੈ ਸਕਦੇ ਹਨ।ਉਨ੍ਹਾਂ ਕਿਹਾ ਕਿ ਇਸ ਹੈਲਪ ਡੈਸਕ ਤੋਂ ਲੋੜਵੰਦ ਵਿਅਕਤੀ ਵ੍ਹੀਲ ਚੇਅਰ ਦੀ ਸਹੂਲਤ ਵੀ ਲੈ ਸਕਦੇ ਹਨ। ਇਸ ਤੋ ਇਲਾਵਾ ਇਸ ਹੈਲਪ ਡੈਸਕ ਦੇ ਨਜ਼ਦੀਕ ਕੇਸ ਦੀ ਜਾਣਕਾਰੀ ਲੈਣ ਲਈ ਇਕ ਕੇਸ ਇਨਫਾਰਮੇਸ਼ਨ ਸਿਸਟਮ 'ਕਿਓਸਕ' ਮਸ਼ੀਨ ਵੀ ਸਥਾਪਿਤ ਹੈ, ਜਿਥੇ ਧਿਰਾਂ ਆਪਣੇ ਕੇਸ ਦੀ ਜਾਣਕਾਰੀ ਲੈ ਸਕਦੀਆਂ ਹਨ ਅਤੇ ਲੋੜ ਪੈਣ 'ਤੇ ਇਸ 'ਕਿਓਸਕ' ਮਸ਼ੀਨ ਨੂੰ ਵਰਤਣ ਲਈ ਹੈਲਪ ਡੈਸਕ 'ਤੇ ਮੌਜੂਦ ਕਰਮਚਾਰੀ ਦੀ ਸਹਾਇਤਾ ਵੀ ਲਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਹ ਹੈਲਪ ਡੈਸਕ ਦਫ਼ਤਰੀ ਸਮੇਂ ਦੌਰਾਨ ਚਾਲੂ ਰਹੇਗਾ। ਇਸ ਮੌਕੇ ਹੋਰ ਜੁਡੀਸ਼ੀਅਲ ਅਫ਼ਸਰ , ਵਕੀਲ ਅਤੇ ਕੋਰਟ ਦੇ ਕਰਮਚਾਰੀ ਮੌਜੂਦ ਸਨ।

## ਕਲੇਰ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 24 ਨੂੰ



ਬੰਗਾ (ਅਵਤਾਰ ਕਲੇਰ)- ਕਲੇਰ ਜਠੇਰਿਆਂ ਦਾ ਸਾਲਾਨਾ 33ਵਾਂ ਜੋੜ ਮੇਲਾ ਪਿੰਡ ਨੰਗਲ- ਖੇੜਾ (ਫਗਵਾੜਾ) ਵਿਖੇ 24 ਮਈ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਕਮੇਟੀ ਦੇ ਚੇਅਰਮੈਨ ਕੁਲਦੀਪ ਕਲੇਰ, ਪ੍ਰਧਾਨ ਜਗਦੀਸ਼ ਲਾਲ ਕਲੇਰ ਅਤੇ ਖਜਾਨਚੀ ਸੁਰਜੀਤ ਸਿੰਘ ਖੇੜਾ ਨੇ ਦੱਸਿਆ ਕਿ 24 ਮਈ ਨੂੰ ਸਵੇਰੇ ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ ਜਾਵੇਗੀ। ਵੱਡੇ ਵਡੇਰਿਆਂ ਦੀ ਪੂਜਾ ਕੀਤੀ ਜਾਵੇਗੀ। ਉਸ ਤੋਂ ਬਾਅਦ ਸਟੇਜ ਸਜਾਈ ਜਾਵੇਗੀ ਜਿਸ ਵਿੱਚ ਇੰਟਰਨੈਸ਼ਨਲ ਕਲਾਕਾਰ ਕੰਠ ਕਲੇਰ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਕੁਲਦੀਪ ਕਲੇਰ,ਜਗਦੀਸ਼ ਕਲੇਰ,ਸੁਰਜੀਤ ਸਿੰਘ ਖੇੜਾ,ਰੇਸ਼ਮ ਨੰਗਲ, ਅਵਤਾਰ ਕਲੇਰ,ਅਮਰਜੀਤ ਕਲੇਰ, ਨਛੱਤਰ ਕਲੇਰ ,ਮੋਹਣ ਲਾਲ, ਨਰਿੰਦਰ ਪਾਲ, ਇੰਦਰਜੀਤ ਕਲੇਰ, ਚੈਂਚਲ ਰਾਮ, ਮੁਕੰਦ ਲਾਲ, ਭੁਪਿੰਦਰ ਕਲੇਰ, ਸਰਬਜੀਤ ਕਲੇਰ ਆਦਿ ਹਾਜ਼ਰ ਸਨ।

## ਮਨਰੇਗਾ ਵਰਕਰਜ਼ ਯੂਨੀਅਨ ਵੱਲੋਂ ਜ਼ਿਲ੍ਹਾ ਪੱਧਰੀ ਰੋਸ ਮੁਜ਼ਾਹਰਾ 29 ਨੂੰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—ਮਨਰੇਗਾ ਵਰਕਰਜ਼ ਯੂਨੀਅਨ ਬਲਾਕ ਹਾਜੀਪੁਰ ਦੀ ਮੀਟਿੰਗ ਇਕਾਈ ਪ੍ਰਧਾਨ ਬਲਵਿੰਦਰ ਕੌਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਜ਼ਿਲ੍ਹਾ ਪ੍ਰਧਾਨ ਪਰਮਜੀਤ ਕੌਰ ਵੀ ਸ਼ਾਮਲ ਹੋਏ। ਇਸ ਮੌਕੇ ਬਲਾਕ ਸਕੱਤਰ ਅਨਿਤਾ ਕੁਮਾਰੀ ਨੇ ਦਸਿਆ ਕਿ ਪੰਚਾਇਤੀ ਚੋਣਾਂ ਉਪਰੰਤ ਰੰਜਿਸ਼ਨ ਵਜੋਂ ਪਿੰਡਾਂ 'ਚ ਮੇਟਾਂ ਨੂੰ ਬਿਨ੍ਹਾਂ ਕਿਸੇ ਵਜ੍ਹਾ ਤੋਂ ਕੱਢਿਆ ਜਾ ਰਿਹਾ ਹੈ, ਜਾਂ ਉਨ੍ਹਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਜਿਸ ਦੇ ਵਿਰੋਧ 'ਚ ਯੂਨੀਅਨ ਨੇ ਬਲਾਕ ਪੱਧਰ 'ਤੇ ਬੀਡੀਪੀਓਜ਼ ਨੂੰ ਮੰਗ ਪੱਤਰ ਵੀ ਸੌਂਪੇ ਸਨ, ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਵੀ ਵਫ਼ਦ ਮਿਲਿਆ ਸੀ। ਜ਼ਿਲ੍ਹਾ ਪ੍ਰਸ਼ਾਸਨ ਨੇ ਮਗਨਰੇਗਾ ਮੇਟਾਂ ਅਤੇ ਵਰਕਰਾਂ ਦੀਆਂ ਮੰਗਾਂ ਦੇ ਹੱਲ ਲਈ ਸਾਰੇ ਅਧਿਕਾਰੀਆਂ ਅਤੇ ਯੂਨੀਅਨ ਨਾਲ ਸਾਂਝੀ ਮੀਟਿੰਗ ਬੁਲਾਉਣ ਦਾ ਭਰੋਸਾ ਦਿੱਤਾ ਸੀ। ਪਰ ਅਜੇ ਤੱਕ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੀਟਿੰਗ ਦਾ ਕੋਈ ਸਮਾਂ ਨਹੀਂ ਦਿੱਤਾ ਗਿਆ, ਉੱਥੇ ਹੀ ਮੇਟਾਂ ਨੂੰ ਸਿਆਸੀ ਰੰਜਿਸ਼ ਤਹਿਤ ਤੰਗ ਪ੍ਰੇਸ਼ਾਨ ਕਰਨਾ ਲਗਾਤਾਰ ਜ਼ਾਰੀ ਹੈ। ਬਲਕਾਰ ਸਿੰਘ ਅਤੇ ਮਮਤਾ ਬਾਬਾ ਈਸ਼ਾ ਨੇ ਦਸਿਆ ਕਿ ਪੰਚਾਇਤੀ ਚੋਣਾਂ ਨੂੰ ਹੋਇਆਂ 6 ਮਹੀਨੇ ਤੋਂ ਵਧ ਦਾ ਸਮਾਂ ਹੋ ਗਿਆ ਹੈ, ਪਰ ਜਿਆਦਾਤਰ ਪਿੰਡਾਂ 'ਚ ਅਜੇ ਵੀ ਮਗਨਰੇਗਾ ਵਰਕਰ ਵਿਹਲੇ ਬੈਠੇ ਹਨ। ਮਗਨਰੇਗਾ ਵਰਕਰਾਂ ਨੂੰ ਫਰਵਰੀ, ਮਾਰਚ ਅਤੇ ਅਪ੍ਰੈਲ ਮਹੀਨੇ ਦਾ ਮਿਹਨਤਾਨਾ ਅਜੇ ਤੱਕ ਨਹੀਂ ਮਿਲਿਆ। ਜ਼ਿਲ੍ਹਾ ਪ੍ਰਧਾਨ ਪਰਮਜੀਤ ਕੌਰ ਨੇ ਦਸਿਆ ਕਿ ਮਗਨਰੇਗਾ ਮੰਗਾਂ ਨੂੰ ਲੈ ਕੇ ਜਥੇਬੰਦੀ ਨੇ 29 ਤਾਰੀਕ ਨੂੰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪੱਧਰੀ ਰੋਸ ਮੁਜ਼ਾਹਰੇ ਦਾ ਫੈਸਲਾ ਕੀਤਾ ਹੈ।

## ਲੋਕਾਂ ਦੇ ਆਭਾ ਅਕਾਊਂਟ ਬਣਾਉਣ ਦੇ ਨਿਰਧਾਰਿਤ ਟੀਚੇ ਨੂੰ ਪ੍ਰਾਪਤ ਕੀਤਾ ਜਾਵੇ : ਸਿਵਲ ਸਰਜਨ



ਬਲਾਚੌਰ (ਜਸਵਿੰਦਰ ਬੈਂਸ)
ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ ਸ਼ਹੀਦ ਭਗਤ ਸਿੰਘ ਨਗਰ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ।ਇਸੇ ਕੜੀ ਤਹਿਤ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਸੋਮਵਾਰ ਨੂੰ ਆਯੁਸ਼ਮਾਨ ਆਰੋਗਿਆ ਕੇਂਦਰ ਟਕਾਰਲਾ ਦਾ ਦੌਰਾ ਕੀਤਾ ਅਤੇ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਤੇ ਸਾਫ-ਸਫਾਈ ਪ੍ਰਬੰਧਾਂ ਦਾ ਨਿਰੀਖਣ ਕੀਤਾ। ਉਨ੍ਹਾਂ ਦਵਾਈਆਂ ਦੀ ਉਪਲੱਬਧਤਾ, ਲੋਕਾਂ ਦੇ ਆਭਾ ਅਕਾਊਂਟ ਬਣਾਉਣ ਦੇ ਨਿਰਧਾਰਿਤ ਟੀਚੇ ਨੂੰ ਪ੍ਰਾਪਤ ਕਰਨ ਤੇ ਵੈਕਸੀਨ ਦੇ ਰੱਖ-ਰਖਾਵ ਦਾ ਜਾਇਜ਼ਾ ਵੀ ਲਿਆ।ਇਸ ਮੌਕੇ ਡਾ. ਸਿੰਘ ਨੇ ਸਿਹਤ ਕੇਂਦਰ ਵਿੱਚ ਆਏ ਮਰੀਜ਼ਾਂ ਨੂੰ ਆਪਣੇ ਆਭਾ ਅਕਾਊਂਟ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਮਰੀਜ਼ਾਂ ਤੋਂ ਫੀਡਬੈਕ ਲਈ, ਜਿਨ੍ਹਾਂ (ਮਰੀਜ਼ਾਂ) ਨੇ ਉਨ੍ਹਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਇਹ ਹਦਾਇਤ ਕੀਤੀ ਕਿ ਲੋਕਾਂ ਨੂੰ ਸਰਕਾਰੀ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਸਟਾਫ਼ ਨੂੰ ਸਾਰੇ ਸਿਹਤ ਰਿਕਾਰਡ ਦਾ ਸਹੀ ਢੰਗ ਨਾਲ ਵਰਗੀਕਰਨ ਕਰਨ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ।ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ ਹਰਪ੍ਰੀਤ ਸਿੰਘ ਨੇ ਸਿਹਤ ਕੇਂਦਰਾਂ 'ਤੇ ਸੇਵਾਵਾਂ ਦੀ ਗੁਣਵੱਤਾ ਵਿਚ ਹੋਰ ਸੁਧਾਰ ਲਿਆਉਣ ਅਤੇ ਇਨ੍ਹਾਂ ਸੈਂਟਰਾਂ ਦੀ ਐਨ.ਕਿਊ.ਏ.ਐੱਸ. ਪ੍ਰਮਾਣੀਕਰਨ ਲਈ ਨੈਸ਼ਨਲ ਕੁਆਲਿਟੀ ਅਸ਼ੋਰੈਂਸ ਸਟੈਂਡਰਡਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਹਦਾਇਤ ਵੀ ਕੀਤੀ।ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਨੇ ਕਿਹਾ ਕਿ ਸਿਹਤ ਵਿਭਾਗ ਪੰਜਾਬ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਇਸ ਮੌਕੇ ਦਿਲਬਾਗ ਸਿੰਘ, ਰਣਜੀਤ ਕੁਮਾਰ ਸਮੇਤ ਹੋਰ ਸਿਹਤ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

## ਲੋਕ ਇਨਸਾਫ਼ ਮੰਚ ਤਹਿਸੀਲ ਫਿਲੌਰ ਵੱਲੋਂ ਦਰਿਆਈ ਪਾਣੀਆਂ ਦੀ ਵੰਡ 'ਤੇ ਸੈਮੀਨਾਰ

ਫਿਲੌਰ (ਨਿਰਮਲ)
ਲੋਕ ਇਨਸਾਫ਼ ਮੰਚ ਤਹਿਸੀਲ ਫਿਲੌਰ ਵਲੋਂ ਪਾਣੀਆਂ ਦੀ ਵੰਡ ਵਰਗੇ ਗੰਭੀਰ ਮਸਲੇ 'ਤੇ ਸੈਮੀਨਾਰ 'ਪਾਣੀਆਂ ਦੀ ਦਾਸਤਾਨ' ਐਤਵਾਰ ਨੂੰ ਫਿਲੌਰ ਵਿਖੇ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਹ ਸੈਮੀਨਾਰ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਤਾ ਗਿਆ। ਇਸ ਸੈਮੀਨਾਰ ਕਾਰਵਾਈ ਮੰਚ ਦੇ ਸਕੱਤਰ ਪਰਸ਼ੋਤਮ ਫਿਲੌਰ ਨੇ ਚਲਾਈ ਤੇ ਜੀ ਆਇਆਂ ਮੰਚ ਦੇ ਆਗੂ ਬਿਹਾਰੀ ਲਾਲ ਨੇ ਕਿਹਾ। ਇਸ ਮੌਕੇ ਦਰਿਆਈ ਪਾਣੀਆਂ ਦੀ ਵੰਡ ਅਤੇ ਇਸ 'ਤੇ ਹੋ ਰਹੀ ਰਾਜਨੀਤੀ 'ਤੇ ਮੁੱਖ ਬੁਲਾਰੇ ਤੇ ਉੱਘੇ ਪੱਤਰਕਾਰ ਹਮੀਰ ਸਿੰਘ ਨੇ ਵਿਚਾਰ ਪ੍ਰਗਟ ਕੀਤੇ । ਉਹਨਾਂ ਕਿਹਾ ਕਿ ਕੇਂਦਰ ਅਤੇ ਮਾਣਯੋਗ ਸੁਪਰੀਮ ਕੋਰਟ ਪਾਣੀ ਦੀ ਵੰਡ ਨਹੀਂ ਕਰ ਸਕਦੇ।ਪਾਣੀ ਉੱਪਰ ਮਾਲਕੀ ਤੈਅ ਕੀਤੇ ਬਿਨਾਂ ਪਾਣੀ ਦੀ ਵੰਡ ਤਰਕਮਈ ਨਹੀਂ ਹੋ ਸਕਦੀ।ਉਹਨਾਂ ਕਿਹਾ ਕਿ ਪਾਣੀ ਦੀ ਵੰਡ ਰਿਪੇਰੀਅਨ ਕਾਨੂੰਨ ਮੁਤਾਬਿਕ ਹੋਣੀ ਚਾਹੀਦੀ ਹੈ। ਅਜੋਕੀ ਪਾਣੀ ਵੰਡ ਦਾ ਮਸਲਾ ਸੁਲਝਾਉਣ ਦੀ ਲੋੜ ਹੈ ਪਰ ਕੇਂਦਰ ਸਰਕਾਰ ਇਸ ਨੂੰ ਜਾਣਬੁੱਝ ਕੇ ਉਲਝਾ ਰਹੀ ਹੈ। ਉਹਨਾਂ ਕਿਹਾ ਕਿ ਇੱਕ ਪਾਸੇ ਤਾਂ ਰਾਜੀਵ ਲੌਂਗੋਵਾਲ ਸਮਝੌਤੇ ਤਹਿਤ ਬਾਕੀ ਸੂਬੇ ਪਾਣੀ ਦੀ ਵੰਡ ਮਾਲਕੀ 'ਤੇ ਆਪਣਾ ਹੱਕ ਜਤਾ ਰਹੇ ਹਨ ਪਰ ਪੰਜਾਬੀ ਬੋਲਦੇ ਇਲਾਕੇ ਅਤੇ ਚੰਡੀਗੜ੍ਹ ਪੰਜਾਬ ਨੂੰ ਦੇਣ ਤੋਂ ਮੁਨਕਰ ਹੋ ਜਾਂਦੇ ਹਨ। ਉਹਨਾਂ ਕਿਹਾ ਕਿ



ਪੰਜਾਬ ਦੇ ਹਾਕਮਾਂ ਅਤੇ ਰਾਜਨੀਤਿਕ ਪਾਰਟੀਆਂ ਨੇ ਕਦੇ ਵੀ ਪਾਣੀ ਦੇ ਮਸਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ। ਪੰਜਾਬ ਦੇ ਲੋਕਾਂ ਨੂੰ ਹੀ ਜਥੇਬੰਦ ਹੋ ਕੇ ਪਾਣੀ ਬਚਾਉਣ ਦੀ ਲੜਾਈ ਆਪ ਹੀ ਲੜਨੀ ਪੈਣੀ ਹੈ। ਇਸ ਮੌਕੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂ ਕਰਨੈਲ ਫਿਲੌਰ, ਅਜੀਤ ਸਮੂਹ ਤੋਂ ਸਤਿੰਦਰ ਸ਼ਰਮਾ, ਲੋਕ ਇਨਸਾਫ਼ ਦੇ ਆਗੂ ਮਾਸਟਰ ਹੰਸ ਰਾਜ, ਡਾਕਟਰ ਸੰਦੀਪ ਕੁਮਾਰ, ਡਾਕਟਰ ਅਸ਼ੋਕ ਕੁਮਾਰ, ਅਮਰਜੀਤ ਲਾਡੀ, ਹਨੀ ਸੰਤੋਖਪੁਰਾ, ਰਾਮਜੀ ਦਾਸ ਗੰਨਾ ਪਿੰਡ, ਜਸਵੰਤ ਬੋਧ, ਕਿਰਤੀ ਕਿਸਾਨ ਯੂਨੀਅਨ ਦੇ ਸੰਤੋਖ ਸਿੰਘ ਸੰਧੂ, ਅਵਤਾਰ ਸਿੰਘ ਸੰਧੂ, ਸਰਬਜੀਤ ਸਿੰਘ ਪੰਨੂ, ਸੁਰਿੰਦਰ ਸਿੰਘ ਕੰਦੋਲਾ,ਪੇਂਡੂ ਮਜ਼ਦੂਰ ਯੂਨੀਅਨ ਤੋਂ ਹੰਸ ਰਾਜ ਪਾਬਮਾ, ਰਮੇਸ਼ ਕੁਮਾਰ, ਨੌਜਵਾਨ ਭਾਰਤ ਸਭਾ ਦੇ ਤੇਜਵੀਰ ਸਿੰਘ, ਅਧਿਆਪਕ ਆਗੂ ਸੁਰਿੰਦਰ ਪੁਆਰੀ ਤੋਂ ਬਿਨਾਂ ਸੁਰਿੰਦਰ ਮਹਲਾ, ਪੱਤਰਕਾਰ ਸੁਰਜੀਤ ਬਰਨਾਲਾ, ਪ੍ਰਭ ਪਾਲ, ਨਿਰਮਲ, ਸੰਦੀਪ ਗੰਨਾ ਪਿੰਡ, ਸੁਨੀਲ ਗੰਨਾ ਪਿੰਡ, ਸਮ੍ਰੀਤ, ਮਨੀਸ਼ਾ, ਸ਼ਰਨਜੀਤ ਕੌਰ, ਆਦਿ ਹਾਜ਼ਰ ਸਨ।

## ਕਜਲਾ ਗੋਤ ਜਠੇਰਿਆਂ ਦਾ ਜੋੜ ਮੇਲਾ ਸ਼ਰਧਾਪੂਰਵਕ ਸੰਪੰਨ

ਅੱਡਾ ਸਰਾਂ (ਜਸਵੀਰ ਕਾਜਲ)-ਪਿੰਡ ਮਰਨਾਈਆ ਹੁਸ਼ਿਆਰਪੁਰ ਵਿਖੇ ਕਜਲਾ ਗੋਤ ਜਠੇਰਿਆਂ ਦੇ ਦਰਬਾਰ 'ਤੇ ਪ੍ਰਬੰਧਕ ਕਮੇਟੀ ਵਲੋਂ ਕਜਲਾ ਪਰਵਾਰਾਂ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਸ਼ਰਧਾ ਪੂਰਵਕ ਸੰਪਨ ਹੋਇਆ। ਦਰਬਾਰ 'ਤੇ ਚਾਦਰ ਅਤੇ ਝੰਡਾ ਚੜ੍ਹਾਉਣ ਅਤੇ ਚਿਰਾਗ ਰੋਸ਼ਨ ਕਰਨ ਉਪਰੰਤ ਧਾਰਮਿਕ ਪੰਡਾਲ ਸਜਾਇਆ ਗਿਆ ਅਤੇ ਪੰਜਾਬ ਭਰ ਵਿਚੋਂ ਆਏ ਕਲਾਕਾਰਾਂ ਨੇ ਧਾਰਮਿਕ ਸ਼ਬਦਾਂ ਨਾਲ ਸੰਗਤਾਂ ਨੂੰ



ਨਿਹਾਲ ਕੀਤਾ। ਇਸ ਮੌਕੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ਅਤੇ ਅਤੁੱਟ ਲੰਗਰ ਵੀ ਵਰਤਿਆ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਨਿਰਵੈਰ ਸਿੰਘ, ਪ੍ਰਧਾਨ ਬੂਟਾ ਰਾਮ ਨਾਗਰਾ,ਵਾਇਸ ਪ੍ਰਧਾਨ ਜਸਵਿੰਦਰ ਸਿੰਘ ਸਾਂਧਰਾ, ਕੈਸ਼ੀਅਰ ਸੁਖਵਿੰਦਰ ਸਿੰਘ ਮੁਜੱਫਰਪੁਰ, ਵਾਇਸ ਕੈਸ਼ੀਅਰ ਦਿਲਾਵਰ ਸਿੰਘ ਚੱਕ ਬਿਲਗਾ, ਸੈਕਟਰੀ ਨੀਲਮ ਨਾਗਰਾ, ਸਰਪੰਚ ਪਿੰਦਰ ਸਿੰਘ ਮਰਨਾਈਆ, ਮੀਡੀਆ ਇੰਚਾਰਜ ਗੁਰਮੇਲ ਸਿੰਘ ਨਸਰਾਲਾ ਤੋਂ ਇਲਾਵਾ ਜਸਵੀਰ ਸਿੰਘ ਕੰਧਾਲੀ,ਐਕਸ ਐਸ ਐਮ ਓ ਕੇਵਲ ਸਿੰਘ ਕਾਜਲ ਟਾਂਡਾ ਤੇ ਕਜਲਾ ਪਰਵਾਰਾਂ ਦੀਆਂ ਸੰਗਤਾਂ ਹਾਜ਼ਰ ਸਨ।

## ਕੈਂਬਰਿਜ ਇੰਟਰਨੈਸ਼ਨਲ ਸਕੂਲ 'ਚ ਇਨਾਮ ਵੰਡ ਸਮਾਰੋਹ

ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)
ਕੈਂਬਰਿਜ ਇੰਟਰਨੈਸ਼ਨਲ ਸਕੂਲ ਫਗਵਾੜਾ ਵਿਖੇ ਪਹਿਲੀ ਤੋਂ ਪੰਜਵੀਂ ਜਮਾਤ ਦੇ ਬੱਚਿਆਂ ਲਈ ਇਨਾਮ ਵੰਡ ਸਮਾਰੋਹ ਕੀਤਾ ਗਿਆ। ਆਪਣੇ-ਆਪਣੇ ਵਿਸ਼ਿਆਂ ਵਿੱਚ 95% ਜਾਂ ਇਸ ਤੋਂ ਵੱਧ ਅੰਕ ਪ੍ਰਾਪਤ



ਕਰਨ ਵਾਲਿਆਂ ਨੂੰ ਸਨਮਾਨਤ ਕੀਤਾ ਗਿਆ। ਇਸੇ ਲੜੀ ਵਿੱਚ ਤੀਜੀ ਜਮਾਤ ਬੀ ਦਾ ਵਿਦਿਆਰਥੀ ਕ੍ਰਿਸ਼ਿਵ ਕੌੜਾ 96% ਅੰਕ ਪ੍ਰਾਪਤ ਕਰਕੇ ਆਪਣੀ ਜਮਾਤ ਵਿੱਚ ਦੂਜੇ ਸਥਾਨ 'ਤੇ ਆਇਆ। ਸਮਾਰੋਹ ਤੋਂ ਬਾਅਦ ਪ੍ਰਿੰਸੀਪਲ ਜ਼ੋਰਾਵਰ ਸਿੰਘ ਨੇ ਪੱਤਰਕਾਰ ਸ਼ਿਵ ਕੌੜਾ ਨਾਲ ਗੱਲ ਕਰਦੇ ਹੋਏ ਦੱਸਿਆ ਕਿ ਸਾਡੇ ਸਕੂਲ ਦਾ 12ਵੀਂ ਜਮਾਤ ਦਾ ਨਤੀਜਾ 100% ਰਿਹਾ, ਜਿਸ ਵਿੱਚ ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸੁਪਰ ਮੈਡੀਕਲ ਦੇ ਵਿਦਿਆਰਥੀ ਵੰਸ਼ ਜੈਨ ਨੇ 96% ਅੰਕ ਪ੍ਰਾਪਤ ਕਰਕੇ ਪਹਿਲਾ, ਕਾਮਰਸ ਦੇ ਵਿਦਿਆਰਥੀ ਦਿਵਯਮ ਜੈਨ ਅਤੇ ਪਰਿਨਿਧੀ ਪਾਸੀ ਨੇ 97.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਨਾਨ-ਮੈਡੀਕਲ ਦੀ ਵਿਦਿਆਰਥਣ ਜੈਸਮੀਨ ਨੇ 97.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਅਤੇ ਟਿਊਮੈਨਿਟੀਜ਼ ਸਟ੍ਰੀਮ ਦੀ ਵਿਦਿਆਰਥਣ ਤਨਿਸ਼ਕਾ ਰਾਜਪੁਰੋਹਿਤ ਨੇ 97.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਦੋ ਮੈਡੀਕਲ ਵਿਦਿਆਰਥਣਾਂ ਅਨਮੋਲ ਪ੍ਰੀਤ ਕੌਰ ਅਤੇ ਸਲੋਨੀ ਨੇ 94.6 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਯੁਵਿਕਾ ਨੇ 94.4 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਨਾਨ-ਮੈਡੀਕਲ ਦੀ ਵਿਦਿਆਰਥਣ ਡਿੰਪਲ ਰਾਣਾ ਨੇ 96.6 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਸਥਾਨ ਅਤੇ ਕਾਵਿਆ ਚਾਵਲਾ ਨੇ 94.2 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਕਾਮਰਸ ਦੀ ਵਿਦਿਆਰਥਣ ਨਿਹਾਲ ਰਿਵਾਲ ਨੇ 96.2 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਸਥਾਨ, ਅਮਨਜੋਤ ਕੌਰ ਨੇ 95.4 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।

## ਸ.ਹ.ਸ. ਝੰਡੇਰ ਕਲਾਂ ਵਿਖੇ ਤਰਕਸ਼ੀਲ ਸਾਹਿਤ ਦਾ ਸਟਾਲ ਲਗਾਇਆ



ਬੰਗਾ (ਅਵਤਾਰ ਕਲੇਰ)—ਪਿੰਡ ਝੰਡੇਰ ਕਲਾਂ ਵਿੱਚ ਤਰਕਸ਼ੀਲ ਸੋਸਾਇਟੀ ਪੰਜਾਬ ਇਕਾਈ ਬੰਗਾ ਵਲੋਂ ਸੁਖਵਿੰਦਰ ਲੰਗੇਰੀ ਦੁਆਰਾ ਤਰਕਸ਼ੀਲ ਸਾਹਿਤ ਦਾ ਸਟਾਲ ਲਗਾਇਆ ਗਿਆ। ਸਕੂਲ ਦੇ ਹੈੱਡਮਾਸਟਰ ਕੁਲਵਿੰਦਰ ਖਟਕੜ ਜੋਂ ਲੰਮੇ ਸਮੇਂ ਤੋਂ ਤਰਕਸ਼ੀਲ ਸੋਸਾਇਟੀ ਵਿੱਚ ਕੰਮ ਕਰ ਰਹੇ ਹਨ, ਦੁਆਰਾ ਬਹੁਤ ਸਾਰੇ ਬੱਚਿਆਂ ਦੀ ਸੋਚ ਵਿਗਿਆਨਕ ਬਣਾਈ ਤੇ ਅੰਧਵਿਸ਼ਵਾਸ, ਪਾਖੰਡਵਾਦ ਤੋਂ ਬਿਨਾ ਜ਼ਿੰਦਗੀ ਜੀਅ ਰਹੇ ਹਨ। ਉਹਨਾਂ ਬੱਚਿਆ ਦੀ ਸੋਚ ਵਿਗਿਆਨਕ ਬਣਾਉਣ ਲਈ ਕਿਤਾਬਾਂ ਦਾ ਸਟਾਲ ਲਗਵਾਇਆ । ਛੇਵੀਂ ਤੋਂ ਦਸਵੀਂ ਦੇ ਵਿਦਿਆਰਥੀਆਂ ਨੂੰ ਸਟਾਲ ਤੇ ਬੁਲਾਇਆ ਗਿਆ ਤੇ ਨਾਲ ਕਿਤਾਬਾਂ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ। ਬੱਚਿਆਂ ਨੇ ਵੀ ਕਿਤਾਬਾਂ ਵਿੱਚ ਰੁਚੀ ਦਿਖਾਉਂਦੇ ਹੋਏ ਬਹੁਤ ਸਾਰੀਆਂ ਕਿਤਾਬਾਂ ਖਰੀਦੀਆਂ। ਸੁਖਵਿੰਦਰ ਲੰਗੇਰੀ ਨੇ ਵੀ ਕਿਤਾਬਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਕਿਹਾ ਆਪਣੀ ਸੋਚ ਨੂੰ ਵਿਗਿਆਨਕ ਬਣਾ ਕੇ ਵਧੀਆ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਸਕੂਲ ਦੇ ਸਾਰੇ ਅਧਿਆਪਕਾਂ ਨੇ ਪੂਰਾ ਸਹਿਯੋਗ ਦਿੱਤਾ ਤੇ ਕਿਤਾਬਾਂ ਵੀ ਖਰੀਦੀਆਂ। ਇਸ ਦੌਰਾਨ ਅਧਿਆਪਕ ਦੇਸ ਰਾਜ, ਨਰੇਸ਼ ਕੁਮਾਰ , ਚੰਦਰ ਸ਼ੇਖਰ , ਸੰਦੀਪ ਸਿੰਘ , ਨੀਲਮ ਰਾਣੀ , ਸਰਬਜੀਤ ਕੌਰ ਅਤੇ ਬਲਰਾਮ ਸ਼ੇਰ ਸਿੰਘ ਸ਼ਾਮਿਲ ਸਨ।

## ਸੀ ਐੱਫ ਸੀ ਫਿਟਨੈੱਸ ਕਲੱਬ ਵੱਲੋਂ ਕਰਵਾਇਆ ਬੂਟ ਕੈਂਪ ਯਾਦਗਾਰੀ ਹੋ ਨਿੱਬੜਿਆ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)
ਚਿਸਲਰ ਫਿਟਨੈਸ ਕਲੱਬ ਦੇ ਮਾਲਕ ਅਮਰ ਸੋਢੀ ਅਤੇ ਕਿਰਨ ਸੋਢੀ ਵਲੋਂ ਬੂਟ ਕੈਂਪ ਦਾ ਆਯੋਜਨ ਕੀਤਾ ਗਿਆ। ਨਹਿਰਾਂ, ਪਹਾੜੀਆਂ ਤੇ ਹਰੇ ਭਰੇ ਵਾਤਾਵਰਣ ਅਤੇ ਬਹੁਤ ਸੁੰਦਰ ਮਾਹੌਲ ਵਿਚ ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵਿਖੇ ਸਵੇਰੇ 5.30 ਵਜੇ ਸ਼ੁਰੂ ਹੋਏ ਇਸ ਕੈਂਪ ਵਿਚ ਇਲਾਕੇ ਦੇ ਲੋਕਾਂ ਵਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ। ਸਵੇਰ ਸਮੇ ਹੀ ਵੱਡੀ ਗਿਣਤੀ ਵਿਚ ਲੋਕ ਕੈਂਪ ਵਿਚ ਪੁੱਜ ਗਏ ਜਿੱਥੇ ਕਿਰਨ ਸੋਢੀ ਵਲੋਂ ਵਾਰਮਅਪ ਕਰਵਾਇਆ ਗਿਆ ਤੇ ਨਾਲ ਹੀ ਕਾਡੀਓ ਦੀ ਸ਼ੁਰੂਆਤ ਕਰ ਦਿਤੀ ਗਈ। ਮਿਊਜ਼ਕ ਦੇ ਨਾਲ ਐਕਸਰਸਾਈਜ਼ ਕਰਵਾਈ ਗਈ, ਭੰਗੜਾ, ਸਕੁਐਡ, ਸਟਰੈਚਿੰਗ, ਵਰਕਆਊਟ, ਪੁਸ਼ਐਪ ਸਮੇਤ ਬਹੁਤ ਸਾਰੀਆਂ ਐਕਸਰਸਾਈਜ਼ ਕਰਵਾ ਕੇ ਤੰਦਰੁਸਤ ਰਹਿਣ ਦਾ ਸੁਨੇਹਾ ਦਿਤਾ ਗਿਆ। ਇਸ ਮੌਕੇ ਕਿਰਨ ਸੋਢੀ ਨੇ ਜਿੱਥੇ ਆਪ ਕਸਰਤ ਬਾਰੇ ਜਾਣਕਾਰੀ ਦੇ ਕੇ ਸਦਾ ਲਈ ਤੰਦਰੁਸਤ ਰਹਿਣ ਦਾ ਸੁਨੇਹਾ ਦਿਤਾ ਉਥੇ ਅਮਰ ਸੋਢੀ ਨੇ ਵੇਟ ਲਿਫਟਿੰਗ ਮੁਕਾਬਲੇ ਕਰਵਾ ਕੇ ਨੌਜਵਾਨਾਂ ਵਿਚ ਉਤਸ਼ਾਹ ਭਰਿਆ। ਪੁਸ਼ਐਪ ਚੈਰੇਂਚਕ ਮੁਕਾਬਲੇ ਵੀ ਕਰਵਾਏ ਗਏ। ਪ੍ਰਸਿੱਧ ਐਂਕਰ ਰਾਜ ਘਈ ਨੇ ਐਂਕਰਿੰਗ ਕੀਤੀ ਅਤੇ ਸ਼ੇਅਰੋ ਸ਼ਾਇਰੀ ਦੇ ਨਾਲ ਮਾਹੌਲ ਨੂੰ ਖੁਸ਼ਨੁਮਾ ਬਣਾਈ ਰਖਿਆ।ਛੋਟੇ ਬੱਚਿਆਂ, ਨੌਜਵਾਨਾਂ, ਬਜ਼ੁਰਗਾਂ, ਲੜਕੀਆਂ ਅਤੇ ਔਰਤਾਂ ਨੇ ਇਸ ਸਮਾਗਮ ਵਿਚ ਸ਼ਮੂਲੀਅਤ ਕੀਤੀ।ਇਸ ਮੌਕੇ ਰਿਫਰੈਸ਼ਮੈਂਟ ਦਾ ਵੀ ਪ੍ਰਬੰਧ ਕੀਤਾ ਗਿਆ ਸੀ। ਮੁਕਾਬਲਿਆਂ ਵਿਚ ਪੁਜੀਸ਼ਨਾਂ ਹਾਸਲ ਕਰਨ ਵਾਲਿਆਂ ਨੂੰ ਵਿਸ਼ੇਸ਼ ਇਨਾਮ ਦੇ ਕੇ ਸਨਮਾਨਤ ਵੀ ਕੀਤਾ ਗਿਆ। ਅਮਰ ਸੋਢੀ ਅਤੇ ਕਿਰਨ ਸੋਢੀ ਜੋੜੀ ਵਲੋਂ ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਦੇ ਡਾਇਰੈਕਟਰ ਅਮਿਤੋਜ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮਲ ਵਰਮਾ, ਡਾ. ਇੰਦਰਜੀਤ ਕੌਰ, ਸੰਦੀਪ ਕੌਰ, ਹਿਮਾਨੀ, ਪ੍ਰਭਜੀਤ, ਦ੍ਰਿਸ਼ਟੀ, ਪ੍ਰਭਲੀਨ ਕੌਰ,ਜਸਪ੍ਰੀਤ ਕੌਰ, ਜੈਸਮੀਨ ਕੌਰ, ਰਸਬਿੰਦਰ ਸਿੰਘ, ਸ਼ਿਖਾ ਮਹਿਤਾ, ਸ਼ਾਲੂ ਕੌਸ਼ਲ, ਮਮਤਾ ਦੇਵੀ, ਅਜੇ ਕੁਮਾਰ ਕਾਕੂ ਆਦਿ ਹਾਜ਼ਰ ਸਨ।

## ਨਨਕਾਣਾ ਸਾਹਿਬ ਖਾਲਸਾ ਸਕੂਲ ਦਾ 10ਵੀਂ ਦਾ ਨਤੀਜਾ 100 ਫੀਸਦੀ

ਸੁਲਤਾਨਪੁਰ ਲੋਧੀ, (ਹਨੀ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 10ਵੀਂ ਜਮਾਤ ਦੇ ਨਤੀਜੇ 'ਚ ਸਥਾਨਕ ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ । ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਦੱਸਿਆ ਕਿ ਸੁਖਦੀਪ ਸਿੰਘ 94.3 ਫੀਸਦੀ ਅੰਕ ਲੈ ਕੇ ਪਹਿਲੇ ਸਥਾਨ 'ਤੇ ਰਿਹਾ । ਯਾਦਵਿੰਦਰ ਸਿੰਘ ਦੂਸਰੇ, ਸੁਖਪ੍ਰੀਤ ਕੌਰ ਤੀਸਰੇ, ਭੁਵਨ ਕੁਮਾਰ ਚੌਥੇ ਅਤੇ ਅਕਾਸ਼ਦੀਪ ਸਿੰਘ ਪੰਜਵੇਂ ਸਥਾਨ 'ਤੇ ਰਿਹਾ । ਉਨ੍ਹਾਂ ਦੱਸਿਆ ਕਿ 52 ਵਿਦਿਆਰਥੀਆਂ ਨੇ ਪ੍ਰੀਖਿਆ ਵਿਚ ਭਾਗ ਲਿਆ, ਜਿਨ੍ਹਾਂ ਵਿਚੋਂ 27 ਵਿਦਿਆਰਥੀ ਪਹਿਲੇ, 20 ਵਿਦਿਆਰਥੀ ਦੂਸਰੇ ਅਤੇ 5 ਵਿਦਿਆਰਥੀ ਤੀਸਰੇ ਦਰਜੇ ਵਿਚ ਪਾਸ ਹੋਏ। ਪ੍ਰਿੰਸੀਪਲ ਸੰਗੋਤਰਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਨਤੀਜਾ 100 ਫੀਸਦੀ ਰਿਹਾ । ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਸਕੂਲ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਸੰਗੋਤਰਾ ਨੇ ਹੋਣਹਾਰ ਵਿਦਿਆਰਥੀਆ, ਉਨ੍ਹਾਂ ਦੇ ਮਾਪਿਆਂ ਅਤੇ ਸਟਾਫ ਮੈਂਬਰਾਂ ਨੂੰ ਸ਼ਾਨਦਾਰ ਨਤੀਜੇ ਲਈ ਵਧਾਈ ਦਿੱਤੀ।



## ਸਭਰਵਾਲ ਗੋਤ ਦੇ ਜਠੇਰਿਆਂ ਦਾ ਜੋੜ ਮੇਲਾ ਭਲਕੇ

ਅੱਡਾ ਸਰਾਂ (ਜਸਵੀਰ ਕਾਜਲ)- ਪਿੰਡ ਬੱਸੀ ਜਲਾਲ ਵਿਖੇ ਸਭਰਵਾਲ ਗੋਤ ਦੇ ਜਠੇਰਿਆਂ ਦਾ ਜੋੜ ਮੇਲਾ 21 ਮਈ ਦਿਨ ਬੁੱਧਵਾਰ ਨੂੰ ਸ਼ਰਧਾ ਪੂਰਵਕ ਮਨਾਇਆ ਜਾਵੇਗਾ।ਮੁੱਖ ਸੇਵਾਦਾਰ ਕਰਮ ਸਿੰਘ, ਏ ਐਸ ਆਈ ਜੋਗਿੰਦਰ ਸਿੰਘ, ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਦਰਬਾਰ 'ਤੇ ਚਾਦਰ, ਝੰਡਾ ਚੜ੍ਹਾਉਣ ਅਤੇ ਚਿਰਾਗ ਰੋਸ਼ਨ ਕਰਨ ਉਪਰੰਤ ਧਾਰਮਿਕ ਪੰਡਾਲ ਸਜਾਇਆ ਜਾਵੇਗਾ, ਜਿਸ ਵਿਚ ਪੰਜਾਬ ਦੇ ਮਸ਼ਹੂਰ ਰਹਿਮਤ ਕਵਾਲ ਪਾਰਟੀ ਬੈਚਾ, ਸਾਬਰ ਨਕਾਲ ਪਾਰਟੀ ਤੋਂ ਇਲਾਵਾ ਹੋਰ ਕਵਾਲ ਜਥੇ ਆਪਣੇ ਫਨ ਦਾ ਮੁਜਾਹਰਾ ਕਰਨਗੇ। ਉਨ੍ਹਾਂ ਕਿਹਾ ਇਸ ਜੋੜ ਮੇਲੇ ਵਿੱਚ ਸਵ ਬਲਜੀਤ ਸਿੰਘ ਦੇ ਪਰਵਾਰ ਵਲੋਂ ਵੀ ਬਹੁਤ ਸਹਿਯੋਗ ਦਿੱਤਾ ਜਾਂਦਾ ਹੈ। ਇਸ ਮੌਕੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਣਗੀਆਂ ਅਤੇ ਅਤੁੱਟ ਲੰਗਰ ਵੀ ਵਰਤਿਆ ਜਾਵੇਗਾ।

20-May-PAGE-9.qxd 5/19/2025 10:38 PM Page 1



# ਪੇਂਡੂ ਮਜ਼ਦੂਰ ਯੂਨੀਅਨ ਨੇ ਕੀਤੀ ਪੀੜਤ ਪਰਵਾਰ ਲਈ ਇਨਸਾਫ਼ ਦੀ ਮੰਗ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**

ਸੁਲਤਾਨਪੁਰ ਵੱਲੋਂ ਵਿਧਵਾ ਪਤਨੀ ਸ਼ੀਤਲ ਸਿੰਘ ਪਿੰਡ ਪੱਤੀ ਸਰਦਾਰ ਨਬੀ ਬਖਸ਼ (ਬੂਸੋਵਾਲ ਬੋਹ ਵਾਲਾ) ਮੇਨ ਸੜਕ 'ਤੇ ਗ਼ਰੀਬ ਪਰਵਾਰ ਦਾ ਇੱਕ ਮਰਲਾ ਰੂੜੀਆਂ ਵਾਲੀ ਥਾਂ ਉਨ੍ਹਾਂ ਦੇ ਨਾਂਅ 'ਤੇ ਹੈ ਜਿਸ ਦੀ ਉਹਨਾਂ ਦੁਆਰਾ ਤਹਿਸੀਲਦਾਰ ਪਾਸੋਂ ਨਿਸ਼ਾਨਦੇਹੀ ਕਰਵਾ ਕੇ ਬੁਰਜੀਆਂ ਲਗਾ ਦਿੱਤੀਆਂ ਗਈਆਂ ਪਰੰਤੂ ਪਿੰਡ ਦੇ ਹੀ ਕੁਝ ਵਿਅਕਤੀਆਂ ਵੱਲੋਂ ਗਰੀਬ ਨਾਲ ਧੱਕਾ ਕਰਦੇ ਹੋਏ ਸਰਕਾਰੀ ਤੌਰ 'ਤੇ ਲੱਗੀਆਂ ਬੁਰਜੀਆਂ ਪੁੱਟ ਸੁੱਟੀਆਂ ਜਿਸ ਦੀ ਸ਼ਿਕਾਇਤ ਪੀੜਤ ਪਰਵਾਰ ਨੇ ਐਸ.ਡੀ.ਐਮ ਸੁਲਤਾਨਪੁਰ ਲੋਧੀ ਨੂੰ ਕੀਤੀ। ਉਨ੍ਹਾਂ ਡੀ.ਐਸ.ਪੀ ਨੂੰ ਮਾਰਕ ਕਰਦਿਆਂ ਥਾਣਾ ਤਲਵੰਡੀ ਚੌਧਰੀਆਂ ਵਿਖੇ ਦੋਸ਼ੀਆਂ ਖਿਲਾਫ਼ ਕਾਰਵਾਈ ਲਈ ਲਿਖਿਆ ਪਰ ਪਰਵਾਰ ਨੂੰ ਇਨਸਾਫ਼ ਨਹੀਂ ਮਿਲਿਆ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਨਿਰਮਲ ਸਿੰਘ ਸ਼ੇਰਪੁਰ ਸੱਦਾ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਬਲਵਿੰਦਰ ਸਿੰਘ ਭੁੱਲਰ ਵੱਲੋਂ ਪੀੜਤ ਪਰਵਾਰ ਸਮੇਤ ਐਸ ਐਚ ਓ ਤਲਵੰਡੀ ਚੌਧਰੀਆਂ ਨੂੰ ਮੰਗ ਪੱਤਰ ਦੇਣ ਮੌਕੇ ਕਹੇ। ਉਹਨਾਂ ਕਿਹਾ ਕਿ ਦੋਸ਼ੀਆਂ ਵਲੋਂ ਇੱਕ ਮਰਲਾ ਰੂੜੀਆਂ ਵਾਲੀ ਜਗ੍ਹਾ 'ਤੇ ਨਜਾਇਜ਼ ਕਬਜ਼ਾ ਕਰਨ ਲਈ ਕੰਬਾਈਨ ਖੜ੍ਹੀ ਕਰਕੇ ਵੱਡੇ ਵੱਡੇ ਮੁੱਢ ਸੁੱਟ ਕੇ ਉਨ੍ਹਾਂ ਦਾ ਲਾਂਘਾ ਰੋਕਿਆ ਹੋਇਆ ਹੈ। ਦੋਸ਼ੀ ਅਤੇ ਉਨ੍ਹਾਂ ਦੀਆਂ ਔਰਤਾਂ ਵੀ ਪੀੜਤ ਪਰਵਾਰ ਨੂੰ ਗਾਲੀ ਗਲੋਚ ਅਤੇ ਮੰਦਾ ਬੋਲਦੀਆਂ ਹਨ। ਉਹਨਾਂ ਦੱਸਿਆ ਕਿ ਬੀਤੇ ਦਿਨੀਂ ਪੀੜਤਾਂ ਪਰਵਾਰ ਵੱਲੋਂ ਆਪਣੀ ਥਾਂ ਵਿੱਚ ਇੱਟਾਂ ਵੱਟੇ ਸੁੱਟੇ ਜਾ ਰਹੇ ਸਨ ਤਾਂ ਉਕਤ ਵਿਅਕਤੀ ਵਲੋਂ ਧਮਕੀਆਂ ਦੇਣ ਅਤੇ ਗਲਤ ਸ਼ਬਦਾਵਲੀ ਵਰਤੀ ਗਈ। ਇਸ ਸਬੰਧੀ ਪੀੜਤ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਰੋਸ ਜ਼ਾਹਰ ਕਰਦਿਆਂ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕਰਨ ਸਬੰਧੀ ਪਰਵਾਰ ਨੂੰ ਨਾਲ ਲੈ ਕੇ ਐਸ ਐਚ ਓ ਥਾਣਾ ਤਲਵੰਡੀ ਚੌਧਰੀਆਂ ਨੂੰ ਮਿਲਿਆ ਅਤੇ ਲਿਖਤੀ ਮੰਗ ਪੱਤਰ ਸੌਂਪਿਆ। ਆਗੂਆਂ ਕਿਹਾ ਕਿ ਜੇਕਰ ਦੋਸ਼ੀਆਂ ਖਿਲਾਫ਼ ਕਾਰਵਾਈ ਕਰਨ ਵਿੱਚ ਪੁਲਸ ਵੱਲੋਂ ਢਿੱਲਮੱਠ ਕੀਤੀ ਗਈ ਤਾਂ ਮਜ਼ਬੂਰਨ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਪੀੜਤ ਪਰਵਾਰ ਤੋਂ ਇਲਾਵਾ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਨਿਰਮਲ ਸਿੰਘ ਸ਼ੇਰਪੁਰ ਸੱਧਾ, ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਜਵਾਲਾਪੁਰ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਲਰ, ਬਲਵੀਰ ਸਿੰਘ ਧੰਮ, ਮਜ਼ਦੂਰ ਆਗੂ ਕਸ਼ਮੀਰਾ ਸਿੰਘ ਭੰਡਾਲ ਦੋਨਾ, ਸ਼ਿੰਦਰ ਸਿੰਘ ਕਾਹਨਾਂ, ਪਿਆਰਾ ਸਿੰਘ ਬੂਲਪੁਰ, ਲੇਖਰਾਜ ਬੂਲਪੁਰ ਆਦਿ ਵੱਡੀ ਗਿਣਤੀ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਵਰਕਰ ਹਾਜ਼ਰ ਸਨ।



# ਇਲਾਕੇ 'ਚ ਕਣਕ ਦੇ ਨਾੜ ਨੂੰ ਅੱਗ ਲਗਾਉਣ ਦਾ ਸਿਲਸਿਲਾ ਜ਼ੋਰਾਂ 'ਤੇ

**ਗੜ੍ਹਸ਼ੰਕਰ (ਦੂਲਾ ਸਿੰਘ ਭੀਮਪੁਰ)**

ਇੱਕ ਪਾਸੇ ਤਾਂ ਸਰਕਾਰ ਵਾਤਾਵਰਣ ਬਚਾਉਣ ਲਈ ਲੱਖਾਂ ਰੁਪਏ ਖਰਚ ਕੇ ਆਮ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ ਪਰ ਜੇ ਕਿਤੇ ਵਾਤਾਵਰਣ ਦੂਸ਼ਿਤ ਕਰਨ ਦਾ ਮਾਮਲਾ ਸਾਹਮਣੇ ਆਉਂਦਾ ਤਾਂ ਸਰਕਾਰ ਵਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਜਾਂਦੀ। ਜੇਕਰ ਗੜ੍ਹਸ਼ੰਕਰ ਇਲਾਕੇ ਦੀ ਗੱਲ ਕੀਤੀ ਜਾਵੇ ਤਾਂ ਪਿਛਲੇ ਕਈ ਦਿਨਾਂ ਤੋਂ ਕਣਕ ਦੀ ਨਾੜ ਨੂੰ ਅੱਗ ਲਗਾਉਣ ਦਾ ਸਿਲਸਿਲਾ ਜ਼ੋਰਾਂ ਸ਼ੋਰਾਂ ਨਾਲ ਚੱਲ ਰਿਹਾ ਹੈ ਜਿਸ ਨਾਲ ਵੱਡੇ ਪੱਧਰ 'ਤੇ ਕੁਦਰਤ ਨਾਲ ਖਿਲਵਾੜ ਅਤੇ ਵਾਤਾਵਰਣ ਨੂੰ ਦੂਸ਼ਿਤ ਕੀਤਾ ਜਾ ਰਿਹਾ ਹੈ। ਕਿਉਂਕਿ ਇਸ ਅੱਗ ਨਾਲ ਜਿੱਥੇ ਵਾਤਾਵਰਣ ਦੂਸ਼ਿਤ ਹੁੰਦਾ ਹੈ ਉੱਥੇ ਹੀ ਲੱਖਾਂ ਜੀਵ, ਜਾਨਵਰ ਅਤੇ ਦਰੱਖਤ ਇਸ ਅੱਗ ਦੀ ਲਪਟ ਵਿੱਚ ਆ ਜਾਂਦੇ ਹਨ। ਪਿਛਲੇ ਸਮੇਂ ਤਾਂ ਇਸ ਅੱਗ ਨਾਲ ਕਈ ਥਾਵਾਂ 'ਤੇ ਜਾਨਲੇਵਾ ਹਾਦਸੇ ਵੀ ਵਾਪਰ ਚੁੱਕੇ ਹਨ। ਵਾਤਾਵਰਣ ਸੰਭਾਲਣ ਦੀ ਗੱਲ ਕਰਨ ਵਾਲੀ ਸਰਕਾਰ ਵੀ ਪਹਿਲੀਆਂ ਸਰਕਾਰਾਂ ਦੀ ਤਰ੍ਹਾ ਚੁੱਪ ਵੱਟੀ ਬੈਠੀ ਹੈ। ਖੇਤੀਬਾੜੀ ਸਬੰਧਤ ਮਹਿਕਮੇ ਦੇ ਦਫਤਰ ਦੀ ਕੁਝ ਦੂਰੀ 'ਤੇ ਵੀ ਕਈ ਖੇਤਾਂ ਵਿੱਚ ਕਣਕ ਦੀ ਨਾੜ ਨੂੰ ਅੱਗ ਲਗਾਈ ਜਾ ਚੁੱਕੀ ਹੈ ਜਿਸ ਦੀ ਸਬੰਧਤ ਖੇਤੀਬਾੜੀ ਵਿਭਾਗ ਨੂੰ ਕੋਈ ਜਾਣਕਾਰੀ ਨਹੀਂ ਹੈ। ਜਦੋਂ ਖੇਤੀਬਾੜੀ ਵਿਭਾਗ ਦੇ ਅਫਸਰ ਸੁਖਜਿੰਦਰ ਨਾਲ ਸੰਪਰਕ ਕੀਤਾ ਤਾਂ ਉਹਨਾਂ ਕਿਹਾ ਕਿ ਜਿੱਥੇ ਵੀ ਕਿਤੇ ਕਣਕ ਦੀ ਨਾੜ ਨੂੰ ਅੱਗ ਲਗਾਉਣ ਦੀ ਸ਼ਿਕਾਇਤ ਮਿਲਦੀ ਹੈ ਤਾਂ ਉਹ ਬਣਦੀ ਕਾਰਵਾਈ ਕਰਦੇ ਹਨ ਪਰ ਜਦੋਂ ਉਹਨਾਂ ਨੂੰ ਪੁੱਛਿਆ ਕਿ ਤੁਹਾਡੇ ਦਫਤਰ ਨਜ਼ਦੀਕ ਵੀ ਕਣਕ ਦੀ ਨਾੜ ਨੂੰ ਅੱਗ ਲਗਾਈ ਜਾ ਚੁੱਕੀ ਹੈ ਤਾਂ ਉਹਨਾਂ ਕਿਹਾ ਕਿ ਇਸ ਸਬੰਧੀ ਉਹਨਾਂ ਨੂੰ ਕੋਈ ਜਾਣਕਾਰੀ ਨਹੀ । ਸ਼ਿਵਾਲਿਕ ਸੋਸ਼ਲ ਵੈਲਫੇਅਰ ਸੁਸਾਇਟੀ ਦੇ ਮੀਤ ਪ੍ਰਧਾਨ ਡਾ. ਲਖਵਿੰਦਰ ਕੁਮਾਰ ਨੇ ਕਿਹਾ ਕਿ ਸਰਕਾਰ ਸਖਤੀ ਨਾਲ ਕਾਨੂੰਨ ਲਾਗੂ ਕਰੇ ਤਾਂ ਕਿ ਕੋਈ ਵੀ ਕਿਸਾਨ ਕਣਕ ਜਾਂ ਪਰਾਲੀ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਏ।



## ਪ੍ਰਾਇਮਰੀ ਹੈਲਥ ਸੈਂਟਰ ਵੱਲੋਂ ਡੇਂਗੂ ਜਾਗਰੁਕਤਾ ਮੁਹਿੰਮ ਤੇ ਕੁਇਜ਼ ਮੁਕਾਬਲਾ

**ਮਹਿਤਪੁਰ (ਰਾਜਾ)**-ਵਿਸ਼ਵ ਡੇਂਗੂ ਦਿਵਸ ਮੌਕੇ, ਪ੍ਰਾਇਮਰੀ ਹੈਲਥ ਸੈਂਟਰ ਮਹਿਤਪੁਰ ਵੱਲੋਂ ਬਲਾਕ ਮਹਿਤਪੁਰ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਡੇਂਗੂ ਬਾਰੇ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਦੌਰਾਨ ਵਿਦਿਆਰਥੀਆਂ ਲਈ ਡੇਂਗੂ ਵਿਸ਼ੇ 'ਤੇ ਲੈਕਚਰ ਦਿੱਤਾ ਗਿਆ ਅਤੇ ਇੱਕ ਕਵਿਜ਼ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਹਿੱਸੇਦਾਰੀ ਸਰਟੀਫਿਕੇਟ ਦਿੱਤੇ ਗਏ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ।ਇਹ ਪੂਰਾ ਕਾਰਜਕ੍ਰਮ ਸਿਵਲ ਸਰਜਨ ਡਾ. ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਦੀ ਅਗਵਾਈ ਹੇਠ ਹੋਇਆ। ਕਾਰਜਕ੍ਰਮ ਦੀ ਯੋਜਨਾ ਬਲਾਕ ਐਕਸਟੈਂਸ਼ਨ ਐਜੂਕੇਟਰ ਹਿਮਾਲਿਆ ਪ੍ਰਕਾਸ਼ ਵੱਲੋਂ ਕੀਤੀ ਗਈ।ਕਾਰਜਕ੍ਰਮ ਵਿੱਚ ਸਟਾਫ ਮੈਂਬਰਾਂ ਨੇ ਵੀ ਭਰਪੂਰ ਭਾਗੀਦਾਰੀ ਨਿਭਾਈ, ਜਿਸ ਵਿੱਚ ਮੁੱਖ ਤੌਰ 'ਤੇ ਸੈਨੇਟਰੀ ਇਨਸਪੈਕਟਰ ਦਵਿੰਦਰ ਸਿੰਘ, ਕਮਿਊਨਿਟੀ ਹੈਲਥ ਅਫਸਰ ਸ਼ਿਵਾਨੀ ਅਤੇ ਹੋਰ ਸਟਾਫ ਸ਼ਾਮਲ ਰਹੇ। ਇਸ ਜਾਗਰੂਕਤਾ ਮੁਹਿੰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਡੇਂਗੂ ਦੀ ਰੋਕਥਾਮ ਬਾਰੇ ਸੂਚਿਤ ਕਰਨਾ ਅਤੇ ਉਨ੍ਹਾਂ ਵਿੱਚ ਸਿਹਤ ਸੰਬੰਧੀ ਚੇਤਨਾ ਪੈਦਾ ਕਰਨੀ ਸੀ।

## ਕਾਲਜੀਏਟ ਸਕੂਲ ਕਾਲਾ ਸੰਘਿਆਂ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ

**ਕਾਲਾ ਸੰਘਿਆਂ (ਮਨਜੀਤ ਮਾਨ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ 'ਚ ਸੰਤ ਹੀਰਾ ਦਾਸ ਗਰਲਜ਼ ਕਾਲਜੀਏਟ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਿੰਸੀਪਲ ਰਜਿੰਦਰ ਕੌਰ ਨੇ ਦੱਸਿਆ ਕਿ ਰਾਜਵੀਰ ਕੌਰ ਨੇ ਪਹਿਲਾ, ਨਵਜੋਤ ਕੌਰ ਨੇ ਦੂਜਾ ਤੇ ਪ੍ਰਤਿਗਿਆ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਕਾਲਜ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ ਅਤੇ ਸਮੂਹ ਸਟਾਫ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਹਨਾਂ ਨੇ ਮਿਹਨਤੀ ਸਟਾਫ ਨੂੰ ਵੀ ਵਧਾਈ ਦਿੱਤੀ।



# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ-ਪਿੰਡ ਜਾਵੇਗੀ ਨਸ਼ਾ ਮੁਕਤੀ ਯਾਤਰਾ : ਹਰਜੋਤ ਬੈਂਸ

**ਨੰਗਲ (ਸੁਰਜੀਤ ਸਿੰਘ)**

ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਉਚੇਰੀ ਸਿੱਖਿਆ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ, ਭਾਸ਼ਾ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਆਪਣੇ ਤੈਅ ਪ੍ਰੋਗਰਾਮ ਸਾਡਾ ਐਮ ਐਲ ਏ ਸਾਡੇ ਵਿੱਚ ਤਹਿਤ ਅੱਜ ਨੰਗਲ ਵਿੱਚ ਇਲਾਕਾ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਉਹਨਾਂ ਦੇ ਹੱਲ ਲਈ ਦਿਸ਼ਾ ਨਿਰਦੇਸ਼ ਦਿੱਤੇ।ਕੈਬਨਿਟ ਮੰਤਰੀ ਨੇ ਇਸ ਮੌਕੇ ਪਿੰਡਾਂ, ਸ਼ਹਿਰਾਂ ਤੋਂ ਆਏ ਲੋਕਾਂ ਤੋਂ ਉਹਨਾਂ ਦੇ ਇਲਾਕੇ ਵਿਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਪੰਜਾਬ ਸਰਕਾਰ ਦੇ ਪ੍ਰੋਗਰਾਮ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹਰ ਪਿੰਡ ਵਿੱਚ ਨਸ਼ਾ ਮੁਕਤੀ ਯਾਤਰਾ ਦੇ ਨਿਰਧਾਰਤ ਪ੍ਰੋਗਰਾਮ ਦੀ ਜਾਣਕਾਰੀ ਦਿੱਤੀ ਅਤੇ ਪੰਚਾਂ, ਸਰਪੰਚਾਂ ਤੇ ਪਤਵੰਤਿਆਂ ਤੋਂ ਇਸ ਮੁਹਿੰਮ ਨੂੰ ਹੋਰ ਅਸਰਦਾਰ ਬਣਾਉਣ ਲਈ ਸੁਝਾਅ ਦੇਣ ਲਈ ਵੀ ਕਿਹਾ।ਬੈਂਸ ਨੇ ਕਿਹਾ ਕਿ ਪਿੰਡਾਂ ਦੀ ਨੁਹਾਰ ਬਦਲ ਰਹੀ ਹੈ, ਵਿਕਾਸ ਦੀ ਰਫਤਾਰ ਨੂੰ ਗਤੀ ਦੇ ਰਹੇ ਹਾਂ। ਪਿੰਡਾਂ ਵਿੱਚ ਸੜਕਾਂ, ਗਲੀਆਂ, ਨਾਲੀਆਂ, ਸੀਵਰੇਜ, ਜਲ ਸਪਲਾਈ, ਸੋਲਰ ਲਾਈਟਾਂ ਤੋਂ ਇਲਾਵਾ ਛੱਪੜਾਂ ਦੀ ਸਫਾਈ ਨੂੰ ਤਰਜੀਹ ਦਿੱਤੀ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਪਾਣੀ ਦੀ ਚੋਰੀ ਰੋਕਣ ਲਈ ਸਮੁੱਚੇ ਪੰਜਾਬ ਦੇ ਲੋਕਾਂ ਨੇ ਇੱਕਜੁਟਤਾ ਦਾ ਪ੍ਰਗਟਾਵਾ ਕੀਤਾ ਹੈ।ਇਸ ਮੌਕੇ ਡੀ.ਐਸ.ਪੀ. ਕੁਲਵੀਰ ਸਿੰਘ, ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਜਸਪਾਲ ਸਿੰਘ ਢਾਹੇ ਬਲਾਕ ਪ੍ਰਧਾਨ, ਦੀਪਕ ਸਨੀ ਮੀਡੀਆ ਕੁਆਰਡੀਨੇਟਰ, ਪੰਮੂ ਢਿਲੋਂ ਸਰਪੰਚ, ਹਿਤੇਸ਼ ਸ਼ਰਮਾ ਦੀਪੂ, ਸੁਮੀਤ ਤਲਵਾੜਾ, ਰਾਕੇਸ਼ ਵਰਮਾ, ਰਿੰਕੀ ਚੰਦੇਸ਼ਰ, ਗੁਰਜਿੰਦਰ ਸਿੰਘ ਸੋਕਰ, ਐਡਵੋਕਟ ਨਿਸ਼ਾਂਤ ਗੁਪਤਾ, ਅੰਕੁਸ਼ ਪਾਠਕ, ਦੀਪਕ ਅਬਰੋਲ, ਮਨਜੋਤ ਸਿੰਘ ਰਾਣਾ, ਗੁਰਦੇਵ ਸਿੰਘ ਫੌਜੀ, ਜਸਵਿੰਦਰ ਸਿੰਘ ਸੈਣੀ, ਯਗ ਦੱਤ ਅਤੇ ਇਲਾਕੇ ਪੰਚ, ਸਰਪੰਚ ਤੇ ਪਤਵੰਤੇ ਹਾਜ਼ਰ ਸਨ।

# ਸਤਨਾਮ ਜਲਾਲਪੁਰ ਨੇ ਮਾਲੇਵਾਲ ਕੋਹਲੀ ਨੂੰ ਦਿੱਤੀ 2 ਲੱਖ ਰੁਪਏ ਦੀ ਗ੍ਰਾਂਟ



**ਬਲਾਚੌਰ (ਜਸਵਿੰਦਰ ਬੈਂਸ)**

ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਪਿੰਡ ਮਾਲੇਵਾਲ ਕੋਹਲੀ ਨੂੰ ਕਮਿਊਨਿਟੀ ਸ਼ੈਡ ਲਈ ਆਪਣੇ ਅਖਤਿਆਰੀ ਕੋਟੇ ਚੋਂ 2 ਲੱਖ ਰੁਪਏ ਦੀ ਗਰਾਂਟ ਦਿੱਤੀ। ਇਸ ਮੌਕੇ ਜਲਾਲਪੁਰ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵਿਕਾਸ ਵਿੱਚ ਕੋਈ ਵੀ ਕਮੀ ਨਹੀਂ ਛੱਡ ਰਹੀ। ਜਿੱਥੇ ਪਹਿਲਾਂ ਦੀਆਂ ਸਰਕਾਰਾਂ ਵਿਕਾਸ ਕਾਰਜਾਂ ਨੂੰ ਲੈ ਕੇ ਖਜ਼ਾਨਾ ਖਾਲੀ ਦਾ ਢੰਡੋਰਾ ਪਿੱਟ ਰਹੀਆਂ ਸਨ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਖਜ਼ਾਨੇ ਚੋਂ ਹੀ ਪੰਜਾਬ ਦੇ ਵਿਕਾਸ ਕਾਰਜਾਂ ਦੇ ਵਿੱਚ ਕੋਈ ਵੀ ਕਮੀ ਨਹੀਂ ਛੱਡ ਰਹੀ। ਉਹਨਾਂ ਨੇ ਕਿਹਾ ਕਿ ਜਿੱਥੇ ਅੱਜ ਉਹਨਾਂ ਨੇ ਆਪਣੇ ਅਖਤਿਆਰੀ ਕੋਟੇ 'ਚੋਂ ਕਮਿਊਨਿਟੀ ਸ਼ੈਡ ਲਈ ਦੋ ਲੱਖ ਰੁਪਏ ਦੀ ਗਰਾਂਟ ਦਿੱਤੀ ਹੈ ਜਿਸ ਦੀ ਪਿੰਡ ਵਾਸੀਆਂ ਵੱਲੋਂ ਪਿਛਲੇ ਕਾਫੀ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ। ਉਹਨਾਂ ਕਿਹਾ ਕਿ ਕਮਿਊਨਿਟੀ ਦੇ ਸ਼ੈਡ ਪੈਣ ਨਾਲ ਲੋਕ ਆਪਣਾ ਕੋਈ ਪਿੰਡ ਵਿੱਚ ਘਰੇਲੂ ਫੰਕਸ਼ਨ ਇਸ ਸਾਂਝੀ ਜਗ੍ਹਾ 'ਤੇ ਕਰ ਸਕਣਗੇ। ਇਸ ਮੌਕੇ ਤੇ ਪਿੰਡ ਦੀ ਪੰਚਾਇਤ ਵੱਲੋਂ ਵੀ ਸਤਨਾਮ ਜਲਾਲਪੁਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਸਤਨਾਮ ਜਲਾਲਪੁਰ ਨੇ ਕਿਹਾ ਕਿ ਪਿੰਡ ਦੇ ਵਿਕਾਸ ਕਾਰਜ ਲਈ ਕਿਸੇ ਵੀ ਤਰੀਕੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ।ਇਸ ਮੌਕੇ ਰਵਿੰਦਰ ਖਟਾਣਾ ਸਰਪੰਚ, ਰਾਜੂ ਪੰਚ, ਜੀਤ ਰਾਮ ਖਟਾਣਾ, ਅਸ਼ੋਕ ਖਟਾਣਾ, ਜੋਗਿੰਦਰ ਕੋਹਲੀ, ਪਰਮਵੀਰ ਚੇਚੀ, ਮਹਾਵੀਰ ਚੇਚੀ,ਨਰੇਸ਼ ਚੇਚੀ, ਲਖਵਿੰਦਰ ਕੋਹਲੀ, ਸੁੱਚਾ ਸਿੰਘ ਫੌਜੀ, ਮੇਹਰ ਚੰਦ, ਰਾਮ ਕਿਸ਼ਨ, ਮਹਿੰਦਰ ਚੇਚੀ, ਕਸ਼ਮੀਰ ਕੌਰ, ਮਨਦੀਪ ਕੌਰ, ਪਰਮਿੰਦਰ ਕੌਰ ਮੌਜੂਦ ਸਨ।

# ਨਸ਼ਾ ਮੁਕਤੀ ਯਾਤਰਾ ਰਾਹੀਂ 15,000 ਤੋਂ ਵੱਧ ਪਿੰਡਾਂ ਤੇ ਵਾਰਡਾਂ ਤੱਕ ਜਾਗਰੂਕਤਾ ਦਾ ਸੁਨੇਹਾ ਪਹੁੰਚਾਇਆ ਜਾਵੇਗਾ : ਭਗਤ

**ਜਲੰਧਰ, (ਸ਼ੈਲੀ ਐਲਬਰਟ)**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਵਿੱਚ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਸੂਬੇ ਅਤੇ ਖ਼ਾਸ ਕਰ ਪਿੰਡਾਂ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਵਿੱਚ ਮਦਦਗਾਰ ਸਾਬਤ ਹੋ ਰਹੀ ਹੈ।ਇਸ ਦੀ ਤਾਜ਼ਾ ਉਦਾਹਰਨ ਫਿਲੌਰ ਦੇ ਇਕ ਪਿੰਡ ਤੋਂ ਮਿਲਦੀ ਹੈ, ਜਿੱਥੇ ਨਸ਼ਾ ਕਰਨ ਵਾਲੇ ਨੌਜਵਾਨ ਹੁਣ ਇਸ ਯਾਤਰਾ ਵਿੱਚ ਭਾਗ ਲੈ ਰਹੇ ਹਨ ਅਤੇ ਹੋਰ ਨੌਜਵਾਨਾਂ ਨੂੰ ਨਸ਼ੇ ਦੇ ਨੁਕਸਾਨਾਂ ਬਾਰੇ ਜਾਗਰੂਕ ਕਰ ਰਹੇ ਹਨ। ਭਗਤ ਨੇ ਦੱਸਿਆ ਕਿ ਨਸ਼ਾ ਮੁਕਤੀ ਯਾਤਰਾ ਰਾਹੀਂ 15,000 ਤੋਂ ਵੱਧ ਪਿੰਡਾਂ ਅਤੇ ਵਾਰਡਾਂ ਤੱਕ ਲੋਕ ਸੰਪਰਕ ਅਤੇ ਜਨ ਜਾਗਰੂਕਤਾ ਦਾ ਸੁਨੇਹਾ ਪਹੁੰਚਾਇਆ ਜਾਵੇਗਾ।ਇਸ ਮਹਾ ਜਨ ਸੰਪਰਕ ਅਭਿਆਨ ਤਹਿਤ ਹਰ ਰੋਜ਼ ਲਗਭਗ 351 ਪਿੰਡਾਂ ਵਿੱਚ ਗ੍ਰਾਮ ਸਭਾਵਾਂ ਹੋਣਗੀਆਂ। ਹਰ ਵਿਧਾਨ ਸਭਾ ਹਲਕੇ ਵਿੱਚ ਤਿੰਨ ਪਿੰਡ ਚੁਣੇ ਗਏ ਹਨ, ਜਿੱਥੇ ਲੋਕ ਭਾਗੀਦਾਰੀ ਰਾਹੀਂ ਇਹ ਮੁਹਿੰਮ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਦੱਸਿਆ ਕਿ ਹੁਣ ਤੱਕ 86 ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ 'ਤੇ ਬੁਲਡੋਜ਼ਰ ਚਲਾਇਆ ਗਿਆ ਹੈ ਅਤੇ 75 ਤਸਕਰਾਂ ਨੂੰ ਐਨਕਾਊਂਟਰ ਰਾਹੀਂ ਕਾਬੂ ਗਿਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਉਨ੍ਹਾਂ ਵਿਅਕਤੀਆਂ ਨੂੰ ਵੀ ਸਨਮਾਨਤ ਕਰ ਰਹੀ ਹੈ, ਜਿਨ੍ਹਾਂ ਖੁਦ ਨਸ਼ਿਆਂ ਨਾਲ ਲੜਾਈ ਲੜੀ ਅਤੇ ਇਸ ਅਲਾਮਤ ਦੀ ਗ੍ਰਿਫ਼ਤ 'ਚੋਂ ਬਾਹਰ ਨਿਕਲੇ। ਭਗਤ ਨੇ ਕਿਹਾ ਕਿ ਇਹ ਨਸ਼ਾ ਮੁਕਤੀ ਯਾਤਰਾ ਕੋਈ ਰਾਜਨੀਤਿਕ ਯਾਤਰਾ ਨਹੀਂ, ਇਹ ਇਕ ਸਮਾਜਿਕ ਸੰਕਲਪ ਹੈ। ਉਨ੍ਹਾਂ ਹਰ ਵਰਗ, ਹਰ ਪੰਚਾਇਤ, ਹਰ ਨੌਜਵਾਨ, ਹਰ ਮਾਤਾ-ਪਿਤਾ ਨੂੰ ਇਸ ਅੰਦੋਲਨ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੀ ਲੜਾਈ ਸਾਡੀ ਸਾਂਝੀ ਲੜਾਈ ਹੈ।



# ਵਿਸ਼ਵ ਹਾਈਪਰਟੈਨਸ਼ਨ ਦਿਵਸ ਮਨਾਇਆ

**ਸ਼ਾਹਕੋਟ (ਗਿਆਨ ਸੈਦਪੁਰੀ)**- 'ਹਾਈਪਰਟੈਨਸ਼ਨ ਜਾਂ ਹਾਈ ਬਲੱਡ ਪ੍ਰੈਸ਼ਰ ਇੱਕ ਅਜਿਹੀ ਬਿਮਾਰੀ ਹੈ ਜੋ ਸਾਡੀਆਂ ਗਲਤ ਆਦਤਾਂ ਅਤੇ ਤਣਾਅ ਕਾਰਨ ਹੁੰਦੀ ਹੈ ਅਤੇ ਦਿਲ ਦੀਆਂ ਗੰਭੀਰ ਬਿਮਾਰੀਆਂ ਦਾ ਕਾਰਨ ਬਣਦੀ ਹੈ, ਇਸ ਤੋਂ ਬਚਾਅ ਜ਼ਰੂਰੀ ਹੈ' ।ਉਕਤ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਮੈਡੀਕਲ ਅਫ਼ਸਰ ਡਾ. ਦੀਪਕ ਚੰਦਰ ਨੇ ਵਿਸ਼ਵ ਹਾਈਪਰਟੈਨਸ਼ਨ ਦਿਵਸ 'ਤੇ ਸੀ ਐਚ ਸੀ ਸ਼ਾਹਕੋਟ ਵਿਖੇ ਆਯੋਜਿਤ ਬਲਾਕ ਪੱਧਰੀ ਸੈਮੀਨਾਰ ਵਿੱਚ ਕੀਤਾ। ਸੈਮੀਨਾਰ ਦੌਰਾਨ ਐਸ ਐਮ ਓ ਡਾ. ਦੀਪਕ ਚੰਦਰ ਨੇ ਕਿਹਾ ਕਿ ਹਰ ਸਾਲ 17 ਮਈ ਨੂੰ ਵਿਸ਼ਵ ਪੱਧਰ 'ਤੇ ਹਾਈਪਰਟੈਨਸ਼ਨ ਦਿਵਸ ਮਨਾਇਆ ਜਾਂਦਾ ਹੈ। ਇਸ ਸਾਲ ਇਹ 'ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਇਸ ਨੂੰ ਕਾਬੂ ਵਿੱਚ ਰੱਖੋ, ਲੰਬੇ ਸਮੇਂ ਤੱਕ ਜੀਓ' ਥੀਮ ਹੇਠ ਮਨਾਇਆ ਗਿਆ। ਬਲਾਕ ਸ਼ਾਹਕੋਟ ਦੇ ਸਾਰੇ ਆਯੁਸ਼ਮਾਨ ਅਰੋਗਿਆ ਕੇਂਦਰਾਂ ਵਿੱਚ ਬਲੱਡ ਪ੍ਰੈਸ਼ਰ ਦੀ ਜਾਂਚ ਕਰਨ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਕੈਂਪ ਲਗਾਏ ਗਏ। ਉਨ੍ਹਾਂ ਕਿਹਾ ਕਿ ਤੀਹ ਸਾਲ ਤੋਂ ਵੱਧ ਉਮਰ ਦੇ ਸਾਰੇ ਲੋਕਾਂ ਨੂੰ ਨਿਯਮਿਤ ਤੌਰ 'ਤੇ ਆਪਣੇ ਬਲੱਡ ਪ੍ਰੈਸ਼ਰ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਨੂੰ ਜ਼ਿਆਦਾ ਕਸਰਤ ਕਰਨੀ ਚਾਹੀਦੀ ਹੈ ਅਤੇ ਆਪਣੀ ਖੁਰਾਕ ਵੱਲ ਧਿਆਨ ਦੇਣਾ ਚਾਹੀਦਾ ਹੈ। ਜ਼ਿਆਦਾ ਤੇਲਯੁਕਤ, ਮਸਾਲੇਦਾਰ ਭੋਜਨ ਅਤੇ ਨਮਕ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਸ਼ਰਾਬ, ਬੀੜੀ ਜਾਂ ਸਿਗਰਟ ਦਾ ਸੇਵਨ ਨਹੀਂ ਕਰਨਾ ਚਾਹੀਦਾ। ਤਣਾਅ ਮੁਕਤ ਰਹਿਣ ਲਈ ਧਿਆਨ ਅਤੇ ਯੋਗਾ ਕਰਨਾ ਚਾਹੀਦਾ ਹੈ।ਕਾਰਜਕਾਰੀ ਬੀ ਈ ਈ ਅਮਨਦੀਪ ਸਿੰਘ ਨੇ ਕਿਹਾ ਕਿ ਸੈਮੀਨਾਰ ਤੋਂ ਇਲਾਵਾ ਅਗਲੇ ਇੱਕ ਮਹੀਨੇ ਲਈ ਜਾਗਰੂਕਤਾ ਅਤੇ ਜਾਂਚ ਗਤੀਵਿਧੀਆਂ ਚਲਾਈਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਹਾਈ ਜਾਂ ਲੋਅ ਬਲੱਡ ਪ੍ਰੈਸ਼ਰ ਤੋਂ ਪੀੜਤ ਵਿਅਕਤੀ ਲਈ ਇੱਕ ਹੈਲਥ ਕਾਰਡ ਬਣਾਇਆ ਜਾਂਦਾ ਹੈ, ਜਿਸ ਦੇ ਆਧਾਰ 'ਤੇ ਵਿਅਕਤੀ ਨੂੰ ਇੱਕ ਮਹੀਨੇ ਲਈ ਮੁਫ਼ਤ ਬਲੱਡ ਪ੍ਰੈਸ਼ਰ ਦੀ ਦਵਾਈ ਦਿੱਤੀ ਜਾਂਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾਕਟਰ ਧੀਰਜ ਕੁਮਾਰ, ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਜਸਵੀਰ ਸਿੰਘ, ਸੁਖਪਾਲ ਸਿੰਘ, ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।



# ਜ਼ਿਲ੍ਹਾ ਹਸਪਤਾਲ ਨੂੰ ਕੁਆਲਿਟੀ ਪ੍ਰਮਾਣ ਪੱਤਰ ਦੇ ਐਵਾਰਡ ਨਾਲ ਨਿਵਾਜਿਆ



**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਭਾਰਤ ਸਰਕਾਰ ਨੇ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਨੂੰ ਬਿਹਤਰ, ਮਿਆਰੀ ਤੇ ਸੁਰੱਖਿਅਤ ਸਿਹਤ ਸੇਵਾਵਾਂ ਦੇਣ ਲਈ 'ਕੁਆਲਿਟੀ ਪ੍ਰਮਾਣ ਪੱਤਰ' ਨਾਲ ਨਿਵਾਜਿਆ ਹੈ।ਭਾਰਤ ਸਰਕਾਰ ਦੇ ਨੈਸ਼ਨਲ ਕੁਆਲਿਟੀ ਇੰਸ਼ੋਰੈਂਸ ਸਟੈਂਡਰਡਜ਼ (ਐੱਨ.ਕਿਊ.ਏ.ਐੱਸ.) ਪ੍ਰੋਗਰਾਮ ਤਹਿਤ ਪਿਛਲੇ ਅਪ੍ਰੈਲ ਮਹੀਨੇ ਵਿਚ ਹੋਏ ਮੁਲਾਂਕਣ ਵਿਚ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਸਾਰੇ ਮਾਪਦੰਡਾਂ ਉੱਤੇ ਖਰਾ ਉਤਰਿਆ ਹੈ। ਉਨ੍ਹਾਂ ਦੱਸਿਆ ਕਿ ਐੱਨ.ਕਿਊ.ਏ.ਐੱਸ. ਦੇ ਮੁਲਾਂਕਣ ਦੇ ਨਤੀਜੇ ਕੁਝ ਦਿਨ ਪਹਿਲਾਂ ਘੋਸ਼ਿਤ ਕੀਤੇ ਗਏ, ਜਿਨ੍ਹਾਂ ਵਿੱਚ ਨਵਾਂਸ਼ਹਿਰ ਹਸਪਤਾਲ ਨੂੰ 86.96 ਫੀਸਦੀ ਅੰਕ ਪ੍ਰਾਪਤ ਹੋਏ ਹਨ। ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਦੱਸਿਆ ਕਿ ਨੈਸ਼ਨਲ ਕੁਆਲਿਟੀ ਇਸ਼ੋਰੈਂਸ ਸਟੈਂਡਰਡਜ਼ (ਐੱਨ.ਕਿਊ.ਏ.ਐੱਸ.) ਦਾ ਸਰਟੀਫਿਕੇਟ ਪ੍ਰਾਪਤ ਹੋਣ ਨਾਲ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਨੂੰ ਇਕ ਵੱਖਰੀ ਪਛਾਣ ਮਿਲੇਗੀ। ਭਾਰਤ ਸਰਕਾਰ ਨੇ ਨੈਸ਼ਨਲ ਕੁਆਲਿਟੀ ਇੰਸ਼ੋਰੈਂਸ ਸਟੈਂਡਰਡਜ਼ (ਐੱਨ.ਕਿਊ.ਏ.ਐੱਸ.) ਪ੍ਰੋਗਰਾਮ ਸਰਕਾਰੀ ਸਿਹਤ ਸੰਸਥਾਵਾਂ ਵਿਚ ਸੁਰੱਖਿਅਤ ਅਤੇ ਮਿਆਰੀ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤਾ ਹੋਇਆ ਹੈ। ਨੈਸ਼ਨਲ ਕੁਆਲਿਟੀ ਇਸ਼ੋਰੈਂਸ ਪ੍ਰੋਗਰਾਮ ਤਹਿਤ ਜ਼ਿਲ੍ਹਾ ਸਿਹਤ ਸੰਸਥਾਵਾਂ ਦੀ 3 ਸਾਲਾਂ ਬਾਅਦ ਮੁੜ ਤੋਂ ਅਸੈਸਮੈਂਟ ਹੋਣੀ ਹੁੰਦੀ ਹੈ। ਭਾਰਤ ਸਰਕਾਰ ਦੇ ਕੇਂਦਰੀ ਸਿਹਤ ਮੰਤਰਾਲੇ, ਨਵੀਂ ਦਿੱਲੀ ਦੀ ਟੀਮ ਨੇ ਪਿਛਲੇ ਅਪ੍ਰੈਲ ਮਹੀਨੇ ਵਿਚ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਦੇ 16 ਵਿਭਾਗਾਂ ਵਿਚ ਸੁਰੱਖਿਅਤ ਤੇ ਮਿਆਰੀ ਦੇਖਭਾਲ ਲਈ ਨਿਰਧਾਰਿਤ ਵੱਖ-ਵੱਖ ਪੈਮਾਨਿਆਂ ਦੀ ਡੂੰਘਾਈ ਨਾਲ ਅਸੈਸਮੈਂਟ ਕੀਤੀ ਸੀ।ਇਸ ਮੌਕੇ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਨੇ ਨੈਸ਼ਨਲ ਕੁਆਲਿਟੀ ਇਸ਼ੋਰੈਂਸ ਸਟੈਂਡਰਡਜ਼ (ਐੱਨ ਕਿਊ ਏ ਐੱਸ) ਪ੍ਰੋਗਰਾਮ ਤਹਿਤ ਜ਼ਿਲ੍ਹਾ ਹਸਪਤਾਲ ਨੂੰ 'ਕੁਆਲਿਟੀ ਪ੍ਰਮਾਣ ਪੱਤਰ' ਮਿਲਣ 'ਤੇ ਸਮੂਹ ਮੈਡੀਕਲ ਅਫਸਰਾਂ, ਪੈਰਾ ਮੈਡੀਕਲ ਸਟਾਫ ਤੇ ਕਰਮਚਾਰੀਆਂ ਦੇ ਕੰਮ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਨੇ ਜ਼ਿਲ੍ਹਾ ਹਸਪਤਾਲ ਦੀ ਅਸੈਸਮੈਂਟ ਵਿਚ ਸਹਿਯੋਗ ਦੇਣ ਲਈ ਸਿਵਲ ਸਰਜਨ ਡਾ ਗੁਰਿੰਦਰਜੀਤ ਸਿੰਘ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ ਤੇ ਏ.ਐੱਚ.ਏ. ਪੂਜਾ ਸਮੇਤ ਸਮੂਹ ਉੱਚ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ।

# ਸਾਈ ਫਕੀਰੇ ਸ਼ਾਹ ਦਾ ਸਾਲਾਨਾ ਸੱਭਿਆਚਾਰਕ ਮੇਲਾ 21 ਤੇ 22 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਧੰਨ ਧੰਨ ਸਾਈਂ ਬਾਬਾ ਫਕੀਰੇ ਸ਼ਾਹ ਦਾ 21ਵਾਂ ਸਾਲਾਨਾ ਛਿੰਝ ਅਤੇ ਸੱਭਿਆਚਾਰਕ ਜੋੜ ਮੇਲਾ 21 ਅਤੇ 22 ਨੂੰ ਪਿੰਡ ਖੋਜਕੀਪੁਰ (ਸਲਾਲਾ) ਆਦਮਪੁਰ ਭੋਗਪੁਰ ਜੀ ਟੀ ਰੋਡ ਜ਼ਿਲ੍ਹਾ ਜਲੰਧਰ ਵਿਖੇ ਹਰ ਸਾਲ ਦੀ ਤਰ੍ਹਾਂ ਨਾਲ ਕਰਵਾਇਆ ਜਾ ਰਿਹਾ ਹੈ।ਮੇਲੇ ਸੰਬੰਧੀ ਜਾਣਕਾਰੀ ਦਿੰਦਿਆਂ ਲਾਡੀ ਸੰਧੂ ਕਨੇਡਾ ਦੇ ਦੱਸਿਆ ਕਿ ਸਾਲਾਨਾ ਜੋੜ ਮੇਲਾ ਸਾਈਂ ਲੱਕੀ ਸ਼ਾਹ ਦੀ ਸਰਪ੍ਰਸਤੀ ਹੇਠ ਹਰ ਸਾਲ ਦੀ ਤਰ੍ਹਾਂ ਕਰਵਾਇਆ ਜਾਵੇਗਾ। ਜਿਸ ਦੀਆਂ ਪ੍ਰਮੁੱਖ ਰਸਮਾਂ ਨੂੰ ਧਾਰਮਿਕ ਰੀਤੀ ਰਿਵਾਜਾਂ ਸਹਿਤ ਅਦਾ ਕੀਤਾ ਜਾਵੇਗਾ। 21 ਮਈ ਨੂੰ ਸ਼ਾਮ ਤਿੰਨ ਵਜੇ ਵਿਸ਼ਾਲ ਕੁਸ਼ਤੀ ਦੰਗਲ ਹੋਵੇਗਾ।22 ਮਈ ਨੂੰ ਦਿਨ ਵੇਲੇ ਗਾਇਕ ਅਤੇ ਕਵਾਲ ਆਪਣੀ ਹਾਜ਼ਰੀ ਭਰਨਗੇ।

# ਪੰਜ ਰੋਜ਼ਾ ਮਨੁੱਖੀ ਅਧਿਕਾਰ ਜਾਗਰੂਕਤਾ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਯੂਥ ਵਾਇਸ ਫਾਊਂਡੇਸ਼ਨ ਸੁਸਾਇਟੀ ਵਲੋਂ ਪ੍ਰਧਾਨ ਗਗਨਦੀਪ ਸਿੰਘ ਢੱਟ ਦੀ ਅਗਵਾਈ ਹੇਠ ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਸਹਿਯੋਗ ਨਾਲ ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕ ਕਰਨ ਦੇ ਮਨੋਰਥ ਨਾਲ ਰਾਮਗੜ੍ਹੀਆ ਸੀ. ਸੈ. ਸਕੂਲ ਸਤਨਾਮਪੁਰਾ ਫਗਵਾੜਾ ਵਿਖੇ ਪੰਜ ਰੋਜ਼ਾ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਵਿਦਿਆਰਥੀਆਂ ਨੂੰ ਮਨੁੱਖੀ ਹੱਕਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਦੌਰਾਨ ਹਿਊਮਨ ਰਾਈਟਸ ਕੌਂਸਲ ਨੇ ਸਰਕਾਰ ਵਲੋਂ ਜਾਰੀ ਕੀਤੇ ਹੈਲਪਲਾਈਨ ਨੰਬਰਾਂ ਬਾਰੇ ਜਾਣਕਾਰੀ ਦਿੱਤੀ। ਕੌਂਸਲ ਦੇ ਐਂਟੀ ਕੁਰੱਪਸ਼ਨ ਸੈਲ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਨੰਦ ਸੋਨੀ ਨੇ ਦੱਸਿਆ ਕਿ ਕਿਸੇ ਵੀ ਤਰ੍ਹਾਂ ਦੇ ਸ਼ੋਸ਼ਣ ਦੀ ਸ਼ਿਕਾਇਤ ਸਬੰਧਤ ਵਿਭਾਗ ਨੂੰ ਹੈਲਪ ਲਾਈਨ ਨੰਬਰ ਰਾਹੀਂ ਦਿੱਤੀ ਜਾ ਸਕਦੀ ਹੈ। ਉਹਨਾਂ ਦੱਸਿਆ ਕਿ ਕੌਂਸਲ ਵਲੋਂ ਰਾਸ਼ਟਰੀ ਪ੍ਰਧਾਨ ਆਰਤੀ ਰਾਜਪੂਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੱਖ ਵੱਖ ਸਕੂਲਾਂ ਤੇ ਕਾਲਜਾਂ ਵਿੱਚ ਜਾਗਰੂਕਤਾ ਸੈਮੀਨਾਰ ਕਰਵਾਏ ਜਾ ਰਹੇ ਹਨ। ਇਹਨਾਂ ਜਾਗਰੂਕਤਾ ਸੈਮੀਨਾਰ ਨੂੰ ਸਫਲ ਬਣਾਉਣ ਵਿੱਚ ਹਿਊਮਨ ਰਾਈਟਸ ਕੌਂਸਲ (ਇੰਡੀਆ) ਐਂਟੀ-ਕੁਰੱਪਸ਼ਨ ਸੈਲ ਦੇ ਸੂਬਾ ਪ੍ਰਧਾਨ ਰਮਨ ਨਹਿਰਾ ਦੀ ਅਹਿਮ ਭੂਮਿਕਾ ਹੈ। ਯੂਥ ਵਾਇਸ ਫਾਊਂਡੇਸ਼ਨ ਸੁਸਾਇਟੀ ਦੇ ਪ੍ਰਧਾਨ ਗਗਨਦੀਪ ਸਿੰਘ ਢੱਟ ਨੇ ਦੱਸਿਆ ਕਿ ਲੋਕਾਂ ਨੂੰ ਜਾਗਰੂਕ ਕਰਨਾ ਇਕ ਭਲਾਈ ਦਾ ਕੰਮ ਹੈ। ਇਸ ਦੌਰਾਨ ਸਕੂਲ ਪ੍ਰਿੰਸੀਪਲ ਹਰਦੀਪ ਕੌਰ ਨੇ ਦੋਵੇਂ ਸੰਸਥਾਵਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਐਂਟੀ-ਕੁਰੱਪਸ਼ਨ ਸੈਲ ਦੇ ਜ਼ਿਲ੍ਹਾ ਵਾਇਸ ਪ੍ਰਧਾਨ ਅਮਰਜੀਤ ਸਿੰਘ ਬਸੁਟਾ ਤੋਂ ਇਲਾਵਾ ਰਾਹੁਲ ਬਾਂਸਲ, ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।




# ਸਾਨੂੰ ਆਪਣੇ ਦੇਸ਼-ਭਗਤਾਂ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ : ਪ੍ਰਿੰਸੀਪਲ ਚਾਹਲ



**ਕਾਲਾ ਸੰਘਿਆਂ (ਮਨਜੀਤ ਮਾਨ)**- ਗਦਰੀ ਬਾਬਾ ਹਰਨਾਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਲਾ ਸੰਘਿਆਂ ਵਿਖੇ ਬਾਬਾ ਹਰਨਾਮ ਸਿੰਘ ਜੀ 47ਵੀਂ ਬਰਸੀ ਮੌਕੇ ਉਨ੍ਹਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ ਵਲੋਂ ਗਦਰ ਪਾਰਟੀ ਦੇ ਇਤਿਹਾਸ, ਬਾਬਾ ਜੀ ਦੇ ਜੀਵਨ ਸ਼ੰਘਰਸ਼ ਅਤੇ ਫਲਸਫੇ ਬਾਰੇ ਵਿਸਥਾਰ ਪੂਰਵਕ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਉਹਨਾਂ ਕਿਹਾ ਕਿ ਬਾਬਾ ਹਰਨਾਮ ਸਿੰਘ ਦਾ ਜੀਵਨ ਬੇਮਿਸਾਲ ਕੁਰਬਾਨੀ, ਹੌਂਸਲੇ ਅਤੇ ਦ੍ਰਿੜ੍ਹਤਾ ਦੀ ਮਿਸਾਲ ਹੈ। ਸਕੂਲ ਦੇ ਵਿਦਿਆਰਥੀਆਂ ਵਲੋਂ ਦੇਸ਼ ਭਗਤੀ ਦੀਆਂ ਰਚਨਾਵਾਂ ਪੇਸ਼ ਕੀਤੀਆਂ ਗਈਆਂ । ਸਟੇਜ ਦੀ ਜ਼ਿੰਮੇਵਾਰੀ ਅਨੁਰਾਧਾ ਪਾਲ ਮੈਥ ਮਿਸਟ੍ਰੈਸ ਵਲੋਂ ਨਿਭਾਈ ਗਈ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਲਿਟਲ ਸਟਾਰ ਸਕੂਲ ਨਾਨੋਵਾਲ ਬੇਟ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ

**ਬਲਾਚੌਰ (ਜਸਵਿੰਦਰ ਬੈਂਸ)**-ਪਿਛਲੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿੱਚੋਂ ਲਿਟਲ ਸਟਾਰ ਮਾਡਲ ਹਾਈ ਸਕੂਲ ਨਾਨੋਵਾਲ ਬੇਟ ਦਾ ਨਤੀਜਾ ਇਸ ਵਾਰ ਵੀ ਬਹੁਤ ਸ਼ਾਨਦਾਰ ਰਿਹਾ। ਸਾਰੇ ਬੱਚੇ ਉੱਚ ਨੰਬਰਾਂ ਨਾਲ ਪਾਸ ਹੋਏ।ਪਹਿਲੇ ਤਿੰਨੋ ਸਥਾਨ 'ਤੇ ਲੜਕੀਆਂ ਕਾਬਜ਼ ਰਹੀਆਂ। ਕੋਮਲਪ੍ਰੀਤ ਕੌਰ ਨੇ 589/650 ਅੰਕ ਪ੍ਰਾਪਤ ਕਰਕੇ ਪਹਿਲਾ, ਚਾਂਦਨੀ ਕੁਮਾਰੀ 578/650 ਅੰਕ ਪ੍ਰਾਪਤ ਕਰਕੇ ਦੂਜੇ ਅਤੇ ਕਸ਼ਿਸ਼ 553/650 ਨੰਬਰਾਂ ਨਾਲ ਤੀਸਰੇ ਸਥਾਨ 'ਤੇ ਰਹੀ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਅਜੀਤ ਰਾਮ ਧੀਮਾਨ ਵੱਲੋਂ ਜਿੱਥੇ ਬੱਚਿਆਂ ਅਤੇ ਉਹਨਾਂ ਦੇ ਮਾਤਾ -ਪਿਤਾ ਨੂੰ ਵਧਾਈ ਦਿੱਤੀ ਗਈ ਉੱਥੇ ਨਾਲ ਹੀ ਸਬੰਧਤ ਸਕੂਲ ਸਟਾਫ਼ ਦਾ ਵੀ ਧੰਨਵਾਦ ਕੀਤਾ ਜਿਹਨਾਂ ਦੀ ਮਿਹਨਤ ਸਦਕੇ ਬੱਚੇ ਉੱਚ ਨੰਬਰ ਪ੍ਰਾਪਤ ਕਰ ਸਕੇ।



# ਜ਼ਿਲ੍ਹਾ ਜਲੰਧਰ ਸਹਿਕਾਰੀ ਸਭਾਵਾਂ ਕਰਮਚਾਰੀ ਯੂਨੀਅਨ ਦੀ ਚੋਣ

## ਰਜਨੀਸ਼ ਕੁਮਾਰ ਤਿਵਾੜੀ ਸਰਬਸੰਮਤੀ ਨਾਲ ਪ੍ਰਧਾਨ ਚੁਣੇ

**ਕਾਲਾ ਸੰਘਿਆਂ (ਮਨਜੀਤ ਮਾਨ)**

ਜ਼ਿਲ੍ਹਾ ਜਲੰਧਰ ਸਹਿਕਾਰੀ ਸਭਾਵਾਂ ਕਰਮਚਾਰੀ ਯੂਨੀਅਨ ਦੀ ਚੋਣ ਜਲੰਧਰ ਵਿਖੇ ਸ਼ਿਵ ਲਾਲ ਸੀਨੀਅਰ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਰਜਨੀਸ਼ ਕੁਮਾਰ ਤਿਵਾੜੀ ਨੂੰ ਜ਼ਿਲ੍ਹਾ ਜਲੰਧਰ ਸਹਿਕਾਰੀ ਸਭਾਵਾਂ ਦਾ ਪ੍ਰਧਾਨ ਚੁਣਿਆ ਗਿਆ ਅਤੇ ਬਾਕੀ ਅਹੁਦੇਦਾਰਾਂ ਦੀ ਚੋਣ ਵੀ ਸਰਬਸੰਮਤੀ ਨਾਲ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਜਲੰਧਰ ਦੇ ਸਾਰੇ ਬਲਾਕਾਂ ਦੇ ਸਾਰੇ ਕਰਮਚਾਰੀ ਮੌਜੂਦ ਸਨ। ਉਹਨਾਂ ਨੇ ਇਕਜੁੱਟਤਾ ਨਾਲ ਇਸ ਚੋਣ ਨੂੰ ਸਰਬਸੰਮਤੀ ਨਾਲ ਨੇਪਰੇ ਚਾੜ੍ਹਿਆ। ਇਸ ਮੌਕੇ ਰਜਨੀਸ਼ ਕੁਮਾਰ ਤਿਵਾੜੀ ਨੇ ਸਾਰੇ ਸਾਥੀ ਕਰਮਚਾਰੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ਿਵ ਲਾਲ, ਰਣਜੀਤ ਸਿੰਘ, ਮੁਲਖ ਰਾਜ, ਮਨਪ੍ਰੀਤ ਸਿੰਘ ਕੋਹਾਲਾ, ਅਮਰਦੀਪ ਸਿੰਘ ਭੋਗਪੁਰ, ਹਰਦੀਪ ਸਿੰਘ, ਸਰਬਜੀਤ ਸਿੰਘ ਸੰਧੂ, ਲਖਵਿੰਦਰ ਸਿੰਘ ਨੁੱਸੀ, ਸੁਖਬੀਰ ਸਿੰਘ ਸਰਾਏ ਖਾਸ, ਤੇਜਿੰਦਰ ਕੁਮਾਰ, ਰਾਜਵਿੰਦਰ ਸਿੰਘ ਧਾਲੀਵਾਲ, ਅਮਰਜੀਤ ਸਿੰਘ ਖਹਿਰਾ ਮਾਝਾ ਭੁਪਿੰਦਰ ਸਿੰਘ ਅਠੋਲਾ, ਸਲਵਿੰਦਰ ਸਿੰਘ ਹੇਲਰ , ਸੈਕਟਰੀ ਹਰਨੇਕ ਸਿੰਘ ਬਿਆਸ ਪਿੰਡ, ਸੈਕਟਰੀ ਸਿਕੰਦਰਪੁਰ, ਕਰਨੈਲ ਸਿੰਘ, ਸਕੱਤਰ ਸਰਬਜੀਤ ਸਿੰਘ ਦਾਰਾਪੁਰ, ਅਮਰਜੀਤ ਸਿੰਘ ਧਨਾਲ, ਕੁਲਵੰਤ ਸਿੰਘ, ਸੁਖਵਿੰਦਰ ਹਰੀਪੁਰ, ਅਮਨ ਬ੍ਰਹਮਪੁਰ ਭੰਗੂ ਜਮਾਲਪੁਰ ਬੁੱਟਰ, ਸੁਨੀਲ ਕੁਮਾਰ, ਰਵਿੰਦਰ ਸਿੰਘ ਸਕੱਤਰ ਢੰਡੋਰ, ਸਕੱਤਰ ਕਾਲੜਾ ਨਵਜੋਤ ਸਿੰਘ ਕਾਦੀਆਂ। ਇਸ ਮੌਕੇ ਸ਼ਿਵ ਲਾਲ, ਅਮਰਦੀਪ ਸਿੰਘ, ਸਰਬਜੀਤ ਸਿੰਘ ਨੂੰ ਸਟੇਟ ਡੈਲੀਗੇਟ ਚੁਣਿਆ ਗਿਆ। ਇਸ ਮੌਕੇ ਰਜਨੀਸ਼ ਕੁਮਾਰ ਕੁਮਾਰ ਤਿਵਾਰੀ ਪ੍ਰਧਾਨ ਸਹਿਕਾਰੀ ਸਭਾਵਾਂ ਖੇਤੀਬਾੜੀ ਯੂਨੀਅਨ ਜ਼ਿਲ੍ਹਾ ਜਲੰਧਰ ਹਾਜ਼ਰ ਸਨ।



# ਸਰਕਾਰੀ ਪ੍ਰਾਇਮਰੀ ਸਕੂਲ ਦੇ ਕਲਾਸ ਰੂਮ ਦਾ ਚੀਮਾ ਨੇ ਕੀਤਾ ਉਦਘਾਟਨ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**-ਪੰਜਾਬ ਸਕੂਲ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਦੇ ਮਕਸਦ ਨਾਲ ਪੰਜਾਬ ਸਰਕਾਰ ਵੱਲੋਂ ਵਿੱਢੀ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਹੁਸੈਨਪੁਰ ਦੂਲੋਵਾਲ ਵਿਖੇ ਅਧੁਨਿਕ ਕਲਾਸ ਰੂਮ ਦਾ ਉਦਘਾਟਨ ਇੰਪਰੂਵਮੈਂਟ ਟਰੱਸਟ ਕਪੂਰਥਲਾ ਦੇ ਚੇਅਰਮੈਨ ਅਤੇ ਅਰਜਨਾ ਐਵਾਰਡੀ ਸੱਜਣ ਸਿੰਘ ਚੀਮਾ ਵੱਲੋਂ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਤੋਂ ਪਹਿਲਾਂ ਸਕੂਲ ਪਹੁੰਚਣ ਤੇ ਸਕੂਲ ਮੁਖੀ ਕੁਲਜੀਤ ਕੌਰ ਦੀ ਅਗਵਾਈ ਹੇਠ ਸਮੂਹ ਸਟਾਫ ਤੇ ਪਿੰਡ ਵਾਸੀਆਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਚੀਮਾ ਵੱਲੋਂ ਸਕੂਲ ਦੀ ਪ੍ਰਭਾਵਸ਼ਾਲੀ ਦਿੱਖ ਵਾਲੀ ਇਮਾਰਤ ਉਸਾਰਨ, ਬੱਚਿਆਂ ਦੀ ਪੜ੍ਹਾਈ ਦਾ ਵਧੀਆ ਨਤੀਜਾ ਦੇਣ ਬਦਲੇ ਸਕੂਲ ਮੁਖੀ ਕੁਲਜੀਤ ਕੌਰ ਹੈੱਡ ਟੀਚਰ ਅਤੇ ਸਮੂਹ ਸਟਾਫ ਦੀ ਸ਼ਲਾਘਾ ਕੀਤੀ ਗਈ। ਉਹਨਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਵਾਉਣਾ ਹੈ । ਉਹਨਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਵੀ ਪੰਜਾਬ ਸਰਕਾਰ ਦ੍ਰਿੜ੍ਹ ਹੈ ਜਿਸ ਲਈ ਸਮੂਹ ਪੰਜਾਬ ਵਾਸੀਆਂ ਦੇ ਸਹਿਯੋਗ ਦੀ ਵੱਡੀ ਲੋੜ ਹੈ। ਇਸ ਮੌਕੇ ਅਧਿਆਪਕ ਅਪਿੰਦਰ ਸਿੰਘ ਥਿੰਦ ਵਲੋਂ ਚੇਅਰਮੈਨ ਚੀਮਾ ਤੇ ਸਭ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ। ਅਮਰੀਕ ਸਿੰਘ ਸੈਂਟਰ ਹੈੱਡ ਟੀਚਰ ਬੂੜੇਵਾਲ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ।



# ਸਰਕਾਰੀ ਸਕੂਲ ਹਰਬੰਸਪੁਰ ਦੀ ਵਿਦਿਆਰਥਣ ਨੂੰ ਦਸਵੀਂ ਦੀ ਬੋਰਡ ਪ੍ਰੀਖਿਆ 'ਚ ਜ਼ਿਲ੍ਹਾ ਪੱਧਰ 'ਤੇ ਮਿਲਿਆ ਦੂਸਰਾ ਸਥਾਨ



**ਫਗਵਾੜਾ (ਡਾ. ਰਮਨ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰਬੰਸਪੁਰ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਮਨਪ੍ਰੀਤ ਕੌਰ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਸਲਾਨਾ ਪ੍ਰੀਖਿਆ (2024-25) ਵਿੱਚ 96.77% ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਵਿਦਿਆਰਥਣ ਦੇ ਸਨਮਾਨ 'ਚ ਇਕ ਸਮਾਗਮ ਦਾ ਆਯੋਜਨ ਸਕੂਲ ਵਿਖੇ ਕੀਤਾ ਗਿਆ। ਇਸ ਦੌਰਾਨ ਸਕੂਲ ਪ੍ਰਿੰਸੀਪਲ ਉਪਾਸਨਾ ਮਦਾਨ ਨੇ ਦੱਸਿਆ ਕਿ ਇਸ ਹੋਣਹਾਰ ਵਿਦਿਆਰਥਣ ਨੇ ਜ਼ਿਲ੍ਹੇ ਵਿੱਚ ਦੂਜਾ ਅਤੇ ਪੰਜਾਬ ਵਿੱਚ 21ਵਾਂ ਸਥਾਨ ਪ੍ਰਾਪਤ ਕੀਤਾ ਹੈ। ਉਹਨਾਂ ਕਿਹਾ ਕਿ ਇਸ ਵਿਦਿਆਰਥਣ ਨੇ ਸਿੱਧ ਕੀਤਾ ਹੈ ਕਿ ਸਰਕਾਰੀ ਸਕੂਲਾਂ 'ਚ ਪੜ੍ਹਦੇ ਵਿਦਿਆਰਥੀ ਕਿਸੇ ਲਿਹਾਜ਼ ਨਾਲ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਤੋਂ ਘੱਟ ਨਹੀਂ । ਇਸ ਦੌਰਾਨ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸਾਹਿਬ ਸਿੰਘ ਅਤੇ ਸਰਪੰਚ ਸਤਵਿੰਦਰ ਸਿੰਘ ਨੇ ਵੀ ਵਿਦਿਆਰਥਣ ਅਤੇ ਉਸ ਦੇ ਪਰਵਾਰ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਉਸ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਉਹਨਾਂ ਸਕੂਲ ਸਟਾਫ ਨੂੰ ਵੀ ਵਧੀਆ ਰਿਜ਼ਲਟ ਲਈ ਵਧਾਈ ਦਿੱਤੀ। ਸਮੂਹ ਸਕੂਲ ਸਟਾਫ ਵਲੋਂ ਵਿਦਿਆਰਥਣ ਮਨਪ੍ਰੀਤ ਕੌਰ ਦਾ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਮੈਡਲ ਤੇ ਟਰਾਫੀ ਨਾਲ ਸਨਮਾਨਤ ਕਰਦਿਆਂ ਹੌਸਲਾ ਅਫਜ਼ਾਈ ਕੀਤੀ ਗਈ। ਮਨਪ੍ਰੀਤ ਕੌਰ ਨੇ ਕਿਹਾ ਕਿ ਉਹ ਉਚੇਰੀ ਸਿੱਖਿਆ ਲਈ ਵੀ ਖੂਬ ਮਿਹਨਤ ਕਰੇਗੀ।

# ਟਾਪਰ ਵਿਦਿਆਰਥਣਾਂ ਸਨਮਾਨਤ



**ਮਹਿਤਪੁਰ (ਰਾਜਾ)** ਪੀ.ਐਮ.ਸ਼੍ਰੀ ਸ.ਕੰ.ਸ.ਸ. ਸ.ਦੇ ਦਸਵੀਂ ਜਮਾਤ ਦੀਆਂ ਟਾਪਰ ਵਿਦਿਆਰਥਣਾਂ ਦਾ ਮਨਰਾਜ ਸਿੰਘ ਸਪੁੱਤਰ ਵੀਰ ਸਿੰਘ ਰਿਟਾਇਰਡ ਪ੍ਰਿੰਸੀਪਲ ਗੁਰੂ ਨਾਨਕ ਨੈਸ਼ਨਲ ਕਾਲਜ ਨਕੋਦਰ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਕੂਲ ਵਿਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਮਹਿਕਦੀਪ ਕੌਰ ਨੂੰ 5000 ਰੁਪਏ, ਦੂਸਰਾ ਸਥਾਨ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਪ੍ਰਿਆ ਗਿੱਲ ਨੂੰ 3000 ਰੁਪਏ ਅਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਹਰਸੀਰਤ ਕੌਰ ਨੂੰ 2000 ਰੁਪਏ ਦਾ ਨਕਦ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਸਕੂਲ ਸਟਾਫ਼ ਵੀ ਹਾਜ਼ਰ ਸੀ।

# ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਕੀਰਤਨ ਸਮਾਗਮ ਦੀ ਲੜੀ ਜਾਰੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸ਼ਹੀਦਾਂ ਦੇ ਸਰਤਾਜ ਪੰਚਮ ਪਾਤਸ਼ਾਹ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪਰਬ ਨੂੰ ਸਮਰਪਤ ਨਿਰਬਾਣ ਕੀਰਤਨੀ ਜਥਾ ਹੁਸ਼ਿਆਰਪੁਰ ਵੱਲੋਂ ਸ਼ਾਮ ਦੇ ਅਖੰਡ ਕੀਰਤਨ ਸਮਾਗਮਾਂ ਦੀ ਆਰੰਭ ਹੋਈ ਲੜੀ ਤਹਿਤ ਹਰਜੀਤ ਸਿੰਘ ਮਠਾਰੂ ਤੇ ਸਵਾਮੀਆਂ ਜੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ, ਸੰਤ ਕਰਮਜੀਤ ਸਿੰਘ ਬਾਬਾ ਬਲਵੀਰ ਸਿੰਘ ਵੱਲੋਂ ਗੁਰਦੁਆਰਾ ਟਿੱਬਾ ਸਾਹਿਬ, ਭਾਈ ਜਰਨੈਲ ਸਿੰਘ ਅਟਵਾਲ ਵੱਲੋਂ ਮੁਹੱਲਾ ਪੰਜ ਪਿੱਪਲੀ, ਰਜਿੰਦਰਪਾਲ ਸਿੰਘ ਪਰਵਾਰ ਵੱਲੋਂ ਗੁਰਦੁਆਰਾ ਮਿੱਠਾ ਟਿਵਾਣਾ, ਗੁਰਦੁਆਰਾ ਸਿੰਘ ਸਭਾ ਮੋਰੀ ਮੁਹੱਲਾ, ਗੁਰਦੁਆਰਾ ਕਲਗੀਧਰ ਚਰਨਪਾਵਨ, ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਟਿੱਬਾ ਸਾਹਿਬ, ਗੁਰਦੁਆਰਾ ਸੰਤ ਲਾਲਾ ਸਿੰਘ, ਗੁਰਦੁਆਰਾ ਸਾਹਿਬਜ਼ਾਦਾ ਅਜੀਤ ਸਿੰਘ ਟਾਂਡਾ ਰੋਡ ਹੁਸ਼ਿਆਰਪੁਰ ਵਿਖੇ ਅਖੰਡ ਕੀਰਤਨ ਸਮਾਗਮ ਕਰਵਾਏ ਗਏ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਸੰਧਿਆ ਵੇਲੇ ਦੇ ਨਿਤਨੇਮ ਦੀ ਬਾਣੀ ਸ੍ਰੀ ਰਹਿਰਾਸ ਸਾਹਿਬ ਦੇ ਜਾਪ ਉਪਰੰਤ ਆਰੰਭ ਹੋਏ ਇਸ ਕੀਰਤਨ ਸਮਾਗਮ ਵਿੱਚ ਭਾਈ ਕੁਲਦੀਪ ਸਿੰਘ ਜਲੰਧਰ, ਭਾਈ ਦਵਿੰਦਰ ਸਿੰਘ, ਭਾਈ ਹਰਦੀਪ ਸਿੰਘ, ਭਾਈ ਰਮਨਦੀਪ ਸਿੰਘ ਪ੍ਰਿੰਸ, ਭਾਈ ਅਵਤਾਰ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਯੁੱਧਵੀਰ ਸਿੰਘ, ਭਾਈ ਲਖਵੀਰ ਸਿੰਘ, ਜਸਜੀਤ ਸਿੰਘ ਪਲਾਹਾ, ਅਮ੍ਰਿਤਪ੍ਰੀਤ ਸਿੰਘ ਅਤੇ ਹੋਰ ਜਥਿਆਂ ਵੱਲੋਂ ਧੁਰ ਕੀ ਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਮੌਕੇ ਨਿਰਬਾਣ ਕੀਰਤਨੀ ਜਥਾ ਹੁਸ਼ਿਆਰਪੁਰ ਵੱਲੋਂ ਦਰਸ਼ਨ ਸਿੰਘ ਪਲਾਹਾ ਪ੍ਰਧਾਨ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਅਤੇ ਹਰਜੀਤ ਸਿੰਘ ਮਠਾਰੂ ਅਤੇ ਹੋਰ ਪਰਵਾਰਾਂ ਦੇ ਮੁਖੀਆਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸੇ ਤਰ੍ਹਾਂ ਗੁਰਦੁਆਰਾ ਕਮੇਟੀ ਵੱਲੋਂ ਨਿਰਬਾਣ ਕੀਰਤਨੀ ਜਥਾ ਹੁਸ਼ਿਆਰਪੁਰ ਦੇ ਮੁੱਖ ਸੇਵਾਦਾਰ ਚਰਨਜੀਤ ਸਿੰਘ ਖਾਲਸਾ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ। ਸਮਾਗਮ ਦੌਰਾਨ ਮੰਚ ਸੰਚਾਲਨ ਭਾਈ ਸੰਦੀਪ ਸਿੰਘ ਜੇਟੀਓ ਵੱਲੋਂ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ, ਸੰਤ ਅਜੀਤ ਸਿੰਘ ਮਿੱਠਾ ਟਿਵਾਣਾ, ਹਰਦੇਵ ਸਿੰਘ ਕੌਂਸਲ ਪ੍ਰਧਾਨ ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਇੰਡੀਆ, ਗੁਰਦੇਵ ਸਿੰਘ ਐਕਸੀਅਨ ਰਿਟਾ, ਇੰਜ.ਬਲਜੀਤ ਸਿੰਘ ਪਨੇਸਰ ਐਕਸੀਅਨ ਰਿਟਾ., ਹਰਦੀਪ ਸਿੰਘ ਰਾਜੂ, ਦਰਸ਼ਨ ਸਿੰਘ ਪਲਾਹਾ ਪ੍ਰਧਾਨ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ, ਬਾਬਾ ਪਰਮਿੰਦਰ ਸਿੰਘ ਪਨੇਸਰ ਮਿਰਜਾਪੁਰ ਧਾਰੀਵਾਲ,ਜਸਵੰਤ ਸਿੰਘ ਭੋਗਲ, ਮਲਕੀਤ ਸਿੰਘ ਮਰਵਾਹਾ, ਹਰਜੀਤ ਸਿੰਘ ਨੰਗਲ,ਜਸਪਾਲ ਸਿੰਘ ਅਤੇ ਹੋਰ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਹੋਈਆਂ। ਉਪਰੰਤ ਗੁਰੂ ਕਾ ਲੰਗਰ ਵਰਤਾਇਆ ਗਿਆ।



# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਮਦਰ ਡੇ ਮਨਾਇਆ



**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਮਦਰ ਡੇ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਮਾਵਾਂ ਪ੍ਰਤੀ ਆਪਣੇ ਪਿਆਰ ਦਾ ਇਜ਼ਹਾਰ ਕੀਤਾ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ । ਇਸ ਦੌਰਾਨ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਦਰਮਿਆਨ ਪੋਸਟਰ ਮੇਕਿੰਗ ਅਤੇ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਲਈ ਕਾਰਡ ਮੇਕਿੰਗ ਪ੍ਰਤੀਯੋਗਤਾ ਕਰਵਾਈ ਗਈ। ਕੇ ਜੀ ਵਿੰਗ ਦੇ ਵਿਦਿਆਰਥੀਆਂ ਨੇ ਆਪਣੀਆਂ ਮਦਰ ਨਾਲ ਮਿਲ ਕੇ ਵੱਖ-ਵੱਖ ਪ੍ਰਕਾਰ ਦੀਆਂ ਗੇਮਜ਼ ਖੇਡੀਆਂ । ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ । ਇਸ ਮੌਕੇ ਬੀਬੀ ਗੁਰਪ੍ਰੀਤ ਕੌਰ ਨੇ ਕਿਹਾ ਕਿ ਮਾਂ ਦੇ ਚਰਨਾਂ ਵਿੱਚ ਸਵਰਗ ਹੈ। ਇਸ ਲਈ ਹੀ ਮਾਂ ਨੂੰ ਰੱਬ ਦਾ ਰੂਪ ਵੀ ਕਿਹਾ ਜਾਂਦਾ ਹੈ । ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਦਾ ਸਤਿਕਾਰ ਕਰਨ ਦਾ ਸੁਨੇਹਾ ਵੀ ਦਿੱਤਾ ।

# ਸਿੱਖਿਆ ਦੇ ਮਾਧਿਅਮ ਨਾਲ ਹਰ ਲੜਕੀ ਆਪਣੇ ਹੱਕਾਂ ਤੇ ਸੁਪਨਿਆਂ ਦੀ ਪਾਲਣਾ ਕਰ ਸਕਦੀ : ਡਾ. ਆਸ਼ੀਸ਼ ਸਰੀਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਦੇ ਹਰ ਪਿੰਡ ਅਤੇ ਸ਼ਹਿਰ ਵਿੱਚ ਲੜਕੀਆਂ ਨੂੰ ਸਿੱਖਿਆ ਦਿਵਾਉਣੀ ਬਹੁਤ ਜ਼ਰੂਰੀ ਹੈ ਕਿਉਂਕਿ ਸਿੱਖਿਆ ਸਿਰਫ਼ ਵਿਅਕਤੀ ਦੀ ਜ਼ਿੰਦਗੀ ਨੂੰ ਬਦਲਣ ਦਾ ਸਾਧਨ ਹੀ ਨਹੀਂ, ਸਗੋਂ ਇਹ ਸਮਾਜ ਦੇ ਵਿਕਾਸ ਦਾ ਵੀ ਇੱਕ ਅਹਿਮ ਹਿੱਸਾ ਹੈ। ਜਦੋਂ ਲੜਕੀਆਂ ਪੜ੍ਹਦੀਆਂ ਹਨ, ਤਾਂ ਉਹ ਆਪਣੇ ਪਰਵਾਰ, ਸਮਾਜ ਅਤੇ ਦੇਸ਼ ਲਈ ਇੱਕ ਨਵੀਂ ਰਾਹਤ ਲਿਆਉਂਦੀਆਂ ਹਨ। ਇਹਨਾਂ ਗੱਲਾਂ ਡਾ ਪ੍ਰਗਟਾਵਾ ਬੁੱਧੀਜੀਵੀ ਸ਼ਖਸੀਅਤ ਉੱਘੇ ਸਮਾਜ ਸੇਵਕ ਹਿਜ਼ ਐਕਸੀਲੈਂਟ ਐਂਡ ਇੰਸਟੀਚਿਊਟ ਅਤੇ ਸੇਂਟ ਕਬੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਚੱਗਰਾਂ ਦੇ ਐਮ ਡੀ ਡਾਕਟਰ ਆਸ਼ੀਸ਼ ਸਰੀਨ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਕੀਤਾ। ਉਹਨਾਂ ਕਿਹਾ ਕਿ ਸਿੱਖਿਆ ਦੇ ਨਾਲ ਨਾਲ ਲੜਕੀਆਂ ਨੂੰ ਆਪਣੇ ਹੱਕਾਂ ਅਤੇ ਜ਼ਿੰਮੇਵਾਰੀਆਂ ਦਾ ਵੀ ਪਤਾ ਲੱਗਦਾ ਹੈ ਅਤੇ ਉਹ ਸਮਾਜ ਵਿੱਚ ਆਪਣੀ ਆਵਾਜ਼ ਨੂੰ ਉਠਾਉਣ ਦੇ ਯੋਗ ਵੀ ਬਣਦੀਆਂ ਹਨ। ਉਹਨਾਂ ਕਿਹਾ ਕਿ ਇਸ ਨਾਲ ਉਹ ਆਪਣੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲ ਸਕਦੀਆਂ ਹਨ। ਸਿੱਖਿਆ ਨਾਲ ਲੜਕੀਆਂ ਨੂੰ ਨੌਕਰੀਆਂ ਅਤੇ ਵਪਾਰ ਦੇ ਮੌਕੇ ਮਿਲਦੇ ਹਨ, ਜਿਸ ਨਾਲ ਉਹ ਆਪਣੇ ਆਪ ਤੇ ਆਤਮ-ਨਿਰਭਰ ਬਣਦੀਆਂ ਹਨ ।ਪੜ੍ਹੀਆਂ ਲੜਕੀਆਂ ਆਪਣੇ ਬੱਚਿਆਂ ਨੂੰ ਵੀ ਸਿੱਖਿਆ ਦੇਣ ਵਿੱਚ ਮਦਦ ਕਰਦੀਆਂ ਹਨ ਜਿਸ ਨਾਲ ਪੀੜ੍ਹੀ ਦਰ ਪੀੜ੍ਹੀ ਸਿੱਖਿਆ ਦਾ ਦਰਜਾ ਵਧਦਾ ਹੈ । ਉਹਨਾਂ ਕਿਹਾ ਕਿ ਸਰਕਾਰ ਅਤੇ ਸਮਾਜ ਨੂੰ ਚਾਹੀਦਾ ਹੈ ਕਿ ਉਹ ਲੜਕੀਆਂ ਦੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਯੋਜਨਾਵਾਂ ਅਤੇ ਸਕੀਮਾਂ ਨੂੰ ਲਾਗੂ ਕਰਨ। ਉਹਨਾਂ ਕਿਹਾ ਕਿ ਸਕੂਲਾਂ ਵਿੱਚ ਲੜਕੀਆਂ ਲਈ ਵਿਸ਼ੇਸ਼ ਸਕਾਲਰਸ਼ਿਪ ਅਤੇ ਸਹਾਇਤਾ ਪ੍ਰਦਾਨ ਕਰਨੀ ਚਾਹੀਦੀ ਹੈ, ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲ ਸਕਣ । ਉਹਨਾਂ ਕਿਹਾ ਕਿ ਸਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਹਰ ਲੜਕੀ ਨੂੰ ਪੜ੍ਹਾਈ ਦਾ ਮੌਕਾ ਮਿਲੇ ਤਾਂ ਜੋ ਉਹ ਆਪਣੇ ਭਵਿੱਖ ਨੂੰ ਸੁਨਹਿਰਾ ਬਣਾ ਸਕੇ । ਉਹਨਾਂ ਕਿਹਾ ਕਿ ਲੜਕੀਆਂ ਦੀ ਸਿੱਖਿਆ ਸਿਰਫ਼ ਉਨ੍ਹਾਂ ਦੀ ਨਹੀਂ, ਸਗੋਂ ਸਾਰੇ ਭਾਰਤ ਦੀ ਵੀ ਤਰੱਕੀ ਹੈ।



20-MAY-PAGE-10.qxd 5/19/2025 10:26 PM Page 1



## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਕੁਰੜ ਦਾ ਨਤੀਜਾ ਸ਼ਾਨਦਾਰ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੁਰੜ (ਬਰਨਾਲਾ) ਦਾ ਦਸਵੀਂ ਤੇ ਬਾਰਵੀਂ ਸ਼੍ਰੇਣੀ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਸ਼ਾਨਦਾਰ ਰਿਹਾ।ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਤੇ ਬਾਰਵੀਂ ਸ਼੍ਰੇਣੀ ਦੇ ਐਲਾਨੇ ਗਏ ਨਤੀਜਿਆਂ ਵਿੱਚੋਂ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇ 100 ਪ੍ਰਤੀਸ਼ਤ ਨਤੀਜਾ ਪ੍ਰਾਪਤ ਕਰਕੇ ਆਪਣਾ ਰੁਤਬਾ ਕਾਇਮ ਰੱਖਿਆ।ਦਸਵੀਂ ਕਲਾਸ ਦੇ ਨਤੀਜੇ ਵਿੱਚ ਪਵਨਦੀਪ ਕੌਰ ਨੇ 650 ਅੰਕਾਂ ਵਿੱਚੋਂ 600 ਅੰਕ ਪ੍ਰਾਪਤ ਕਰਕੇ ਪਹਿਲਾ, ਪ੍ਰਭਜੋਤ ਕੌਰ ਨੇ 590 ਅੰਕ ਪ੍ਰਾਪਤ ਕਰਕੇ ਦੂਜਾ ਤੇ ਸੁਮਨਦੀਪ ਕੌਰ ਨੇ 568 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਬਾਰਵੀਂ ਦੇ ਨਤੀਜੇ ਵਿੱਚ ਆਰਟਸ ਸਟਰੀਮ ਵਿੱਚ ਗੁਰਕਮਲ ਕੌਰ ਨੇ 432 ਅੰਕ ਪ੍ਰਾਪਤ ਕਰਕੇ ਪਹਿਲਾ, ਜਸ਼ਨਦੀਪ ਕੌਰ ਨੇ 392 ਅੰਕ ਪ੍ਰਾਪਤ ਕਰਕੇ ਦੂਜਾ, ਤਜਿੰਦਰ ਸਿੰਘ ਨੇ 379 ਅੰਕ ਪ੍ਰਾਪਤ ਕਰਕੇ ਤੀਜਾ ਅਤੇ ਸਾਇੰਸ ਸਟਰੀਮ ਵਿੱਚ ਮਨਪ੍ਰੀਤ ਕੌਰ ਨੇ 447 ਅੰਕ ਪ੍ਰਾਪਤ ਕਰਕੇ ਪਹਿਲਾ, ਹਰਮਨ ਕੌਰ ਨੇ 433 ਅੰਕ ਪ੍ਰਾਪਤ ਕਰਕੇ ਦੂਜਾ, ਹਰਕਮਲਪ੍ਰੀਤ ਕੌਰ ਨੇ 431 ਅੰਕ ਪ੍ਰਾਪਤ ਕਰਕੇ ਤੀਜਾ ਤੇ ਕਾਮਰਸ ਸਟਰੀਮ ਵਿੱਚ ਖੁਸ਼ਪ੍ਰੀਤ ਕੌਰ ਨੇ 448 ਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਨਵਨੀਤ ਕੌਰ ਨੇ 441 ਅੰਕ ਪ੍ਰਾਪਤ ਕਰਕੇ ਦੂਜਾ, ਚਰਨਜੀਤ ਸਿੰਘ ਨੇ 436 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮਾਣਮੱਤੀ ਪ੍ਰਾਪਤੀ 'ਤੇ ਸੰਸਥਾ ਦੇ ਚੇਅਰਮੈਨ ਕੌਰ ਸਿੰਘ ਧਾਲੀਵਾਲ, ਐੱਮ ਡੀ ਸੁਖਵਿੰਦਰ ਕੌਰ ਧਾਲੀਵਾਲ, ਸੁਖਜੀਤ ਸਿੰਘ ਧਾਲੀਵਾਲ, ਪ੍ਰਿੰਸੀਪਲ ਰੁਪਿੰਦਰ ਕੌਰ ਚੀਮਾ, ਵਾਇਸ ਪ੍ਰਿੰਸੀਪਲ ਪ੍ਰਦੀਪ ਸਿੰਘ, ਅਕਾਦਮਿਕ ਇੰਚਾਰਜ ਕੁਲਦੀਪ ਸਿੰਘ ਮੰਡ ਨੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਤੇ ਹੋਰ ਵਧੇਰੇ ਲਗਨ ਮਿਹਨਤ ਕਰਨ ਲਈ ਪ੍ਰੇਰਿਆ।

## ਸਰਸਵਤੀ ਸਕੂਲ ਜੈਤੋ ਦਾ ਨਤੀਜਾ ਵੀ 100 ਪ੍ਰਤੀਸ਼ਤ ਰਿਹਾ




**ਜੈਤੋ (ਸਤੀਸ਼ ਕੁਮਾਰ ਭੀਰੀ)**-ਸਥਾਨਕ ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਜੈਤੋ ਦੇ ਪ੍ਰਿੰਸੀਪਲ ਮੈਡਮ ਕੁਸਮ ਕਾਲੜਾ ਨੇ ਦੱਸਿਆ ਕਿ ਸਾਡੇ ਸਕੂਲ ਦਾ 12ਵੀਂ ਜਮਾਤ ਵਾਂਗ 10ਵੀਂ ਜਮਾਤ ਦਾ ਨਤੀਜਾ ਵੀ 100 ਪ੍ਰਤੀਸ਼ਤ ਰਿਹਾ।ਉਨ੍ਹਾਂ ਦੱਸਿਆ ਕਿ ਕੁੱਲ 116 ਵਿਦਿਆਰਥੀ 10ਵੀਂ ਦੀ ਬੋਰਡ ਪ੍ਰੀਖਿਆ ਵਿੱਚ ਬੈਠੇ, ਜਿਨ੍ਹਾਂ ਵਿੱਚੋਂ ਜਸਦੀਪ ਕੌਰ ਨੇ 616/650 (94.77%), ਜੈਸਮੀਨ ਕੌਰ ਨੇ 615/650 (94.62%) ਤੇ ਕਸ਼ਿਸ਼ ਜ ਨੇ 607/650 (93.38%) ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਸਰਪ੍ਰਸਤ ਪਵਨ ਕੁਮਾਰ ਗੋਇਲ, ਪ੍ਰਧਾਨ ਰਾਕੇਸ਼ ਰੋਮਾਣਾ, ਮੀਤ ਪ੍ਰਧਾਨ ਰਮੇਸ਼ ਵਰਮਾ, ਸਕੱਤਰ ਮਦਨ ਲਾਲ ਗੋਇਲ, ਮੈਨੇਜਰ ਦਿਨੇਸ਼ ਗੋਇਲ, ਖਜ਼ਾਨਚੀ ਅਨਿਲ ਬਾਂਸਲ, ਸਿੱਖਿਆ ਸਮਿਤੀ ਦੇ ਚੇਅਰਮੈਨ ਸੁਖਵਿੰਦਰ ਗਰਗ, ਸਿੱਖਿਆ ਸਮਿਤੀ ਦੇ ਸਹਿ-ਚੇਅਰਮੈਨ ਡਾ. ਰਵਿੰਦਰ ਨਾਥ ਮਿੱਤਲ, ਸਹਿ-ਸਕੱਤਰ ਪੰਕਜ ਸਿੰਗਲਾ, ਡਿਪਟੀ ਮੈਨੇਜਰ ਮੁਕੇਸ਼ ਗੋਇਲ, ਸਾਲਸੀ ਬੋਰਡ ਦੇ ਚੇਅਰਮੈਨ ਪ੍ਰਸ਼ੋਤਮ ਸਿੰਗਲਾ, ਸਾਲਸੀ ਬੋਰਡ ਦੇ ਮੈਂਬਰ ਜਿੰਦਰਪਾਲ ਬਾਂਸਲ ਤੇ ਕਿਸ਼ੋਰ ਚੰਦ ਤਾਇਲ, ਮੈਂਬਰ ਸਤੀਸ਼ਪਾਲ ਗਰਗ, ਸੰਤਪਾਲ (ਸ੍ਰੀ ਰਮਾਇਣ ਪ੍ਰਚਾਰ), ਸਾਹਿਲ ਮਿੱਤਲ, ਅਸ਼ੋਕ ਤਾਇਲ, ਸੰਤਪਾਲ ਬਾਂਸਲ, ਦੀਪਾਂਸ਼ੂ ਗੋਇਲ, ਰਿਕੂ ਬਾਂਸਲ ਵਰੁਣ ਲਹੀਆ ਤੇ ਸੰਜੀਵ ਕੁਮਾਰ ਬਾਂਸਲ ਨੇ ਸਕੂਲ ਵਿਖੇ ਪਹੁੰਚ ਕੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।

## ਅਕੇਡੀਆ ਵਰਲਡ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਰੋਹ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਇਲਾਕੇ ਦੀ ਸਿਰਮੌਰ ਸੰਸਥਾ ਅਕੇਡੀਆ ਵਰਲਡ ਸਕੂਲ ਵਿਖੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਦੀ ਅਗਵਾਈ ਹੇਠ 2024-25 ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਵੱਖ-ਵੱਖ ਪ੍ਰਾਪਤੀਆਂ ਲਈ ਮੁੱਖ ਮਹਿਮਾਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸ੍ਰ. ਹਰਵੀਰ ਸਿੰਘ (ਆਈ.ਏ.ਐੱਸ.) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਆਪਣੇ ਸੰਬੋਧਨ ਦੌਰਾਨ ਬੱਚਿਆਂ ਨੂੰ ਆਉਣ ਵਾਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਦੌਰਾਨ ਉਨ੍ਹਾਂ ਨੇ ਵਿੱਦਿਅਕ ਗਤੀਵਿਧੀਆਂ ਵਿੱਚੋਂ ਜਿਹੜੇ ਵਿਦਿਆਰਥੀਆਂ ਨੇ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ, ਉਨ੍ਹਾਂ ਨੂੰ ਸ਼ੀਲਡਾਂ ਨਾਲ ਸਨਮਾਨਤ ਕੀਤਾ।ਇਸ ਸਮਾਗਮ ਦੌਰਾਨ ਵਿਦਿਆਰਥਣਾਂ ਮੀਹਾਂਸ਼ੀ ਤੇ ਐਲਿਸ ਕੌਰ ਵੱਲੋਂ ਸਟੇਜ ਸੰਚਾਲਨ ਕੀਤਾ ਗਿਆ।ਇਸ ਮੌਕੇ ਸਾਰੇ ਵਿਦਿਆਰਥੀਆਂ ਦੇ ਮਾਪੇ ਵੀ ਹਾਜ਼ਰ ਸਨ।ਉਹ ਸਾਰੇ ਆਪਣੇ ਬੱਚਿਆਂ ਉੱਤੇ ਮਾਣ ਮਹਿਸੂਸ ਕਰਦੇ ਹੋਏ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕਰ ਰਹੇ ਸਨ।ਸਾਰਾ ਹਾਲ ਤਾੜੀਆਂ ਦੇ ਨਾਲ ਗੂੰਜ ਰਿਹਾ ਸੀ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਕਲਾਸੀਕਲ ਡਾਂਸ, ਸਾਲਸਾ, ਸਕੂਲ ਸੌਂਗ, ਪੰਜਾਬੀ ਪਲੇਅ ਦੀ ਪੇਸ਼ਕਾਰੀ ਕੀਤੀ ਗਈ।ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਮਿਹਨਤ ਨਾਲ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ।ਸਕੂਲ ਦੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਨੇ ਆਪਣੇ ਭਾਸ਼ਣ ਦੌਰਾਨ ਵਿਦਿਆਰਥੀਆਂ ਨੂੰ ਅਨੁਸ਼ਾਸਨ ਦੀ ਪਾਲਣਾ ਤੇ ਵੱਡਿਆਂ ਦਾ ਸਤਿਕਾਰ ਕਰਨ ਲਈ ਪ੍ਰੇਰਿਆ ਅਤੇ ਉਨ੍ਹਾਂ ਨੂੰ ਆਉਣ ਵਾਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ।ਇਸ ਮੌਕੇ ਸਕੂਲ ਸਟਾਫ਼ ਤੇ ਬੱਚਿਆਂ ਦੇ ਮਾਤਾ-ਪਿਤਾ ਮੌਜੂਦ ਸਨ।

## ਦੇਸ਼ ਨੂੰ ਸਮਰਪਤ ਫੌਜੀ ਅਫਸਰਾਂ ਵਿਰੁੱਧ ਬੇਤੁਕੀ ਬਿਆਨਬਾਜ਼ੀ ਕਰਨ ਵਾਲਿਆਂ 'ਤੇ ਲੱਗੇ ਐੱਨ ਐੱਸ ਏ : ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਜੋ ਸਾਡੇ ਭਾਰਤ ਦੇਸ਼ ਵਿੱਚ ਪਿਛਲੇ ਦਿਨੀ ਜੰਗ ਵਾਲਾ ਨੈਰੇਟਿਵ ਸਿਰਜਿਆ ਸੀ, ਉਸ ਦੌਰਾਨ ਸਾਡੇ ਜਾਂਬਾਜ਼ ਫੌਜ ਦੇ ਅਫਸਰਾਂ ਵੱਲੋਂ ਆਪਣੀ ਤਨਦੇਹੀ ਨਾਲ ਨਿਭਾਏ ਗਏ ਰੋਲ ਨੂੰ ਅਸੀਂ ਸਲਾਮ ਕਰਦੇ ਹਾਂ ਅਤੇ ਨਾਲ ਹੀ ਉਨ੍ਹਾਂ ਫਾਸ਼ੀਵਾਦੀ ਲੀਡਰਾਂ ਨੂੰ ਚਿਤਾਵਨੀ ਕਰਦੇ ਹਾਂ ਕਿ ਤੁਸੀਂ ਆਪਣੀ ਗੰਦੀ ਰਾਜਨੀਤੀ ਕਰਨ ਤੋਂ ਪਹਿਲਾਂ ਦੇਸ਼ ਦੇ ਹਿੱਤਾਂ ਬਾਰੇ ਜ਼ਰੂਰ ਸੋਚੋ, ਸਾਡੇ ਭਾਰਤ ਦੇਸ਼ ਦੀ ਫੌਜ ਦੇ ਮਾਣ ਸਨਮਾਨ ਨੂੰ ਢਾਹ ਨਾ ਲਓ ਭਾਰਤ ਦੀ ਫੌਜ ਬੜੀ ਤਨਦੇਹੀ ਨਾਲ ਲੜੀ ਹੈ ਅਤੇ ਉਹਨਾਂ ਨੇ ਇੰਟਰਨੈਸ਼ਨਲ ਪੱਧਰ ਤੇ ਆਪਣਾ ਲੋਹਾ ਮਨਵਾ ਦਿੱਤਾ ਹੈ ਅਸੀਂ ਪੰਜਾਬ ਵਾਸੀਆਂ ਨੇ ਮਹਿਸੂਸ ਕੀਤਾ ਹੈ, ਪੰਜਾਬ ਦੇ ਵਿੱਚ ਇਸ ਜੰਗ ਨਾਲ ਸਾਡੇ ਪੰਜਾਬ ਨੂੰ ਬਹੁਤ ਵੱਡਾ ਨੁਕਸਾਨ ਹੋਣਾ ਸੀ, ਅਸੀਂ ਇਨ੍ਹਾਂ ਜਾਂਬਾਜ ਅਫਸਰਾਂ, ਜਿਸ ਵਿੱਚ ਕਰਨਲ ਸੋਫੀਆ ਵਰਗੇ ਕਈ ਹੋਰ ਅਫਸਰਾਂ ਦੇ ਖਿਲਾਫ ਜੋ ਭੱਦੀ ਸ਼ਬਦਾਵਲੀ ਰਾਜਨੀਤਕ ਲੀਡਰ ਵਰਤ ਰਹੇ ਹਨ, ਉਹ ਅਤੀ ਨਿੰਦਣਯੋਗ ਹੈ। ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਆਪਣੇ ਦੇਸ਼ ਦੀ ਫੌਜ ਦੇ ਨਾਲ ਖੜੇ ਹਾਂ ਤੇ ਉਨ੍ਹਾਂ ਲੀਡਰਾਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ ਜੋ ਸਾਡੇ ਦੇਸ਼ ਦੀ ਫੌਜ ਦਾ ਮਨੋਬਲ ਡੇਗ ਰਹੇ ਹਨ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਬਲਾਕ ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਸੀਨੀਅਰ ਆਗੂ ਜਸਵਿੰਦਰ ਸਿੰਘ ਸਰਾਵਾਂ, ਜ਼ਿਲ੍ਹਾ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ, ਜ਼ਿਲ੍ਹਾ ਮੀਤ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ, ਸਾਬਕਾ ਸਰਪੰਚ ਲਖਵੀਰ ਸਿੰਘ ਸੰਧੂਆਂ ਵਾਲਾ ਆਦਿ ਹਾਜ਼ਰ ਸਨ।

## ਤਰੁਣ ਦੀ ਉਪਲੱਬਧੀ ਨੇ ਸਕੂਲ ਦਾ ਨਾਂਅ ਚਮਕਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਰਿਆ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਉਤਸ਼ਾਹੀ ਵਿਦਿਆਰਥੀ ਤਰੁਣ ਨੇ 84% ਅੰਕ ਪ੍ਰਾਪਤ ਕਰਕੇ ਆਪਣਾ ਹੀ ਨਹੀਂ, ਬਲਕਿ ਆਪਣੇ ਮਾਪਿਆਂ, ਅਧਿਆਪਕਾਂ ਤੇ ਸਕੂਲ ਦਾ ਵੀ ਮਾਣ ਵਧਾਇਆ ਹੈ। ਇਹ ਉਪਲਬਧੀ ਉਸ ਦੀ ਅਟੁੱਟ ਲਗਨ, ਦ੍ਰਿੜ ਨਿਸ਼ਚੇ ਤੇ ਅਧਿਆਪਕਾਂ ਦੇ ਦਿਸ਼ਾ-ਨਿਰਦੇਸ਼ ਨਾਲ ਸੰਭਵ ਹੋਈ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼ਮਿਕਾ ਸ਼ਰਮਾ, ਮੈਡਮ ਵੀਨਾ, ਮੈਡਮ ਗੁਰਪ੍ਰੀਤ, ਮੈਡਮ ਸੰਗੀਤਾ ਜੈਨ, ਮੈਡਮ ਸਿਮਰਨ ਤੇ ਮੈਡਮ ਮੁਕੇਸ਼ ਨੇ ਤਰੁਣ ਤੇ ਉਨ੍ਹਾਂ ਦੇ ਮਾਤਾ ਹਰਜਿੰਦਰ ਕੌਰ ਤੇ ਪਿਤਾ ਦਲੀਪ ਕੁਮਾਰ ਨੂੰ ਦਿਲੋਂ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਤਰੁਣ ਦੀ ਇਹ ਕਾਮਯਾਬੀ ਸਿਰਫ਼ ਉਸ ਦੀ ਆਪਣੀ ਮਿਹਨਤ ਨਹੀਂ, ਸਗੋਂ ਮਾਪਿਆਂ ਦੇ ਅਟੱਲ ਵਿਸ਼ਵਾਸ, ਸਹਿਯੋਗ ਤੇ ਪ੍ਰੇਰਣਾ ਦਾ ਨਤੀਜਾ ਵੀ ਹੈ। ਇਸ ਮੌਕੇ ਮਾਤਾ ਹਰਜਿੰਦਰ ਕੌਰ ਤੇ ਪਿਤਾ ਦਲੀਪ ਕੁਮਾਰ ਨੇ ਆਪਣੇ ਪੁੱਤ ਦੀ ਪੜ੍ਹਾਈ ਵਿੱਚ ਹਰ ਵੇਲੇ ਉਸ ਦਾ ਮਨੋਬਲ ਵਧਾਇਆ, ਜੋ ਕਿ ਇੱਕ ਆਦਰਸ਼ ਮਾਪਿਆਂ ਦੀ ਭੂਮਿਕਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਹ ਸਫਲਤਾ ਤਰੁਣ ਲਈ ਹੀ ਨਹੀਂ, ਸਗੋਂ ਪੂਰੇ ਆਰਿਆ ਮਾਡਲ ਸਕੂਲ ਪਰਵਾਰ ਲਈ ਵੀ ਮਾਣ ਤੇ ਪ੍ਰੇਰਣਾ ਦਾ ਸਰੋਤ ਹੈ।

## ਜ਼ੋਨ ਚੱਕ ਗਿਲਜੇਵਾਲਾ ਖੇਡ ਕਮੇਟੀ ਦੀ ਚੋਣ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਜ਼ੋਨ ਚੱਕ ਗਿਲਜੇਵਾਲਾ ਦੇ ਜ਼ੋਨਲ ਟੂਰਨਾਮੈਂਟ ਲਈ ਖੇਡ ਕਮੇਟੀ ਦਾ ਗਠਨ ਕਰਨ ਸਬੰਧੀ ਪ੍ਰਿੰਸੀਪਲ ਰਾਜਵਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਿਲਜੇਵਾਲਾ ਵਿੱਚ ਇੱਕ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਜ਼ੋਨਲ ਸਕੂਲ ਟੂਰਨਾਮੈਂਟ ਕਮੇਟੀ ਦਾ ਗਠਨ ਕੀਤਾ ਗਿਆ ਤੇ ਪੁਰਾਣੀ ਕਮੇਟੀ ਭੰਗ ਕੀਤੀ ਗਈ।ਉਪਰੰਤ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਪ੍ਰਧਾਨ ਰਾਜਵਿੰਦਰ ਸਿੰਘ ਪ੍ਰਿੰਸੀਪਲ ਚੱਕ ਗਿਲਜੇਵਾਲਾ, ਜਨਰਲ ਸਕੱਤਰ ਨਰੇਸ਼ ਕੁਮਾਰ ਡੀ ਪੀ ਈ ਚੱਕ ਗਿਲਜੇਵਾਲਾ, ਵਿੱਤ ਸਕੱਤਰ ਗੁਰਬਾਜ ਸਿੰਘ ਡੀ ਪੀ ਈ ਚੱਕ ਦੂਹੇਵਾਲਾ, ਪ੍ਰੈੱਸ ਸੱਕਤਰ ਪ੍ਰਿਥੀ ਸਿੰਘ ਡੀ ਪੀ ਈ ਛੱਤੇਆਣਾ ਨੂੰ ਚੁਣਿਆ ਗਿਆ।ਮੀਟਿੰਗ ਦੇ ਅਖੀਰ ਵਿੱਚ ਪ੍ਰਿੰਸੀਪਲ ਰਾਜਵਿੰਦਰ ਸਿੰਘ ਨੇ ਸਾਰੇ ਹੀ ਸਰੀਰਕ ਸਿੱਖਿਆ ਅਧਿਆਪਕਾਂ ਦਾ ਇਸ ਚੋਣ ਸਬੰਧੀ ਕੀਤੇ ਗਏ ਯੋਗਦਾਨ ਲਈ ਧੰਨਵਾਦ ਕੀਤਾ। ਇਸ ਮੀਟਿੰਗ ਵਿੱਚ ਜਸਵਿੰਦਰ ਸਿੰਘ ਭੁੰਦੜ, ਵਿਕਰਮ ਸਿੰਘ ਗੁਰੁਸਰ, ਕੁਰਸ਼ੈਦ ਖਾਨ ਕੋਟਭਾਈ, ਗੁਰਮੇਲ ਸਿੰਘ ਛੱਤੇਆਣਾ, ਰਣਜੀਤ ਸਿੰਘ ਮਹਿਰਾਜ ਵਾਲਾ, ਜਸਵੀਰ ਕੌਰ ਮਨੀਆਂ ਵਾਲਾ, ਸਰਵਜੀਤ ਕੌਰ ਕੋਟ ਭਾਈ, ਸੁਖਰਾਜ ਸਿੰਘ ਘੱਗਾ, ਮਨਿੰਦਰ ਸਿੰਘ ਵਾਦੀਆਂ, ਕੁਲਵਿੰਦਰ ਸਿੰਘ ਸਾਇੰਸ ਮਾਸਟਰ ਛੱਤੇਆਣਾ, ਹਰਬੰਤ ਸਿੰਘ, ਕੁਲਵਿੰਦਰ ਸਿੰਘ ਪੰਜਾਬੀ ਮਾਸਟਰ, ਹਰਦੀਪ ਸਿੰਘ ਵੋਕੇਸ਼ਨਲ ਲੈਕ., ਸਵਰਨਜੀਤ ਸਿੰਘ ਵੋਕੇਸ਼ਨਲ ਟ੍ਰੇਨਰ ਆਦਿ ਹਾਜ਼ਰ ਸਨ।

# ਪ੍ਰੋਫੈਸ਼ਨਲ ਲੇਖਕ ਵਜੋਂ ਨਹੀਂ, ਚੌਤਰਫਾ ਵਿਸੰਗਤੀਆਂ ਨੂੰ ਉਜਾਗਰ ਕਰਨਾ ਹੀ ਮੇਰਾ ਇੱਕ ਮਾਤਰ ਉਦੇਸ਼ : ਪਮਾਰ

- ਕਿਤਾਬ ਹਰਫ਼ਾਂ ਦੀ ਨਸ਼ਤਰ ਅਜੋਕੀਆਂ ਸਮਾਜਿਕ ਵਿਸੰਗਤੀਆਂ ਦੀ ਨਜ਼ਰਸਾਨੀ ਕਰਦੀ : ਵੈਰਾਗੀ
- ਪਮਾਰ ਦੀ ਪੁਸਤਕ 'ਹਰਫ਼ਾਂ ਦੀ ਨਸ਼ਤਰ' 'ਤੇ ਵਿਚਾਰ ਗੋਸ਼ਟੀ



**ਮਾਨਸਾ/ਬੁਢਲਾਡਾ (ਪੱਤਰ ਪ੍ਰੇਰਕ)**-ਪੰਜਾਬੀ ਸਾਹਿਤ ਕਲਾ ਮੰਚ ਬੁਢਲਾਡਾ ਮਾਨਸਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਵਿਹੜੇ 'ਚ ਇੱਕ ਪ੍ਰੋਗਰਾਮ ਦੌਰਾਨ ਆਤਮਾ ਸਿੰਘ ਪਮਾਰ ਦੀ ਦੂਸਰੀ ਪੁਸਤਕ 'ਹਰਫਾਂ ਦੀ ਨਸ਼ਤਰ' ਦੀ ਘੁੰਡ ਚੁਕਾਈ ਕੀਤੀ ਗਈ।ਮੰਚ ਦੇ ਪ੍ਰਧਾਨ ਅਮਨਦੀਪ ਸ਼ਰਮਾ ਨੇ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਆਤਮਾ ਸਿੰਘ ਪਮਾਰ ਦੀ ਪੁਸਤਕ ਵਿੱਚ ਅੰਕਿਤ ਕੀਤੇ ਗਏ ਵਿਚਾਰ ਅਜੋਕੀ ਸਮਾਜਿਕ, ਰਾਜਨੀਤਕ ਤੇ ਧਾਰਮਿਕ ਖੇਤਰ ਤੋਂ ਇਲਾਵਾ ਸਾਡੀਆਂ ਨਿੱਘਰ ਰਹੀਆਂ ਕਦਰਾਂ ਕੀਮਤਾਂ 'ਤੇ ਕਰਾਰੀ ਚੋਟ ਕਰਦੇ ਹਨ।ਜਿਵੇਂ ਸ਼ੱਕ ਸਿਰਫ ਦੋ ਅੱਖਰਾਂ ਦਾ ਸ਼ਬਦ ਹੀ ਹੈ, ਇਸ ਦੀ ਭਿਆਨਕਤਾ ਦਾ ਦਾਇਰਾ ਬੜਾ ਵਿਸ਼ਾਲ ਹੁੰਦਾ ਹੈ।ਪੁਸਤਕ 'ਤੇ ਗੱਲਬਾਤ ਕਰਦਿਆਂ ਡਾ. ਕਰਨੈਲ ਸਿੰਘ ਵੈਰਾਗੀ ਨੇ ਕਿਹਾ ਕਿ ਸਾਰਥਿਕ ਆਲੋਚਨਾ ਲੇਖਕ ਨੂੰ ਹੋਰ ਵਧੀਆ ਲਿਖਣ ਲਈ ਸਿਰਫ਼ ਪ੍ਰੇਰਿਤ ਹੀ ਨਹੀਂ ਕਰਦੀ, ਸਗੋਂ ਉਸ ਨੂੰ ਭਵਿੱਖ 'ਚ ਚੌਕੰਨਾ ਕਰਕੇ ਰਹਿ ਗਈਆਂ ਊਣਤਾਈਆਂ ਨੂੰ ਸੋਧਣ ਵੱਲ ਸੇਧਿਤ ਵੀ ਹੁੰਦੀ ਹੈ।ਜਿਸ ਨਾਲ ਉਸ ਦੀਆਂ ਭਵਿੱਖੀ ਰਚਨਾਵਾਂ 'ਚ ਪ੍ਰਪੱਕਤਾ ਦਾ ਝਲਕਾਰਾ ਵੀ ਦੇਖਣ ਨੂੰ ਮਿਲ ਸਕਦਾ ਹੈ।ਉਨ੍ਹਾਂ ਵੱਲੋਂ ਲਿਖੀ ਕਿਤਾਬ ਨਵੇਂ ਲੇਖਕਾਂ ਨੂੰ ਪੰਜਾਬੀ ਸਾਹਿਤ ਨਾਲ ਜੋੜਨ ਦਾ ਇੱਕ ਵੱਡਾ ਉਪਰਾਲਾ ਹੋ ਸਕਦੀ ਹੈ।ਮੰਚ ਦੇ ਉੱਪ ਪ੍ਰਧਾਨ ਰਜਿੰਦਰ ਵਰਮਾ, ਧੰਨਾ ਮੱਲ ਗੋਇਲ ਸੂਬਾਈ ਪ੍ਰਧਾਨ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ, ਰਾਜਵਿੰਦਰ ਸਿੰਘ ਖੱਤਰੀਵਾਲਾ, ਗੁਲਜਾਰ ਡੋਗਰਾ, ਪੂਜਾ ਪੁੰਡਰਕ, ਅਮਨਦੀਪ ਕੌਰ, ਯਾਦਵਿੰਦਰ ਸਿੰਘ ਪਮਾਰ, ਗੁਰਚਰਨ ਸਿੰਘ ਝੰਡੂਕੇ ਆਦਿ ਨੇ ਸਾਂਝੇ ਤੌਰ 'ਤੇ ਕਿਤਾਬ ਬਾਰੇ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਕਿ ਲੇਖਕ ਨੇ ਸਮਾਜਿਕ, ਆਰਥਿਕ, ਰਾਜਨੀਤਕ ਤੇ ਧਾਰਮਿਕ ਵਿਸੰਗਤੀਆਂ ਅਤੇ ਨਿੱਤ ਦਿਨ ਵਾਪਰ ਰਹੇ ਵਰਤਾਰਿਆਂ ਨੂੰ ਨਿਰਪੱਖਤਾ ਤੇ ਤਰਕਸੰਗਤਾ ਨਾਲ ਬਿਆਨ ਕਰਨ ਦਾ ਹਰ ਸੰਭਵ ਯਤਨ ਕੀਤਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਆਪਣੀ ਬੇਬਾਕ ਲੇਖਣੀ ਜ਼ਰੀਏ ਪਮਾਰ ਆਉਂਦੇ ਸਮੇਂ ਦੌਰਾਨ ਇਸ ਤੋਂ ਵੀ ਵਧੀਆ ਤਰੀਕੇ ਨਾਲ ਸਮਾਜ ਨੂੰ ਸਹੀ ਸੇਧ ਲਈ ਆਪਣੀ ਕਲਮ ਦੀ ਧਾਰ ਹੋਰ ਵੀ ਤਿੱਖੀ ਕਰਨ ਵੱਲ ਵਧੇਗਾ।ਅਖੀਰ 'ਤੇ ਗੱਲਬਾਤ ਕਰਦਿਆਂ ਪੁਸਤਕ ਦੇ ਰਚੇਤਾ ਆਤਮਾ ਸਿੰਘ ਪਮਾਰ ਨੇ ਕਿਹਾ ਕਿ ਉਨ੍ਹਾਂ ਨੇ ਆਪਣੀ ਤੁੱਛ ਜਿਹੀ ਬੁੱਧੀ ਅਨੁਸਾਰ ਇਸ ਕਿਤਾਬ ਨੂੰ ਆਲੋਚਕਾਂ ਤੇ ਵਿਦਵਾਨ ਪਾਠਕਾਂ ਦੀ ਕਚਹਿਰੀ ਦੇ ਸਪੁਰਦ ਕਰ ਦਿੱਤਾ ਹੈ। ਉਮੀਦ ਕਰਦਾ ਹਾਂ ਕਿ ਮੇਰਾ ਇਹ ਨਿਮਾਣਾ ਜਿਹਾ ਉੱਦਮ ਪਾਠਕਾਂ ਲਈ ਜੀਵਨ 'ਚ ਪ੍ਰੇਰਣਾ ਦਾ ਸ੍ਰੋਤ ਬਣ ਸਕੇ।ਉਨ੍ਹਾਂ ਕਿਹਾ ਕਿ ਮੈਂ ਇੱਕ ਪੇਸ਼ਾਵਰ ਲੇਖਕ ਵਜੋਂ ਨਹੀਂ, ਸਗੋਂ ਮੇਰਾ ਸਮਾਜ ਵਿਚਲੀਆਂ ਵਿਸੰਗਤੀਆਂ ਤੇ ਵਾਪਰ ਰਹੇ ਅਨੈਤਿਕ, ਗੈਰ-ਮਨੁੱਖੀ ਵਰਤਾਰਿਆਂ ਨੂੰ ਉਜਾਗਰ ਕਰਨਾ ਹੀ ਇੱਕ ਮਾਤਰ ਉਦੇਸ਼ ਹੈ।ਇਸ ਸਮੇਂ ਉਨ੍ਹਾਂ ਵੱਲੋਂ ਪੰਜਾਬੀ ਸਾਹਿਤ ਕਲਾ ਮੰਚ ਦੇ ਸਮੂਹ ਆਗੂਆਂ ਤੇ ਪ੍ਰੋਗਰਾਮ 'ਚ ਸਮੁੱਚੇ ਸਰੋਤਿਆਂ ਦਾ ਧੰਨਵਾਦ ਕੀਤਾ ਗਿਆ।ਇਸ ਸਮੇਂ ਬਲਾਕ ਸਿੱਖਿਆ ਅਫਸਰ ਕੁਲਵੰਤ ਕੌਰ, ਪਮਾਰ, ਐੱਸ ਡੀ ਓ ਗੁਰਦੇਵ ਸਿੰਘ ਸਹੋਤਾ, ਡਾ. ਰਾਜ ਭੁਪਿੰਦਰ ਕੌਰ ਸਹੋਤਾ, ਭੁਪਿੰਦਰਜੀਤ ਸਿੰਘ, ਕੋਟਲੱਲੂ ਜਸਪਿੰਦਰ ਕੌਰ, ਬਲਤੇਜ ਸਿੰਘ ਹੈੱਡ ਟੀਚਰ, ਹਰਬੰਸ ਸਿੰਘ ਢਿੱਲੋਂ, ਕ੍ਰਿਸ਼ਨ ਮਾਨਬੀਬੜੀਆਂ ਅਮਨਦੀਪ ਕੌਰ ਪੰਜਾਬੀ ਮਿਸਟ੍ਰੈਸ, ਪਸ਼ਮੀਨਾ ਰਾਣੀ ਅੰਗਰੇਜ਼ੀ ਮਿਸਟ੍ਰੈਸ, ਗੁਰਪਿਆਰ ਸਿੰਘ ਨਿੱਕੂ, ਸਰੋਜ ਰਾਣੀ, ਮਨਜੀਤ ਕੌਰ ਆਦਿ ਹਾਜ਼ਰ ਸਨ।

## ਪ੍ਰੋ. ਜਗਜੀਤ ਕੌਰ ਤੇ ਅਰਵਿੰਦਰਪਾਲ ਸਿੰਘ ਦੇ ਦੇਹਾਂਤ 'ਤੇ ਅਫ਼ਸੋਸ ਪ੍ਰਗਟ

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਤੇ ਸਮੂਹ ਮੈਂਬਰਾਂ ਵੱਲੋਂ ਪ੍ਰੋ. ਜਗਜੀਤ ਕੌਰ ਤੇ ਸ੍ਰ. ਅਰਵਿੰਦਰਪਾਲ ਸਿੰਘ ਦੇ ਦੇਹਾਂਤ 'ਤੇ ਡੂੰਘੇ ਦੁੱਖ ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ।ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ, ਸੀਨੀ. ਮੀਤਪ੍ਰਧਾਨ ਡਾ. ਪਾਲ ਕੌਰ ਤੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਅਕਾਦਮੀ ਦੇ ਜੀਵਨ ਮੈਂਬਰ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵੀ. ਸੀ. ਡਾ. ਸ. ਪ. ਸਿੰਘ ਦੀ ਜੀਵਨ ਸਾਥਣ ਪ੍ਰੋ. ਜਗਜੀਤ ਕੌਰ ਤੇ ਉੱਘੇ ਗ਼ਜ਼ਲਗੋ ਸ੍ਰੀ ਸਰਦਾਰ ਪੰਛੀ ਦੇ ਸਪੁੱਤਰ ਸ੍ਰ. ਅਰਵਿੰਦਰਪਾਲ ਸਿੰਘ ਦੇ ਦੇਹਾਂਤ ਨਾਲ ਪਰਵਾਰਾਂ ਨੂੰ ਗਹਿਰੀ ਸੱਟ ਵੱਜੀ ਹੈ।ਇਸ ਦੁੱਖ ਦੀ ਘੜੀ ਅਕਾਦਮੀ ਪਰਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੀ ਹੈ।ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਹੋਰਨਾਂ ਤੋਂ ਇਲਾਵਾ ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ, ਡਾ. ਲਖਵਿੰਦਰ ਜੌਹਲ, ਡਾ. ਅਨੂਪ ਸਿੰਘ, ਸੁਰਿੰਦਰ ਕੈਲੇ, ਡਾ. ਜੋਗਿੰਦਰ ਸਿੰਘ ਨਿਰਾਲਾ, ਬਲਬੀਰ ਮਾਧੋਪੁਰੀ, ਡਾ. ਗੁਰਇਕਬਾਲ ਸਿੰਘ, ਡਾ. ਅਰਵਿੰਦਰ ਕੌਰ ਕਾਕੜਾ, ਡਾ. ਗੁਰਚਰਨ ਕੌਰ ਕੋਚਰ, ਜਨਮੇਜਾ ਸਿੰਘ ਜੌਹਲ, ਡਾ. ਹਰਵਿੰਦਰ ਸਿੰਘ, ਤ੍ਰੈਲੋਚਨ ਲੋਚੀ, ਜਸਪਾਲ ਮਾਨਖੇੜਾ, ਜਸਵੀਰ ਝੱਜ, ਡਾ. ਹਰੀ ਸਿੰਘ ਜਾਚਕ, ਸਹਿਜਪ੍ਰੀਤ ਸਿੰਘ ਮਾਂਗਟ, ਸ਼ਬਦੀਸ਼, ਸੰਜੀਵਨ ਸਿੰਘ, ਨਰਿੰਦਰਪਾਲ ਕੌਰ, ਵਾਹਿਦ (ਸਤਿਨਾਮ ਸਿੰਘ), ਸੰਤੋਖ ਸਿੰਘ ਸੁੱਖੀ, ਡਾ. ਹਰਜਿੰਦਰ ਸਿੰਘ, ਕੰਵਰਜੀਤ ਭੱਠਲ, ਵਰਗਿਸ ਸਲਾਮਤ, ਪ੍ਰੋ. ਸਰਘੀ, ਪ੍ਰੇਮ ਸਾਹਿਲ, ਪ੍ਰੋ. ਬਲਵਿੰਦਰ ਸਿੰਘ ਚਹਿਲ ਤੇ ਕਰਮਜੀਤ ਸਿੰਘ ਗਰੇਵਾਲ ਸਮੇਤ ਸਮੂਹ ਮੈਂਬਰ ਸ਼ਾਮਲ ਹਨ।

## ਵਿਜ਼ਡਮ ਸਕੂਲ ਥਾਂਦੇਵਾਲਾ ਵਿਖੇ ਖੋ-ਖੋ ਟੂਰਨਾਮੈਂਟ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ ਵਿਖੇ ਚੇਅਰਮੈਨ ਸ੍ਰ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਜ਼ੋਨਲ ਪੱਧਰੀ ਖੋ-ਖੋ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ ਮੁੱਖ ਤੌਰ 'ਤੇ ਸੰਤ ਬਾਬਾ ਗੁਰਮੁਖ ਸਿੰਘ ਇੰਟਰਨੈਸ਼ਨਲ ਸਕੂਲ, ਮਾਲਵਾ ਸਕੂਲ ਗਿੱਦੜਬਾਹਾ, ਬਾਬਾ ਫਰੀਦ ਪਬਲਿਕ ਸਕੂਲ ਕਿੱਲਿਆਂਵਾਲੀ ਤੇ ਲਿਟਲ ਫਲਾਵਰ ਕਾਨਵੈਂਟ ਸਕੂਲ ਗੁਰੂ ਹਰਸਹਾਇ ਆਦਿ ਨੇ ਭਾਗ ਲਿਆ।ਟੂਰਨਾਮੈਂਟ ਦੀ ਸ਼ੁਰੂਆਤ 'ਚ ਸਕੂਲ ਪ੍ਰਿੰਸੀਪਲ ਸੁਮਨ ਰਾਣੀ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਦੇ ਮਹੱਤਵ ਬਾਰੇ ਦੱਸਿਆ ਗਿਆ।ਉਨ੍ਹਾਂ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਣਾ ਦਿੰਦਿਆਂ ਖੇਡਾਂ ਨੂੰ ਨਿੱਜੀ ਜੀਵਨ ਵਿੱਚ ਸ਼ਾਮਲ ਕਰਨ ਦੀ ਅਪੀਲ ਕੀਤੀ।ਚੇਅਰਮੈਨ ਜਸਵਿੰਦਰ ਸਿੰਘ ਤੇ ਪ੍ਰਿੰਸੀਪਲ ਵੱਲੋਂ ਟੀਮਾਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਉਨ੍ਹਾਂ ਨੂੰ ਸਪੋਰਟਸਮੈਨਸ਼ਿਪ ਦੀ ਭਾਵਨਾ ਨਾਲ ਖੇਡਣ ਦੀ ਸਲਾਹ ਦਿੱਤੀ ਗਈ। ਮੇਜ਼ਬਾਨ ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਅੰਡਰ-19 ਲੜਕਿਆਂ ਦੀ ਸ਼੍ਰੇਣੀ ਵਿੱਚ ਪਹਿਲਾ ਤੇ ਲੜਕੀਆਂ 'ਚ ਮਾਲਵਾ ਸਕੂਲ ਗਿੱਦੜਬਾਹਾ ਨੇ ਪਹਿਲਾ ਸਥਾਨ ਹਾਸਲ ਕੀਤਾ।ਅੰਡਰ-17 (ਲੜਕੇ) ਬਾਬਾ ਫਰੀਦ ਪਬਲਿਕ ਸਕੂਲ ਕਿੱਲਿਆਂਵਾਲੀ ਤੇ (ਲੜਕੀਆਂ) ਬਾਬਾ ਫਰੀਦ ਪਬਲਿਕ ਸਕੂਲ, ਅੰਡਰ-14 (ਲੜਕੇ) ਬਾਬਾ ਫਰੀਦ ਪਬਲਿਕ ਸਕੂਲ (ਲੜਕੀਆਂ) ਤੇ ਬਾਬਾ ਫਰੀਦ ਪਬਲਿਕ ਸਕੂਲ ਕਿੱਲਿਆਂਵਾਲੀ ਨੇ ਪਹਿਲਾ ਸਥਾਨ ਹਾਸਲ ਕੀਤਾ। ਲਿਟਲ ਫਲਾਵਰ ਕਾਨਵੈਂਟ ਗੁਰੂ ਹਰਸਹਾਏ ਸਕੂਲ ਦੀਆਂ ਕੁੜੀਆਂ ਤੇ ਮੁੰਡਿਆਂ ਨੇ ਅੰਡਰ 14 ਤੇ ਅੰਡਰ 17 ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਸਭ ਜੇਤੂ ਟੀਮਾਂ ਨੂੰ ਮੈਡਲਾਂ, ਟਰਾਫੀਆਂ ਤੇ ਸਰਟੀਫਿਕੇਟਸ ਨਾਲ ਸਨਮਾਨਤ ਕੀਤਾ ਗਿਆ। ਇਨਾਮਾਂ ਦੀ ਪ੍ਰਿੰਸੀਪਲ ਚੇਅਰਮੈਨ ਜਸਵਿੰਦਰ ਸਿੰਘ, ਡਾਇਰੈਕਟਰ ਦਲਜੀਤ ਸਿੰਘ, ਮਨਦੀਪ ਮੈਡਮ, ਸੁਮਨ ਰਾਣੀ, ਵਾਈਸ ਪ੍ਰਿੰਸੀਪਲ ਸੋਨੀਆ ਵੱਲੋਂ ਕੀਤੀ ਗਈ।ਪੂਰੇ ਪ੍ਰੋਗਰਾਮ ਦੀ ਸਫਲਤਾ ਪਿੱਛੇ ਪ੍ਰਦੀਪ ਕੁਮਾਰ, ਕੁਲਦੀਪ ਕੁਮਾਰ, ਦੀਦਾਰ ਸਿੰਘ, ਹਰਮਨਜੀਤ ਕੌਰ ਏਕਤਾ ਤੇ ਸਮੂਹ ਸਕੂਲ ਸਟਾਫ ਦਾ ਅਹਿਮ ਯੋਗਦਾਨ ਰਿਹਾ।

## ਭਾਰਤ ਵਿਕਾਸ ਪ੍ਰੀਸ਼ਦ ਨਾਭਾ ਵੱਲੋਂ ਪਰਵਾਰ ਮਿਲਣ ਸਮਾਰੋਹ



**ਨਾਭਾ (ਵਰਿੰਦਰ ਵਰਮਾ)**-ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਵੱਲੋਂ ਦਯਾਨੰਦ ਪਬਲਿਕ ਸਕੂਲ ਪਾਂਡੂਸਰ ਮੁਹੱਲਾ ਵਿਖੇ 2025/2026 ਪਹਿਲਾ ਪਰਵਾਰ ਮਿਲਣ ਸਮਾਰੋਹ ਪ੍ਰਧਾਨ ਨਰਿੰਦਰ ਵਰਮਾ, ਜਨਰਲ ਸਕੱਤਰ ਵਿਕਾਸ ਮਿੱਤਲ ਤੇ ਕੈਸ਼ੀਅਰ ਅਸ਼ਵਨੀ ਮਦਾਨ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਸਮਾਰੋਹ ਦੇ ਮੁੱਖ ਮਹਿਮਾਨ ਸਟੇਟ ਪ੍ਰਧਾਨ ਬਲਜਿੰਦਰ ਸਿੰਘ ਬਿੱਟੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤ ਵਿਕਾਸ ਪ੍ਰੀਸ਼ਦ ਇਕਾਈ ਦਾ ਮੁੱਖ ਉਦੇਸ਼ ਲੋੜਵੰਦਾਂ ਦੀ ਮਦਦ ਕਰਨਾ ਹੈ।ਉਨ੍ਹਾਂ ਕਿਹਾ ਕਿ ਜਿੱਥੇ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਉੱਥੇ ਹੀ ਸਕੂਲਾਂ ਵਿੱਚ ਲੋੜਵੰਦ ਬੱਚਿਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਦਿੱਤੀ ਜਾਂਦੀ ਹੈ।ਬਲਜਿੰਦਰ ਬਿੱਟੂ ਨੇ ਕਿਹਾ ਕਿ ਇਕਾਈ ਨਾਭਾ ਵੱਲੋਂ ਜੋਂ ਵੱਧ ਚੜ੍ਹ ਕੇ ਸਮਾਜ ਭਲਾਈ ਕਾਰਜ ਕੀਤੇ ਜਾ ਰਹੇ ਹਨ ਬਹੁਤ ਹੀ ਵਧੀਆ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਮਕਸਦ ਵੱਧ ਤੋਂ ਵੱਧ ਮੈਂਬਰਾਂ ਨੂੰ ਇੱਕ ਮੰਚ ਤੇ ਇਕੱਠਾ ਕਰਨਾ ਹੈ ਤਾਂ ਕਿ ਅਸੀਂ ਜ਼ਿਆਦਾ ਤੋਂ ਜ਼ਿਆਦਾ ਸਮਾਜ ਭਲਾਈ ਦੇ ਕਾਰਜ ਕਰਕੇ ਲੋੜਵੰਦਾਂ ਦੀ ਮਦਦ ਕਰ ਸਕੀਏ।ਇਸ ਮੌਕੇ ਜਨਰਲ ਸਕੱਤਰ ਵਿਕਾਸ ਮਿੱਤਲ ਵੱਲੋਂ ਅਪ੍ਰੈਲ 2025 ਤੋਂ ਲੈ ਕੇ 17 ਮਈ ਤੱਕ ਕੀਤੇ ਗਏ ਸਮਾਜ ਭਲਾਈ ਦੇ ਕਾਰਜਾਂ ਬਾਰੇ ਪਰਿਵਾਰਕ ਮੈਂਬਰਾਂ ਨੂੰ ਜਾਣੂ ਕਰਵਾਇਆ।ਇਸ ਮੌਕੇ ਪਰਿਵਾਰਕ ਮੈਂਬਰਾਂ ਦੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਸਮਾਰੋਹ ਦੌਰਾਨ ਇਕਾਈ ਦੇ ਪ੍ਰਧਾਨ ਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਸਟੇਟ ਪ੍ਰਧਾਨ ਬਲਜਿੰਦਰ ਸਿੰਘ ਬਿੱਟੂ ਤੇ ਬੱਚਿਆਂ ਵੱਲੋਂ ਪ੍ਰੋਗਰਾਮ ਵਿੱਚ ਭਾਗ ਲੈਣ 'ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਟੇਟ ਮੈਨੇਜਰ ਹੇਮੰਤ ਧਵਨ, ਸਟੇਟ ਕੋਆਰਡੀਨੇਟਰ ਪੰਡਿਤ ਲਲਿਤ ਸ਼ਰਮਾ, ਜ਼ਿਲ੍ਹਾ ਕਨਵੀਨਰ ਵਾਤਾਵਰਨ ਓਮ ਪ੍ਰਕਾਸ਼ ਗਰਗ, ਸਟੇਟ ਮਹਿਲਾ ਪ੍ਰਧਾਨ ਗੀਤਾ ਸਿੰਗਲਾ, ਮਹਿਲਾ ਪ੍ਰਧਾਨ ਹੀਨਾ ਸਿੰਗਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਰਿਵਾਰਕ ਮੈਂਬਰ ਹਾਜ਼ਰ ਸਨ।

## 20 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਦੋ ਗ੍ਰਿਫਤਾਰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**
ਨਸ਼ੀਲੇ ਪਦਾਰਥਾਂ ਤੇ ਸ਼ਰਾਬ ਆਦਿ ਦਾ ਨਜਾਇਜ਼ ਧੰਦਾ ਕਰਨ ਵਾਲਿਆਂ ਖਿਲਾਫ ਲੌਂਗੋਵਾਲ ਪੁਲਸ ਨੇ ਲਗਾਤਾਰ ਸ਼ਿਕੰਜਾ ਕੱਸਿਆ ਹੋਇਆ ਹੈ, ਜਿਸ ਤਹਿਤ ਹਵਲਦਾਰ ਅਜੈਬ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪੁਲ ਸੂਆ ਸ਼ੇਰੋਂ ਰੋਡ ਲੌਂਗੋਵਾਲ ਮੌਜੂਦ ਸੀ ਤਾਂ ਮੁਖ਼ਬਰ ਖਾਸ ਨੇ ਇਤਲਾਹ ਦਿੱਤੀ ਕਿ ਜਗਦੀਪ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਝਾੜੋਂ ਪੱਤੀ ਲੌਂਗੋਵਾਲ ਤੇ ਹਰਪ੍ਰੀਤ ਸਿੰਘ ਪੁੱਤਰ ਨਿਰਭੈ ਸਿੰਘ ਵਾਸੀ ਰੰਧਾਵਾ ਪੱਤੀ ਲੌਂਗੋਵਾਲ ਨੂੰ ਸਮੇਤ 20 ਬੋਤਲਾਂ ਨਜਾਇਜ਼ ਸ਼ਰਾਬ ਕਾਬੂ ਆ ਸਕਦੇ ਹਨ, ਜਿਸ ਸਬੰਧੀ ਦੋਸ਼ੀਆਨ ਜਗਦੀਪ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਝਾੜੋਂ ਪੱਤੀ ਲੌਂਗੋਵਾਲ ਤੇ ਹਰਪ੍ਰੀਤ ਸਿੰਘ ਪੁੱਤਰ ਨਿਰਭੈ ਸਿੰਘ ਵਾਸੀ ਰੰਧਾਵਾ ਪੱਤੀ ਲੌਂਗੋਵਾਲ ਨੂੰ ਕਾਬੂ ਕਰਕੇ ਮੁਕੱਦਮਾ ਥਾਣਾ ਲੌਂਗੋਵਾਲ ਦਰਜ ਕੀਤਾ ਗਿਆ।

# ਹੌਂਦ ਚਿੱਲੜ ਕਤਲੇਆਮ ਘਟਨਾ ਦੀ 41 ਸਾਲਾਂ ਬਾਅਦ ਨਿਸ਼ਾਨਦੇਹੀ ਹੋਈ : ਭਾਈ ਘੋਲੀਆ

### 7 ਏਕੜ ਰਕਬੇ ਤੇ ਰਾਹਾਂ 'ਤੇ ਤਹਿਸੀਲਦਾਰ ਦੀ ਹਾਜ਼ਰੀ 'ਚ ਪੱਥਰ ਲਗਾਏ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਹੌਂਦ ਚਿੱਲੜ ਹਰਿਆਣਾ ਸਟੇਟ ਵਿਖੇ ਸਿੱਖਾਂ ਦੀ ਢਾਣੀ, ਜਿੱਥੇ 18 ਪਰਵਾਰ ਵੱਖ ਵੱਖ ਸ਼ਾਨਦਾਰ ਹਵੇਲੀਆਂ ਵਿੱਚ ਰਹਿੰਦੇ ਸੀ, ਵਿਖੇ 2 ਨਵੰਬਰ 1984 ਨੂੰ ਸੋਚੀ ਸਮਝੀ ਸਾਜ਼ਿਸ਼ ਅਧੀਨ ਵਹਿਸ਼ੀ ਭੀੜ ਨੇ 32 ਸਿੱਖਾਂ ਨੂੰ ਸ਼ਹੀਦ ਕਰ ਦਿੱਤਾ ਸੀ ਅਤੇ ਲਾਸ਼ਾਂ ਨੂੰ ਖੁਰਦ ਬੁਰਦ ਕਰਨ ਲਈ ਉੱਥੇ ਨੇੜੇ ਹੀ ਖੂਹ ਵਿੱਚ ਸੁੱਟ ਕੇ ਉੱਪਰ ਮਿੱਟੀ ਦਾ ਤੇਲ ਪਾ ਦਿੱਤਾ ਸੀ। ਇਲਾਕੇ ਦੇ ਧਨਾਢ ਬੰਦਿਆਂ ਨੇ ਹਵੇਲੀਆਂ ਨੂੰ ਢਾਹ ਕੇ ਇਸ ਇਤਿਹਾਸਕ ਸ਼ਹੀਦੀ ਪਿੰਡ ਹੌਂਦ ਚਿੱਲੜ ਨੂੰ ਮਿਟਾਉਣ ਤੇ ਗਰਾਉਣ ਦੀਆਂ ਕੋਸ਼ਿਸ਼ਾਂ ਨੂੰ ਤੇਜ਼ ਕੀਤਾ ਅਤੇ ਪੀੜਤ ਪਰਵਾਰਾਂ ਦੀਆਂ ਜ਼ਮੀਨਾਂ ਨੂੰ ਆਪਣੇ ਵਿੱਚ ਵਾਹੀ ਯੋਗ ਰਲਾ ਲਿਆ ਸੀ। ਹੌਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ 2 ਨਵੰਬਰ 1984 ਨੂੰ ਸਿੱਖ ਕਤਲੇਆਮ ਦੇ ਬਾਅਦ ਪੀੜਤ ਪਰਵਾਰ ਸਹਿਮੇ ਹੋਏ ਤੇ ਸਦਮੇ ਵਿੱਚ ਸਨ, ਜੋ ਵੱਖ ਵੱਖ ਸੂਬਿਆਂ, ਸ਼ਹਿਰਾਂ ਵਿੱਚ ਆਪਣੇ ਰਿਸ਼ਤੇਦਾਰਾਂ ਕੋਲ ਚਲੇ ਗਏ ਸਨ, ਪਰ ਉਨ੍ਹਾਂ ਦੀਆਂ ਵਿਰਾਸਤ ਹਵੇਲੀਆਂ ਤੇ ਜ਼ਮੀਨਾਂ ਨੂੰ ਧਨਾਢ ਲੋਕਾਂ ਨੇ ਧੱਕੇ ਨਾਲ ਕਬਜ਼ਾ ਕਰ ਰੱਖਿਆ ਸੀ। ਅਸੀਂ ਹਰਿਆਣਾ ਡੀ ਸੀ ਤੇ ਪ੍ਰਸ਼ਾਸਨ ਅਧਿਕਾਰੀਆਂ ਦਾ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਨਿਰਪੱਖਤਾ ਨਾਲ ਗਰਾਮ ਪੰਚਾਇਤ ਹੌਂਦ ਚਿੱਲੜ ਦੇ ਸਰਪੰਚ ਰਵੀ ਕੁਮਾਰ ਤੇ ਖਾਪ ਪੰਚਾਇਤ ਇਲਾਕੇ ਦੇ ਸਿਰਕੱਢ ਆਗੂਆਂ ਨੇ ਪੂਰਨ ਹਮਾਇਤ ਕੀਤੀ। ਮੌਕੇ 'ਤੇ ਵਿਨਾਸ਼ ਕੁਮਾਰ ਤਹਿਸੀਲਦਾਰ, ਕਾਨੂੰਗੋ ਵਿਜੇ ਸਿੰਘ ਤੇ ਪਟਵਾਰੀ ਸਮੇਤ ਨਿਸ਼ਾਨਦੇਹੀ-ਕਰਤਾ ਮੁਕੇਸ਼ ਕੁਮਾਰ ਨਾਲ 7 ਘੰਟੇ ਚੱਲੀ ਮਿਣਤੀ ਗਿਣਤੀ ਦੌਰਾਨ ਕਈ ਵਾਰੀ ਤਲਖੀ ਤੇ ਬਹਿਸ ਵੀ ਹੋਈ, ਪਰ 7 ਏਕੜ ਰਕਬੇ ਜ਼ਮੀਨ ਸਮੇਤ ਤਿੰਨ ਤੋਂ 4 ਰਸਤਿਆਂ ਨੂੰ ਵੀ ਕੱਢਿਆ ਤੇ ਗੁਰਦੁਆਰਾ ਸਿੰਘ ਸਭਾ ਦੀ ਜ਼ਮੀਨ ਪੁਰਾਤਨ ਰਿਕਾਰਡ ਮੁਤਾਬਕ ਮਿਲੀ ਅਤੇ ਸ਼ਹੀਦੀ ਖੂਹ ਵੀ ਨਿਕਲਿਆ। ਇਸ ਮੌਕੇ ਹਰਿਆਣਾ ਪ੍ਰਸ਼ਾਸਨ ਅਧਿਕਾਰੀਆਂ ਤੇ ਨੇੜਲੇ ਖੇਤਾਂ ਵਾਲੇ ਤੇ ਸਰਪੰਚ ਰਵੀ ਕੁਮਾਰ ਦੀ ਮੌਜੂਦਗੀ ਵਿੱਚ ਨਿਸ਼ਾਨ ਦੇਹੀ ਕਰਕੇ 7 ਫੁੱਟ ਲੰਬੇ ਪੱਥਰ ਲਗਾਏ ਗਏ, ਪਰ 1984 ਤੋਂ ਬਾਅਦ ਕੁਝ ਜ਼ਮੀਨ ਕੇਂਦਰੀ ਸਰਕਾਰ ਨਾਮ ਤੇ ਕਈਆਂ ਹਿੱਸੇ ਜ਼ਮੀਨ ਹੌਂਦ ਚਿੱਲੜ ਪੰਚਾਇਤ ਮਾਲ ਮਹਿਕਮੇ ਦੇ ਰਿਕਾਰਡ 'ਚ ਬੋਲਦੀ ਹੈ। ਇਸ ਮੌਕੇ ਸਰਪੰਚ ਰਵੀ ਕੁਮਾਰ, ਲੇਖ ਰਾਮ, ਮਨਮੋਹਨ ਸਿੰਘ ਮੱਕੜ, ਪੀੜਤ ਗੋਪਾਲ ਸਿੰਘ, ਪੀੜਤ ਸੁਰਜੀਤ ਕੌਰ, ਪੀੜਤ ਹਰਭਜਨ ਸਿੰਘ ਪੀਲੀ ਬੰਗਾ, ਗੁਰਜੀਤ ਸਿੰਘ ਪਟੌਦੀ, ਖਾਪ ਪੰਚਾਇਤ ਦੇ ਆਗੂ ਲਾਲਦੇਵ ਚੌਧਰੀ ਤੇ ਭੀਮ ਚੰਦ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਗੁਰਦਿਆਲ ਸਿੰਘ ਅੰਮ੍ਰਿਤਸਰ ਹਾਜ਼ਰ ਸਨ।

# ਵਿਧਾਇਕ ਰਜਨੀਸ਼ ਦਹੀਆ ਨੇ ਵੱਖ-ਵੱਖ ਪਿੰਡਾਂ 'ਚ ਲੋਕਾਂ ਨੂੰ ਨਸ਼ਿਆਂ ਖਿਲਾਫ ਕੀਤਾ ਜਾਗਰੂਕ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੂਰੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਜੰਗ ਸ਼ੁਰੂ ਕੀਤੀ ਗਈ ਹੈ ਤੇ ਹੁਣ ਨਸ਼ਾ ਮੁਕਤ ਯਾਤਰਾ ਦਾ ਦੂਜਾ ਪੜਾਅ ਸ਼ੁਰੂ ਹੋ ਚੁੱਕਿਆ ਹੈ, ਜਿਸ ਤਹਿਤ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ ਨੇ ਪਿੰਡ ਚੰਗਾਲੀ ਜਦੀਦ, ਫ਼ਰੀਦੇ ਵਾਲਾ ਤੇ ਸੁਰ ਸਿੰਘ ਵਾਲਾ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਮੁਕਤੀ ਯਾਤਰਾ ਸਬੰਧੀ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਦੌਰਾਨ ਵਿਧਾਇਕ ਰਜਨੀਸ਼ ਦਹੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਉਨ੍ਹਾਂ ਨੌਜਵਾਨਾਂ ਨੂੰ ਇੱਕ ਨਵਾਂ ਰਸਤਾ ਦਿਖਾ ਰਹੀ ਹੈ, ਜੋ ਨਸ਼ਿਆਂ ਦੀ ਦਲਦਲ ਵਿਚ ਫਸੇ ਕੇ ਆਪਣੀ ਜ਼ਿੰਦਗੀ ਬਰਬਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕੀਤੀ ਗਈ ਹੈ ਤੇ ਨਸ਼ਿਆਂ ਦੀ ਸਪਲਾਈ ਨੂੰ ਤੋੜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜ਼ਿਲ੍ਹਾ ਸਿਵਲ ਤੇ ਪੁਲਸ ਪ੍ਰਸ਼ਾਸਨ ਸਮੇਤ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਨਸ਼ਾ ਮੁਕਤੀ ਲਈ ਚਲਾਏ ਜਾ ਰਹੇ ਇਸ ਸਾਂਝੇ ਯਤਨ ਨੂੰ ਲੋਕਾਂ ਦਾ ਵੀ ਪੂਰਨ ਸਮਰਥਨ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਜੋ ਲੋਕ ਨਸ਼ਾ ਛੱਡਣਾ ਚਾਹੁੰਦੇ ਹਨ, ਉਨ੍ਹਾਂ ਲਈ ਸੂਬੇ ਭਰ ਵਿੱਚ ਇਲਾਜ ਤੇ ਪੁਨਰਵਾਸ ਕੇਂਦਰਾਂ ਦੀ ਸੁਵਿਧਾ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਨਸ਼ਾ ਮੁਕਤੀ ਯਾਤਰਾ ਦਾ ਮਕਸਦ ਕੇਵਲ ਨਸ਼ਾ ਵਿਰੋਧੀ ਜਾਗਰੂਕਤਾ ਨਹੀਂ, ਸਗੋਂ ਸਮਾਜ ਵਿੱਚ ਸਕਾਰਾਤਮਕ ਮਾਹੌਲ ਪੈਦਾ ਕਰਨਾ ਹੈ।

ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਾ ਵਿਕਣ ਤੋਂ ਰੋਕਣ ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਬਾਰੇ ਸਹੁੰ ਵੀ ਚੁਕਵਾਈ। ਉਨ੍ਹਾਂ ਸਮੂਹ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਖਿਲਾਫ ਖੜੇ ਹੋਣ ਤੇ ਜੇਕਰ ਕੋਈ ਵੀ ਉਨ੍ਹਾਂ ਨੂੰ ਨਸ਼ਾ ਕਰਨ ਜਾਂ ਨਸ਼ਾ ਵੇਚਣ ਵਾਲੇ ਬਾਰੇ ਪਤਾ ਲੱਗਦਾ ਹੈ ਤਾਂ ਉਹ ਉਸ ਦੀ ਰਿਪੋਰਟ ਨਜ਼ਦੀਕੀ ਥਾਣੇ ਵਿੱਚ ਦੇਣ।

ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਸੂਬੇ ਵਿੱਚੋਂ ਨਸ਼ੇ ਦਾ ਖਾਤਮਾ ਕਰਨਾ ਹੈ, ਜਿਸ ਨੂੰ ਸਫਲ ਬਣਾਉਣ ਲਈ ਹਰ ਵਿਅਕਤੀ ਦੇ ਸਹਿਯੋਗ ਦੀ ਜ਼ਰੂਰਤ ਹੈ। ਇਸ ਮੌਕੇ ਪਰਮਜੀਤ ਸਿੰਘ ਜੰਮੂ, ਰੇਸ਼ਮ ਸਿੰਘ ਚੰਗਾਲੀ ਜਦੀਦ, ਬੂਟਾ ਬਲਮਿਕ, ਨਿੰਮਾ ਗਿੱਲ, ਹਰਮਨ ਰਹੀਮੇ ਕੇ ਨਸ਼ਾ ਮੁਕਤੀ ਮੋਰਚਾ, ਗੁਰਪ੍ਰੀਤ ਸਿੰਘ ਸਰਪੰਚ ਫ਼ਰੀਦੇ ਵਾਲਾ, ਗੁਰਪ੍ਰੀਤ ਸਿੰਘ ਗੋਰਾ, ਗੁਰਪ੍ਰੀਤ ਸਿੰਘ ਬਸਤੀ ਆਸਾ ਸਿੰਘ, ਰਣਜੀਤ ਸਿੰਘ ਸੁਰ ਸਿੰਘ, ਗੁਰਮੀਤ ਸਿੰਘ ਸਰਪੰਚ ਸੁਰ ਸਿੰਘ, ਅਨਮੋਲ ਯੋਧਪੁਰ ਆਦਿ ਹਜ਼ਾਰ ਸਨ।

## ਕੇਜਰੀਵਾਲ ਤੇ ਮੁੱਖ ਮੰਤਰੀ ਮਾਨ 25 ਨੂੰ ਨਾਭਾ ਪਹੁੰਚਣਗੇ

**ਨਾਭਾ (ਵਰਿੰਦਰ ਵਰਮਾ)**-ਅਗਰਵਾਲ ਸਭਾ ਨਾਭਾ ਵੱਲੋਂ 25 ਮਈ ਨੂੰ ਉਦਘਾਟਨ ਸਮਾਰੋਹ ਕੀਤਾ ਜਾ ਰਿਹਾ ਹੈ।ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਇਸ ਉਦਘਾਟਨ ਸਮਾਰੋਹ ਵਿੱਚ ਮੁੱਖ ਮਹਿਮਾਨ ਆਮ ਆਦਮੀ ਪਾਰਟੀ ਦੇ ਕਨਵੀਨਰ ਤੇ ਸਾਬਕਾ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਸ੍ਰ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।ਇਸ ਦੀ ਜਾਣਕਾਰੀ ਦਿੰਦਿਆਂ ਅਗਰਵਾਲ ਸਭਾ ਦੇ ਜ਼ਿਲ੍ਹਾ ਪ੍ਰਧਾਨ ਓਮ ਪ੍ਰਕਾਸ਼ ਗਰਗ, ਚੇਅਰਮੈਨ ਅਸ਼ੋਕ ਬਾਂਸਲ ਨਾਭਾ, ਪ੍ਰਧਾਨ ਰਵਨੀਸ਼ ਗੋਇਲ, ਜਨਰਲ ਸਕੱਤਰ ਐਡਵੋਕੇਟ ਭਾਰਤ ਭੂਸ਼ਨ ਜੈਨ, ਕੈਸ਼ੀਅਰ ਐਡਵੋਕੇਟ ਨਰੇਸ਼ ਸਿੰਗਲਾ ਤੇ ਨਰੇਸ਼ ਗੁਪਤਾ ਨੇ ਕਿਹਾ ਕਿ ਮਹਾਰਾਜਾ ਅਗਰਸੇਨ ਜੀ ਦੀ ਉਸਾਰੀ ਦਾ ਕੰਮ ਕਰਵਾਇਆ ਜਾ ਰਿਹਾ ਹੈ, ਜਿਸ ਦਾ ਉਦਘਾਟਨ 25 ਮਈ 11 ਵਜੇ ਸਵੇਰੇ ਅਗਰਵਾਲ ਸਭਾ ਪਟਿਆਲਾ ਗੇਟ ਵਿਖੇ ਕੀਤਾ ਜਾਵੇਗਾ।ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ, ਕੈਬਨਿਟ ਮੰਤਰੀ ਵਰਿੰਦਰ ਗੋਇਲ ਤੇ ਹਲਕਾ ਨਾਭਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਹਾਜ਼ਰ ਹੋਣਗੇ।

## ਲੋਕ ਸੇਵਾ ਸੁਸਾਇਟੀ ਵੱਲੋਂ ਮੁਫ਼ਤ ਮੈਡੀਕਲ ਚੈੱਕਅਪ ਕੈਂਪ



**ਜਗਰਾਉਂ (ਅਮਿਤ ਖੰਨਾ)**-ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਦਿਲ ਦੀਆਂ ਬਿਮਾਰੀਆਂ ਦਾ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਰੇਲਵੇ ਲਿੰਕ ਰੋਡ ਜਗਰਾਉਂ ਵਿਖੇ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਰਜਿੰਦਰ ਜੈਨ ਕਾਕਾ, ਸੈਕਟਰੀ ਕਲਭੂਸ਼ਣ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲਗਾਏ ਕੈਂਪ ਵਿੱਚ ਸੀ ਐੱਮ ਸੀ ਹਸਪਤਾਲ ਲੁਧਿਆਣਾ ਦੇ ਦਿਲ ਦੇ ਰੋਗਾਂ ਦੇ ਮਾਹਰ ਡਾਕਟਰ ਗੁਰਤੇਜ ਸਿੰਘ ਨੇ 52 ਮਰੀਜ਼ਾਂ ਦੀਆਂ ਚੈੱਕਅਪ ਕਰਦਿਆਂ ਜਿੱਥੇ ਮੁਫ਼ਤ ਵਿੱਚ ਮਰੀਜ਼ਾਂ ਨੂੰ ਦਵਾਈਆਂ ਦਿੱਤੀਆਂ, ਉੱਥੇ ਮਰੀਜ਼ਾਂ ਨੂੰ ਦਿਲ ਦੀਆਂ ਬਿਮਾਰੀਆਂ ਤੋਂ ਬਚਣ ਲਈ ਨੁਕਤੇ ਵੀ ਸਾਂਝੇ ਕੀਤੇ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਰਜਿੰਦਰ ਜੈਨ ਕਾਕਾ ਨੇ ਦੱਸਿਆ ਕਿ ਕੈਂਪ ਵਿੱਚ ਦਿਲ ਦੀਆਂ ਬਿਮਾਰੀਆਂ ਦੇ 52 ਮਰੀਜ਼ਾਂ ਦਾ ਚੈੱਕਅਪ ਕਰਨ ਤੋਂ ਇਲਾਵਾ 38 ਮਰੀਜ਼ਾਂ ਦੀ ਈਸੀਜੀ ਤੇ 32 ਮਰੀਜ਼ਾਂ ਦਾ ਸ਼ੂਗਰ ਟੈਸਟ ਵੀ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਹਰੇਕ ਮਹੀਨੇ ਜਨਰਲ ਬਿਮਾਰੀਆਂ ਦਾ ਚੈੱਕਅਪ ਕੈਂਪ ਤੇ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਜਾਂਦਾ ਹੈ। ਇਸ ਮੌਕੇ ਸੀ ਐੱਮ ਸੀ ਡਾਕਟਰ ਹਸਪਤਾਲ ਦੀ ਕੋਆਰਡੀਨੇਟਰ ਡੌਲੀ ਸਮੇਤ ਸੁਸਾਇਟੀ ਦੇ ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਵਾਈਸ ਚੇਅਰਮੈਨ ਕੰਵਲ ਕੱਕੜ, ਪ੍ਰੋਜੈਕਟ ਕੈਸ਼ੀਅਰ ਰਜੀਵ ਗੁਪਤਾ, ਪੀਆਰਓ ਸੁਖਦੇਵ ਗਰਗ, ਅਨਿਲ ਮਲਹੋਤਰਾ, ਕਪਿਲ ਸ਼ਰਮਾ, ਗੋਪਾਲ ਗੁਪਤਾ, ਪ੍ਰੇਮ ਬਾਂਸਲ, ਜਸਵੰਤ ਸਿੰਘ ਆਰ ਕੇ ਗੋਇਲ ਮੁਕੇਸ਼ ਗੁਪਤਾ ਸਾਹਿਲ ਗੁਪਤਾ ਆਦਿ ਹਾਜ਼ਰ ਸਨ।

## ਸੈਨਿਕਾਂ ਦੇ ਸਨਮਾਨ 'ਚ ਕੱਢੀ ਵਿਸ਼ਾਲ ਤਿਰੰਗਾ ਯਾਤਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਦੀ ਅਗਵਾਈ ਹੇਠ, ਆਪ੍ਰੇਸ਼ਨ ਸਿੰਦੂਰ ਦੇ ਸੈਨਿਕਾਂ ਦੇ ਸਨਮਾਨ ਵਿੱਚ ਮੋਟਰਸਾਈਕਲ ਤਿਰੰਗਾ ਯਾਤਰਾ ਵਿੱਚ, ਸ਼ਹਿਰ ਦੇ ਵੱਖ-ਵੱਖ ਧਾਰਮਿਕ, ਸਮਾਜਿਕ, ਰਾਜਨੀਤਕ ਸੰਗਠਨਾਂ ਦੇ ਅਧਿਕਾਰੀਆਂ ਤੋਂ ਇਲਾਵਾ, ਸ਼ਹਿਰ ਦੇ ਡਾਕਟਰਾਂ ਤੇ ਐੱਨਜੀਓ ਅਧਿਕਾਰੀਆਂ ਨੇ ਸ਼ਾਨਦਾਰ ਤਿਰੰਗਾ ਯਾਤਰਾ ਵਿੱਚ ਹਿੱਸਾ ਲਿਆ, ਜਿੱਥੇ ਸ਼ਹਿਰ ਤਿਰੰਗੇ ਝੰਡਿਆਂ, ਭਗਵੇਂ ਝੰਡਿਆਂ ਤੇ ਭਾਰਤ ਮਾਤਾ ਕੀ ਜੈ ਦੇ ਨਾਅਰਿਆਂ ਨਾਲ ਗੂੰਜ ਉੱਠਿਆ। ਇਸ ਦੇ ਨਾਲ ਹੀ, ਇਸਨੇ ਸੈਨਿਕਾਂ ਪ੍ਰਤੀ ਸਤਿਕਾਰ ਵਿੱਚ ਵੀ ਵਾਧਾ ਕੀਤਾ। ਇਹ ਤਿਰੰਗਾ ਯਾਤਰਾ ਸ਼ਾਮ 5.30 ਵਜੇ ਪੁਰਾਣੀ ਦਾਣਾ ਮੰਡੀ ਭਾਰਤ ਮਾਤਾ ਮੰਦਰ ਤੋਂ ਸ਼ੁਰੂ ਹੋਈ ਤੇ ਚੈਂਬਰ ਰੋਡ, ਨਹਿਰੂ ਪਾਰਕ ਰੋਡ, ਨਿਊ ਟਾਊਨ, ਆਰੀਆ ਸਕੂਲ ਰੋਡ, ਦੇਵ ਹੋਟਲ, ਸਿਵਲ ਹਸਪਤਾਲ ਰੋਡ, ਮੇਨ ਬਾਜ਼ਾਰ, ਪ੍ਰਤਾਪ ਰੋਡ ਚੌਕ, ਡਾ. ਸ਼ਾਮ ਲਾਲ ਥਾਪਰ ਚੌਕ, ਮੈਜੇਸਟਿਕ ਚੌਕ, ਰੇਲਵੇ ਬ੍ਰਿਜ, ਰੇਲਵੇ ਰੋਡ, ਚੈਂਬਰ ਰੋਡ ਤੋਂ ਹੁੰਦੀ ਹੋਈ ਸ਼ਹੀਦ ਪਾਰਕ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਤੋਂ ਬਾਅਦ ਸਮਾਪਤ ਹੋਈ। ਇਸ ਮੌਕੇ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ, ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ, ਸਾਬਕਾ ਵਿਧਾਇਕ ਡਾ. ਹਰਜੋਤ ਕਮਲ, ਸੀਨੀਅਰ ਭਾਜਪਾ ਆਗੂ ਨਿਧੜਕ ਸਿੰਘ ਬਰਾੜ, ਜਨਰਲ ਸਕੱਤਰ ਵਿੱਕੀ ਸਿਤਾਰਾ, ਉਪ ਪ੍ਰਧਾਨ ਸੋਨੀ ਮੰਗਲਾ, ਬੀ.ਬੀ.ਐਸ. ਗਰੁੱਪ ਚੇਅਰਮੈਨ ਸੰਜੀਵ ਕੁਮਾਰ ਸੈਣੀ, ਚੇਅਰਪਰਸਨ ਕਮਲ ਸੈਣੀ, ਪ੍ਰਿੰਸੀਪਲ ਡਾ. ਹਮੀਲੀਆ ਰਾਣੀ, ਸੀ.ਈ.ਓ. ਰਾਹੁਲ ਛਾਬੜਾ, ਵਾਈਸ ਪ੍ਰਿੰਸੀਪਲ ਨਿਧੀ ਬਰਾੜ, ਹੇਮੰਤ ਸੂਦ, ਅਸ਼ਵਨੀ ਕੁਮਾਰ, ਵਿਜੇ ਮਿਸ਼ਰਾ, ਸ਼ਸ਼ੀਕਾਂਤ ਪਾਂਡੇ, ਡਾ: ਰਾਮਿੰਦਰ ਸ਼ਰਮਾ, ਅਮਿਤ ਗੁਪਤਾ, ਸੂਰਜ ਭਾਨ, ਵਿਜੇ ਕੌਸ਼ਿਕ, ਕਸ਼ਿਸ਼ ਧਮੀਜਾ ਆਦਿ ਹਾਜ਼ਰ ਸਨ।

## ਪੰਜਾਬੀ ਸਾਹਿਤ ਸਭਾ ਖੰਨਾ 'ਚ ਚੱਲਿਆ ਰਚਨਾਵਾਂ ਦਾ ਦੌਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਬੀਤੇ ਦਿਨੀਂ ਪੰਜਾਬੀ ਸਾਹਿਤ ਸਭਾ ਖੰਨਾ ਦੀ ਮਹੀਨਾਵਾਰ ਮੀਟਿੰਗ ਵਿਸ਼ਵਕਰਮਾ ਰਾਮਗੜ੍ਹੀਆ ਭਵਨ ਵਿਖੇ ਪ੍ਰਧਾਨ ਨਰਿੰਦਰ ਮਣਕੂ ਤੇ ਸਭਾ ਦੇ ਸਰਪ੍ਰਸਤ ਮਨਜੀਤ ਸਿੰਘ ਧੰਜਲ ਦੀ ਅਗਵਾਈ ਵਿੱਚ ਹੋਈ।ਇਸ ਵਿੱਚ ਸਾਰੇ ਸਾਹਿਤਕਾਰਾਂ ਨੇ ਜੰਗ ਵਰਗੀ ਘਟਨਾ ਦੀ ਨਿੰਦਾ ਕੀਤੀ।ਇਸ ਤੋਂ ਬਾਅਦ ਰਚਨਾਵਾਂ ਦੇ ਵਿੱਚ ਸਭ ਤੋਂ ਪਹਿਲਾਂ ਸੁਖਵਿੰਦਰ ਸਿੰਘ ਬਿੱਟੂ ਨੇ ਗੀਤ ਸੰਦ, ਨਰੇਸ਼ ਨਿਮਾਣਾ ਨੇ ਗ਼ਜ਼ਲ, ਮਨਜੀਤ ਸਿੰਘ ਧੰਜਲ ਨੇ ਗੀਤ, ਸੁਖਵਿੰਦਰ ਸਿੰਘ ਭਾਦਲਾ ਨੇ ਲੇਖ ਲਾਣੇਦਾਰ, ਗੁਰੀ ਤੁਰਮਰੀ ਨੇ ਗੀਤ ਜੰਗ, ਗੁਰਦੀਪ ਮਹੌਣ ਨੇ ਮਿੰਨੀ ਕਹਾਣੀ, ਅਵਤਾਰ ਸਿੰਘ ਉਟਾਲਾਂ ਨੇ ਗੀਤ, ਉਸ ਤੋਂ ਬਾਅਦ ਪ੍ਰਧਾਨ ਨਰਿੰਦਰ ਸਿੰਘ ਮਣਕੂ ਨੇ ਗ਼ਜ਼ਲ ਸੁਣਾਈ।ਇਨ੍ਹਾਂ ਰਚਨਾਵਾਂ 'ਤੇ ਸੁਚਾਰੂ ਬਹਿਸ ਵਿੱਚ ਅਵਤਾਰ ਸਿੰਘ ਉਟਾਲਾਂ, ਮਨਜੀਤ ਸਿੰਘ ਧੰਜਲ, ਸੁਖਵਿੰਦਰ ਸਿੰਘ ਭਾਦਲਾ, ਗੁਰਦੀਪ ਮਹੌਣ ਤੇ ਭਾਈ ਅਮਰਜੀਤ ਸਿੰਘ ਨੇ ਭਾਗ ਲਿਆ।ਸਭਾ ਦੀ ਕਾਰਵਾਈ ਗੁਰੀ ਤੁਰਮਰੀ ਨੇ ਬਾਖੂਬੀ ਢੰਗ ਨਾਲ ਚਲਾਈ।ਸਭਾ ਦੇ ਸਰਪ੍ਰਸਤ ਨਰਿੰਦਰ ਧੰਜਲ ਨੇ ਆਏ ਹੋਏ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

## ਸਰਕਾਰੀ ਹਾਈ ਸਕੂਲ ਮਹਿਲ ਖੁਰਦ ਦਾ ਨਤੀਜਾ ਸ਼ਾਨਦਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਦਸਵੀਂ ਦੇ ਨਤੀਜੇ ਵਿੱਚ ਸਰਕਾਰੀ ਹਾਈ ਸਕੂਲ ਮਹਿਲ ਖੁਰਦ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ।ਇਸ ਮੌਕੇ ਹੈੱਡ ਮਾਸਟਰ ਕੁਲਦੀਪ ਸਿੰਘ ਕਮਲ ਨੇ ਦੱਸਿਆ ਕਿ ਦਸਵੀਂ ਕਲਾਸ ਦੇ 28 ਵਿਦਿਆਰਥੀ ਪ੍ਰੀਖਿਆ 'ਚ ਸ਼ਾਮਲ ਹੋਏ, ਜਿਸ ਵਿੱਚੋਂ ਸਾਰੇ ਵਿਦਿਆਰਥੀ ਫਸਟ ਡਵੀਜ਼ਨ ਵਿੱਚ ਪਾਸ ਹੋਏ। ਇਸ ਵਿੱਚੋਂ ਰਵਲੀਨ ਕੌਰ 89 ਪ੍ਰਤੀਸ਼ਤ, ਦਿਲਪ੍ਰੀਤ ਕੌਰ 85 ਪ੍ਰਤੀਸ਼ਤ ਤੇ ਜੋਬਨਪ੍ਰੀਤ ਸਿੰਘ ਨੇ 80 ਪ੍ਰਤੀਸ਼ਤ ਨੰਬਰ ਲੈ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਸ ਮੌਕੇ ਸਕੂਲ ਚੇਅਰਮੈਨ ਤਰਸੇਮ ਸਿੰਘ ਨੇ ਪੁਜ਼ੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਤੇ ਕਲਾਸ ਇੰਚਾਰਜ ਸ੍ਰੀਮਤੀ ਹਰਮੀਤ ਕੌਰ ਨੇ ਵਿਦਿਆਰਥੀਆਂ ਨੂੰ ਆਪਣੇ ਵੱਲੋ ਸਨਮਾਨਤ ਕੀਤਾ।ਅਖੀਰ 'ਚ ਸਹਾਇਕ ਇੰਚਾਰਜ ਜਸਵਿੰਦਰਪਾਲ ਸਿੰਘ ਬੁੱਟਰ ਨੇ ਵਿਦਿਆਰਥੀਆਂ ਨੂੰ ਅਗਲੇਰੇ ਭਵਿੱਖ ਲਈ ਮੁਬਾਰਕ ਦਿੱਤੀ।ਇਸ ਮੌਕੇ ਬਾਬੂ ਸਿੰਘ, ਕਰੁਨ ਬਾਤਿਸ਼, ਮੰਗਲ ਸਿੰਘ, ਹਰਪ੍ਰੀਤ ਕੌਰ, ਬਲਵਿੰਦਰ ਕੌਰ, ਊਸ਼ਾ ਦੇਵੀ, ਅਨੀਤਾ ਰਾਣੀ ਹਾਜ਼ਰ ਸਨ।

## ਵਨੀਤ ਬਾਂਸਲ ਨੇ 92.46% ਅੰਕਾਂ ਨਾਲ 10ਵੀਂ ਪਾਸ ਕੀਤੀ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਰਾਇਲ ਕਿੰਗਡਮ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਵਨੀਤ ਬਾਂਸਲ ਨੇ 10ਵੀਂ ਜਮਾਤ ਦੀ ਪ੍ਰੀਖਿਆ 601/650 (92.46%) ਅੰਕਾਂ ਨਾਲ ਪਾਸ ਕੀਤੀ ਹੈ।ਵਨੀਤ ਬਾਂਸਲ ਨੇ ਕਿਹਾ ਕਿ ਉਹ ਆਪਣੀ ਜ਼ਿੰਦਗੀ ਵਿੱਚ ਕੁਝ ਬਣ ਕੇ ਦਿਖਾਉਣਾ ਚਾਹੁੰਦਾ ਹੈ ਤੇ ਉਹ ਇਸ ਟੀਚੇ ਨੂੰ ਹਾਸਲ ਕਰਨ ਲਈ ਹੋਰ ਵੀ ਵਧੇਰੇ ਮਿਹਨਤ ਕਰੇਗਾ ਤੇ ਆਪਣੇ ਇਲਾਕੇ, ਸਕੂਲ ਤੇ ਮਾਪਿਆਂ ਦਾ ਨਾਂਅ ਰੋਸ਼ਨ ਕਰੇਗਾ।ਵਨੀਤ ਬਾਂਸਲ ਨੇ ਅੱਗੇ ਕਿਹਾ ਕਿ ਉਹ ਉੱਚ ਪੜ੍ਹਾਈ ਕਰਕੇ ਦੇਸ਼ ਸੇਵਾ ਕਰਨਾ ਚਾਹੁੰਦਾ ਹੈ ਤੇ ਉਸ ਨੂੰ 10ਵੀਂ ਦੀ ਪੜ੍ਹਾਈ ਕਰਨ ਸਮੇਂ ਸਕੂਲ ਪ੍ਰਿੰਸੀਪਲ ਮੈਡਮ ਮੋਹਿਤਾ ਬਾਂਸਲ, ਮੈਨੇਜਿੰਗ ਡਾਇਰੈਕਟਰ ਰਾਜ ਬਾਂਸਲ, ਸਕੂਲ ਅਧਿਆਪਕਾਂ ਤੇ ਮਾਪਿਆਂ ਦਾ ਵਧੇਰਾ ਮਾਰਗ ਦਰਸ਼ਨ ਮਿਲਿਆ ਹੈ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਮੋਹਿਤਾ ਬਾਂਸਲ ਤੇ ਮੈਨੇਜਿੰਗ ਡਾਇਰੈਕਟਰ ਰਾਜ ਬਾਂਸਲ ਨੇ ਵਨੀਤ ਬਾਂਸਲ ਵੱਲੋਂ ਪ੍ਰੀਖਿਆ ਦੌਰਾਨ ਹਾਸਲ ਕੀਤੇ ਚੰਗੇ ਅੰਕਾਂ ਲਈ ਵਧਾਈ ਦਿੱਤੀ ਤੇ ਉਸ ਨੂੰ ਹੋਰ ਵੱਧ ਮਿਹਨਤ ਕਰਦੇ ਹੋਏ ਆਪਣੀ ਜ਼ਿੰਦਗੀ ਦਾ ਟੀਚਾ ਹਾਸਲ ਕਰਨ ਦੀ ਪ੍ਰੇਰਣਾ ਵੀ ਦਿੱਤੀ।ਵਨੀਤ ਬਾਂਸਲ ਦੀ ਮਾਤਾ ਸ਼ਾਲੂ ਬਾਂਸਲ ਤੇ ਪਿਤਾ ਰਾਜੇਸ਼ ਕੁਮਾਰ ਨੇ ਸਕੂਲ ਪ੍ਰਬੰਧਕਾਂ ਤੇ ਅਧਿਆਪਕਾਂ ਵੱਲੋਂ ਪੜ੍ਹਾਈ ਵਿੱਚ ਕਰਵਾਈ ਗਈ ਸਖਤ ਮਿਹਨਤ ਲਈ ਧੰਨਵਾਦ ਕੀਤਾ ਅਤੇ ਆਖਿਆ ਕਿ ਉਨ੍ਹਾਂ ਦੇ ਪੁੱਤਰ ਨੇ ਵਧੀਆ ਅੰਕ ਹਾਸਲ ਕਰਕੇ ਸਮਾਜ ਵਿੱਚ ਉਨ੍ਹਾਂ ਦਾ ਮਾਣ ਹੋਰ ਵਧਾਇਆ ਹੈ।

## ਨਸ਼ਿਆਂ ਦੀ ਬੁਰਾਈ ਦਾ ਖ਼ਾਤਮਾ ਜਾਗਰੂਕਤਾ ਨਾਲ ਸੰਭਵ : ਜੌੜਾਮਾਜਰਾ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਨਸ਼ਾ ਮੁਕਤੀ ਯਾਤਰਾ ਦੌਰਾਨ ਸਮਾਣਾ ਹਲਕੇ ਦੇ ਪਿੰਡਾਂ ਫ਼ਤਹਿਗੜ੍ਹ ਛੰਨਾ, ਗਾਜੇਵਾਸ ਤੇ ਤਲਵੰਡੀ ਮਲਿਕ ਵਿਖੇ ਨਸ਼ਿਆਂ ਵਿਰੁੱਧ ਹੋਕਾ ਦਿੱਤਾ ਗਿਆ।ਇਸ ਮੌਕੇ ਗਾਜੇਵਾਸ ਵਿੱਚ ਇੱਕ ਨਸ਼ਾ ਛੱਡਣ ਵਾਲੇ ਹੀਰੋ ਨੌਜਵਾਨ ਨੇ ਆਪਣੀ ਵਿੱਥਿਆ ਬਿਆਨੀ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਮਾਜ ਦੇ ਅਸਲ ਹੀਰੋ ਬਨਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਤੇ ਨਸ਼ਿਆਂ ਦੀ ਅਲਾਮਤ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖ਼ਿਲਾਫ਼ ਛੇੜੀ ਫ਼ੈਸਲਾਕੁਨ ਜੰਗ ਦੇ ਅਗਲੇ ਪੜਾਅ ਤਹਿਤ ਅਸੀਂ ਪਿੰਡ ਪਿੰਡ ਜਾ ਰਹੇ ਹਾਂ। ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਦਿਆਂ ਸਹੁੰ ਵੀ ਚੁਕਾਈ।ਉਨ੍ਹਾਂ ਦੇ ਨਾਲ ਐੱਸ ਡੀ ਐੱਮ ਰਿਚਾ ਗੋਇਲ, ਬੀਡੀਪੀਓ ਗੁਰਮੀਤ ਸਿੰਘ ਕਾਹਲੋਂ ਤੇ ਥਾਣਾ ਮੁਖੀ ਸਮੇਤ ਹੋਰ ਅਧਿਕਾਰੀ ਤੇ ਪਤਵੰਤੇ ਮੌਜੂਦ ਸਨ।ਵਿਧਾਇਕ ਜੌੜਾਮਾਜਰਾ ਨੇ ਕਿਹਾ ਕਿ ਇਸ ਯਾਤਰਾ ਨੂੰ ਸ਼ੁਰੂ ਕਰਨ ਦਾ ਮੁੱਖ ਮਕਸਦ ਸੂਬੇ ਦੇ ਹਰੇਕ ਘਰ ਤੱਕ ਪਹੁੰਚ ਬਣਾ ਕੇ ਸੂਬੇ 'ਚੋਂ ਨਸ਼ਿਆਂ ਦੀ ਬੁਰਾਈ ਨੂੰ ਜੜ੍ਹ ਤੋਂ ਖ਼ਤਮ ਕਰਨਾ ਹੈ।ਉਨ੍ਹਾਂ ਦੱਸਿਆ ਕਿ ਨਸ਼ਾ ਮੁਕਤੀ ਯਾਤਰਾ ਦਾ ਆਗਾਜ਼ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਸ਼ਹੀਦ ਭਗਤ ਸਿੰਘ ਨਗਰ ਤੋਂ ਕੀਤਾ ਗਿਆ ਹੈ। ਵਿਧਾਇਕ ਨੇ ਸਮੂਹ ਸਾਰੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਛੇੜੀ ਇਸ ਲੜਾਈ 'ਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਜਦ ਇਹ ਲੜਾਈ ਲੋਕ ਲਹਿਰ ਬਣ ਗਈ ਤਾਂ ਸੂਬੇ 'ਚੋਂ ਨਸ਼ਾ ਖ਼ਤਮ ਹੁੰਦਿਆਂ ਦੇਰ ਨਹੀਂ ਲੱਗੇਗੀ।

# ਵਿਧਾਇਕ ਰੰਧਾਵਾ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵੱਖ-ਵੱਖ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ।ਇਹ ਪ੍ਰਗਟਾਵਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਕੋਠੇ, ਸਰਕਾਰੀ ਪ੍ਰਾਇਮਰੀ ਸਕੂਲ ਘੁੰਮਣ, ਸਰਕਾਰੀ ਪ੍ਰਾਇਮਰੀ ਸਕੂਲ ਹਵੇਲੀ ਕਲਾਂ ਅਤੇ ਸਰਕਾਰੀ ਮਿਡਲ ਸਕੂਲ ਬਸੰਤ ਕੋਟ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਹਾਜ਼ਰ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ।ਰੰਧਾਵਾ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਤਹਿਤ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵਿੱਚ ਮਦਦਗਾਰ ਸਾਬਿਤ ਹੋ ਰਹੀ ਹੈ ਤੇ ਸਕੂਲਾਂ ਵਿੱਚ ਸਹੂਲਤਾਂ ਮਿਲਣ ਨਾਲ ਵਿਦਿਆਰਥੀਆਂ ਦਾ ਮਨੋਬਲ ਹੋਰ ਵੀ ਉੱਚਾ ਹੋਵੇਗਾ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਸਦਕਾ ਸਾਡਾ ਸੂਬਾ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣੇਗਾ ।ਸਰਕਾਰੀ ਪ੍ਰਾਇਮਰੀ



ਸਕੂਲ ਘੁੰਮਣ ਵਿਖੇ ਉਦਘਾਟਨ ਕਰਨ ਉਪਰੰਤ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਰੰਧਾਵਾ ਨੇ ਕਿਹਾ ਕਿ ਇਸ ਸਕੂਲ ਦੀ ਚਾਰਦੀਵਾਰੀ ਦੀ ਨਵੀਂ ਉਸਾਰੀ ਲਈ ਪੰਜਾਬ ਸਰਕਾਰ ਵੱਲੋਂ 7 ਲੱਖ 50 ਹਜ਼ਾਰ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਸੀ, ਵਿਕਾਸ ਕਾਰਜ ਮੁਕੰਮਲ ਹੋਣ ਕਰਕੇ ਉਹ ਅੱਜ ਇਸ ਦਾ ਉਦਘਾਟਨ ਕਰਨ ਲਈ ਆਏ ਸਨ ।ਉਨ੍ਹਾਂ ਕਿਹਾ ਕਿ ਮੇਰੇ ਹਲਕੇ ਦੇ ਸਾਰੇ ਸਰਕਾਰੀ ਸਕੂਲਾਂ ਦੇ ਅਧਿਆਪਕ ਬਹੁਤ ਹੀ ਮਿਹਨਤੀ ਤੇ ਇਮਾਨਦਾਰ ਹਨ, ਉਨ੍ਹਾਂ ਦੀ ਮਿਹਨਤ ਸਦਕਾ ਹੀ ਅੱਜ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ।ਇਸ ਮੌਕੇ ਸਕੂਲ ਇੰਚਾਰਜ ਰਵਿੰਦਰ ਕੌਰ, ਸਕੂਲ ਇੰਚਾਰਜ ਮੈਡਮ ਗੁਰਪ੍ਰੀਤ ਕੌਰ ਸਮੇਤ ਵੱਖ-ਵੱਖ ਸਕੂਲਾਂ ਦੇ ਮੁਖੀਆਂ ਵੱਲੋਂ ਐੱਮਐੱਲਏ ਗੁਰਦੀਪ ਸਿੰਘ ਰੰਧਾਵਾ ਅਤੇ ਬੀਪੀਈਓ ਭਾਰਤ ਰਤਨ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਬੀਪੀਈਓ ਭਾਰਤ ਰਤਨ, ਸੈਂਟਰ ਮੁੱਖ ਅਧਿਆਪਕ ਜਗਦੀਸ਼ ਰਾਜ, ਪੀ ਏ ਲਵਪ੍ਰੀਤ ਸਿੰਘ, ਮੀਡੀਆਂ ਇੰਚਾਰਜ ਸਰਬਜੀਤ ਸਿੰਘ, ਸਰਪੰਚ ਰਣਜੀਤ ਸਿੰਘ, ਕਸ਼ਮੀਰ ਸਿੰਘ, ਸਰਪੰਚ ਹਰਪ੍ਰੀਤ ਸਿੰਘ ਹੈਪੀ, ਮੇਜਰ ਸਿੰਘ ਠੇਠਰਕੇ, ਇੰਦਰਜੀਤ ਸਿੰਘ ਚਾਕਾਵਾਲੀ, ਅਮਰੀਕ ਸਿੰਘ, ਹਰਜਿੰਦਰ ਸਿੰਘ ਹੈਪੀ, ਚੇਅਰਮੈਨ ਵੀਰੂ ਮਸੀਹ, ਮੈਂਬਰ ਰਜਵਿੰਦਰ ਕੌਰ, ਗੁਰਜੀਤ ਕੌਰ, ਜੀਵਨ ਮਸੀਹ, ਹਰਭਜਨ ਸਿੰਘ, ਪਰਮਜੀਤ ਸਿੰਘ, ਸਤਨਾਮ ਸਿੰਘ, ਮੰਗਲ ਸਿੰਘ, ਬਲਜੀਤ ਸਿੰਘ, ਬਲਕਾਰ ਸਿੰਘ, ਮੈਡਮ ਕੁਲਵਿੰਦਰ ਕੌਰ ਸਮੇਤ ਸਕੂਲ ਦਾ ਸਮੁੱਚਾ ਸਟਾਫ਼ ਅਤੇ ਪਿੰਡ ਦੇ ਪਤਵੰਤੇ ਆਦਿ ਹਾਜ਼ਰ ਸਨ।

# ਡਾ. ਸੰਦੀਪ ਦੂਆ ਜੀਐੱਨਡੀਯੂ ਦੇ ਮੁੱਖ ਵਿਜੀਲੈਂਸ ਅਫਸਰ ਨਿਯੁਕਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਆਰਕੀਟੈਕਚਰ ਵਿਭਾਗ ਦੇ ਪ੍ਰੋਫੈਸਰ ਡਾ. ਸੰਦੀਪ ਦੂਆ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਮੁੱਖ ਵਿਜੀਲੈਂਸ ਅਫਸਰ ਨਿਯੁਕਤ ਕੀਤਾ ਗਿਆ ਹੈ ।ਉਨ੍ਹਾਂ ਨੇ ਰਜਿਸਟਰਾਰ ਪ੍ਰੋ. ਕੇ. ਐੱਸ. ਚਾਹਲ, ਵਾਈਸ ਚਾਂਸਲਰ ਦੇ ਓਐੱਸਡੀ ਹਰਿਕਬਾਲ ਸਿੰਘ, ਵਾਈਸ ਚਾਂਸਲਰ ਦੇ ਓਐੱਸਡੀ ਪਰਮਿੰਦਰ ਸਿੰਘ ਦੀ ਹਾਜ਼ਰੀ ਵਿਚ ਮੁੱਖ ਵਿਜੀਲੈਂਸ ਅਫਸਰ ਦਾ ਵਾਧੂ ਚਾਰਜ ਸੰਭਾਲਿਆ। ਯੂਨੀਵਰਸਿਟੀ ਆਰਕੀਟੈਕਚਰ ਵਿਭਾਗ ਦੇ ਗਰੈਜੂਏਟ ਡਾ. ਸੰਦੀਪ ਦੂਆ ਨੇ ਸਕੂਲ ਆਫ਼ ਆਰਕੀਟੈਕਚਰ, ਸੀਈਪੀਟੀ ਅਹਿਮਦਾਬਾਦ ਤੋਂ ਪੋਸਟ ਗ੍ਰੈਜੂਏਸ਼ਨ ਕੀਤੀ।ਉਨ੍ਹਾਂ ਆਰਕੀਟੈਕਚਰ ਅਤੇ ਯੋਜਨਾਬੰਦੀ ਵਿਭਾਗ, ਆਈਆਈਟੀ ਰੁੜਕੀ ਤੋਂ ਆਰਕੀਟੈਕਚਰ ਵਿੱਚ ਪੀਐੱਚ.ਡੀ. ਕੀਤੀ। ਸਾਲ 1994 ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਲੈਕਚਰਾਰ ਵਜੋਂ ਜੁਆਇਨ ਹੋਏ ਡਾ. ਦੂਆ ਪ੍ਰੋਫੈਸਰ ਦਾ ਅਹੁਦਾ ਸੰਭਾਲਣ ਤੋਂ ਇਲਾਵਾ ਉਨ੍ਹਾਂ ਵਿਭਾਗ ਦੇ ਮੁਖੀ ਅਤੇ ਡੀਨ ਫੈਕਲਟੀ ਆਫ਼ ਫਿਜ਼ੀਕਲ ਪਲੈਨਿੰਗ ਐਂਡ ਆਰਕੀਟੈਕਚਰ ਵਜੋਂ ਵੀ ਸੇਵਾ ਨਿਭਾਈ। ਵੱਖ- ਵੱਖ ਖੋਜਾਰਥੀਆਂ ਨੂੰ ਪੀ. ਐੱਚਡੀ. ਕਰਵਾ ਚੁੱਕੇ ਡਾ. ਦੂਆ ਦੀਆਂ ਪ੍ਰਕਾਸ਼ਨਾਵਾਂ ਅਹਿਮ ਖੋਜ ਜਰਨਲਾਂ ਵਿਚ ਛਪ ਚੁੱਕੀਆਂ ਹਨ।ਉਹ ਵੱਖ-ਵੱਖ ਰਾਸ਼ਟਰੀ ਪੱਧਰੀ ਕਮੇਟੀਆਂ ਦੇ ਸਰਗਰਮ ਮੈਂਬਰ ਵੀ ਹਨ।

# ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਲਈ ਛਾਪੇਮਾਰੀ ਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂਆਂ ਦੀ ਗ੍ਰਿਫਤਾਰੀ ਦੀ ਨਿਖੇਧੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਕਨਵੀਨਰ ਡਾ. ਪਰਮਿੰਦਰ ਅਤੇ ਸੂਬਾ ਕਮੇਟੀ ਆਗੂਆਂ ਯਸ਼ਪਾਲ ਝਬਾਲ, ਐਡਵੋਕੇਟ ਅਮਰਜੀਤ ਬਾਈ ਅਤੇ ਸੁਮੀਤ ਅੰਮ੍ਰਿਤਸਰ ਨੇ ਪ੍ਰੈੱਸ ਬਿਆਨ ਜਾਰੀ ਕਰਕੇ ਕਿਹਾ ਕਿ 20 ਮਈ ਨੂੰ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਜ਼ਿਲ੍ਹਾ ਸੰਗਰੂਰ ਵਿਚ ਆਯੋਜਤ ਕੀਤੇ ਜਾਣ ਵਾਲੇ ਬੇਗਮਪੁਰਾ ਵਸਾਓ ਪ੍ਰੋਗਰਾਮ ਨੂੰ ਅਸਫ਼ਲ ਬਣਾਉਣ ਲਈ ਭਗਵੰਤ ਮਾਨ ਸਰਕਾਰ ਵੱਲੋਂ ਸੰਘਰਸ਼ ਕਮੇਟੀ ਦੇ ਆਗੂਆਂ ਦੇ ਘਰਾਂ ਵਿਚ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਇਸੇ ਲੜੀ ਤਹਿਤ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂਆਂ ਤਰਸੇਮ ਪੀਟਰ ਅਤੇ ਹੰਸ ਰਾਜ ਪੱਬਵਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਅਜਿਹਾ ਜਬਰ ਜਥੇਬੰਦੀ ਦੇ ਜਮਹੂਰੀ ਹੱਕ ਉਪਰ ਹਕੂਮਤ ਦਾ ਤਾਨਾਸ਼ਾਹ ਹਮਲਾ ਹੈ ਜਿਸਦਾ ਡੱਟ ਕੇ ਵਿਰੋਧ ਕਰਨਾ ਜ਼ਰੂਰੀ ਹੈ।ਜਮਹੂਰੀ ਆਗੂਆਂ ਨੇ ਕਿਹਾ ਕਿ ਕਿਸਾਨ, ਮਜ਼ਦੂਰ ਅਤੇ ਸਮਾਜ ਦੇ ਕਿਸੇ ਵੀ ਹੋਰ ਮਿਹਨਤਕਸ਼ ਹਿੱਸੇ ਦਾ ਆਪਣੇ ਹੱਕਾਂ ਲਈ ਸੰਘਰਸ਼ ਇਸ ਸਰਕਾਰ ਦੇ ਉਸੇ ਤਰ੍ਹਾਂ ਨਿਸ਼ਾਨੇ ਤੇ ਹੈ ਜਿਵੇਂ ਕੇਂਦਰ ਵਿਚ ਸੱਤਾਧਾਰੀ ਭਗਵਾ ਹਕੂਮਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਲੋਕ ਸੰਘਰਸ਼ਾਂ ਨੂੰ



ਪੁਲਿਸ ਅਤੇ ਫ਼ੌਜੀ ਤਾਕਤ ਨਾਲ ਕੁਚਲ ਰਹੀ ਹੈ ਅਤੇ ਪਿਛਲੇ ਸਮੇਂ ਤੋਂ ਆਦਿਵਾਸੀ ਇਲਾਕਿਆਂ ਵਿਚ ਲੋਕ ਸੰਘਰਸ਼ਾਂ ਨੂੰ ਕੁਚਲਣ ਲਈ ਆਦਿਵਾਸੀਆਂ ਦਾ ਲਗਾਤਾਰ ਕਤਲੇਆਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ ਦੇ ਨਕਸ਼ੇ-ਕਦਮਾਂ 'ਤੇ ਕਿਸਾਨ ਜਥੇਬੰਦੀਆਂ ਅਤੇ ਹੋਰ ਸੰਘਰਸ਼ਸ਼ੀਲ ਲੋਕ ਹਿੱਸਿਆਂ ਨੂੰ ਦਹਿਸ਼ਤਜ਼ਦਾ ਕਰਕੇ ਹੱਕੀ ਸੰਘਰਸ਼ਾਂ ਨੂੰ ਦਬਾਉਣ ਲਈ ਸੂਬੇ ਨੂੰ ਪੁਲਸ ਰਾਜ ਵਿਚ ਬਦਲਿਆ ਗਿਆ ਹੈ।ਹਕੂਮਤ ਵੱਲੋਂ ਇਸ ਜਾਬਰ ਹੱਲੇ ਦਾ ਨਿਸ਼ਾਨਾ ਹੁਣ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਤੇ ਭਰਾਤਰੀ ਮਜ਼ਦੂਰ ਜਥੇਬੰਦੀ ਨੂੰ ਬਣਾਉਣ ਦੇ ਮੱਦੇਨਜ਼ਰ ਪੰਜਾਬ ਦੀਆਂ ਸਮੂਹ ਇਨਸਾਫ਼ਪਸੰਦ ਜਮਹੂਰੀ ਤਾਕਤਾਂ ਸਿਰ ਇਹ ਵੱਡੀ ਜ਼ਿੰਮੇਵਾਰੀ ਹੈ ਕਿ ਉਹ ਇਸ ਬੁਨਿਆਦੀ ਹੱਕ ਦੀ ਰਾਖੀ ਦੇ ਸਵਾਲ ਨੂੰ ਹੋਰ ਵੀ ਗੰਭੀਰਤਾ ਨਾਲ ਮੁਖ਼ਾਤਿਬ ਹੋਣ।ਉਨ੍ਹਾਂ ਸਮੂਹ ਲੋਕ ਪੱਖੀ ਜਨਤਕ ਜਮਹੂਰੀ ਜੱਥੇਬੰਦੀਆਂ ਨੂੰ ਅਪੀਲ ਕੀਤੀ ਕਿ ਇਸ ਜਾਬਰ ਹੱਲੇ ਦਾ ਮੁਕਾਬਲਾ ਇਕਜੁੱਟ ਹੋ ਕੇ ਕੀਤਾ ਜਾਵੇ ਅਤੇ ਜਿੱਥੇ ਕਿਤੇ ਵੀ ਕਿਸਾਨ, ਮਜ਼ਦੂਰ, ਮੁਲਾਜ਼ਮ ਜਾਂ ਕਿਸੇ ਹੋਰ ਜਥੇਬੰਦੀਆਂ ਨੂੰ ਪੁਲਸ ਰਾਜ ਵੱਲੋਂ ਦਬਾਇਆ ਜਾ ਰਿਹਾ ਹੈ, ਉਨ੍ਹਾਂ ਨਾਲ ਆਪਣੀ ਸਾਂਝ ਅਤੇ ਇਕਮੁੱਠਤਾ ਪ੍ਰਗਟਾਉਣ ਲਈ ਧੜੱਲੇ ਨਾਲ ਅੱਗੇ ਆਇਆ ਜਾਵੇ।

# ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਨੈਸ਼ਨਲ ਕਾਂਗਰਸ ਸੰਬੰਧੀ ਮੀਟਿੰਗ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਬਲਾਕ ਤਰਸਿੱਕਾ ਦੀ ਮੀਟਿੰਗ ਮਾਸਟਰ ਅਜਾਇਬ ਸਿੰਘ ਮਹਿਤਾ ਸਾਬਕਾ ਸਰਪੰਚ ਦੀ ਪ੍ਰਧਾਨਗੀ ਹੇਠ ਅੱਡਾ ਖਜਾਲਾ ਦੇ ਲੰਗਰ ਹਾਲ ਵਿਖੇ ਹੋਈ। ਮੀਟਿੰਗ ਵਿੱਚ ਬਲਾਕ ਸਕੱਤਰ ਕਾ. ਮੰਗਲ ਸਿੰਘ ਖਜਾਲਾ ਨੇ ਪਿਛਲੇ ਦਿਨੀਂ ਪਹਿਲਗਾਮ ਵਿਖੇ



ਅੱਤਵਾਦੀਆਂ ਹੱਥੋਂ ਸ਼ਹੀਦ ਹੋਏ ਅਤੇ ਜੰਗ ਦਰਮਿਆਨ ਸ਼ਹੀਦ ਹੋਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਮਤਾ ਪੇਸ਼ ਕੀਤਾ।ਇਸ ਸਮੇਂ ਹਾਜ਼ਰ ਸਾਥੀਆਂ ਨੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ।

ਮੀਟਿੰਗ ਨੂੰ ਜ਼ਿਲ੍ਹਾ ਸਕੱਤਰ ਕਾ: ਲਖਬੀਰ ਸਿੰਘ ਨਿਜ਼ਾਮਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਿਆਂ ਵਿਰੁੱਧ ਮੁਹਿੰਮ ਦਾ ਪਾਜ਼ ਪਿਛਲੇ ਦਿਨੀਂ ਮਜੀਠਾ ਹਲਕੇ ਅੰਦਰ ਨਕਲੀ ਸ਼ਰਾਬ ਪੀਣ ਨਾਲ ਹੋਈਆਂ 25 ਦੇ ਕਰੀਬ ਮੌਤਾਂ ਨੇ ਖੋਲ੍ਹ ਦਿੱਤਾ ਹੈ।ਉਨ੍ਹਾਂ ਨੇ ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਨੈਸ਼ਨਲ ਕਾਂਗਰਸ ਜੋ 21 ਸਤੰਬਰ ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋਣੀ ਹੈ, ਦੀ ਕਾਮਯਾਬੀ ਵਾਸਤੇ ਸਾਰੇ ਸਾਥੀਆਂ ਨੂੰ ਲੋਕਾਂ ਦਾ ਸਹਿਯੋਗ ਹਾਸਲ ਕਰਨ ਲਈ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਕਰਨ ਦੀ ਅਪੀਲ ਕੀਤੀ।ਆਗੂਆਂ ਵੱਲੋਂ ਪਾਰਟੀ ਸਾਥੀਆਂ ਹਮਦਰਦਾਂ ਅਤੇ ਹੋਰ ਮਿਹਨਤਕਸ਼ ਲੋਕਾਂ ਨੂੰ ਇਸ ਕਾਨਫਰੰਸ ਦੀ ਕਾਮਯਾਬੀ ਵਾਸਤੇ ਵੱਧ ਤੋਂ ਵੱਧ ਆਰਥਿਕ ਸਹਾਇਤਾ ਕਰਨ ਦੀ ਅਪੀਲ ਕੀਤੀ।ਅੱਜ ਦੀ ਮੀਟਿੰਗ ਵਿੱਚ ਸਾਥੀ ਨਿੰਦਰ ਸਿੰਘ ਸੋਹੀਲੇ, ਬਲਕਾਰ ਸਿੰਘ , ਜਗਰੂਪ ਸਿੰਘ ਦਸਮੇਸ਼ ਨਗਰ, ਹਰਬੰਸ ਸਿੰਘ ਮਹਿਤਾ, ਸਲੱਖਣ ਸਿੰਘ, ਮੁਖਤਾਰ ਸਿੰਘ ਧਰਮੂਚੱਕ, ਅਮਰਜੀਤ ਸਿੰਘ ਸਿੰਘ ਸਾਬਕਾ ਸਰਪੰਚ ਚਾਟੀਵਿੰਡ, ਬਾਬਾ ਸੁੱਚਾ ਸਿੰਘ ਚੋਗਾਵਾਂ, ਸੋਹਣ ਸਿੰਘ, ਬਲਵਿੰਦਰ ਸਿੰਘ ਮੀਰਾਂ ਚੱਕ, ਕੁਲਦੀਪ ਸਿੰਘ ਹਨੇਰੀ ਬੱਗਾ ਬਲਵਿੰਦਰ ਸਿੰਘ ਮਾਲੋਵਾਲ, ਬੱਬੂ ਅਤੇ ਸੁਖਬੀਰ ਸਿੰਘ ਉਸਮਾ ਹਾਜ਼ਰ ਹੋਏ।

# ਅਮਰੀਕਨ ਆਇਲ ਕੈਮਿਸਟਸ ਸੋਸਾਇਟੀ ਵੱਲੋਂ ਇੰਜ. ਕਰਨਦੀਪ ਸਿੰਘ ਸੋਢੀ ਦਾ ਸਨਮਾਨ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਇੰਜੀਨੀਅਰ ਕਰਨਦੀਪ ਸਿੰਘ ਸੋਢੀ ਨੂੰ ਪੋਰਟਲੈਂਡ, ਓਰੇਗਨ, ਅਮਰੀਕਾ ਵਿਖੇ ਅਮਰੀਕਨ ਆਇਲ ਕੈਮਿਸਟਸ ਸੋਸਾਇਟੀ (ਏਓਸੀਐੱਸ) ਦੀ ਸਾਲਾਨਾ ਮੀਟਿੰਗ ਅਤੇ ਐਕਸਪੋ 2025 ਵਿੱਚ ਆਪਣਾ ਖੋਜ ਕਾਰਜ ਪੇਸ਼ ਕਰਨ ਲਈ ਕੈਨੇਡੀਅਨ ਸੈਕਸ਼ਨ ਸਟੂਡੈਂਟ ਸਪੋਰਟ ਗ੍ਰਾਂਟ' ਨਾਲ ਸਨਮਾਨਿਤ ਕੀਤਾ ਗਿਆ ਹੈ।

# ਕਿਸਾਨ, ਮਜ਼ਦੂਰ ਤੇ ਮੁਲਾਜ਼ਮ ਆਗੂ ਸਾਥੀ ਦਰਸ਼ਨ ਸਿੰਘ ਨਹੀਂ ਰਹੇ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਕਿਸਾਨ ਮਜ਼ਦੂਰ ਮੁਲਾਜ਼ਮ ਆਗੂ ਸਾਥੀ ਦਰਸ਼ਨ ਸਿੰਘ ਨਹੀਂ ਰਹੇ।ਉਹ ਬਹੁਤ ਲੰਬਾ ਸਮਾਂ ਗੌਰਮਿੰਟ ਟੀਚਰ ਯੂਨੀਅਨ ਦੇ ਬਲਾਕ ਕਲਾਨੌਰ ਦੇ ਪ੍ਰਧਾਨ ਅਤੇ ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਜ਼ਿਲ੍ਹਾ ਆਗੂ ਰਹੇ ਅਤੇ ਜੋ ਸੇਵਾ ਮੁਕਤੀ ਦੇ ਬਾਅਦ ਬਾਰਡਰ ਏਰੀਆ ਸੰਘਰਸ਼ ਕਮੇਟੀ ਸਬੰਧਤ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਵਜੋਂ ਸੇਵਾਵਾਂ ਨਿਭਾ ਰਹੇ ਸਨ।ਉਹ 18 ਮਈ ਨੂੰ ਸਦੀਵੀ ਵਿਛੋੜਾ ਦੇ ਗਏ।ਉਹ ਇਸ ਵਕਤ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੇ ਜ਼ਿਲ੍ਹਾ ਆਗੂ ਵੀ ਸਨ।ਉਨ੍ਹਾਂ ਦੇ ਦੋ ਪੁੱਤਰ ਮਨਜੀਤ ਸਿੰਘ ਅਤੇ ਜਗਜੀਤ ਸਿੰਘ ਸਰਕਾਰੀ ਸਕੂਲਾਂ ਵਿੱਚ ਅਧਿਆਪਕ ਰਹੇ।ਉਨ੍ਹਾਂ ਦੇ ਅੰਤਿਮ ਸੰਸਕਾਰ ਮੌਕੇ ਰਘਬੀਰ ਸਿੰਘ ਪਕੀਵਾਂ, ਮੱਖਣ ਸਿੰਘ ਕੁਹਾੜ, ਸ਼ਿਵ ਕੁਮਾਰ, ਧਿਆਨ ਸਿੰਘ ਠਾਕੁਰ, ਹਰਵਿੰਦਰ ਸਿੰਘ ਰੰਧਾਵਾ, ਕਿਸਾਨ ਆਗੂ ਹਰਜੀਤ ਸਿੰਘ ਕਾਹਲੋਂ, ਜਗੀਰ ਸਿੰਘ ਸਲਾਚ, ਅਜੀਤ ਸਿੰਘ ਹੁੰਦਲ, ਬਲਜੀਤ ਸਿੰਘ, ਵੀਰ ਸਿੰਘ ਕਲਾਨੌਰ, ਜਸਵੰਤ ਸਿੰਘ



ਬੁੱਟਰ, ਮੁਲਾਜ਼ਮ ਆਗੂ ਕੁਲਦੀਪ ਸਿੰਘ ਪੁਰੇਵਾਲ, ਗੁਰਪ੍ਰੀਤ ਸਿੰਘ ਰੰਗੀਲਪੁਰ, ਮੰਗਲ ਦੀਪ, ਅਮਰੀਕ ਸਿੰਘ ਨੰਗਲ ਡਾਲਾ ਅਤੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਅਧਿਆਪਕਾਂ ਦੀਆਂ ਜਥੇਬੰਦੀਆਂ ਦੇ ਆਗੂ ਬਹੁਤ ਵੱਡੀ ਗਿਣਤੀ ਵਿੱਚ ਸ਼ਾਮਿਲ ਸਨ।ਆਗੂਆਂ ਕਿਹਾ ਕਿ ਸਾਥੀ ਦਰਸ਼ਨ ਸਿੰਘ ਦੇ ਸਦੀਵੀ ਵਿਛੋੜੇ ਨਾਲ ਹਾਕਮਾਂ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ ਲੜ ਰਹੀਆਂ ਜਥੇਬੰਦੀਆਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ।ਉਹ ਐਸੇ ਸਾਥੀ ਸਨ ਜੋ ਰਾਤ ਦਿਨ ਭੁੱਖੇ ਪਿਆਸੇ ਲਗਾਤਾਰ ਲੋਕਾਂ ਦੇ ਦੁੱਖਾਂ ਵਿੱਚ ਸ਼ਾਮਿਲ ਹੋਕੇ ਉਨ੍ਹਾਂ ਦੇ ਸਹਾਈ ਹੁੰਦੇ ਅਤੇ ਜਮਹੂਰੀ ਲਹਿਰ ਲਈ ਕੰਮ ਕਰਦੇ ਰਹਿੰਦੇ ਸਨ ।ਉਹ ਜਿੱਥੇ ਇੱਕ ਵਧੀਆ ਆਗੂ ਸਨ ਉਥੇ ਉਹ ਇਕ ਵਧੀਆ ਅਧਿਆਪਕ ਵੀ ਸਨ।ਉਹ ਕੁਝ ਸਮੇਂ ਤੋਂ ਬਿਮਾਰ ਚਲੇ ਆ ਰਹੇ ਸਨ।

# ਕਮਾਂਡਿੰਗ ਅਫ਼ਸਰ ਸੀਡੀਆਰ ਐੱਨ. ਨਿਸ਼ਾਂਤ ਵੱਲੋਂ ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦਾ ਦੌਰਾ



ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ ਵਿੱਚ ਇੱਕ ਨੇਵਲ ਐਨਸੀਸੀ ਰੈਜੀਡੈਂਸ਼ੀਅਲ ਕੈਂਪ ਲਗਾਣ ਦਾ ਪ੍ਰੋਗਰਾਮ ਹੈ, ਜਿਸ ਨੂੰ 2 ਪੀਬੀ ਨੇਵਲ ਯੂਨਿਟ ਐਨਸੀਸੀ, ਅੰਮ੍ਰਿਤਸਰ ਦੁਆਰਾ ਆਰਗੇਨਾਈਜ਼ ਕੀਤਾ ਜਾਵੇਗਾ।ਇਹ ਕੈਂਪ ਜੂਨ 'ਚ ਲੱਗੇਗਾ। ਹਾਲ ਹੀ ਵਿੱਚ ਕਮਾਂਡਿੰਗ ਅਫ਼ਸਰ ਸੀਡੀਆਰ ਐੱਨ. ਨਿਸ਼ਾਂਤ ਦੁਆਰਾ ਤਿੰਨ ਦਿਨਾ ਨਿਰੀਖਣ ਯਾਤਰਾ ਕੀਤੀ ਗਈ, ਜਿਸ ਵਿੱਚ ਉਨ੍ਹਾਂ ਨੇ ਖੁਦ ਸਕੂਲ ਦੀ ਬੁਨਿਆਦੀ ਬਣਤਰ, ਰਿਹਾਇਸ਼ੀ ਸਹੂਲਤਾਂ ਅਤੇ ਆਸ-ਪਾਸ ਦੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਐੱਨ. ਨਿਸ਼ਾਂਤ ਨੇ ਸਕੂਲ ਦੀਆਂ ਤਿਆਰੀਆਂ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਪ੍ਰਬੰਧਨ ਦੀ ਸਰਾਹਨਾ ਕੀਤੀ।ਇਸ ਮੌਕੇ ਸੀਡੀਆਰ ਐੱਨ. ਨਿਸ਼ਾਂਤ ਅਤੇ ਸਕੂਲ ਪ੍ਰਬੰਧਨ ਨੇ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਆਦਿੱਤਿਯ ਉਪਲ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੇ ਨਿਰੰਤਰ ਮਾਰਗਦਰਸ਼ਨ ਅਤੇ ਸਹਿਯੋਗ ਲਈ ਦਿਲੋਂ ਧੰਨਵਾਦ ਕੀਤਾ।ਇਸ ਦੇ ਇਲਾਵਾ ਉਨ੍ਹਾਂ ਨੇ ਰਣਜੀਤ ਸਾਗਰ ਡੈਮ ਅਤੇ ਚਮਰੋੜ ਖੇਤਰ ਦਾ ਵੀ ਦੌਰਾ ਕੀਤਾ ਅਤੇ ਈ. ਵੀਰੇਂਦਰ ਸਿੰਘ, ਮੁੱਖ ਇੰਜੀਨੀਅਰ, ਆਰਐੱਸਡੀ ਡੈਮ ਪ੍ਰੋਜੈਕਟ ਦਾ ਯੋਜਨਾ ਨਿਰਮਾਣ ਦੌਰਾਨ ਸਹਿਯੋਗ ਅਤੇ ਸਹਾਇਤਾ ਲਈ ਧੰਨਵਾਦ ਪ੍ਰਗਟ ਕੀਤਾ।ਇਸ ਮੌਕੇ ਸੋਨੀ ਮਹਾਜਨ ਨਿਰਦੇਸ਼ਕ ਪ੍ਰਤਾਪ ਵਰਲਡ ਸਕੂਲ ਨੇ ਕਿਹਾ ਕਿ ਨੇਵਲ ਐਨਸੀਸੀ ਵਿੱਚ ਸਹਿਯੋਗ ਕਰਨਾ ਸਾਡੇ ਲਈ ਮਾਣ ਦੀ ਗੱਲ ਹੈ।ਇਸ ਨੇਵਲ ਕੈਂਪ ਦੀ ਮੇਜ਼ਬਾਨੀ ਸਾਡੇ ਨੌਜਵਾਨਾਂ ਦੇ ਵਿਕਾਸ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ।

# ਐੱਸ. ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ 100% ਰਿਹਾ

ਚੋਹਲਾ ਸਾਹਿਬ (ਰਮਨ ਚੱਢਾ)-ਸੀਬੀਐੱਸਈ ਵੱਲੋਂ ਐਲਾਨੇ ਦਸਵੀਂ ਸ਼੍ਰੇਣੀ ਦੇ ਨਤੀਜਿਆਂ ਵਿੱਚ ਇਲਾਕੇ ਦੀ ਨਾਮਵਰ ਵਿਦਿਆਕ ਸੰਸਥਾ ਐੱਸ. ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀ ਵਲਾਹ ਨੇ 100 ਪ੍ਰਤੀਸ਼ਤ ਨਤੀਜੇ ਹਾਸਲ ਕੀਤੇ। ਕੋਮਲਪ੍ਰੀਤ ਕੌਰ ਪਹਿਲੇ, ਪ੍ਰਭਦੀਪ ਕੌਰ ਦੂਜੇ ਅਤੇ ਗੁਰਲੀਨ ਕੌਰ ਨੇ ਸਕੂਲ ਵਿੱਚੋਂ ਤੀਜੇ ਸਥਾਨ 'ਤੇ ਰਹਿ ਕੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗੁਲਵਿੰਦਰ ਸਿੰਘ ਸੰਧੂ, ਪ੍ਰਿੰ. ਮੈਡਮ ਨਵਦੀਪ ਕੌਰ ਸੰਧੂ ਨੇ



ਮੈਰਿਟ ਵਿੱਚ ਰਹਿਣ ਵਾਲੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਾਨੂੰ ਬੱਚਿਆਂ ਦੇ ਨਤੀਜਿਆਂ ਤੋਂ ਬਹੁਤ ਖੁਸ਼ੀ ਹੁੰਦੀ ਹੈ ਅਤੇ ਬੱਚਿਆਂ ਦੇ ਬਿਹਤਰੀਨ ਭਵਿੱਖ ਲਈ ਹੋਰ ਵੀ ਨਵੇ ਉਪਰਾਲੇ ਕਰਨ ਲਈ ਉਤਸ਼ਾਹ ਮਿਲਦਾ ਹੈ।ਇਹ ਸਾਰੀ ਕਾਮਯਾਬੀ ਦਾ ਸਿਹਰਾ ਉਨ੍ਹਾਂ ਆਪਣੇ ਮਿਹਨਤੀ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਦਿੱਤਾ ਜਿਨ੍ਹਾਂ ਨੇ ਚੰਗੇ ਨਤੀਜੇ ਲਿਆਉਣ ਲਈ ਪੂਰੀ ਮਿਹਨਤ ਕੀਤੀ ਹੈ ਅਤੇ ਭਵਿੱਖ ਵਿੱਚ ਅੱਗੇ ਵੀ ਇਹ ਮਿਹਨਤ ਜਾਰੀ ਰਹੇਗੀ।

# ਕਾਮਰੇਡ ਦੀਪਕ ਧਵਨ ਅਤੇ ਵਿੱਛੜੇ ਸਾਥੀਆਂ ਦੀ ਬਰਸੀ ਮਨਾਈ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋ ਦੇਸ਼ ਦੀ ਏਕਤਾ ਖੰਡਤਾ ਦੀ ਰੱਖੀ ਕਰਦਿਆਂ ਸ਼ਹੀਦ ਹੋਏ ਕਾਮਰੇਡ ਦੀਪਕ ਧਵਨ, ਡਾਕਟਰ ਅਵਤਾਰ ਸਿੰਘ ਚੁਤਾਲਾ, ਗੁਰਪ੍ਰਤਾਪ ਸਿੰਘ ਜਾਮਾਰਾਏ, ਸੁੱਚਾ ਸਿੰਘ ਨਾਰਲਾ, ਜਗੀਰ ਸਿੰਘ ਧਾਰੜ, ਬਲਕਾਰ ਸਿੰਘ ਧਾਰੜ, ਸੁੱਖਵਿੰਦਰ ਸਿੰਘ ਭਿੱਖੀਵਿੰਡ, ਜਗਵਿੰਦਰ ਸਿੰਘ ਚੇਲਾ ਅਤੇ ਕੁਦਰਤੀ ਮੌਤ ਨਾਲ ਪਿਛਲੇ ਸਮੇਂ ਦੌਰਾਨ ਵਿੱਛੜ ਚੁੱਕੇ ਸਾਥੀਆਂ ਦੀ ਸਾਲਾਨਾ ਬਰਸੀ ਬੱਸ ਅੱਡਾ ਤਰਨ ਤਾਰਨ ਨਜ਼ਦੀਕ ਮਨਾਈ ਗਈ ਜਿਸ ਦੀ ਪ੍ਰਧਾਨਗੀ ਚਮਨ ਲਾਲ ਦਰਾਜਕੇ, ਬਲਦੇਵ ਸਿੰਘ ਪੰਡੋਰੀ, ਸੁਲੱਖਣ ਸਿੰਘ ਤੁੜ, ਧਰਮ ਸਿੰਘ ਪੱਟੀ ਨੇ ਕੀਤੀ ਇਸ ਮੌਕੇ ਵੱਡੀ ਗਿਣਤੀ ਵਿਚ ਔਰਤਾਂ ਸ਼ਾਮਲ ਹੋਈਆਂ। ਇਸ ਮੌਕੇ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਧਾਰਮਿਕ ਕੱਟੜਤਾ ਅਤੇ ਫਿਰਕੂ ਰੰਗ ਵਿੱਚ ਰੰਗੀ ਦਹਿਸ਼ਤਗਰਦੀ ਨੇ ਹਮੇਸ਼ਾ ਬੇਗੁਨਾਹ ਲੋਕਾਂ ਦਾ ਖੂਨ ਵਹਾਇਆ ਹੈ। ਸਾਥੀ ਦੀਪਕ ਧਵਨ ਅਤੇ ਸਾਥੀਆਂ ਨੇ ਸੱਚ ਦੀ ਆਵਾਜ਼ ਨੂੰ ਬਲੰਦ ਕਰਦਿਆਂ ਭਾਈਚਾਰਕ ਸਾਂਝ ਲਈ ਕੁਰਬਾਨੀਆਂ ਦਿੱਤੀਆਂ। ਉਨ੍ਹਾਂ ਕਿਹਾ ਕੇ ਗੁਰੂ ਤੇਗ ਬਹਾਦਰ ਜੀ ਦੇ ਦਰਸਾਏ ਰਾਹ ਤੇ ਚੱਲਣ ਦਾ ਯਤਨ ਕੀਤਾ। ਸਾਥੀ ਪਾਸਲਾ ਨੇ ਕਿਹਾ ਕਿ ਉਹ ਸਮਾਜ ਵਿੱਚ ਨਾ ਬਰਾਬਰੀ, ਜਾਤੀ ਪਾਤੀ ਵੰਡ ਅਤੇ ਕਿਰਤੀਆਂ, ਕਿਸਾਨਾਂ ਦੇ ਹੱਕਾਂ ਲਈ ਆਖਰੀ ਦਮ ਤੱਕ ਲੜੇ ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੇਸ਼ ਅੰਦਰ ਆਰਐੱਸਐੱਸ ਦੇ ਕੱਟੜ ਹਿੰਦੂ ਰਾਸ਼ਟਰ



ਬਣਾਉਣ ਦੇ ਨਿਸ਼ਾਨੇ ਲਈ ਕੰਮ ਕਰ ਰਹੀ ਹੈ ਅਤੇ ਦੇਸ਼ ਦੇ ਸਵਿਧਾਨ ਨੂੰ ਬਦਲ ਕੇ ਮੰਨੂਵਾਦੀ ਵਿਵਸਥਾ ਲਾਗੂ ਕਰਨਾ ਚਹੁੰਦੀ ਹੈ। ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵਰਤ ਕੇ ਰਾਜ ਸੱਤਾ ਦੀ ਪਰਾਪਤੀ ਨਾਲ ਦੇਸ਼ ਦਾ ਸਰਮਾਇਆ ਅਤੇ ਕੁਦਰਤੀ ਸਰੋਤ ਦੇਸੀ ਵਿਦੇਸ਼ੀ ਕਾਰਪੋਰੇਟਾਂ ਹਵਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕਾਂ ਨੂੰ ਰੋਜ਼ਗਾਰ, ਤਰੱਕੀ ਅਤੇ ਭਾਈਚਾਰਕ ਸਾਂਝ ਦੀ ਲੋੜ ਹੈ ਨਾ ਕਿ ਜੰਗ ਜਾਂ ਜੰਗੀ ਮਹੌਲ ਦੀ, ਜੰਗ ਕਿਸੇ ਵੀ ਮਸਲੇ ਦਾ ਹੱਲ ਨਹੀਂ ਸਗੋਂ ਨਵੇਂ ਮਸਲੇ ਪੈਦਾ ਕਰਦੀ ਹੈ। ਉਨ੍ਹਾਂ ਅਮਨ ਅਤੇ ਭਾਈਚਾਰੇ ਲਈ ਕੰਮ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ, ਸੂਬਾ ਪ੍ਰਧਾਨ ਰਤਨ ਸਿੰਘ ਰੰਧਾਵਾ ਨੇ ਕਿਹਾ ਕੇ ਹਾਕਮ ਜਮਾਤ ਦੀਆਂ ਸਰਮਾਏਦਾਰ ਪਾਰਟੀਆਂ ਪੰਜਾਬ ਦੇ ਪਾਣੀਆਂ ਦੇ ਮੁੱਦੇ ਤੇ ਸੌੜੀ ਰਾਜਨੀਤੀ ਕਰਦੀਆਂ ਆਈਆਂ ਹਨ. ਪੰਜਾਬ ਦੇ ਪਾਣੀਆਂ ਦੇ ਸਰੋਤਾਂ ਦੀ ਸਾਭ ਸੰਭਾਲ ਕਰਨ ਅਤੇ ਅੰਤਰਰਾਜੀ ਮਸਲਿਆਂ ਤੇ ਪੰਜਾਬ ਦੇ ਹਿੱਤਾ ਦੀ ਰਾਖੀ ਕਰਨ ਵਿੱਚ ਨਕਾਮ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕੁਦਰਤ ਨੇ ਪੰਜਾਬ ਨੂੰ ਦਰਿਆਵਾਂ, ਨਾਲਿਆਂ ਅਤੇ ਧਰਤੀ ਹੇਠਲੇ ਪਾਣੀ ਦੇ ਭੰਡਾਰਾ ਨਾਲ ਨਿਵਾਜਿਆ ਪਰੰਤੂ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਧਿਆਨ ਨਹੀਂ ਦਿੱਤਾ। ਬਰਸਾਤ ਦੇ ਪਾਣੀ ਨੂੰ ਸਾਂਭਣ ਦਾ ਹੁਣ ਤੱਕ ਕੋਈ ਪਰਬੰਧ ਨਹੀਂ ਹੈ। ਪੰਜਾਬ ਦੇ ਹਿੱਸੇ ਦਾ ਪਾਣੀ ਵਰਤਣ ਲਈ ਨਹਿਰੀ ਪਰਬੰਧ ਦਾ ਢਾਂਚਾ ਤਬਾਹ ਹੋਇਆ ਹੈ ਜਿਸ ਨੂੰ ਮੁੜ ਉਸਾਰਨ ਅਤੇ ਨਵਿਆਉਣ ਦੀ ਲੋੜ ਹੈ। ਡਾਕਟਰ ਵਿਆਪਕ ਧਵਨ, ਦਲਜੀਤ ਸਿੰਘ ਦਿਆਲਪੁਰ, ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੈਲੋਕੇ, ਦਾਰਾ ਸਿੰਘ ਮੁੰਡਾ ਪਿੰਡ, ਜਸਬੀਰ ਸਿੰਘ ਵੈਰੋਵਾਲ, ਭਜਨ ਸਿੰਘ, ਜਗੀਰ ਸਿੰਘ ਗੰਡਿਵਿੰਡ, ਨਰਿੰਦਰ ਕੌਰ ਪੱਟੀ ਨੇ ਸੰਬੋਧਨ ਕੀਤ। ਸਟੇਜ ਦੇ ਫਰਜ਼ ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲ੍ਹਾ ਨੇ ਨਿਭਾਏ।

# ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਝੋਨੇ ਦੀ ਸਿੱਧੀ ਤਕਨੀਕ ਅਪਨਾਉਣ ਦੀ ਜ਼ਰੂਰਤ: ਮੁੱਖ ਖੇਤੀਬਾੜੀ ਅਫ਼ਸਰ

ਗੁਰਦਾਸਪੁਰ (ਜਨਕ ਮਹਾਜਨ)-ਜ਼ਮੀਨ ਹੇਠਲੇ ਪਾਣੀ ਦੇ ਪੱਧਰ ਵਿੱਚ ਆ ਰਹੀ ਲਗਾਤਾਰ ਗਿਰਾਵਟ ਤੋਂ ਚਿੰਤਿਤ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਕਾਸ਼ਤ ਦੇ ਰਵਾਇਤੀ ਕੱਦੂ ਵਾਲੇ ਝੋਨੇ ਦੀ ਬਿਜਾਏ ਕਿਸਾਨਾਂ ਨੂੰ ਝੋਨੇ ਦੀਆਂ ਅਜਿਹੀਆਂ ਤਕਨੀਕਾਂ ਅਪਨਉਣ ਦੀ ਜ਼ਰੂਰਤ ਹੈ ਜਿਸ ਨਾਲ ਪਾਣੀ ਦੀ ਘੱਟ ਖਪਤ ਹੋਵੇ ਅਤੇ ਖੇਤੀ ਲਾਗਤ ਖਰਚੇ ਵੀ ਘੱਟ ਹੋਣ। ਇਹ ਵਿਚਾਰ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਬਾਰੇ ਜਾਣਕਾਰੀ ਦਿੰਦਿਆ ਕਹੇ। ਡਾ. ਅਮਰੀਕ ਸਿੰਘ ਨੇ ਕਿਹਾ ਕਿ ਪੰਜਾਬ ਦੇ ਨਾਲ ਨਾਲ ਜ਼ਿਲਾ ਗੁਰਦਾਸਪੁਰ ਵਿੱਚ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਦਿਨ ਬ ਦਿਨ ਹੇਠਾਂ ਜਾ ਰਿਹਾ ਹੈ ਜਿਸ ਕਾਰਨ ਭਵਿੱਖ ਦੀ ਖੇਤੀ ਖਤਰੇ ਵਿੱਚ ਪੈ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਭਵਿੱਖ ਦੀ ਖੇਤੀ ਨੂੰ ਸੁਰੱਖਿਅਤ ਰੱਖਣਾ ਹੈ ਤਾਂ ਜ਼ਰੂਰੀ ਹੈ ਕਿ ਝੋਨੇ ਦੀ ਰਵਾਇਤੀ ਕੱਦੂ ਕਰਨ ਦੀ ਤਕਨੀਕ ਦੀ ਬਜਾਏ ਝੋਨੇ ਦੀ ਸਿੱਧੀ ਬਿਜਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਨਾਲ 20-25 ਫੀਸਦੀ ਮਜ਼ਦੂਰੀ ਅਤੇ 15-20% ਪਾਣੀ ਦੀ ਬੱਚਤ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਅਪਨਾਉਣ ਵਾਲੇ ਕਿਸਾਨਾਂ



ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਕਮ ਵਜੋਂ ਦਿੱਤੇ ਜਾਣਗੇ ਜੋ ਤਸਦੀਕ ਕਰਨ ਉਪਰੰਤ ਲਾਭਪਾਤਰੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਪਾਏ ਜਾਣਗੇ। ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਕੀਤੀਆਂ ਵਿਸ਼ੇਸ਼ ਹਦਾਇਤਾਂ ਤੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਪਿੰਡ ਪੱਧਰ 'ਤੇ ਜਾਗਰੂਕਤਾ ਕੈਂਪ ਜਾਗਰੂਕਤਾ ਲਗਾਏ ਜਾ ਰਹੇ ਹਨ।

# ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ

## *ਪੰਜਾਬ ਸਰਕਾਰ ਨੇ ਸਿੱਖਿਆ ਤੇ ਸਿਹਤ ਦੇ ਖੇਤਰਾਂ ਨੂੰ ਤਰਜੀਹੀ ਪੱਧਰ 'ਤੇ ਰੱਖਿਆ: ਸ਼ਮਸ਼ੇਰ ਸਿੰਘ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਦਾ ਪੱਧਰ ਹੋਰ ਉੱਚਾ ਚੁੱਕਣ ਲਈ ਵਚਨਬੱਧ ਹੈ ਅਤੇ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਾਹੇਵੰਦ ਸਾਬਤ ਹੋਵੇਗੀ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸ਼ਹੀਦ ਮਨਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੜਕੇ ਦੀਨਾਨਗਰ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਪ੍ਰਿੰਸੀਪਲ ਜਸਕਰਨਜੀਤ ਸਿੰਘ ਕਾਹਲੋਂ ਦੀ ਅਗਵਾਈ ਹੇਠ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸੀ ਸੋਚ ਸਦਕਾ ਸਰਕਾਰੀ ਸਕੂਲਾਂ ਨੂੰ ਸਾਰੀਆਂ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਸਮਾਰਟ ਕਲਾਸ ਰੂਮ, ਲਾਇਬ੍ਰੇਰੀਆਂ, ਸਾਇੰਸ ਲੈਬਾਂ, ਸਾਫ ਪੀਣ ਵਾਲਾ ਪਾਣੀ, ਹਾਈ ਸਪੀਡ ਵਾਈ-ਫਾਈ ਕੁਨੈਕਸਨ, ਡੈਸਕ ਤੇ ਕੁਰਸੀਆਂ ਅਤੇ ਚਾਰਦੀਵਾਰੀ ਸਾਮਲ ਹੈ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਮੇਸਾ ਹੀ ਸਿੱਖਿਆ ਅਤੇ ਸਿਹਤ ਦੇ ਖੇਤਰਾਂ ਨੂੰ ਤਰਜੀਹੀ ਖੇਤਰਾਂ ਵਜੋਂ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਚ 12 ਫੀਸਦੀ ਵਾਧਾ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਮੌਜੂਦਾ ਵਰ੍ਹੇ ਸਰਕਾਰੀ ਸਕੂਲਾਂ ਦੇ ਲਗਭਗ 200 ਵਿਦਿਆਰਥੀਆਂ ਨੇ ਜੇਈਈ ਦਾ ਟੈਂਸਟ ਪਾਸ ਕਰਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾ ਹੀ ਅੱਜ ਦੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਵਧੀਆ ਸਹੂਲਤਾਂ ਉਪਲਬਧ ਹਨ। ਉਨ੍ਹਾਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਨੂੰ ਤਰਜੀਹ ਦੇਣ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਨੇਕ ਚੰਦ ਨੇ ਨਿਭਾਈ। ਇਸ ਮੌਕੇ ਤੇ ਇੰਟਰਨੈਸ਼ਨਲ ਪੰਜਾਬੀ ਸਾਹਿਤ ਸਭਾ ਦੇ ਸਰਪ੍ਰਸਤ ਧਿਆਨ ਸਿੰਘ ਸ਼ਾਹਸਿਕੰਦਰ, ਸਿੱਖਿਆ ਕਮੇਟੀ ਕੋਆਡੀਨੇਟਰ ਪ੍ਰਿੰ. ਸੁਖਦੇਵ ਰਾਜ, ਵਾਈਸ ਕੋਆਰਡੀਨੇਟਰ ਰਿਟਾ. ਬੀਪੀਈਓ ਮਹਿੰਦਰ ਪਾਲ, ਕਮੇਟੀ ਮੈਂਬਰ ਕਾਜਲ ਪੱਖੋਵਾਲ, ਕਮੇਟੀ ਮੈਂਬਰ ਪ੍ਰਿੰ. ਸੰਸਾਰ ਸਿੰਘ, ਸਰਪੰਚ ਵਿੱਕੀ ਮਿਆਣੀ, ਵਾਰਡ ਪ੍ਰਧਾਨ ਸੰਜੀਵ ਕੁਮਾਰ ਅਤੇ ਵਾਰਡ ਪ੍ਰਧਾਨ ਦੀਪਕ ਕੁਮਾਰ ਵੀ ਮੌਜੂਦ ਸਨ।

# ਸਟਰੱਗਲਿੰਗ ਟੀਨਜ਼ ਪਬਲਿਕ ਸਕੂਲ ਵਰਿਆਮ ਨੰਗਲ ਦਾ ਨਤੀਜਾ ਸ਼ਾਨਦਾਰ ਰਿਹਾ



ਮਜੀਠਾ (ਸੋਇਮ ਆਨੰਦ)-ਕਸਬੇ ਨੇੜੇ ਪੈਂਦੇ ਸਟਰੱਗਲਿੰਗ ਟੀਨਜ਼ ਪਬਲਿਕ ਸਕੂਲ ਵਰਿਆਮ ਨੰਗਲ ਵਿੱਚ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਇਹ ਨਤੀਜਾ 100% ਰਿਹਾ।ਦਸਵੀਂ ਜਮਾਤ ਬੋਰਡ ਪ੍ਰੀਖਿਆ ਵਿੱਚੋਂ ਪਹਿਲੇ ਦਰਜੇ ਤੇ ਰਹਿਣ ਵਾਲੇ ਵਿਦਿਆਰਥੀਆਂ ਦਾ ਵੇਰਵਾ ਇਸ ਪ੍ਰਕਾਰ ਹੈ। ਸਿਮਰਨਜੀਤ ਕੌਰ 95%, ਹਰਸ਼ਦੀਪ ਕੌਰ 94%, ਗੁਰਨੂਰ ਸਿੰਘ 92%, ਰਲੀਨ ਕੌਰ 90%, ਅਤੇ ਸਿਮਰਨਜੀਤ ਕੌਰ 92% ਅੰਕ ਪ੍ਰਾਪਤ ਕੀਤੇ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਸ਼ੈਲੀ ਰੰਧਾਵਾ ਨੇ ਬੱਚਿਆਂ ਦਾ ਹੌਸਲਾ ਅਫ਼ਜ਼ਾਈ ਕੀਤਾ।ਪ੍ਰਿੰਸੀਪਲ ਮੈਡਮ ਸ਼ੈਲੀ ਰੰਧਾਵਾ ਨੇ ਕਿਹਾ ਕਿ ਬੱਚਿਆਂ ਨੇ ਵਧੀਆ ਅੰਕ ਲੈ ਕੇ ਮਾਪਿਆਂ ਅਤੇ ਸਕੂਲ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੇ ਮੈਨੇਜਮੈਂਟ ਮੈਡਮ ਸ਼ੈਲੀ ਰੰਧਾਵਾ, ਐੱਮ. ਡੀ. ਬਲਵੰਤ ਸਿੰਘ, ਗਤਕਾ ਕੋਚ ਮਨਜਿੰਦਰ ਸਿੰਘ, ਕਰਾਂਟੇ ਕੋਚ ਰਵਿੰਦਰ ਸਿੰਘ, ਹਾਕੀ ਕੋਚ ਗੁਰਵਿੰਦਰ ਸਿੰਘ, ਸਿਮਰਨਜੀਤ ਕੌਰ, ਸੁਖਰਾਜ, ਰਾਜਵਿੰਦਰ, ਰਮਨਦੀਪ, ਕਿਰਨਦੀਪ ਆਦਿ ਸਟਾਫ ਮੈਂਬਰ ਨੇ ਬੱਚਿਆਂ ਅਤੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ।

# ਕਾਰੋਬਾਰੀ ਹੰਸ ਰਾਜ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਭਾਵ-ਭਿੰਨੀਆਂ ਸ਼ਰਧਾਂਜਲੀਆਂ ਭੇਟ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਸਬਾ ਡੇਰਾ ਬਾਬਾ ਨਾਨਕ ਦੇ ਰਹਿਣ ਵਾਲੇ ਕਾਰੋਬਾਰੀ ਹੰਸ ਰਾਜ (80) ਸਪੁੱਤਰ ਸਵ. ਦਾਸ ਰਾਜ ਜੋ ਕੁਝ ਦਿਨ ਪਹਿਲਾਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਨਮਿਤ ਰੱਖੇ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਉਨ੍ਹਾਂ ਦੇ ਗ੍ਰਹਿ ਮੁਹੱਲਾ ਫ਼ਤਿਹ ਸਿੰਘ ਡੇਰਾ ਬਾਬਾ ਨਾਨਕ ਵਿਖੇ ਪਾਏ ਗਏ। ਉਪਰੰਤ ਅੰਤਿਮ ਅਰਦਾਸ, ਕੀਰਤਨ ਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਕਰਵਾਇਆ ਗਿਆ ।ਇਸ ਮੌਕੇ ਭਾਈ ਮਨਜਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਹਜ਼ੂਰੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ। ਉਪਰੰਤ ਹੈੱਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ ਵੱਲੋਂ ਹੰਸ ਰਾਜ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ ।ਇਸ ਮੌਕੇ ਹੰਸ ਰਾਜ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਮਾਸਟਰ ਬਲਵੰਤ ਰਾਏ, ਕਾਂਗਰਸੀ ਆਗੂ ਮਹਿੰਗਾ ਰਾਮ ਗਰੀਬ, ਆਪ ਆਗੂ ਸਾਬਕਾ ਸਰਪੰਚ ਹਰਜੀਤ ਸਿੰਘ ਠੇਠਰਕੇ, ਕਾਂਗਰਸੀ ਆਗੂ ਸਵਿੰਦਰ ਸਿੰਘ ਭੰਮਰਾ, ਪੱਤਰਕਾਰ ਰਮੇਸ਼ ਸ਼ਰਮਾ ਸਮੇਤ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਹੰਸ ਰਾਜ ਇੱਕ ਇਮਾਨਦਾਰ ਵਿਅਕਤੀ ਤੇ ਨਿੱਘੇ ਸੁਭਾਅ ਦੇ ਮਾਲਕ ਤੇ ਸਨ, ਜਿਨ੍ਹਾਂ ਨੇ ਸਾਰੀ ਉਮਰ ਆਪਣੇ ਹੱਥੀਂ ਕਿਰਤ ਕਰਕੇ ਆਪਣੇ ਬੱਚਿਆਂ ਅਤੇ ਛੋਟੇ ਭਰਾਵਾਂ ਨੂੰ ਵਧੀਆ ਸਿੱਖਿਆ ਦਿੱਤੀ, ਜਿਸ ਸਦਕਾ ਉਨ੍ਹਾਂ ਦਾ ਸਮੁੱਚਾ ਪਰਿਵਾਰ ਸਮਾਜ ਵਿੱਚ ਆਪਣਾ ਚੰਗਾ ਮੁਕਾਮ ਹਾਸਲ ਕਰ ਸਕਿਆ ਹੈ।ਅਖੀਰ ਵਿੱਚ ਕਰਨੈਲ ਸਿੰਘ ਦਾਉਦੀਆਂ ਨੇ ਪਰਿਵਾਰ ਵੱਲੋਂ ਸ਼ੋਕ ਸਮਾਗਮ ਵਿੱਚ ਹਿੱਸਾ ਲੈਣ ਲਈ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਸਾਬਕਾ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਮੈਨੇਜਰ ਰਤਨ ਪਾਲ, ਪ੍ਰਧਾਨ ਰਾਜੇਸ਼ ਕੁਮਾਰ ਗੁਪਤਾ, ਕੌਂਸਲਰ ਸੱਤਪਾਲ ਸ਼ੌਕੀ, ਸਾਬਕਾ ਕੌਂਸਲਰ ਬਲਦੇਵ ਰਾਜ ਡਾਇਮੰਡ, ਸਾਬਕਾ ਕੌਂਸਲਰ ਦਲਜੀਤ ਸਿੰਘ ਜੋਸ਼,



ਸਾਬਕਾ ਕੌਂਸਲਰ ਡਾਕਟਰ ਅਸ਼ੋਕ ਸੋਨੀ, ਸਾਬਕਾ ਕੌਂਸਲਰ ਕੁਲਵੰਤ ਕੌਰ, ਸਾਬਕਾ ਕੌਂਸਲਰ ਧਰਮਪਾਲ ਸਿੰਘ ਮੱਤਰੀ, ਦਵਿੰਦਰ ਪਾਲ ਸਿੰਘ ਬੇਦੀ, ਪਵਨ ਕੁਮਾਰ ਪੰਮਾ, ਕੁਲਬੀਰ ਸਿੰਘ ਬੇਦੀ, ਰਿਸ਼ੂ, ਜਸਪਾਲ ਸਿੰਘ ਬੇਦੀ, ਰਾਜ ਕੁਮਾਰ, ਗੋਲਡੀ, ਵਿਜੇ ਕੁਮਾਰ, ਸਰਪੰਚ ਸੁਰਜੀਤ ਕੁਮਾਰ ਪਠਾਨਕੋਟ, ਮਾਸਟਰ ਵਿਜੇ ਕੁਮਾਰ, ਮਾਸਟਰ ਪ੍ਰੀਤਮ ਸਿੰਘ, ਦੀਪਕ ਕੁਮਾਰ ਸ਼ਰਮਾ, ਡਾਕਟਰ ਮਨਮੋਹਨ ਸਿੰਘ ਭੱਟੀ, ਬੀਰ ਸਿੰਘ ਚੌਧਰੀ, ਕੁੱਕੂ ਬੇਦੀ, ਅਨਿਲ ਡੋਗਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ, ਸਰਪੰਚ ਤੇ ਉਨ੍ਹਾਂ ਦੇ ਰਿਸ਼ਤੇਦਾਰ ਹਾਜ਼ਰ ਸਨ।

# ਕੰਡਿਆਲੀ ਤਾਰੋਂ ਪਾਰ ਜਾਣ ਲਈ ਕਿਸਾਨਾਂ ਵਾਸਤੇ ਗੇਟ ਕੱਲ੍ਹ ਤੋਂ ਖੋਲ੍ਹੇ ਜਾਣਗੇ: ਧਾਲੀਵਾਲ

ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)-ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ ਬਾਰਡਰ ਉਤੇ ਪਹੁੰਚ ਕੇ ਬੀਐੱਸਐੱਫ ਦੇ ਅਧਿਕਾਰੀਆਂ ਅਤੇ ਜਵਾਨਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਹਾਲ ਹੀ ਵਿੱਚ ਦੇਸ਼ ਉਤੇ ਆਏ ਸੰਕਟ ਸਮੇਂ ਸਰਹੱਦ ਉਤੇ ਸਖਤੀ ਨਾਲ ਪਹਿਰਾ ਦਿੱਤਾ। ਸਰਹੱਦੀ ਚੌਂਕੀ ਸ਼ਾਹਪੁਰ ਵਿਖੇ ਪਹੁੰਚ ਕੇ ਜਵਾਨਾਂ ਨੂੰ ਮਠਿਆਈਆਂ ਅਤੇ ਫਲਾਂ ਦੇ ਟੋਕਰੇ ਭੇਟ ਕਰਦੇ ਹੋਏ ਕੈਬਨਿਟ ਮੰਤਰੀ ਨੇ ਪੰਜਾਬ ਵੱਲੋਂ ਸੁਰੱਖਿਆ ਫੋਰਸਾਂ ਦਾ



ਸ਼ੁਕਰਾਨਾ ਕੀਤਾ।ਉਨ੍ਹਾਂ ਨੇ ਫੌਜ ਵੱਲੋਂ ਆਈ ਖਬਰ ਕਿ ਪਾਕਿਸਤਾਨ ਨੇ ਸ੍ਰੀ ਦਰਬਾਰ ਸਾਹਿਬ ਨੂੰ ਨਿਸ਼ਾਨਾ ਬਣਾਇਆ ਸੀ, ਬਾਰੇ ਬੋਲਦੇ ਕਿਹਾ ਕਿ ਪਾਕਿਸਤਾਨ ਦੇ ਫੌਜੀਆਂ ਨੇ ਬਹੁਤ ਹੀ ਮਾੜੀ ਸੋਚ ਦਾ ਪ੍ਰਗਟਾਵਾ ਕੀਤਾ, ਜਿਨ੍ਹਾਂ ਨੇ ਇੰਨੇ ਵੱਡੇ ਧਾਰਮਿਕ ਸਥਾਨ ਉੱਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ।

ਉਨ੍ਹਾਂ ਕਿਹਾ ਕਿ ਸਾਡੇ ਫੌਜਾਂ ਵਧਾਈ ਦੀਆਂ ਪਾਤਰ ਹਨ, ਜਿਨ੍ਹਾਂ ਨੇ ਪਾਕਿਸਤਾਨ ਵੱਲੋਂ ਸਾਧੇ ਗਏ ਨਿਸ਼ਾਨੇ ਨੂੰ ਹਵਾ ਵਿੱਚ ਹੀ ਰਾਖ ਕਰ ਦਿੱਤਾ।ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਜਵਾਨਾਂ ਉਤੇ ਮਾਣ ਹੈ ਅਤੇ ਭਵਿੱਖ ਵਿੱਚ ਜਦੋਂ ਵੀ ਕਿਧਰੇ ਇਨ੍ਹਾਂ ਨੂੰ ਸਾਡੀ ਲੋੜ ਪਵੇਗੀ ਅਸੀਂ ਪੰਜਾਬ ਸਰਕਾਰ ਅਤੇ ਕਿਸਾਨਾਂ ਵੱਲੋਂ ਇਨ੍ਹਾਂ ਦੇ ਨਾਲ ਹਰ ਵੇਲੇ ਖੜਾਂਗੇ।

ਸਰਹੱਦ ਉਤੇ ਲੱਗੀ ਕੰਡਿਆਲੀ ਤਾਰ ਤੋਂ ਪਾਰ ਖੇਤੀ ਕਰਦੇ ਕਿਸਾਨਾਂ ਦੀਆਂ ਮੁਸ਼ਕਿਲਾਂ ਬੀਐੱਸਐੱਫ ਅਧਿਕਾਰੀਆਂ ਨਾਲ ਸਾਂਝੀ ਕਰਦੇ ਹੋਏ ਉਨ੍ਹਾਂ ਨੇ ਕਿਸਾਨਾਂ ਵਾਸਤੇ ਕੱਲ ਤੋਂ ਗੇਟ ਖੋਲ੍ਹਣ ਦਾ ਐਲਾਨ ਕੀਤਾ।ਉਨ੍ਹਾਂ ਕਿਹਾ ਕਿ ਹੁਣ ਸਾਡੇ ਕਿਸਾਨ ਕੱਲ ਤੋਂ ਆਪਣੇ ਖੇਤਾਂ ਵਿੱਚ ਰੂਟੀਨ ਦੀ ਤਰ੍ਹਾਂ ਆ ਜਾ ਸਕਣਗੇ।

# ਸੇਖਵਾਂ ਦੀ ਅਗਵਾਈ 'ਚ ਭੰਗਵਾਂ, ਨਾਥਪੁਰ ਤੇ ਕਾਹਲਵਾਂ 'ਚ ਕੱਢੀ ਨਸ਼ਾ ਮੁਕਤੀ ਯਾਤਰਾ

ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਵਿਧਾਨ ਸਭਾ




ਹਲਕਾ ਕਾਦੀਆਂ ਦੇ ਪਿੰਡ ਭੰਗਵਾਂ, ਨਾਥਪੁਰ ਤੇ ਕਾਹਲਵਾਂ ਵਿੱਚ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕੀਤੀ।

ਇਸ ਮੌਕੇ ਇਨ੍ਹਾਂ ਪਿੰਡਾਂ ਵਿੱਚ ਕਰਵਾਈਆਂ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸੇਖਵਾਂ ਨੇ ਕਿਹਾ ਕਿ ਸੂਬੇ ਵਿਚੋਂ ਹੁਣ ਨਸ਼ਿਆਂ ਦਾ ਖਾਤਮਾ ਤੈਅ ਹੈ ਤੇ ਇਹ ਨਸ਼ਾ ਮੁਕਤੀ ਯਾਤਰਾ ਸੂਬੇ ਨੂੰ ਨਸ਼ਾ ਮੁਕਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੇ ਬਹੁਤ ਹੀ ਸਾਰਥਕ ਸਿੱਟੇ ਸਾਹਮਣੇ ਆ ਰਹੇ ਹਨ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਨਸ਼ਿਆਂ ਦੇ ਖਾਤਮੇ ਦਾ ਸੱਦਾ ਦਿੰਦੇ ਹੋਏ ਲੋਕਾਂ ਨੂੰ ਇਸ ਵੱਡੀ ਸਮਾਜਿਕ ਬੁਰਾਈ ਦੇ ਖਾਤਮੇ ਲਈ ਇੱਕਜੁੱਟ ਕੀਤਾ ਜਾ ਰਿਹਾ ਹੈ ਤੇ ਲੋਕਾਂ ਵਲੋਂ ਇਸ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਮੌਕੇ ਸੇਖਵਾਂ ਨੇ ਹਾਜ਼ਰੀਨ ਨੂੰ ਨਸ਼ਿਆਂ ਦਾ ਖਾਤਮਾ ਕਰਨ ਲਈ ਸਹੁੰ ਵੀ ਚੁਕਾਈ। ਇਸ ਮੌਕੇ ਹਲਕਾ ਕੋਆਰਡੀਨੇਟ ਜੈਲਦਾਰ ਅੰਮ੍ਰਿਤਪਾਲ ਸਿੰਘ, ਚੇਅਰਮੈਨ ਮੋਹਨ ਸਿੰਘ, ਭਗਵਾਨ ਸਰੂਪ, ਜੋਗਿੰਦਰ ਸਿੰਘ, ਲਖਬੀਰ ਸਿੰਘ ਕੋਟ ਟੋਡਰ ਮੱਲ, ਹਰਜੀਤ ਸਿੰਘ ਟਿੱਕਾ, ਭੁਪਿੰਦਰ ਸਿੰਘ, ਕਬੱਡੀ ਖਿਡਾਰੀ ਵਿੱਕਾ, ਸਾਬੀ ਤੋਂ ਇਲਾਵਾ ਹੋਰ ਵੀ ਆਗੂ ਹਾਜ਼ਰ ਸਨ।

# ਬਿਜਲੀ ਦੀ ਦੁਕਾਨ 'ਚ ਕੰਧ ਤੋੜ ਕੇ ਚੋਰੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਦੀਨਾਨਗਰ ਸ਼ਹਿਰ ਵਿੱਚ ਚੋਰੀਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਚੋਰ ਬੇਖੌਫ ਹੋ ਕੇ ਚੋਰੀਆਂ ਕਰ ਰਹੇ ਹਨ, ਬੀਤੀ ਰਾਤ



ਫਿਰ ਦੀਨਾਨਗਰ ਦੇ ਕ੍ਰਿਸ਼ਨਾਨਗਰ ਕੈਂਪ ਵਿੱਚ ਚੋਰਾਂ ਨੇ ਚੋਰੀ ਦੀ ਵਾਰਦਾਤ ਨੂੰ ਦਿੱਤਾ ਅੰਜਾਮ ।ਦੁਕਾਨ ਦੇ ਮਾਲਕ ਗੁਲਸ਼ਨ ਕੁਮਾਰ ਨੇ ਗੱਲ ਬਾਤ ਦੌਰਾਨ ਦੱਸਿਆ ਕਿ ਮੇਰੀ ਕ੍ਰਿਸ਼ਨਾਨਗਰ ਕੈਂਪ ਵਿੱਚ ਫਲਾਈ ਓਵਰ ਪੁਲ ਥੱਲੇ ਬਿਜਲੀ ਦੀ ਦੁਕਾਨ ਹੈ, ਰੋਜ਼ ਦੀ ਤਰ੍ਹਾਂ ਜਦੋਂ ਮੈਂ ਸਵੇਰੇ ਕਰੀਬ ਸਾਢੇ ਦਸ ਵਜੇ ਦੁਕਾਨ ਖੋਲ੍ਹੀ ਤਾਂ ਦੇਖ ਕੇ ਹੈਰਾਨ ਹੋ ਗਿਆ ਕਿ ਮੇਰੀ ਦੁਕਾਨ ਦੀ ਪਿੱਛਲੀ ਕੰਧ ਚੋਰਾਂ ਨੇ ਤੋੜ ਕੇ ਚੋਰੀ ਕੀਤੀ ਹੋਈ ਸੀ।

ਉਸ ਨੇ ਦੱਸਿਆ ਕਿ ਚੋਰਾਂ ਨੇ ਤਾਂਬੇ ਦੀ ਤਾਰ ਪੱਚੀ ਕਿੱਲੋ, ਮੋਟਰਾਂ, ਲੋਕਾਂ ਦੇ ਠੀਕ ਕੀਤੇ ਹੋਏ ਪੱਖੇ ਜਿਨ੍ਹਾਂ ਵਿੱਚ ਨਵੇਂ ਪੱਖੇ ਵੀ ਸਨ ਅਤੇ ਦੋ ਢਾਈ ਹਜਾਰ ਰੁਪਏ ਨਗਦ ਚੋਰੀ ਹੋਏ ਹਨ।

ਦੀਨਾਨਗਰ ਪੁਲਸ ਨੇ ਮੌਕਾ ਦੇਖਦੇ ਹੋਏ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਐੱਫਸੀਆਈ ਦੇ ਗੋਦਾਮਾਂ ਅੱਗੇ ਖੜ੍ਹੇ ਟਰੱਕ ਆਵਾਜਾਈ 'ਚ ਪਾ ਰਹੇ ਨੇ ਭਾਰੀ ਵਿਘਨ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ-ਪਠਾਨਕੋਟ ਪੁਰਾਣੇ ਮਾਰਗ 'ਤੇ ਪੈਂਦੇ ਐੱਫਸੀਆਈ ਕਾਰਪੋਰੇਸ਼ਨ ਦੇ ਗੋਦਾਮਾਂ ਵਿਚ ਕਣਕ ਲੈ ਕੇ ਆਉਣ ਵਾਲੇ ਟਰੱਕਾਂ ਦੀਆਂ ਲੰਬੀਆਂ-ਲੰਬੀਆਂ



ਲਾਈਨਾਂ ਲਗੀਆਂ ਹੋਣ ਕਰਕੇ ਹਰ ਵੇਲੇ ਜਾਮ ਲੱਗਾ ਰਹਿੰਦਾ ਹੈ ਜਿਸ ਨਾਲ ਰਾਹਗੀਰਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇੱਥੋਂ ਤੱਕ ਕਿ ਜ਼ਿਲ੍ਹਾ ਪੁਲਸ ਟਰੈਫਿਕ ਦਾ ਕੋਈ ਵੀ ਇੱਥੇ ਪੁਖਤਾ ਪ੍ਰਬੰਧ ਨਹੀਂ ਹੈ। ਇਹ ਐੱਫਸੀਆਈ ਦੇ ਗੋਦਾਮ ਰੇਲਵੇ ਸਟੇਸ਼ਨ ਗੁਰਦਾਸਪੁਰ ਦੇ ਪਿਛਲੇ ਪਾਸੇ ਪੈਂਦੇ ਹਨ। ਗੁਰਦਾਸਪੁਰ ਸ਼ਹਿਰ ਦੀਆਂ ਸਮਾਜ ਸੇਵੀ ਜਥੇਬੰਦੀਆਂ ਤੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੇ ਦੱਸਿਆ ਕਿ ਜਦੋਂ ਵੀ ਕਣਕ ਜਾਂ ਝੋਨੇ ਦਾ ਸੀਜ਼ਨ ਆਉਂਦਾ ਹੈ ਤਾਂ ਕਣਕ ਦੇ ਭਰੇ ਟਰੱਕ ਸੜਕਾਂ ਨੂੰ ਦੋਵੇਂ ਪਾਸਿਆਂ ਨੂੰ ਘੇਰ ਲੈਂਦੇ ਹਨ ਅਤੇ ਇੱਥੋਂ ਦੀ ਲੰਘਣ ਲਈ ਜਗ੍ਹਾ ਨਹੀਂ ਬਚਦੀ ਤੇ ਇਸ ਤਰ੍ਹਾਂ ਹਰ ਵੇਲੇ ਅਣਸੁਖਾਵੀਂ ਘਟਨਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਇਸ ਪਾਸੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਿਤ ਵਿਭਾਗ ਬਿਲਕੁਲ ਵੀ ਗੰਭੀਰ ਨਹੀਂ ਹਨ ਜਿਸ ਕਰਕੇ ਲੋਕਾਂ ਦਾ ਐੱਫਸੀਆਈ ਅਧਿਕਾਰੀਆਂ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਕੋਲੋਂ ਮੰਗ ਕੀਤੀ ਕਿ ਸ਼ਹਿਰ ਅੰਦਰ ਕਣਕ ਨਾਲ ਭਰੇ ਟਰੱਕਾਂ ਨੂੰ ਅਨਲੋਡ ਕਰਨ ਲਈ ਖਾਸ ਵਿਵਸਥਾ ਕੀਤੀ ਜਾਵੇ ਤਾਂ ਜੋ ਸ਼ਹਿਰ ਅੰਦਰ ਟਰੈਫਿਕ ਸੁਚਾਰੂ ਰੂਪ ਵਿੱਚ ਚੱਲ ਸਕੇ।

## ਜਨਮ ਦਿਨ ਮੁਬਾਰਕ



ਪਰਵਾਜ਼ ਕੌਰ ਸਿੱਧੂ
ਪਿੰਡ ਲਹਿਰਾ ਯੂਰਕੋਟ

## ਰੋਜ਼ਗਾਰ ਕੈਂਪ ਭਲਕੇ

**ਨੰਗਲ (ਗੁਰਜੀਤ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਸੂਬੇ ਵਿੱਚੋਂ ਬੇਰੁਜ਼ਗਾਰੀ ਖਤਮ ਕਰਨ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ।ਇਸ ਤਹਿਤ ਪੰਜਾਬ ਸਰਕਾਰ ਵਲੋਂ ਹੁਣ ਤੱਕ 55 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ।ਇਹ ਪ੍ਰਗਟਾਵਾ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨੰਗਲ ਵਿਖੇ 21 ਮਈ ਨੂੰ ਲਗਾਏ ਜਾ ਰਹੇ ਰੋਜ਼ਗਾਰ ਮੇਲੇ ਦਾ ਪੋਸਟਰ ਜਾਰੀ ਕਰਨ ਮੌਕੇ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਸਰਕਾਰ ਦੇ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਕੀਤਾ ਗਿਆ।

# ਆਲ ਪੰਜਾਬ ਸੁਪਰਵਾਈਜ਼ਰ ਐਸੋਸੀਏਸ਼ਨ ਵੱਲੋਂ ਜਥੇਬੰਦਕ ਕਨਵੈਨਸ਼ਨ
# ਕਰਮਜੀਤ ਕੌਰ ਸੂਬਾ ਪ੍ਰਧਾਨ ਤੇ ਅਮਰਜੀਤ ਕੌਰ ਸੂਬਾ ਜਨਰਲ ਸਕੱਤਰ ਚੁਣੀ

**ਜਲੰਧਰ (ਰਾਜੇਸ਼ ਥਾਪਾ)**
ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿੱਚ ਵੱਖ ਵੱਖ ਸੀ.ਡੀ.ਪੀ.ਓ. ਬਲਾਕਾਂ ਅੰਦਰ ਕੰਮ ਕਰਦੀਆਂ ਸੁਪਰਵਾਈਜ਼ਰਾਂ ਵੱਲੋਂ ਆਪਣੀ ਜਥੇਬੰਦੀ ਆਲ ਪੰਜਾਬ ਸੁਪਰਵਾਈਜ਼ਰ ਐਸੋਸੀਏਸ਼ਨ ਦੇ ਬੈਨਰ ਥੱਲੇ ਜਥੇਬੰਦਕ ਕਨਵੈਨਸ਼ਨ ਈਸਜ਼ੂ ਭਵਨ ਵਿਖੇ ਕੀਤੀ ਗਈ। ਇਸ ਕਨਵੈਨਸ਼ਨ ਵਿੱਚ ਵੱਖ ਵੱਖ ਜ਼ਿਲ੍ਹਿਆਂ ਤੋਂ ਚੁਣੀਆਂ ਹੋਈਆਂ ਪ੍ਰਤੀਨਿਧ ਆਗੂ ਸ਼ਾਮਿਲ ਹੋਈਆਂ। ਕਨਵੈਨਸ਼ਨ ਦੀ ਪ੍ਰਧਾਨਗੀ ਕਰਮਜੀਤ ਕੌਰ , ਅਮਰਜੀਤ ਕੌਰ, ਪਰਮਜੀਤ ਕੌਰ ਸਮੇਤ ਵੱਖ-ਵੱਖ ਜਿਲ੍ਹਾ ਪ੍ਰਧਾਨਾਂ ਤੇ ਅਧਾਰਤ ਪ੍ਰਧਾਨਗੀ ਮੰਡਲ ਵੱਲੋਂ ਕੀਤੀ ਗਈ। ਇਸ ਕਨਵੈਨਸ਼ਨ ਨੂੰ ਸੰਬੋਧਨ ਕਰਨ ਵਾਸਤੇ ਵਿਸ਼ੇਸ਼ ਤੌਰ ਤੇ ਪਹੁੰਚੇ ਸਾਥੀ ਸਤੀਸ਼ ਰਾਣਾ ਸੂਬਾ ਪ੍ਰਧਾਨ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਸਰਕਾਰ ਦੀ ਮੁਲਾਜ਼ਮ ਮਾਰੂ ਨੀਤੀ ਦੀ ਵਿਸਥਾਰ ਸਹਿਤ ਵਿਆਖਿਆ ਕੀਤੀ। ਉਹਨਾਂ ਆਖਿਆ ਕਿ ਅੱਜ ਜਿੱਥੇ ਆਪਣੀਆਂ ਵਿਭਾਗੀ ਮੰਗਾਂ ਲਈ ਆਪਣੇ ਪੱਧਰ 'ਤੇ ਲੜਨ ਦੀ ਲੋੜ ਹੈ ਉੱਥੇ ਸਾਂਝੀਆਂ ਮੰਗਾਂ ਲਈ ਸਾਂਝੇ ਫਰੰਟ ਵਿੱਚ ਸ਼ਮੂਲੀਅਤ ਕਰਕੇ ਸਾਂਝੇ ਘੋਲਾਂ ਨੂੰ ਪ੍ਰਚੰਡ ਕਰਨ ਦੀ ਲੋੜ ਹੈ।ਇਸ ਮੌਕੇ ਨਵੀਂ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਸ੍ਰੀਮਤੀ ਕਰਮਜੀਤ ਕੌਰ ਮਲੇਰ ਕੋਟਲਾ ਸੂਬਾ ਪ੍ਰਧਾਨ ,ਅਮਰਜੀਤ ਕੌਰ ਫਿਰੋਜ਼ਪੁਰ ਜਨਰਲ ਸਕੱਤਰ, ਪਰਮਜੀਤ ਕੌਰ ਗੁਰਦਾਸਪੁਰ ਵਿੱਤ ਸਕੱਤਰ, ਸ਼ਰਮੀਲਾ ਰਾਣੀ ਹੁਸ਼ਿਆਰਪੁਰ ਸਹਾਇਕ ਵਿੱਤ ਸਕੱਤਰ, ਰਸ਼ਮੀ ਦੇਵੀ ਪਠਾਨਕੋਟ ਪ੍ਰੈਸ ਸਕੱਤਰ, ਸੰਦੀਪ ਕੌਰ ਹੁਸ਼ਿਆਰਪੁਰ, ਅਮਰਜੀਤ ਕੌਰ ਰੋਪੜ ਅਤੇ ਬੀਰਪਾਲ ਕੌਰ ਮੁਕਤਸਰ ਸਾਹਿਬ ਸੀਨੀਅਰ ਮੀਤ ਪ੍ਰਧਾਨ, ਬਲਜੀਤ ਕੌਰ ਸੰਗਰੂਰ ਅਤੇ ਅਮਨਦੀਪ ਕੌਰ ਲੁਧਿਆਣਾ ਮੀਤ ਪ੍ਰਧਾਨ, ਰਾਜਵਿੰਦਰ ਕੌਰ ਲੁਧਿਆਣਾ, ਹਰਮੀਤ ਕੌਰ ਬਠਿੰਡਾ, ਸੁਰਿੰਦਰ ਕੌਰ ਮੋਗਾ ਅਤੇ ਪੂਜਾ ਥਾਪਰ ਜਲੰਧਰ ਸਹਾਇਕ ਸਕੱਤਰ, ਸੁਖਵਿੰਦਰ ਕੌਰ ਫਾਜ਼ਿਲਕਾ, ਕੁਲਜੀਤ ਕੌਰ ਗੁਰਦਾਸਪੁਰ ਅਤੇ ਸੰਦੇਸ਼ ਰਾਣੀ ਜਲੰਧਰ ਜਥੇਬੰਦਕ ਸਕੱਤਰ, ਹਰਕਮਲਜੀਤ ਕੌਰ ਸ਼ਹੀਦ ਭਗਤ ਸਿੰਘ ਨਗਰ, ਰਜਿੰਦਰ ਕੌਰ ਫਰੀਦਕੋਟ ਅਤੇ ਸੁਨੀਤਾ ਦੇਵੀ ਹੁਸ਼ਿਆਰਪੁਰ ਪ੍ਰਚਾਰ ਸਕੱਤਰ, ਕਮਲਜੀਤ ਕੌਰ ਫਰੀਦਕੋਟ, ਅਰਜਿੰਦਰ ਕੌਰ ਹੁਸ਼ਿਆਰਪੁਰ, ਨਿਰਮਲ ਤੂਰ ਸੰਗਰੂਰ, ਗੁਰਵਿੰਦਰ ਕੌਰ ਮਲੇਰ ਕੋਟਲਾ ਅਤੇ ਅਨੂ ਜੈਨ ਲੁਧਿਆਣਾ ਖੇਤਰੀ ਪ੍ਰੈਸ ਸਕੱਤਰ ਚੁਣੀਆਂ ਗਈਆਂ।



# ਕੈਬਨਿਟ ਮੰਤਰੀ ਵੱਲੋਂ ਵਾਰਡ ਡਿਫੈਂਸ ਕਮੇਟੀਆਂ ਨੂੰ ਨਸ਼ਿਆਂ ਖਿਲਾਫ਼ ਡਟ ਕੇ ਕੰਮ ਕਰਨ ਦਾ ਸੱਦਾ




**ਜਲੰਧਰ, (ਸ਼ੈਲੀ ਐਲਬਰਟ)**
ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਅੱਜ ਸ਼ਹਿਰ ਦੇ ਵਾਰਡ ਨੰ. 42, 43 ਅਤੇ 44 ਵਿਖੇ ਵਾਰਡ ਡਿਫੈਂਸ ਕਮੇਟੀਆਂ ਨਾਲ ਮੀਟਿੰਗਾਂ ਕਰਦਿਆਂ ਉਨ੍ਹਾਂ ਨੂੰ ਨਸ਼ਿਆਂ ਖਿਲਾਫ਼ ਡਟ ਕੇ ਕੰਮ ਕਰਨ ਅਤੇ ਨਸ਼ਾ ਮੁਕਤੀ ਦਾ ਸੁਨੇਹਾ ਘਰ-ਘਰ ਪਹੁੰਚਾਉਣ ਦੀ ਅਪੀਲ ਕੀਤੀ।ਕੈਬਨਿਟ ਮੰਤਰੀ, ਜਿਨ੍ਹਾਂ ਨਾਲ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ, ਨੇ ਕਿਹਾ ਕਿ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸਣ ਦੇ ਨਾਲ-ਨਾਲ ਨਸ਼ੇ ਦੇ ਆਦੀ ਵਿਅਕਤੀਆਂ ਦੇ ਮੁੜ ਵਸੇਬੇ ਲਈ ਵੱਡੇ ਪੱਧਰ 'ਤੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ 86 ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਢਹਿ-ਢੇਰੀ ਕਰਨ ਤੋਂ ਇਲਾਵਾ 75 ਤਸਕਰਾਂ ਨੂੰ ਐਨਕਾਊਂਟਰ ਜ਼ਰੀਏ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਕਰੀਬ 351 ਪਿੰਡਾਂ ਵਿੱਚ ਸ਼ੁਰੂ ਸ਼ਵਾਵਾਂ ਅਤੇ ਲੋਕਾਂ ਦੀ ਭਾਗੀਦਾਰੀ ਨਾਲ ਇਸ ਅੰਦੋਲਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਸਮਾਜ ਦੇ ਹਰ ਵਰਗ ਨੂੰ ਨਸ਼ਿਆਂ ਖਿਲਾਫ਼ ਇਸ ਅੰਦੋਲਨ ਵਿੱਚ ਜੁੜਨ ਦਾ ਸੱਦਾ ਦਿੰਦਿਆਂ ਕਿਹਾ ਕਿ ਜਲਦ ਹੀ ਅਸੀਂ ਇਸ ਲੜਾਈ ਵਿੱਚ ਜੇਤੂ ਹੋਵਾਂਗੇ ਅਤੇ ਪੰਜਾਬ ਨੂੰ ਨਸ਼ਾ ਮੁਕਤ ਅਤੇ ਰੰਗਲਾ ਪੰਜਾਬ ਬਣਾਵਾਂਗੇ।ਇਸ ਮੌਕੇ ਕੌਂਸਲਰ ਰੋਮੀ ਵਧਵਾ, ਸੁਨੀਤਾ ਟਿੱਕਾ ਅਤੇ ਰਾਜ ਕੁਮਾਰ ਰਾਜੂ, ਨਸ਼ਾ ਮੁਕਤੀ ਯਾਤਰਾ ਇੰਚਾਰਜ ਕਮਲ ਲੋਚ ਆਦਿ ਵੀ ਮੌਜੂਦ ਸਨ।

## 150 ਨਸ਼ੀਲੀਆਂ ਗੋਲੀਆਂ ਸਮੇਤ 2 ਗ੍ਰਿਫਤਾਰ



**ਫਿਲੌਰ, (ਨਿਰਮਲ)**- ਸਥਾਨਕ ਪੁਲਸ ਵੱਲੋਂ ਨਸ਼ਾ ਤਸਕਰਾਂ 'ਤੇ ਛਾਪੇਮਾਰੀ ਕਰਕੇ ਉਨ੍ਹਾਂ ਦੇ ਘਰਾਂ ਦੀ ਤਲਾਸ਼ੀ ਲਈ ਗਈ। ਡੀ.ਐਸ.ਪੀ ਫਿਲੌਰ ਸਰਵਣ ਸਿੰਘ ਬੱਲ ਨੇ ਦੱਸਿਆ ਕਿ ਥਾਣਾ ਮੁਖੀ ਫਿਲੌਰ ਇੰਸਪੈਕਟਰ ਸੰਜੀਵ ਕਪੂਰ ਸਮੇਤ ਟੀਮ ਨਾਲ ਫਿਲੌਰ ਅਧੀਨ ਪੈਂਦੇ ਵੱਖ-ਵੱਖ ਪਿੰਡਾਂ ਵਿੱਚ ਸਰਚ ਅਭਿਆਨ ਚਲਾਇਆ ਅਤੇ ਨਸ਼ਾ ਤਸਕਰਾਂ ਦੇ ਘਰਾਂ ਦੀ ਤਲਾਸ਼ੀ ਲਈ ਗਈ। ਦੋ ਨਸ਼ਾ ਵੇਚਣ ਵਾਲਿਆਂ ਵਿਰੁੱਧ ਪਰਚੇ ਦਰਜ ਕੀਤੇ ਗਏ ਹਨ। ਨਿਰਮਲ ਸਿੰਘ ਨਿੰਮਾ ਪੁੱਤਰ ਬਲਦੇਵ ਸਿੰਘ ਵਾਸੀ ਇੰਦਰਾ ਕਲੋਨੀ (ਫਿਲੌਰ) ਕੋਲੋਂ 100 ਨਸ਼ੀਲੀਆਂ ਗੋਲੀਆਂ ਅਤੇ ਸੁਖਵਿੰਦਰ ਕੁਮਾਰ ਉਰਫ਼ ਸੁੱਖਾ ਪੁੱਤਰ ਬਿੱਟੂ ਵਾਸੀ ਗੰਨਾ ਪਿੰਡ (ਫਿਲੌਰ) ਕੋਲੋਂ 50 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਇਨ੍ਹਾਂ ਵਿਰੁੱਧ ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਫਿਲੌਰ ਵਿਖੇ ਮੁਕੱਦਮਾ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਹੈ।

## ਪੰਚਾਇਤ ਨੇ ਕੀਤਾ ਚੌਕੀ ਇੰਚਾਰਜ ਨੂੰ ਸਨਮਾਨਤ



**ਅੱਡਾ ਸਰਾਂ (ਜਸਵੀਰ)**- ਅੱਡਾ ਸਰਾਂ ਚੌਕੀ ਇੰਚਾਰਜ ਹਰਵਿੰਦਰ ਸਿੰਘ ਨੂੰ ਇਲਾਕੇ ਵਿੱਚ ਅਮਨ ਸ਼ਾਂਤੀ ਅਤੇ ਵਧੀਆ ਕਾਰਗੁਜ਼ਾਰੀ ਲਈ ਮਿਰਜ਼ਾਪੁਰ 59 ਦੀ ਪੰਚਾਇਤ ਨੇ ਸਿਰੋਪਿਉ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਪੰਚਾਇਤ ਅਤੇ ਇਲਾਕੇ ਦੇ ਉਘੇ ਸਮਾਜ ਸੇਵਕ ਸੰਦੇਸ਼ ਰਾਣੀ ਨੇ ਕਿਹਾ ਕਿ ਚੌਕੀ ਇੰਚਾਰਜ ਨੇ ਨਸ਼ਿਆਂ ਵਿਰੁੱਧ ਸ਼ਿਕੰਜਾ ਕੱਸਿਆ, ਇਸ ਕਰਕੇ ਇਲਾਕੇ ਵਿੱਚ ਅਮਨ ਸ਼ਾਂਤੀ ਅਤੇ ਕਾਨੂੰਨ ਦੀ ਵਿਵਸਥਾ ਬਣੀ ਹੋਈ ਹੈ। ਇਸ ਮੌਕੇ ਸਰਪੰਚ ਰਮਿੰਦਰ ਸਿੰਘ ਚੋਹਾਨ, ਐਡਵੋਕੇਟ ਗੁਰਵੀਰ ਸਿੰਘ ਚੌਟਾਲਾ, ਗੁਰਨਾਮ ਸਿੰਘ, ਸੰਜੀਵ ਕੁਮਾਰ,ਸੁਲਿਦਰ ਸਿੰਘ ਤੋਂ ਇਲਾਵਾ ਏ ਐਸ ਆਈ ਗੁਰਮੀਤ ਸਿੰਘ, ਏ ਐਸ ਆਈ ਬੁੱਧ ਸਿੰਘ, ਏ ਐਸ ਆਈ ਗੁਰਮੀਤ ਸਿੰਘ, ਹੈੱਡ ਕਾਂਸਟੇਬਲ ਬਲਵਿੰਦਰ ਸਿੰਘ, ਗੁਰਪਾਲ ਸਿੰਘ ਆਦਿ ਹਾਜ਼ਰ ਸਨ।

## ਇਫਟੂ ਤੇ ਪੀ ਐੱਮ ਯੂ ਵਲੋਂ ਪੁਲਸ ਛਾਪਿਆਂ ਦੀ ਨਿੰਦਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ**)- ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਅਤੇ ਪੇਂਡੂ ਮਜਦੂਰ ਯੂਨੀਅਨ ਪੰਜਾਬ ਨੇ ਪੁਲਸ ਵਲੋਂ ਪੇਂਡੂ ਮਜਦੂਰ ਯੂਨੀਅਨ ਦੇ ਸੂਬਾ ਆਗੂਆਂ ਤਰਸੇਮ ਪੀਟਰ ਅਤੇ ਹੰਸ ਰਾਜ ਪੱਬਵਾਂ ਨੂੰ ਗ੍ਰਿਫਤਾਰ ਕਰਨ ਅਤੇ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਗੁਰਮੁਖ ਸਿੰਘ ਮਾਨ,ਮੁਕੇਸ਼ ਮਲੌਦ ਦੇ ਘਰੀਂ ਛਾਪੇ ਮਾਰਨ ਦੀ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ।ਇਫਟੂ ਦੇ ਸੂਬਾ ਸਕੱਤਰ ਅਵਤਾਰ ਸਿੰਘ ਤਾਰੀ ਅਤੇ ਪੇਂਡੂ ਮਜਦੂਰ ਯੂਨੀਅਨ ਦੇ ਸੂਬਾਈ ਆਗੂ ਕਮਲਜੀਤ ਸਨਾਵਾ ਨੇ ਪ੍ਰੈਸ ਬਿਆਨ ਰਾਹੀਂ ਕਿਹਾ ਹੈ ਕਿ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਨੇ ਸੰਗਰੂਰ ਨੇੜਲੇ ਬੀੜ ਐਸ਼ਵਾਨ ਦੀ 927 ਏਕੜ ਬੇਨਾਮੀ ਜਮੀਨ ਵਿਚ 20 ਮਈ ਨੂੰ 'ਬੇਗ਼ਮਪੁਰਾ' ਵਸਾਉਣ ਦਾ ਐਲਾਨ ਕੀਤਾ ਹੋਇਆ ਹੈ ਜਿਸਦੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਚੁੱਕੀਆਂ ਹਨ ਜਿਸਨੂੰ ਰੋਕਣ ਲਈ ਮਾਨ ਸਰਕਾਰ ਹੋਛੀਆਂ ਹਰਕਤਾਂ 'ਤੇ ਉਤਰ ਆਈ ਹੈ।ਇਸਦੇ ਨਾਲ ਮਾਨ ਸਰਕਾਰ ਦਾ ਦਲਿਤ ਵਿਰੋਧੀ ਚਿਹਰਾ ਨੰਗਾ ਹੋ ਗਿਆ ਹੈ ।

# ਪੰਜਾਬੀ ਮਾਂ ਬੋਲੀ ਤੇ ਬਟਾਲਵੀ ਨੂੰ ਸਮਰਪਤ ਸੰਗੀਤਮਈ ਸ਼ਾਮ 25 ਨੂੰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**
ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਵੱਲੋਂ ਪੰਜਾਬੀ ਮਾਂ ਬੋਲੀ ਅਤੇ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਿਤ ਸੰਗੀਤਮਈ ਸ਼ਾਮ ਪ੍ਰੋਗਰਾਮ 25 ਮਈ ਨੂੰ ਕਰਵਾਇਆ ਜਾ ਰਿਹਾ ਹੈ। ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਦੀ ਹੋਈ ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਯੂਨਿਟ ਦੇ ਸਰਪ੍ਰਸਤ ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ ਅਤੇ ਪ੍ਰਧਾਨ ਸਰਬਜੀਤ ਸਿੰਘ ਰੈਣੂੰ ਨੇ ਦੱਸਿਆ ਕਿ 25 ਮਈ ਦਿਨ ਐਤਵਾਰ ਨੂੰ ਦੁਪਹਿਰ ਬਾਅਦ 4 ਵਜੇ ਵਿਰਾਸਤ ਏ ਖਾਲਸਾ ਦੇ ਆਡੀਟੋਰੀਅਮ ਵਿੱਚ ਪੰਜਾਬੀ ਮਾਂ ਬੋਲੀ ਅਤੇ ਬਿਰਹਾ ਦੇ ਸੁਲਤਾਨ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਿਤ ਸੰਗੀਤਮਈ ਸ਼ਾਮ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਮੁੱਖ ਮਹਿਮਾਨ ਵੱਜੋਂ ਸ਼ਮੂਲੀਅਤ ਕਰਨਗੇ। ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਗਜ਼ਲ ਗਾਇਕੀ ਦੀ ਦੁਨੀਆਂ ਦੇ ਚਮਕਦੇ ਸਿਤਾਰੇ ਸੁਨੀਲ ਡੋਗਰਾ ਆਪਣੀ ਸੁਰੀਲੀ ਆਵਾਜ਼ ਰਾਹੀਂ ਦਰਸ਼ਕਾਂ ਦੇ ਰੂਬਰੂ ਹੋਣਗੇ।ਇਸ ਮੌਕੇ ਸਮਾਜ ਸੇਵੀ ਕੁਲਦੀਪ ਸਿੰਘ ਨੰਬਰਦਾਰ, ਸਮਾਜ ਸੇਵੀ ਰਸ਼ਵਿੰਦਰ ਸਿੰਘ, ਹਰਮੇਸ਼ ਚੌਧਰੀ, ਸਾਬਕਾ ਬੈਂਕ ਅਫਸਰ ਉੱਘੇ ਸਮਾਜ ਸੇਵੀ ਆਤਮਾ ਸਿੰਘ ਘੱਟੀਵਾਲ, ਡਾਕਟਰ ਵਿਸ਼ਾਲ ਭਾਟੀਆ, ਭਾਗ ਸਿੰਘ, ਠੇਕੇਦਾਰ ਕਰਨੈਲ ਸਿੰਘ ਬਜਰੂੜ, ਨੰਬਰਦਾਰ ਰਾਮ ਕਿਸ਼ਨ, ਨੰਬਰਦਾਰ ਮਹਿੰਦਰ ਸਿੰਘ, ਡਾਕਟਰ ਮਨਜੀਤ ਸਿੰਘ, ਅਜੀਤ ਸਿੰਘ, ਜਸਪ੍ਰੀਤ ਸਿੰਘ ਅਰੋੜਾ,ਅਭੀਜੀਤ ਸਿੰਘ ਰੈਣੂੰ, ਉੱਘੇ ਰੰਗਕਰਮੀ ਰਾਜ ਘਈ, ਸੇਵਾ ਸਿੰਘ ਆਦਿ ਹਾਜ਼ਰ ਸਨ।

# ਸਹਿਕਾਰੀ ਖੇਤੀਬਾੜੀ ਸਭਾਵਾਂ ਕਰਮਚਾਰੀ ਯੂਨੀਅਨ ਦੇ ਹਰਪ੍ਰੀਤ ਸਿੰਘ ਜ਼ਿਲ੍ਹਾ ਪ੍ਰਧਾਨ ਬਣੇ

**ਸੁਲਤਾਨਪੁਰ ਲੋਧੀ (ਬਲਵੀਰ ਸਾਲ੍ਹਪੁਰੀ)**
ਦੀ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਸਭਾਵਾਂ ਕਰਮਚਾਰੀ ਯੂਨੀਅਨ ਜਿਲ੍ਹਾ ਕਪੂਰਥਲਾ ਦੇ ਚਾਰ ਬਲਾਕ ਕਪੂਰਥਲਾ, ਸੁਲਤਾਨਪੁਰ ਲੋਧੀ, ਭੁਲੱਥ, ਫਗਵਾੜਾ ਦੇ ਮੁਲਾਜ਼ਮਾਂ ਦੀ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ 'ਚ ਵੱਡੀ ਗਿਣਤੀ 'ਚ ਸਭਾ ਦੇ ਕਰਮਚਾਰੀ ਸ਼ਾਮਲ ਹੋਏ। ਇਸ ਮੌਕੇ ਸਭਾ ਦੇ ਕਾਰਜਾਂ ਅਤੇ ਸਮੱਸਿਆਵਾਂ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਖੇਤੀਬਾੜੀ ਸਭਾਵਾਂ ਕਰਮਚਾਰੀ ਯੂਨੀਅਨ ਜਿਲ੍ਹਾ ਕਪੂਰਥਲਾ ਦੀ ਚੋਣ ਕਰਵਾਈ ਗਈ। ਇਸ ਮੌਕੇ ਨਿਰਮਲਜੀਤ ਸਿੰਘ ਵੱਲੋਂ ਹਰਪ੍ਰੀਤ ਸਿੰਘ ਮੈਰੀਪੁਰ ਸਕੱਤਰ ਸਭਾ ਹਰਨਾਮਪੁਰ ਦਾ ਨਾ ਪ੍ਰਧਾਨਗੀ ਦੇ ਅਹੁਦੇ ਵਾਸਤੇ ਤਜ਼ਵੀਜ ਕੀਤਾ ਗਿਆ ਜਿਸ ਨੂੰ ਸਾਰਿਆਂ ਨੇ ਪ੍ਰਵਾਨ ਕਰ ਲਿਆ ਤੇ ਹਰਪ੍ਰੀਤ ਸਿੰਘ ਮੈਰੀਪੁਰ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ। ਇਸ ਤਰ੍ਹਾਂ ਬਲਜਿੰਦਰ ਸਿੰਘ ਬੇਗੋਵਾਲ ਨੂੰ ਸੀਨੀਅਰ ਮੀਤ ਪ੍ਰਧਾਨ, ਇੰਦਰਜੀਤ ਸਿੰਘ ਬੁਤਾਲਾ ਜਨਰਲ ਸਕੱਤਰ, ਰਾਜਵਿੰਦਰ ਸਿੰਘ ਖਜਾਨਚੀ, ਭੁਪਿੰਦਰ ਸਿੰਘ ਟਿੱਬਾ ਪ੍ਰੈਸ ਸਕੱਤਰ, ਹਰਮਨਦੀਪ ਸਿੰਘ ਦੁਰਗਾਪੁਰ ਮੀਤ ਪ੍ਰਧਾਨ, ਗੁਰਮੇਲ ਸਿੰਘ ਖੇੜਾ ਦੋਨਾਂ ਸਰਪ੍ਰਸਤ, ਗੁਰਜੀਤ ਸਿੰਘ, ਅੰਤਰਪ੍ਰੀਤ ਸਿੰਘ, ਜਗਜੀਤ ਸਿੰਘ, ਸੁਖਵਿੰਦਰ ਸਿੰਘ ਸਾਰੇ ਕਮੇਟੀ ਮੈਂਬਰ ਚੁਣੇ ਗਏ, ਇਸ ਉਪਰੰਤ ਇੰਦਰਜੀਤ ਸਿੰਘ ਖਾਲਸਾ, ਨਿਰਮਲਜੀਤ ਸਿੰਘ ਅਤੇ ਪ੍ਰਗਟ ਸਿੰਘ ਨੂੰ ਸਟੇਟ ਡੈਲੀਗੇਟ ਵੀ ਚੁਣਿਆ ਗਿਆ। ਯੂਨੀਅਨ ਦੇ ਚੁਣੇ ਗਏ ਜਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਅਤੇ ਹੋਰ ਅਹੁਦੇਦਾਰਾਂ ਨੂੰ ਸਾਥੀ ਕਰਮਚਾਰੀਆਂ ਵੱਲੋਂ ਹਾਰ ਪਾ ਕੇ ਲੱਡੂ ਵੰਡਦਿਆਂ ਵਧਾਈ ਦਿੱਤੀ ਗਈ। ਇਸ ਮੌਕੇ ਨਵ ਨਿਯੁਕਤ ਪ੍ਰਧਾਨ ਹਰਪ੍ਰੀਤ ਸਿੰਘ ਮੈਰੀਪੁਰ ਨੇ ਯੂਨੀਅਨ ਦੇ ਸਮੂਹ ਕਰਮਚਾਰੀ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰਸ ਸਾਹਨੀ ਬਲਾਕ ਪ੍ਰਧਾਨ ਫਗਵਾੜਾ, ਗੁਰਕੰਮਲ ਸਿੰਘ ਬਲਾਕ ਪ੍ਰਧਾਨ ਭੁਲੱਥ, ਰਮਨਦੀਪ ਸਿੰਘ ਬੂਲਪੁਰ, ਕੁਲਬੀਰ ਸਿੰਘ ਸ਼ਾਹਵਾਲਾ, ਸਲਵਿੰਦਰ ਸਿੰਘ ਵਾਟਾਂਵਾਲੀ, ਬਲਵਿੰਦਰ ਸਿੰਘ ਸਾਹ ਵਾਲਾ ਅੰਦਰੀਸਾ, ਸਤਨਾਮ ਸਿੰਘ, ਮਨਿੰਦਰ ਸਿੰਘ, ਨਵਦੀਪ ਸਿੰਘ, ਜਗੀਰ ਸਿੰਘ, ਬਿਕਰਮਜੀਤ ਸਿੰਘ ਮੈਨੇਜਰ ਡੀਸੀਯੂ ਆਦਿ ਵੀ ਹਾਜ਼ਰ ਸਨ।



## ਡੇਰਾ ਭਰੋਮਜਾਰਾ ਵਿਖੇ ਸੰਤਾਂ ਦੀ ਸਾਲਾਨਾ ਬਰਸੀ 23-24 ਨੂੰ

**ਬੰਗਾ (ਅਵਤਾਰ ਕਲੇਰ)**- ਮਹਾਨ ਤਪੱਸਵੀ ਸੰਤ ਬਾਬਾ ਖੁਸ਼ੀ ਰਾਮ ਭਰੋਮਜਾਰਾ ਦੀ 37ਵੀਂ ਸਾਲਾਨਾ ਬਰਸੀ ਸਮਾਗਮ ਡੇਰਾ ਸੰਤ ਬਾਬਾ ਮੇਲਾ ਰਾਮ ਭਰੋਮਜਾਰਾ ਵਿਖੇ 23-24 ਮਈ ਨੂੰ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ :ਪੰਜਾਬ,ਸੰਤ ਲਛਮਣ ਦਾਸ ਅਤੇ ਸਤਿਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਜਾਵੇਗੀ। ਸੰਤਾਂ ਨੇ ਦੱਸਿਆ ਕਿ 23 ਮਈ ਨੂੰ ਰਾਤ ਦੇ ਦਿਵਾਨ ਸਜਾਏ ਜਾਣਗੇ,24 ਮਈ ਨੂੰ ਨਿਸ਼ਾਨ ਸਾਹਿਬ ਦੀ ਰਸਮ ਅਤੇ ਭੋਗ ਸ੍ਰੀ ਸਹਿਜ ਪਾਠ ਪਾਇਆ ਜਾਵੇਗਾ ਉਪਰੰਤ ਮਹਾਪੁਰਸ਼ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਸੰਤ ਕੁਲਵੰਤ ਰਾਮ ਭਰੋਮਜਾਰਾ, ਲੈਕਚਰਾਰ ਰਾਮ ਲੁਭਾਇਆ ਕਲਸੀ,ਕੇ.ਕੇ ਪਾਲ ਜਲੰਧਰ ,ਸੁਰਿੰਦਰ ਪਾਲ ਵੜਿੰਗ, ਬਿਹਾਰੀ ਲਾਲ ਨੰਗਲ ਭਾਖੜਾ,ਸੋਮ ਨਾਥ ਐਸ.ਡੀ.ਓ ਗੜ੍ਹਸ਼ੰਕਰ ,ਬਲਵੰਤ ਰਾਏ ਵੜਿੰਗ, ਬੀਬੀ ਸ਼ੀਲਾ ਦੇਵੀ ,ਬੀਬੀ ਅਮਰਜੀਤ ਕੌਰ ਨਵਾਂਸ਼ਹਿਰ,ਕੁਲਦੀਪ ਚੰਦ ਗੜ੍ਹਸ਼ੰਕਰ,ਹਰਜਿੰਦਰ ਕੁਮਾਰ,ਗੁਰਬਚਨ ਰਾਮ,ਚਰਨਜੀਤ ਰਾਮ,ਦੇਸ ਰਾਜ ਚੱਕ ਗੁਰੂ ,ਜੋਗਿੰਦਰ ਪਾਲ, ਮੱਖਣ ਲਾਲ,ਕੁਲਦੀਪ ਸਿੰਘ ਹੈੱਡ ਗ੍ਰੰਥੀ,ਰਵੀ ਪਾਲ ਵੜਿੰਗ,ਧਰਮਵੀਰ ਕੁਮਾਰ,ਸੁਰਜੀਤ ਕੁਮਾਰ,ਪਰਮਾ ਨੰਦ ਨੰਗਲ ਕਰਾਰ ਖਾਂ,ਰਾਮ ਪ੍ਰਕਾਸ਼ ਆਦਿ ਸੰਗਤਾਂ ਹਾਜ਼ਰ ਸਨ।



## ਜ਼ਿਲ੍ਹੇ 'ਚੋਂ ਪਹਿਲਾ ਤੇ ਦੂਜਾ ਸਥਾਨ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਸਨਮਾਨਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸਾਲ 2024/25 ਦੌਰਾਨ ਲਈਆਂ ਗਈਆਂ ਸਾਲਾਨਾ ਪ੍ਰੀਖਿਆਵਾਂ ਦੇ ਨਤੀਜੇ ਘੋਸ਼ਿਤ ਹੋਣ ਮਗਰੋਂ ਰੇਲਵੇ ਮੰਡੀ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਸਕੂਲ ਦੀ ਵਿਦਿਆਰਥਣ ਪ੍ਰਾਂਸ਼ੂ ਸਪੁੱਤਰੀ ਸੁਰੇਸ਼ ਕੁਮਾਰ ਨੇ 482/500 (ਮਾਡਰਨ ਆਫਿਸ ਪ੍ਰੈਕਟਿਸ ਗਰੁੱਪ)ਅਤੇ ਹਰਮਨਜੀਤ ਸਪੁੱਤਰੀ ਸੁਰਿੰਦਰ ਕੁਮਾਰ ਨੇ 479/500 (ਇੰਪੋਰਟ ਅਤੇ ਐਕਸਪੋਰਟ ਮੈਨੇਜਮੈਂਟ ਗਰੁੱਪ) ਅੰਕ ਪ੍ਰਾਪਤ ਕਰਕੇ ਕ੍ਰਮਵਾਰ ਵੋਕੇਸ਼ਨਲ ਸਟ੍ਰੀਮ ਵਿਚੋਂ ਜ਼ਿਲ੍ਹੇ ਵਿਚੋਂ ਪਹਿਲਾ ਅਤੇ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਸਕੂਲ ਦੀ ਵਿਦਿਆਰਥਣ ਨੇਹਾ ਕੁਮਾਰੀ ਸਪੁੱਤਰੀ ਸ਼ਸ਼ੀ ਚੰਦਰ ਪ੍ਰਸ਼ਾਦ ਨੇ ਵੀ 482/500 ਅੰਕ ਪ੍ਰਾਪਤ ਕਰਕੇ ਅਤੇ ਸਕੂਲ ਦੀ ਵਿਦਿਆਰਥਣ ਮਾਨਸੀ ਸਪੁੱਤਰੀ ਸੁਰਿੰਦਰ ਪਾਲ ਨੇ 477/500 ਅੰਕ ਪ੍ਰਾਪਤ ਕਰਕੇ ਆਪਣੇ ਅਧਿਆਪਕਾਂ ਦੇ ਨਾਲ ਨਾਲ ਮਾਪਿਆਂ ਅਤੇ ਸਕੂਲ ਦਾ ਨਾਂਅ ਵੀ ਰੌਸ਼ਨ ਕੀਤਾ ਹੈ।ਪ੍ਰਿੰਸਿਪਲ ਰਾਜਨ ਅਰੋੜਾ ਦੀ ਯੋਗ ਅਗਵਾਈ ਵਿੱਚ ਉਪਰੋਕਤ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ। ਸਵੇਰ ਦੀ ਸਭਾ ਵਿੱਚ ਕਰਵਾਏ ਗਏ ਸਮਾਰੋਹ ਦੀ ਸ਼ੁਰੂਆਤ ਵਿੱਚ ਸਕੂਲ ਦੇ ਪ੍ਰਿੰਸੀਪਲ ਰਾਜਨ ਅਰੋੜਾ ਵੱਲੋਂ ਸਕੂਲ ਦੇ ਸਟਾਫ਼, ਬੱਚਿਆਂ ਦੇ ਮਾਪਿਆਂ ਅਤੇ ਸਮੂਹ ਵਿਦਿਆਰਥਣਾਂ ਨੂੰ ਵਧੀਆ ਨਤੀਜੇ ਲਈ ਵਧਾਈ ਦਿੱਤੀ। ਉਪਰੋਕਤ ਟਾਪਰ ਬੱਚਿਆਂ ਨੂੰ ਮੋਮੈਂਟੋ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਸ਼੍ਰੀਮਤੀ ਪੁਨੀਤ, ਸ਼੍ਰੀਮਤੀ ਰਵਿੰਦਰ ਕੌਰ, ਅਤੇ ਰੇਲਵੇ ਮੰਡੀ ਸਕੂਲ ਦਾ ਸਾਰਾ ਸਟਾਫ਼ ਅਤੇ ਵਿਦਿਆਰਥਣਾਂ ਹਾਜਰ ਸਨ।

# ਸਿਲਵਰ ਓਕ ਸਕੂਲ 'ਚ ਮਾਂ ਦਿਵਸ ਪੂਰੇ ਜੋਸ਼ ਤੇ ਧੂਮ-ਧਾਮ ਨਾਲ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜਪੁਰ ਵਿੱਚ ਮਾਂ ਦਿਵਸ ਦੇ ਮੌਕੇ ਇੱਕ ਸ਼ਾਨਦਾਰ ਪ੍ਰੋਗਰਾਮ ਉਲੀਕਿਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿਚ ਇਹ ਪ੍ਰੋਗਰਾਮ ਬੜੀ ਸਫਲਤਾ ਪੂਰਵਕ ਨੇਪਰੇ ਚੜ੍ਹਿਆ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਸ ਪ੍ਰੋਗਰਾਮ ਦੇ ਬਾਰੇ ਦੱਸਦੇ ਹੋਏ ਕਿਹਾ ਕਿ ਇਸ ਮੌਕੇ ਕੇ.ਜੀ. ਕਲਾਸਾਂ ਦੇ ਬੱਚਿਆਂ ਦੀਆਂ ਮਾਵਾਂ ਨੂੰ ਇਸ ਪ੍ਰੋਗਰਾਮ ਦੇ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ ਗਿਆ ਸੀ। ਉਹਨਾਂ ਦੱਸਿਆ ਕਿ ਮਾਵਾਂ ਦਾ ਸਾਡੇ ਜੀਵਨ ਦੇ ਵਿੱਚ ਇੱਕ ਵਡਮੁੱਲਾ ਯੋਗਦਾਨ ਹੁੰਦਾ ਹੈ। ਅਸੀਂ ਸਾਡੀ ਮਾਂ ਦੀ ਸਾਡੇ ਜੀਵਨ ਨੂੰ ਸਵਾਰਨ ਲਈ ਕੀਤੀ ਗਈ ਦੀ ਅਣਥੱਕ ਮਿਹਨਤ ਨੂੰ ਅੱਖੋਂ ਓਹਲੇ ਨਹੀਂ ਕਰ ਸਕਦੇ। ਉਹਨਾਂ ਦੱਸਿਆ ਕਿ ਅੱਜ ਦਾ ਦਿਨ ਸਿਰਫ ਮਾਵਾਂ ਦੇ ਲਈ ਸੀ ਅਤੇ ਅੱਜ ਉਹਨਾਂ ਨੇ ਆਪਣੇ ਪੂਰੇ ਜੋਸ਼ ਦੇ ਨਾਲ ਇਸ ਪ੍ਰੋਗਰਾਮ ਦੇ ਵਿੱਚ ਭਾਗ ਲਿਆ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ,ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਰਾਜਵੀਰ ਕੌਰ, ਰਾਜਵਿੰਦਰ ਕੌਰ, ਗੁਰਪ੍ਰੀਤ, ਵਿਸ਼ਾਲੀ, ਸੁਮੀਤ, ਪਰਮਜੀਤ, ਬਲਜੀਤ, ਇਕਬਾਲ, ਗੁਰਦੇਵ, ਨੀਨਾ, ਅਨੁਰਾਧਾ, ਮਨੀਸ਼ਾ, ਸੁਖਜਿੰਦਰ, ਪੂਜਾ, ਸ਼ਵੇਤਾ, ਰੁਪਿੰਦਰ, ਪਰਵੀਨ, ਹਰਜੀਤ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।

# ਗੁ: ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦੀਵਾਨ ਹਾਲ ਦਾ ਨੀਂਹ ਪੱਥਰ ਰੱਖਿਆ

**ਮੋਹਾਲੀ (ਗੁਰਜੀਤ ਬਿੱਲਾ)** ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਬ੍ਰਹਮਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਆਸ਼ੀਰਵਾਦ ਸਦਕਾ ਸੰਗਤਾਂ ਦੀ ਸਹੂਲਤ ਲਈ ਬੇਸਮੇਂਟ ਸਮੇਤ ਦੀਵਾਨ ਹਾਲ ਦਾ ਨਿਰਮਾਣ ਕੀਤਾ ਜਾ ਰਿਹਾ ਹੈ।ਇਸ ਕਾਰਜ ਦੀ ਅਰੰਭਤਾ ਲਈ ਸਵੇਰੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਇਸ ਉਪਰੰਤ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਸੰਤ ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲਿਆਂ ਵਲੋਂ ਨੀਂਹ ਪਥੱਰ ਰਖਿਆ ਗਿਆ ।ਇਸ ਮੌਕੇ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ ਹਲਕਾ ਮੁਹਾਲੀ ਦੇ ਇੰਚਾਰਜ ਪਰਮਿੰਦਰ ਸਿੰਘ ਸੋਹਾਣਾ ਤੋਂ ਇਲਾਵਾ ਪਿੰਡ ਅਤੇ ਇਲਾਕੇ ਦੇ ਪਤਵੰਤੇ ਸਜੱਣ ਹਾਜ਼ਰ ਸਨ।



# ਸਿੱਧੂ ਨੇ ਪਰਵਾਰ ਨੂੰ ਘਰ ਪੂਰਾ ਕਰਨ 'ਚ ਕੀਤੀ ਮਦਦ



**ਮੋਹਾਲੀ, (ਗੁਰਜੀਤ ਬਿੱਲਾ)**
ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਨੇਤਾ ਬਲਬੀਰ ਸਿੱਧੂ ਨੇ ਇੱਕ ਗਰੀਬ ਪਰਵਾਰ ਨੂੰ ਉਨ੍ਹਾਂ ਦਾ ਘਰ ਪੂਰਾ ਕਰਨ ਵਿੱਚ ਮਦਦ ਕੀਤੀ ਹੈ। ਉਹ ਪਿੰਡ ਗੋਬਿੰਦਗੜ੍ਹ ਗਏ ਸਨ, ਜਿੱਥੇ ਇੱਕ ਜਨਤਕ ਮੀਟਿੰਗ ਦੌਰਾਨ, ਉਹ ਰਾਣੋ ਦੇਵੀ ਨੂੰ ਮਿਲੇ। ਉਸਨੇ ਬਲਬੀਰ ਸਿੱਧੂ ਨੂੰ ਆਪਣੇ ਘਰ ਦੇ ਤਰਸਯੋਗ ਹਾਲਾਤ ਦਿਖਾਏ ਅਤੇ ਇਹ ਦਸਿਆ ਕਿ ਉਸਦੇ ਸਿਰ 'ਤੇ ਪੱਕੀ ਛੱਤ ਤੱਕ ਨਹੀਂ ਹੈ ਅਤੇ ਆਪਣਾ ਘਰ ਪੂਰਾ ਕਰਨ ਵਿੱਚ ਮਦਦ ਦੀ ਗੁਹਾਰ ਲਗਾਈ।ਸਿੱਧੂ ਨੇ ਉਸਨੂੰ ਸਹਾਇਤਾ ਦਾ ਭਰੋਸਾ ਦਿੱਤਾ ਸੀ ਓਹ ਭੋਰਸਾ ਪੂਰਾ ਕੀਤਾ।ਆਪਣੇ ਕੁਝ ਦੋਸਤਾਂ ਦੇ ਨਾਲ, ਕਾਂਗਰਸੀ ਨੇਤਾ ਨੇ ਪਿੰਡ ਦਾ ਦੌਰਾ ਕੀਤਾ ਅਤੇ ਉਸਾਰੀ ਲਈ ਲੋੜੀਂਦੀ ਵਿੱਤੀ ਸਹਾਇਤਾ ਅਤੇ ਹੋਰ ਜ਼ਰੂਰੀ ਚੀਜ਼ਾਂ ਸਮੇਤ ਸਾਰੀ ਲੋੜੀਂਦੀ ਸਹਾਇਤਾ ਪ੍ਰਦਾਨ ਕੀਤੀ।ਇਸ ਮੌਕੇ 'ਤੇ ਸੰਜੀਵ ਕੁਮਾਰ ਬੰਟੀ ਗੋਬਿੰਦਗੜ੍ਹ, ਕਰਮਾ ਪੁਰੀ ਸਰਪੰਚ, ਦਲਜੀਤ ਪੁਰੀ, ਮੋਹਨ ਲਾਲ, ਨਰੇਸ਼ ਪੁਰੀ, ਗੁਰਮੀਤ ਭਾਰਤੀ, ਸਾਬਕਾ ਸਰਪੰਚ ਡਾ ਬਲਵਿੰਦਰ ਸਿੰਘ, ਅਸ਼ੋਕ ਪੁਰੀ, ਗੁਰਮੇਲ ਪੁਰੀ, ਇੰਦਰ ਪੁਰੀ, ਜਸਵੀਰ ਪੁਰੀ, ਰਾਮ ਕਿਸ਼ੋਰ, ਦੀਪ ਚੰਦ, ਚੌਧਰੀ ਇਸ਼ਰਪਾਲ ਸਿੰਘ, ਪੰਕਜ ਕੁਕਰੇਜਾ ਆਦਿ ਸ਼ਾਮਲ ਸਨ।

## ਜ਼ਿਲ੍ਹਾ 'ਚੋਂ ਅੱਵਲ ਆਈ ਜਸ਼ਨਦੀਪ ਕੌਰ ਸਨਮਾਨਤ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**— ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਦੇ ਨਤੀਜਿਆਂ 'ਚ ਹਲਕਾ ਡੇਰਾਬੱਸੀ ਦੇ ਪਿੰਡ ਰਾਜੋ ਮਾਜਰਾ ਦੀ ਜਸ਼ਨਦੀਪ, ਕੌਰ ਪੁੱਤਰੀ ਮਲਕੀਤ ਸਿੰਘ ਨੇ 96.62 ਪ੍ਰਤੀਸ਼ਤ ਅੰਕ ਲੈਕੇ ਜ਼ਿਲ੍ਹੇ ਮੋਹਾਲੀ 'ਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਜੋਮਾਜਰਾ ਦੀ ਵਿਦਿਆਰਥਣ ਜਸ਼ਨਦੀਪ ਦੀ ਇਸ ਉਪਲੱਬਧੀ 'ਤੇ ਕਾਂਗਰਸ ਦੇ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਨੇ ਵਿਦਿਆਰਥਣ ਦੇ ਘਰ ਜਾ ਕੇ ਉਸ ਦਾ ਸਨਮਾਨ ਕੀਤਾ ਅਤੇ ਭਵਿੱਖ ਵਿਚ ਹੋਰ ਮੱਲਾਂ ਮਾਰਨ ਦਾ ਹੌਂਸਲਾ ਦਿੱਤਾ।ਉਨ੍ਹਾਂ ਕਿਹਾ ਕਿ ਉਹ ਜਸ਼ਨਦੀਪ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦੇ ਹਨ।

## ਪੀ ਐੱਮ ਸ਼੍ਰੀ ਸ.ਕੰ.ਸ.ਸ.ਸ. ਦਾ ਨਤੀਜਾ 100 ਫੀਸਦੀ ਰਿਹਾ



**ਮਹਿਤਪੁਰ (ਰਾਜਾ)** ਪੀ ਐਮ ਸ਼੍ਰੀ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਮਹਿਤਪੁਰ ਦਾ ਦੱਸਵੀਂ ਜਮਾਤ ਦਾ ਨਤੀਜਾ 100% ਰਿਹਾ। ਮਹਿਕਦੀਪ ਕੌਰ ਨੇ 92.1% ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ,ਪ੍ਰਿਆ ਗਿੱਲ ਨੇ 90.6% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਹਰਸੀਰਤ ਕੌਰ ਨੇ 90% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਏਕਤਾ ਨੇ 88.8%,ਰਿਧਿਮਾ ਨੇ 88.6%, ਮੁਸਕਾਨਪ੍ਰੀਤ ਕੌਰ ਨੇ 86..6%,ਨਵਦੀਪ ਕੌਰ ਨੇ 84.8%,ਰੋਜ਼ੀ ਨੇ 84.5%,ਨਵਦੀਪ ਕੌਰ ਨੇ 84.3%,ਪ੍ਰਿਅੰਕਾ ਚੰਦਰ ਨੇ 83.2%,ਨਵਰਾਜਦੀਪ ਕੌਰ ਨੇ 82.9% ,ਚਾਵਲੀ ਨੇ 81.2% ,ਟਵਿੰਕਲ ਚੰਦਰ ਨੇ 80.3% ਅਤੇ ਨਵਜੋਤ ਕੌਰ ਨੇ 80% ਅੰਕ ਪ੍ਰਾਪਤ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ। ਬਾਕੀ ਵਿਦਿਆਰਥਣਾਂ ਵੀ ਚੰਗੇ ਨੰਬਰ ਲੈ ਕੇ ਪਾਸ ਹੋਈਆਂ।ਸਕੂਲ ਇੰਚਾਰਜ ਨਰੇਸ਼ ਕੁਮਾਰ ਨੇ ਸਮੂਹ ਵਿਦਿਆਰਥਣਾਂ,ਮਾਪਿਆਂ,ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥਣਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

# ਜਥੇਦਾਰ ਗੜਗੱਜ ਨੇ ਛਾਉਣੀ ਨਿਹੰਗ ਸਿੰਘਾਂ ਦਾ ਨੀਂਹ ਪੱਥਰ ਰੱਖਿਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਖਾਲਸਾ ਪੰਥ ਦੀਆਂ ਸ਼ਾਨਾਂਮਤੀ ਰੀਤਾਂ ਤੇ ਰਵਾਇਤਾਂ ਨੂੰ ਅੱਗੇ ਤੋਰਨ ਲਈ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਚਾਰ-ਪੰਜ ਨਿਹੰਗ ਸਿੰਘਾਂ ਦੀਆਂ ਛਾਉਣੀਆਂ ਹੋਣੀਆਂ ਚਾਹੀਦੀਆਂ ਹਨ ਤਾਂ ਜੋ ਗਊ ਗਰੀਬ ਦੀ ਰੱਖਿਆ ਕੀਤੀ ਜਾ ਸਕੇ ਅਤੇ ਸਿੱਖ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕੀਤਾ ਜਾ ਸਕੇ। ਇਹ ਵਿਚਾਰ ਸ਼੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਐਤਵਾਰ ਨੂੰ ਹੁਸ਼ਿਆਰਪੁਰ ਦੇ ਨਜ਼ਦੀਕੀ ਪਿੰਡ ਬਾਗਪੁਰ ਸਤੌਰ ਵਿਖੇ ਛਾਉਣੀ ਨਿਹੰਗ ਸਿੰਘਾਂ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਦੇ ਨੀਹ ਪੱਥਰ ਰੱਖਣ ਮੌਕੇ ਪ੍ਰਗਟ ਕੀਤੇ । ਪਿੰਡ ਬਸੀ ਮੁੱਦਾ ਨਜ਼ਦੀਕ ਨਵੇਂ ਬਣਨ ਵਾਲੇ ਇਸ ਧਾਰਮਿਕ ਸਥਾਨ ਤੇ ਛਾਉਣੀ ਨਿਹੰਗ ਸਿੰਘਾਂ ਦੀ ਕਾਰ ਸੇਵਾ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਗੁਰਦੇਵ ਸਿੰਘ ਕਰਵਾ ਰਹੇ ਹਨ । ਇਸ ਮੌਕੇ ਨਵੀਂ ਉਸਾਰੀ ਜਾਣ ਵਾਲੀ ਇਮਾਰਤ ਦਾ ਨੀਹ ਪੱਥਰ ਰੱਖਣ ਤੋਂ ਪਹਿਲਾਂ ਆਰੰਭਤਾ ਦੀ ਅਰਦਾਸ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕੀਤੀ ਗਈ ਉਨ੍ਹਾਂ ਆਪਣੇ ਸੰਬੋਧਨ ਵਿੱਚ ਆਖਿਆ ਕਿ ਅੱਜ ਦੇ ਸਮੇਂ ਵਿੱਚ ਜ਼ਿਆਦਾ ਤਾਦਾਦ ਵਿੱਚ ਹੋ ਰਹੇ ਧਰਮ ਪਰਿਵਰਤਨ ਨੂੰ ਭਾਂਪਦਿਆਂ ਸਿੱਖੀ ਤੋਂ ਟੁੱਟਦੇ ਜਾ ਰਹੇ ਭੁੱਲੜ ਵੀਰਾਂ ਨੂੰ ਘਰ ਵਾਪਸ ਮੋੜਨ ਲਈ ਸਿਖੀ ਰਹਿਤ ਮਰਿਆਦਾਵਾਂ ਦਾ ਅਤੇ ਧਰਮ ਦਾ ਪ੍ਰਚਾਰ ਕਰਨ ਦੀ ਬਹੁਤ ਜਿਆਦਾ ਲੋੜ ਹੈ। ਪਿੰਡ ਬਾਗਪੁਰ ਸਤੌਰ ਨਜ਼ਦੀਕ ਨਿਹੰਗ ਸਿੰਘ ਜਥੇਬੰਦੀ ਸ਼੍ਰੋਮਣੀ ਭਗਤ ਧੰਨਾ ਦਲ ਦੇ ਮੁਖੀ ਜਥੇਦਾਰ ਬਾਬਾ ਗੁਰਦੇਵ ਸਿੰਘ ਦੀ ਅਗਵਾਈ ਹੇਠ ਸ਼ੁਰੂ ਹੋ ਰਹੀ ਛਾਉਣੀ ਨਿਹੰਗ ਸਿੰਘਾਂ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਦੀ ਉਸਾਰੀ ਕਾਰਜਾਂ ਲਈ ਉਹ ਇਨਾਂ ਨੇ ਸਮੁੱਚੇ ਖਾਲਸਾ ਪੰਥ ਨੂੰ ਵਧਾਈ ਦਿੱਤੀ ਅਤੇ ਇਸ ਅਸਥਾਨ ਲਈ ਜਮੀਨ ਦੀ ਸੇਵਾ ਕਰਨ ਵਾਲੇ ਨਿਹੰਗ ਸਿੰਘ ਬਾਬਾ ਦਲੀਪ ਸਿੰਘ ਦੇ ਪੁੱਤਰ ਅਜੈਬ ਸਿੰਘ ਅਤੇ ਪੋਤਰੀ ਬੀਬੀ ਇੰਦਰਜੀਤ ਕੌਰ ਦਾ ਸਿਰਫ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਦੀਪ ਸਿੰਘ ਕੌਂਸਲ ਚੇਅਰਮੈਨ ਕਿਲਾ ਮਹਾਰਾਜਾ ਜੱਸਾ ਸਿੰਘ ਜੀ ਰਾਮਗੜੀਆ ਅਤੇ ਪ੍ਰਧਾਨ ਰਾਮਗੜੀਆ ਸਿੱਖ ਔਰਗੇਨਾਈਜੇਸ਼ਨ ਇੰਡੀਆ, ਜਸਵਿੰਦਰ ਸਿੰਘ ਪਰਮਾਰ ਸਰਪ੍ਰਸਤ ਅਤੇ ਹਰਜੀਤ ਸਿੰਘ ਨੰਗਲ ਪ੍ਰਧਾਨ ਭਾਈ ਘਨਈਆ ਜੀ ਨਿਸ਼ਕਾਮ ਸੇਵਕ ਸਭਾ ਹਰਿਆਣਾ, ਬਾਬਾ ਬਲਵੀਰ ਸਿੰਘ ਬਿਰਧ ਆਸ਼ਰਮ ਹਰਿਆਣਾ, ਬਾਬਾ ਬਲਵਿੰਦਰ ਸਿੰਘ ਹਰੀ ਸਿੰਘ ਨਲੂਆ ਫੈਡਰੇਸ਼ਨ, ਬੀਬੀ ਮਹਿੰਦਰ ਕੌਰ ਜੋਸ਼ ਸਾਬਕਾ ਐਮਐਲਏ, ਹਰਵਿੰਦਰ ਸਿੰਘ ਡੱਲੀ ਸਾਬਕਾ ਐਸਐਸਪੀ, ਭਾਈ ਉਂਕਾਰ ਸਿੰਘ ਧਾਮੀ, ਭਾਈ ਸਰਤਾਜ ਸਿੰਘ ਬਸਰਾਵਾਂ, ਭਾਈ ਜੋਗਿੰਦਰ ਸਿੰਘ ਖਹਿਰਾ, ਬਾਬਾ ਮਨਿੰਦਰ ਸਿੰਘ ਘੋੜਿਆਂ ਵਾਲੇ, ਮਨਜੀਤ ਸਿੰਘ ਚੀਮਾ ਮੁਕੇਰੀਆਂ, ਸਤਨਾਮ ਸਿੰਘ ਚੀਮਾ, ਭੁਪਿੰਦਰ ਸਿੰਘ ਪਿੰਕੀ, ਅਵਤਾਰ ਸਿੰਘ ਧਾਮੀ, ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਹੋਈਆਂ।



# ਸੰਤ ਪਰਮਾਨੰਦ ਦੀ ਯਾਦ ਤੇ ਸੰਤ ਚਾਨਣ ਰਾਮ ਦੇ ਜਨਮ ਦਿਨ ਨੂੰ ਸਮਰਪਿਤ ਸਮਾਗਮ ਸ਼ਰਧਾਪੂਰਵਕ ਮਨਾਏ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**
ਬ੍ਰਹਮਲੀਨ ਸੰਤ ਪਰਮਾਨੰਦ ਦੀ ਯਾਦ ਵਿਚ ਅਤੇ ਸੰਤ ਚਾਨਣ ਰਾਮ ਸ਼ੇਰਗੜ ਵਾਲਿਆਂ ਦੇ ਜਨਮ ਦਿਨ ਨੂੰ ਸਮਰਪਿਤ ਵਿਸ਼ਾਲ ਸਮਾਗਮ ਡੇਰਾ ਧਾਮ ਚਾਨਣਪੁਰੀ ਚੰਡੀਗੜ੍ਹ ਰੋਡ ਅਸਲਾਮਾਬਾਦ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਧਰਮਪਾਲ ਸਟੇਜ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਸ਼ਰਧਾ ਪੂਰਵਕ ਮਨਾਏ ਗਏ।ਇਸ ਮੌਕੇ ਸਹਿਜ ਪਾਠ ਦੇ ਭੋਗ ਤੋਂ ਉਪਰੰਤ ਕੀਰਤਨ ਅਤੇ ਸੰਤ ਸਮਾਗਮ ਦੇ ਦੀਵਾਨ ਸਜਾਏ ਗਏ, ਜਿਸ ਵਿੱਚ ਰਾਗੀ, ਢਾਡੀ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ਾਂ ਵਲੋਂ ਕੀਰਤਨ,ਕਥਾ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ।ਇਸ ਮੌਕੇ ਸੰਤ ਸਰਵਣ ਦਾਸ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ,ਸੰਤ ਸਰਵਣ ਦਾਸ ਸਲੇਮਟਾਵਰੀ, ਸੰਤ ਪਰਮਜੀਤ ਦਾਸ ਨਗਰ, ਸੰਤ ਬਲਵੀਰ ਦਾਸ ਸਾਹਰੀ, ਸੰਤ ਬਲਵੰਤ ਸਿੰਘ ਡਿੰਗਰੀਆਂ, ਸੰਤ ਰਮੇਸ਼ ਦਾਸ ਡੇਰਾ ਕਲਰਾਂ ਸ਼ੇਰਪੁਰ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਅਮਰ ਸਿੰਘ ਲਾਚੋਵਾਲ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਮਨਜੀਤ ਦਾਸ ਵਿਛੋਹੀ,ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਤਰਸੇਮ ਲਾਲ ਗੜਸ਼ੰਕਰ, ਸੰਤ ਰੁਸਤਮ ਗਿਰੀ ਸ਼ਾਂਤੀ ਨਗਰ,ਸੰਤ ਜਸਵੀਰ ਸਿੰਘ ਪਿੱਪਲੀਵਾਲਾ, ਸੰਤ ਗੁਰਮੇਲ ਦਾਸ ਰਹੀਮਪੁਰ, ਸੰਤ ਸੁਰਜੀਤ ਸਿੰਘ ਤਨੁਲੀ, ਸੰਤ ਸੁਭਾਸ਼ ਚੰਦਰ ਬੰਗਲਾ, ਸੰਤ ਅੰਮ੍ਰਿਤ ਕੌਰ, ਸੰਤ ਜਗਦੀਸ਼ ਕੌਰ ਵੀ ਹਾਜਰ ਸਨ।ਇਸ ਮੌਕੇ ਡੇਰਾ ਸੰਚਾਲਕ ਸੰਤ ਧਰਮਪਾਲ ਵਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨਿਤ ਕੀਤਾ ਅਤੇ ਸਮੂਹ ਸੰਗਤਾਂ ਦਾ ਧੰਨਬਾਦ ਕੀਤਾ।ਇਸ ਮੌਕੇ ਇੰਜੀ. ਜਗਦੀਸ਼ ਬੱਧਣ ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ, ਸਰਪੰਚ ਬਲਵੀਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰੂ ਰਵਿਦਾਸ ਸਭਾ, ਮੋਹਣ ਲਾਲ ਕਾਲਾ ਸਰਪੰਚ ਸ਼ੇਰਗੜ,ਜਸਪਾਲ ਚੇਚੀ ਚੇਅਰਮੈਨ ਮੰਡੀ ਬੋਰਡ, ਮੁਖੀ ਰਾਮ ਕੌਂਸਲਰ, ਜਗੀਰ ਸਿੰਘ ਕੌਂਸਲਰ, ਸਰਵਣ ਸਿੰਘ ਅਸਲਾਮਾਬਾਦ, ਮਨਜੀਤ ਕੌਰ ਬਲਾਚੌਰ, ਗੁਰਮੇਲ ਸਿੰਘ ਸੰਧੂ, ਸਵਰਨ ਕੌਰ, ਰਣਜੀਤ ਕੌਰ, ਜਸਵਿੰਦਰ ਕੌਰ, ਨੀਲਮ ਕੁਮਾਰੀ, ਸੱਤਪਾਲ ਸ਼ੇਰਗੜ, ਰਾਮ ਪਾਲ ਬਜਵਾੜਾ,ਰਮੇਸ਼ ਸੰਧੂ, ਰਾਜ ਕੁਮਾਰ ਜੰਗੀ, ਰੂਬੀ ਡਾਡਾ, ਗੁਰਦੇਵ ਖਾਨਪੁਰ, ਰਿੱਕੀ ਚੋਪੜਾ, ਜਮੀਤ ਰਾਏ, ਮਲਕੀਤ ਵਿਰਦੀ, ਗੁਰਮੀਤ ਰਾਮ, ਕੈਪਟਨ ਜੀਤ ਰਾਮ, ਧਰਮਜੀਤ ਸ਼ੇਰਗੜ, ਸੁਰਿੰਦਰ, ਸੋਨੂੰ ਕੇਸਰ,ਜੋਤੀ ਕੀਰਤੀ ਨਗਰ ਵੀ ਹਾਜਰ ਸਨ।

# ਯਾਦਵਿੰਦਰਾ ਪਬਲਿਕ ਸਕੂਲ ਨੇ ਕੈਸਲ ਸਟ੍ਰੋਕ ਗੋਲਫ ਟੂਰਨਾਮੈਂਟ ਜਿੱਤਿਆ




**ਮੋਹਾਲੀ (ਗੁਰਜੀਤ ਬਿੱਲਾ)**
ਮੋਹਾਲੀ ਗੋਲਫ ਰੇਂਜ ਵਿਖੇ ਜੂਨੀਅਰ ਗੋਲਫ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ, ਜਿੱਥੇ ਵੱਖ-ਵੱਖ ਸਕੂਲਾਂ ਦੇ ਵੱਖ-ਵੱਖ ਉਮਰ ਸਮੂਹਾਂ ਦੇ ਬੱਚਿਆਂ ਨੇ ਹਿੱਸਾ ਲਿਆ। ਯਾਦਵਿੰਦਰਾ ਪਬਲਿਕ ਸਕੂਲ, ਮੋਹਾਲੀ ਨੇ ਇੰਟਰ-ਸਕੂਲ ਟੂਰਨਾਮੈਂਟ ਜਿੱਤਿਆ, ਜਦੋਂ ਕਿ ਦਿੱਲੀ ਪਬਲਿਕ ਸਕੂਲ, ਖੰਨਾ ਦੂਜੇ ਸਥਾਨ 'ਤੇ ਰਿਹਾ। ਅਰਮਾਨ ਸਿੰਘ ਵਿਰਕ ਨੇ ਲਗਾਤਾਰ ਤਿੰਨ ਸ਼ਾਟ ਲਾਉਣ ਦਰਮਿਆਨ 225 ਗਜ਼ ਦਾ ਸਰਵੋਤਮ ਪ੍ਰਦਰਸ਼ਨ ਕੀਤਾ ਕਿਉਂਕਿ ਉਸਨੇ ਸਭ ਤੋਂ ਲੰਬੀ ਡਰਾਈਵ ਨਾਲ ਮੈਚ ਖਤਮ ਕੀਤਾ। 5 ਸਾਲ ਦਾ ਕਿਆਨ ਰਾਜ ਮੈਚ ਦਾ ਸਭ ਤੋਂ ਛੋਟੀ ਉਮਰ ਦਾ ਖਿਡਾਰੀ ਸੀ ਅਤੇ 8 ਸਾਲ ਦੀ ਅਨੁਰੀਤ ਨੇ ਟੂਰਨਾਮੈਂਟ ਦੇ ਸਭ ਤੋਂ ਸਿੱਧੇ ਡਰਾਈਵ ਲਈ ਤਗਮਾ ਜਿੱਤਿਆ ਹੈ।ਜਸਕੀਰਤ ਸਿੰਘ, ਗੁਰਮੇਹਰ, ਇੰਦਰਵੀਰ ਸਿੰਘ, ਸਮਾਇਰਾ, ਜ਼ੀਵਾ ਨੇ ਵੀ ਆਪਣੀਆਂ ਸ਼੍ਰੇਣੀਆਂ ਵਿੱਚ ਪਹਿਲੇ ਸਥਾਨ ਪ੍ਰਾਪਤ ਕੀਤੇ। ਟੂਰਨਾਮੈਂਟ ਦੇ ਇਨਾਮ ਜ਼ੈਨਿਥ ਲੀਜ਼ਰ ਹੋਲੀਡੇਜ਼ ਲਿਮਟਿਡ ਦੁਆਰਾ ਸਪਾਂਸਰ ਕੀਤੇ ਗਏ ਸਨ।

# ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ 'ਚ ਸਨਮਾਨ ਸਮਾਰੋਹ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਖਾਂਬਰਾ ਵਿਚ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ । ਇਸ ਮੌਕੇ ਵਿਦਿਆਰਥੀਆਂ ਨੂੰ ਲੀਡਰਸ਼ਿਪ ਭੂਮਿਕਾਵਾਂ ਲਈ ਨਿਯੁਕਤ ਕੀਤਾ ਗਿਆ। ਇਹ ਸਮਾਰੋਹ ਸਕੂਲ ਭਾਈਚਾਰੇ ਦੇ ਅੰਦਰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਦੀ ਸ਼ੁਰੂਆਤ ਨੂੰ ਦਰਸਾਉਂਦਾ ਹੈ। ਜਿਸ ਵਿੱਚ ਗੁਰਿੰਦਰ (10ਵੀਂ ਜਮਾਤ) ਅਤੇ ਲਕਸ਼ਯ (9ਵੀਂ ਜਮਾਤ) ਨੂੰ ਮਾਰਸ਼ਲ ਵਜੋਂ ਨਿਯੁਕਤ ਕੀਤਾ ਗਿਆ, ਜਿੱਥੇ ਸ਼ੁਭਮ (10ਵੀਂ ਜਮਾਤ) ਅਤੇ ਸੰਚਿਤਾ (8ਵੀਂ ਜਮਾਤ), ਦਿਲਰਾਜ (9ਵੀਂ ਜਮਾਤ) ਅਤੇ ਮਹਿਕ (8ਵੀਂ ਜਮਾਤ) ਨੂੰ ਅਨਲ ਹਾਊਸ ਦੇ ਕੈਪਟਨ ਅਤੇ ਉਪ-ਕਪਤਾਨ ਵਜੋਂ ਨਿਯੁਕਤ ਕੀਤਾ ਗਿਆ। ਹਰਸ਼ (10ਵੀਂ ਜਮਾਤ) ਅਤੇ ਏਕਤਾ (9ਵੀਂ ਜਮਾਤ), ਗੁਰਜੋਤ (9ਵੀਂ ਜਮਾਤ) ਅਤੇ ਸਾਹਿਬ (8ਵੀਂ ਜਮਾਤ) ਨੂੰ ਅਨੰਤ ਹਾਊਸ ਦੇ ਕੈਪਟਨ ਅਤੇ ਉਪ-ਕਪਤਾਨ ਵਜੋਂ ਨਿਯੁਕਤ ਕੀਤਾ ਗਿਆ। ਮਨਪ੍ਰੀਤ, ਅਨੁਭਵ, ਬਲਜੋਤ ਅਤੇ ਅਲੀਸ਼ਾ ਨੂੰ ਅੰਬਰ ਹਾਊਸ ਦੇ ਕੈਪਟਨ ਅਤੇ ਉਪ-ਕਪਤਾਨ ਨਿਯੁਕਤ ਕੀਤਾ ਗਿਆ। ਰਿਤਿਕ ਅਤੇ ਜਸਮੀਤ , ਗੁਰਲੀਨ ਅਤੇ ਸੋਹਮ ਨੂੰ ਅਵਨੀ ਹਾਊਸ ਦੇ ਕੈਪਟਨ ਅਤੇ ਉਪ-ਕਪਤਾਨ ਨਿਯੁਕਤ ਕੀਤਾ ਗਿਆ ਹੈ। ਇਸ ਪ੍ਰੋਗਰਾਮ ਵਿੱਚ ਅਨਲ (ਪੀਲਾ), ਅਨੰਤ (ਲਾਲ), ਅੰਬਰ (ਨੀਲਾ) ਅਤੇ ਅਵਨੀ (ਹਰਾ) ਨਾਮਕ ਚਾਰੇ ਹਾਊਸਾਂ ਨੂੰ ਆਪਣੇ ਕੈਪਟਨ, ਉਪ-ਕਪਤਾਨ ਅਤੇ ਪ੍ਰੀਫੈਕਟ ਮਿਲੇ। ਅੰਤ ਵਿੱਚ ਪ੍ਰਿੰਸੀਪਲ ਮੀਨਾਕਸ਼ੀ ਭਗਤ ਨੇ ਵਿਦਿਆਰਥੀਆਂ ਨੂੰ ਆਪਣੇ ਫਰਜ਼ਾਂ ਪ੍ਰਤੀ ਇਮਾਨਦਾਰ ਰਹਿਣ ਅਤੇ ਆਪਣਾ ਸਭ ਤੋਂ ਵਧੀਆ ਕਰਨ ਲਈ ਮਾਰਗਦਰਸ਼ਨ ਕੀਤਾ।

# ਸਿੱਖਿਆ ਲਈ ਲੀਡਰਸ਼ਿਪ, ਦੂਰਦਰਸ਼ਤਾ ਤੇ ਨਵੀਂ ਸੋਚ ਦੀ ਲੋੜ : ਸੁਧਾਨ



**ਆਦਮਪੁਰ (ਪਰਮਜੀਤ ਸਿੰਘ)**
ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ, ਜਲੰਧਰ 'ਚ 'ਉੱਚ ਸਿੱਖਿਆ ਸੰਸਥਾਵਾਂ ਵਿੱਚ ਭਵਿੱਖ ਦੀ ਲੀਡਰਸ਼ਿਪ ਨੂੰ ਸਮਰੱਥ ਬਣਾਉਣ ਲਈ ਨਵੀਨਤਮਕਾਰੀ ਅਧਿਆਪਨ ਕੁਸ਼ਲਤਾਵਾਂ ਅਤੇ ਖੋਜ ਵਿਧੀਆਂ ਦਾ ਪਾਲਣ ਕਰਨਾ' ਵਿਸ਼ੇ ਉੱਤੇ ਸਫਲਤਾਪੂਰਵਕ ਸੰਪੰਨ ਹੋਈ।ਸਮਾਗਮ ਦੀ ਸ਼ੁਰੂਆਤ ਗੁਰਮਤਿ ਸ਼ਬਦ-ਗਾਇਨ ਨਾਲ ਹੋਈ। ਉਪਰੰਤ ਸ਼ਮ੍ਹਾ ਰੌਸ਼ਨ ਕੀਤੀ ਗਈ।ਯੂਨੀਵਰਸਿਟੀ ਦੇ ਉਪਕੁਲਪਤੀ ਪ੍ਰੋ.(ਡਾ.) ਧਰਮਜੀਤ ਸਿੰਘ ਪਰਮਾਰ ਨੇ ਸ਼ਖਸੀਅਤਾਂ ਦਾ ਤਹਿ ਦਿਲੋਂ ਸਵਾਗਤ ਕੀਤਾ ।ਉਨ੍ਹਾਂ ਕਿਹਾ ਇਸ ਤਰ੍ਹਾਂ ਦੇ ਕਾਰਜਕ੍ਰਮ ਅਧਿਆਪਕਾਂ ਦੇ ਵਿਕਾਸ ਵਿਚ ਅਹਿਮ ਭੂਮਿਕਾ ਅਦਾ ਕਰਦੇ ਹਨ।ਅੱਜ ਦੇ ਦੌਰ ਵਿੱਚ ਨਵੀਨਤਾ,ਵਿਗਿਆਨਕ ਖੋਜ ਅਤੇ ਵਿਦਿਆਰਥੀ ਕੇਂਦਰਿਤ ਸਿੱਖਿਆ ਪ੍ਰਣਾਲੀ ਦੀ ਲੋੜ ਹੈ। ਇਹ FDP ਇਸ ਦਿਸ਼ਾ ਵੱਲ ਇੱਕ ਸਾਰਥਕ ਕਦਮ ਹੈ। ਇਸ ਸਮਾਗਮ ਵਿਚ ਮੁੱਖ ਵਕਤਾ ਵੱਜੋਂ ਡਾ. ਪ੍ਰੋ. ਗੀਤਿਕਾ ਸਰਹਿੰਦੀ (ਮੁਖੀ ਬਨਸਪਤੀ ਵਿਭਾਗ ਪੰਜਾਬੀ ਯੂਨੀਵਰਸਿਟੀ, ਪਟਿਆਲਾ) ਡਾ.ਵਿਨੈ ਸ਼ਰਮਾ (ਯੂ.ਆਈ.ਐਲ.ਐਸ ਰਿਜ਼ਨਲ ਕੈਂਪਸ, ਹੁਸਿਆਰਪੁਰ), ਕ੍ਰਿਸ਼ਨ ਅਰੋੜਾ, ਪ੍ਰੋ. ਜਸਵੰਤ ਸਿੰਘ (ਪ੍ਰਿੰ. ਗੁਰੂ ਨਾਨਕ ਕਾਲਜ ਸੁਖਚੰਨਮਾਣਾ ਸਾਹਿਬ, ਫਗਵਾੜਾ) ਪ੍ਰੋ. ਅਦਰਸ਼ ਪਾਲ ਵਿਗ(ਚੇਅਰਮੈਨ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ), ਬਲਵੀਰ ਸਿੰਘ ਸੁਧਾਨ (ਸਾਬਕਾ ਆਈਏਐਸ ਅਤੇ ਹੋਮ ਸੈਕਟਰੀ ਪੰਜਾਬ ਸਰਕਾਰ)ਨੇ ਸ਼ਿਰਕਤ ਕੀਤੀ। ਇਸ ਮੌਕੇ 'ਤੇ ਬਲਵੀਰ ਸਿੰਘ ਸੁਧਾਨ (ਸਾਬਕਾ ਆਈ.ਏ.ਐਸ. ਅਤੇ ਹੋਮ ਸੈਕਟਰੀ, ਪੰਜਾਬ ਸਰਕਾਰ) ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਦੀ ਸਿੱਖਿਆ ਲਈ ਲੀਡਰਸ਼ਿਪ, ਦੂਰਦਰਸ਼ਤਾ ਅਤੇ ਨਵੀਂ ਸੋਚ ਦੀ ਲੋੜ ਹੈ। ਅਜਿਹੇ ਟ੍ਰੇਨਿੰਗ ਕਾਰਜਕ੍ਰਮ ਅਧਿਆਪਕਾਂ ਨੂੰ ਸਮੇਂ ਦੇ ਨਾਲ ਤਾਲਮੇਲ ਬਿਠਾਉਣ ਵਿੱਚ ਮਦਦਗਾਰ ਸਾਬਤ ਹੁੰਦੇ ਹਨ।ਸਮਾਗਮ ਡਾ. ਵਿਜੈ ਧੀਰ, ਡੀਨ ਅਕਾਦਮਿਕਸ (ਕੋਡੀਨੇਟਰ), ਡਾ. ਇੰਦੂ ਸ਼ਰਮਾ (ਕੋਡੀਨੇਟਰ),ਡਾ. ਜਗਦੀਪ ਕੌਰ (ਕੋਡੀਨੇਟਰ) ਦੀ ਨਿਗਰਾਨੀ ਹੇਠ ਅਰੰਭ ਹੋਇਆ। ਇਸ ਮੌਕੇ ਸ.ਰੂਪ ਸਿੰਘ (ਡਿਪਟੀ ਰਜਿਸਟਰਾਰ) ਵੱਖ-ਵੱਖ ਵਿਭਾਗਾਂ ਦੇ ਡੀਨ, ਪ੍ਰੋਫੈਸਰ ਵੀ ਹਾਜ਼ਰ ਸਨ। ਇਸ ਐਫ.ਡੀ.ਪੀ ਵਿਚ 82 ਪ੍ਰੋਫੈਸਰਾਂ ਨੇ ਭਾਗ ਲਿਆ ਜਿਨ੍ਹਾਂ ਨੂੰ ਸਰਟੀਫਿਕੇਟ ਦਿੱਤੇ ਗਏ। ਮੰਚ ਸੰਚਾਲਨ ਦੀ ਭੂਮਿਕਾ ਡਾ. ਸਿਮ੍ਰਿਤੀ ਠਾਕੁਰ ਨੇ ਬਾਖੂਬੀ ਨਿਭਾਈ।

## ਜਠੇਰਿਆਂ ਦਾ ਮੇਲਾ 25 ਨੂੰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਿੱਧੂ ਜਠੇਰੇ ਸੇਵਾ ਵੈਲਫੇਅਰ ਕਮੇਟੀ ਵਲੋਂ ਸਿੱਧੂ ਜਠੇਰਿਆਂ ਤੇ ਪਿੰਡ ਭੀਣ ਵਿਖੇ ਆਉਣ ਵਾਲੇ ਮੇਲੇ ਸੰਬਧੀ ਕੀਤੀ ਦਰਬਾਰ ਦੇ ਸੇਵਾਦਾਰ ਸਤਨਾਮ ਸਿੰਘ ਕਮਲ ਸਿੱਧੂ ਨੇ ਦੱਸਿਆ 25 ਮਈ ਨੂੰ ਮੇਲਾ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਮੇਲੇ ਵਿੱਚ ਮੈਡੀਕਲ ਕੈਂਪ ਲਗਾਇਆ ਜਾਵੇਗਾ।ਉੱਘੇ ਗਾਇਕ ਕਲਾਕਾਰ ਆਪਣੇ ਗੀਤਾਂ ਰਾਹੀਂ ਸੰਗਤ ਦਾ ਮਨੋਰੰਜਨ ਕਰਨਗੇ। ਇਸ ਮੌਕੇ 'ਤੇ ਅਵਤਾਰ ਸਿੰਘ ਸਿੱਧੂ, ਜਗਤਾਰ ਸਿੰਘ ਸਿੱਧੂ,ਪਰਗਣ ਸਿੰਘ,ਮਦਨ ਲਾਲ,ਦਰਸ਼ਨ ਕੁਮਾਰ,ਕਸ਼ਮੀਰ ਸਿੰਘ ਸਿੱਧੂ ਆਟੋ ਸਰਵਿਸ, ਨਰਿੰਦਰ ਕੁਮਾਰ,ਰਛਪਾਲ ਸਿੰਘ ਪਾਲਾ,ਰਣਜੀਤ ਸਿੱਧੂ,,ਬਾਬਾ ਕੁਲਵੀਰ, ਬਾਬਾ ਬਲਦੇਵ ਸੈਣੀ ਆਦਿ ਹਾਜਰ ਸਨ।